20-JAN-PAGE-1.qxd 1/19/2026 9:08 PM Page 1


ਮੰਗਲਵਾਰ, 20 ਜਨਵਰੀ, 2026

7 ਮਾਘ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 231

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 20 JANUARY, 2026

ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12


## ਮਜੀਠੀਆ ਨੂੰ ਸੁਪਰੀਮ ਕੋਰਟ ਤੋਂ ਕੋਈ ਰਾਹਤ ਨਹੀਂ

**ਨਵੀਂ ਦਿੱਲੀ :** ਆਮਦਨ ਤੋਂ ਵੱਧ ਜਾਇਦਾਦ ਮਾਮਲੇ ਵਿਚ ਗ੍ਰਿਫ਼ਤਾਰ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਸੁਪਰੀਮ ਕੋਰਟ ਤੋਂ ਕੋਈ ਰਾਹਤ ਨਹੀਂ ਮਿਲੀ ਹੈ। ਉਨ੍ਹਾਂ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਦੌਰਾਨ ਸਰਕਾਰ ਨੇ ਜਵਾਬ ਦਾਇਰ ਕਰਨ ਲਈ ਸਮਾਂ ਮੰਗਿਆ ਹੈ। ਸਰਕਾਰ ਨੇ ਦੋ ਹਫ਼ਤਿਆਂ ਦੀ ਮੰਗ ਕੀਤੀ ਹੈ। ਅਦਾਲਤ ਨੇ ਮਜੀਠੀਆ ਦੇ ਜੇਲ੍ਹ ਵਿਚ ਜੋਖ਼ਮ ਬਾਰੇ ਵੀ ਸਵਾਲ ਉਠਾਏ। ਇਸ ਮਾਮਲੇ ਦੀ ਅਗਲੀ ਸੁਣਵਾਈ 2 ਫਰਵਰੀ ਨੂੰ ਹੋਵੇਗੀ।

## ਜਵਾਨ ਨੇ ਦਮ ਤੋੜਿਆ

**ਜੰਮੂ :** ਜੰਮੂ-ਕਸ਼ਮੀਰ ਦੇ ਕਿਸ਼ਤਵਾੜ ਜ਼ਿਲ੍ਹੇ ਦੇ ਉੱਪਰਲੇ ਹਿੱਸਿਆਂ ਵਿੱਚ ਲੁਕੇ ਦਹਿਸ਼ਤਗਰਦਾਂ ਦੀ ਪੈੜ ਨੱਪਣ ਲਈ ਸੁਰੱਖਿਆ ਬਲਾਂ ਵੱਲੋਂ ਵਿੱਢੀ ਤਲਾਸ਼ੀ ਮੁਹਿੰਮ ਸੋਮਵਾਰ ਨੂੰ ਦੂਜੇ ਦਿਨ ਵੀ ਜਾਰੀ ਹੈ, ਜਦ ਕਿ ਅੱਤਵਾਦੀਆਂ ਨਾਲ ਹੋਈ ਗੋਲੀਬਾਰੀ ਵਿੱਚ ਗੰਭੀਰ ਜ਼ਖ਼ਮੀ ਹੋਏ ਇੱਕ ਪੈਰਾਟਰੂਪਰ ਗਜੇਂਦਰ ਸਿੰਘ ਨੇ ਦਮ ਤੋੜ ਦਿੱਤਾ ਹੈ। ਇਹ ਅਪਰੇਸ਼ਨ ਐਤਵਾਰ ਨੂੰ ਚਾਤਰੂ ਬੈਲਟ ਦੇ ਮੰਡਲ-ਸਿੰਘਪੁਰਾ ਨੇੜੇ ਸੋਨਾਰ ਪਿੰਡ ਵਿੱਚ ਸ਼ੁਰੂ ਕੀਤਾ ਗਿਆ ਸੀ, ਜਿਸ ਦੌਰਾਨ ਹੋਏ ਮੁਕਾਬਲੇ ਵਿੱਚ ਅੱਤਵਾਦੀਆਂ ਵੱਲੋਂ ਅਚਾਨਕ ਕੀਤੇ ਗਏ ਗ੍ਰੇਨੇਡ ਹਮਲੇ ਕਾਰਨ ਅੱਠ ਸੈਨਿਕ ਜ਼ਖ਼ਮੀ ਹੋ ਗਏ ਸਨ।

## 'ਭਿਖਾਰੀ ਮੁਕਤ' ਸ਼ਹਿਰ 'ਚੋਂ ਲੱਭਾ ਅਮੀਰ ਮੰਗਤਾ

**ਇੰਦੌਰ :** ਇੱਥੇ 50 ਸਾਲਾ ਵਿਅਕਤੀ ਜਿਸ ਨੂੰ ਕੋਹੜ ਹੈ ਅਤੇ ਜੋ ਭੀਖ ਮੰਗ ਕੇ ਗੁਜ਼ਾਰਾ ਕਰਦਾ ਸੀ, ਸ਼ੁਰੂਆਤੀ ਜਾਂਚ ਵਿੱਚ ਲੱਖਪਤੀ ਨਿਕਲਿਆ ਹੈ। ਉਸ ਕੋਲ ਤਿੰਨ ਪੱਕੇ ਮਕਾਨ, ਇੱਕ ਕਾਰ ਅਤੇ ਤਿੰਨ ਆਟੋ ਰਿਕਸ਼ਾ ਹਨ, ਜਿਨ੍ਹਾਂ ਨੂੰ ਉਸ ਨੇ ਕਿਰਾਏ 'ਤੇ ਦਿੱਤਾ ਹੋਇਆ ਹੈ। ਉਹ ਕਾਰ ਵਿੱਚ ਬੈਠ ਕੇ ਭੀਖ ਮੰਗਣ ਜਾਂਦਾ ਸੀ, ਜਿਸ ਲਈ ਉਸ ਨੇ ਡਰਾਈਵਰ ਵੀ ਰੱਖਿਆ ਸੀ। ਇਹ ਵਿਅਕਤੀ ਵੀਲ੍ਹ-ਚੇਅਰ 'ਤੇ ਬੈਠ ਕੇ ਭੀਖ ਮੰਗਦਾ ਸੀ ਅਤੇ ਸਾਲ 2021-22 ਤੋਂ ਇਸ ਪਾਸੇ ਸਰਗਰਮ ਸੀ। ਉਸ ਨੇ ਸਰਾਫ਼ਾ ਇਲਾਕੇ ਦੇ ਲੋਕਾਂ ਨੂੰ ਚਾਰ ਤੋਂ ਪੰਜ ਲੱਖ ਰੁਪਏ ਵਿਆਜੀ ਦਿੱਤੇ ਹੋਏ ਸਨ। ਉਹ ਰੋਜ਼ਾਨਾ ਵਿਆਜ ਵਸੂਲਦਾ ਸੀ ਤੇ ਉਸ ਨੂੰ ਰੋਜ਼ਾਨਾ ਲੱਗਭੱਗ 1,000 ਤੋਂ 2,000 ਰੁਪਏ ਦੀ ਕਮਾਈ ਸੀ। ਭੀਖ ਮੰਗ ਕੇ 400 ਤੋਂ 500 ਰੁਪਏ ਦੀ ਦਿਹਾੜੀ ਵੱਖਰੀ ਬਣਾਉਂਦਾ ਸੀ।

## ਮੈਨੂੰ ਨਹੀਂ ਲੱਗਦਾ ਕਸ਼ਮੀਰੀ ਪੰਡਤ ਵਾਦੀ 'ਚ ਪੱਕੇ ਤੌਰ 'ਤੇ ਰਹਿਣਾ ਚਾਹੁੰਦੇ ਹਨ : ਫ਼ਾਰੂਕ ਅਬਦੁੱਲਾ

**ਜੰਮੂ :** ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਬਦੁੱਲਾ ਨੇ ਸੋਮਵਾਰ ਨੂੰ ਕਿਹਾ ਕਿ ਘਰ-ਬਾਰ ਛੱਡ ਕੇ ਗਏ ਕਸ਼ਮੀਰੀ ਪੰਡਿਤਾਂ ਦਾ ਹਮੇਸ਼ਾ ਉਨ੍ਹਾਂ ਦੇ ਘਰਾਂ ਵਿੱਚ ਵਾਪਸੀ ਲਈ ਸਵਾਗਤ ਹੈ। ਅਬਦੁੱਲਾ ਨੇ ਹਾਲਾਂਕਿ ਖ਼ਦਸ਼ਾ ਜਤਾਇਆ ਕਿ ਕੀ ਪਰਵਾਸੀ ਭਾਈਚਾਰਾ ਵਾਪਸ ਆਉਣਾ ਚਾਹੇਗਾ, ਕਿਉਂਕਿ ਉਨ੍ਹਾਂ ਨੇ ਦੇਸ਼ ਦੇ ਹੋਰਨਾਂ ਹਿੱਸਿਆਂ ਵਿੱਚ, ਜਿੱਥੇ ਉਹ ਵਰਤਮਾਨ ਵਿੱਚ ਰਹਿੰਦੇ ਹਨ, ਵਿਚ ਨਵੇਂ ਸਿਰਿਓਂ ਜ਼ਿੰਦਗੀ ਸ਼ੁਰੂ ਕੀਤੀ ਹੈ ਤੇ ਉਨ੍ਹਾਂ ਦੇ ਬੱਚੇ ਪੜ੍ਹ-ਲਿਖ ਕੇ ਰੁਜ਼ਗਾਰ ਕਰ ਰਹੇ ਹਨ। ਸਾਬਕਾ ਮੁੱਖ ਮੰਤਰੀ ਦਾ ਇਹ ਬਿਆਨ ਅਜਿਹੇ ਮੌਕੇ ਆਇਆ ਹੈ ਜਦੋਂ ਕਸ਼ਮੀਰੀ ਪੰਡਿਤ 19 ਜਨਵਰੀ ਨੂੰ 'ਹੋਲੋਕਾਸਟ ਦਿਵਸ' ਵਜੋਂ ਮਨਾ ਰਹੇ ਹਨ ਤਾਂ ਜੋ 1990 ਵਿੱਚ ਪਾਕਿਸਤਾਨ ਦੀ ਸਰਪ੍ਰਸਤੀ ਵਾਲੇ ਅੱਤਵਾਦੀਆਂ ਦੀਆਂ ਧਮਕੀਆਂ ਅਤੇ ਕਤਲੋਗਾਰਤ ਕਰਕੇ ਵਾਦੀ ਤੋਂ ਕੀਤੇ ਆਪਣੇ ਪਲਾਇਨ ਨੂੰ ਯਾਦ ਕੀਤਾ ਜਾ ਸਕੇ। ਪਾਰਟੀ ਦੇ ਦੋ ਰੋਜ਼ਾ ਪ੍ਰੋਗਰਾਮ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਬਦੁੱਲਾ ਨੇ ਕਿਹਾ ਕਿ ਬਹੁਤ ਸਾਰੇ ਕਸ਼ਮੀਰੀ ਪੰਡਿਤ ਪਰਵਾਰਾਂ ਨੇ ਕਦੇ ਵੀ ਵਾਦੀ ਨਹੀਂ ਛੱਡੀ ਅਤੇ ਆਪਣੇ ਪਿੰਡਾਂ ਤੇ ਇਲਾਕਿਆਂ ਵਿੱਚ ਸ਼ਾਂਤੀ ਨਾਲ ਰਹਿ ਰਹੇ ਹਨ।

## ਚਿੱਟੇ ਦੀ ਭੇਟ ਚੜ੍ਹੇ 6 ਜਵਾਨ ਪੁੱਤ

**ਲੁਧਿਆਣਾ/ਜਗਰਾਉਂ :** ਨਸ਼ਿਆਂ ਦਾ ਕੋਹੜ ਇੱਕ ਹਰੇ-ਭਰੇ ਪਰਵਾਰ ਦੀ ਜੜ੍ਹ ਵਿੱਚ ਇਸ ਤਰ੍ਹਾਂ ਬੈਠਿਆ ਕਿ ਇੱਕ ਮਾਂ ਦੇ ਛੇ ਪੁੱਤਾਂ ਨੂੰ ਜਵਾਨੀ ਵਿੱਚ ਹੀ ਲੈ ਗਿਆ। ਖੇਤਰ ਵਿੱਚ ਚੱਲ ਰਹੀ ਨਸ਼ਿਆਂ ਦੀ ਮਹਾਂਮਾਰੀ ਕਾਰਨ ਆਪਣੇ ਸਾਰੇ ਛੇ ਪੁੱਤਰਾਂ ਨੂੰ ਗੁਆਉਣ ਤੋਂ ਬਾਅਦ ਸਰਕਾਰ ਤੋਂ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਛਿੰਦਰ ਕੌਰ ਦੇ ਪਰਵਾਰ ਦਾ ਆਖਰੀ ਪੁੱਤਰ ਜਸਵੀਰ ਸਿੰਘ (20) ਇਸ ਹਫ਼ਤੇ ਦੇ ਸ਼ੁਰੂ ਵਿੱਚ ਇੱਕ ਨਹਿਰ ਦੇ ਕਿਨਾਰੇ ਮ੍ਰਿਤਕ ਹਾਲਤ ਵਿੱਚ ਮਿਲਿਆ ਸੀ, ਜਿਸ ਦੀ ਮੌਤ ਨਸ਼ੇ ਦੀ ਵੱਧ ਮਾਤਰਾ (ਓਵਰਡੋਜ਼) ਲੈਣ ਕਾਰਨ ਹੋਈ ਦੱਸੀ ਜਾਂਦੀ ਹੈ। ਪਿੰਡ ਸ਼ੇਰੇਵਾਲ ਦੀ ਛਿੰਦਰ ਕੌਰ ਨੇ ਇੱਕ ਦਹਾਕੇ ਤੋਂ ਉਸ ਅੰਦਰ ਪਲ ਰਹੇ ਦਰਦ ਬਾਰੇ ਦੱਸਦਿਆਂ ਕਿਹਾ ਕਿ ਉਸ ਦਾ ਪਤੀ ਮੁਖਤਿਆਰ ਸਿੰਘ ਸ਼ਰਾਬ ਪੀਣ ਦਾ ਆਦੀ ਸੀ ਅਤੇ ਉਸ ਨੇ ਕਥਿਤ ਤੌਰ 'ਤੇ 2012 ਵਿੱਚ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ ਸੀ। ਛਿੰਦਰ ਕੌਰ ਆਖਦੀ ਹੈ ਕਿ ਇਸ ਮਗਰੋਂ ਉਸ ਨੇ ਆਪਣੇ ਹੱਥੀਂ ਸਾਰੇ ਛੇ ਪੁੱਤਰਾਂ ਦਾ ਸਸਕਾਰ ਕੀਤਾ ਹੈ। ਉਸ ਨੇ ਭਰੇ ਮਨ ਨਾਲ ਦੱਸਿਆ ਕਿ ਕੁਲਵੰਤ ਸਿੰਘ (34) ਦੀ ਕਥਿਤ ਤੌਰ 'ਤੇ 2013 ਵਿੱਚ ਨਸ਼ਿਆਂ ਕਾਰਨ ਮੌਤ ਹੋ ਗਈ ਸੀ, ਮਾਰਚ 2021 ਵਿੱਚ ਗੁਰਦੀਪ ਸਿੰਘ, ਜੁਲਾਈ 2021 ਵਿੱਚ ਜਸਵੰਤ ਸਿੰਘ, ਜਨਵਰੀ 2022 ਵਿੱਚ ਰਾਜੂ ਸਿੰਘ, ਮਾਰਚ 2023 ਵਿੱਚ ਬਲਜੀਤ ਸਿੰਘ ਤੇ ਹੁਣ ਚੰਦਰਾ ਨਸ਼ਾ ਘਰ ਦੇ ਆਖਰੀ ਜਵਾਨ ਪੁੱਤ ਜਸਵੀਰ ਸਿੰਘ ਨੂੰ ਵੀ ਲੈ ਬੈਠਿਆ। ਛਿੰਦਰ ਕੌਰ ਨੇ ਸੂਬਾ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਆਲੋਚਨਾ ਕਰਦਿਆਂ ਨਸ਼ਿਆਂ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਸ ਨੇ ਭਰੇ ਮਨ ਨਾਲ ਕਿਹਾ, "ਚਿੱਟਾ ਬੰਦ ਨਹੀਂ ਹੋਇਆ। ਨਸ਼ਾ ਵੇਚਣ ਵਾਲੇ ਫੜੇ ਜਾਂਦੇ ਹਨ ਪਰ ਬਾਅਦ ਵਿੱਚ ਰਿਹਾਅ ਹੋ ਜਾਂਦੇ ਹਨ। ਅਸੀਂ ਚਾਹੁੰਦੇ ਹਾਂ ਕਿ ਨਸ਼ਾ ਬੰਦ ਹੋਵੇ ਤਾਂ ਜੋ ਹੋਰ ਪਰਵਾਰ ਇਸ ਨਾ ਮਿਟਣ ਵਾਲੇ ਦਰਦ ਤੋਂ ਬਚ ਸਕਣ। ਛਿੰਦਰ ਕੌਰ ਦੇ ਪਰਵਾਰ ਵਿੱਚ ਹੁਣ ਉਸ ਦੀ ਇੱਕ ਨੂੰਹ ਅਤੇ ਇੱਕ ਪੋਤਾ ਰਹਿ ਗਏ ਹਨ।

# ਮਾਰਕਸੀ ਪਾਰਟੀ ਬੰਗਾਲ 'ਚ ਕਾਂਗਰਸ ਨਾਲ ਮਿਲ ਕੇ ਚੋਣ ਲੜਨ ਲਈ ਤਿਆਰ



**ਨਵੀਂ ਦਿੱਲੀ :** ਸੀ ਪੀ ਆਈ (ਐੱਮ) ਨੇ ਸਪੱਸ਼ਟ ਕੀਤਾ ਹੈ ਕਿ ਉਹ ਪੱਛਮੀ ਬੰਗਾਲ ਅਸੰਬਲੀ ਚੋਣਾਂ ਵਿੱਚ ਤ੍ਰਿਣਮੂਲ ਕਾਂਗਰਸ ਤੇ ਭਾਜਪਾ ਨੂੰ ਹਰਾਉਣ ਲਈ ਕਾਂਗਰਸ ਨਾਲ ਚੋਣ ਸਮਝਦਾਰੀ ਬਣਾ ਕੇ ਚੱਲਣ ਲਈ ਤਿਆਰ ਹੈ, ਹਾਲਾਂਕਿ ਕੇਰਲਾ ਵਿੱਚ ਉਹ ਕਾਂਗਰਸ ਨੂੰ ਟਕਰੇਗੀ, ਕਿਉਂਕਿ ਉਹ ਉੱਥੇ ਹਿੰਦੂਤਵੀ ਤਾਕਤਾਂ ਨਾਲ ਲੜਨ ਤੋਂ ਇਨਕਾਰੀ ਹੈ। ਕੇਰਲਾ ਵਿੱਚ ਕਾਂਗਰਸ ਵਿਚਾਰਧਾਰਕ ਤੌਰ 'ਤੇ ਫਿਰਕੂ ਆਰ ਐੱਸ ਐੱਸ ਤੇ ਭਾਜਪਾ ਵਿਰੁੱਧ ਲੜਾਈ ਵਿੱਚ ਕਮਜ਼ੋਰ ਪਾਈ ਗਈ ਹੈ, ਜਿਸ ਨੂੰ ਲੋਕਾਂ 'ਚ ਉਜਾਗਰ ਕੀਤਾ ਜਾਵੇਗਾ। ਤਿਰੁਅਨੰਤਪੁਰਮ ਵਿੱਚ ਹੋਈ ਪਾਰਟੀ ਦੀ ਕੇਂਦਰੀ ਕਮੇਟੀ ਦੀ ਤਿੰਨ ਦਿਨਾ ਮੀਟਿੰਗ, ਜਿਹੜੀ ਐਤਵਾਰ ਸਮਾਪਤ ਹੋਈ, ਵਿੱਚ ਫੈਸਲਾ ਕੀਤਾ ਗਿਆ ਕਿ ਪਾਰਟੀ ਭਾਜਪਾ ਤੇ ਉਸ ਦੇ ਇਤਿਹਾਦੀਆਂ ਨੂੰ ਹਰਾਉਣ ਲਈ ਡੀ ਐੱਮ ਕੇ ਤੇ ਉਸ ਦੇ ਇਤਿਹਾਦੀਆਂ ਨਾਲ ਮਿਲ ਕੇ ਲੜੇਗੀ। ਉਹ ਆਸਾਮ ਤੇ ਪੁਡੂਚੇਰੀ ਵਿੱਚ ਵੀ ਕਾਂਗਰਸ ਨਾਲ ਹੱਥ ਮਿਲਾਉਣ ਦੀ ਇੱਛੁਕ ਹੈ।

ਪੱਛਮੀ ਬੰਗਾਲ ਦੇ ਮਾਮਲੇ ਵਿੱਚ ਪਾਰਟੀ ਨੇ ਭਾਜਪਾ ਤੇ ਤ੍ਰਿਣਮੂਲ ਖਿਲਾਫ ਸਾਂਝੀ ਲੜਾਈ ਦਾ ਫੈਸਲਾ ਉਦੋਂ ਕੀਤਾ ਹੈ, ਜਦੋਂ ਪੱਛਮੀ ਬੰਗਾਲ ਕਾਂਗਰਸ ਦੇ ਪ੍ਰਧਾਨ ਸ਼ੁਭੰਕਰ ਸਰਕਾਰ ਨੇ ਖੱਬੇ ਮੁਹਾਜ਼ ਨਾਲ ਗੱਠਜੋੜ ਦਾ ਇਹ ਕਹਿੰਦਿਆਂ ਵਿਰੋਧ ਕੀਤਾ ਹੈ ਕਿ ਪਹਿਲਾਂ ਕੀਤੇ ਗੱਠਜੋੜ ਨਾਲ ਕਾਂਗਰਸ ਨੂੰ ਫਾਇਦਾ ਨਹੀਂ ਹੋਇਆ।

ਕਾਂਗਰਸ ਤੇ ਖੱਬੇ ਮੁਹਾਜ਼ ਨੇ 2016 ਤੇ 2021 ਦੀਆਂ ਅਸੈਂਬਲੀ ਚੋਣਾਂ ਅਤੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਗੱਠਜੋੜ ਕੀਤਾ ਸੀ। 2016 ਵਿੱਚ ਕਾਂਗਰਸ ਨੇ 44 ਤੇ ਸੀ ਪੀ ਆਈ (ਐੱਮ) ਨੇ 26 ਸੀਟਾਂ ਜਿੱਤੀਆਂ ਸਨ। 2021 ਵਿੱਚ ਦੋਹਾਂ ਪਾਰਟੀਆਂ ਨੂੰ ਕੋਈ ਸੀਟ ਨਹੀਂ ਮਿਲੀ ਸੀ। ਲੋਕ ਸਭਾ ਚੋਣਾਂ ਵਿੱਚ ਕਾਂਗਰਸ ਇੱਕ ਸੀਟ ਜਿੱਤ ਸਕੀ ਸੀ ਤੇ ਸੀ ਪੀ ਆਈ (ਐੱਮ) ਇੱਕ ਵੀ ਨਹੀਂ। 2019 ਦੀਆਂ ਲੋਕ ਸਭਾ ਚੋਣਾਂ ਦੋਹਾਂ ਨੇ ਅੱਡ-ਅੱਡ ਲੜੀਆਂ ਸਨ। ਕਾਂਗਰਸ ਨੇ ਦੋ ਸੀਟਾਂ ਜਿੱਤੀਆਂ ਸਨ, ਜਦਕਿ ਸੀ ਪੀ ਆਈ (ਐੱਮ) ਨੂੰ ਕੋਈ ਸੀਟ ਨਹੀਂ ਮਿਲੀ ਸੀ।

## ਵਹੁਟੀ ਨੇ ਪਰਵਾਰਕ ਰਿਸ਼ਤੇ ਬਰਬਾਦ ਕਰ ਦਿੱਤੇ : ਪ੍ਰਤੀਕ ਯਾਦਵ



**ਲਖਨਊ :** ਮੁਲਾਇਮ ਸਿੰਘ ਦੇ ਬੇਟੇ ਪ੍ਰਤੀਕ ਯਾਦਵ ਨੇ ਆਪਣੀ ਪਤਨੀ ਤੇ ਭਾਜਪਾ ਆਗੂ ਅਪਰਣਾ ਬਿਸ਼ਟ ਯਾਦਵ 'ਤੇ ਗੰਭੀਰ ਦੋਸ਼ ਲਾਉਂਦਿਆਂ ਤਲਾਕ ਲੈਣ ਦੀ ਗੱਲ ਕਹੀ ਹੈ। ਪ੍ਰਤੀਕ ਨੇ ਇੰਸਟਾਗਰਾਮ 'ਤੇ ਪਾਈ ਪੋਸਟ ਵਿੱਚ ਕਿਹਾ ਹੈ, 'ਮੈਂ ਛੇਤੀ ਤੋਂ ਛੇਤੀ ਇਸ ਸਵਾਰਥੀ ਮਹਿਲਾ ਤੋਂ ਤਲਾਕ ਲੈਣ ਜਾ ਰਿਹਾ ਹਾਂ। ਉਸ ਨੇ ਮੇਰੇ ਪਰਵਾਰਕ ਰਿਸ਼ਤਿਆਂ ਨੂੰ ਬਰਬਾਦ ਕਰ ਦਿੱਤਾ। ਉਸ ਦੀ ਇੱਛਾ ਸਿਰਫ ਪ੍ਰਸਿੱਧ ਤੇ ਪ੍ਰਭਾਵਸ਼ਾਲੀ ਬਣਨ ਦੀ ਹੈ।' ਪ੍ਰਤੀਕ ਨੇ ਇਹ ਵੀ ਕਿਹਾ ਕਿ ਉਹ ਖਰਾਬ ਮਾਨਸਕ ਹਾਲਤ ਨਾਲ ਜੂਝ ਰਿਹਾ ਹੈ, ਪਰ ਅਪਰਣਾ ਉਸ ਦੀ ਪਰਵਾਹ ਨਹੀਂ ਕਰਦੀ। ਉਸ ਨੇ ਅਜਿਹੀ ਦੁਸ਼ਟ ਆਤਮਾ ਕਦੇ ਨਹੀਂ ਦੇਖੀ। ਉਸ ਨੂੰ ਉਸ ਨਾਲ ਵਿਆਹ ਕਰਾਉਣ ਦਾ ਪਛਤਾਵਾ ਹੈ। ਪ੍ਰਤੀਕ ਯਾਦਵ ਮੁਲਾਇਮ ਸਿੰਘ ਯਾਦਵ ਦੀ ਦੂਜੀ ਪਤਨੀ ਸਾਧਨਾ ਯਾਦਵ ਦੇ ਬੇਟੇ ਹਨ, ਜਦਕਿ ਪਹਿਲੀ ਪਤਨੀ ਤੋਂ ਅਖਿਲੇਸ਼ ਯਾਦਵ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਹਨ। ਇਸੇ ਦੌਰਾਨ ਅਪਰਣਾ ਦੇ ਨਿੱਜੀ ਸਹਾਇਕ ਹਿਮਾਂਸ਼ੂ ਰਾਇ ਨੇ ਕਿਹਾ ਕਿ ਇਹ ਪੋਸਟ ਫੇਕ ਹੈ, • ਬਾਕੀ ਸਫਾ 2 'ਤੇ

## ਸਪੇਨ 'ਚ ਗੱਡੀਆਂ ਟਕਰਾਈਆਂ, 39 ਮੌਤਾਂ

**ਬਾਰਸੀਲੋਨਾ :** ਦੱਖਣੀ ਸਪੇਨ ਵਿੱਚ ਐਤਵਾਰ ਨੂੰ ਤੇਜ਼ ਰਫ਼ਤਾਰ ਰੇਲ ਗੱਡੀ ਲੀਹੋਂ ਲੱਥਣ ਮਗਰੋਂ ਉਲਟ ਦਿਸ਼ਾ ਵਿੱਚ ਪਟੜੀ 'ਤੇ ਚੜ੍ਹ ਗਈ ਅਤੇ ਸਾਹਮਣਿਓਂ ਆ ਰਹੀ ਰੇਲਗੱਡੀ ਨਾਲ ਟਕਰਾਅ ਗਈ। ਹਾਦਸੇ ਵਿਚ ਘੱਟੋ-ਘੱਟ 39 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਦਰਜਨਾਂ ਹੋਰ ਜ਼ਖ਼ਮੀ ਦੱਸੇ ਜਾਂਦੇ ਹਨ। ਰੇਲ ਆਪਰੇਟਰ ਅਦੀਫ ਅਨੁਸਾਰ ਮਲਾਗਾ ਅਤੇ ਮੈਡਰਿਡ ਵਿਚਕਾਰ ਲੱਗਭੱਗ 300 ਯਾਤਰੀਆਂ ਨੂੰ ਲੈ ਕੇ ਜਾ ਰਹੀ ਰੇਲਗੱਡੀ ਦਾ ਆਖਰੀ ਹਿੱਸਾ ਸਥਾਨਕ ਸਮੇਂ ਅਨੁਸਾਰ ਸ਼ਾਮ 7:45 ਵਜੇ ਕੋਰਡੋਬਾ ਨੇੜੇ ਲੀਹੋਂ ਲੱਥ ਗਿਆ ਅਤੇ ਮੈਡਰਿਡ ਤੋਂ ਦੱਖਣੀ ਸਪੈਨਿਸ਼ ਸ਼ਹਿਰ ਹੁਏਲਵਾ ਜਾ ਰਹੀ ਲੱਗਭੱਗ 200 ਯਾਤਰੀਆਂ ਵਾਲੀ ਰੇਲ ਗੱਡੀ ਨਾਲ ਟਕਰਾਅ ਗਿਆ। ਇਸ ਤੋਂ ਪਹਿਲਾਂ ਸਪੇਨ ਦੇ ਟਰਾਂਸਪੋਰਟ ਮੰਤਰੀ ਆਸਕਰ ਪੁਏਂਤੇ ਨੇ ਮ੍ਰਿਤਕਾਂ ਦੀ ਗਿਣਤੀ 21 ਹੋਣ ਦੀ ਪੁਸ਼ਟੀ ਕੀਤੀ ਸੀ। ਉਨ੍ਹਾ ਕਿਹਾ ਸੀ ਕਿ ਬਚਾਅ ਕਾਰਜਾਂ ਦੌਰਾਨ ਬਾਕੀ ਬਚੇ ਹੋਏ ਲੋਕਾਂ ਨੂੰ ਕੱਢ ਲਿਆ ਹੈ। ਪੁਏਂਤੇ ਨੇ ਕਿਹਾ ਕਿ ਮੌਤਾਂ ਦੀ ਗਿਣਤੀ ਵਧ ਸਕਦੀ ਹੈ। ਮੰਤਰੀ ਨੇ ਕਿਹਾ ਕਿ ਹਾਦਸੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਉਨ੍ਹਾ ਇਸ ਨੂੰ 'ਇੱਕ ਸੱਚਮੁੱਚ ਅਜੀਬ' ਘਟਨਾ ਕਿਹਾ, ਕਿਉਂਕਿ ਹਾਦਸਾ ਟਰੈਕ ਦੇ ਸਮਤਲ ਹਿੱਸੇ 'ਤੇ ਵਾਪਰਿਆ, ਜਿਸ ਦੀ ਪਿਛਲੇ ਸਾਲ ਮਈ ਵਿੱਚ ਮੁਰੰਮਤ ਕੀਤੀ ਗਈ ਸੀ। ਉਸ ਨੇ ਕਿਹਾ ਕਿ ਜਿਸ ਰੇਲ ਗੱਡੀ ਦਾ ਡੱਬਾ ਲੀਹੋਂ ਲੱਥਾ, ਉਹ ਚਾਰ ਸਾਲ ਤੋਂ ਵੀ ਘੱਟ ਪੁਰਾਣੀ ਸੀ।

# ਕਾਂਗਰਸ, ਅਕਾਲੀ ਦਲ ਤੇ ਭਾਜਪਾ ਨੇ ਪੰਜਾਬ ਦੀ ਅੰਨ੍ਹੀ ਲੁੱਟ ਕੀਤੀ : ਮਾਨ



**ਅੰਮ੍ਰਿਤਸਰ/ਅਜਨਾਲਾ (ਜਸਬੀਰ ਸਿੰਘ ਪੱਟੀ/ ਕੰਵਲਜੀਤ ਸਿੰਘ/ਸੁਖਤਿੰਦਰ ਸਿੰਘ ਰਾਜੂ)**

ਕੌਮਾਂਤਰੀ ਸਰਹੱਦ ਨਾਲ ਲਗਦੇ ਇਲਾਕੇ ਅਜਨਾਲਾ ਵਿੱਚ ਸੋਮਵਾਰ 15 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸਰਕਾਰੀ ਡਿਗਰੀ ਕਾਲਜ ਦਾ ਨੀਂਹ ਪੱਥਰ ਰੱਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਨੇ ਦਹਾਕਿਆਂ ਤੱਕ ਆਪਸੀ ਮਿਲੀਭੁਗਤ ਨਾਲ ਪੰਜਾਬ ਨੂੰ ਅੰਨ੍ਹੇਵਾਹ ਲੁੱਟਿਆ, ਸੂਬੇ ਦੀਆਂ ਸੰਸਥਾਵਾਂ ਨੂੰ ਖੋਖਲਾ ਕੀਤਾ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕਿਆਂ ਦੀ ਭਾਲ ਵਿੱਚ ਵਿਦੇਸ਼ਾਂ ਵਿੱਚ ਜਾਣ ਲਈ ਮਜਬੂਰ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਨਵਾਂ ਕਾਲਜ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਿੱਖਿਆ, ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਜਨਤਕ ਭਾਈਵਾਲੀ ਰਾਹੀਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੇ ਸੰਕਲਪ ਨੂੰ ਦਰਸਾਉਂਦਾ ਹੈ। ਇਸ ਕਾਲਜ ਦਾ ਨਾਂਅ ਸਤਿਕਾਰਯੋਗ ਸ਼ਖ਼ਸੀਅਤ ਬਾਬਾ ਗਮਚੁੱਕ ਜੀ ਮਹਾਰਾਜ ਦੇ ਨਾਂਅ 'ਤੇ ਰੱਖਿਆ ਜਾਵੇਗਾ।

ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਇਨ੍ਹਾਂ ਪਾਰਟੀਆਂ ਵਿੱਚ ਅੰਦਰੂਨੀ ਖਹਿਬਾਜ਼ੀ ਸਿਖਰ 'ਤੇ ਹੈ, ਕਿਉਂਕਿ ਇਨ੍ਹਾਂ ਕੋਲ ਲੋਕਾਂ ਦੀ ਭਲਾਈ ਲਈ ਕੋਈ ਠੋਸ ਏਜੰਡਾ ਨਹੀਂ। ਉਨ੍ਹਾ ਕਿਹਾ—ਵਿਰੋਧੀ ਧਿਰ ਕੋਲ ਪੰਜਾਬ ਲਈ ਕੋਈ ਏਜੰਡਾ ਨਹੀਂ ਹੈ। ਉਹ ਸਿਰਫ਼ ਲੋਕਾਂ ਅਤੇ ਸੂਬੇ ਦੇ ਸਰੋਤਾਂ ਨੂੰ ਲੁੱਟਣ ਦੀ ਆਪਣੀ ਵਾਰੀ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਦੇ ਸੁਪਨੇ ਕਦੇ ਵੀ ਪੂਰੇ ਨਹੀਂ ਹੋਣਗੇ, ਕਿਉਂਕਿ ਪੰਜਾਬ ਦੇ ਲੋਕ ਬੜੇ ਸਿਆਣੇ ਅਤੇ ਬਹਾਦਰ ਹਨ ਅਤੇ ਉਹ ਅਜਿਹੇ ਆਗੂਆਂ ਦੇ ਸ਼ੱਕੀ ਕਿਰਦਾਰ ਨੂੰ ਸਮਝਦੇ ਹਨ। ਉਨ੍ਹਾ ਕਿਹਾ ਕਿ ਪੰਜਾਬੀ ਇਨ੍ਹਾਂ ਵਿਰੋਧੀ ਤਾਕਤਾਂ ਨੂੰ ਕਦੇ ਵੀ ਆਪਣੇ ਨਾਪਾਕ ਮਨਸੂਬਿਆਂ ਵਿੱਚ ਸਫਲ ਨਹੀਂ ਹੋਣ ਦੇਣਗੇ।

ਮਾਨ ਨੇ ਅੰਤਰਰਾਸ਼ਟਰੀ ਸਰਹੱਦ ਦੇ ਨਾਲ ਸਥਿਤ ਪਿੰਡ ਬਕਰੌਰ ਵਿੱਚ ਇਕ ਕੋ-ਐਜੂਕੇਸ਼ਨਲ ਕਾਲਜ (ਸਹਿ-ਵਿਦਿਅਕ ਕਾਲਜ) ਦਾ ਨੀਂਹ ਪੱਥਰ ਰੱਖਿਆ। 15 ਏਕੜ ਜ਼ਮੀਨ 'ਤੇ ਇਸ ਸੰਸਥਾ ਨੂੰ ਬਣਾਉਣ 'ਤੇ 15 ਕਰੋੜ ਰੁਪਏ ਖਰਚ ਕੀਤੇ ਜਾਣਗੇ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਹਾਸਲ ਉਪਲੱਬਧੀਆਂ 'ਤੇ ਚਾਨਣਾ ਪਾਇਆ ਅਤੇ ਕਿਹਾ ਕਿ ਸੂਬਾ ਕੌਮੀ ਪੱਧਰ 'ਤੇ ਮੋਹਰੀ ਬਣ ਕੇ ਉਭਰਿਆ ਹੈ।

ਕਾਲਜ ਇਸ ਸਰਹੱਦੀ ਜ਼ਿਲ੍ਹੇ ਦੇ ਨੌਜਵਾਨਾਂ ਦੀ ਕਿਸਮਤ ਬਦਲ ਦੇਵੇਗਾ। ਸੀਨੀਅਰ 'ਆਪ' ਨੇਤਾ ਮਨੀਸ਼ ਸਿਸੋਦੀਆ ਨੇ ਇਸ ਪਹਿਲਕਦਮੀ ਨੂੰ ਸਰਹੱਦੀ ਖੇਤਰਾਂ ਵਿੱਚ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਵੱਲ ਇਕ ਮਾਰਗ-ਦਰਸ਼ਕ ਕਦਮ ਦੱਸਿਆ।

ਸਮਾਗਮ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹਰਭਜਨ ਸਿੰਘ ਈ ਟੀ ਓ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਤੇ ਹੋਰ ਪਾਰਟੀ ਆਗੂ ਤੇ ਸਥਾਨਕ ਨੁਮਾਇੰਦੇ ਸ਼ਾਮਲ ਹੋਏ।

# ਦੇਸ਼ ਨੂੰ ਖਾਨਾਜੰਗੀ ਵੱਲ ਧੱਕਿਆ ਜਾ ਰਿਹੈ : ਬਰਾੜ

**• ਮਨਰੇਗਾ 'ਤੇ ਕੁਹਾੜਾ ਮਜ਼ਦੂਰਾਂ ਨਾਲ ਧਰੋਹ : ਦੇਵੀ ਕੁਮਾਰੀ • ਰਸ਼ਪਾਲ ਕੈਲੇ ਜ਼ਿਲ੍ਹਾ ਜਲੰਧਰ ਦੇ ਮੁੜ ਸਕੱਤਰ ਬਣੇ**



**ਜਲੰਧਰ (ਗਿਆਨ ਸੈਦਪੁਰੀ)**

ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਵੱਖ-ਵੱਖ ਧਰਮਾਂ ਤੇ ਭਾਈਚਾਰਿਆਂ ਅੰਦਰ ਆਪਸੀ ਨਫਰਤ ਦੀ ਜ਼ਹਿਰ ਫੈਲਾ ਕੇ ਦੇਸ਼ ਨੂੰ ਖਾਨਾਜੰਗੀ ਵੱਲ ਵਧਾਇਆ ਜਾ ਰਿਹਾ ਹੈ। ਇਹ ਗੱਲ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਇੱਥੇ ਪਾਰਟੀ ਦਫਤਰ ਦੇ ਵਿਹੜੇ ਵਿੱਚ ਸੀ ਪੀ ਆਈ ਦੀ ਜ਼ਿਲ੍ਹਾ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਹੀ। ਉਹਨਾ ਕਿਹਾ ਕਿ ਦੇਸ਼ ਅੰਦਰ ਅਨਿਆਂ ਦੀਆਂ ਸੈਂਕੜੇ ਅਜਿਹੀਆਂ ਮਿਸਾਲਾਂ ਹਨ, ਜੋ ਭਾਈਚਾਰਕ ਪਾਟਕ ਨੂੰ ਵਧਾ ਰਹੀਆਂ ਹਨ। ਉਹਨਾ ਉਦਾਹਰਨ ਦਿੱਤੀ ਕਿ ਭਾਜਪਾ ਆਗੂ ਕੁਲਦੀਪ ਸੇਂਗਰ, ਜੋ ਬਲਾਤਕਾਰ ਤੇ ਕਤਲਾਂ ਦਾ ਦੋਸ਼ੀ ਹੈ, ਨੂੰ ਤਾਂ ਜ਼ਮਾਨਤ ਮਿਲ ਗਈ ਹੈ, ਪਰ ਵਿਦਿਆਰਥੀ ਆਗੂ ਉਮਰ ਖਾਲਿਦ ਅਤੇ ਹੋਰਨਾਂ ਨੂੰ ਬਿਨਾਂ ਕਸੂਰੋਂ ਪੰਜ ਸਾਲ ਤੋਂ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਐ ਅਤੇ ਜ਼ਮਾਨਤ ਨਹੀਂ ਹੋਣ ਦਿੱਤੀ ਜਾ ਰਹੀ। ਦੇਸ਼ ਅੰਦਰ ਜਮਹੂਰੀਅਤ ਦਾ ਘਾਣ ਕੀਤਾ ਜਾ ਰਿਹਾ ਹੈ। ਚੋਣ ਕਮਿਸ਼ਨ ਨੂੰ ਭਾਜਪਾ ਸਰਕਾਰ ਨੇ ਆਪਣੀ ਜੇਬ ਵਿੱਚ ਪਾ ਲਿਆ ਹੈ। ਜੱਜਾਂ ਨੂੰ ਆਪਣੀ ਮਰਜ਼ੀ ਦੇ ਫੈਸਲੇ ਕਰਵਾਉਣ ਲਈ ਹੋਰ ਵੱਡੇ ਅਹੁਦਿਆਂ ਦੇ ਲਾਲਚ ਦਿੱਤੇ ਜਾ ਰਹੇ ਹਨ। ਇਹੀ ਕੁਝ ਤਾਨਾਸ਼ਾਹ ਹਿਟਲਰ ਨੇ ਕੀਤਾ ਸੀ। ਸਹਿਜੇ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਦੇਸ਼ ਤਾਨਾਸ਼ਾਹੀ ਵੱਲ ਵਧ ਰਿਹਾ ਹੈ।

ਭਾਜਪਾ ਅਤੇ ਭਾਜਪਾ ਸਰਕਾਰ ਵੱਲੋਂ ਦੇਸ਼ ਦੇ ਵਿਸ਼ਵ ਗੁਰੂ ਬਣ ਜਾਣ ਦੀਆਂ ਡੀਂਗਾਂ ਮਾਰੀਆਂ ਜਾ ਰਹੀਆਂ ਹਨ, ਪਰ ਦੁਨੀਆ ਭਰ ਵਿੱਚ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਵੱਲੋਂ ਹੜਦੁੰਗ ਮਚਾਇਆ ਜਾ ਰਿਹਾ ਹੈ। ਟਰੰਪ ਵੱਲੋਂ ਭਾਰਤ ਨੂੰ ਨੀਵਾਂ ਦਿਖਾਉਣ ਦੀ ਕੋਈ ਕਸਰ ਨਹੀਂ ਛੱਡੀ ਜਾ ਰਹੀ। ਭਾਰਤ ਦੇ ਹਾਕਮ ਟਰੰਪ ਦੀਆਂ ਮਨਮਾਨੀਆਂ ਬਾਰੇ ਕਦੇ ਮੂੰਹ ਨਹੀਂ ਖੋਲ੍ਹਦੇ।ਸੂਬਾ ਸਕੱਤਰ ਨੇ ਸਤੰਬਰ 2025 ਵਿੱਚ ਚੰਡੀਗੜ੍ਹ ਹੋਈ ਪਾਰਟੀ ਕਾਨਫਰੰਸ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਦੀ ਸ਼ਾਨਦਾਰ ਸਫਲਤਾ ਪਾਰਟੀ ਦੀ ਵੱਡੀ ਪ੍ਰਾਪਤੀ ਹੈ। ਇਸ ਨਾਲ ਕਮਿਊਨਿਸਟ ਸਫਾਂ ਅੰਦਰ ਉਭਾਰ ਆਇਆ ਹੈ। ਕਾਮਰੇਡ ਬਰਾੜ ਨੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਆਪਸੀ ਕਰੰਗੜੀਆਂ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਹਨਾ ਕਿਹਾ ਕਿ ਜਲੰਧਰ ਜ਼ਿਲ੍ਹੇ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਕਦੇ ਬੜੀ ਮਜ਼ਬੂਤ ਹੁੰਦੀ ਸੀ। ਇਸ ਸੰਦਰਭ ਵਿੱਚ ਉਹਨਾ ਕਿਹਾ ਕਿ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ, ਕਾਮਰੇਡ ਜਗਜੀਤ ਸਿੰਘ ਆਨੰਦ ਤੇ ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਦੀ ਕਰਮ ਭੂਮੀ ਜ਼ਿਲ੍ਹਾ ਜਲੰਧਰ ਰਹੀ ਹੈ। ਉਨ੍ਹਾ ਕਿਹਾ ਕਿ ਕੁਝ ਸਮੇਂ ਲਈ ਪਾਰਟੀ ਅੰਦਰ ਆਈ ਖੜੋਤ ਹੁਣ ਟੁੱਟੀ ਹੈ।

ਜ਼ਿਲ੍ਹਾ ਕਾਨਫਰੰਸ ਦੇ ਸ਼ੁਰੂ ਹੋਣ ਤੋਂ ਪਹਿਲਾਂ ਸਾਬਕਾ ਜ਼ਿਲ੍ਹਾ ਸਕੱਤਰ ਐਡਵੋਕੇਟ ਰਜਿੰਦਰ ਸਿੰਘ ਮੰਡ ਨੇ ਪਾਰਟੀ ਦਾ ਝੰਡਾ • ਬਾਕੀ ਸਫਾ 2 'ਤੇ





## ਪੀ ਆਰ ਟੀ ਸੀ ਕਾਮਿਆਂ ਦੀ 22 ਨੂੰ ਪਟਿਆਲਾ 'ਚ ਰੈਲੀ

**ਪਟਿਆਲਾ :** ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਪੰਜ ਜਥੇਬੰਦੀਆਂ ਸੰਬੰਧਤ ਏਟਕ, ਇੰਟਕ, ਐੱਸ ਸੀ/ਬੀ ਸੀ, ਸੀਟੂ ਅਤੇ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਦੀ ਸਾਂਝੀ ਐਕਸ਼ਨ ਕਮੇਟੀ ਨੇ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਹਰ ਮਹੀਨੇ ਤਨਖਾਹ—ਪੈਨਸ਼ਨ ਅਤੇ ਹੋਰ ਮਹੱਤਵਪੂਰਨ ਮਸਲਿਆਂ ਦੀ ਜਿਵੇਂ ਅਣਦੇਖੀ ਕਰਕੇ ਵਰਕਰਾਂ ਨੂੰ ਆਰਥਕ ਤੌਰ 'ਤੇ ਖੱਜਲ-ਖੁਆਰ ਕੀਤਾ ਜਾਂਦਾ ਹੈ, ਉਸ ਦੇ ਵਿਰੋਧ ਵਿੱਚ 22 ਜਨਵਰੀ ਨੂੰ ਨਵਾਂ ਬੱਸ ਸਟੈਂਡ ਪਟਿਆਲਾ ਵਿਖੇ ਰੋਹ ਭਰਪੂਰ ਰੋਸ ਰੈਲੀ ਕੀਤੀ ਜਾ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਆਰਥਕ ਜ਼ੁਲਮ ਦੇ ਵਿਰੁੱਧ ਗੁੱਸਾ • ਬਾਕੀ ਸਫਾ 2 'ਤੇ

# 'ਮੁੱਖ ਮੰਤਰੀ ਸਿਹਤ ਯੋਜਨਾ' ਲਈ ਘਰ-ਘਰ ਟੋਕਨ ਵੰਡੇ ਜਾਣਗੇ

**ਨਕਲੀ ਕਾਰਡ ਬਣਾਉਣ ਜਾਂ ਪੈਸੇ ਵਸੂਲਣ ਵਾਲਿਆਂ ਨੂੰ ਕੀਤਾ ਜਾਵੇਗਾ ਗ੍ਰਿਫ਼ਤਾਰ**



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ', ਜੋ ਕਿ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ, ਰਸਮੀ ਤੌਰ 'ਤੇ 22 ਤਰੀਕ ਨੂੰ ਸ਼ੁਰੂ ਕੀਤੀ ਜਾਵੇਗੀ। ਇਹ ਸਕੀਮ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਹਰ ਨਾਗਰਿਕ ਨੂੰ ਬਿਨਾਂ ਕਿਸੇ ਵਿੱਤੀ ਬੋਝ ਦੇ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਣ ਦੇ ਕੀਤੇ ਵਾਅਦੇ ਨੂੰ ਪੂਰਾ ਕਰਦੀ ਹੈ।

ਡਾ. ਬਲਬੀਰ ਸਿੰਘ ਨੇ ਸਪੱਸ਼ਟ ਕੀਤਾ ਕਿ ਹੈੱਲਥ ਕਾਰਡ ਬਣਾਉਣ ਤੋਂ ਲੈ ਕੇ ਇਲਾਜ ਤੱਕ ਦਾ ਸਾਰਾ ਖਰਚਾ ਸਰਕਾਰ ਵੱਲੋਂ ਚੁੱਕਿਆ ਜਾਵੇਗਾ ਅਤੇ ਕਿਸੇ ਵੀ ਵਿਅਕਤੀ ਜਾਂ ਏਜੰਸੀ ਨੂੰ ਕਿਸੇ ਵੀ ਪੜਾਅ 'ਤੇ ਇੱਕ ਰੁਪਿਆ ਵੀ ਵਸੂਲਣ ਦੀ ਇਜਾਜ਼ਤ ਨਹੀਂ ਹੈ।

ਸਿਹਤ ਮੰਤਰੀ ਨੇ ਕਿਹਾ ਕਿ • ਬਾਕੀ ਸਫਾ 2 'ਤੇ

# ਅਮਰੀਕੀ ਵਫਦ ਵੱਲੋਂ ਦੇਸ਼ ਭਗਤ ਕਮੇਟੀ ਨਾਲ ਮਿਲ ਕੇ ਚੱਲਣ ਦਾ ਭਰੋਸਾ



**ਜਲੰਧਰ :** ਦੇਸ਼ ਭਗਤ ਯਾਦਗਾਰ ਹਾਲ ਵਿਖੇ ਸੋਮਵਾਰ ਅਮਰੀਕਾ ਤੋਂ ਆਏ ਜਸਵਿੰਦਰ ਪਾਲ ਸਿੰਘ ਪੱਖੋਕੇ, ਉਹਨਾ ਦੀ ਜੀਵਨ ਸਾਥਣ ਸੁਰਿੰਦਰ ਕੌਰ, ਉਨ੍ਹਾਂ ਦੇ ਸਪੁੱਤਰ ਸੰਗਰਾਮ ਸਿੰਘ ਅਤੇ ਉਹਨਾਂ ਦੇ ਨਾਲ ਆਏ ਗੁਰਸਿਮਰਨ ਪ੍ਰੀਤ ਸਿੰਘ ਬੁੱਟਰ ਨਾਲ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਉਹਨਾਂ ਅਮਰੀਕਾ ਦੇ ਸ਼ਹਿਰ ਯੂਬਾਸਿਟੀ, ਸੈਕਰਾਮੈਂਟੋ ਅਤੇ ਦੇਸ਼ ਭਗਤ ਯਾਦਗਾਰ ਹਾਲ ਦੀਆਂ ਸਰਗਰਮੀਆਂ ਸੰਬੰਧੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

ਉਨ੍ਹਾਂ ਅਮਰੀਕਾ 'ਚ ਲੱਗਦੇ ਗਦਰੀ ਬਾਬਿਆਂ ਦੇ ਮੇਲੇ, ਉਸ ਵਿੱਚ ਸਰਗਰਮ ਟੀਮ ਦੇ ਯੋਗਦਾਨ ਤੋਂ ਇਲਾਵਾ ਗਦਰ ਪਾਰਟੀ ਦੇ ਸਾਨ ਫਰਾਂਸਿਸਕੋ ਸਥਿਤ ਮੁੱਖ ਕੇਂਦਰ ਯੁਗਾਂਤਰ ਆਸ਼ਰਮ ਬਾਰੇ ਵੀ ਆਪਣੇ ਸਰੋਕਾਰ ਸਾਂਝੇ ਕੀਤੇ ।ਉਹਨਾਂ ਕਿਹਾ ਕਿ ਗ਼ਦਰ ਪਾਰਟੀ ਦੇ ਹੈੱਡਕੁਆਰਟਰ, ਜਿੱਥੇ 'ਗਦਰ' ਅਖਬਾਰ ਛਪਦਾ ਸੀ ਅਤੇ ਜੋ ਗਦਰ ਲਹਿਰ ਦੀਆਂ ਸਰਗਰਮੀਆਂ ਦਾ ਮੁੱਖ ਕੇਂਦਰ ਸੀ, ਨੂੰ ਗਦਰ ਲਹਿਰ ਦੀ ਰੂਹ-ਏ-ਰਵਾਂ ਵਜੋਂ ਸੰਭਾਲਣ ਲਈ ਭਾਰਤੀ ਦੂਤਾਵਾਸ ਨੂੰ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਆਏ ਵਫ਼ਦ ਨੇ ਇਹ ਵਿਚਾਰ ਵੀ ਰੱਖਿਆ ਕਿ ਸਾਨੂੰ ਸਭਨਾਂ ਨੂੰ ਸਭਨਾਂ ਪਲੇਟਫਾਰਮਾਂ ਤੋਂ ਇਹ ਜ਼ੋਰਦਾਰ ਮੰਗ ਉਭਾਰਦੀ ਚਾਹੀਦੀ ਹੈ ਕਿ ਗ਼ਦਰ ਪਾਰਟੀ ਦਾ ਅਤੇ ਅਣਗੌਲਿਆ ਆਜ਼ਾਦੀ ਸੰਗਰਾਮ ਦਾ ਇਤਿਹਾਸ ਵਿਦਿਅਕ ਸੰਸਥਾਵਾਂ ਦੇ ਸਿਲੇਬਸ ਦਾ ਹਿੱਸਾ ਬਣਾਇਆ ਜਾਵੇ। ਗੁਰ ਸਿਮਰਨ ਪ੍ਰੀਤ ਨੇ ਦੇਸ਼ ਭਗਤ ਯਾਦਗਾਰ ਹਾਲ 'ਚ ਲੱਗਦੇ ਮੇਲੇ ਵਰਗੀਆਂ ਵਿਸ਼ਾਲ ਇਕੱਤਰਤਾਵਾਂ ਮੌਕੇ • ਬਾਕੀ ਸਫਾ 2 'ਤੇ

## ਅੱਜ-ਨਾਮਾ

ਖਹਿੰਦੇ ਆਪੋ ਵਿੱਚ ਰੋਜ਼ ਨੇ ਕਾਂਗਰਸੀਏ,
ਲੱਗ ਗਈ ਨਵੀਂ ਲੜਾਈ ਆ ਫੇਰ ਬੇਲੀ।
ਕਸੂਤਾ ਜਿਹਾ ਬਿਆਨ ਕੋਈ ਇੱਕ ਦੇਂਦਾ,
ਦੂਸਰੇ ਜਵਾਬ ਨੂੰ ਲਾਉਣ ਨਾ ਦੇਰ ਬੇਲੀ।
ਸਭ ਨੂੰ ਭੁੱਲ ਗਿਆ ਚੇਤਾ ਹੈ ਭਾਜਪਾ ਦਾ,
ਜਿਹੜੀ ਵੇਖੇ ਨਹੀਂ ਸੁਬਹਾ-ਸਵੇਰ ਬੇਲੀ।
ਜਿਸ ਵੀ ਧਿਰ ਦੇ ਮਗਰ ਉਹ ਪੈ ਨਿਕਲੇ,
ਕਰਦੀ ਆ ਹਮਲਾ ਤੇ ਪਾਏ ਹਨੇਰ ਬੇਲੀ।
ਅਸਲੀ ਟੱਕਰ ਨੂੰ ਭੁੱਲੇ ਪਏ ਕਾਂਗਰਸੀਏ,
ਵਿੱਢ ਲਈ ਕੋੜਮੇ ਅੰਦਰ ਹੀ ਜੰਗ ਬੇਲੀ।
ਵਰਤਦੇ ਜਿਵੇਂ ਦੀ ਦੋਵੇਂ ਪੱਖ ਬੋਲ-ਬਾਣੀ,
ਕਿਸੇ ਨੂੰ ਜਾਪਦੀ ਸ਼ਰਮ ਨਹੀਂ ਸੰਗ ਬੇਲੀ।

-ਤੀਸ ਮਾਰ ਖਾਂ

# ਟਰੰਪ ਤੇ ਮੋਦੀ ਖਿਲਾਫ ਰੋਹ ਭਰਪੂਰ ਮੁਜ਼ਾਹਰਾ



**ਭਿੱਖੀਵਿੰਡ :** ਫਾਸ਼ੀ ਹਮਲੇ ਵਿਰੋਧੀ ਫਰੰਟ ਵੱਲੋਂ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਮਾਦੁਰੋ ਦੀ ਰਿਹਾਈ ਲਈ ਭਿੱਖੀਵਿੰਡ ਬਲਾਕ ਦੀ ਕਮਿਊਨਿਸਟ ਪਾਰਟੀ ਆਫ ਇੰਡੀਆ (ਸੀ ਪੀ ਆਈ) ਅਤੇ ਆਰ ਐੱਮ ਪੀ ਆਈ ਵੱਲੋਂ ਹਰਜਿੰਦਰ ਸਿੰਘ ਚੂੰਗ ਤੇ ਟਹਿਲ ਸਿੰਘ ਲੱਧੂ ਦੀ ਪ੍ਰਧਾਨਗੀ ਹੇਠ ਬੱਸ ਸਟੈਂਡ ਭਿੱਖੀਵਿੰਡ ਵਿਖੇ ਜਲਸਾ ਕਰਨ ਤੋਂ ਬਾਅਦ ਭਿੱਖੀਵਿੰਡ ਦੀਆਂ ਸੜਕਾਂ 'ਤੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਤੇ ਮੋਦੀ ਸਰਕਾਰ ਵਿਰੁੱਧ ਰੋਹ ਭਰਪੂਰ ਮਾਰਚ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਆਰ ਐੱਮ ਪੀ ਆਈ ਦੇ ਤਰਨ ਤਾਰਨ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਆਰ ਐੱਮ ਪੀ ਆਈ ਦੇ ਤਹਿਸੀਲ ਸਕੱਤਰ ਮਾਸਟਰ ਦਲਜੀਤ ਸਿੰਘ ਦਿਆਲਪੁਰਾ ਅਤੇ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਅਮਰੀਕਾ ਦਾ ਰਾਸ਼ਟਰਪਤੀ ਟਰੰਪ ਵੱਡੇ-ਵੱਡੇ ਪੂੰਜੀਪਤੀਆਂ ਦਾ ਸਰਦਾਰ ਹੈ ਅਤੇ ਉਨ੍ਹਾਂ ਦੇ ਕਹਿਣ 'ਤੇ ਉਹ ਛੋਟੇ ਵਪਾਰ ਨੂੰ ਮਧੋਲ ਰਿਹਾ ਹੈ, ਜਿਸ ਨਾਲ ਦੁਨੀਆ ਭਰ ਵਿੱਚ ਗਰੀਬੀ ਵਧ ਰਹੀ ਹੈ। ਕਮਿਊਨਿਸਟ ਭਾਵੇਂ ਇਹ ਚਾਹੁੰਦੇ ਹਨ ਕਿ ਹਰੇਕ ਪ੍ਰਾਈਵੇਟ ਅਦਾਰੇ ਦਾ ਕੌਮੀਕਰਨ ਹੋਣਾ ਚਾਹੀਦਾ ਹੈ, ਤਾਂ ਹੀ ਹਰੇਕ ਵਿਅਕਤੀ ਨੂੰ ਯਕੀਨੀ ਰੁਜ਼ਗਾਰ ਮਿਲ ਸਕਦਾ ਹੈ, ਪਰ ਪੂੰਜੀਵਾਦੀ ਨਿਜ਼ਾਮ ਅਧੀਨ ਛੋਟੇ-ਛੋਟੇ ਨਿੱਜੀ ਕਾਰੋਬਾਰ ਰਾਹੀਂ ਵੀ ਲੋਕਾਂ ਨੂੰ ਆਰਜ਼ੀ ਰੁਜ਼ਗਾਰ ਮਿਲਦਾ ਹੈ। ਟਰੰਪ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਮਾਦੁਰੋ, ਜੋ ਕਮਿਊਨਿਸਟ ਸਰਕਾਰ ਚਲਾ ਰਹੇ ਸਨ, ਦੀ ਕਾਰਖਾਨਿਆਂ ਦੀ ਕੌਮੀਕਰਨ ਦੀ ਨੀਤੀ ਨੂੰ ਖਤਮ ਕਰਨ ਵਾਸਤੇ ਵੈਨੇਜ਼ੁਏਲਾ 'ਤੇ ਹਵਾਈ ਹਮਲਾ ਕਰਕੇ ਮਾਦੁਰੋ ਤੇ ਉਸ ਦੀ ਪਤਨੀ ਨੂੰ ਘਰੋਂ ਚੁੱਕ ਕੇ ਅਮਰੀਕਾ ਵਿੱਚ ਕੈਦ ਰੱਖਿਆ ਹੋਇਆ ਹੈ। ਟਰੰਪ ਨੇ ਉੱਤਰੀ ਅਮਰੀਕਾ ਦੇ ਬਾਕੀ ਕਮਿਊਨਿਸਟ ਦੇਸ਼ਾਂ ਨੂੰ ਵੀ ਧਮਕੀ ਦਿੱਤੀ ਹੈ ਕਿ ਉਹ ਕੌਮੀਕਰਨ ਦੀ ਨੀਤੀ ਨੂੰ ਤਿਆਗ ਦੇਣ, ਨਹੀਂ ਤਾਂ ਉਨ੍ਹਾਂ ਦਾ ਮਾਦੁਰੋ ਵਾਲਾ ਹੀ ਹਾਲ ਹੋਵੇਗਾ।

ਆਗੂਆਂ ਕਿਹਾ ਕਿ ਕੇਂਦਰ ਸਰਕਾਰ ਵੀ ਲਗਾਤਾਰ ਲੋਕ ਵਿਰੋਧੀ ਕਾਰਜ ਕਰ ਰਹੀ ਹੈ, ਜੋ ਫਸਲਾਂ ਦੀ ਬਿਜਾਈ ਲਈ ਬੀਜ ਬਿੱਲ ਲਿਆਉਣ 'ਤੇ ਅੜੀ ਹੋਈ ਹੈ। ਇਹ ਬਿੱਲ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਅਤੇ ਦਰਮਿਆਨੀ ਤੇ ਹੇਠਲੀ ਕਿਸਾਨੀ ਦਾ ਘਾਣ ਕਰਨ ਵਾਲਾ ਹੈ। ਬਿੱਲ ਇਹ ਕਹਿੰਦਾ ਹੈ ਕਿ ਜੋ ਬਿੱਲ ਰਾਹੀਂ ਬੀਜ ਦੱਸਿਆ ਗਿਆ ਹੈ, ਉਹ ਹੀ ਬੀਜ ਧਰਤੀ ਵਿੱਚ ਬੀਜਿਆ ਜਾਵੇਗਾ। ਜੇ ਕੋਈ ਕਿਸਾਨ ਇਸ ਦੀ ਉਲੰਘਣਾ ਕਰਦਾ ਹੈ, ਉਸ ਨੂੰ ਕੈਦ ਅਤੇ ਜੁਰਮਾਨੇ ਦੀ ਸਜ਼ਾ ਹੋਵੇਗੀ, ਜਦੋਂ ਕਿ ਮੌਜੂਦਾ ਸਮੇਂ ਕਿਸਾਨ ਪੈਦਾ ਕੀਤੀ ਫਸਲ 'ਚੋਂ ਅਗਲੇ ਸਾਲ ਲਈ ਬੀਜ ਰੱਖ ਲੈਂਦਾ ਹੈ, ਜੇ ਕੋਈ ਨਵਾਂ ਬੀਜ ਆਇਆ ਤੇ ਉਸ ਦਾ ਤਜਰਬਾ ਕਰਨ ਵਾਸਤੇ ਜ਼ਮੀਨ ਦੇ ਕੁਝ ਟੁਕੜੇ ਤੇ ਉਹ ਬੀਜ ਮੁੱਲ ਲੈ ਕੇ ਬੀਜ ਦਿੰਦਾ, ਜੇ ਨਤੀਜਾ ਚੰਗਾ ਨਿਕਲਿਆ ਤਾਂ • ਬਾਕੀ ਸਫਾ 2 'ਤੇ

## 12 ਦੀ ਹੜਤਾਲ ਲਈ ਨੁਮਾਇੰਦਾ ਕਨਵੈਨਸ਼ਨ ਛੇਤੀ : ਬਰਾੜ, ਧਾਲੀਵਾਲ



**ਪਟਿਆਲਾ :** ਪੰਜਾਬ ਏਟਕ ਵੱਲੋਂ 10 ਕੇਂਦਰੀ ਟਰੇਡ ਯੂਨੀਅਨ ਸੰਗਠਨਾਂ, ਫੈਡਰੇਸ਼ਨਾਂ ਅਤੇ ਆਜ਼ਾਦ ਜਥੇਬੰਦੀਆਂ ਵਲੋਂ 12 ਫਰਵਰੀ ਨੂੰ ਇੱਕ ਰੋਜ਼ਾ ਦੇਸ਼-ਵਿਆਪੀ ਹੜਤਾਲ ਦੇ ਦਿੱਤੇ ਗਏ ਸੱਦੇ ਦੇ ਸੰਬੰਧ ਵਿੱਚ ਪੰਜਾਬ ਏਟਕ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਲੁਧਿਆਣਾ ਵਿਖੇ ਬੰਤ ਸਿੰਘ ਬਰਾੜ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਪਬਲਿਕ ਸੈਕਟਰ ਦੀਆਂ ਜਥੇਬੰਦੀਆਂ, ਜਿਵੇਂ ਕਿ ਟਰਾਂਸਪੋਰਟ, ਬੈਂਕ, ਬਿਜਲੀ, ਬੀ ਬੀ ਐੱਮ ਬੀ, ਐੱਫ ਸੀ ਆਈ, ਟੈਲੀਕਾਮ ਤੋਂ ਇਲਾਵਾ ਸਨਅਤੀ ਖੇਤਰ, ਖੇਤ ਮਜ਼ਦੂਰ, ਆਂਗਣਵਾੜੀ, ਆਸ਼ਾ ਵਰਕਰਜ਼, ਉਸਾਰੀ ਕਿਰਤੀ, ਮਨਰੇਗਾ, ਭੱਠਾ ਮਜਦੂਰ ਆਦਿ ਖੇਤਰਾਂ ਦੇ ਨੁਮਾਇੰਦੇ ਸ਼ਾਮਲ ਹੋਏ। ਸਰਕਾਰੀ ਮੁਲਾਜ਼ਮਾਂ ਦੀ ਫੈਡਰੇਸ਼ਨ ਦੇ ਨੁਮਾਇੰਦੇ ਵੀ ਉਚੇਚੇ ਤੌਰ 'ਤੇ ਹਾਜ਼ਰ ਸਨ।ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ • ਬਾਕੀ ਸਫਾ 2 'ਤੇ

## ਡਬਲ ਮਰਡਰ ਮਾਮਲੇ 'ਚ ਨਾਮਜ਼ਦ ਲਾੜੇ ਨੂੰ ਸਬੂਤਾਂ ਦੀ ਘਾਟ ਕਾਰਨ ਮਿਲੀ ਰਾਹਤ : ਐਡਵੋਕੇਟ ਬੈਨੀਪਾਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੀਤੇ 30 ਨਵੰਬਰ ਦੀ ਰਾਤ ਨੂੰ ਲੁਧਿਆਣਾ ਦੇ ਬਾਠ ਕੈਸਟਲ ਵਿਖੇ ਹੋਏ ਵਿਆਹ ਸਮਾਗਮ ਦੌਰਾਨ ਦੋ ਧਿਰਾਂ ਵਿਚਕਾਰ ਹੋਈ ਗੋਲੀਬਾਰੀ ਦੌਰਾਨ 2 ਵਿਅਕਤੀਆਂ ਦੀ ਮੌਤ ਹੋ ਗਈ ਸੀ ਅਤੇ ਇਸ ਮਾਮਲੇ ਵਿੱਚ ਪੁਲਸ ਵੱਲੋਂ ਵਿਆਹ ਵਾਲੇ ਲਾੜੇ ਵਰਿੰਦਰ ਕਪੂਰ ਨੂੰ ਵੀ ਨਾਮਜ਼ਦ ਕਰ ਲਿਆ ਗਿਆ ਸੀ। ਮਾਛੀਵਾੜਾ ਨਿਵਾਸੀ ਐਡਵੋਕੇਟ ਜਸਪ੍ਰੀਤ ਸਿੰਘ ਬੈਨੀਪਾਲ ਵੱਲੋਂ ਨਾਮਜ਼ਦ ਵਰਿੰਦਰ ਕਪੂਰ ਦੀ ਜਮਾਨਤ ਲਈ ਅਰਜ਼ੀ ਮਾਣਯੋਗ ਲੁਧਿਆਣਾ ਅਦਾਲਤ ਵਿੱਚ ਲਗਾਈ ਗਈ ਸੀ, ਜਿੱਥੇ ਉਸ ਨੂੰ ਵੱਡੀ ਰਾਹਤ ਮਿਲੀ ਅਤੇ ਉਸ ਨੂੰ ਪੁਲਸ ਵੱਲੋਂ ਗ੍ਰਿਫ਼ਤਾਰ ਨਹੀਂ ਕੀਤਾ ਜਾਵੇਗਾ। ਐਡਵੋਕੇਟ ਜਸਪ੍ਰੀਤ ਸਿੰਘ ਬੈਨੀਪਾਲ ਨੇ ਦੱਸਿਆ ਕਿ ਲੁਧਿਆਣਾ ਦੇ ਮਾਣਯੋਗ ਐਡੀਸ਼ਨਲ ਸੈਸ਼ਨ ਜੱਜ ਦੀ ਅਦਾਲਤ ਵਿੱਚ ਇਸ ਚਰਚਿਤ ਡਬਲ ਮਰਡਰ ਕੇਸ ਵਿੱਚ ਨਾਮਜ਼ਦ ਲਾੜਾ ਵਰਿੰਦਰ ਕਪੂਰ ਪੇਸ਼ ਹੋਇਆ, ਜਿਸ ਦੇ ਵਿਆਹ ਸਮਾਗਮ ਦੌਰਾਨ ਇਹ ਘਟਨਾ ਵਾਪਰੀ ਸੀ। ਉਨ੍ਹਾਂ ਦੱਸਿਆ ਕਿ ਮਾਣਯੋਗ ਅਦਾਲਤ ਨੇ ਦੋਵਾਂ ਧਿਰਾਂ ਦਾ ਪੱਖ ਸੁਣਿਆ ਤੇ ਕਾਫ਼ੀ ਲੰਬੀ ਬਹਿਸ ਹੋਈ। ਐਡਵੋਕੇਟ ਬੈਨੀਪਾਲ ਅਨੁਸਾਰ ਪੁਲਸ ਅਦਾਲਤ ਵਿੱਚ ਵਰਿੰਦਰ ਕਪੂਰ ਖਿਲਾਫ਼ ਕੋਈ ਵੀ ਸਬੂਤ ਪੇਸ਼ ਨਾ ਕਰ ਸਕੀਸ ਜਿਸ ਵਿੱਚ ਇਹ ਸਾਬਿਤ ਹੁੰਦਾ ਹੋਵੇ ਕਿ ਇਸ ਕਤਲ ਮਾਮਲੇ ਵਿੱਚ ਉਹ ਦੋਸ਼ੀ ਹੈ। ਪੁਲਸ ਵੱਲੋਂ ਇਹ ਵੀ ਬਿਆਨ ਦਿੱਤੇ ਗਏ ਕਿ ਲਾੜੇ ਵਰਿੰਦਰ ਕਪੂਰ ਨੂੰ ਗ੍ਰਿਫ਼ਤਾਰ ਕਰਨ ਦਾ ਕੋਈ ਇਰਾਦਾ ਨਹੀਂ, ਕਿਉਂਕਿ ਉਸ ਵਿਰੁੱਧ ਸਬੂਤ ਨਾਕਾਫ਼ੀ ਹਨ। ਮਾਣਯੋਗ ਅਦਾਲਤ ਵੱਲੋਂ ਪੁਲਸ ਵਲੋਂ ਦਿੱਤਾ ਬਿਆਨ ਕਿ ਇਸ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਰਿਹਾ ਤਾਂ ਜਮਾਨਤ ਅਰਜ਼ੀ ਦੀ ਵੀ ਜ਼ਰੂਰਤ ਨਹੀਂ ਹੈ।

## ਪ੍ਰਸ਼ਾਸਨਕ ਢਿੱਲ-ਮੱਠ ਖ਼ਿਲਾਫ਼ ਬੀ ਕੇ ਯੂ ਸਿੱਧੂਪੁਰ ਵੱਲੋਂ 22 ਨੂੰ ਐੱਸ ਐੱਸ ਪੀ ਦਫ਼ਤਰ ਅੱਗੇ ਧਰਨਾ

**ਅੱਜ ਸ਼ਹੀਦ ਸ਼ੁਭਕਰਨ ਸਿੰਘ ਦੇ ਪਿੰਡ 'ਚ ਹੋਵੇਗੀ ਵੱਡੀ ਇਕੱਤਰਤਾ**



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**
ਭਾਰਤੀ ਕਿਸਾਨ ਯੂਨੀਅਨ ਏਕਤਾ (ਸਿੱਧੂਪੁਰ) ਜ਼ਿਲ੍ਹਾ ਫ਼ਰੀਦਕੋਟ ਦੀ ਇੱਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਰੁਪੱਈਆਂ ਵਾਲਾ ਦੀ ਅਗਵਾਈ ਹੇਠ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਹੋਈ।ਇਸ ਮੀਟਿੰਗ ਵਿੱਚ ਪ੍ਰਸ਼ਾਸਨ ਵੱਲੋਂ ਕਿਸਾਨੀ ਮਸਲਿਆਂ ਪ੍ਰਤੀ ਦਿਖਾਈ ਜਾ ਰਹੀ ਕਥਿਤ ਬੇਰੁਖੀ ਤੇ ਢਿੱਲ-ਮੱਠ ਨੂੰ ਲੈ ਕੇ ਗੰਭੀਰ ਚਰਚਾ ਕੀਤੀ ਗਈ ਅਤੇ ਤਿੱਖੇ ਸੰਘਰਸ਼ ਦਾ ਫੈਸਲਾ ਕੀਤਾ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੋਹੜ ਸਿੰਘ ਰੁਪੱਈਆਂ ਵਾਲਾ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਕਿਸਾਨੀ ਮਸਲਿਆਂ ਨੂੰ ਹੱਲ ਕਰਨ ਵਿੱਚ ਲਗਾਤਾਰ ਦੇਰੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਆਗੂ ਵਿਪਨ ਸਿੰਘ ਸੇਖੋਂ ਫਿੱਡੇ ਕਲਾਂ, ਪਿੰਡ ਮੁਮਾਰਾ ਦੇ ਕਿਸਾਨਾਂ ਦੇ ਮਸਲੇ ਤੇ ਪਿੰਡ ਲੰਭਵਾਲੀ ਦੇ ਕਿਸਾਨ ਰੁਲਦੂ ਸਿੰਘ ਦੀ ਜ਼ਮੀਨ 'ਤੇ ਪੈਟਰੋਲ ਪੰਪ ਮਾਲਕ ਵੱਲੋਂ ਕੀਤੇ ਨਜਾਇਜ਼ ਕਬਜ਼ੇ ਵਰਗੇ ਕਈ ਮਾਮਲੇ ਲੰਬੇ ਸਮੇਂ ਤੋਂ ਲਟਕ ਰਹੇ ਹਨ।ਇਨ੍ਹਾਂ ਦੇ ਰੋਸ ਵਜੋਂ 22 ਜਨਵਰੀ ਨੂੰ ਐੱਸ.ਐੱਸ.ਪੀ. ਫ਼ਰੀਦਕੋਟ ਦੇ ਦਫ਼ਤਰ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।ਸ਼ਹੀਦ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਤੇ ਅਗਲੇਰੀ ਰਣਨੀਤੀ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ 21 ਫਰਵਰੀ 2024 ਨੂੰ ਖਨੌਰੀ ਸਰਹੱਦ 'ਤੇ ਸ਼ਹੀਦ ਹੋਏ ਕਿਸਾਨ ਸ਼ੁਭਕਰਨ ਸਿੰਘ ਦੀ ਯਾਦ ਵਿੱਚ 20 ਜਨਵਰੀ ਨੂੰ ਪਿੰਡ ਬੱਲੋ (ਬਠਿੰਡਾ) ਵਿਖੇ ਹੋਣ ਵਾਲੀ ਸਾਂਝੀ ਇਕੱਤਰਤਾ ਵਿੱਚ ਫ਼ਰੀਦਕੋਟ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਲ ਹੋਣਗੇ।ਇਸ ਤੋਂ ਇਲਾਵਾ ਕੇਂਦਰ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਕੱਢੀ ਜਾ ਰਹੀ 'ਜਾਗਰੂਕਤਾ ਯਾਤਰਾ' ਦੀ ਤਿਆਰੀ ਲਈ 25 ਜਨਵਰੀ ਨੂੰ ਗੁਰਦੁਆਰਾ ਨਾਨਕਿਆਣਾ ਸਾਹਿਬ (ਸੰਗਰੂਰ) ਵਿਖੇ ਸੂਬਾ ਪੱਧਰੀ ਮੀਟਿੰਗ ਕੀਤੀ ਜਾਵੇਗੀ।ਆਗੂਆਂ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਸਰਕਾਰ ਬਿਜਲੀ ਸੋਧ ਬਿੱਲ ਲਾਗੂ ਨਾ ਕਰਨ ਦੇ ਵਾਅਦੇ ਤੋਂ ਭੱਜ ਰਹੀ ਹੈ ਤੇ ਚੋਰ-ਰਸਤੇ ਰਾਹੀਂ ਚਿੱਪ ਵਾਲੇ ਮੀਟਰ ਲਗਾ ਰਹੀ ਹੈ। ਜਥੇਬੰਦੀ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਪਿੰਡਾਂ ਵਿੱਚ ਲੱਗੇ ਸਮਾਰਟ ਮੀਟਰ ਉਤਾਰ ਕੇ ਬਿਜਲੀ ਦਫ਼ਤਰਾਂ ਵਿੱਚ ਜਮ੍ਹਾਂ ਕਰਵਾਏ ਜਾਣਗੇ ਤੇ ਇਸ ਸਬੰਧੀ ਇਕਾਈਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।ਇਸ ਮੌਕੇ ਜ਼ਿਲ੍ਹਾ ਖ਼ਜ਼ਾਨਚੀ ਗੁਰਾਂਦਿੱਤਾ ਸਿੰਘ ਬਾਜਾਖਾਨਾ, ਬਲਾਕ ਪ੍ਰਧਾਨ ਨਿਰਮਲ ਸਿੰਘ (ਕੋਟਕਪੂਰਾ), ਸ਼ਿੰਦਰਪਾਲ ਸਿੰਘ (ਜੈਤੋ), ਬਲਜਿੰਦਰ ਸਿੰਘ (ਬਾਜਾਖਾਨਾ), ਨਾਇਬ ਸਿੰਘ ਸ਼ੇਰ ਸਿੰਘ ਵਾਲਾ, ਜਤਿੰਦਰ ਜੀਤ ਸਿੰਘ ਭਿੰਡਰ, ਅੰਗਰੇਜ਼ ਸਿੰਘ ਵਾਂਦਰ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਜਥੇਬੰਦੀ ਦੇ ਆਗੂ ਹਾਜ਼ਰ ਸਨ।

## ਪਿੰਡਾਂ ਦੀਆਂ ਸੜਕਾਂ ਤੇ ਫਿਰਨੀਆਂ ਦੇ ਵਿਕਾਸ ਲਈ 3.88 ਕਰੋੜ ਰੁਪਏ ਮਨਜ਼ੂਰ : ਖੁੱਡੀਆਂ



**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰ ਪਾਲ, ਪ੍ਰਜ)**-ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਹਲਕੇ ਲੰਬੀ ਵਿੱਚ ਪਿੰਡਾਂ ਦੀਆਂ ਸੜਕਾਂ ਤੇ ਫਿਰਨੀਆਂ ਦੇ ਵਿਕਾਸ ਲਈ ਕੁੱਲ 3.88 ਕਰੋੜ ਰੁਪਏ (388 ਲੱਖ ਰੁਪਏ) ਦੀ ਲਾਗਤ ਨਾਲ ਮਹੱਤਵਪੂਰਨ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ।ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਹ ਵਿਕਾਸ ਕਾਰਜ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ ਲਿਆਉਣ ਤੇ ਪਿੰਡ ਵਾਸੀਆਂ ਨੂੰ ਸੁਰੱਖਿਅਤ ਤੇ ਸੁਚਾਰੂ ਸਫ਼ਰ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਉਨ੍ਹਾਂ ਦੱਸਿਆ ਕਿ ਲੰਬੀ ਹਲਕੇ ਵਿੱਚ ਮਨਜ਼ੂਰ ਕੀਤੇ ਗਏ ਕੰਮ ਮਲੋਟ-ਡੱਬਵਾਲੀ ਸੜਕ ਤੋਂ ਮਾਨ ਵਾਲਿਆਂ ਚੰਨੂੰ ਬੀਦੋਵਾਲੀ ਸੜਕ (ਫਿਰਨੀ ਚੰਨੂੰ) ਦੀ ਸੀ.ਸੀ. ਫਲੋਰਿੰਗ ਲੰਬਾਈ: 1.80 ਕਿਲੋਮੀਟਰਲਾਗਤ: 110 ਲੱਖ ਰੁਪਏ ਗਿੱਦੜਬਾਹਾ-ਬਰਾਂਵਾਲਾ ਸੜਕ ਤੋਂ ਗਿੱਦੜਬਾਹਾ-ਲੰਬੀ ਸੜਕ ਨੂੰ 10 ਫੁੱਟ ਤੋਂ 18 ਫੁੱਟ ਤੱਕ ਚੌੜਾ ਕਰਨਾਲੰਬਾਈ: 3.00 ਕਿਲੋਮੀਟਰ ਲਾਗਤ: 165 ਲੱਖ ਰੁਪਏ ਢਾਣੀ ਜਗਜੀਤ ਸਿੰਘ (ਲੰਬੀ) ਵਿਖੇ ਨਵੀਂ ਸੜਕ ਦੀ ਉਸਾਰੀ ਲੰਬਾਈ: 0.50 ਕਿਲੋਮੀਟਰ ਲਾਗਤ: 17 ਲੱਖ ਰੁਪਏ ਪਿੰਡ ਤਰਮਾਲਾ ਦੀ ਫਿਰਨੀ ਦੀ ਸੀ.ਸੀ. ਫਲੋਰਿੰਗ ਲੰਬਾ 1.05 ਕਿਲੋਮੀਟਰਲਾਗਤ: 97 ਲੱਖ ਰੁਪਏ ਇਸ ਤਰ੍ਹਾਂ ਇਨ੍ਹਾਂ ਸਾਰੇ ਪ੍ਰੋਜੈਕਟਾਂ ਦੀ ਕੁੱਲ ਲੰਬਾਈ 6.35 ਕਿਲੋਮੀਟਰ ਬਣਦੀ ਹੈ ਅਤੇ ਕੁੱਲ ਲਾਗਤ 388 ਲੱਖ ਰੁਪਏ (3.88 ਕਰੋੜ) ਹੈ।ਖੇਤੀਬਾੜੀ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਰਾਜ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਸਭ ਤੋਂ ਉੱਚੀ ਤਰਜੀਹ ਦੇ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਹੋਰ ਪ੍ਰੋਜੈਕਟ ਮਨਜ਼ੂਰ ਕੀਤੇ ਜਾਣਗੇ।ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਵਿਕਾਸ ਕਾਰਜ ਨਿਰਧਾਰਤ ਸਮੇਂ ਅੰਦਰ ਤੇ ਮਿਆਰੀ ਗੁਣਵੱਤਾ ਅਨੁਸਾਰ ਮੁਕੰਮਲ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਤੁਰੰਤ ਲਾਭ ਮਿਲ ਸਕੇ।ਇਸ ਮੌਕੇ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਕਿਹਾ ਕਿ ਆਮ ਲੋਕਾਂ ਦੀ ਖੱਜਲ-ਖੁਆਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਲੋਕਾਂ ਦਾ ਪਹਿਲ ਦੇ ਆਧਾਰ 'ਤੇ ਕੰਮ ਕਰਨਾ ਯਕੀਨੀ ਬਣਾਇਆ ਜਾਵੇ।

## ਮੱਸਿਆ ਦੇ ਦਿਹਾੜੇ 'ਤੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਮੁਫ਼ਤ ਡੈਂਟਲ ਚੈੱਕਅੱਪ ਕੈਂਪ, 150 ਤੋਂ ਵੱਧ ਸ਼ਰਧਾਲੂਆਂ ਨੇ ਲਿਆ ਲਾਭ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐਤਵਾਰ ਨੂੰ ਮੱਸਿਆ ਦੇ ਪਾਵਨ ਮੌਕੇ 'ਤੇ ਸ੍ਰੀ ਗੁਰਦੁਆਰਾ ਜਾਮਨੀ ਸਾਹਿਬ ਬਾਜੀਦਪੁਰ ਵਿਖੇ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਦੰਦਾਂ ਦਾ ਚੈੱਕਅਪ ਕੈਂਪ ਲਾਇਆ ਗਿਆ। ਧਾਰਮਿਕ ਮਾਹੌਲ ਵਿੱਚ ਲਗਾਏ ਗਏ ਇਸ ਸੇਵਾ ਕੈਂਪ ਵਿੱਚ 150 ਤੋਂ ਵੱਧ ਸ਼ਰਧਾਲੂਆਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਕੈਂਪ ਦੌਰਾਨ ਜੈਨੇਸਿਸ ਡੈਂਟਲ ਕਾਲਜ ਦੀ ਡਾਕਟਰੀ ਟੀਮ ਵਿੱਚ ਸ਼ਾਮਲ ਡਾ. ਸੁਖੀਰ ਕੌਰ ਤੇ ਡਾ. ਸੁਸ਼ੇ ਰੰਧੇਜ ਨੇ ਸ਼ਰਧਾਲੂਆਂ ਦੀ ਡੈਂਟਲ ਜਾਂਚ ਕੀਤੀ। ਨਾਲ ਹੀ ਉਨ੍ਹਾਂ ਦੰਦਾਂ ਨਾਲ ਸਬੰਧਤ ਆਮ ਸਮੱਸਿਆਵਾਂ, ਸਹੀ ਬਰਸ਼ਿੰਗ ਤਰੀਕਾ, ਦਿਨ ਵਿੱਚ ਦੋ ਵਾਰੀ ਬਰਸ਼ ਕਰਨ, ਸਾਫ਼-ਸਫ਼ਾਈ ਬਣਾਈ ਰੱਖਣ ਤੇ ਸਮੇਂ-ਸਮੇਂ 'ਤੇ ਡੈਂਟਲ ਚੈੱਕਅਪ ਕਰਵਾਉਣ ਦੀ ਲੋੜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਕੈਂਪ ਵਿੱਚ ਆਏ ਕਈ ਸ਼ਰਧਾਲੂਆਂ ਨੂੰ ਲੋੜੀਂਦਾ ਪਰਾਮਰਸ਼ ਦੇ ਕੇ ਅੱਗੇ ਦੇ ਇਲਾਜ ਲਈ ਵੀ ਮਾਰਗਦਰਸ਼ਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਸੇਵਾ ਭਾਵਨਾ ਦੇ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਤੇ ਟੂਥਪੇਸਟ ਵੀ ਵੰਡੇ ਗਏ। ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੰਗਤ ਵੱਲੋਂ ਜੈਨੇਸਿਸ ਡੈਂਟਲ ਕਾਲਜ ਦੀ ਇਸ ਪਹਲ ਦੀ ਸ਼ਲਾਘਾ ਕਰਦੇ ਹੋਏ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਉਣ ਦੀ ਅਪੀਲ ਕੀਤੀ ਗਈ।

## ਸੰਜੀਵਨੀ ਵੈੱਲਫੇਅਰ ਸੁਸਾਇਟੀ ਨੇ ਬਜ਼ੁਰਗਾਂ ਤੇ ਬੱਚਿਆਂ ਨੂੰ ਕੰਬਲ ਤੇ ਗਰਮ ਕੱਪੜੇ ਵੰਡੇ



**ਬੁਢਲਾਡਾ (ਅਸ਼ੋਕ ਲਾਕੜਾ)**-ਸੰਜੀਵਨੀ ਵੈੱਲਫੇਅਰ ਸੁਸਾਇਟੀ ਬੁਢਲਾਡਾ ਵੱਲੋਂ ਸ਼ਹਿਰ ਵਿੱਚ ਲੋੜਵੰਦ ਬਜ਼ੁਰਗਾਂ ਤੇ ਬੱਚਿਆਂ ਨੂੰ ਕੰਬਲ ਤੇ ਗਰਮ ਕੱਪੜੇ ਵੰਡੇ ਗਏ।ਇਸ ਦੀ ਭੂਮਿਕਾ ਡਾਕਟਰ ਕ੍ਰਿਸ਼ਨ ਲਾਲ ਵੱਲੋਂ ਨਿਭਾਈ ਗਈ।ਸੁਸਾਇਟੀ ਦੇ ਮੈਂਬਰ ਡਾ. ਕ੍ਰਿਸ਼ਨ ਲਾਲ ਦੀ ਅਗਵਾਈ ਹੇਠ ਰਾਮ ਗੋਪਾਲ, ਰਘੁਨਾਥ, ਬੱਗਾ ਸਿੰਘ ਤੇ ਜਸ਼ਨਦੀਪ ਸਿੰਘ ਦੀ ਸਹਾਇਤਾ ਨਾਲ ਲੋੜਵੰਦ ਬਜ਼ੁਰਗਾਂ ਤੇ ਮਾਸੂਮ ਬੱਚਿਆਂ ਨੂੰ ਠੰਡ ਤੋਂ ਬਚਾਉਣ ਲਈ ਗਰਮ ਕੱਪੜੇ ਤੇ ਕੰਬਲ ਵੰਡੇ ਗਏ।ਇਸ ਮੌਕੇ ਲੋੜਵੰਦਾਂ ਨੂੰ ਠੰਡ ਤੋਂ ਰਾਹਤ ਦੇਣ ਲਈ ਗਰਮ ਚਾਹ ਪਿਲਾਈ ਗਈ ਤੇ ਬਿਸਕੁਟਾਂ ਦੀ ਸੇਵਾ ਵੀ ਕੀਤੀ ਗਈ। ਡਾ. ਕ੍ਰਿਸ਼ਨ ਲਾਲ ਨੇ ਕਿਹਾ ਕਿ ਸੰਜੀਵਨੀ ਵੈੱਲਫੇਅਰ ਸੁਸਾਇਟੀ ਦਾ ਮਕਸਦ ਇਹੀ ਹੈ ਕਿ ਕੋਈ ਵੀ ਲੋੜਵੰਦ ਠੰਢ ਕਾਰਨ ਪ੍ਰੇਸ਼ਾਨ ਨਾ ਰਹੇ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਅਜਿਹੀਆਂ ਸਮਾਜਸੇਵੀ ਸੇਵਾਵਾਂ ਜਾਰੀ ਰਹਿਣਗੀਆਂ।ਬਲਦੇਵ ਕੱਕੜ ਚੇਅਰਪਰਸਨ ਨੇ ਦੱਸਿਆ ਕਿ ਇਹ ਸੋਸਾਇਟੀ ਤਕਰੀਬਨ 100 ਤੋਂ ਵੱਧ ਸਕੂਲਾਂ ਵਿੱਚ ਨਸ਼ਿਆਂ ਖ਼ਿਲਾਫ਼ ਸੈਮੀਨਾਰ ਲਾ ਚੁੱਕੀ ਹੈ।ਲੋੜਵੰਦ ਬੱਚਿਆਂ ਨੂੰ ਸਵੈ-ਰੁਜ਼ਗਾਰ ਕੋਰਸ ਕਰਵਾ ਚੁਕੀ ਹੈ।ਸ਼ਹਿਰ ਵਾਸੀਆਂ ਨੇ ਸੁਸਾਇਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਕੰਮ ਸਮਾਜ ਵਿੱਚ ਸਹਿਯੋਗ ਤੇ ਮਨੁੱਖਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

## ਵਿਧਾਇਕ ਅੰਮ੍ਰਿਤਪਾਲ ਸੁਖਾਨੰਦ ਗਰਾਊਂਡ ਲੈਵਲ 'ਤੇ ਸਰਗਰਮ : ਆਪ ਆਗੂ

**ਪਿੰਡੋ-ਪਿੰਡ ਦੌਰਿਆਂ ਰਾਹੀਂ ਵਿਕਾਸ ਕਾਰਜਾਂ ਦੀ ਕਰ ਰਹੇ ਨਿਗਰਾਨੀ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਗਰਾਊਂਡ ਲੈਵਲ 'ਤੇ ਪੂਰੀ ਤਰ੍ਹਾਂ ਸਰਗਰਮ ਨਜ਼ਰ ਆ ਰਹੇ ਹਨ ਅਤੇ ਹਲਕੇ ਅੰਦਰ ਪਿੰਡੋ-ਪਿੰਡ ਦੌਰੇ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦਾ ਖੁਦ ਜਾਇਜ਼ਾ ਲੈ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਸੁਖਾਨੰਦ ਦੇ ਅਤੀ ਨੇੜਲੇ ਸਾਥੀ ਸੋਨੀ ਧਾਲੀਵਾਲ ਮਾੜੀ ਮੁਸਤਫਾ, ਸਰਪੰਚ ਗੁਰਭੇਜ ਸਿੰਘ ਮਾੜੀ ਮੁਸਤਫਾ ਤੇ ਯੂਥ ਆਮ ਆਦਮੀ ਪਾਰਟੀ ਦੇ ਆਗੂ ਪ੍ਰਦੀਪ ਰੋਡੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਵਿਕਾਸ ਕਾਰਜਾਂ ਨੂੰ ਸਿਰਫ ਕਾਗਜ਼ਾਂ ਤੱਕ ਸੀਮਿਤ ਨਾ ਰੱਖਦਿਆਂ ਉਨ੍ਹਾਂ ਦੀ ਮੌਕੇ 'ਤੇ ਜਾ ਕੇ ਨਿਗਰਾਨੀ ਕੀਤੀ ਜਾ ਰਹੀ ਹੈ।ਪਿੰਡਾਂ ਵਿੱਚ ਸੜਕਾਂ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ, ਸਫ਼ਾਈ ਪ੍ਰਬੰਧ ਤੇ ਹੋਰ ਬੁਨਿਆਦੀ ਸੁਵਿਧਾਵਾਂ ਨਾਲ ਸਬੰਧਤ ਕੰਮਾਂ ਦੀ ਹਾਲਤ ਦਾ ਬਾਰੀਕੀ ਨਾਲ ਅਧਿਐਨ ਕੀਤਾ ਜਾ ਰਿਹਾ ਹੈ।ਆਗੂਆਂ ਨੇ ਦੱਸਿਆ ਕਿ ਜਿੱਥੇ ਵੀ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਊਣਤਾਈ, ਲਾਪ੍ਰਵਾਹੀ ਜਾਂ ਦੇਰੀ ਨਜ਼ਰ ਆ ਰਹੀ ਹੈ, ਉਸ ਨੂੰ ਤੁਰੰਤ ਨੋਟਿਸ ਵਿੱਚ ਲਿਆ ਜਾ ਰਿਹਾ ਹੈ ਤੇ ਸੰਬੰਧਤ ਅਧਿਕਾਰੀਆਂ ਨੂੰ ਖਾਮੀਆਂ ਦੂਰ ਕਰਨ ਲਈ ਸਪੱਸ਼ਟ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਵਿਧਾਇਕ ਸੁਖਾਨੰਦ ਦੀ ਪ੍ਰਾਥਮਿਕਤਾ ਹੈ ਕਿ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲੇ ਤੇ ਕਿਸੇ ਵੀ ਪੱਧਰ 'ਤੇ ਭ੍ਰਿਸ਼ਟਾਚਾਰ ਜਾਂ ਅਣਦੇਖੀ ਨੂੰ ਬਰਦਾਸ਼ਤ ਨਾ ਕੀਤਾ ਜਾਵੇ।ਇਸ ਮੌਕੇ ਉਨ੍ਹਾਂ ਇਹ ਵੀ ਆਖਿਆ ਕਿ ਹਲਕਾ ਵਿਧਾਇਕ ਲੋਕਾਂ ਨਾਲ ਸਿੱਧਾ ਸੰਪਰਕ ਬਣਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣ ਰਹੇ ਹਨ ਅਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਯਤਨ ਕੀਤੇ ਜਾ ਰਹੇ ਹਨ। ਲੋਕਾਂ ਦੀ ਸੁਵਿਧਾ ਤੇ ਭਲਾਈ ਨੂੰ ਧਿਆਨ ਵਿੱਚ ਰੱਖਦਿਆਂ ਹਰ ਫੈਸਲਾ ਲਿਆ ਜਾ ਰਿਹਾ ਹੈ।ਆਗੂਆਂ ਨੇ ਦ੍ਰਿੜ੍ਹ ਵਿਸ਼ਵਾਸ ਜਤਾਇਆ ਕਿ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਹਲਕੇ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਇਆ ਜਾਵੇਗਾ ਤੇ ਆਉਣ ਵਾਲੇ ਸਮੇਂ ਵਿੱਚ ਹਲਕੇ ਨੂੰ ਵਿਕਾਸ ਦੇ ਮਾਮਲੇ ਵਿੱਚ ਇੱਕ ਨਵੀਂ ਦਿਸ਼ਾ ਮਿਲੇਗੀ।

## ਪੁਲਸ ਮੁਕਾਬਲੇ ਦੌਰਾਨ 2 ਬਦਮਾਸ਼ ਕਾਬੂ, ਥਾਣੇਦਾਰ ਮਸਾਂ ਬਚਿਆ

**ਦੋਰਾਹਾ** : ਸੋਮਵਾਰ ਸਵੇਰੇ ਦੋਰਾਹਾ ਦੇ ਰਾਮਪੁਰ ਰੋਡ 'ਤੇ ਦੋਰਾਹਾ ਪੁਲਸ ਅਤੇ ਅਪਰਾਧੀਆਂ ਵਿਚਕਾਰ ਹੋਏ ਮੁਕਾਬਲੇ ਵਿੱਚ ਪੁਲਸ ਨੇ ਅਪਰਾਧੀਆਂ ਦੀ ਫਰਾਰ ਹੋਣ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਅਤੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ। ਗੋਲੀਬਾਰੀ ਦੌਰਾਨ ਅਪਰਾਧੀਆਂ ਨੇ ਤਿੰਨ ਰਾਉਂਡ ਫਾਇਰ ਕੀਤੇ, ਜਿਨ੍ਹਾਂ ਵਿੱਚੋਂ ਇੱਕ ਐੱਸ ਐੱਚ ਓ ਦੋਰਾਹਾ ਦੀ ਛਾਤੀ 'ਤੇ ਲੱਗਾ, ਪਰ ਬੁਲੇਟ ਪਰੂਫ ਜੈਕਟ ਕਾਰਨ ਉਹ ਵਾਲ-ਵਾਲ ਬਚ ਗਏ। ਇਸ ਦੌਰਾਨ ਜਵਾਬੀ ਕਾਰਵਾਈ ਵਿੱਚ ਐੱਸ ਐੱਚ ਓ ਨੇ ਅਪਰਾਧੀਆਂ 'ਤੇ ਗੋਲੀ ਚਲਾਈ, ਜਿਸ ਦੌਰਾਨ ਇੱਕ ਅਪਰਾਧੀ ਦੀ ਲੱਤ ਵਿੱਚ ਗੋਲੀ ਲੱਗੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ.ਐੱਸ.ਪੀ. ਪਾਇਲ ਜਸਵਿੰਦਰ ਸਿੰਘ ਨੇ ਦੱਸਿਆ ਕਿ ਗ੍ਰਿਫਤਾਰ ਅਪਰਾਧੀਆਂ ਵਿਚ ਲੁਧਿਆਣਾ ਦੇ ਪਿੰਡ ਭੁੱਟਾ ਦਾ ਰਹਿਣ ਵਾਲਾ ਹਰਸਿਮਰਨ ਉਰਫ਼ ਮੰਡ ਤੇ ਅਵਨਜੋਤ ਸਿੰਘ ਭੰਡਾਲ, ਵਾਸੀ ਰਾਰਾ ਸਾਹਿਬ ਸ਼ਾਮਲ ਹਨ। ਹਰਸਿਮਰਨ ਮੰਡ ਸਿਵਲ ਹਸਪਤਾਲ ਪਾਇਲ ਵਿੱਚ ਜ਼ੇਰੇ ਇਲਾਜ ਹੈ, ਦੂਜਾ ਅਵਨਜੋਤ ਸਿੰਘ ਭੰਡਾਲ ਪੁਲਸ ਹਿਰਾਸਤ ਵਿੱਚ ਹੈ।

## ਪੰਜਾਬ ਦੇ ਲੋਕ 2027 'ਚ ਕਾਂਗਰਸ ਦੀ ਸਰਕਾਰ ਚਾਹੁੰਦੇ ਹਨ : ਯੂਥ ਆਗੂ ਡੀਪੀ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਪਾਰਟੀ ਦੇ ਯੂਥ ਆਗੂ ਧਰਮਪਾਲ ਸਿੰਘ ਡੀਪੀ ਨੇ ਵਿਸ਼ੇਸ਼ ਮੁਲਾਕਾਤ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਅੰਦਰ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਮਜ਼ਬੂਤ ਸਥਿਤੀ ਵਿੱਚ ਹੈ ਤੇ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਪੂਰੀ ਤਰ੍ਹਾਂ ਮਨ ਬਣਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਹਰ ਇੱਕ ਦੀ ਜ਼ੁਬਾਨ 'ਤੇ ਕਾਂਗਰਸ ਪਾਰਟੀ ਦਾ ਨਾਮ ਹੈ, ਜੋ ਇਸ ਗੱਲ ਦਾ ਸਾਫ਼ ਸਬੂਤ ਹੈ ਕਿ ਲੋਕਾਂ ਦਾ ਭਰੋਸਾ ਮੁੜ ਕਾਂਗਰਸ ਵੱਲ ਵਧ ਰਿਹਾ ਹੈ।ਧਰਮਪਾਲ ਸਿੰਘ ਡੀਪੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਬਦਲਾਅ ਦੇ ਨਾਂ 'ਤੇ ਆਪ ਪਾਰਟੀ ਦੇ ਗੁੰਮਰਾਹਕੁੰਨ ਪ੍ਰਚਾਰ ਵਿੱਚ ਫਸ ਕੇ ਉਨ੍ਹਾਂ ਨੂੰ ਸੱਤਾ ਸੌਂਪ ਦਿੱਤੀ ਸੀ, ਪਰ ਅੱਜ ਪੰਜਾਬ ਦਾ ਹਰ ਵਰਗ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਆਖਿਆ ਕਿ ਆਪ ਸਰਕਾਰ ਨੇ ਨਾ ਤਾਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ ਤੇ ਨਾ ਹੀ ਪੰਜਾਬ ਦੀ ਅਰਥਵਿਵਸਥਾ, ਕਿਸਾਨੀ, ਵਪਾਰ ਤੇ ਨੌਜਵਾਨਾਂ ਦੇ ਰੋਜ਼ਗਾਰ ਲਈ ਕੋਈ ਢੁੱਕਵਾਂ ਕਦਮ ਚੁੱਕਿਆ ਹੈ।ਯੂਥ ਆਗੂ ਨੇ ਕਿਹਾ ਕਿ ਨੌਜਵਾਨ ਵਰਗ, ਜੋ ਆਪ ਪਾਰਟੀ ਦਾ ਸਭ ਤੋਂ ਵੱਡਾ ਸਮਰਥਕ ਬਣ ਕੇ ਸਾਹਮਣੇ ਆਇਆ ਸੀ, ਅੱਜ ਸਭ ਤੋਂ ਵੱਧ ਨਿਰਾਸ਼ ਹੈ।ਨਸ਼ਿਆਂ, ਬੇਰੋਜ਼ਗਾਰੀ ਤੇ ਸਿੱਖਿਆ ਦੇ ਮੁੱਦਿਆਂ 'ਤੇ ਆਪ ਸਰਕਾਰ ਪੂਰੀ ਤਰ੍ਹਾਂ ਨਾਕਾਮ ਸਾਬਿਤ ਹੋਈ ਹੈ।ਧਰਮਪਾਲ ਸਿੰਘ ਡੀਪੀ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਪੰਜਾਬੀ ਆਪ ਪਾਰਟੀ ਦਾ ਸਿਆਸੀ ਬਿਸਤਰਾ ਗੋਲ ਕਰਨ ਲਈ ਤਿਆਰ ਬੈਠੇ ਹਨ ਤੇ ਕਾਂਗਰਸ ਨੂੰ ਮੁੜ ਸੱਤਾ ਵਿੱਚ ਲਿਆਂਦਾ ਜਾਵੇਗਾ।ਅੰਤ ਵਿੱਚ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਯੂਥ ਨੂੰ ਨਾਲ ਜੋੜ ਕੇ ਪਿੰਡ-ਪਿੰਡ ਤੇ ਸ਼ਹਿਰ-ਸ਼ਹਿਰ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੇਗੀ ਤੇ 2027 ਵਿੱਚ ਪੰਜਾਬ ਨੂੰ ਇੱਕ ਮਜ਼ਬੂਤ, ਖੁਸ਼ਹਾਲ ਤੇ ਵਿਕਸਿਤ ਸੂਬਾ ਬਣਾਉਣ ਦਾ ਸੰਕਲਪ ਪੂਰਾ ਕਰੇਗੀ।

## ਸੰਧਵਾਂ ਵੱਲੋਂ ਨੰਬਰਦਾਰ ਯੂਨੀਅਨ ਨਾਲ ਵਿਸ਼ੇਸ਼ ਮੀਟਿੰਗ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਸੰਧਵਾਂ ਵਿਖੇ ਨੰਬਰਦਾਰ ਯੂਨੀਅਨ ਨਾਲ ਵਿਸ਼ੇਸ਼ ਮੀਟਿੰਗ ਕਰਕੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ।ਇਸ ਮੌਕੇ ਸਪੀਕਰ ਸੰਧਵਾਂ ਨੇ ਨੰਬਰਦਾਰਾਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਨੂੰ ਯਕੀਨ ਦਵਾਇਆ ਕਿ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਨੰਬਰਦਾਰ ਯੂਨੀਅਨ ਨੇ ਸਪੀਕਰ ਸੰਧਵਾਂ ਨੂੰ ਮੰਗ ਪੱਤਰ ਵੀ ਸੌਂਪਿਆ।ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਉਨ੍ਹਾਂ ਨਾਲ ਖੜ੍ਹੀ ਹੈ ਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਜਲਦੀ ਹੱਲ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨੰਬਰਦਾਰ ਯੂਨੀਅਨ ਦਾ ਕੈਲੰਡਰ ਵੀ ਜਾਰੀ ਕੀਤਾ। ਇਸ ਤੋਂ ਪਹਿਲਾਂ ਆਪਣੇ ਗ੍ਰਹਿ ਵਿਖੇ ਲੋਕ ਮਿਲਣੀ ਤਹਿਤ ਸਪੀਕਰ ਸ੍ਰ. ਸੰਧਵਾਂ ਨੇ ਲੋਕਾਂ ਦੇ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕਈ ਮੁੱਦਿਆਂ ਦਾ ਮੌਕੇ 'ਤੇ ਹੀ ਹੱਲ ਕੀਤਾ।ਇਸ ਦੌਰਾਨ ਸਪੀਕਰ ਨੇ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਸ਼ਿਕਾਇਤਾਂ 'ਤੇ ਤੁਰੰਤ ਕਾਰਵਾਈ ਦੇ ਹੁਕਮ ਜਾਰੀ ਕਰਦੇ ਹੋਏ ਅਧਿਕਾਰੀਆਂ ਨੂੰ ਲੋਕ-ਹਿੱਤ ਵਿੱਚ ਕੰਮ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਵਚਨਬੱਧ ਹੈ ਤੇ ਲੋਕ ਮਿਲਣੀਆਂ ਰਾਹੀਂ ਲੋਕਾਂ ਤੱਕ ਸਰਕਾਰ ਦੀ ਪਹੁੰਚ ਯਕੀਨੀ ਬਣਾਈ ਜਾ ਰਹੀ ਹੈ।ਇਸ ਮੌਕੇ ਵੱਡੀ ਗਿਣਤੀ ਨੰਬਰਦਾਰ ਯੂਨੀਅਨ ਤੇ ਹਲਕਾ ਨਿਵਾਸੀ ਹਾਜ਼ਰ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਰੈਲੀ



**ਬਰੇਟਾ (ਰੀਤਵਾਲ)**-ਬਰੇਟਾ ਮੰਡੀ ਵਿੱਚ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਰੈਲੀ ਨਗਰ ਕੌਂਸਲ ਬਰੇਟਾ ਵਿੱਚੋਂ ਸ਼ੁਰੂ ਕਰਕੇ ਸਮੂਹ ਬਰੇਟਾ ਸ਼ਹਿਰ ਵਿੱਚੋਂ ਕੱਢੀ ਗਈ, ਜਿਸ ਦੀ ਅਗਵਾਈ ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਕੀਤੀ ਗਈ।ਇਸ ਜਾਗਰੂਕਤਾ ਰੈਲੀ ਰਾਹੀਂ ਬਰੇਟਾ ਵਿਖੇ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਤੇ ਪੰਜਾਬ ਸਰਕਾਰ ਨਾਲ ਰਲ ਕੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਸੁਨੇਹਾ ਦਿੱਤਾ ਗਿਆ।ਇਸ ਤੋਂ ਇਲਾਵਾ ਸ਼ਹਿਰ ਵਿੱਚੋਂ ਨਸ਼ਿਆਂ ਦਾ ਸਫਾਇਆ ਕਰਨ ਲਈ ਇੱਕਜੁਟਤਾ ਨਾਲ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਗਈ ਤਾਂ ਜੋ ਪੰਜਾਬ ਵਿੱਚੋਂ ਨਸ਼ਿਆਂ ਦੀ ਜੜ੍ਹ ਨੂੰ ਪੁੱਟਿਆ ਜਾ ਸਕੇ।ਇਸ ਮੌਕੇ ਨਗਰ ਕੌਂਸਲ ਪ੍ਰਧਾਨ ਗਾਂਧੀ ਰਾਮ ਸਿੰਗਲਾ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਕੇਵਲ ਸ਼ਰਮਾ, ਪੰਜਾਬ ਰਾਜ ਟ੍ਰੇਡਜ਼ ਕਮਿਸ਼ਨ ਦੇ ਚੇਅਰਮੈਨ ਲਲਿਤ ਜੈਨ, ਚੇਅਰਮੈਨ ਮਾਰਕਿਟ ਕਮੇਟੀ ਚਮਕੌਰ ਸਿੰਘ, ਬਲਾਕ ਪ੍ਰਧਾਨ ਕਾਕੂ ਬਰੇਟਾ, ਪ੍ਰੀਤ ਕੁਮਾਰ ਪ੍ਰੀਤਾ, ਕੁਲਵਿੰਦਰ ਸਿੰਘ ਖੁਡਾਲ, ਯੂਥ ਵਿੰਗ ਪ੍ਰਧਾਨ ਗਗਨਦੀਪ ਸਿੰਘ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਲਛਮਣ ਦਾਸ, ਬੀ ਸੀ ਵਿੰਗ ਦੇ ਪ੍ਰਧਾਨ ਦਵਿੰਦਰ ਕਟੋਦੀਆਂ, ਟਰੱਕ ਯੂਨੀਅਨ ਪ੍ਰਧਾਨ ਰਾਜਵੀਰ ਸਿੰਘ, ਟ੍ਰੇਡ ਵਿੰਗ ਤੋਂ ਸੰਦੀਪ ਬੱਗਾ, ਯੁਗੇਸ਼ ਗੁਪਤਾ, ਮਨਿੰਦਰ ਕੁਮਾਰ, ਐੱਸ ਸੀ ਵਿੰਗ ਦੇ ਰਾਕੇਸ਼ ਕੁਮਾਰ, ਜੀਵਨ ਸਿੰਘ ਤੇ ਪਾਰਟੀ ਵਰਕਰ ਪ੍ਰਿੰਸੀਪਲ ਦਰਸ਼ਨ ਸਿੰਘ, ਵਿਕੇਸ ਕੁਮਾਰ, ਲਖਵਿੰਦਰ ਕੁਮਾਰ, ਡਾ. ਸੰਸਾਰ ਸਿੰਘ, ਰਾਜੇਸ਼ ਕੁਮਾਰ, ਨਵਦੀਪ ਸਿੰਗਲਾ, ਗੋਕਲ ਚੰਦ, ਅਮਰੀਕ ਸਿੰਘ, ਸੱਤਪਾਲ, ਰਘਵੀਰ ਗੁੱਡੂ, ਖੇਮ ਚੰਦ, ਮਨੋਹਰ ਕੁਮਾਰ, ਪ੍ਰਵੀਨ ਗੰਗਾ, ਕਪਿਲ ਦੇਵ, ਰਾਮਜੀਤ ਫੌਜੀ, ਪਾਲਾ ਨੰਬਰਦਾਰ, ਕੇਵਲ ਫੂਲਾ, ਗੁਰਮੇਲ ਸਿੰਘ, ਅਮਜਦ ਖਾਨ, ਰਾਹੁਲ ਗਰਗ, ਪੰਕਜ ਸਿੰਗਲਾ, ਲਾਲੀ ਪਾਸਟਰ, ਐੱਮ ਸੀ ਪ੍ਰਕਾਸ ਸਿੰਘ, ਨਗਰ ਕੌਂਸਲ ਬਰੇਟਾ ਦੇ ਸਮੂਹ ਕਰਮਚਾਰੀ ਤੇ ਸ਼ਹਿਰ ਨਿਵਾਸੀ ਮੌਜੂਦ ਰਹੇ।

## ਸਫਾ 1 ਦੇ ਬਾਕੀ...

### ਦੇਸ਼ ਨੂੰ ਖਾਨਾਜੰਗੀ...

ਲਹਿਰਾਇਆ।ਇਸ ਮੌਕੇ ਮੰਡ ਨੇ ਕਿਹਾ ਕਿ ਮੁਲਕ ਦੇ ਲੋਕ ਲਾਲ ਝੰਡੇ ਵਾਲਿਆਂ ਕੋਲੋਂ ਹੀ ਬਿਹਤਰ ਭਵਿੱਖ ਦੀ ਆਸ ਰੱਖਦੇ ਹਨ।ਉਨ੍ਹਾ 25ਵੀਂ ਜ਼ਿਲ੍ਹਾ ਕਾਨਫਰੰਸ ਦੀਆਂ ਵਧਾਈਆਂ ਦਿੰਦਿਆਂ ਪਾਰਟੀ ਲਈ ਚੰਗਾ ਕੰਮ ਕਰਨ ਵਾਲੇ ਆਗੂਆਂ ਦੀ ਪ੍ਰਸੰਸਾ ਕੀਤੀ। ਕਾਨਫਰੰਸ ਦੇ ਸ਼ੁਰੂ ਵਿੱਚ ਪਿਛਲੇ ਸਮੇਂ ਵਿੱਚ ਵਿਛੋੜਾ ਦੇ ਗਏ ਆਗੂਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਹਨਾਂ ਆਗੂਆਂ ਵਿੱਚ ਅਤੁਲ ਕੁਮਾਰ ਅਨਜਾਨ ਤੇ ਸਵਰਨ ਸਿੰਘ ਨਾਗੋਕੇ ਸ਼ਾਮਲ ਹਨ। ਸੀਨੀਅਰ ਕਮਿਊਨਿਸਟ ਆਗੂ ਗਿਆਨ ਸਿੰਘ ਦੁਸਾਂਝ ਦਾ ਵਧਾਈ ਸੰਦੇਸ਼ ਪੜ੍ਹ ਕੇ ਸੁਣਾਇਆ ਗਿਆ।

ਸੀ ਪੀ ਆਈ ਦੀ ਸੂਬਾ ਸਕੱਤਰੇਤ ਮੈਂਬਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਆਪਣੀ ਉਦਘਾਟਨੀ ਤਕਰੀਰ ਵਿੱਚ ਮੋਦੀ ਸਰਕਾਰ ਵੱਲੋਂ ਮਨਰੇਗਾ 'ਤੇ ਚਲਾਏ ਕੁਹਾੜੇ ਤੋਂ ਲੈ ਕੇ ਪੰਜਾਬ ਸਰਕਾਰ ਦੀਆਂ ਵਾਅਦਾਖਿਲਾਫੀਆਂ ਦਾ ਵਿਸਥਾਰ ਨਾਲ ਵਰਣਨ ਕੀਤਾ। ਉਨ੍ਹਾ ਕਿਹਾ ਕਿ ਲਾਲ ਝੰਡੇ ਵਾਲਿਆਂ ਨੇ ਮੌਕੇ ਦੀ ਕੇਂਦਰ ਸਰਕਾਰ ਕੋਲੋਂ ਮਨਰੇਗਾ ਕਾਨੂੰਨ ਬਣਵਾਇਆ ਸੀ। ਇਹ ਮਜ਼ਦੂਰ ਵਰਗ ਨੂੰ ਕੁਝ ਰਾਹਤ ਪ੍ਰਦਾਨ ਕਰਦਾ ਸੀ। ਕੇਂਦਰ ਸਰਕਾਰ ਨੇ ਨਾਂਅ ਬਦਲਣ ਦੇ ਨਾਂਅ 'ਤੇ ਮਨਰੇਗਾ ਖਤਮ ਕਰਨ ਵੱਲ ਕਦਮ ਪੁੱਟਿਆ ਹੈ। ਇਹ ਕਾਰਾ ਮਜ਼ਦੂਰ ਵਰਗ ਨਾਲ ਧਰੋਹ ਕਮਾਉਣ ਦੇ ਬਰਾਬਰ ਹੈ। ਉਹਨਾ ਕਿਹਾ ਕਿ ਖੇਤੀਬਾੜੀ ਦਾ ਮਸ਼ੀਨੀਕਰਨ ਹੋਣ ਕਾਰਨ ਖੇਤ ਮਜ਼ਦੂਰਾਂ ਦਾ ਕੰਮ ਬਹੁਤ ਘਟ ਗਿਆ ਸੀ। ਬੇਰੁਜ਼ਗਾਰਾਂ ਲਈ ਮਨਰੇਗਾ ਇੱਕ ਠੁੰਮ੍ਹਣਾ ਸੀ। ਮਜ਼ਦੂਰਾਂ ਨੂੰ ਕੰਮ ਦੇ ਮਿਲੇ ਅਧਿਕਾਰ ਨੂੰ ਖੋਹ ਲਿਆ ਹੈ। ਪੰਜਾਬ ਸਰਕਾਰ ਦੀਆਂ ਨਾ-ਕਾਮੀਆਂ ਦਾ ਜ਼ਿਕਰ ਕਰਦਿਆਂ ਸਰਹਾਲੀ ਕਲਾਂ ਨੇ ਕਿਹਾ ਕਿ ਇਸ ਨੇ ਪੰਜਾਬ ਦੇ ਲੋਕਾਂ ਦੀਆਂ ਆਸਾਂ 'ਤੇ ਪਾਣੀ ਫੇਰਿਆ ਹੈ। ਕੀਤਾ ਗਿਆ ਕੋਈ ਵੀ ਵਾਅਦਾ ਵਫਾ ਨਹੀਂ ਹੋ ਸਕਿਆ। ਪੰਜਾਬ ਵਿੱਚ ਫਿਰੌਤੀਆਂ ਅਤੇ ਕਤਲਾਂ ਦਾ ਦੌਰ ਚੱਲ ਰਿਹਾ ਹੈ। ਉਹਨਾ ਕਿਹਾ ਕਿ ਪੰਜਾਬ ਵਿੱਚ ਯੁੱਧ ਨਸ਼ਿਆਂ ਵਿਰੁੱਧ ਦਾ ਬੜਾ ਹੀ ਢੰਡੋਰਾ ਪਿੱਟਿਆ ਜਾ ਰਿਹਾ ਹੈ। ਇਥੇ ਨਸ਼ਿਆਂ ਬਾਰੇ ਜ਼ਮੀਨੀ ਹਕੀਕਤਾਂ ਕੁਝ ਹੋਰ ਕਹਿ ਰਹੀਆਂ ਹਨ। ਜ਼ਿਲ੍ਹਾ ਸਕੱਤਰ ਰਸ਼ਪਾਲ ਕੈਲੇ ਨੇ ਪਿਛਲੇ ਤਿੰਨ ਸਾਲਾਂ ਦੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ।ਤਿੱਖੀ ਬਹਿਸ ਉਪਰੰਤ ਰਿਪੋਰਟ ਪਾਸ ਕਰ ਦਿੱਤੀ ਗਈ। ਰਿਪੋਰਟ ਵਿੱਚ ਕੁਝ ਵਾਧੇ ਵੀ ਕੀਤੇ ਗਏ। ਸੰਤੋਸ਼ ਬਰਾੜ, ਐਡਵੋਕੇਟ ਰਜਿੰਦਰ ਮੰਡ ਤੇ ਗਿਆਨ ਸੈਦਪੁਰੀ ਦੀ ਪ੍ਰਧਾਨਗੀ ਵਿੱਚ ਹੋਈ ਜ਼ਿਲ੍ਹਾ ਕਾਨਫਰੰਸ ਵਿੱਚ ਰਸ਼ਪਾਲ ਕੈਲੇ ਨੂੰ ਮੁੜ ਜ਼ਿਲ੍ਹਾ ਸਕੱਤਰ ਚੁਣ ਲਿਆ ਗਿਆ। ਹਰਜਿੰਦਰ ਸਿੰਘ ਮੌਜੀ ਅਤੇ ਪਰਮਜੀਤ ਸਮਰਾਏ ਸਹਾਇਕ ਸਕੱਤਰਾਂ ਵਜੋਂ ਚੁਣੇ ਗਏ। ਇਸੇ ਦੌਰਾਨ 29 ਮੈਂਬਰੀ ਜ਼ਿਲ੍ਹਾ ਕੌਂਸਲ ਤੇ 15 ਮੈਂਬਰੀ ਜ਼ਿਲ੍ਹਾ ਕਾਰਜਕਰਨੀ ਚੁਣੀ ਗਈ। ਦੋਵੇਂ ਅਬਜ਼ਰਵਰਾਂ ਬੰਤ ਸਿੰਘ ਬਰਾੜ ਤੇ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਾਨਫਰੰਸ ਦੀ ਸਫਲਤਾ ਲਈ ਜ਼ਿਲ੍ਹਾ ਪਾਰਟੀ ਨੂੰ ਵਧਾਈ ਦਿੱਤੀ।

ਚੁਣੀ ਗਈ ਜ਼ਿਲ੍ਹਾ ਕੌਂਸਲ—ਫਿਲੌਰ-ਰਸ਼ਪਾਲ ਕੈਲੇ, ਪਰਵਿੰਦਰ ਫਲਪੋਤਾ, ਪ੍ਰੇਮ ਮੁਠੱਡਾ, ਤਰਸੇਮ ਸਿੰਘ ਜੰਡਿਆਲਾ।ਸ਼ਾਹਕੋਟ—ਗਿਆਨ ਸੈਦਪੁਰੀ, ਗੁਰਜੀਤ ਸਿੰਘ ਬਰਾੜ, ਸੁਨੀਲ ਕੁਮਾਰ।ਨਕੋਦਰ-ਸੰਦੀਪ ਅਰੋੜਾ, ਸਿਕੰਦਰ ਸੰਧੂ, ਦਿਲਬਾਗ ਸਿੰਘ ਚੰਦੀ, ਮਨਦੀਪ ਸਿੰਘ ਸਿੱਧੂ।

ਜਲੰਧਰ ਸਿਟੀ—ਸੰਤੋਸ਼ ਬਰਾੜ, ਰਣਜੀਤ ਸਿੰਘ ਔਲਖ, ਚੰਦ ਫਤਿਹਪੁਰੀ, ਪਰਮਜੀਤ ਸਮਰਾਏ, ਰਾਜੇਸ਼ ਥਾਪਾ।ਤਹਿਸੀਲ ਜਲੰਧਰ- ਹਰਜਿੰਦਰ ਸਿੰਘ ਮੌਜੀ, ਐਡਵੋਕੇਟ ਰਜਿੰਦਰ ਸਿੰਘ ਮੰਡ, ਅਮਰਜੀਤ ਸਿੰਘ ਚਾਹੜਕੇ, ਮਹਿੰਦਰ ਸਿੰਘ ਘੋੜਾਬਾਹੀ, ਸੰਦੀਪ ਦੌਲੀਕੇ, ਸਵਰਨਜੀਤ ਸਿੰਘ ਕੁਰੇਸ਼ੀਆ, ਕੁਲਦੀਪ ਬਹਿਰਾਮ, ਵੀਰ ਕੁਮਾਰ, ਸੀਤਲ ਸਿੰਘ ਬੜਾਪਿੰਡ। ਬੈਂਕਾਂ ਤੋਂ- ਰਾਜ ਕੁਮਾਰ ਜੌਲੀ (ਰਿਟਾ.), ਰੋਡਵੇਜ਼ ਤੋਂ-ਸੰਤੋਖ ਸਿੰਘ (ਰਿਟਾ.), ਇਨਵਾਇਟੀ ਮੈਂਬਰ - ਅਮਰਜੀਤ ਕੌਰ, ਕਸ਼ਮੀਰ ਕੁਰੈਸ਼ੀ।

ਐਗਜ਼ੈਕਟਿਵ ਮੈਂਬਰ—ਚੰਦ ਫਤਿਹਪੁਰੀ, ਗਿਆਨ ਸੈਦਪੁਰੀ, ਗੁਰਜੀਤ ਸਿੰਘ, ਸੰਦੀਪ ਅਰੋੜਾ, ਸਿਕੰਦਰ ਸੰਧੂ, ਮਨਦੀਪ ਸਿੰਘ ਸਿੱਧੂ, ਰਸ਼ਪਾਲ ਕੈਲੇ, ਤਰਸੇਮ ਜੰਡਿਆਲਾ, ਪਰਵਿੰਦਰ ਫਲਪੋਤਾ, ਸਤਪਾਲ ਗੜ੍ਹਾ, ਸੰਤੋਸ਼ ਬਰਾੜ, ਹਰਜਿੰਦਰ ਸਿੰਘ ਮੌਜੀ, ਅਮਰਜੀਤ ਚਾਹੜਕੇ, ਸਵਰਨਜੀਤ ਸਿੰਘ, ਵੀਰ ਕੁਮਾਰ, ਆਡਿਟ ਕਮੇਟੀ-ਗਿਆਨ ਸੈਦਪੁਰੀ ਤੇ ਪਰਮਜੀਤ ਸਰਾਏ।

### ਟਰੰਪ ਤੇ ਮੋਦੀ ਖਿਲਾਫ...

ਪੈਦਾ ਕੀਤੀ ਫਸਲ 'ਚੋਂ ਅਗਲੇ ਸਾਲ ਵਾਸਤੇ ਰੱਖ ਲੈਂਦਾ ਹੈ, ਇਸ ਕਰਕੇ ਕਮਿਊਨਿਸਟ ਧਿਰਾਂ ਭਾਜਪਾ ਦੀ ਇਸ ਨੀਤੀ ਦੀ ਸਖ਼ਤ ਵਿਰੋਧਤਾ ਕਰਦਿਆਂ ਇਹ ਕਾਨੂੰਨ ਵਾਪਸ ਲੈਣ 'ਤੇ ਜ਼ੋਰ ਪਾਉਂਦੀਆਂ ਹਨ। ਇਸੇ ਤਰ੍ਹਾਂ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ ਨਰੇਗਾ ਕਾਨੂੰਨ ਦਾ ਮੂਲ ਹੀ ਬਦਲ ਕੇ ਸਾਰੇ ਅਧਿਕਾਰ ਆਪਣੇ ਕੋਲ ਲੈ ਲਏ ਹਨ। ਭਾਵੇਂ ਨਰੇਗਾ ਦੇ ਨਵੇਂ ਕਾਨੂੰਨ ਦਾ ਬਿਊਰਾ ਹੁਣ ਤੱਕ ਨਹੀਂ ਮਿਲ ਸਕਿਆ, ਪਰ ਮੁੱਖ ਵਿਆਖਿਆਕਾਰਾਂ ਦੀਆਂ ਲਿਖਤਾਂ ਇਹ ਦੱਸ ਰਹੀਆਂ ਹਨ ਕਿ ਹੁਣ ਨਰੇਗਾ ਦਾ ਕੰਮ ਕੇਂਦਰ ਸਰਕਾਰ ਦੀ ਮਨਜ਼ੂਰੀ ਤੋਂ ਬਗੈਰ ਨਹੀਂ ਦਿੱਤਾ ਜਾ ਸਕਦਾ। ਕੇਂਦਰੀ ਹਕੂਮਤ ਨੇ ਨਰੇਗਾ ਦੇ ਕੰਮ ਦੇ ਪੈਸਿਆਂ ਦੀ ਵੰਡ ਵੀ ਤਬਦੀਲ ਕਰ ਦਿੱਤੀ ਹੈ। ਹੁਣ ਕੇਂਦਰ ਨਰੇਗਾ ਕੰਮ ਵਿੱਚ 60 ਫੀਸਦੀ ਹਿੱਸਾ ਪਾਵੇਗਾ, ਜਦੋਂ ਕਿ ਪਹਿਲਾਂ 90 ਫੀਸਦੀ ਹਿੱਸਾ ਪਾਉਂਦਾ ਸੀ। ਸੂਬਿਆਂ 'ਤੇ ਭਾਰ ਪਾ ਕੇ 40 ਫੀਸਦੀ ਕਰ ਦਿੱਤਾ ਗਿਆ ਹੈ। ਇਸ ਪ੍ਰਸਥਿਤੀ ਵਿੱਚ ਨਰੇਗਾ ਕਾਮਿਆਂ ਦੇ ਕੰਮ ਲੈਣ 'ਤੇ ਅਸਰ ਪਵੇਗਾ। ਇਸ ਲਈ ਕਮਿਊਨਿਸਟ ਧਿਰਾਂ ਦੀ ਪੁਰਜ਼ੋਰ ਮੰਗ ਹੈ ਕਿ 2005 ਦੇ ਨਿਯਮਾਂ ਵਾਲਾ ਹੀ ਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ।ਕੇਂਦਰ ਸਰਕਾਰ ਨੇ ਹਾਲ ਦੀ ਘੜੀ ਨਵਾਂ ਬਿਜਲੀ ਬਿੱਲ ਭਾਵੇਂ ਰੋਕ ਦਿੱਤਾ ਹੈ, ਪਰ ਇਹ ਬਿੱਲ ਬਿਜਲੀ ਦਾ ਸਮੁੱਚਾ ਕਾਰੋਬਾਰ ਸੈਂਟਰ ਦੇ ਅਧੀਨ ਕਰਨ ਵਾਲਾ ਹੈ। ਇਹ ਕਾਨੂੰਨ ਬਣਨ ਨਾਲ ਬਿਜਲੀ ਦੀਆਂ ਮੁਫ਼ਤ ਸੇਵਾਵਾਂ ਬਿਲਕੁਲ ਬੰਦ ਹੋ ਜਾਣਗੀਆਂ ਅਤੇ ਬਿਜਲੀ ਦੇ ਬਿੱਲ ਅਤੇ ਨਵੇਂ ਕੁਨੈਕਸ਼ਨ ਲੈਣ ਦੇ ਖਰਚੇ ਬਹੁਤ ਵਧ ਜਾਣਗੇ। ਉਹ ਇਸ ਲਈ ਕਿ ਲਾਈਨ, ਟਰਾਂਸਫਾਰਮ ਅਤੇ ਮੁਲਾਜ਼ਮਾਂ ਦਾ ਖਰਚਾ ਸਿੱਧਾ ਖਪਤਕਾਰ 'ਤੇ ਹੋਵੇਗਾ। ਇਸ ਲਈ ਇਹ ਲੋਕ ਵਿਰੋਧੀ ਬਿੱਲ ਕਦੀ ਵੀ ਲਾਗੂ ਨਹੀਂ ਹੋਣਾ ਚਾਹੀਦਾ। ਪੰਜਾਬ ਸਰਕਾਰ ਵੀ ਪਹਿਲੀਆਂ ਸਰਕਾਰਾਂ ਵੱਲੋਂ ਮਿਲਦੀਆਂ ਸਹੂਲਤਾਂ, ਜਿਵੇਂ ਬੁਢਾਪਾ, ਵਿਧਵਾ, ਅੰਗਹੀਣ, ਗ਼ਰੀਬਾਂ ਅਤੇ ਲੜਕੀਆਂ ਦੇ ਵਿਆਹ, ਆਦਿ ਨੂੰ ਯਕੀਨੀ ਬਣਾਵੇ। ਸਮਾਗਮ 'ਚ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ, ਨਾਜਰ ਲਾਖਣਾ, ਜਸਵੰਤ ਸਿੰਘ ਕਵੈਤ ਤੇ ਨਿਸ਼ਾਨ ਸਿੰਘ ਸੁਰਵਿੰਡ, ਜਸਵੰਤ ਸਿੰਘ ਭਿੱਖੀਵਿੰਡ, ਗੱਜਣ ਸਿੰਘ ਨਾਰਲਾ, ਵੀਰੋ ਸਾਂਡਪੁਰਾ, ਸੰਤੋਖ ਸਿੰਘ ਮੱਖੀ ਕਲਾਂ, ਹਰਜਿੰਦਰ ਸਿੰਘ ਭੈਣੀ, ਬਲਦੇਵ ਰਾਜ ਭਿੱਖੀਵਿੰਡ, ਜਸਵੰਤ ਸਿੰਘ ਬਾਸਰਕੇ, ਬਲਵਿੰਦਰ ਸਿੰਘ ਚੀਮਾ, ਸੁਖਵੰਤ ਸਿੰਘ ਮਾੜੀ ਕੰਬੋਕੀ, ਸੁਖਦੇਵ ਸਿੰਘ ਬੱਬੀ ਪਹਿਲਵਾਨਕੇ ਮੁੱਖ ਤੌਰ 'ਤੇ ਸ਼ਾਮਲ ਹੋਏ।

### 12 ਦੀ ਹੜਤਾਲ ਲਈ...

ਵਰਕਿੰਗ ਕਮੇਟੀ ਮੀਟਿੰਗ ਵਿੱਚ 12 ਫਰਵਰੀ ਦੀ ਹੜਤਾਲ ਦੀ ਤਿਆਰੀ ਅਤੇ ਕਾਮਯਾਬੀ ਦੀਆਂ ਸੰਭਾਵਨਾਵਾਂ 'ਤੇ ਖੁੱਲ੍ਹ ਕੇ ਹੋਈ ਵਿਚਾਰ-ਚਰਚਾ ਅਤੇ ਫੈਸਲਿਆਂ ਬਾਰੇ ਦੱਸਿਆ ਕਿ ਮੀਟਿੰਗ ਵਿੱਚ ਹੜਤਾਲ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਟਰਾਂਸਪੋਰਟ, ਬਿਜਲੀ, ਬੈਂਕ, ਟੈਲੀਫੋਨ, ਐੱਫ ਸੀ ਆਈ, ਖੇਤ ਮਜ਼ਦੂਰ, ਆਂਗਣਵਾੜੀ, ਆਸ਼ਾ ਵਰਕਰਜ਼ ਅਤੇ ਦਰਜਨਾਂ ਸਨਅਤੀ ਮਜ਼ਦੂਰ ਜਥੇਬੰਦੀਆਂ ਵੱਲੋਂ ਮੁਕੰਮਲ ਹੜਤਾਲ ਕੀਤੀ ਜਾਵੇਗੀ। ਇਸ ਹੜਤਾਲ ਦਾ ਪੂਰਨ ਤੌਰ 'ਤੇ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਵੱਲੋਂ ਵੀ ਖੁੱਲ੍ਹ ਕੇ ਸਮਰਥਨ ਕੀਤਾ ਜਾਵੇਗਾ।ਜਿਨ੍ਹਾਂ ਮੁੱਦਿਆਂ ਨੂੰ ਲੈ ਕੇ ਇਹ ਹੜਤਾਲ ਕੀਤੀ ਜਾ ਰਹੀ ਹੈ, ਉਨ੍ਹਾਂ ਵਿੱਚ 29 ਕੇਂਦਰੀ ਕਿਰਤ ਕਾਨੂੰਨ ਖਤਮ ਕਰਕੇ ਬਣਾਏ ਗਏ ਚਾਰ ਲੇਬਰ ਕੋਡਜ਼ ਰੱਦ ਕਰਵਾਉਣੇ, ਮਨਰੇਗਾ ਕਾਨੂੰਨ ਬਹਾਲ ਕਰਾਉਣਾ, ਪਬਲਿਕ ਸੈਕਟਰ ਦਾ ਨਿਜੀਕਰਨ ਰੋਕਣਾ, ਕੰਟਰੈਕਟ/ਆਊਟਸੋਰਸ ਕਾਮਿਆਂ ਨੂੰ ਰੈਗੂਲਰ ਕਰਨਾ, ਸਕੀਮ ਵਰਕਰਾਂ ਨੂੰ ਰੈਗੂਲਰ ਕਰਨਾ, ਘੱਟੋ-ਘੱਟ ਉਜਰਤ 26000 ਰੁਪਏ ਕਰਨਾ, ਬਿਜਲੀ ਬਿਲ 2025 ਵਾਪਸ ਕਰਾਉਣਾ ਬੀਮਾ ਬਿੱਲ ਵਾਪਸ ਕਰਾਉਣਾ, ਪੁਰਾਣੀ ਪੈਨਸ਼ਨ ਬਹਾਲ ਕਰਾਉਣਾ, ਮਹਿੰਗਾਈ ਅਤੇ ਬੇਰੁਜਗਾਰੀ ਦੂਰ ਕਰਨਾ, ਸੀਡ ਸੋਧ ਬਿੱਲ ਵਾਪਸ ਕਰਾਉਣਾ ਆਦਿ ਸ਼ਾਮਲ ਹਨ। ਹੜਤਾਲ ਦੀ ਤਿਆਰੀ ਲਈ ਦੂਸਰੇ ਸੰਗਠਨਾਂ ਨਾਲ ਤਾਲਮੇਲ ਕਰਕੇ ਇੱਕ ਨੁਮਾਇੰਦਾ ਕਨਵੈਨਸ਼ਨ ਜਲਦੀ ਹੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਹਰ ਇੱਕ ਅਦਾਰੇ ਦੀਆਂ ਜਥੇਬੰਦੀਆਂ ਅਤੇ ਜ਼ਿਲ੍ਹਿਆਂ ਵੱਲੋਂ ਤਿਆਰੀ ਕਨਵੈਨਸ਼ਨਾਂ ਅਤੇ ਜਨਰਲ ਬਾਡੀ ਮੀਟਿੰਗਾਂ ਕੀਤੀਆਂ ਜਾਣਗੀਆਂ। ਮੀਟਿੰਗ ਨੂੰ ਪ੍ਰਧਾਨ ਅਤੇ ਜਨਰਲ ਸਕੱਤਰ ਤੋਂ ਇਲਾਵਾ ਸੁਖਦੇਵ ਸ਼ਰਮਾ, ਅਮਰਜੀਤ ਆਸਲ, ਜਗਦੀਸ਼ ਸਿੰਘ ਚਾਹਲ, ਉਤਮ ਸਿੰਘ ਬਾਗੜੀ, ਰਾਜ ਕੁਮਾਰ ਤਿਵਾੜੀ, ਮਨਿੰਦਰ ਸਿੰਘ ਭਾਟੀਆ, ਰਣਜੀਤ ਸਿੰਘ ਰਾਣਵਾਂ, ਚਰਨ ਸਿੰਘ ਸਰਾਭਾ, ਗੁਰਪ੍ਰੀਤ ਸਿੰਘ ਗੰਡੀਵਿੰਡ ਆਦਿ ਨੇਤਾਵਾਂ ਨੇ ਵੀ ਸੰਬੋਧਨ ਕੀਤਾ।

### ਵਹੁਟੀ ਨੇ ਪਰਵਾਰਕ...

ਕਿਉਂਕਿ ਕਿਸੇ ਨੇ ਪ੍ਰਤੀਕ ਦਾ ਅਕਾਊਂਟ ਹੈਕ ਕਰ ਲਿਆ ਸੀ। ਪੋਸਟ ਵਿੱਚ ਕੋਈ ਸਚਾਈ ਨਹੀਂ ਹੈ। ਅਪਰਨਾ ਯਾਦਵ ਨੂੰ ਸਤੰਬਰ 2024 ਵਿੱਚ ਯੂ ਪੀ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਪਰਸਨ ਨਿਯੁਕਤ ਕੀਤਾ ਗਿਆ ਸੀ। ਉਹ 2017 ਵਿੱਚ ਸਮਾਜਵਾਦੀ ਪਾਰਟੀ ਦੀ ਟਿਕਟ 'ਤੇ ਲਖਨਊ ਕੈਂਟ ਤੋਂ ਅਸੈਂਬਲੀ ਚੋਣ ਲੜੀ ਸੀ, ਪਰ ਭਾਜਪਾ ਦੀ ਰੀਟਾ ਬਹੁਗੁਣਾ ਤੋਂ ਹਾਰ ਗਈ ਸੀ। 2022 ਦੀਆਂ ਅਸੈਂਬਲੀ ਚੋਣਾਂ ਤੋਂ ਪਹਿਲਾਂ ਉਹ ਭਾਜਪਾ ਵਿੱਚ ਚਲੇ ਗਈ ਸੀ। ਅਪਰਣਾ ਦੇ ਪਿਤਾ ਪੱਤਰਕਾਰ ਹਨ ਤੇ ਇਸ ਵੇਲੇ ਯੂ ਪੀ ਦੇ ਰਾਜ ਸੂਚਨਾ ਕਮਿਸ਼ਨਰ ਹਨ। ਉਸ ਦੀ ਮਾਤਾ ਲਖਨਊ ਨਗਰ ਨਿਗਮ ਵਿੱਚ ਅਧਿਕਾਰੀ ਹੈ। ਉਸ ਦਾ 2012 ਵਿੱਚ ਪ੍ਰਤੀਕ ਨਾਲ ਵਿਆਹ ਹੋਇਆ ਸੀ, ਜਿਸ ਵਿੱਚ ਅਨਿਲ ਅੰਬਾਨੀ ਤੇ ਅਮਿਤਾਭ ਬੱਚਨ ਵੀ ਸ਼ਾਮਲ ਹੋਏ ਸਨ। ਦੋਨੋਂ ਵਿਆਹ ਤੋਂ ਪਹਿਲਾਂ ਇੱਕ-ਦੂਜੇ ਨੂੰ ਇੱਕ ਦਹਾਕੇ ਤੋਂ ਜਾਣਦੇ ਸਨ।

## ਖੱਤਰੀ ਮਹਾਂ ਸਭਾ ਪੰਜਾਬ ਨੇ ਤਰੁਣ ਭੰਡਾਰੀ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਖੱਤਰੀ ਸਮਾਜ ਦੀਆਂ ਭਾਵਨਾਵਾਂ ਨਾਲ ਜੁੜੀਆਂ ਮੰਗਾਂ ਨੂੰ ਲੈ ਕੇ ਇੱਕ ਮੰਗ ਪੱਤਰ ਖੱਤਰੀ ਮਹਾਂ ਸਭਾ ਦੇ ਪ੍ਰਦੇਸ਼ ਹਾਈ ਕਮਾਂਡ ਅਸ਼ੋਕ ਥਾਪਰ ਰਾਸ਼ਟਰੀ ਪ੍ਰਧਾਨ ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰਸਟ ਨੌ ਘਰਾ ਮੁਹੱਲਾ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਹਾਂਸਭਾ ਦੇ ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਦੇ ਰਾਜਨੀਤਿਕ ਸਕੱਤਰ ਤਰੁਣ ਭੰਡਾਰੀ ਨੂੰ ਮੋਗਾ ਵਿਖੇ ਮੰਗ ਪੱਤਰ ਸੌਂਪਿਆ ਗਿਆ।

ਇਸ ਮੌਕੇ ਖੱਤਰੀ ਮਹਾਂ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਦੀਪਕ ਬੇਦੀ, ਸੂਬਾ ਮੀਤ ਪ੍ਰਧਾਨ ਸਾਬਕਾ ਤਹਿਸੀਲਦਾਰ ਜਸਵੰਤ ਦਾਨੀ, ਸੂਬਾ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ, ਵਿੱਤ ਸਕੱਤਰ ਨਰੇਸ਼ ਜੈਦਕਾ, ਖੱਤਰੀ ਮਹਾਂ ਸਭਾ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਨਰੋਤਮ ਪੁਰੀ, ਜ਼ਿਲ੍ਹਾ ਮੋਗਾ ਪ੍ਰਧਾਨ ਯੁਵਾ ਖੱਤਰੀ ਮਹਾਂਸਭਾ ਦੀਪਕ ਕੌੜਾ, ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ, ਮਹਿਲਾ ਖੱਤਰੀ ਸਭਾ ਵਰਕਿੰਗ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ ਤੇ ਜਨਰਲ ਸਕੱਤਰ ਸੋਨੀਆ ਢੰਡ ਅਤੇ ਯੁਵਾ ਖੱਤਰੀ ਸਭਾ ਚੇਅਰਮੈਨ ਜਗਜੀਵ ਧੀਰ ਅਤੇ ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਖੱਤਰੀ ਮਹਾਂ ਸਭ ਵਿਕਾਸ ਕਪੂਰ, ਖੱਤਰੀ ਸਭਾ ਮੋਗਾ ਸਕੱਤਰ ਸੰਜੀਵ ਕੌੜਾ, ਵਿੱਤ ਸਕੱਤਰ ਸਰਬਜੀਤ ਮੈਂਗੀ, ਸੀਨੀਅਰ ਮੀਤ ਪ੍ਰਧਾਨ ਨਿਸ਼ੀ ਰਕੇਸ਼ ਵਿੱਜ, ਮੁੱਖ ਸਲਾਹਕਾਰ ਅਮੀਸ਼ ਭੰਡਾਰੀ,, ਰਕੇਸ਼ ਸਿਤਾਰਾ ਬਰਾਂਡ ਅੰਬੈਸਡਰ, ਪ੍ਰਦੀਪ ਭੰਡਾਰੀ, ਸੰਜੀਵ ਕੌੜਾ ਲੱਡੂ ਆਰੇ ਵਾਲਾ, ਰਜੇਸ਼ ਕੋਛੜ ਨੇ ਮੁੱਖ ਮੰਤਰੀ ਹਰਿਆਣਾ ਦੇ ਰਾਜਨੀਤਿਕ ਸਕੱਤਰ ਤਰੁਣ ਭੰਡਾਰੀ ਨਾਲ ਮਾਘੀ ਰਿਜੋਰਟ ਵਿੱਚ ਮੁਲਾਕਾਤ ਕੀਤੀ ਅਤੇ ਮੰਗ ਪੱਤਰ ਸੌਂਪਿਆ।ਖੱਤਰੀ ਮਹਾਂ ਸਭਾ ਦੇ ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਦੱਸਿਆ ਕਿ ਇਸ ਮੰਗ ਪੱਤਰ ਦੀ ਮੁੱਖ ਮੰਗ ਵਿੱਚ ਲੁਧਿਆਣਾ ਦੇ ਨੌ ਘਰਾ ਮੁਹੱਲਾ ਸਥਿਤ ਅਮਰ ਸ਼ਹੀਦ ਸੁਖਦੇਵ ਥਾਪਰ ਦੇ ਜਨਮ ਸਥਾਨ ਨੂੰ ਲੁਧਿਆਣਾ ਦੇ ਚੌੜਾ ਬਾਜ਼ਾਰ ਤੋਂ ਸਿੱਧਾ ਰਸਤਾ ਕੱਢਣ ਦਾ ਮਾਮਲਾ ਸਿਰੇ ਲਾਉਣ, ਨਵੀਨੀਕਰਨ ਹੋ ਰਹੇ ਲੁਧਿਆਣਾ ਰੇਲਵੇ ਸਟੇਸ਼ਨ ਦਾ ਨਾਮ ਸ਼ਹੀਦ ਸੁਖਦੇਵ ਥਾਪਰ ਦੇ ਨਾਮ ਤੇ ਰੱਖਣਾ ਅਤੇ ਲੁਧਿਆਣਾ ਵਿੱਚ ਖੱਤਰੀ ਭਵਨ ਬਣਾਉਣ ਲਈ ਜਗ੍ਹਾ ਸਰਕਾਰੀ ਨਿਯਮਾਂ ਅਧੀਨ ਅਲਾਟ ਕਰਵਾਉਣਾ ਮੁੱਖ ਤੌਰ 'ਤੇ ਸ਼ਾਮਲ ਹਨ।ਖੱਤਰੀ ਮਹਾਂ ਸਭਾ ਦੇ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਦੱਸਿਆ ਕਿ ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਦੇ ਰਾਜਨੀਤਿਕ ਸਕੱਤਰ ਤਰੁਣ ਭੰਡਾਰੀ ਨੇ ਭਰੋਸਾ ਦਿੱਤਾ ਕਿ ਲੁਧਿਆਣਾ ਰੇਲਵੇ ਸਟੇਸ਼ਨ ਦਾ ਨਾਮ ਸ਼ਹੀਦ ਸੁਖਦੇਵ ਥਾਪਰ ਦੇ ਨਾਮ ਤੇ ਰੱਖਣ ਦੀ ਮੰਗ ਕੇਂਦਰੀ ਸਰਕਾਰ ਨਾਲ ਸੰਬੰਧਿਤ ਹੈ ਇਸ ਲਈ ਉਹ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਅਤੇ ਕੇਂਦਰੀ ਰੇਲਵੇ ਮੰਤਰੀ ਰਵਨੀਤ ਬਿੱਟੂ ਨਾਲ ਖੱਤਰੀ ਮਹਾਂ ਸਭਾ ਪੰਜਾਬ ਦੇ ਸੂਬਾ ਆਗੂਆਂ ਨਾਲ ਜਲਦ ਮੁਲਾਕਾਤ ਕਰਵਾਉਣਗੇ ਅਤੇ ਰੇਲਵੇ ਸਟੇਸ਼ਨ ਲੁਧਿਆਣਾ ਦਾ ਨਾਮ ਸ਼ਹੀਦ ਸੁਖਦੇਵ ਥਾਪਰ ਦੇ ਨਾਮ ਤੇ ਰੱਖਣ ਦੀ ਮੰਗ ਮਨਵਾਉਣ ਦੀ ਕੋਸ਼ਿਸ਼ ਜਲਦ ਕਰਨਗੇ।

### 'ਮੁੱਖ ਮੰਤਰੀ ਸਿਹਤ ਯੋਜਨਾ'...

ਸਰਕਾਰ ਨੇ ਇਸ ਸਕੀਮ ਦੀ ਦੁਰਵਰਤੋਂ ਦੀਆਂ ਕੋਸ਼ਿਸ਼ਾਂ ਵਿਰੁੱਧ ਪਹਿਲਾਂ ਹੀ ਸਖ਼ਤ ਕਾਰਵਾਈ ਕੀਤੀ ਹੈ। ਮੁਕਤਸਰ ਅਤੇ ਮਾਨਸਾ ਤੋਂ ਸ਼ਿਕਾਇਤਾਂ ਮਿਲੀਆਂ ਸਨ, ਜਿੱਥੇ ਕੁਝ ਵਿਅਕਤੀ ਹੈੱਲਥ ਕਾਰਡ ਬਣਾਉਣ ਦੇ ਬਦਲੇ ਲੋਕਾਂ ਤੋਂ 50 ਰੁਪਏ ਨਾਜਾਇਜ਼ ਵਸੂਲ ਰਹੇ ਸਨ। ਉਨ੍ਹਾ ਕਿਹਾ ਕਿ ਦੋਵਾਂ ਵਿਅਕਤੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ, ਉਨ੍ਹਾਂ ਦੇ ਲਾਇਸੈਂਸ ਰੱਦ ਕਰ ਦਿੱਤੇ ਗਏ ਹਨ ਅਤੇ ਉਨ੍ਹਾਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਯੂਥ ਕਲੱਬ ਦੇ ਵਲੰਟੀਅਰ ਟੋਕਨ ਵੰਡਣ ਲਈ ਘਰ-ਘਰ ਜਾਣਗੇ।ਨਾਗਰਿਕਾਂ ਨੂੰ ਆਪਣੇ ਕਾਰਡ ਬਿਲਕੁਲ ਮੁਫ਼ਤ ਬਣਵਾਉਣ ਲਈ ਟੋਕਨ ਦੇ ਨਾਲ ਆਪਣੇ ਆਧਾਰ ਕਾਰਡ ਅਤੇ ਵੋਟਰ ਆਈ ਡੀ ਸਮੇਤ ਨਿਰਧਾਰਤ ਕੇਂਦਰਾਂ 'ਤੇ ਜਾਣਾ ਹੋਵੇਗਾ।

### ਅਮਰੀਕਾ ਤੋਂ ਆਏ ਵਫਦ ...

ਮੈਡੀਕਲ ਕੈਂਪ ਲਗਾ ਕੇ ਆਪਣੀਆਂ ਸੇਵਾਵਾਂ ਦੇਣ ਦੀ ਇੱਛਾ ਜ਼ਾਹਰ ਕੀਤੀ। ਜਸਵਿੰਦਰ ਸਿੰਘ ਅਤੇ ਸੁਰਿੰਦਰ ਕੌਰ ਦੇ ਨਜ਼ਦੀਕੀ ਦਰਸ਼ਨ ਮੱਟੂ, ਅਰਜਨ ਐਵਾਰਡੀ ਫੁਟਬਾਲਰ ਗੁਰਦੇਵ ਸਿੰਘ ਅਤੇ ਕਿਸਾਨ ਆਗੂ ਤਲਵਿੰਦਰ ਹੀਰ ਵੀ ਉਨ੍ਹਾਂ ਦੇ ਨਾਲ ਆਏ ਹੋਏ ਸਨ। ਉਹਨਾਂ ਵੀ ਭਰੋਸਾ ਦਿੱਤਾ ਕਿ ਉਹ ਬੱਬਰ ਅਕਾਲੀ ਲਹਿਰ ਦੀ ਸ਼ਤਾਬਦੀ ਵਿੱਚ ਦੁਆਬੇ ਦੀ ਧਰਤੀ ਦੇ ਬੱਬਰਾਂ ਦੇ ਪਿੰਡ 'ਚ ਵਿਸ਼ੇਸ਼ ਕਰਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਉਲੀਕੇ ਜਾਣ ਵਾਲੇ ਪ੍ਰੋਗਰਾਮਾਂ ਵਿੱਚ ਮੋਢੇ ਨਾਲ ਮੋਢਾ ਜੋੜਨਗੇ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਚਰੰਜੀ ਲਾਲ ਕੰਗਣੀਵਾਲ, ਸੁਰਿੰਦਰ ਕੁਮਾਰੀ ਕੋਛੜ ਅਤੇ ਪ੍ਰੋਫੈਸਰ ਤਜਿੰਦਰ ਵਿਰਲੀ ਵੀ ਇਸ ਮੌਕੇ ਹਾਜ਼ਰ ਸਨ। ਕਮੇਟੀ ਆਗੂਆਂ ਨੇ ਵਫ਼ਦ ਨਾਲ ਦੇਸ਼ ਭਗਤ ਯਾਦਗਾਰ ਹਾਲ ਦੇ ਭਵਿੱਖੀ ਕਾਰਜਾਂ ਅਤੇ ਆਪਸੀ ਸਹਿਯੋਗ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ। ਦੇਸ਼ ਭਗਤ ਕਮੇਟੀ ਵੱਲੋਂ ਕਿਤਾਬਾਂ ਦਾ ਸੈੱਟ ਦੇ ਕੇ ਇਹਨਾਂ ਆਏ ਸਭਨਾਂ ਮਹਿਮਾਨਾਂ ਦਾ ਹਾਰਦਿਕ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਮੌਕੇ ਜਸਵਿੰਦਰ ਪਾਲ ਸਿੰਘ ਪੱਖੋਕੇ, ਉਹਨਾ ਦੀ ਜੀਵਨ ਸਾਥਣ ਸੁਰਿੰਦਰ ਕੌਰ, ਉਨ੍ਹਾ ਦੇ ਸਪੁੱਤਰ ਸੰਗਰਾਮ ਸਿੰਘ ਅਤੇ ਡਾ. ਸਵੈਮਾਨ ਵੱਲੋਂ ਪਰਵਾਰ ਦੀ ਤਰਫੋਂ ਦੇਸ਼ ਭਗਤ ਕਮੇਟੀ ਦੀਆਂ ਸਰਗਰਮੀਆਂ ਲਈ ਇਕ ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ। ਕਮੇਟੀ ਦੇ ਆਗੂਆਂ ਨੇ ਇਸ ਆਰਥਿਕ ਮਦਦ ਲਈ ਪਰਵਾਰ ਦਾ ਦਿਲੋਂ ਧੰਨਵਾਦ ਕੀਤਾ ਅਤੇ ਦੱਸਿਆ ਕਿ ਅਜੋਕੇ ਸਮੇਂ ਦੀਆਂ ਤਿੱਖੀਆਂ ਚੁਣੌਤੀਆਂ ਅੰਦਰ ਮਹਾਨ ਗ਼ਦਰ ਲਹਿਰ ਦੀ ਵਿਰਾਸਤ ਨੂੰ ਹੋਰ ਵੀ ਬੁਲੰਦ ਰੱਖਣ ਦੇ ਕਾਰਜਾਂ, ਖ਼ਾਸ ਕਰਕੇ ਸਿਰਾਂ 'ਤੇ ਮੰਡਰਾ ਰਹੇ ਫਿਰਕੂ ਫਾਸ਼ੀ ਅਤੇ ਨਿੱਜੀਕਰਨ ਦੇ ਹੱਲੇ ਖ਼ਿਲਾਫ਼ ਸਾਂਝ ਦਾ ਮਜ਼ਬੂਤ ਹੋਣਾ ਬੇਹੱਦ ਜ਼ਰੂਰੀ ਹੈ।

### ਪੀ ਆਰ ਟੀ ਸੀ ਕਾਮਿਆਂ...

ਪ੍ਰਗਟ ਕਰਨ ਲਈ ਮੁੱਖ ਮੰਤਰੀ ਅਤੇ ਖਜ਼ਾਨਾ ਮੰਤਰੀ ਦਾ ਪੁਤਲਾ ਫੂਕਿਆ ਜਾਵੇਗਾ। ਮਾਰਚ ਕਰਕੇ ਹਜ਼ਾਰਾਂ ਦੀ ਗਿਣਤੀ ਵਿੱਚ ਆਉਂਦੇ-ਜਾਂਦੇ ਯਾਤਰੀਆਂ ਨੂੰ ਸਰਕਾਰ ਦੇ ਮੁਲਾਜ਼ਮ—ਮਜ਼ਦੂਰ ਵਿਰੋਧੀ ਚਿਹਰੇ ਨੂੰ ਬੇਨਕਾਬ ਕੀਤਾ ਜਾਵੇਗਾ, ਜਿਹੜੀ ਕਿ ਹੱਡ ਭੰਨਵੀਂ ਮਿਹਨਤ ਦੀ ਤਨਖਾਹ ਵੀ ਨਹੀਂ ਦੇ ਰਹੀ।

ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਂ ਬਲਦੇਵ ਰਾਜ ਬੱਤਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਦੱਸਿਆ ਕਿ ਪੰਜਾਬ ਸਰਕਾਰ ਔਰਤਾਂ ਸਮੇਤ ਹੋਰ ਕਈ ਵਰਗਾਂ ਨੂੰ ਮੁਫ਼ਤ ਅਤੇ ਰਿਆਇਤੀ ਸਫਰ ਸਹੂਲਤਾਂ ਦੇਣ ਦਾ ਰਾਗ ਅਲਾਪ ਕੇ ਵੋਟਾਂ ਬਟੋਰਨ ਦਾ ਜੁਗਾੜ ਕਰਨ ਦੀ ਕੋਸ਼ਿਸ਼ ਵਿੱਚ ਪੀ ਆਰ ਟੀ ਸੀ ਵਿੱਚ ਕੰਮ ਕਰਦੇ ਮਿਹਨਤਕਸ਼ ਕਰਮਚਾਰੀਆਂ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ ਨੂੰ ਹਰ ਮਹੀਨੇ ਲੇਟ ਕਰਦੀ ਆ ਰਹੀ ਹੈ।

ਸਰਕਾਰ ਮੁਫ਼ਤ ਸਫਰ ਦੇ ਲਗਭਗ 500-600 ਕਰੋੜ ਰੁਪਏ ਦੇ ਬਕਾਏ ਦੇਣ ਤੋਂ ਆਨਾਕਾਨੀ ਕਰ ਰਹੀ ਹੈ। ਵਰਕਰਾਂ ਦੇ ਹੋਰ ਬਕਾਏ ਜਿਵੇਂ ਕਿ ਪੇਅ ਕਮਿਸ਼ਨ ਦਾ ਏਰੀਅਰ, ਸੇਵਾ-ਮੁਕਤ ਹੋਏ ਵਰਕਰਾਂ ਨੂੰ ਪਿਛਲੇ ਇੱਕ ਸਾਲ ਤੋਂ ਕੋਈ ਪੈਸਾ ਨਾ ਦੇਣਾ, ਰਿਵਾਇਜ਼ਡ ਗਰੈਚੂਟੀ ਦੇ ਬਕਾਏ, ਮੈਡੀਕਲ ਬਿੱਲਾਂ ਦਾ ਭੁਗਤਾਨ ਨਾ ਕਰਨਾ ਆਦਿ ਦੇ ਕੁੱਲ 150 ਕਰੋੜ ਰੁਪਏ ਦੇ ਬਕਾਏ ਵੀ ਖੜ੍ਹੇ ਹਨ, ਜਿਸ ਰਕਮ ਦਾ ਵਿਆਜ ਹੀ 15 ਕਰੋੜ ਰੁਪਏ ਬਣਦਾ ਹੈ। ਨਾ ਹੀ ਪੰਜਾਬ ਸਰਕਾਰ ਪੀ ਆਰ ਟੀ ਸੀ ਦੀ ਮਾਲਕੀ ਵਾਲੀਆਂ ਨਵੀਆਂ ਬੱਸਾਂ ਪਾਉਣ ਦੇ ਰਹੀ ਹੈ, ਸਰਕਾਰ ਦੇ 4 ਸਾਲਾਂ ਦੇ ਕਾਰਜਕਾਲ ਵਿੱਚ ਇੱਕ ਵੀ ਨਵੀਂ ਬੱਸ ਨਹੀਂ ਪਾਈ ਗਈ, ਜਿਸ ਤੋਂ ਸਪੱਸ਼ਟ ਹੈ ਕਿ ਪੰਜਾਬ ਸਰਕਾਰ ਪ੍ਰਾਈਵੇਟ ਟਰਾਂਸਪੋਰਟ ਮਾਫੀਏ ਦੀ ਪੁਸ਼ਤਪੁਨਾਹੀ ਕਰ ਰਹੀ ਹੈ ਅਤੇ ਸਰਕਾਰੀ ਟਰਾਂਸਪੋਰਟ ਦਾ ਖਾਤਮਾ ਕਰਨਾ ਚਾਹੁੰਦੀ ਹੈ। ਐਕਸ਼ਨ ਕਮੇਟੀ ਨੇ ਇਹ ਵੀ ਫੈਸਲਾ ਕੀਤਾ ਕਿ ਜੇਕਰ ਸਰਕਾਰ ਅਤੇ ਮੈਨੇਜਮੈਂਟ ਇਸੇ ਤਰ੍ਹਾਂ ਵਰਕਰਾਂ ਦੀ ਤਨਖਾਹ—ਪੈਨਸ਼ਨ, ਮੈਡੀਕਲ ਬਿੱਲ ਅਤੇ ਬਕਾਏ ਦੇਣ ਵਿੱਚ ਲਾਪ੍ਰਵਾਹੀ ਵਰਤਦੀ ਰਹੇਗੀ ਤਾਂ ਹਰ ਮਹੀਨੇ 7 ਤਰੀਕ ਤੋਂ ਬਾਅਦ ਕਿਸੇ ਵੀ ਪਹਿਲੇ ਵਰਕਿੰਗ ਦਿਨ ਨੂੰ ਸਰਕਾਰ ਅਤੇ ਮੈਨੇਜਮੈਂਟ ਵਿਰੁੱਧ ਤਰ੍ਹਾਂ-ਤਰ੍ਹਾਂ ਦੇ ਤਰੀਕਿਆਂ ਨਾਲ ਰੋਸ ਪ੍ਰਗਟ ਕੀਤੇ ਜਾਇਆ ਕਰਨਗੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮਾਨ ਸਰਕਾਰ ਨੇ ਅਜਨਾਲਾ ਦੇ ਸਰਹੱਦੀ ਖੇਤਰ ਨੂੰ ਸਰਕਾਰੀ ਡਿਗਰੀ ਕਾਲਜ ਦੇ ਕੇ ਲੋਕਾਂ ਦਾ ਦਿਲ ਜਿੱਤਿਆ : ਕੋਟਲਾ, ਗਿੱਲ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਵਿਧਾਨ ਸਭਾ ਹਲਕਾ ਅਜਨਾਲਾ ਦੇ ਸਰਹੱਦੀ ਖੇਤਰ ਦੇ ਗਰੀਬ ਤੇ ਪੱਛੜੇ ਵਰਗ ਦੇ ਲੋਕਾਂ ਦੀ ਪਿਛਲੇ ਲੰਬੇ ਸਮੇਂ ਤੋਂ ਸਰਕਾਰੀ ਕਾਲਜ ਲਈ ਲਟਕਦੀ ਆ ਰਹੀ ਮੰਗ ਨੂੰ ਹਲਕਾ ਵਿਧਾਇਕ ਤੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਦੇ ਯਤਨਾਂ ਸਦਕਾ ਮਾਨ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ ਜਿਸ ਦੇ ਚਲਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮਨੀਸ਼ ਸਿਸੋਦੀਆ ਵੱਲੋਂ ਅਜਨਾਲਾ ਦੇ ਸਰਹੱਦੀ ਪਿੰਡ ਬਿਕਰਾਊਰ ਵਿਖੇ ਬਾਬਾ ਗਮ ਚੁਕ ਦੀ ਯਾਦ ਨੂੰ ਸਮਰਪਿਤ ਸਰਕਾਰੀ ਡਿਗਰੀ ਕਾਲਜ ਬਣਾਉਣ ਦਾ ਨੀਂਹ ਪੱਥਰ ਰੱਖ ਕੇ ਸਰਹੱਦੀ ਖੇਤਰ ਦੇ ਲੋਕਾਂ ਦਾ ਦਿਲ ਜਿੱਤ ਲਿਆ, ਜਿਸ ਨਾਲ ਇਸ ਖੇਤਰ ਦੇ ਬੱਚੇ ਬੱਚੀਆਂ ਨੂੰ ਉਚੇਰੀ ਸਿੱਖਿਆ ਮੁਹੱਈਆ ਹੋਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜੇ ਹੋਣ ਦਾ ਮੌਕਾ ਮਿਲੇਗਾ ਅਤੇ ਸਰਹੱਦੀ ਖੇਤਰ ਵਿਕਾਸ ਦੀਆਂ ਬੁਲੰਦੀਆਂ ਨੂੰ ਛੂਹੇਗਾ! ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉੱਘੇ ਪੰਜਾਬੀ ਗਾਇਕ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕੋਟਲਾ ਅਤੇ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰ ਗੁਰਜੰਟ ਸਿੰਘ ਗਿੱਲ ਨੇ ਗੱਲਬਾਤ ਦੌਰਾਨ ਕੀਤਾ! ਦੋਵਾਂ ਆਗੂਆਂ ਨੇ ਗੱਲਬਾਤ ਦੌਰਾਨ ਦੱਸਿਆ ਕਿ 2022 ਦੀਆਂ ਚੋਣਾਂ ਦੌਰਾਨ ਸਰਹੱਦੀ ਖੇਤਰ 'ਚ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਕਰਵਾਈਆਂ ਗਈਆਂ ਚੋਣ ਮੀਟਿੰਗਾਂ ਦੌਰਾਨ ਮਨੀਸ਼ ਸੁਸੋਦੀਆ ਤੋਂ ਲੋਕਾਂ ਨੇ ਸਰਕਾਰੀ ਕਾਲਜ ਦੀ ਮੰਗ ਕੀਤੀ ਸੀ ਤੇ ਸੁਸੋਦੀਆ ਨੇ ਸਰਕਾਰ ਬਣਨ 'ਤੇ ਸਰਕਾਰੀ ਕਾਲਜ ਬਣਾਉਣ ਦਾ ਵਾਅਦਾ ਕੀਤਾ ਅਤੇ ਸਰਕਾਰ ਬਣਨ ਤੋਂ ਬਾਅਦ





ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਲਗਾਤਾਰ ਸਰਕਾਰੀ ਕਾਲਜ ਬਣਾਉਣ ਲਈ ਯਤਨ ਕੀਤੇ ਗਏ ਅਤੇ ਮਾਨ ਸਰਕਾਰ ਵੱਲੋਂ ਇਸ ਕਾਲਜ ਨੂੰ ਮਨਜ਼ੂਰੀ ਦਿੱਤੀ ਗਈ, ਜਿਸ ਤੋਂ ਬਾਅਦ ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸ਼ੋਦੀਆ ਨੇ ਇਸ ਵਾਅਦੇ ਨੂੰ ਅਮਲੀ ਜਾਮਾ ਪਹਿਨਾਉਂਦਿਆਂ ਹੋਇਆਂ ਸਰਹੱਦੀ ਖੇਤਰ ਦੇ ਲੋਕਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਸਰਕਾਰੀ ਡਿਗਰੀ ਕਾਲਜ ਦਾ ਨੀਂਹ ਪੱਥਰ ਰੱਖਿਆ ਹੈ। ਇਹ ਕਾਲਜ ਕਰੀਬ 15 ਕਰੋੜ ਰੁਪਏ ਦੀ ਲਾਗਤ ਨਾਲ ਬਣ ਕੇ ਤਿਆਰ ਹੋਵੇਗਾ ਜਿਸ ਨਾਲ ਕਰੀਬ 40 ਤੋਂ 50 ਪਿੰਡਾਂ ਦੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਮੁਹੱਈਆ ਕਰਵਾਈ ਜਾਵੇਗੀ! ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸੁਸੋਦੀਆ ਨੇ ਪੰਜਾਬ ਵਿੱਚ ਜੋ ਸਿਹਤ ਤੇ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਦਾ ਬੀੜਾ ਚੁੱਕਿਆ ਸੀ, ਉਸ ਨੂੰ ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ ਪੂਰਾ ਕੀਤਾ ਜਾ ਰਿਹਾ। ਸ਼ਹਿਰਾਂ ਅਤੇ ਪਿੰਡਾਂ ਵਿੱਚ ਵੱਡੇ ਪੱਧਰ ਤੇ ਵਿਕਾਸ ਕਾਰਜ ਕਰਕੇ ਪੰਜਾਬ ਦੀ ਨੁਹਾਰ ਬਦਲੀ ਜਾ ਰਹੀ ਹੈ।

## ਸੇਵਾ ਸਿੰਘ ਠੀਕਰੀਵਾਲਾ ਦੀ ਬਰਸੀ ਮੌਕੇ ਨਗਰ ਕੀਰਤਨ ਸਜਾਇਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਇਤਿਹਾਸਿਕ ਪਿੰਡ ਠੀਕਰੀਵਾਲਾ (ਬਰਨਾਲਾ) ਵਿਖੇ ਪਰਜਾ ਮੰਡਲ ਲਹਿਰ ਦੇ ਬਾਨੀ ਅਮਰ ਸ਼ਹੀਦ ਸ੍ਰ: ਸੇਵਾ ਸਿੰਘ ਠੀਕਰੀਵਾਲਾ ਦੀ ਯਾਦ 'ਚ ਸ਼ਹੀਦੀ ਬਰਸੀ ਸਮਾਗਮ ਦੇ ਪਹਿਲੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਕੀਤੇ ਜਾਣ ਉਪਰੰਤ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ, ਜਿਸ ਦਾ ਹਰ ਪੜਾਅ ਉੱਪਰ ਸ਼ਰਧਾਲੂ ਸੰਗਤਾਂ ਨੇ ਭਰਵਾਂ ਸਵਾਗਤ ਕਰਦਿਆਂ ਪੰਜ ਪਿਆਰੇ ਸਾਹਿਬਾਨ, ਵੱਖ-ਵੱਖ ਆਗੂਆਂ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਰਾਗੀ ਜਥੇ ਭਾਈ ਮਹਿੰਦਰ ਸਿੰਘ ਹੈੱਡ ਗਰੰਥੀ, ਗਿ: ਮਹਿੰਦਰ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਸੁਰਜਨ ਸਿੰਘ ਦੇ ਜਥੇ ਨੇ ਕੀਰਤਨ ਕਰਕੇ ਮਹਾਨ ਸੂਰਬੀਰ ਜੋਧਿਆਂ ਦੀ ਯਾਦ ਨੂੰ ਸਿਜਦਾ ਕੀਤਾ।ਗੁਰਦੁਆਰਾ ਸਾਹਿਬ ਕਮੇਟੀ ਪ੍ਰਧਾਨ ਭਾਈ ਜਗਸੀਰ ਸਿੰਘ ਅੌਲਖ ਨੇ ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੇ ਜੀਵਨ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।ਇਸ ਮੌਕੇ ਢਾਡੀ ਹਰਭਜਨ ਸਿੰਘ ਭੱਟੀ ਬਿਲਾਸਪੁਰ, ਕਰਮਜੀਤ ਸਿੰਘ ਬੀਹਲਾ, ਢਾਡੀ ਜਗਦੀਪ ਸਿੰਘ ਰੰਗੀਆਂ, ਵਿਦਿਆਲਾ ਠੀਕਰੀਵਾਲਾ ਦੇ ਢਾਡੀ ਜਥੇ ਬੀਬੀ ਹੁਸਨਪ੍ਰੀਤ ਕੌਰ, ਬੀਬੀ ਰਮਨਦੀਪ ਕੌਰ, ਸਰੰਗੀ ਮਾਸਟਰ ਸੁਰਜੀਤ ਸਿੰਘ ਬੱਲੀ ਦੇ ਜਥਿਆਂ ਨੇ ਸੂਰਮਿਆਂ ਦੀਆਂ ਵਾਰਾਂ ਪੇਸ਼ ਕਰਕੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ।

# ਕਾਮਰੇਡ ਕਸ਼ਮੀਰ ਸਿੰਘ ਨੂੰ ਸੈਂਕੜੇ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ

**ਮੁਹਾਲੀ (ਨ ਜ਼ ਸ)**

ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਜਨਰਲ ਸਕੱਤਰ, ਕੁੱਲ ਹਿੰਦ ਬਿਜਲੀ ਫੈਡਰੇਸ਼ਨ (ਐੱਫ ਈ) ਅਤੇ ਪੰਜਾਬ ਏਟਕ ਦੇ ਮੀਤ ਸਕੱਤਰ ਸੁਰਿੰਦਰਪਾਲ ਸਿੰਘ ਲਾਹੌਰੀਆ ਦੇ ਪਿਤਾ ਕਾਮਰੇਡ ਕਸ਼ਮੀਰ ਸਿੰਘ 85 ਵਰ੍ਹੇ ਜੋ ਸੰਖੇਪ ਬੀਮਾਰੀ ਦੇ ਚਲਦਿਆਂ ਬੀਤੇ ਕੱਲ੍ਹ ਵਿਛੋੜਾ ਦੇ ਗਏ ਸਨ, ਦਾ ਅੰਤਿਮ ਸੰਸਕਾਰ ਕਰਨ ਤੋਂ ਪਹਿਲਾਂ ਪਰਿਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਆਖਰੀ ਰਸਮਾਂ ਕਰਨ ਉਪਰੰਤ ਉਨ੍ਹਾਂ ਵੱਲੋਂ ਆਪਣੇ ਜੀਵਨ ਵਿੱਚ ਅਧਿਆਪਕ ਫਰੰਟ ਤੇ ਸੰਘਰਸ਼ਾਂ ਦੀ ਅਗਵਾਈ ਕਰਦੇ ਹੋਏ ਸਰਕਾਰਾਂ ਦਾ ਤਸ਼ੱਦਦ ਝੱਲਦਿਆਂ ਲਾਲ ਝੰਡੇ ਦੀ ਰਹਿਨੁਮਾਈ ਹੇਠ ਲੜੇ ਗਏ ਅਣਗਿਣਤ ਘੋਲਾਂ ਵਿੱਚ ਅਤੇ ਸੇਵਾ ਮੁਕਤੀ ਤੋਂ ਬਾਅਦ ਭਾਰਤੀ ਕਮਿਊਨਿਸਟ ਪਾਰਟੀ ਨੂੰ ਦਿੱਤੀਆਂ ਸੇਵਾਵਾਂ ਬਦਲੇ ਜ਼ਿਲ੍ਹੇ ਦੀ ਭਾਰਤੀ ਕਮਿਊਨਿਸਟ ਪਾਰਟੀ ਦੀ ਤਰਫ਼ੋਂ ਸਹਾਇਕ ਸਕੱਤਰ ਗੁਰਦਿਆਲ ਸਿੰਘ ਦਿਲਦਾਰ ਨੇ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਸਨਮਾਨ ਦਿੱਤਾ।ਉਨ੍ਹਾਂ ਦੀ ਅੰਤਿਮ ਯਾਤਰਾ ਵਿੱਚ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਮੁਹਾਲੀ ਸਰਕਲ ਦੇ ਪ੍ਰਧਾਨ ਮੋਹਨ ਸਿੰਘ ਗਿੱਲ, ਮੀਤ ਪ੍ਰਧਾਨ ਸਤਪਾਲ, ਬਲਵਿੰਦਰ ਕੁਮਾਰ, ਡਵੀਜ਼ਨ ਆਗੂ ਰਣਜੀਤ ਸਿੰਘ, ਹਰਵਿੰਦਰ



ਸਿੰਘ ਗੋਲਡੀ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ (ਸਬੰਧਤ ਏਟਕ) ਨਾਲ ਸਬੰਧਤ ਪੈਨਸ਼ਨਰ ਆਗੂਆਂ ਤੋਂ ਇਲਾਵਾ ਟੈਕਨੀਕਲ ਸਰਵਿਸ ਯੂਨੀਅਨ ਦੇ ਆਗੂ ਲੱਖਾ ਸਿੰਘ, ਐੱਮ ਸੀ ਵਨੀਤ ਮਲਿਕ, ਪ੍ਰੀਤ ਸਿਟੀ ਸਾਂਝੀ ਤਾਲਮੇਲ ਕਮੇਟੀ ਦੇ ਆਗੂ ਭੁਪਿੰਦਰ ਸਿੰਘ, ਬਲਵਿੰਦਰ ਸਿੰਘ ਜੌਹਲ, ਰਮਨ ਥਿੰਦ, ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਰਣਜੀਤ ਸਿੰਘ, ਸਨਾਤਨ ਮੰਦਰ ਸਭਾ ਦੇ ਪ੍ਰਧਾਨ ਰਮਨ ਕੁਮਾਰ, ਕੁਲਦੀਪ ਸਿੰਘ ਢਿੱਲੋਂ, ਸੰਦੀਪ ਸਿੰਘ ਸੰਧੂ, ਦਿਲਦਾਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਰਿਸ਼ਤੇਦਾਰਾਂ, ਸਕੇ ਸਬੰਧੀਆਂ ਨੇ ਸ਼ਾਮਲ ਹੋ ਕੇ ਉਨ੍ਹਾਂ ਦਾ ਅੰਤਿਮ ਸੰਸਕਾਰ ਸਮਸ਼ਾਨਘਾਟ ਬਲੌਂਗੀ ਮੁਹਾਲੀ ਵਿਖੇ ਦੋਵੇਂ ਪੁੱਤਰਾਨ ਸੁਰਿੰਦਪਾਲ ਸਿੰਘ ਲਾਹੌਰੀਆ ਅਤੇ ਦਵਿੰਦਰਪਾਲ ਸਿੰਘ ਲਾਹੌਰੀਆ ਵੱਲੋਂ ਚਿਖਾ ਨੂੰ ਅਗਨੀ ਦੇਣ ਉਪਰੰਤ ਸੈਂਕੜੇ ਸੇਜਲ ਅੱਖਾਂ ਨਾਲ ਕਰ ਦਿੱਤਾ ਗਿਆ।ਪਰਿਵਾਰ ਦੀ ਜਾਣਕਾਰੀ ਅਨੁਸਾਰ ਉਨ੍ਹਾਂ ਦੀ ਅੰਤਿਮ ਅਰਦਾਸ 21 ਜਨਵਰੀ ਦਿਨ ਬੁੱਧਵਾਰ ਨੂੰ ਗੁਰਦੁਆਰਾ ਸਿੰਘ ਸਭਾ, ਸੈਕਟਰ 80 ਮੁਹਾਲੀ ਵਿਖੇ 12 ਤੋਂ 1 ਵਜੇ ਤੱਕ ਹੋਵੇਗੀ।

## ਸੜਕ ਦੇ ਲੈਵਲ ਨੂੰ ਲੈ ਕੇ ਦੁਕਾਨਦਾਰਾਂ ਨੇ ਇਤਰਾਜ਼ ਜਤਾਇਆ



**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**

ਫਤਿਹਗੜ੍ਹ ਚੂੜੀਆਂ ਰੇਲਵੇ ਰੋਡ ਤੇ ਬਣਾਈ ਜਾ ਰਹੀ ਸੜਕ ਨੂੰ ਲੈ ਕੇ ਸਰਕਾਰੀ ਕੰਨਿਆ ਸਕੂਲ ਦੇ ਨੇੜਲੇ ਦੁਕਾਨਦਾਰ, ਜਿਨ੍ਹਾਂ 'ਚ ਸਾਬਕਾ ਬੈਂਕ ਮੈਨੇਜਰ ਰੋਹਿਤ ਸ਼ਰਮਾ, ਪ੍ਰਦੀਪ ਸੋਨੀ, ਭਗਤ ਜੂਸ ਬਾਰ, ਡਿਜੀਟਲ ਐਕਸਰੇ ਵਾਲੇ ਦੁਕਾਨਦਾਰਾਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਇਹ ਸੀਮੈਂਟ, ਬੱਜਰੀ ਵਾਲੀ ਬਣਾਈ ਜਾ ਰਹੀ ਸੜਕ ਵਿੱਚ ਵਿੱਚ ਬਹੁਤ ਸਾਰੀਆਂ ਤਰੁੱਟੀਆਂ ਸਾਹਮਣੇ ਆ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸੜਕ ਬਣਾਉਣ ਵਾਲੇ ਠੇਕੇਦਾਰ ਅਤੇ ਨਗਰ ਕੌਂਸਲ ਦੇ ਈ ਓ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸ ਦਾ ਲੈਵਲ ਵੀ ਬਿਲਕੁਲ ਠੀਕ ਨਹੀਂ ਹੈ ਤੇ ਨਾ ਹੀ ਸੀਮੈਂਟ ਬੱਜਰੀ ਤੇ ਹੋਰ ਮਾਲ ਸਹੀ ਤਰੀਕੇ ਨਾਲ ਪਾਇਆ ਗਿਆ ਹੈ।ਸੜਕ ਦਾ ਲੈਵਲ ਠੀਕ ਨਾ ਹੋਣ ਕਾਰਨ ਆਉਣ ਵਾਲੇ ਸਮੇਂ ਖਾਸਕਰ ਬਰਸਾਤਾਂ ਦੇ ਸੀਜ਼ਨ ਦੌਰਾਨ ਪਾਣੀ ਦੇ ਨਿਕਾਸ ਦੀ ਵੱਡੀ ਸਮੱਸਿਆ ਪੈਦਾ ਹੋਵੇਗੀ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਨੂੰ ਇਸ ਪਾਸੇ ਧਿਆਨ ਦਿੰਦੇ ਹੋਏ ਪਾਣੀ ਦੇ ਲੈਵਲ ਤੇ ਨਿਕਾਸ ਦਾ ਢੁੱਕਵਾਂ ਪ੍ਰਬੰਧ ਕਰਨਾ ਚਾਹੀਦਾ ਹੈ।ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕੇ ਇਸ ਨਵੀਂ ਬਣ ਰਹੀ ਸੜਕ ਦਾ ਮੁਆਇਨਾ ਵੀ ਕਰਵਾਇਆ ਜਾਵੇ।

## ਰੋਸ ਮੁਜ਼ਾਹਰਾ ਭਲਕੇ

**ਜਲੰਧਰ (ਸ਼ੈਲੀ ਐਲਬਰਟ)**-ਜ਼ਿਲ੍ਹਾ ਹੈਡਕੁਆਟਰ ਜਲੰਧਰ ਵਿਖੇ ਆਮ ਆਦਮੀ ਪਾਰਟੀ ਵਲੋਂ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਵਲੋਂ ਮਨਰੇਗਾ ਮਜ਼ਦੂਰਾਂ ਨਾਲ ਕੀਤੇ ਜਾ ਰਹੇ ਧੱਕੇ ਅਤੇ ਅਨਿਆਂ ਦੇ ਵਿਰੋਧ ਵਿੱਚ ਜ਼ੋਰਦਾਰ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਪਿਛਲੇ ਸਮੇ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਨੇ ਮਨਰੇਗਾ ਨੂੰ ਖ਼ਤਮ ਕਰਕੇ ਇਸ ਨੂੰ ਜੀ ਰਾਮ ਜੀ ਸਕੀਮ ਵਿੱਚ ਬਦਲ ਦਿੱਤਾ ਹੈ ਇਸ ਨੀਤੀ ਤਹਿਤ ਮਨਰੇਗਾ ਮਜ਼ਦੂਰਾਂ ਦੇ ਹੱਕਾ ਵਿੱਚ ਕਈ ਤਰ੍ਹਾਂ ਦੀ ਕਟੌਤੀ ਕੀਤੀ ਗਈ ਹੈ ਖਾਸ ਤੌਰ ਤੇ ਬੀਜਣ ਅਤੇ ਕਟਾਈ ਦੇ ਮੌਸਮ ਵਿੱਚ ਮਨਰੇਗਾ ਕੰਮ ਉਪਲਬਧ ਨਾ ਹੋਣ ਕਾਰਨ ਗਰੀਬ ਮਜ਼ਦੂਰਾਂ ਨੂੰ ਰੁਜ਼ਗਾਰ ਤੋਂ ਵਾਂਝਾ ਕਰ ਦਿੱਤਾ ਗਿਆ ਹੈ ਜਿਸ ਨਾਲ ਉਨ੍ਹਾਂ ਦੀ ਰੋਟੀ ਰੋਜ਼ੀ ਤੇ ਸਿੱਧਾ ਅਸਰ ਪਿਆ ਹੈ। ਇਹ ਤਬਦੀਲੀ ਮਨਰੇਗਾ ਦੇ ਮੂਲ ਉਦੇਸ਼ ਨੂੰ ਖ਼ਤਮ ਕਰਨ ਵਾਲੀ ਹੈ ਜੋ ਕਿ ਗਰੀਬ ਪਰਵਾਰਾਂ, ਔਰਤਾਂ ਅਤੇ ਦਲਿਤ ਵਰਗ ਨੂੰ 100 ਦਿਨਾ ਦੀ ਗਰੰਟੀਸ਼ੁਦਾ ਰੁਜ਼ਗਾਰ ਪ੍ਰਦਾਨ ਸੀ ਨਵੇਂ ਐਕਟ ਵਿੱਚ ਵੀ 125 ਦਿਨਾਂ ਦਾ ਦਾਅਵਾ ਕੀਤਾ ਗਿਆ ਹੈ ਅਸਲ ਵਿੱਚ ਇਹ ਮਜ਼ਦੂਰਾਂ ਦੇ ਹੱਕਾ ਨੂੰ ਕਮਜ਼ੋਰ ਕਰਨ ਅਤੇ ਕੇਂਦਰੀਕਰਨ ਵਧਾਉਣ ਦੀ ਸਾਜਿਸ਼ ਹੈ ਇਸ ਨਾਲ ਪੰਜਾਬ ਸਮੇਤ ਪੂਰੇ ਦੇਸ਼ ਦੇ ਗਰੀਬ ਮਜ਼ਦੂਰਾਂ ਨੂੰ ਭਾਰੀ ਨੁਕਸਾਨ ਹੋ ਜਾਵੇਗਾ, ਕੇਂਦਰ ਸਰਕਾਰ ਦੀ ਇਸ ਮਜ਼ਦੂਰ ਮਾਰੂ ਨੀਤੀ ਨੂੰ ਵਾਪਿਸ ਕਰਾਉਣ ਲਈ 21ਜਨਵਰੀ ਨੂੰ ਪੁੱਡਾ ਗਰਾਉਂਡ ਡੀ ਸੀ ਦਫਤਰ ਦੇ ਸਾਹਮਣੇ ਜਲੰਧਰ ਵਿਖੇ ਠੀਕ 11 ਵਜੇ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ ਹੈ ਇਸ ਧਰਨੇ ਨੂੰ ਸਫਲ ਕਰਨ ਲਈ ਮਜ਼ਦੂਰ ਵਰਗ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ

# ਸਕੂਲ ਮੁਖੀਆਂ ਤੇ ਅਧਿਆਪਕਾਂ ਦੀ ਤਿੰਨ ਰੋਜ਼ਾ ਏ ਆਈ ਸੰਬੰਧੀ ਟ੍ਰੇਨਿੰਗ ਮੁਕੰਮਲ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਮਾਨਯੋਗ ਡਾਇਰੈਕਟਰ ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਦਿਸ਼ਾ ਨਿਰਦੇਸ਼ ਅਤੇ ਤਰਨ ਤਾਰਨ ਦੇ ਜ਼ਿਲਾ ਸਿੱਖਿਆ ਅਫਸਰ ਸਤਨਾਮ ਸਿੰਘ ਬਾਠ ਅਤੇ ਡਾਇਟ ਕੈਰੋਂ ਦੇ ਪ੍ਰਿੰਸੀਪਲ ਮੰਗਤ ਸਿੰਘ ਦੀ ਰਹਿਨੁਮਾਈ ਹੇਠ ਡਾਇਟ ਕੈਰੋਂ ਵਿਖੇ ਆਰਟੀਫੀਸ਼ੀਅਲ ਇੰਟੈਲੀਜੈਂਸੀ (ਏਆਈ) ਨਾਲ ਸੰਬੰਧਿਤ ਟ੍ਰੇਨਿੰਗ ਤਰਨ ਤਾਰਨ ਦੇ ਸਮੂਹ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਦਿੱਤੀ ਗਈ।ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸੀ ਸਬੰਧੀ ਜਾਗਰੂਕਤਾ ਪੈਦਾ ਕਰਨਾ ਹੈ।ਇਸ ਵਿੱਚ ਰਿਸੋਰਸਪਰਸਨ ਦੇ ਰੂਪ ਵਿੱਚ ਰੁਪਿੰਦਰਜੀਤ ਸਿੰਘ (ਸਟੇਟ ਐਵਾਰਡੀ), ਨਿਰਮਲ, ਕੋਮਲਪ੍ਰੀਤ ਕੌਰ, ਸ਼ਵੇਤਾ ਕਪਹੀ ਅਤੇ ਅਨਿਲ ਵਰਮਾ ਵੱਲੋਂ ਬਤੌਰ ਜ਼ਿਲ੍ਹਾ ਰਿਸੋਰਸਪਰਸਨ ਅਧਿਆਪਕਾਂ ਨੂੰ ਟ੍ਰੇਨਿੰਗ ਦਿੱਤੀ ਗਈ।ਇਸ ਮੌਕੇ ਬੋਲਦੇ ਹੋਏ ਡਾਇਟ ਪ੍ਰਿੰਸੀਪਲ ਸ੍ਰ: ਮੰਗਤ ਸਿੰਘ ਨੇ ਦੱਸਿਆ ਕਿ ਸਰਕਾਰ ਦੁਆਰਾ ਚਲਾਏ ਜਾ ਰਹੇ ਇਨ੍ਹਾਂ ਸੈਮੀਨਾਰਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸੀ ਨਾਲ ਸੰਬੰਧਿਤ ਜਾਣਕਾਰੀ ਅਧਿਆਪਕਾਂ ਨਾਲ ਸਾਂਝੀ ਕੀਤੀ ਗਈ ਹੈ ਤਾਂ ਜੋ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਮੇਂ ਦਾ ਹਾਣੀ ਬਣਾਇਆ ਜਾ ਸਕੇ।

## ਹੁਣ ਲੁਟੇਰੇ ਬੱਕਰੀਆਂ ਵੀ ਚੁੱਕਣ ਲੱਗ ਪਏ!

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸਬ-ਡਵੀਜ਼ਨ ਭਿੱਖੀਵਿੰਡ ਵਿੱਚ ਪੈਂਦੇ ਪਿੰਡ ਮਾੜੀ ਮੇਘਾ ਵਿੱਚ ਸਵਿਫਟ ਕਾਰ ਵਿੱਚ ਆਏ ਲੁਟੇਰੇ ਚਿੱਟੇ ਦਿਨ ਦੋ ਬੱਕਰੀਆਂ ਕਾਰ ਵਿੱਚ ਸੁੱਟ ਕੇ ਫ਼ਰਾਰ ਹੋ ਗਏ।ਬੱਕਰੀਆਂ ਦੇ ਮਾਲਕ ਬੂਟਾ ਸਿੰਘ ਨੇ ਦੱਸਿਆ ਕਿ ਮਜ਼ਦੂਰੀ ਕਰਨ ਦੇ ਨਾਲ-ਨਾਲ ਉਸ ਨੇ ਬੱਕਰੀਆਂ ਰੱਖੀਆਂ ਹੋਈਆਂ ਹਨ।ਸ਼ਨੀਵਾਰ ਦੁਪਹਿਰ ਨੂੰ ਹਰ ਰੋਜ਼ ਦੀ ਤਰ੍ਹਾਂ ਉਹ ਬੱਕਰੀਆਂ ਚਾਰਨ ਲਈ ਪਿੰਡ ਦੀ ਡਰੇਨ 'ਤੇ ਗਿਆ ਸੀ।ਇਸ ਦੌਰਾਨ ਇੱਕ ਸਵਿਫਟ ਡਿਜ਼ਾਇਰ ਕਾਰ 'ਚ ਸਵਾਰ ਚਾਰ ਵਿਅਕਤੀ ਚਿੱਟੇ ਦਿਨ ਉਸ ਦੀਆਂ ਅੱਖਾਂ ਸਾਹਮਣੇ ਦੋ



ਬੱਕਰੀਆਂ ਕਾਰ ਵਿੱਚ ਸੁੱਟ ਕੇ ਫ਼ਰਾਰ ਹੋ ਗਏ।ਰੌਲਾ ਪਾਉਣ 'ਤੇ ਕੁਝ ਵਿਅਕਤੀਆਂ ਨੇ ਕਾਰ ਦਾ ਪਿੱਛਾ ਤਾਂ ਕੀਤਾ ਪਰ ਸਪੀਡ ਜ਼ਿਆਦਾ ਹੋਣ ਕਾਰਨ ਲੁਟੇਰੇ ਭੱਜਣ ਵਿੱਚ ਸਫ਼ਲ ਰਹੇ।ਪੀੜਤ ਦਾ ਕਹਿਣਾ ਸੀ ਕਿ ਉਸ ਦਾ 50 ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ।ਪੀੜਤ ਨੇ ਪੁਲਸ ਪ੍ਰਸ਼ਾਸਨ ਨੂੰ ਲੁਟੇਰਿਆਂ ਨੂੰ ਜਲਦ ਤੋਂ ਜਲਦ ਕਾਬੂ ਕਰਨ ਦੀ ਅਪੀਲ ਕੀਤੀ ਹੈ।ਇਸ ਸੰਬੰਧੀ ਥਾਣਾ ਮੁਖੀ ਖਾਲੜਾ ਬਲਜਿੰਦਰ ਸਿੰਘ ਨੇ ਕਿਹਾ ਕਿ ਲੁਟੇਰਿਆਂ ਨੂੰ ਕਾਬੂ ਕਰਨ ਲਈ ਸੀਸੀਟੀਵੀ ਫੁਟੇਜ ਨੂੰ ਖੰਗਾਲਿਆ ਜਾ ਰਿਹਾ ਹੈ ਤੇ ਜਲਦੀ ਹੀ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ।

## ਸੰਜੀਵ ਪਿੰਕਾ ਅਪੈਕਸ ਕਲੱਬ ਦੇ ਮੁੜ ਬਣੇ ਪ੍ਰਧਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਅਪੈਕਸ ਕਲੱਬ ਮਾਨਸਾ ਸਾਲ 2026 ਲਈ ਸੰਜੀਵ ਪਿੰਕਾ ਮੁੜ ਤੋਂ ਪ੍ਰਧਾਨ ਚੁਣੇ ਗਏ।ਪਿੰਕਾ ਦੀ ਅਗਵਾਈ ਹੇਠ ਪਹਿਲੀ ਪਰਿਵਾਰਕ ਮੀਟਿੰਗ ਕੀਤੀ ਗਈ, ਜਿਸ ਵਿੱਚ ਸਾਲ 2025 ਦੌਰਾਨ ਕਲੱਬ ਵੱਲੋਂ ਕੀਤੀਆਂ ਗਈਆਂ ਗਤੀ-ਵਿਧੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਬੋਲਦਿਆਂ ਕਲੱਬ ਦੇ ਵਾਈਸ ਪ੍ਰਧਾਨ ਅਸ਼ਵਨੀ ਜਿੰਦਲ ਨੇ ਦੱਸਿਆ ਕਿ ਨਵੇਂ ਸਾਲ ਲਈ ਸੰਜੀਵ ਪਿੰਕਾ ਨੂੰ ਮੁੜ ਤੋਂ ਕਲੱਬ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ ਤੇ ਉਨ੍ਹਾਂ ਅਪਣੇ ਨਾਲ ਅਸ਼ਵਨੀ ਜਿੰਦਲ ਨੂੰ ਵਾਈਸ ਪ੍ਰਧਾਨ, ਕਮਲ ਗਰਗ ਨੂੰ ਸਕੱਤਰ, ਧੀਰਜ ਬਾਂਸਲ ਨੂੰ ਵਿੱਤ ਸਕੱਤਰ ਲਗਾਇਆ ਗਿਆ ਹੈ।ਇਸ ਮੌਕੇ ਬੋਲਦਿਆਂ ਪ੍ਰਧਾਨ ਸੰਜੀਵ ਪਿੰਕਾ ਨੇ ਦੱਸਿਆ ਕਿ ਕਲੱਬ ਵੱਲੋਂ ਸਮਾਜਸੇਵੀ ਕਾਰਜਾਂ 'ਚ ਯੋਗਦਾਨ ਪਾਉਣ ਲਈ ਸੰਭਵ ਯਤਨ ਜਾਰੀ ਰਹਿਣਗੇ।ਇਸੇ ਦੌਰਾਨ ਡਾਕਟਰ ਮਨੀਸ਼ਾ ਬਾਂਸਲ ਤੇ ਕਲੱਬ ਸਕੱਤਰ ਕਮਲ ਗਰਗ ਨੇ ਕਿਹਾ ਕਿ ਇਸ ਸਾਲ ਵਿੱਚ ਕਲੱਬ ਵੱਲੋਂ ਖੂਨਦਾਨ ਕੈਂਪ ਲਗਾਏ ਜਾਣਗੇ ਤੇ ਕਲੱਬ ਮੈਂਬਰਾਂ ਦਾ ਪਰਿਵਾਰਕ ਟੂਰ ਸ਼੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ ਵੀ ਲਿਜਾਇਆ ਜਾਵੇਗਾ।ਇਸ ਮੌਕੇ ਧਰਮਪਾਲ ਸਿੰਗਲਾ, ਧੀਰਜ ਬਾਂਸਲ, ਐਡਵੋਕੇਟ ਵਨੀਤ ਗਰਗ, ਰਜਨੀਸ਼ ਮਿੱਤਲ, ਭੁਪੇਸ਼ ਜਿੰਦਲ, ਰਾਧੇ ਸ਼ਿਆਮ, ਵਿਨੋਦ ਬਾਂਸਲ, ਸਤੀਸ਼ ਗਰਗ, ਨਵੀਨ ਜਿੰਦਲ, ਕ੍ਰਿਸ਼ਨ ਗਰਗ, ਬਨੀਤ ਗੋਇਲ, ਅਨਿਲ ਗਰਗ, ਰਮਨ ਗੁਪਤਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦਾ ਮਹੀਨਾਵਾਰ ਸਮਾਗਮ 24 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਵੱਖ ਵੱਖ ਸਰਕਾਰੀ, ਅਰਧ ਸਰਕਾਰੀ ਵਿਭਾਗਾਂ, ਜੁਡੀਸ਼ਰੀ ਤੇ ਬੈਂਕਾਂ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ (ਰਜਿ:) ਸੰਗਰੂਰ, ਜੋ ਕਿ ਸਮਾਜ ਸੇਵਾ ਤੇ ਲੋਕ ਭਲਾਈ ਦੇ ਕੰਮਾਂ ਨੂੰ ਸਮਰਪਤ ਹੈ, ਦੇ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਨੇ ਇੱਥੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਬਜ਼ੁਰਗਾਂ ਦੀ ਭਲਾਈ ਲਈ ਕੰਮ ਕੀਤੇ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਦਾ ਮਹੀਨਾਵਾਰ ਸਮਾਗਮ 24 ਜਨਵਰੀ ਸ਼ਨੀਵਾਰ ਨੂੰ ਸਵੇਰੇ 10-30 ਵਜੇ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਸੰਗਰੂਰ ਵਿਖੇ ਹੋਵੇਗਾ।ਜਨਵਰੀ ਮਹੀਨੇ ਦੌਰਾਨ ਜਿਨ੍ਹਾਂ ਮੈਂਬਰ ਸਾਹਿਬਾਨਾਂ ਦੇ ਜਨਮ ਦਿਨ ਆਉਂਦੇ ਹਨ, ਉਨ੍ਹਾਂ ਦੇ ਜਨਮ ਦਿਨ ਮਨਾਏ ਜਾਣਗੇ।ਉਨ੍ਹਾ ਦੱਸਿਆ ਕਿ ਗਣਤੰਤਰ ਦਿਵਸ (26 ਜਨਵਰੀ) ਨੂੰ ਸਮਰਪਤ ਸਮਾਗਮ ਕੀਤਾ ਜਾਵੇਗਾ ਤੇ ਸਮਾਜ ਵਿੱਚ ਸ਼ਲਾਘਾਯੋਗ ਕੰਮ ਕਰਨ ਵਾਲੇ ਮੈਂਬਰ ਸਾਹਿਬਾਨਾਂ ਦਾ ਸਨਮਾਨ ਤੇ ਕਲਚਰ ਪ੍ਰੋਗਰਾਮ ਵੀ ਕੀਤਾ ਜਾਵੇਗਾ। ਇਸ ਮੌਕੇ ਚੇਅਰਮੈਨ ਰਵਿੰਦਰ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਬੀਰ ਸਿੰਘ ਖਾਲਸਾ, ਕਰਨੈਲ ਸਿੰਘ ਸੇਖੋਂ, ਓਮ ਪ੍ਰਕਾਸ਼ ਖਿੱਪਲ, ਡਾ: ਮਨਮੋਹਨ ਸਿੰਘ, ਰਜਿੰਦਰ ਗੋਇਲ, ਕਿਸ਼ੋਰੀ ਲਾਲ, ਜਰਨਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਮਹੇਸ਼ ਜੌਹਰ, ਰਾਜ ਕੁਮਾਰ ਬਾਂਸਲ, ਸੁਰਿੰਦਰ ਪਾਲ ਗਰਗ, ਅਸ਼ੋਕ ਕੁਮਾਰ ਡੱਲਾ ਤੇ ਜਨਕ ਰਾਜ ਜੋਸ਼ੀ ਆਦਿ ਮੌਜੂਦ ਸਨ।



# ਗ੍ਰਹਿ ਮੰਤਰੀ ਅਮਿਤ ਸ਼ਾਹ ਤਖਤ ਸ੍ਰੀ ਹਜ਼ੂਰ ਸਾਹਿਬ ਵਿਖੇ ਸ਼ਹੀਦੀ ਸ਼ਤਾਬਦੀ ਸਮਾਗਮਾਂ 'ਚ ਹੋਣਗੇ ਸ਼ਾਮਲ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

'ਹਿੰਦ ਦੀ ਚਾਦਰ' ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ 24 ਤੇ 25 ਜਨਵਰੀ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਮਹਾਂਰਾਸ਼ਟਰ ਵਿਖੇ ਰਾਜ ਪੱਧਰੀ ਹੋ ਰਹੇ ਦੋ ਦਿਨਾ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਣ ਲਈ ਕੇਂਦਰੀ ਗ੍ਰਹਿ ਅਮਿਤ ਸ਼ਾਹ ਨੂੰ ਵਿਸ਼ੇਸ਼ ਤੌਰ 'ਤੇ ਸੱਦਾ-ਪੱਤਰ ਦਿੱਤਾ ਗਿਆ।ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਤੇ ਸ਼ਹੀਦੀ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਵੱਲੋਂ ਭੇਜਿਆ ਗਿਆ ਇਹ ਸੱਦਾ ਪੱਤਰ ਮਹਾਂਰਾਸ਼ਟਰ ਤੋਂ ਦਿੱਲੀ ਆਏ ਵਫਦ ਨੇ ਪੂਰੇ ਸਨਮਾਨ ਨਾਲ ਗ੍ਰਹਿ ਮੰਤਰੀ ਨੂੰ ਸੌਂਪਿਆ ਅਤੇ ਸ਼ਤਾਬਦੀ ਸਮਾਗਮਾਂ 'ਚ ਆਪਣੀ ਸ਼ਮੂਲੀਅਤ ਨੂੰ ਲਾਜ਼ਮੀ ਬਣਾਉਣ ਦੀ ਸਨਿਮਰ ਬੇਨਤੀ ਕੀਤੀ।ਗ੍ਰਹਿ ਮੰਤਰੀ ਸ਼ਾਹ ਨੇ ਆਏ ਵਫਦ ਦਾ ਸਵਾਗਤ ਕਰਦੇ ਹੋਏ ਪੂਰਾ ਸਤਿਕਾਰ ਤੇ ਪਿਆਰ ਨਾਲ ਇਹ ਸੱਦਾ ਪੱਤਰ ਕਬੂਲ ਕੀਤਾ ਤੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਹੋ ਰਹੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮਾਂ 'ਚ ਸ਼ਾਮਿਲ ਹੋਣ ਦਾ ਪੂਰਨ ਭਰੋਸਾ ਦਿੰਦੇ ਹੋਏ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੁਨੀਆ ਦੇ ਇਤਿਹਾਸ ਅੰਦਰ ਮਿਸਾਲੀ ਹੈ, ਜਿਨ੍ਹਾਂ ਨੇ ਕਸ਼ਮੀਰੀ ਪੰਡਿਤਾਂ ਦੀ ਫਰਿਆਦ 'ਤੇ ਜ਼ੁਲਮ ਤੇ ਅਨਿਆਂ ਦੇ ਖਿਲਾਫ ਕੁਰਬਾਨੀ ਦੇ ਕੇ ਇਤਿਹਾਸ ਸਿਰਜਿਆ।ਅਜਿਹੇ ਮਹਾਨ ਗੁਰੂ ਦਾ



350 ਸਾਲਾ ਸ਼ਹੀਦੀ ਦਿਹਾੜਾ ਮਨਾਉਣਾ ਸਮੁੱਚੀ ਮਨੁੱਖਤਾ ਦਾ ਧਰਮ ਹੈ।ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਸਮਾਗਮਾਂ 'ਚ ਸ਼ਾਮਿਲ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਸੁਭਾਗ ਮਿਲਣਾ ਬੇਹੱਦ ਮਾਣ ਵਾਲੀ ਗੱਲ ਹੈ।ਇਸ ਵਫਦ ਵਿੱਚ ਮੁੱਖ ਮੰਤਰੀ ਮਹਾਂਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਰਾਮੇਸ਼ਵਰ ਨਾਇਕ, ਚਰਨਦੀਪ ਸਿੰਘ ਹੈਪੀ ਮੈਂਬਰ ਮਨਓਰਟੀ ਕਮਿਸ਼ਨ ਮਹਾਂਰਾਸ਼ਟਰ ਸਰਕਾਰ, ਭਾਈ ਜਸਪਾਲ ਸਿੰਘ ਸਿੱਧੂ ਚੇਅਰਮੈਨ ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾ, ਵਿਜੇ ਸਤਬੀਰ ਸਿੰਘ ਚੇਅਰਮੈਨ ਸ੍ਰੀ ਹਜ਼ੂਰ ਸਾਹਿਬ ਸੱਚਖੰਡ ਬੋਰਡ, ਸੰਤ ਬਾਬੂ ਸਿੰਘ ਮਹਾਰਾਜ ਔਰਾ ਦੇਵੀ ਮਹੰਤ, ਸੰਤ ਰਾਮ ਸਿੰਘ ਮਹਾਰਾਜ ਲੁਬਾਣਾ ਸਮਾਜ ਤੇ ਤੇਜਾ ਸਿੰਘ ਬਾਵਰੀ ਸਿਕਲੀਗਰ ਸਮਾਜ ਆਦਿ ਮੌਜੂਦ ਸਨ।

## ਪ੍ਰਿੰਸੀਪਲ ਪਿਆਰਾ ਸਿੰਘ ਦਾ ਦੇਹਾਂਤ

**ਜਲੰਧਰ (ਨ ਜ ਸ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੀ ਪੰਜਾਬ ਰਾਜ ਕਮੇਟੀ ਦੇ ਮੈਂਬਰ ਤੇ ਪਾਰਟੀ ਦੀ ਹੁਸ਼ਿਆਰਪੁਰ ਜ਼ਿਲ੍ਹਾ ਕਮੇਟੀ ਦੇ ਸਕੱਤਰ ਪ੍ਰਿੰਸੀਪਲ ਪਿਆਰਾ ਸਿੰਘ ਸਦੀਵੀ ਵਿਛੋੜਾ ਦੇ ਗਏ ਹਨ। ਸਾਥੀ ਪਿਆਰਾ ਸਿੰਘ ਨੇ ਪੀ.ਜੀ.ਆਈ. 'ਚ ਅੰਤਮ ਸਾਹ ਲਿਆ। ਉਹ ਕਾਫੀ ਦੇਰ ਤੋਂ ਕੈਂਸਰ ਦੀ ਨਾਮੁਰਾਦ ਬੀਮਾਰੀ ਨਾਲ ਜੂਝ ਰਹੇ ਸਨ।ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ



ਪਾਸਲਾ, ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ, ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਸਾਥੀ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ, ਪਸਸਫ ਦੇ ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ, ਨੌਜਵਾਨ ਆਗੂ ਧਰਮਿੰਦਰ ਸਿੰਘ, ਸਾਥੀ ਗਿਆਨ ਸਿੰਘ ਗੁਪਤਾ ਨੇ ਸਾਥੀ ਦੀਆਂ ਘਾਲਣਾਵਾਂ ਅਤੇ ਕਿਰਤੀ ਲਹਿਰ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਸੂਹਾ ਸਲਾਮ ਕਹਿੰਦਿਆਂ ਉਨ੍ਹਾਂ ਦੀ ਸੁਪਤਨੀ ਅਤੇ ਸਮੁੱਚੇ ਪਰਿਵਾਰ ਦਾ ਦੁੱਖ ਵੰਡਾਇਆ ਹੈ।

## ਗਣਤੰਤਰ ਦਿਵਸ ਦੀਆਂ ਤਿਆਰੀਆਂ ਸੰਬੰਧੀ ਰਿਹਰਸਲ 22 ਤੇ 24 ਨੂੰ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਗਣਤੰਤਰ ਦਿਵਸ ਮਨਾਉਣ ਦੀਆਂ ਤਿਆਰੀਆਂ ਪੂਰੇ ਜੋਸ਼ ਤੇ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ। ਗੁਰਮੰਦਰ ਸਿੰਘ ਐੱਸਡੀਐੱਮ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਪਹਿਲੀ ਰਿਹਾਸਲ ਹੋਈ।ਇਸ ਮੌਕੇ ਸ਼ਸ਼ੀ ਭੂਸ਼ਨ ਵਰਮਾ ਐੱਮਡੀਐੱਫਸੀ ਵਰਮਾ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਭੰਡਾਰੀ ਗੇਟ ਬਟਾਲਾ, ਨੀਟਾ ਭਾਟੀਆ, ਡਾ. ਸਤਿੰਦਰਜੀਤ ਕੌਰ, ਕਮਲਜੀਤ ਕੌਰ ਤੇ ਸਕੂਲਾਂ ਦੇ ਨੁਮਾਇੰਦੇ ਮੌਜੂਦ ਸਨ।ਗਣਤੰਤਰ ਦਿਵਸ ਮੌਕੇ ਪੇਸ਼ ਕੀਤੇ ਜਾਣ ਵਾਲੇ ਸੱਭਿਆਚਰਕ ਸਮਾਗਮ ਲਈ ਚੱਲ ਰਹੀਆਂ ਰਿਹਰਸਲਾਂ ਵਿਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਦੇਸ਼ ਭਗਤੀ 'ਤੇ ਆਧਾਰਿਤ ਸ਼ਾਨਦਾਰ ਕੋਰੀਓਗ੍ਰਾਫੀ, ਸੋਲੋ ਡਾਂਸ ਤੇ ਭੰਗੜੇ ਦੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ।ਇਸ ਮੌਕੇ ਸਬੰਧਿਤ ਸਕੂਲਾਂ ਦੇ ਇੰਚਾਰਜਾਂ ਨੂੰ ਹੋਰ ਸਖ਼ਤ ਮਿਹਨਤ ਨਾਲ ਬੱਚਿਆਂ ਦੀ ਤਿਆਰੀ ਕਰਵਾਉਣ ਲਈ ਕਿਹਾ।ਉਨ੍ਹਾਂ ਦੱਸਿਆ ਕਿ 22 ਜਨਵਰੀ ਨੂੰ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਸਵੇਰੇ 10.00 ਵਜੇ ਦੁਬਾਰਾ ਰਿਹਰਸਲ ਹੋਵੇਗੀ ਤੇ ਟੀਮਾਂ ਦੀ ਚੋਣ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ 24 ਜਨਵਰੀ ਨੂੰ ਸਮਾਗਮ ਵਾਲੀ ਥਾਂ ਰਾਜੀਵ ਗਾਂਧੀ ਸਟੇਡੀਅਮ, ਪੌਲੀਟੈਕਨਿਕ ਕਾਲਜ ਬਟਾਲਾ ਵਿਖੇ ਫੁੱਲ ਡਰੈੱਸ ਰਿਹਰਸਲ ਸਵੇਰੇ 10 ਵਜੇ ਹੋਵੇਗੀ।

# ਅਡੀਸ਼ਨਲ ਕਮਿਸ਼ਨਰ ਵੱਲੋਂ ਭਗਤਾਂਵਾਲਾ ਡੰਪ ਸਾਈਟ 'ਤੇ ਬਾਇਓ-ਰਿਮੀਡੀਏਸ਼ਨ ਦਾ ਨਿਰੀਖਣ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**

ਸਵੱਛ ਭਾਰਤ ਮਿਸ਼ਨ-ਅਰਬਨ ਅਤੇ ਠੋਸ ਕਚਰਾ ਪ੍ਰਬੰਧਨ ਨਿਯਮਾਂ ਅਧੀਨ ਚੱਲ ਰਹੇ ਕੰਮਾਂ ਦੀ ਸਮੀਖਿਆ ਲਈ ਮਿਊਂਸੀਪਲ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਵਾਧੂ ਕਮਿਸ਼ਨਰ ਸੁਰਿੰਦਰ ਸਿੰਘ ਨੇ ਸ਼ਹਿਰ ਦੇ ਵੱਖ-ਵੱਖ ਮਟੀਰੀਅਲ ਰਿਕਵਰੀ ਫੈਸਿਲਟੀ ਸੈਂਟਰਾਂ, ਕੰਪੋਸਟ ਪਿੱਟਾਂ ਅਤੇ ਭਗਤਾਂਵਾਲਾ ਪੁਰਾਣੀ ਕਚਰਾ ਡੰਪ ਸਾਈਟ 'ਤੇ ਚੱਲ ਰਹੇ ਬਾਇਓ-ਰਿਮੀਡੀਏਸ਼ਨ ਕੰਮ ਦੀ ਜਾਂਚ ਕੀਤੀ।ਇਹ ਦੌਰਾ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਨਿਰਦੇਸ਼ਾਂ ਅਨੁਸਾਰ ਕੀਤਾ ਗਿਆ। ਜਾਂਚ ਦੌਰਾਨ ਵਾਧੂ ਕਮਿਸ਼ਨਰ ਨੇ ਘਰ-ਘਰ ਕਚਰਾ ਇਕੱਠਾ ਕਰਨ, ਗਿੱਲੇ-ਸੁੱਕੇ ਕਚਰੇ ਦਾ ਵੱਖਰੇਵਾਂ ਕਰਨ, ਪ੍ਰੋਸੈਸਿੰਗ ਅਤੇ ਰੀਸਾਈਕਲਿੰਗ ਪ੍ਰਣਾਲੀ ਦੀ ਵੀ ਸਮੀਖਿਆ ਕੀਤੀ।ਵਾਧੂ ਕਮਿਸ਼ਨਰ ਨੇ ਭਗਤਾਂਵਾਲਾ ਡੰਪ ਸਾਈਟ 'ਤੇ ਚੱਲ ਰਹੇ ਬਾਇਓ-ਰਿਮੀਡੀਏਸ਼ਨ ਕੰਮ ਦੀ ਜਾਂਚ ਕਰਦੇ ਹੋਏ ਸੰਬੰਧਿਤ ਏਜੰਸੀ ਨੂੰ ਕੰਮ ਦੀ ਰਫ਼ਤਾਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਇਹ ਕੰਮ ਨਿਰਧਾਰਤ ਸਮੇਂ ਅੰਦਰ ਪੂਰਾ ਕੀਤਾ ਜਾ ਸਕੇ।ਅਧਿਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਸਿੰਘ ਨੇ ਕਿਹਾ ਕਿ ਵਿਗਿਆਨਕ ਕਚਰਾ ਪ੍ਰਬੰਧਨ ਅਤੇ ਬਾਇਓ-ਰਿਮੀਡੀਏਸ਼ਨ ਕੰਮ ਸਮੇਂ ਸਿਰ ਪੂਰਾ ਕਰਨਾ ਲੋਕਾਂ ਦੀ ਸਿਹਤ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਬਹੁਤ ਜ਼ਰੂਰੀ ਹੈ।ਸਾਰੀਆਂ ਟੀਮਾਂ ਨੂੰ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਕਿਹਾ ਗਿਆ। ਜਨਤਾ ਨਾਲ ਅਪੀਲ ਕਰਦੇ ਹੋਏ ਉਨ੍ਹਾਂ ਕਿਹਾ ਕਿ ਸਾਫ਼ ਅੰਮ੍ਰਿਤਸਰ ਲਈ ਨਾਗਰਿਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਹਰ ਨਿਵਾਸੀ ਘਰ 'ਤੇ ਹੀ ਗਿੱਲੇ ਅਤੇ ਸੁੱਕੇ ਕਚਰੇ ਦਾ ਵੱਖਰੇਵਾਂ ਕਰੇ, ਕੂੜਾ ਇੱਧਰ-ਉਧਰ ਨਾ ਸੁੱਟੇ ਅਤੇ ਮਿਊਂਸੀਪਲ ਕਾਰਪੋਰੇਸ਼ਨ ਦੀਆਂ ਸਫ਼ਾਈ ਮੁਹਿੰਮਾਂ ਵਿੱਚ ਸਹਿਯੋਗ ਦੇਵੇ।ਲੋਕਾਂ ਦੇ ਸਹਿਯੋਗ ਨਾਲ ਹੀ ਸ਼ਹਿਰ ਨੂੰ ਸਾਫ਼, ਸਿਹਤਮੰਦ ਅਤੇ ਟਿਕਾਊ ਬਣਾਇਆ ਜਾ ਸਕਦਾ ਹੈ।ਅਧਿਕਾਰੀਆਂ ਨੇ ਦੱਸਿਆ ਕਿ 1 ਅਕਤੂਬਰ 2025 ਤੋਂ 17 ਜਨਵਰੀ 2026 ਤੱਕ 1,91,719 ਮੈਟ੍ਰਿਕ ਟਨ ਪੁਰਾਣਾ ਕਚਰਾ ਬਾਇਓ-ਰਿਮੀਡੀਏਸ਼ਨ ਰਾਹੀਂ ਨਿਪਟਾਇਆ ਗਿਆ, ਜਿਸਦੀ ਰੋਜ਼ਾਨਾ ਔਸਤ 3,022 ਮੈਟ੍ਰਿਕ ਟਨ ਹੈ।18 ਜਨਵਰੀ 2026 ਨੂੰ 3,428 ਮੈਟ੍ਰਿਕ ਟਨ ਕਚਰਾ ਪ੍ਰੋਸੈਸ ਕੀਤਾ ਗਿਆ, ਜਿਸ ਨਾਲ ਕੁੱਲ ਅੰਕੜਾ 1,95,147 ਮੈਟ੍ਰਿਕ ਟਨ ਤੱਕ ਪਹੁੰਚ ਗਿਆ ਹੈ।ਬਾਇਓ-ਰਿਮੀਡੀਏਸ਼ਨ ਪ੍ਰਕਿਰਿਆ ਰਾਹੀਂ ਪੁਰਾਣੇ ਕਚਰੇ ਨੂੰ ਵਿਗਿਆਨਕ ਤਰੀਕੇ ਨਾਲ ਰੀਸਾਈਕਲਯੋਗ, ਵਰਤੋਂਯੋਗ ਅਤੇ ਕਚਰੇ ਵਿੱਚ ਬਦਲਿਆ ਜਾ ਰਿਹਾ ਹੈ, ਜਿਸ ਨਾਲ ਪ੍ਰਦੂਸ਼ਣ ਘੱਟ ਹੋ ਰਿਹਾ ਹੈ, ਭੂ-ਜਲ ਸੁਰੱਖਿਅਤ ਰਹਿੰਦਾ ਹੈ ਅਤੇ ਜ਼ਮੀਨ ਮੁੜ ਵਰਤੋਂ ਯੋਗ ਬਣ ਰਹੀ ਹੈ।ਇਸ ਮੌਕੇ ਡਾ. ਕਿਰਨ ਅਤੇ ਮਿਊਂਸੀਪਲ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।



## ਰਿਆਨ ਸਕੂਲ ਵੱਲੋਂ ਵਿਦਿਆਰਥੀਆਂ ਦਾ ਸਵਾਗਤ



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**-ਰਿਆਨ ਇੰਟਰਨੈਸ਼ਨਲ ਸਕੂਲ ਅੰਮ੍ਰਿਤਸਰ ਨੇ ਸਰਦੀਆਂ ਦੀਆਂ ਛੁੱਟੀਆਂ ਤੋਂ ਬਾਅਦ ਵਾਪਸ ਆਏ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਇੱਕ ਸੁਹਿਰਦ ਰੀ-ਐਂਟਰੀ ਡੇ ਅਸੈਂਬਲੀ ਦਾ ਆਯੋਜਨ ਕੀਤਾ। ਅਧਿਆਪਕਾਂ ਨੇ ਅਸੈਂਬਲੀ ਦਾ ਸੰਚਾਲਨ ਕੀਤਾ, ਜਿਸ ਨਾਲ ਇੱਕ ਸਕਾਰਾਤਮਕ ਮਾਹੌਲ ਬਣਿਆ।ਪ੍ਰੋਗਰਾਮ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ, ਜਿਸ ਵਿੱਚ ਚੰਗੀ ਸਿਹਤ ਅਤੇ ਨਵੇਂ ਸਮੈਸਟਰ ਦੇ ਸਫਲ ਹੋਣ ਲਈ ਅਸ਼ੀਰਵਾਦ ਮੰਗਿਆ ਗਿਆ। ਬ੍ਰੇਕ ਦੌਰਾਨ ਆਪਣੇ ਜਨਮਦਿਨ ਮਨਾਉਣ ਵਾਲੇ ਵਿਦਿਆਰਥੀਆਂ ਲਈ ਇੱਕ ਖੁਸ਼ਹਾਲ ਜਨਮਦਿਨ ਗੀਤ ਗਾਇਆ ਗਿਆ, ਜਿਸ ਤੋਂ ਬਾਅਦ ਇੱਕ ਸਵਾਗਤੀ ਗੀਤ ਗਾਇਆ ਗਿਆ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸਕਾਰਾਤਮਕਤਾ ਅਤੇ ਅਨੁਸ਼ਾਸਨ ਨਾਲ ਨਵੇਂ ਸਾਲ ਦੀ ਸ਼ੁਰੂਆਤ ਕਰਨ ਲਈ ਪ੍ਰੇਰਿਤ ਕੀਤਾ।ਅਸੈਂਬਲੀ ਪ੍ਰਿੰਸੀਪਲ ਕੰਚਨ ਮਲਹੋਤਰਾ ਦੇ ਇੱਕ ਪ੍ਰੇਰਨਾਦਾਇਕ ਸੰਦੇਸ਼ ਨਾਲ ਸਮਾਪਤ ਹੋਈ, ਜਿਸਨੇ ਵਿਦਿਆਰਥੀਆਂ ਨੂੰ ਅਨੁਸ਼ਾਸਿਤ ਅਤੇ ਮੁੱਲ-ਅਧਾਰਤ ਰਹਿਣ ਲਈ ਉਤਸ਼ਾਹਿਤ ਕੀਤਾ।

# ਸੱਚਖੰਡ ਵਾਸੀ ਸੰਤ ਬਾਬਾ ਦਯਾ ਸਿੰਘ ਦੇ ਬਰਸੀ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਮਨਾਏ




**ਝਬਾਲ (ਹਰਜਿੰਦਰ ਸਿੰਘ ਸੋਨੀ)**

ਬਿਧੀ ਚੰਦ ਛੀਨਾ ਗੁਰੂ ਕਾ ਸੀਨਾ, ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਮਹਾਰਾਜ ਦੇ ਦਰੋਂ-ਘਰੋਂ ਵਰੋਸਾਏ ਬਾਬਾ ਬਿਧੀ ਚੰਦ ਸਾਹਿਬ ਜੀ ਦੇ ਗਿਆਰਵੇਂ ਜਾਨਸ਼ੀਨ ਸ਼੍ਰੋਮਣੀ ਪੰਥ ਸੇਵਕ ਸ਼੍ਰੀਮਾਨ ਸੱਚਖੰਡ ਵਾਸੀ ਸੰਤ ਬਾਬਾ ਦਯਾ ਸਿੰਘ ਜੀ ਦੀ 12ਵੀਂ ਬਰਸੀ ਨੂੰ ਸਮਰਪਿਤ ਸਮਾਗਮ 19 ਜਨਵਰੀ ਦਿਨ ਸੋਮਵਾਰ ਦਲ ਬਾਬਾ ਬਿਧੀ ਚੰਦ ਸਾਹਿਬ ਜੀ ਦੇ ਵਰਤਮਾਨ ਦੇ 12 ਮੌਜੂਦਾ ਮੁੱਖੀ ਸ਼੍ਰੀਮਾਨ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਜੀ ਦੀ ਅਗਵਾਈ ਹੇਠ ਸਮੂਹ ਨਗਰ ਇਲਾਕੇ ਦੇਸ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾਂ ਨਾਲ ਮਨਾਏ ਗਏ।ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ।ਬੀਤੇ ਸ਼ਨੀਵਾਰ ਨੂੰ ਸਕੂਲੀ ਬੱਚਿਆਂ ਦੇ ਮੁਕਾਬਲੇ ਕਰਵਾਏ ਗਏ।ਜਿੱਤਣ ਵਾਲੇ ਬੱਚਿਆਂ ਨੂੰ ਬਾਬਾ ਅਵਤਾਰ ਸਿੰਘ ਵੱਲੋਂ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਬੀਤੇ ਐਤਵਾਰ 5 ਮਾਘ ਰਾਤ ਨੂੰ 6 ਵਜੇ ਤੋਂ 11ਵਜੇ ਤੱਕ ਕੀਰਤਨ ਦਰਬਾਰ ਕੀਤਾ ਗਿਆ।ਅਗਲੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਬਾਬਾ ਬਿਧੀ ਚੰਦ ਸਾਹਿਬ ਦੀਵਾਨ ਹਾਲ ਵਿੱਚ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰਾਂ ਨੇ ਬਾਬਾ ਬਿਧੀ ਚੰਦ ਸਾਹਿਬ ਤੇ ਸੱਚਖੰਡ ਵਾਸੀ ਸੰਤ ਬਾਬਾ ਦਯਾ ਸਿੰਘ ਦਾ ਜੀਵਨ ਇਤਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਚੇਚੇ ਤੌਰ 'ਤੇ ਪ੍ਰਧਾਨ ਐੱਸਜੀਪੀਸੀ ਹਰਜਿੰਦਰ ਸਿੰਘ ਧਾਮੀ, ਬਾਬਾ ਜੋਗਾ ਸਿੰਘ ਮੁੱਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ, ਬੁੱਢਾ ਦਲ ਦੇ ਮੁਖੀ ਸੰਤ ਬਾਬਾ ਬਲਵੀਰ ਸਿੰਘ, ਬਾਬਾ ਨਰਿੰਦਰ ਸਿੰਘ ਲੰਗਰ ਸਾਹਿਬ ਹਜੂਰ ਸਾਹਿਬ ਵਾਲੇ ਅਤੇ ਤਖਤਾਂ ਦੇ ਜਥੇਦਾਰ, ਸਿੰਘ ਸਾਹਿਬਾਨ, ਸੰਪ੍ਰਦਾਵਾਂ ਦੇ ਮੁਖੀਆਂ ਨੇ ਪਹੁੰਚ ਕੇ ਹਾਜ਼ਰੀ ਭਰੀ।ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਵੱਲੋਂ ਪਹੁੰਚ ਸਾਰੇ ਸੰਤਾਂ ਮਹੰਤਾਂ ਨੂੰ ਗੁਰੂ ਘਰ ਦੀ ਬਖਸਿਸ਼ ਸਿਰਪਾਉ ਦੇ ਕੇ ਸਨਮਾਨਿਤ ਕੀਤਾ ਗਿਆ ਤੇ ਜੀ ਆਇਆਂ ਨੂੰ ਆਖਿਆ।ਦੋਵੇਂ ਦਿੰਨ ਖੰਡੇ ਬਾਟੇ ਦਾ ਅੰਮ੍ਰਿਤ ਸੰਚਾਰ ਕੀਤਾ ਗਿਆ। ਅਨੇਕਾਂ ਪਰਾਣੀ ਖੰਡੇ ਬਾਟੇ ਦਾ ਅੰਮਿਤ ਛਕ ਕੇ ਗੁਰੂ ਵਾਲੇ ਬਣੇ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਗੁਰੂ ਕੇ ਲੰਗਰ ਦਿਨ ਰਾਤ ਅਤੁੱਟ ਵਰਤਾਏ ਜਾ ਰਹੇ ਹਨ।ਇਸ ਮੌਕੇ ਸੰਤ ਬਾਬਾ ਅਵਤਾਰ ਸਿੰਘ ਤੋਂ ਇਲਾਵਾ ਬਾਬਾ ਪ੍ਰੇਮ ਸਿੰਘ, ਬਾਬਾ ਚਰਨਜੀਤ ਸਿੰਘ, ਬਾਬ ਬਲਦੇਵ ਸਿੰਘ ਭੈਲ ਤੇ ਹੋਰ ਬੇਅੰਤ ਸੇਵਾਦਾਰ ਸੰਗਤਾਂ ਹਾਜ਼ਰ ਸਨ।

# ਕੀ ਮਹੀਨਾਵਾਰ ਤਨਖਾਹ ਇੱਕ ਚਮਕਦਾਰ ਧੋਖਾ ਤਾਂ ਨਹੀਂ ? : ਡਾ. ਸੰਦੀਪ ਸਿੰਘ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਡਾ. ਸੰਦੀਪ ਸਿੰਘ ਪ੍ਰਿੰਸੀਪਲ ਅੰਮ੍ਰਿਤਸਰ ਇੰਸਟੀਚਿਊਟ ਆਫ ਨਰਸਿੰਗ ਖੈਰਦੀ ਤਰਨ ਅਨੁਸਾਰ ਦਹਾਕਿਆਂ ਤੋਂ ਇੱਕ ਸਫਲ ਜੀਵਨ ਦਾ ਰਸਤਾ ਪੱਥਰ 'ਤੇ ਲਕੀਰ ਵਾਂਗ ਮੰਨਿਆ ਜਾਂਦਾ ਸੀ। ਮਨ ਲਗਾ ਕੇ ਪੜ੍ਹੋ, ਡਿਗਰੀ ਹਾਸਲ ਕਰੋ ਅਤੇ ਇੱਕ ਸਥਿਰ ਸਰਕਾਰੀ ਜਾਂ ਪ੍ਰਾਈਵੇਟ ਨੌਕਰੀ ਪ੍ਰਾਪਤ ਕਰੋ।ਹਰ ਪੀੜ੍ਹੀ ਨੂੰ ਇਹੀ ਸੁਪਨਾ ਵੇਚਿਆ ਗਿਆ।ਇੱਕ ਪੱਕੀ ਤਨਖਾਹ, ਸਿਹਤ ਸਹੂਲਤਾਂ ਅਤੇ ਤਰੱਕੀ ਦੀ ਪੌੜੀ।ਪਰ ਜਿਵੇਂ-ਜਿਵੇਂ 2026 ਦਾ ਆਰਥਿਕ ਦ੍ਰਿਸ਼ ਬਦਲ ਰਿਹਾ ਹੈ, ਇੱਕ ਗੰਭੀਰ ਸਵਾਲ ਉੱਠ ਰਿਹਾ ਹੈ: ਕੀ ਇੱਕ ਤਨਖਾਹਦਾਰ ਕਰਮਚਾਰੀ ਬਣਨਾ ਅਸਲ ਵਿੱਚ ਇੱਕ ਪਾਲਿਸ਼ ਕੀਤਾ ਹੋਇਆ ਧੋਖਾ ਹੈ।ਇਸ ਮਾਡਲ ਦੀ ਸਭ ਤੋਂ ਤਿੱਖੀ ਆਲੋਚਨਾ ਪਹਿਲੀ ਤਨਖਾਹ ਮਿਲਣ ਤੋਂ ਬਹੁਤ ਪਹਿਲਾਂ ਸ਼ੁਰੂ ਹੁੰਦੀ ਹੈ।ਵਿਦਿਆਰਥੀ 15 ਤੋਂ 18 ਸਾਲ ਸਖ਼ਤ ਅਕਾਦਮਿਕ ਪੜ੍ਹਾਈ ਵਿੱਚ ਬਿਤਾਉਂਦੇ ਹਨ, ਫਿਰ ਵੀ ਇੰਡਸਟਰੀ ਉਨ੍ਹਾਂ ਤੋਂ ਸੰਤੁਸ਼ਟ ਨਹੀਂ ਹੈ।ਨੈਸ਼ਨਲ ਇੰਪਲਾਇਬਿਲਟੀ ਰਿਪੋਰਟ ਸਮੇਤ ਕਈ ਉਚ-ਪੱਧਰੀ ਅਧਿਐਨਾਂ ਨੇ ਇੱਕ ਹੈਰਾਨ ਕਰਨ ਵਾਲੀ ਸੱਚਾਈ ਉਜਾਗਰ ਕੀਤੀ ਹੈ।ਭਾਰਤ ਵਿੱਚ ਲਗਭਗ 70% ਤੋਂ 80% ਇੰਜੀਨੀਅਰਿੰਗ ਗ੍ਰੈਜੂਏਟ ਆਧੁਨਿਕ ਆਰਥਿਕਤਾ ਲਈ ਨੌਕਰੀ ਦੇ ਯੋਗ ਨਹੀਂ ਮੰਨੇ ਜਾਂਦੇ।ਇਹ ਸੰਕਟ ਸਿਰਫ਼ ਇੰਜੀਨੀਅਰਾਂ ਤੱਕ ਸੀਮਤ ਨਹੀਂ ਹੈ।ਡਾਕਟਰ ਅਤੇ ਪੈਰਾਮੈਡੀਕਲ ਸਟਾਫ ਵੀ ਅਕਸਰ ਹੁਨਰ ਦੇ ਪਾੜ੍ਹੇ (ਸਕਿਲਜ਼ ਗੈਪ) ਦਾ ਸਾਹਮਣਾ ਕਰਦੇ ਹਨ ਜਿੱਥੇ ਕਿਤਾਬੀ ਗਿਆਨ 2026 ਦੇ ਹਸਪਤਾਲਾਂ ਦੀਆਂ ਵਿਹਾਰਕ ਅਤੇ ਤਕਨੀਕੀ ਮੰਗਾਂ ਨੂੰ ਪੂਰਾ ਕਰਨ ਵਿੱਚ ਅਸਫਲ ਰਹਿੰਦਾ ਹੈ।ਅਸੀਂ ਅਸਲ ਵਿੱਚ ਡੇਢ ਦਹਾਕੇ ਦੀ ਪੜ੍ਹਾਈ ਲਈ ਭਾਰੀ ਕੀਮਤ ਚੁਕਾਉਂਦੇ ਹਾਂ, ਸਿਰਫ਼ ਇਹ ਦੇਖਣ ਲਈ ਕਿ ਅੰਤ ਵਿੱਚ ਮਿਲਣ ਵਾਲੀ ਚਮਕਦਾਰ ਤਨਖਾਹ ਲਈ ਸਾਨੂੰ ਕੰਮ ਤੇ ਸਭ ਕੁਝ ਦੁਬਾਰਾ ਸਿੱਖਣਾ ਪੈਂਦਾ ਹੈ।ਸਰਕਾਰ ਅਤੇ ਸਿੱਖਿਆ ਖੇਤਰ ਦੇ ਧੁਰੰਧਰਾਂ ਲਈ ਹੁਣ ਸਮਾਂ ਆ ਗਿਆ ਹੈ ਕਿ ਉਹ ਸਾਡੇ ਸਕੂਲਾਂ ਦੇ ਬੁਨਿਆਦੀ ਢਾਂਚੇ ਬਾਰੇ ਦੁਬਾਰਾ ਸੋਚਣ।ਸਿੱਖਿਆ ਨੂੰ ਜੀਵਨ ਦੇ ਹਰ ਪਹਿਲੂ ਲਈ ਅਸਲੀ ਅਤੇ ਵਿਹਾਰਕ ਬਣਾਇਆ ਜਾਣਾ ਚਾਹੀਦਾ ਹੈ ਪਰ ਸਭ ਤੋਂ ਮਹੱਤਵਪੂਰਨ ਇਹ ਹੈ ਕਿ ਸਿੱਖਿਆ ਨੈਤਿਕ ਅਤੇ ਇਖਲਾਕੀ ਕਦਰਾਂ-ਕੀਮਤਾਂ 'ਤੇ ਅਧਾਰਤ ਹੋਣੀ ਚਾਹੀਦੀ ਹੈ।ਡਿਗਰੀਆਂ ਦੀ ਦੌੜ ਵਿੱਚ ਅਸੀਂ ਇਨਸਾਨੀ ਕਿਰਦਾਰ ਬਣਾਉਣਾ ਭੁੱਲ ਗਏ ਹਾਂ।ਨੈਤਿਕਤਾ ਤੋਂ ਬਿਨਾਂ ਇੱਕ ਪੇਸ਼ੇਵਰ ਸਮਾਜ ਲਈ ਬੋਝ ਹੈ,ਚਾਹੇ ਉਸ ਕੋਲ ਕਿੰਨੀਆਂ ਵੀ ਡਿਗਰੀਆਂ ਕਿਉਂ ਨਾ ਹੋਣ। ਇਸ ਤੋਂ ਇਲਾਵਾ, ਮਾਪਿਆਂ ਦੀ ਵੀ ਜ਼ਿੰਮੇਵਾਰੀ ਹੈ ਕਿ ਉਹ ਸਿਰਫ਼ ਇੰਜੀਨੀਅਰ-ਡਾਕਟਰ-ਅਫ਼ਸਰ ਬਣਾਉਣ ਦੇ ਜਨੂੰਨ ਤੋਂ ਬਾਹਰ ਨਿਕਲਣ।ਹਰ ਬੱਚੇ ਵਿੱਚ ਇੱਕ ਵਿਲੱਖਣ ਯੋਗਤਾ ਹੁੰਦੀ ਹੈ ਜਿਸ ਦੀ ਹੁਨਰ ਜਾਂਚ ਛੋਟੀ ਉਮਰ ਵਿੱਚ ਹੀ ਕੀਤੀ ਜਾਣੀ ਚਾਹੀਦੀ ਹੈ।ਸਾਨੂੰ ਇੱਕ ਅਜਿਹਾ ਸਮਾਜ ਸਿਰਜਣਾ ਚਾਹੀਦਾ ਹੈ ਜਿੱਥੇ ਸਾਰੇ ਖੇਤਰ ਬਰਾਬਰ ਹੋਣ; ਇੱਕ ਕੁਸ਼ਲ ਟੈਕਨੀਸ਼ੀਅਨ, ਇੱਕ ਕਲਾਕਾਰ ਜਾਂ ਇੱਕ ਸਿਹਤ ਕਰਮਚਾਰੀ ਓਨੇ ਹੀ ਸਨਮਾਨ ਦਾ ਹੱਕਦਾਰ ਹੈ ਜਿੰਨਾ ਕਿ ਇੱਕ ਉੱਚ ਅਧਿਕਾਰੀ।ਤਨਖਾਹ ਦਾ ਮੁੱਖ ਆਕਰਸ਼ਣ ਇਸਦੀ ਸਥਿਰਤਾ ਹੈ।ਅਸੀਂ ਇਸ ਉਮੀਦ ਵਿੱਚ ਆਪਣਾ ਸਮਾਂ ਵੇਚਦੇ ਹਾਂ ਕਿ ਮਹੀਨੇ ਦੀ ਨਿਸ਼ਚਿਤ ਤਾਰੀਖ ਨੂੰ ਬੈਂਕ ਵਿੱਚ ਪੈਸੇ ਆ ਜਾਣਗੇ।ਪਰ ਅੱਜ ਦੇ ਦੌਰ ਵਿੱਚ ਇਹ ਸੁਰੱਖਿਆ ਸਿਰਫ਼ ਇੱਕ ਭਰਮ ਹੈ।ਆਲੋਚਕ ਕਹਿੰਦੇ ਹਨ ਕਿ ਤਨਖਾਹਦਾਰ ਵਰਗ ਇੱਕ ਅਦਿੱਖ ਛੱਤ ਦੇ ਹੇਠਾਂ ਰਹਿੰਦਾ ਹੈ।ਤੁਹਾਨੂੰ ਤੁਹਾਡੀ ਕਾਬਲੀਅਤ ਲਈ ਨਹੀਂ, ਸਗੋਂ ਤੁਹਾਡੀ ਪੋਸਟ ਲਈ ਪੈਸੇ ਮਿਲਦੇ ਹਨ।ਜੇ ਤੁਸੀਂ ਪ੍ਰੋਜੈਕਟ ਨੂੰ ਪੂਰਾ ਕਰਨ ਲਈ 40 ਦੀ ਬਜਾਏ 60 ਘੰਟੇ ਕੰਮ ਕਰਦੇ ਹੋ, ਤਾਂ ਤੁਹਾਡੀ ਤਨਖਾਹ ਓਨੀ ਹੀ ਰਹਿੰਦੀ ਹੈ।ਇਹ ਮਾਲਕ ਲਈ ਮੁਫਤ ਓਵਰਟਾਈਮ ਕਰਵਾਉਣ ਦਾ ਇੱਕ ਪਾਲਿਸ਼ ਕੀਤਾ ਹੋਇਆ ਤਰੀਕਾ ਹੈ।ਇਸ ਧੋਖੇ ਦਾ ਸਭ ਤੋਂ ਚਮਕਦਾਰ ਹਿੱਸਾ ਟੈਕਸ ਪ੍ਰਣਾਲੀ ਹੈ।ਤਨਖਾਹਦਾਰ ਕਰਮਚਾਰੀ ਸਮਾਜ ਦਾ ਸਭ ਤੋਂ ਵੱਧ ਟੈਕਸ ਭਰਨ ਵਾਲਾ ਵਰਗ ਹੈ।ਵਪਾਰੀਆਂ ਦੇ ਉਲਟ, ਜੋ ਖਰਚੇ ਕੱਢਣ ਤੋਂ ਬਾਅਦ ਟੈਕਸ ਦਿੰਦੇ ਹਨ, ਮੁਲਾਜ਼ਮਾਂ ਦਾ ਟੈਕਸ ਪਹਿਲਾਂ ਹੀ ਕੱਟ ਲਿਆ ਜਾਂਦਾ ਹੈ, ਉਹ ਸਰਕਾਰ ਨੂੰ ਪਹਿਲਾਂ ਪੈਸੇ ਦਿੰਦੇ ਹਨ ਅਤੇ ਆਪਣਾ ਕਿਰਾਇਆ ਬਾਅਦ ਵਿੱਚ।ਇਸ ਦੇ ਨਾਲ ਹੀ ਸਥਿਰ ਆਮਦਨ ਕਾਰਨ ਅਸੀਂ ਕਾਰਾਂ ਅਤੇ ਘਰਾਂ ਦੀਆਂ ਕਿਸ਼ਤਾਂ ਹੈ, ਈਐੱਮਆਈ ਦੇ ਜਾਲ ਵਿੱਚ ਫਸ ਜਾਂਦੇ ਹਾਂ ਅਤੇ ਆਪਣੀ ਆਜ਼ਾਦੀ ਗੁਆ ਬੈਠਦੇ ਹਾਂ।ਤਨਖਾਹਦਾਰ ਜੀਵਨ ਸ਼ਾਇਦ ਕੋਈ ਅਪਰਾਧਿਕ ਧੋਖਾ ਨਹੀਂ ਹੈ, ਪਰ ਇਹ ਇੱਕ ਅਜਿਹਾ ਸੌਦਾ ਹੈ ਜਿਸ ਵਿੱਚ ਕਰਮਚਾਰੀ ਦਾ ਨੁਕਸਾਨ ਵੱਧ ਰਿਹਾ ਹੈ।ਖ਼ਤਰਾ ਉਦੋਂ ਹੁੰਦਾ ਹੈ ਜਦੋਂ ਅਸੀਂ ਇੱਕ ਮਾਸਿਕ ਚੈੱਕ ਨੂੰ ਸਦੀਵੀ ਸੁਰੱਖਿਆ ਸਮਝ ਲੈਂਦੇ ਹਾਂ।2026 ਵਿੱਚ ਸਫਲਤਾ ਦਾ ਮਤਲਬ ਸਿਰਫ਼ ਨੌਕਰੀ ਨਹੀਂ ਸਗੋਂ ਚੰਗੇ ਕਿਰਦਾਰ, ਵਿਹਾਰਕ ਹੁਨਰ ਅਤੇ ਸਵੈ-ਨਿਰਭਰਤਾ ਦਾ ਹੋਣਾ ਹੈ।



20-Jan-PAGE-4.qxd 1/19/2026 10:34 PM Page 1

ਨਵਾਂ ਜ਼ਮਾਨਾ
ਮੰਗਲਵਾਰ, 20 ਜਨਵਰੀ 2026

# ਘਰ 'ਚ ਨਮਾਜ਼ ਪੜ੍ਹਨੀ ਵੀ ਗੁਨਾਹ!

*ਯੂ ਪੀ ਦੇ ਬਰੇਲੀ ਜ਼ਿਲ੍ਹੇ ਦੇ ਪਿੰਡ ਮੁਹੰਮਦਗੰਜ ਵਿੱਚ ਖਾਲੀ ਪਏ ਘਰ 'ਚ ਕੁਝ ਲੋਕਾਂ ਦੇ ਨਮਾਜ਼ ਪੜ੍ਹਨ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ 12 ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਸ ਦਾ ਕਹਿਣਾ ਹੈ ਕਿ ਲੋਕਾਂ ਤੋਂ ਸ਼ਿਕਾਇਤ ਮਿਲੀ ਸੀ ਕਿ ਹਸੀਨ ਖਾਨ ਦੇ ਖਾਲੀ ਪਏ ਘਰ ਨੂੰ ਕਈ ਹਫਤਿਆਂ ਤੋਂ ਆਰਜ਼ੀ ਮਦਰੱਸੇ ਵਜੋਂ ਇਸਤੇਮਾਲ ਕੀਤਾ ਜਾ ਰਿਹਾ ਹੈ ਤੇ ਬਿਨਾਂ ਲਿਖਤੀ ਮਨਜ਼ੂਰੀ ਦੇ ਸਮੂਹਕ ਧਾਰਮਕ ਸਰਗਰਮੀ ਕੀਤੀ ਜਾ ਰਹੀ ਹੈ।*

*ਟਰੇਨ ਵਿੱਚ, ਹਵਾਈ ਅੱਡੇ 'ਤੇ, ਸੜਕ 'ਤੇ, ਸਟੇਸ਼ਨ 'ਤੇ ਨਮਾਜ਼ ਪੜ੍ਹਨ ਖਿਲਾਫ ਐੱਫ ਆਈ ਆਰ ਦਰਜ ਕਰਨੀ ਤਾਂ ਪਿਛਲੇ ਇੱਕ ਦਹਾਕੇ ਤੋਂ ਆਮ ਹੈ, ਪਰ ਪਹਿਲੀ ਵਾਰ ਹੈ ਕਿ ਘਰ ਵਿੱਚ ਨਮਾਜ਼ ਪੜ੍ਹਨ 'ਤੇ ਵੀ ਐੱਫ ਆਈ ਆਰ ਦਰਜ ਕਰ ਦਿੱਤੀ ਗਈ ਹੈ। ਪੁਲਸ ਦਾ ਕਹਿਣਾ ਹੈ ਕਿ ਇਹ ਕਾਰਵਾਈ ਸਿਰਫ ਅਮਨ ਕਾਇਮ ਰੱਖਣ ਲਈ ਕੀਤੀ ਗਈ ਹੈ, ਨਾ ਕਿ ਕਿਸੇ ਧਰਮ ਦੇ ਖਿਲਾਫ। ਹਾਲਾਂਕਿ ਪੁਲਸ ਨੇ ਇਹ ਨਹੀਂ ਦੱਸਿਆ ਕਿ ਨਮਾਜ਼ੀਆਂ ਨੇ ਕਿਵੇਂ ਅਮਨ ਭੰਗ ਕੀਤਾ? ਇਹ ਵੀ ਨਹੀਂ ਦੱਸਿਆ ਕਿ ਕੀ ਉਨ੍ਹਾਂ ਕਿਸੇ ਖਿਲਾਫ ਕੋਈ ਉਕਸਾਵੇ ਵਾਲੀ ਗੱਲ ਕਹੀ? ਕੀ ਪੁਲਸ ਕੋਲ ਸ਼ਿਕਾਇਤ ਕਰ ਦੇਣਾ ਹੀ ਅਮਨ ਭੰਗ ਕਰਨ ਦੇ ਦਾਇਰੇ ਵਿੱਚ ਆ ਜਾਂਦਾ ਹੈ?*

*ਭਾਜਪਾ ਸ਼ਾਸਤ ਰਾਜਾਂ ਵਿੱਚ ਸਿਰਫ ਮੁਸਲਮਾਨਾਂ ਦੀ ਧਾਰਮਕ ਸਰਗਰਮੀ ਨੂੰ ਅਮਨ ਲਈ ਖਤਰਾ ਮੰਨਿਆ ਜਾਂਦਾ ਹੈ। ਹੋਰਨਾਂ ਧਰਮਾਂ ਦੇ ਲੋਕ ਬਿਨਾਂ ਆਗਿਆ ਲਏ ਸੜਕਾਂ 'ਤੇ ਵੱਡੇ-ਵੱਡੇ ਆਯੋਜਨ ਕਰਦੇ ਹਨ, ਘਰਾਂ ਵਿੱਚ ਵੱਡੇ-ਵੱਡੇ ਆਯੋਜਨ ਕਰਦੇ ਹਨ, ਪਰ ਉਹਨਾਂ ਖਿਲਾਫ ਕੋਈ ਕਾਰਵਾਈ ਨਹੀਂ ਹੁੰਦੀ। ਕਿਸੇ ਇੱਕ ਧਰਮ ਦੇ ਪੈਰੋਕਾਰਾਂ ਖਿਲਾਫ ਹੀ ਕਾਰਵਾਈਆਂ ਕਰਨ ਨਾਲ ਦੇਸ਼ ਦੇ ਧਰਮ ਨਿਰਪੱਖ ਚਰਿੱਤਰ 'ਤੇ ਡੂੰਘੀ ਸੱਟ ਵੱਜ ਰਹੀ ਹੈ। ਇਸ ਖਿਲਾਫ ਭਾਵੇਂ ਦੇਸ਼ ਵਿੱਚ ਪ੍ਰਤੀਕਿਰਿਆ ਨਹੀਂ ਹੋ ਰਹੀ, ਪਰ ਮੁਸਲਮ ਬਹੁਗਿਣਤੀ ਵਾਲੇ ਬੰਗਲਾਦੇਸ਼ ਵਿੱਚ ਤਿੱਖੀ ਪ੍ਰਤੀਕਿਰਿਆ ਹੋ ਰਹੀ ਹੈ, ਜਿੱਥੇ ਆਏ ਦਿਨ ਹਿੰਦੂਆਂ ਨੂੰ ਮਾਰਨ ਤੇ ਸਾੜਨ ਦੀਆਂ ਰਿਪੋਰਟਾਂ ਆ ਰਹੀਆਂ ਹਨ। ਪੱਛਮੀ ਦੇਸ਼ਾਂ ਵਿੱਚ ਭਾਰਤੀਆਂ ਖਿਲਾਫ ਨਫਰਤ ਵਧਣ ਦੀਆਂ ਰਿਪੋਰਟਾਂ ਮਿਲ ਰਹੀਆਂ ਹਨ। ਹਾਕਮਾਂ ਨੂੰ ਸਮਝਣਾ ਚਾਹੀਦਾ ਹੈ ਕਿ ਫਿਰਕੂ ਧਰੁਵੀਕਰਨ ਨੇ ਦੇਸ਼ ਤੇ ਇਸ ਦੇ ਲੋਕਾਂ ਦਾ ਦੁਨੀਆ ਵਿੱਚ ਅਕਸ ਖਰਾਬ ਹੀ ਕਰਨਾ ਹੈ।*

## ਪਾਠਕ-ਸੱਥ

### ਚਾਇਨਾ ਡੋਰ ਤੋਂ ਤੌਬਾ

ਪੁਰਾਣੇ ਸਮੇਂ ਵਿਚ ਰਾਜੇ-ਮਹਾਰਾਜੇ ਵੀ ਪਤੰਗਬਾਜ਼ੀ ਦਾ ਬਹੁਤ ਸ਼ੌਕ ਰੱਖਦੇ ਸਨ ਤੇ ਸੂਤ ਦੇ ਧਾਗਿਆਂ ਨਾਲ ਪਤੰਗਾਂ ਉਡਾਈਆਂ ਜਾਂਦੀਆਂ ਸਨ। ਲੋਕ ਕੱਚ, ਸਿੰਥੈਟਿਕ ਡੋਰਾਂ ਨਾਲ ਪਤੰਗ ਉਡਾਉਣੀ ਸ਼ੁਰੂ ਕਰ ਦਿੰਦੇ ਹਨ ਅਤੇ ਆਨੰਦ ਮਾਣਦੇ ਹਨ। ਘਰ ਦੀਆਂ ਛੱਤਾਂ 'ਤੇ ਲੋਕ ਡੀ ਜੇ ਲਗਾਉਂਦੇ ਹਨ ਤੇ ਭੰਗੜੇ ਪਾਉਂਦੇ ਹਨ,ਪਰ ਅੱਜਕੱਲ੍ਹ ਤਾਂ ਚਾਈਨਾ ਡੋਰ ਨਾਲ ਲੋਕ ਪਤੰਗ ਉਡਾਉਂਦੇ ਹਨ, ਜੋ ਬਹੁਤ ਹੀ ਜ਼ਿਆਦਾ ਨੁਕਸਾਨਦਾਇਕ ਹੈ। ਕਈ ਦਹਾਕਿਆਂ ਤੋਂ ਪੰਜਾਬ ਤੇ ਗੁਆਂਢੀ ਸੂਬਿਆਂ ਵਿੱਚ ਪਾਬੰਦੀ ਦੇ ਬਾਵਜੂਦ ਧੜੱਲੇ ਨਾਲ ਚਾਈਨਾ ਡੋਰ ਵਿਕ ਰਹੀ ਹੈ।ਰਾਹਗੀਰਾਂ ਦੇ ਜ਼ਖਮੀ ਹੋਣ ਦਾ ਸਿਲਸਿਲਾ ਲਗਾਤਾਰ ਅਸੀਂ ਅਖ਼ਬਾਰਾਂ ਵਿੱਚ ਪੜ੍ਹਦੇ ਹਾਂ। ਚਾਰ ਕੁ ਦਿਨ ਪਹਿਲਾਂ ਕੁਰਾਲੀ ਵਿਖੇ ਸਬਜ਼ੀ ਲੈ ਕੇ ਮੋਟਰਸਾਈਕਲ 'ਤੇ ਜਾ ਰਿਹਾ ਨੌਜਵਾਨ ਚਾਈਨਾ ਡੋਰ ਦੀ ਲਪੇਟ ਵਿੱਚ ਆ ਗਿਆ। ਉਸ ਦੀ ਥਾਂ 'ਤੇ ਹੀ ਮੌਤ ਹੋ ਗਈ।ਜਲੰਧਰ ਦੇ ਇੱਕ ਨੌਜਵਾਨ ਦੀ ਪੀ ਜੀ ਆਈ ਵਿੱਚ ਮੌਤ ਹੋਈ ਸੀ। ਅਜਨਾਲਾ ਦੇ 20 ਸਾਲਾ ਨੌਜਵਾਨ ਦੀ ਗਰਦਨ ਚਾਈਨਾ ਡੋਰ ਨਾਲ ਬੁਰੀ ਤਰ੍ਹਾਂ ਕੱਟੀ ਗਈ। ਜ਼ਖ਼ਮੀ ਹਾਲਤ ਵਿੱਚ ਉਹ ਮੋਟਰਸਾਈਕਲ ਤੋਂ ਸੜਕ 'ਤੇ ਡਿੱਗ ਗਿਆ।ਹਸਪਤਾਲ ਵਿੱਚ ਹੀ ਉਸ ਦੀ ਮੌਤ ਹੋ ਗਈ।ਪਿਛਲੇ ਸਾਲ ਸਮਰਾਲਾ ਦੇ ਚਾਰ ਸਾਲਾ ਬੱਚੇ ਦਾ ਚਿਹਰਾ ਚਾਈਨਾ ਡੋਰ ਦੀ ਲਪੇਟ ਵਿੱਚ ਆ ਕੇ ਚੀਰਿਆ ਗਿਆ, ਜਿਸ ਕਾਰਨ ਉਸ ਦੇ 70 ਟਾਂਕੇ ਮੂੰਹ 'ਤੇ ਲੱਗੇ। ਇਹ ਸਿੰਥੈਟਿਕ ਧਾਗਾ, ਮਨੁੱਖ ਤੇ ਪੰਛੀਆਂ ਲਈ ਵਧੇਰੇ ਘਾਤਕ ਹੈ। ਕਈ ਦੱਸਦੇ ਹਨ ਕਿ ਇਹ ਧਾਗਾ ਚੀਨ 'ਚ ਨਹੀਂ ਭਾਰਤ ਵਿੱਚ ਹੀ ਵੱਡੀ ਮਾਤਰਾ ਵਿੱਚ ਵਿਕਦਾ ਹੈ। ਇਹ ਪਲਾਸਟਿਕ ਤੇ ਹੋਰ ਕੈਮੀਕਲ ਪਦਾਰਥਾਂ ਤੋਂ ਤਿਆਰ ਕੀਤੀ ਜਾਂਦੀ ਹੈ। ਨਾਈਲੋਨ ਦੀ ਵੀ ਇਸ ਵਿੱਚ ਵਰਤੋਂ ਕੀਤੀ ਜਾਂਦੀ ਹੈ। ਅਸੀਂ ਅਖ਼ਬਾਰਾਂ ਵਿੱਚ ਪੜ੍ਹਦੇ ਹਾਂ, ਸੁਣਦੇ ਹਾਂ ਕਿ ਚਾਇਨਾ ਡੋਰ ਨਾਲ ਕਿੰਨੇ ਪੰਛੀਆਂ ਦੀ ਮੌਤ ਹੋ ਗਈ। ਕਈ ਮਨੁੱਖ ਵੀ ਇਸ ਦਾ ਸ਼ਿਕਾਰ ਹੋਏ, ਕਈਆਂ ਨੂੰ ਆਪਣੀ ਜਾਨ ਤੱਕ ਗੁਆਉਣੀ ਪਈ।ਹੁਣ ਤਾਂ ਲੋਕ ਆਨਲਾਈਨ ਵੀ ਚਾਈਨਾ ਡੋਰ ਨੂੰ ਮੰਗਵਾ ਲੈਂਦੇ ਹਨ।ਜੋ ਚਾਈਨਾ ਡੋਰ ਹੁੰਦੀ ਹੈ ਇਹ ਸਿੰਥੈਟਿਕ , ਨਾਈਲੋਨ ਧਾਗੇ ਦੀ ਬਣੀ ਹੁੰਦੀ ਹੈ।ਪਿਛਲੇ ਸਾਲ ਖੰਨਾ ਸ਼ਹਿਰ ਵਿਚ ਅਜਿਹੀ ਵਾਰਦਾਤ ਹੋਈ ਕਿ ਬੱਚੇ ਦੀ ਗਰਦਨ ਵੱਢੀ ਗਈ, ਹਾਲਾਂਕਿ ਉਸ ਦੀ ਜਾਨ ਬਚ ਗਈ, ਫਿਰ ਵੀ ਉਸ ਦੀ ਗਰਦਨ 'ਤੇ 40 ਦੇ ਕਰੀਬ ਟਾਂਕੇ ਲੱਗੇ। ਪੰਛੀਆਂ ਲਈ ਵੀ ਇਹ ਮੌਤ ਦਾ ਕਾਰਨ ਬਣਨ ਲੱਗ ਪਈ ਹੈ।ਲੋਕ ਇਸ ਨੂੰ ਅਜਿਹੀ ਜਗ੍ਹਾ ਸੁੱਟ ਦਿੰਦੇ ਹਨ ਤੇ ਕਈ ਵਾਰ ਪੰਛੀ ਚੋਗਾ ਚੁਗਦੇ ਹੋਏ ਇਸ ਵਿੱਚ ਫਸ ਜਾਂਦੇ ਹਨ ਤੇ ਉਨ੍ਹਾਂ ਦੇ ਪੈਰਾਂ ਤੇ ਗਰਦਨ ਵਿੱਚ ਡੋਰ ਫਸਣ ਕਾਰਨ ਉਨ੍ਹਾਂ ਦੀ ਮੌਤ ਹੋ ਜਾਂਦੀ ਹੈ।

ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੇ ਸਾਲ 2016 ਵਿੱਚ ਚਾਈਨਾ ਡੋਰ ਦੇ ਉਤਪਾਦਨ , ਵਿਕਰੀ 'ਤੇ ਮੁਕੰਮਲ ਪਾਬੰਦੀ ਲਗਾਈ ਸੀ। ਐੱਨ ਜੀ ਟੀ ਮੁਤਾਬਕ ਜੇ ਕੋਈ ਕਾਨੂੰਨ ਦੀ ਉਲੰਘਣਾ ਕਰਦਾ ਹੈ ਤਾਂ ਉਸ ਨੂੰ ਪੰਜ ਸਾਲ ਦੀ ਸਜ਼ਾ ਤੇ ਲੱਖ ਰੁਪਏ ਤੱਕ ਦਾ ਜੁਰਮਾਨਾ ਵੀ ਹੋ ਸਕਦਾ ਹੈ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਰਾਹੀਂ ਵੀ ਜੇ ਕੋਈ ਚਾਈਨਾ ਡੋਰ ਦੀ ਵਿਕਰੀ ਕਰਦਾ ਹੈ ਤਾਂ ਉਸ ਖਿਲਾਫ ਵੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਹਾਲਾਂਕਿ ਸੂਬੇ ਦੇ ਮੁੱਖ ਮੰਤਰੀ ਵੱਲੋਂ ਸਾਰੇ ਹੀ ਜ਼ਿਲ੍ਹਿਆਂ ਦੇ ਉੱਚ ਅਧਿਕਾਰੀ, ਡਿਪਟੀ ਕਮਿਸ਼ਨਰਾਂ ਨੂੰ ਸਖ਼ਤ ਆਦੇਸ਼ ਦਿੱਤੇ ਹਨ ਕਿ ਜੋ ਹੁਕਮਾਂ ਦੇ ਖ਼ਿਲਾਫ਼ ਚਲਦੇ ਹਨ, ਉਹਨਾਂ ਖ਼ਿਲਾਫ਼ ਕਾਰਵਾਈ ਕਰੋ।ਸਮਾਜਿਕ ਜਥੇਬੰਦੀਆਂ ਵੱਲੋਂ ਕਾਲੀਆਂ ਪੱਟੀਆਂ ਬੰਨ੍ਹ ਕੇ ਡੋਰ ਵੇਚਣ ਵਾਲਿਆਂ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਜਾਂਦਾ ਹੈ। ਅਜਿਹੇ ਦੁਕਾਨਦਾਰਾਂ ਨੂੰ ਬਿਲਕੁਲ ਵੀ ਅਸਰ ਨਹੀਂ ਹੁੰਦਾ।ਜ਼ਿਲ੍ਹਾ ਪੱਧਰ 'ਤੇ ਜਾਂ ਸਕੂਲਾਂ ਵਿੱਚ ਪ੍ਰਿੰਸੀਪਲਾਂ ਵੱਲੋਂ ਸੈਮੀਨਾਰ ਲਗਾ ਕੇ ਬੱਚਿਆਂ ਨੂੰ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਬਸੰਤ ਪੰਚਮੀ ਦਾ ਤਿਉਹਾਰ ਖੁਸ਼ੀ ਨਾਲ ਮਨਾਉਣਾ ਚਾਹੀਦਾ ਹੈ। ਪਤੰਗ ਜ਼ਰੂਰ ਉਡਾਓ, ਪਰ ਖ਼ਤਰਨਾਕ ਡੋਰ ਦਾ ਪ੍ਰਯੋਗ ਬਿਲਕੁਲ ਵੀ ਨਾ ਕਰੋ।

**-ਸੰਜੀਵ ਸਿੰਘ ਸੈਣੀ, ਮੋਹਾਲੀ, ਸੰਪਰਕ : 78889-66168**

### ਆਵਾਰਾ ਕੁੱਤਿਆਂ 'ਤੇ ਸ਼ਿਕੰਜਾ ਜ਼ਰੂਰੀ

ਉੱਤਰ ਪ੍ਰਦੇਸ਼ ਦੇ ਬਿਜਨੌਰ ਵਿੱਚ ਇੱਕ ਬੱਚੇ ਨੂੰ ਆਵਾਰਾ ਕੁੱਤੇ ਦੁਆਰਾ ਵੱਢਣ ਕਰਕੇ ਪਚਵੰਜਾ ਟਾਂਕੇ ਲੱਗਣ ਦੀ ਘਟਨਾ ਨੇ ਲੋਕਾਂ ਵਿੱਚ ਜਿਥੇ ਆਵਾਰਾ ਕੁੱਤਿਆਂ ਪ੍ਰਤੀ ਰੋਹ ਪੈਦਾ ਕੀਤਾ ਹੈ ਉਥੇ ਆਵਾਰਾ ਕੁੱਤਿਆਂ ਦੇ ਸੁਚੱਜੇ ਪ੍ਰਬੰਧ ਦੀ ਚਰਚਾ ਫ਼ਿਰ ਹੋਣੀ ਸ਼ੁਰੂ ਹੋ ਗਈ ਹੈ।ਸਰਵ ਉੱਚ ਅਦਾਲਤ ਨੇ ਆਵਾਰਾ ਕੁੱਤਿਆਂ ਦੇ ਪ੍ਰਬੰਧ ਲਈ ਵੱਖਰੇ ਸ਼ੈਲਟਰ ਹੋਮ ਬਣਾਉਣ, ਟੀਕਾਕਰਨ ਅਤੇ ਨਸਬੰਦੀ ਦੇ ਨਾਲ-ਨਾਲ ਇੱਕ ਨਿਯਮਿਤ ਖੇਤਰ ਵਿੱਚ ਹੀ ਇਹਨਾਂ ਨੂੰ ਭੋਜਨ ਪਾਉਣ ਲਈ ਕਿਹਾ, ਪ੍ਰੰਤੂ ਕੁੱਝ ਜਥੇਬੰਦੀਆਂ ਅਤੇ ਸੰਸਥਾਵਾਂ ਨੇ ਪੂਰੇ ਦੇਸ਼ ਵਿੱਚ ਇਸ ਆਦੇਸ਼ ਦਾ ਵਿਰੋਧ ਕਰਦੇ ਹੋਏ ਕਿਹਾ ਕਿ ਇਹ ਜਾਨਵਰਾਂ ਤੇ ਜ਼ੁਲਮ ਹੈ। ਹੁਣ ਇਹ ਸਵਾਲ ਇਹਨਾਂ ਜਥੇਬੰਦੀਆਂ ਅਤੇ ਸੰਸਥਾਵਾਂ ਤੋਂ ਪੁੱਛਣਾ ਬਣਦਾ ਹੈ ਕਿ ਜਦੋਂ ਇੱਕ ਅਵਾਰਾ ਕੁੱਤੇ ਦੁਆਰਾ ਇੱਕ ਮਾਸੂਮ ਨੂੰ ਵੱਢਿਆ ਗਿਆ, ਉਸ ਦਾ ਮੁਆਵਜ਼ਾ ਕੌਣ ਦੇਵੇਗਾ? ਕੀ ਸੰਸਥਾਵਾਂ ਪੀੜਤ ਬੱਚੇ ਨੂੰ ਮੁਆਵਜ਼ਾ ਦੇਣਗੀਆਂ, ਜੇਕਰ ਨਹੀਂ ਦਿੰਦੀਆਂ ਤਾਂ ਫ਼ਿਰ ਸੁਪਰੀਮ ਕੋਰਟ ਦੇ ਆਦੇਸ਼ ਮੁਤਾਬਿਕ ਆਵਾਰਾ ਕੁੱਤਿਆਂ ਦੇ ਪ੍ਰਬੰਧ ਵਿੱਚ ਉਹ ਕਿਉਂ ਰੋੜਾ ਬਣ ਰਹੀਆਂ ਹਨ ਜਿਉਣ ਦਾ ਅਧਿਕਾਰ ਸਭ ਨੂੰ ਹੈ ਫ਼ਿਰ ਚਾਹੇ ਉਹ ਜਾਨਵਰ ਹੋਵੇ ਜਾਂ ਇਨਸਾਨ, ਪ੍ਰੰਤੂ ਆਪਣੇ ਦਾਇਰੇ ਵਿੱਚ। ਜਦੋਂ ਕੋਈ ਵਿਅਕਤੀ ਜਾਂ ਜਾਨਵਰ ਦੂਜੇ ਲਈ ਖ਼ਤਰਾ ਬਣ ਜਾਵੇ ਤਾਂ ਉਸ ਸਮੱਸਿਆ ਦਾ ਹੱਲ ਲੱਭਿਆ ਜਾਣਾ ਜ਼ਰੂਰੀ ਹੈ। ਆਵਾਰਾ ਕੁੱਤਿਆਂ ਦੇ ਵੱਢਣ ਦੀਆਂ ਘਟਨਾਵਾਂ ਦਿਨੋਂ ਦਿਨ ਵਧ ਰਹੀਆਂ ਹਨ।ਕੁਝ ਸੁਰਖ਼ੀਆਂ ਵਿੱਚ ਆ ਜਾਂਦੀਆਂ ਹਨ ਅਤੇ ਕੁਝ ਰਹਿ ਜਾਂਦੀਆਂ ਹਨ। ਆਵਾਰਾ ਕੁੱਤਿਆਂ ਦੀ ਵਧ ਰਹੀ ਆਬਾਦੀ ਨੂੰ ਕੰਟਰੋਲ ਕਰਨ ਅਤੇ ਇਹਨਾਂ ਦੇ ਪ੍ਰਬੰਧ ਲਈ ਸਰਕਾਰ, ਨਿਆਂਇਕ ਅਦਾਲਤ ਅਤੇ ਸਮਾਜਿਕ ਸੰਗਠਨਾਂ ਨੂੰ ਜਲਦ ਤੋਂ ਜਲਦ ਕਿਸੇ ਨਤੀਜੇ 'ਤੇ ਪਹੁੰਚਣਾ ਚਾਹੀਦਾ ਹੈ।

**-ਰਜਵਿੰਦਰ ਪਾਲ ਸ਼ਰਮਾ, 70873-67969**

# ਸੁਪਨਿਆਂ ਅਤੇ ਹਕੀਕਤ ਦਰਮਿਆਨ



ਗੁਰਮੀਤ ਸਿੰਘ ਪਲਾਹੀ

ਬਹੁਤ ਚੰਗਾ ਲੱਗਦਾ ਹੈ, ਉਦੋਂ ਜਦੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਹਿੰਦੇ ਹਨ ਕਿ 2047 ਤੱਕ ਭਾਰਤ ਵਿਕਸਤ ਦੇਸ਼ ਬਣ ਜਾਵੇਗਾ। ਬਹੁਤ ਚੰਗੀ ਲੱਗਦੀ ਹੈ ਇਹ ਗੱਲ, ਇਸ ਲਈ ਕਿ ਹਰ ਭਾਰਤੀ ਨਾਗਰਿਕ ਦਾ ਇਹ ਸੁਪਨਾ ਹੈ, ਪਰ ਦੇਸ਼ ਦੇ ਸਭ ਤੋਂ ਸਾਫ਼-ਸੁਥਰੇ ਸ਼ਹਿਰ ਇੰਦੌਰ ਵਿੱਚ ਗੰਦੇ ਪਾਣੀ ਨਾਲ ਲੋਕ ਮਰਦੇ ਹਨ ਤਾਂ ਇਸ ਸੁਪਨੇ 'ਤੇ ਯਕੀਨ ਕਰਨਾ ਮੁਸ਼ਕਲ ਹੁੰਦਾ ਹੈ।

24 ਦਸੰਬਰ 2025 ਤੋਂ 6 ਜਨਵਰੀ 2026 ਦੇ ਦਰਮਿਆਨ ਇੰਦੌਰ ਦੇ ਭਾਗੀਰਥਪੁਰ ਵਿੱਚ ਦੂਸ਼ਿਤ ਪਾਣੀ ਨਾਲ ਘੱਟੋ-ਘੱਟ ਅੱਠ ਲੋਕਾਂ ਦੀ ਮੌਤ ਹੋਈ ਹੈ। ਸੈਂਕੜੇ ਹਸਪਤਾਲਾਂ 'ਚ ਪਹੁੰਚਾਉਣੇ ਪਏ। ਇਹ ਸ਼ਹਿਰ 2024-25 ਵਿੱਚ 'ਸੁਪਰ ਲੀਗ' ਵਿੱਚ ਸਭ ਤੋਂ ਸਾਫ਼ ਸ਼ਹਿਰ ਵਿੱਚੋਂ ਉਭਰਿਆ, ਪਰ ਨਵੇਂ ਸਾਲ ਦੇ ਸ਼ੁਰੂ 'ਚ ਇਸ ਸਭ ਤੋਂ ਸਾਫ਼ ਸ਼ਹਿਰ ਦੇ ਤਗਮੇ ਉੱਤੇ ਸਵਾਲ ਖੜੇ ਹੋਣੇ ਸ਼ੁਰੂ ਹੋ ਗਏ।

ਇੰਦੌਰ ਦਾ ਇਹ ਦੁਖਾਂਤ ਜਦੋਂ ਖ਼ਬਰਾਂ 'ਚ ਆਇਆ ਹਕੀਕਤ ਸਾਹਮਣੇ ਆਈ ਕਿ ਦੇਸ਼ ਵਿੱਚ ਪਾਣੀ ਪੂਰਤੀ ਪ੍ਰਣਾਲੀ ਕਿੰਨੀ ਨਾਜ਼ੁਕ ਹੈ। ਜਨਵਰੀ 2026 ਵਿੱਚ ਗੰਦੇ ਪਾਣੀ ਦੇ ਦੂਸ਼ਿਤ ਪਾਈਪਾਂ ਦੇ ਪਾਣੀ ਨੇ 22 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਘੱਟੋ-ਘੱਟ 26 ਸ਼ਹਿਰਾਂ ਵਿੱਚ ਬਿਮਾਰੀਆਂ ਦਾ ਪ੍ਰਕੋਪ ਫੈਲਾਇਆ। ਇਹਨਾਂ ਸ਼ਹਿਰਾਂ ਵਿੱਚ 2500 ਲੋਕ ਬਿਮਾਰ ਹੋਏ ਵਿਖਾਏ ਗਏ, ਜਦ ਕਿ 34 ਲੋਕਾਂ ਦੀ ਮੌਤ ਹੋ ਗਈ।

ਇਹ ਸ਼ਰਮਨਾਕ ਸਚਾਈ ਹੈ, ਪਰ ਇਸ ਨੂੰ ਛੁਪਾਉਣ ਨਾਲ ਆਪਣਾ ਦੇਸ਼ ਬਿਹਤਰ ਨਹੀਂ ਹੋਣ ਵਾਲਾ। ਤਬਦੀਲੀ ਤਦ ਆਏਗੀ, ਜਦ ਅਸੀਂ ਆਪਣੇ ਹਾਕਮਾਂ ਨੂੰ ਯਾਦ ਦਿਵਾਉਂਦੇ ਰਹਾਂਗੇ ਵਾਰ-ਵਾਰ ਕਿ ਉਹਨਾਂ ਦਾ ਧਿਆਨ ਉਹਨਾਂ ਸ਼ਹਿਰੀ ਬਸਤੀਆਂ ਵੱਲ ਜਾਣਾ ਚਾਹੀਦਾ ਹੈ ਅਤੇ ਉਹਨਾਂ ਅਤਿ-ਪੱਛੜੇ ਪਿੰਡਾਂ ਵੱਲ ਜੋ ਭਾਰਤ ਦੇ ਗ਼ਰੀਬ ਹਨ। ਉਹਨਾਂ ਲੋਕਾਂ ਵੱਲ ਜੋ ਪੂਰਾ ਜੀਵਨ ਫੁੱਟਪਾਥਾਂ 'ਤੇ ਗੁਜ਼ਾਰ ਦਿੰਦੇ ਹਨ ਜਾਂ ਇਹੋ ਜਿਹੀਆਂ ਗੰਦੀਆਂ ਬਸਤੀਆਂ ਵਿੱਚ ਜਿੱਥੇ ਨਾ ਸਾਫ਼ ਪਾਣੀ ਹੁੰਦਾ ਹੈ, ਨਾ ਸਾਫ਼ ਹਵਾ, ਨਾ ਚੰਗੇ ਸਕੂਲ ਅਤੇ ਨਾ ਸਿਹਤ ਸੇਵਾਵਾਂ।

ਅੱਜ ਪ੍ਰਸ਼ਾਸਨਿਕ ਸੁਧਾਰਾਂ ਦੀ ਕੋਸ਼ਿਸ਼ ਸਿਰਫ ਇਹ ਹੋਈ ਹੈ ਕਿ ਪਾਸਪੋਰਟ ਲੈਣਾ ਸੌਖਾ ਹੋ ਗਿਆ ਹੈ। ਬਿਜਲੀ ਦੇ ਬਿੱਲ ਭਰਨੇ ਆਸਾਨ ਹੋ ਗਏ ਹਨ। ਹੋਰ ਛੋਟੀਆਂ-ਮੋਟੀਆਂ ਸੁਵਿਧਾਵਾਂ ਦੇ ਲਈ ਸਾਨੂੰ ਵੱਡੇ ਅਧਿਕਾਰੀਆਂ ਦੇ ਸਾਹਮਣੇ ਭੀਖ ਨਹੀਂ ਮੰਗਣੀ ਪੈਂਦੀ। ਇਹਨਾਂ ਚੀਜ਼ਾਂ 'ਚ ਫ਼ਰਕ ਇਸ ਕਰਕੇ ਆਇਆ ਕਿ ਤਕਨੀਕਾਂ 'ਚ ਆਧੁਨਿਕਤਾ ਆ ਗਈ ਹੈ। ਜਿੱਥੇ ਵੀ ਆਧੁਨਿਕ ਤਕਨੀਕਾਂ ਨਾਲ ਕੰਮ ਨਹੀਂ ਬਣਦਾ, ਉੱਥੇ ਇੰਦੌਰ ਵਰਗੀਆਂ ਘਟਨਾਵਾਂ ਦੇਖਣ ਨੂੰ ਮਿਲਦੀਆਂ ਹਨ। ਕੀ ਇਹੋ ਜਿਹੀਆਂ ਹਾਲਤਾਂ ਵਿੱਚ ਭਾਰਤ ਅਗਲੇ 40 ਸਾਲਾਂ ਤੱਕ ਵੀ ਵਿਕਸਤ ਦੇਸ਼ ਬਣ ਸਕਦਾ ਹੈ?

2047 ਤੱਕ ਵਿਕਸਤ ਹੋਣ ਦਾ ਸੁਪਨਾ ਹਕੀਕਤਾਂ ਤੋਂ ਬਹੁਤ ਦੂਰ ਹੈ। ਜੇਕਰ ਇਹ ਮਨ ਵੀ ਲਿਆ ਜਾਵੇ ਕਿ ਦੇਸ਼ ਵਿੱਚ ਅੰਕੜਿਆਂ ਅਨੁਸਾਰ ਗ਼ਰੀਬਾਂ ਦੀ ਗਿਣਤੀ ਘਟੀ ਹੈ ਅਤੇ ਇਹ ਕੁੱਲ ਅਬਾਦੀ ਤਾਂ 20 ਫ਼ੀਸਦੀ ਰਹਿ ਗਈ ਹੈ, ਤਦ ਵੀ ਇਸ ਤੱਥ ਤੋਂ ਅੱਖਾਂ ਕਿਵੇਂ ਮੀਟੀਏ ਕਿ ਕੁੱਲ 144 ਕਰੋੜ ਦੀ ਅਬਾਦੀ ਵਿੱਚੋਂ 80 ਕਰੋੜ ਲੋਕਾਂ ਨੂੰ ਮੁਫ਼ਤ ਸਰਕਾਰੀ ਅੰਨ ਮੁਹੱਈਆ ਕਰਨਾ ਕਿਸ ਕਿਸਮ ਦੇ ਅਰਧ ਵਿਕਸਿਤ ਦੇਸ਼ਾਂ ਦੀ ਨਿਸ਼ਾਨੀ ਹੈ? ਹਾਲੇ ਤੱਕ ਵੀ ਦੇਸ਼ ਦੇ ਲੋਕਾਂ ਦੀ ਪ੍ਰਤੀ ਜੀਅ ਆਮਦਨ 2818 ਡਾਲਰ ਹੈ, ਜੋ ਅੰਤਰਰਾਸ਼ਟਰੀ ਪੱਧਰ ਉੱਤੇ ਵਿਕਸਤ ਦੇਸ਼ਾਂ ਦੇ ਮੁਕਾਬਲੇ ਲਗਭਗ ਸਿਫ਼ਰ ਦੇ ਮੁਕਾਬਲੇ ਹੀ ਤਾਂ ਹੈ।

ਸੰਯੁਕਤ ਰਾਜ ਅਮਰੀਕਾ, ਕੈਨੇਡਾ, ਜਪਾਨ, ਆਸਟਰੇਲੀਆ ਅਤੇ ਪੱਛਮੀ ਯੂਰਪ ਦੇਸ਼ ਵਿਕਸਤ ਦੇਸ਼ਾਂ ਦੀ ਉਦਾਹਰਨ ਹਨ। ਵਿਕਸਤ ਦੇਸ਼ ਇੱਕ ਇਹੋਜਿਹਾ ਰਾਸ਼ਟਰ ਹੈ, ਜਿਸ ਦੀ ਅਰਥ ਵਿਵਸਥਾ ਮਜ਼ਬੂਤ ਹੋਵੇ, ਜਿੱਥੋਂ ਦੇ ਨਾਗਰਿਕਾਂ ਦਾ ਜੀਵਨ ਪੱਧਰ ਉੱਚਾ ਹੋਵੇ, ਉਦਯੋਗਾਂ, ਸਿੱਖਿਆ ਅਤੇ ਸਿਹਤ ਸੇਵਾਵਾਂ ਤੱਕ ਜਿਸ ਦੇਸ਼ ਦੀ ਵਿਆਪਕ ਪਹੁੰਚ ਹੋਵੇ ਅਤੇ ਜੋ ਉਦਯੋਗੀਕਰਨ ਦੇ ਉੱਚੇ ਪੱਧਰ 'ਤੇ ਪਹੁੰਚਿਆ ਹੋਵੇ, ਜਿਸ ਦੇ ਨਾਗਰਿਕਾਂ ਦੀ ਪ੍ਰਤੀ ਜੀਅ ਆਮਦਨ ਉੱਚੀ ਅਤੇ ਜੀ ਡੀ ਪੀ ਉੱਚ ਪੱਧਰ ਦੀ ਹੋਵੇ। ਵਿਸ਼ਵ ਦੇ ਸਭ ਤੋਂ ਵੱਧ ਵਿਕਸਤ ਦੇਸ਼ ਫਿਨਲੈਂਡ, ਸਵਿਟਜ਼ਰਲੈਂਡ ਅਤੇ ਨਾਰਵੇ ਹਨ। ਏਸ਼ੀਆ ਵਿੱਚ ਸਭ ਤੋਂ ਵਿਕਸਤ ਦੇਸ਼ ਸਿੰਗਾਪੁਰ ਹੈ।

ਬਿਨਾਂ ਸ਼ੱਕ ਭਾਰਤ ਦੁਨੀਆਂ ਦੀਆਂ ਪੰਜ ਉਪਰਲੀਆਂ ਅਰਥ ਵਿਵਸਥਾਵਾਂ ਵਿੱਚ ਇੱਕ ਹੈ ਅਤੇ ਇਸ ਦੀ ਜੀ ਡੀ ਪੀ 7 ਪ੍ਰਤੀਸ਼ਤ ਹੈ, ਜੋ ਅਮਰੀਕਾ, ਚੀਨ, ਜਰਮਨੀ ਅਤੇ ਜਪਾਨ ਨਾਲੋਂ ਕਿਤੇ ਵੱਧ ਹੈ, ਪਰ ਇਹਨਾਂ ਵੱਡੇ ਅਰਥਚਾਰਿਆਂ ਵਿੱਚੋਂ ਇੱਕ ਹੋਣ ਦੇ ਬਾਵਜੂਦ ਭਾਰਤ ਗ਼ਰੀਬ ਦੇਸ਼ਾਂ ਵਿੱਚ ਗਿਣਿਆ ਜਾਂਦਾ ਹੈ। ਵਿਸ਼ਵ ਬੈਂਕ ਅਨੁਸਾਰ ਇਹ ਹਾਲੀਂ ਵੀ ਨਿਮਨ ਮੱਧ ਆਮਦਨ ਵਰਗ ਵਿੱਚ ਸ਼ਾਮਲ ਹੈ ਅਤੇ ਇਸ ਦਾ ਵਿਸ਼ਵ ਪੱਧਰੀ ਪ੍ਰਤੀ ਜੀਅ ਆਮਦਨ 137 ਵੇਂ ਸਥਾਨ 'ਤੇ ਹੈ ਅਤੇ ਭਾਰਤ ਆਮਦਨ 'ਚ ਨਾ-ਬਰਾਬਰਤਾ ਲਈ ਜਾਣਿਆ ਜਾਂਦਾ ਦੇਸ਼ ਹੈ। ਅਮੀਰ-ਗ਼ਰੀਬ ਦਾ ਇਹ ਪਾੜਾ ਦੇਸ਼ ਵਿੱਚ ਲਗਾਤਾਰ ਵਧ ਰਿਹਾ ਹੈ, ਜਿਹੜਾ ਅਮੀਰ ਅਰਥਚਾਰੇ ਦੇ ਹੁੰਦਿਆਂ ਸਿਹਤ, ਸਿੱਖਿਆ 'ਚ ਨਾ-ਬਰਾਬਰਤਾ ਦਾ ਵੱਡਾ ਕਾਰਨ ਹੈ।

ਅੱਜ ਭਾਵੇਂ ਅਸੀਂ ਅਗਲੇ ਵਰ੍ਹੇ ਜਪਾਨ, ਜਰਮਨ ਨੂੰ ਪਛਾੜ ਕੇ ਵਿਸ਼ਵ ਦਾ ਤੀਜਾ ਅਰਥਚਾਰਾ ਬਣਨ ਵੱਲ ਅੱਗੇ ਵਧ ਰਹੇ ਹਾਂ, ਪਰ ਸਿਹਤ, ਸਿੱਖਿਆ ਸੁਵਿਧਾਵਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ 'ਚ ਦੇਸ਼ ਭਾਰਤ ਅੱਗੇ ਨਹੀਂ ਵਧ ਰਿਹਾ। ਕੁਦਰਤੀ ਸਰੋਤਾਂ ਨਾਲ ਖਿਲਵਾੜ ਨਿੱਜੀਕਰਨ ਦੀਆਂ ਨੀਤੀਆਂ ਕਾਰਨ ਦੇਸ਼ ਭਾਰਤ ਲੋਕ ਭਲਾਈ ਹਿੱਤਾਂ ਤੋਂ ਪਾਸਾ ਵੱਟ ਰਿਹਾ ਹੈ। ਸਿਹਤ ਅਤੇ ਸਿੱਖਿਆ ਸੁਵਿਧਾਵਾਂ, ਜਿਹੜੀਆਂ ਕਿ ਕਿਸੇ ਵੀ ਰਾਜ ਪ੍ਰਬੰਧ ਦਾ ਮੁੱਢਲਾ ਧੁਰਾ ਹੈ, ਉਸ ਤੋਂ ਦੇਸ਼ ਦੇ ਹਾਕਮਾਂ ਮੁੱਖ ਮੋੜ ਲਿਆ ਹੋਇਆ ਹੈ, ਭਾਵੇਂ ਕਿ ਵੱਖੋ-ਵੱਖਰੀਆਂ ਬੀਮਾ ਯੋਜਨਾਵਾਂ ਰਾਹੀਂ ਨਾਗਰਿਕਾਂ ਨੂੰ ਭਰਮਾ ਕੇ ਉਹਨਾਂ ਨੂੰ ਸਿਹਤ ਸਹੂਲਤਾਂ ਦੇਣ ਦੀ ਗੱਲ ਕੀਤੀ ਜਾਂਦੀ ਹੈ ਅਤੇ ਨਿਗੁਣੀ ਜਿਹੀ ਪੈਨਸ਼ਨ ਦੇ ਕੇ ਬੁਢਾਪਾ ਸੁਰੱਖਿਅਤ ਕਰਨ ਲਈ ਸਮਾਜਿਕ ਸੁਰੱਖਿਆ ਦੇ ਨਾਂਅ ਉੱਤੇ ਕੁਝ ਸੈਂਕੜੇ ਰਕਮ ਦੇਣ ਦਾ ਪ੍ਰਾਵਧਾਨ ਕੀਤਾ ਜਾਂਦਾ ਹੈ, ਜਦ ਕਿ ਦੇਸ਼ 'ਚ ਮਹਿੰਗਾਈ ਬੇਰੁਜ਼ਗਾਰੀ ਨੇ ਆਮ ਲੋਕਾਂ ਦਾ ਜੀਵਨ ਦੁੱਭਰ ਕੀਤਾ ਹੋਇਆ ਹੈ ਅਤੇ ਉਹ ਆਪਣੇ ਬੱਚਿਆਂ ਨੂੰ ਸੰਤੁਲਿਤ ਭੋਜਨ ਦੇਣ ਦੇ ਸਮਰੱਥ ਵੀ ਨਹੀਂ।

ਗ਼ਰੀਬੀ ਦੀ ਸਥਿਤੀ ਇਹ ਹੈ ਕਿ ਸਕੂਲੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਵੀ ਮਾਪੇ ਉਹਨਾਂ ਨੂੰ ਬਾਲ ਮਜ਼ਦੂਰੀ ਵੱਲ ਧੱਕ ਦਿੰਦੇ ਹਨ, ਤਾਂ ਕਿ ਪੇਟ ਦੀ ਅੱਗ ਬੁਝਾਈ ਜਾ ਸਕੇ। ਇਸ ਸੰਬੰਧੀ ਅੰਕੜਿਆਂ ਦੀ ਜ਼ੁਬਾਨੀ ਤਸਵੀਰ ਅਤਿਅੰਤ ਭਿਆਨਕ ਨਜ਼ਰ ਆਉਂਦੀ ਹੈ। ਭਾਰਤ 'ਚ 2025 'ਚ 3 ਕਰੋੜ ਤੋਂ ਵੱਧ ਬਾਲ ਮਜ਼ਦੂਰ ਹਨ। ਰਿਪੋਰਟਾਂ ਅਨੁਸਾਰ ਪੰਜ ਸਾਲ ਦੀ ਉਮਰ ਪੂਰੀ ਕਰਨ ਤੋਂ ਪਹਿਲਾਂ ਹੀ 1000 ਪਿੱਛੇ 42 ਬੱਚੇ (2020 ਦਾ ਡਾਟਾ) ਸੰਤੁਲਿਤ ਭੋਜਨ ਸਿਹਤ ਸਹੂਲਤਾਂ ਦੀ ਘਾਟ, ਹਵਾ ਪ੍ਰਦੂਸ਼ਣ ਨਾਲ਼ ਮਰ ਜਾਂਦੇ ਹਨ।

ਕਾਰਨ ਸਿੱਧਾ ਤੇ ਸਪੱਸ਼ਟ ਹੈ ਕਿ ਆਮ ਲੋਕਾਂ ਕੋਲ ਸਾਧਨਾਂ ਦੀ ਕਮੀ ਹੈ। ਉਹਨਾਂ ਕੋਲ ਰੁਜ਼ਗਾਰ ਨਹੀਂ ਹੈ। ਉਹਨਾਂ ਕੋਲ ਆਮਦਨ ਦੇ ਸਾਧਨ ਨਹੀਂ ਹਨ। ਪਿੰਡਾਂ, ਸ਼ਹਿਰਾਂ 'ਚ ਭੈੜਾ ਵਾਤਾਵਰਨ ਪਸਰ ਰਿਹਾ ਹੈ। ਬੁਨਿਆਦੀ ਢਾਂਚੇ ਦੀ ਕਮੀ ਹੈ। ਇੱਥੋਂ ਤੱਕ ਕਿ ਆਮ ਆਦਮੀ ਨੂੰ ਨਾ ਪੂਰੀ ਰੋਟੀ ਮਿਲਦੀ ਹੈ, ਨਾ ਇਨਸਾਫ਼।

ਸੁਚੱਜੇ ਰਾਜ ਪ੍ਰਬੰਧ ਦੀ ਕਮੀ ਅਤੇ ਸਿਆਸੀ ਖਲਾਅ ਦੇ ਚਲਦਿਆਂ ਭਾਰਤ ਆਪਣੇ ਨਾਗਰਿਕਾਂ ਨੂੰ ਉਹ ਸੁੱਖ-ਸਹੂਲਤਾਂ ਨਹੀਂ ਦੇ ਸਕਿਆ, ਜਿਸ ਦੀ ਤਵੱਕੋ ਆਮ ਲੋਕਾਂ ਨੂੰ ਸੀ। ਰਾਜ ਪ੍ਰਬੰਧ, ਕਨੂੰਨ, ਲੋਕਤੰਤਰ, ਬਰਾਬਰੀ, ਇਨਸਾਫ਼ ਵਰਗੇ ਸ਼ਬਦ ਧਰਮ ਦੇ ਲਬਾਦੇ ਹੇਠ ਦਫ਼ਨ ਕਰ ਦਿੱਤੇ ਗਏ ਹਨ, ਜਿਸ ਦੇ ਸਿੱਟੇ ਵਜੋਂ ਬੇਈਮਾਨ ਸਿਆਸਤ ਉੱਭਰੀ ਹੈ। ਹੈਂਕੜਬਾਜ਼ ਸਿਆਸਤਦਾਨਾਂ ਨੇ ਆਮ ਲੋਕਾਂ ਦਾ ਜਿਊਣਾ ਦੁੱਭਰ ਕੀਤਾ ਹੈ। ਦੇਸ਼ ਦੇ ਹਾਕਮਾਂ ਵੱਲੋਂ ਵਿਕਾਸ ਦੇ ਨਾਂਅ ਉੱਤੇ ਕੁਦਰਤੀ ਸਾਧਨਾਂ ਸਮੇਤ ਖੇਤੀ ਜ਼ਮੀਨਾਂ 'ਤੇ ਕਬਜ਼ੇ, ਮਨੁੱਖੀ ਸੁੱਖਾਂ ਉੱਤੇ ਡਾਕਾ ਆਮ ਵੇਖਣ ਨੂੰ ਮਿਲ ਰਿਹਾ ਹੈ। ਸਿੱਟੇ ਵਜੋਂ ਦੇਸ਼ ਭਾਰਤ ਦੇ ਲੋਕਾਂ ਦੀ ਪੀੜਾ ਵਧ ਰਹੀ ਹੈ। ਸਾਧਨ ਘਟ ਰਹੇ ਹਨ। ਇਹੋ ਜਿਹੇ ਹਾਲਾਤ 'ਚ ਵਿਕਸਤ ਦੇਸ਼ ਦਾ ਸੁਪਨਾ ਸ਼ੇਖ਼ਚਿੱਲੀ ਦੇ ਸੁਪਨੇ ਵਾਂਗ ਦਿਖਾਈ ਦਿੰਦਾ ਹੈ।

ਕਿਸੇ ਵੀ ਰਾਸ਼ਟਰ ਦੇ ਵਿਕਾਸ ਲਈ ਆਰਥਿਕ ਸਮਾਨਤਾ ਦਾ ਹੋਣਾ ਬੇਹੱਦ ਜ਼ਰੂਰੀ ਹੈ। ਜਦ ਤੱਕ ਨਾਗਰਿਕਾਂ ਨੂੰ ਬੁਨਿਆਦੀ ਸੁਵਿਧਾਵਾਂ ਉਪਲੱਬਧ ਨਹੀਂ ਹੋਣਗੀਆਂ, ਤਦ ਤੱਕ ਵਿਕਾਸ ਦੇ ਸਾਰੇ ਦਾਅਵੇ ਅਧੂਰੇ ਹੀ ਸਾਬਤ ਹੋਣਗੇ।


ਸੋਚਣ ਵਾਲੀ ਗੱਲ ਤਾਂ ਇਹ ਹੈ ਕਿ ਅਮੀਰ-ਗ਼ਰੀਬ 'ਚ ਪਾੜਾ ਵਧ ਕਿਉਂ ਰਿਹਾ ਹੈ? ਭਾਰਤ ਵਰਗੀ ਅੱਗੇ ਵਧ ਰਹੀ ਅਰਥ ਵਿਵਸਥਾ ਵਿੱਚ ਇੱਕ ਰਿਪੋਰਟ ਅਨੁਸਾਰ ਦੇਸ਼ ਦੀ ਕੁੱਲ ਜਾਇਦਾਦ ਦਾ ਕਰੀਬ 40 ਫ਼ੀਸਦੀ ਹਿੱਸਾ ਮਹਿਜ਼ ਇੱਕ ਫ਼ੀਸਦੀ ਲੋਕਾਂ ਕੋਲ ਹੈ। ਇਸ ਤੋਂ ਅੰਦਾਜ਼ਾ ਲੱਗ ਸਕਦਾ ਹੈ ਕਿ ਦੇਸ਼ 'ਚ ਆਰਥਿਕ ਅਸੰਤੁਲਨ ਕਿੱਥੇ ਪੁੱਜ ਚੁੱਕਾ ਹੈ। ਇਹ ਅੰਦਾਜ਼ਾ ਲਗਾਉਣਾ ਵੀ ਮੁਸ਼ਕਲ ਨਹੀਂ ਕਿ ਜਦ ਕਿਸੇ ਦੇਸ਼ ਦੀ ਜਾਇਦਾਦ ਦਾ ਵੱਡਾ ਹਿੱਸਾ ਕੁਝ ਲੋਕਾਂ ਦੇ ਹੱਥਾਂ ਵਿੱਚ ਆ ਜਾਏਗਾ ਤਾਂ ਉਸ ਦਾ ਸਿੱਟਾ ਕੀ ਹੋਏਗਾ।

ਭਾਰਤ ਦੀ ਅਜ਼ਾਦੀ ਦੇ ਸੌਵੇਂ ਸਾਲ 2047 ਲਈ ਵਿਕਸਤ ਭਾਰਤ ਦੇ ਸੁਪਨੇ ਵੱਡੇ ਹਨ। ਦੇਸ਼ ਨੇ ਅਬਾਦੀ 'ਤੇ ਕਾਬੂ ਪਾਉਣਾ ਹੈ, ਅਸਮਾਨਤਾ ਘਟਾਉਣੀ ਹੈ, ਰੁਜ਼ਗਾਰ ਪੈਦਾ ਕਰਨਾ ਹੈ। ਵਿਸ਼ਵ ਸ਼ਾਂਤੀ ਲਈ ਕੰਮ ਕਰਨਾ ਹੈ। ਵਿਸ਼ਵ ਪੱਧਰੀ ਵਪਾਰ ਲਈ ਨਵੇਂ ਦਿਸਹੱਦੇ ਸਿਰਜਣੇ ਹਨ। ਚੰਗੇ ਰਾਜ ਪ੍ਰਬੰਧ ਦੇ ਨਾਲ਼ ਆਤਮ ਨਿਰਭਰ ਭਾਰਤ ਦੀ ਸਥਾਪਨਾ ਕਰਨੀ ਹੈ। ਹਰ ਭਾਰਤੀ ਪਰਵਾਰ-ਬੱਚੇ, ਨੌਜਵਾਨ, ਬਜ਼ੁਰਗ ਸਭ ਨੂੰ ਬੁਨਿਆਦੀ ਸੁਵਿਧਾਵਾਂ ਦੇਣੀਆਂ ਹਨ। ਸੰਤੁਲਿਤ ਆਰਥਿਕ ਵਿਕਾਸ ਸਮੇਂ ਦੀ ਵੱਡੀ ਲੋੜ ਹੈ। ਅਜ਼ਾਦੀ ਦੇ 78 ਸਾਲਾਂ 'ਚ ਜੋ ਪ੍ਰਾਪਤੀਆਂ ਨਹੀਂ ਹੋ ਸਕੀਆਂ, ਗ਼ਰੀਬ-ਗੁਰਬੇ ਦੀਆਂ ਲੋੜਾਂ ਪੂਰੀਆਂ ਕਰਨ ਲਈ ਸੌ ਵਿਸਵੇ ਕੋਈ ਸਾਰਥਿਕ ਯਤਨ ਨਹੀਂ ਹੋਏ, ਉਹ ਪੂਰੇ ਕਰਨੇ ਹਨ। ਤਦੇ ਦੇਸ਼ ਭਾਰਤ ਵਿਕਸਤ ਭਾਰਤ ਬਣੇਗਾ।

ਵਿਕਸਤ ਦੇਸ਼ ਦਾ ਸੁਪਨਾ ਤੇ ਸੰਕਲਪ ਤਾਂ ਤਦੇ ਪੂਰਾ ਹੋਣ ਯੋਗ ਹੈ, ਜੇਕਰ ਰਾਜ ਵਧੀਆ ਸ਼ਾਸਨ ਦੇਵੇ ਅਤੇ ਇਸ ਸਭ ਕੁਝ ਦੀ ਪੂਰਤੀ ਲਈ ਇਮਾਨਦਾਰਾਨਾ ਯਤਨ ਹੋਣ, ਯੋਜਨਾਵਾਂ ਹੋਣ, ਪਰ ਜੇਕਰ ਉਹਨਾਂ ਦੀ ਥਾਂ ਦੰਭ ਦੀ ਸਿਆਸਤ ਹੋਵੇ, ਸਖ਼ਸ਼ੀ ਉਭਾਰ ਦੀ ਖਾਹਿਸ਼ ਹੋਵੇ, ਰਾਜ ਭਾਗ 'ਤੇ ਕਬਜ਼ਾ ਰੱਖਣ ਦੀ ਨੀਤੀ ਹੋਵੇ ਤਾਂ ਕਿਸੇ ਵੀ ਹਾਲਾਤ 'ਚ ਇਹ ਲੋਕ-ਸੁਪਨੇ ਹਕੀਕਤ 'ਚ ਤਬਦੀਲ ਨਹੀਂ ਹੋ ਸਕਦੇ।

**# ਸੰਪਰਕ : 98158-02070**

# ਬੱਚੇ ਪੜ੍ਹਾਈ ਨਾਲ ਜੁੜ ਕੇ ਛੁੱਟੀਆਂ ਨੂੰ ਵਰਦਾਨ ਬਣਾਉਣ



ਬਿੰਦਰ ਸਿੰਘ ਖੁੱਡੀ ਕਲਾਂ

ਸਾਡੀ ਸਕੂਲ ਸਿੱਖਿਆ ਵਿਵਸਥਾ 'ਚ ਤਕਰੀਬਨ ਸਾਰੀਆਂ ਹੀ ਜਮਾਤਾਂ ਦੀਆਂ ਸਾਲਾਨਾ ਪ੍ਰੀਖਿਆਵਾਂ ਫਰਵਰੀ ਅਤੇ ਮਾਰਚ ਮਹੀਨਿਆਂ ਦੌਰਾਨ ਹੁੰਦੀਆਂ ਹਨ। ਇਸ ਦੇ ਨਾਲ ਹੀ ਸਰਦੀਆਂ ਦੇ ਮੱਦੇਨਜ਼ਰ ਦਸੰਬਰ ਮਹੀਨੇ ਦਾ ਅਖੀਰਲਾ ਹਫਤਾ ਸਕੂਲ ਬੰਦ ਰਹਿੰਦੇ ਹਨ, ਪਰ ਪਿਛਲੇ ਕੁਝ ਵਰ੍ਹਿਆਂ ਤੋਂ ਦਸੰਬਰ ਦੀ ਬਜਾਏ ਜਨਵਰੀ ਮਹੀਨੇ ਦੌਰਾਨ ਸਰਦੀ ਜ਼ਿਆਦਾ ਪੈਂਦੀ ਹੈ। ਇਸ ਵਾਰ ਵੀ ਸਰਦੀ ਦਾ ਕੁਝ ਅਜਿਹਾ ਹੀ ਆਲਮ ਵੇਖਣ ਨੂੰ ਮਿਲ ਰਿਹਾ ਹੈ। ਦਸੰਬਰ ਮਹੀਨੇ ਦੀਆਂ ਸਰਦੀਆਂ ਦੀਆਂ ਸਾਰੀਆਂ ਛੁੱਟੀਆਂ ਦੌਰਾਨ ਬਹੁਤ ਵਧੀਆ ਧੁੱਪ ਖਿੜਦੀ ਰਹੀ, ਪਰ ਬੀਤੇ ਵਰ੍ਹੇ ਦੇ ਅਖੀਰਲੇ ਦਿਨ ਯਾਨਿ 31 ਦਸੰਬਰ 2025 ਦੀ ਸਵੇਰ ਨੂੰ ਧੁੰਦ ਅਤੇ ਮੀਂਹ ਦੀ ਅਜਿਹੀ ਆਮਦ ਹੁੰਦੀ ਹੈ ਕਿ ਜਨਵਰੀ ਮਹੀਨੇ ਦੌਰਾਨ ਕਹਿਰ ਦੀ ਸਰਦੀ ਵਰ੍ਹਦੀ ਹੈ। ਸਿੱਖਿਆ ਵਿਭਾਗ ਵੱਲੋਂ ਬੱਚਿਆਂ ਦੀ ਸਿਹਤ ਸੁਰੱਖਿਆ ਦੇ ਮੱਦੇਨਜ਼ਰ ਸਕੂਲਾਂ ਦੀਆਂ ਛੁੱਟੀਆਂ ਵਿੱਚ ਵਾਧਾ ਕਰ ਦਿੱਤਾ ਜਾਂਦਾ ਹੈ।ਦਸੰਬਰ ਦੇ ਅਖੀਰਲੇ ਹਫਤੇ ਤੋਂ ਸ਼ੁਰੂ ਹੋਈਆਂ ਛੁੱਟੀਆਂ ਜਨਵਰੀ ਦੇ ਦੂਜੇ ਹਫਤੇ ਤੱਕ ਚਲੀਆਂ ਜਾਂਦੀਆਂ ਹਨ।ਪੜ੍ਹਾਈ ਪੱਖੋਂ ਏਨੇ ਅਹਿਮ ਦਿਨਾਂ ਦੌਰਾਨ ਸ਼ਾਇਦ ਪਹਿਲੀ ਵਾਰ ਏਨੀਆਂ ਲੰਮੀਆਂ ਛੁੱਟੀਆਂ ਹੋਈਆਂ ਹਨ।ਪਿਛਲੇ ਵਰ੍ਹਿਆਂ ਦੌਰਾਨ ਸਕੂਲਾਂ ਦੇ ਸਮੇਂ 'ਚ ਤਬਦੀਲੀ ਕਰਕੇ ਕਰਕੇ ਕੰਮ ਸਾਰ ਲਿਆ ਜਾਂਦਾ ਸੀ,ਪਰ ਇਸ ਵਾਰ ਦੀ ਸਰਦੀ ਨੇ ਸਕੂਲ ਖੁੱਲ੍ਹਣ ਦੀ ਉਡੀਕ ਲੰਮੀ ਕਰ ਦਿੱਤੀ ਸੀ।

ਇੱਕ ਪਾਸੇ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰੀਖਿਆਵਾਂ ਸਿਰ 'ਤੇ ਹਨ ਅਤੇ ਦੂਜੇ ਪਾਸੇ ਕਹਿਰ ਦੀ ਸਰਦੀ ਦੇ ਮੱਦੇਨਜ਼ਰ ਸਰਕਾਰ ਵੱਲੋਂ ਸਕੂਲਾਂ 'ਚ ਛੁੱਟੀਆਂ ਕੀਤੀਆਂ ਗਈਆਂ।ਬਿਨਾਂ ਸ਼ੱਕ ਸਾਡੇ ਸਕੂਲਾਂ 'ਚ ਸਰਦੀਆਂ ਦੇ ਮੌਸਮ ਦੌਰਾਨ ਵਿਦਿਆਰਥੀਆਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧਾਂ ਦੀ ਬਹੁਤ ਵੱਡੀ ਕਮੀ ਹੈ।ਇਸੇ ਲਈ ਸੂਬਾ ਸਰਕਾਰ ਸਕੂਲੀ ਵਿਦਿਆਰਥੀਆਂ ਲਈ ਛੁੱਟੀਆਂ ਦਾ ਐਲਾਨ ਕਰਦੀ ਹੈ, ਪਰ ਸਰਕਾਰ ਨੂੰ ਇਨ੍ਹਾਂ ਛੁੱਟੀਆਂ ਦੇ ਵਿਦਿਆਰਥੀਆਂ ਦੀਆਂ ਸਾਲਾਨਾ ਨਤੀਜਿਆਂ 'ਤੇ ਪੈਣ ਵਾਲੇ ਪ੍ਰਭਾਵਾਂ ਨੂੰ ਵੀ ਯਾਦ ਰੱਖਣਾ ਬਣਦਾ ਹੈ।

ਕਈ ਲੋਕਾਂ ਦਾ ਕਹਿਣਾ ਹੈ ਕਿ ਇਹ ਛੁੱਟੀਆਂ ਵਿਦਿਆਰਥੀ ਦੀਆਂ ਅਕਾਦਮਿਕ ਪ੍ਰਾਪਤੀਆਂ ਨੂੰ ਨਾਕਾਰਤਮਕ ਰੂਪ ਵਿੱਚ ਪ੍ਰਭਾਵਤ ਕਰਨਗੀਆਂ। ਕੁਝ ਫਿਕਰਮੰਦ ਲੋਕਾਂ ਦਾ ਕਹਿਣਾ ਹੈ ਕਿ ਇਹ ਛੁੱਟੀਆਂ ਵਿਦਿਆਰਥੀਆਂ ਦੇ ਸਾਲਾਨਾ ਨਤੀਜਿਆਂ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰ ਸਕਦੀਆਂ ਹਨ।ਕਈ ਅਧਿਆਪਕ ਜਥੇਬੰਦੀਆਂ ਵੀ ਵਿਦਿਆਰਥੀਆਂ ਦੀ ਪੜ੍ਹਾਈ ਦੇ ਮੱਦੇਨਜ਼ਰ ਸਕੂਲਾਂ 'ਚ ਛੁੱਟੀਆਂ ਦਾ ਵਿਰੋਧ ਕਰ ਰਹੀਆਂ ਹਨ।ਸਕੂਲਾਂ 'ਚ ਛੁੱਟੀਆਂ ਦੌਰਾਨ ਵਿਦਿਆਰਥੀਆਂ ਦਾ ਆਪਣੇ ਅਧਿਆਪਕਾਂ ਨਾਲੋਂ ਨਾਤਾ ਪੂਰੀ ਤਰ੍ਹਾਂ ਨਾਲ ਟੁੱਟ ਜਾਂਦਾ ਹੈ।ਛੁੱਟੀਆਂ ਕਾਰਨ ਅਧਿਆਪਕਾਂ ਨਾਲੋਂ ਟੁੱਟੇ ਨਾਤੇ ਦੌਰਾਨ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਦੀ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ।ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸਮਝਣਾ ਪਵੇਗਾ ਕਿ ਜਨਵਰੀ ਅਤੇ ਫਰਵਰੀ ਮਹੀਨੇ ਪੜ੍ਹਾਈ ਪੱਖੋਂ ਵਿਦਿਆਰਥੀਆਂ ਲਈ ਕਿੰਨੇ ਅਹਿਮ ਹੁੰਦੇ ਹਨ। ਇਨਾਂ ਦਿਨਾਂ ਦੌਰਾਨ ਹੀ ਵਿਦਿਆਰਥੀਆਂ ਨੇ ਅਧਿਆਪਕਾਂ ਵੱਲੋਂ ਸਾਲ ਭਰ ਦੇ ਪਾਠਕ੍ਰਮ ਦੀ ਦੁਹਰਾਈ ਕਰਵਾਉਣੀ ਹੁੰਦੀ ਹੈ।ਹੁਣ ਜਦੋਂ ਵਿਦਿਆਰਥੀਆਂ ਦਾ ਅਧਿਆਪਕਾਂ ਨਾਲ ਨਾਤਾ ਨਹੀਂ ਤਾਂ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਖੁਦ ਇਸ ਕਮੀ ਨੂੰ ਪੂਰਾ ਕਰਨਾ ਪਵੇਗਾ।ਵਿਦਿਆਰਥੀਆਂ ਨੂੰ ਸਮਝਣਾ ਹੋਵੇਗਾ ਕਿ ਜਨਵਰੀ ਮਹੀਨੇ ਦੌਰਾਨ ਹੋਈਆਂ ਛੁੱਟੀਆਂ ਦਾ ਖੇਡਣ ਨਾਲ ਕੋਈ ਵਾਸਤਾ ਨਹੀਂ ਹੁੰਦਾ, ਇਹ ਛੁੱਟੀਆਂ ਤਾਂ ਪੜ੍ਹਨ ਲਈ ਹੁੰਦੀਆਂ ਹਨ, ਪਰ ਕਈ ਵਿਦਿਆਰਥੀ ਇਹਨਾਂ ਛੁੱਟੀਆਂ ਦੌਰਾਨ ਵੀ ਬਾਹਰ ਖੇਡਣ ਨੂੰ ਤਰਜੀਹ ਦਿੰਦੇ ਹਨ।ਕਈ ਮਾਪੇ ਵੀ ਬੱਚਿਆਂ ਪ੍ਰਤੀ ਅਣਗਹਿਲੀ ਵਾਲਾ ਵਤੀਰਾ ਧਾਰਨ ਕਰੀ ਰੱਖਦੇ ਹਨ। ਉਹ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਕੀਤੀਆਂ ਛੁੱਟੀਆਂ ਦਾ ਮਨੋਰਥ ਸਮਝਣ ਤੋਂ ਪੂਰੀ ਤਰ੍ਹਾਂ ਅਵੇਸਲੇ ਰਹਿੰਦੇ ਹਨ।ਮਾਪਿਆਂ ਦਾ ਇਹ ਅਵੇਸਲਾਪਣ ਉਹਨਾਂ ਦੇ ਬੱਚਿਆਂ ਲਈ ਬਹੁਤ ਮਾਰੂ ਸਿੱਧ ਹੁੰਦਾ ਹੈ।ਸਰਦੀਆਂ ਦੀਆਂ ਛੁੱਟੀਆਂ ਦੌਰਾਨ ਬਾਹਰ ਖੇਡਣਾ ਵਿਦਿਆਰਥੀਆਂ ਦਾ ਦੂਹਰਾ ਨੁਕਸਾਨ ਕਰਦਾ ਹੈ।ਪੜ੍ਹਾਈ ਦੇ ਨੁਕਸਾਨ ਦੇ ਨਾਲ-ਨਾਲ ਬੱਚੇ ਠੰਢ ਦੀ ਮਾਰ ਵਿੱਚ ਵੀ ਆ ਜਾਂਦੇ ਹਨ।ਬਿਮਾਰ ਹੋਇਆ ਬੱਚਾ ਪੜ੍ਹਾਈ ਤੋਂ ਬੁਰ੍ਹੀ ਤਰ੍ਹਾਂ ਪਛੜ ਜਾਂਦਾ ਹੈ।

ਵਿਦਿਆਰਥੀਆਂ ਦਾ ਫਰਜ਼ ਬਣਦਾ ਹੈ ਕਿ ਉਹ ਛੁੱਟੀਆਂ ਬਦੌਲਤ ਅਧਿਆਪਕਾਂ ਨਾਲੋਂ ਟੁੱਟੇ ਨਾਤੇ ਦੀ ਭਰਪਾਈ ਲਈ ਛੁੱਟੀਆਂ ਦੌਰਾਨ ਪੜ੍ਹਨ ਨੂੰ ਤਰਜੀਹ ਦੇਣ।ਅਜੋਕੇ ਸਮੇਂ 'ਚ ਅਧਿਆਪਕਾਂ ਨਾਲ ਆਨਲਾਈਨ ਰਾਬਤੇ ਦੇ ਬਹੁਤ ਸਾਰੇ ਤਰੀਕੇ ਮੌਜੂਦ ਹਨ।ਵਿਦਿਆਰਥੀ ਕਿਸੇ ਵੀ ਮਦਦ ਲਈ ਆਪਣੇ ਅਧਿਆਪਕਾਂ ਨਾਲ ਫੋਨ 'ਤੇ ਸੰਪਰਕ ਕਰ ਸਕਦੇ ਹਨ।ਅਧਿਆਪਕਾਂ ਨਾਲ ਸੰਪਰਕ ਕਰਨ ਦੇ ਨਾਲ-ਨਾਲ ਅੱਜਕੱਲ੍ਹ ਹਰ ਜਮਾਤ ਲਈ ਆਨਲਾਈਨ ਵੀਡਿਓਜ਼ ਉਪਲੱਬਧ ਹਨ।ਵਿਦਿਆਰਥੀ ਮੋਬਾਇਲ ਦਾ ਸਦਉਪਯੋਗ ਕਰਕੇ ਆਪਣੀਆਂ ਪ੍ਰਾਪਤੀਆਂ ਨੂੰ ਬਿਹਤਰ ਬਣਾ ਸਕਦੇ ਹਨ।

ਮੌਸਮੀ ਤਬਦੀਲੀਆਂ ਦੇ ਅਨੁਸਾਰ ਸਕੂਲ ਸਿੱਖਿਆ ਵਿਭਾਗ ਨੂੰ ਵੀ ਕੀਤੀਆਂ ਜਾਣ ਵਾਲੀਆਂ ਛੁੱਟੀਆਂ ਦੇ ਸਮੇਂ ਦੀ ਸਮੀਖਿਆ ਕਰਨੀ ਚਾਹੀਦੀ ਹੈ।ਹੁਣ ਜਦੋਂ ਦਸੰਬਰ ਮਹੀਨੇ ਦੌਰਾਨ ਠੰਢ ਘੱਟ ਪੈਂਦੀ ਹੈ ਤਾਂ ਛੁੱਟੀਆਂ ਦਾ ਸਮਾਂ ਦਸੰਬਰ ਤੋਂ ਬਦਲ ਕੇ ਜਨਵਰੀ ਦਾ ਪਹਿਲਾ ਹਫਤਾ ਕੀਤਾ ਜਾਣਾ ਬਣਦਾ ਹੈ, ਤਾਂ ਕਿ ਸਾਲਾਨਾ ਪ੍ਰੀਖਿਆਵਾਂ ਦੇ ਨੇੜੇ ਦੀਆਂ ਇਹ ਛੁੱਟੀਆਂ ਵਿਦਿਆਰਥੀਆਂ ਲਈ ਸਰਾਪ ਨਾ ਬਣਨ। ਵਿਦਿਆਰਥੀਆਂ ਨੂੰ ਇਹ ਗੱਲ ਵੀ ਮਨ 'ਚ ਵਸਾਉਣੀ ਹੋਵੇਗੀ ਕਿ ਸਰਦੀਆਂ ਦੀਆਂ ਛੁੱਟੀਆਂ ਉਪਰੰਤ ਸਕੂਲ ਖੁੱਲ੍ਹਣ ਤੋਂ ਬਾਅਦ ਆਉਣ ਵਾਲੀਆਂ ਹੋਰ ਛੁੱਟੀਆਂ ਵੀ ਖੇਡਣ ਦੀ ਬਜਾਏ ਪੜ੍ਹਨ ਲਈ ਹਨ।

**# ਸੰਪਰਕ : 98786-05965**

# ਟਰੰਪ ਵੱਲੋਂ ਵੈਨੇਜ਼ੁਏਲਾ ਦੀ ਰਾਜਧਾਨੀ ਕਰਾਕਸ 'ਤੇ ਹਵਾਈ ਹਮਲਾ ਕਰਨ ਦੇ ਕਾਰਨ

**ਪਿਰਥੀਪਾਲ ਸਿੰਘ ਮਾੜੀਮੇਘਾ**

ਅਜੋਕੇ ਹਾਲਾਤ ਵਿੱਚ ਵੈਨੇਜ਼ੁਏਲਾ ਅਤੇ ਅਮਰੀਕਾ ਦਾ ਰਾਸ਼ਟਰਪਤੀ ਡੋਨਾਲਡ ਟਰੰਪ ਇਸ ਕਰਕੇ ਚਰਚਾ ਵਿੱਚ ਹਨ ਕਿ ਅਮਰੀਕਾ ਦੀ ਹਵਾਈ ਸੈਨਾ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਤੇ ਉਸ ਦੀ ਪਤਨੀ ਨੂੰ ਜਬਰਨ ਚੁੱਕ ਕੇ ਅਮਰੀਕਾ ਲੈ ਗਈ ਹੈ। ਟਰੰਪ ਇਕੱਲਾ ਸੁਰਖੀਆਂ ਵਿੱਚ ਇਸ ਕਰਕੇ ਹੀ ਨਹੀਂ ਹੈ, ਉਹ ਤਾਂ ਜਿਹੜਾ ਦੇਸ਼ ਵੀ ਅਮਰੀਕੀ ਡਾਲਰ ਦੀ ਜਗ੍ਹਾ ਹੋਰ ਕਿਸੇ ਕਰੰਸੀ ਨਾਲ ਅੰਤਰਰਾਸ਼ਟਰੀ ਵਪਾਰ ਕਰਦਾ ਹੈ, ਉਸ ਦੇਸ਼ 'ਤੇ ਫੌਜੀ ਤਾਕਤ ਵਰਤ ਕੇ ਉਸ ਦੇ ਹੁਕਮਰਾਨ ਨੂੰ ਖਤਮ ਕਰ ਦਿੰਦਾ ਹੈ। ਇਸ ਦੀ ਤਾਜ਼ਾ ਮਿਸਾਲ ਇਰਾਕ ਦਾ ਰਾਸ਼ਟਰਪਤੀ ਸੁਦਾਮ ਹੁਸੈਨ ਤੇ ਲੀਬੀਆ ਦਾ ਗੱਦਾਫੀ ਹੈ। ਜਿਹੜੇ ਦੇਸ਼ ਫੌਜੀ ਤਾਕਤ ਪੱਖੋਂ ਤਕੜੇ ਹਨ, ਉਨ੍ਹਾਂ 'ਤੇ ਟਰੰਪ ਨੇ ਫੌਜੀ ਹਮਲੇ ਦੀ ਥਾਂ ਟਰੇਡ ਟੈਕਸ ਵਾਰ ਦਾ ਹਮਲਾ ਸ਼ੁਰੂ ਕੀਤਾ ਹੈ। ਇਸ ਦੀ ਮਿਸਾਲ ਚੀਨ ਤੇ ਹਿੰਦੁਸਤਾਨ ਹੈ। ਵੈਨੇਜ਼ੁਏਲਾ 'ਤੇ ਹਵਾਈ ਹਮਲੇ ਤੋਂ ਬਾਅਦ ਟਰੰਪ ਨੇ ਹਿੰਦੁਸਤਾਨ ਤੇ ਚੀਨ 'ਤੇ 500 ਫੀਸਦੀ ਟੈਰਿਫ ਲਾਉਣ ਵਾਲੇ ਬਿੱਲ ਨੂੰ ਮਨਜ਼ੂਰੀ ਦਿੱਤੀ ਹੈ। ਕਿਹਾ ਇਹ ਹੈ ਕਿ ਇਹ ਦੇਸ਼ ਰੂਸ ਤੋਂ ਤੇਲ ਲੈਂਦੇ ਹਨ। ਬਾਕੀ ਦੇਸ਼ ਵੀ ਜਿਹੜੇ ਰੂਸ ਤੋਂ ਤੇਲ ਲੈਂਦੇ ਹਨ, ਉਨ੍ਹਾਂ ਨੂੰ ਵੀ ਟੈਰਿਫ ਲਾਉਣ ਦੀ ਧਮਕੀ ਦਿੱਤੀ ਹੋਈ ਹੈ।

ਟਰੰਪ ਨੇ ਨਵੇਂ ਵਰ੍ਹੇ 2026 ਦੀ ਸ਼ੁਰੂਆਤ ਵਿੱਚ ਸ਼ਨਿਚਰਵਾਰ 3 ਜਨਵਰੀ ਨੂੰ ਵੈਨੇਜ਼ੁਏਲਾ ਦੇ ਸਮੇਂ ਮੁਤਾਬਿਕ ਰਾਤ 2 ਵਜੇ ਅਤੇ ਹਿੰਦੁਸਤਾਨ ਦੇ ਸਮੇਂ ਮੁਤਾਬਿਕ ਸਵੇਰੇ 11.30 ਵਜੇ ਫੌਜ ਦੇ ਸੈਂਕੜੇ ਜਹਾਜ਼ਾਂ ਨਾਲ ਵੈਨੇਜ਼ੁਏਲਾ ਦੇ ਚਾਰ ਸ਼ਹਿਰਾਂ 'ਤੇ ਹਮਲਾ ਕਰਕੇ ਉਸ ਦੇ ਖੱਬੇ ਪੱਖੀ ਰਾਸ਼ਟਰਪਤੀ ਨਿਕੋਲਸ ਮਾਦੁਰੋ ਤੇ ਉਸ ਦੀ ਪਤਨੀ ਸਿਲੀਆ ਫਲੋਰੈਂਸ ਨੂੰ ਰਾਜਧਾਨੀ ਕਾਰਕਸ ਦੇ ਰਾਸ਼ਟਰਪਤੀ ਭਵਨ 'ਚੋਂ ਚੁੱਕਿਆ ਤੇ ਅਮਰੀਕਾ ਲਿਜਾ ਕੇ ਕੈਦ ਕਰ ਦਿੱਤਾ। ਟਰੰਪ ਨੇ ਬਹਾਨਾ ਇਹ ਬਣਾਇਆ ਕਿ ਮਾਦੁਰੋ ਮਨੁੱਖੀ ਨਸ਼ਿਆਂ ਦੀ ਤਸਕਰੀ ਕਰਦਾ ਹੈ। ਮਾਦੁਰੋ ਨੂੰ ਨਾਰਕੋ ਟੈਰਿਜ਼ਮ ਭਾਵ ਨਸ਼ਿਆਂ ਦਾ ਅੱਤਵਾਦੀ ਦੱਸਿਆ ਗਿਆ। ਉਸੇ ਵੇਲੇ ਰੂਸ, ਚੀਨ,ਕਿਊਬਾ, ਈਰਾਨ, ਚਿਲੀ ਸਮੇਤ ਕਈ ਦੇਸ਼ਾਂ ਨੇ ਅਮਰੀਕਾ ਵੱਲੋਂ ਵੈਨੇਜ਼ੁਏਲਾ 'ਤੇ ਕੀਤੇ ਫੌਜੀ ਹਮਲੇ ਦੀ ਨਿਖੇਧੀ ਕੀਤੀ। ਯੌਰਪੀਨ ਸੰਘ ਕਿਹਾ ਕਿ ਸੰਜਮ ਤੋਂ ਕੰਮ ਲੈਣਾ ਚਾਹੀਦਾ ਤੇ ਗੱਲਬਾਤ ਹੀ ਸਮੱਸਿਆ ਦਾ ਹੱਲ ਹੈ। ਨਾਲ ਹੀ ਸੰਘ ਨੇ ਕਿਹਾ ਕਿ ਅੰਤਰਰਾਸ਼ਟਰੀ ਕਾਨੂੰਨਾਂ ਦਾ ਆਦਰ-ਸਤਿਕਾਰ ਹੋਣਾ ਚਾਹੀਦਾ ਹੈ। ਹਿੰਦੁਸਤਾਨ ਦੀ ਸਰਕਾਰ ਨੇ ਟਰੰਪ ਦੀ ਨਿਖੇਧੀ ਕਰਨ ਦੀ ਥਾਂ ਸਬੰਧਤ ਧਿਰਾਂ ਨਾਲ ਗੱਲਬਾਤ ਕਰਕੇ ਸ਼ਾਂਤੀ ਬਣਾਈ ਰੱਖਣ ਦੀ ਸਲਾਹ ਦਿੱਤੀ।

ਵੈਨੇਜ਼ੁਏਲਾ ਵਿੱਚ ਸ਼ਾਇਦ ਸਭ ਤੋਂ ਪਹਿਲਾਂ ਕਮਿਊਨਿਸਟ ਪੱਖੀ ਸਰਕਾਰ ਹਿਊਗੋ ਰਫੈਲ ਚਾਵੇਜ਼ ਦੀ ਬਣੀ ਤੇ ਉਸ ਸਰਕਾਰ ਨੇ ਵੈਨੇਜ਼ੁਏਲਾ ਦੀਆਂ ਜਾਇਦਾਦਾਂ ਦੇ ਕੌਮੀਕਰਨ ਦੀ ਸ਼ੁਰੂਆਤ ਕੀਤੀ ਸੀ। ਹਿਊਗੋ ਚਾਵੇਜ਼ 1999 ਤੋਂ 5 ਮਾਰਚ 2013 ਤੱਕ ਵੈਨੇਜ਼ੁਏਲਾ ਦਾ ਰਾਸ਼ਟਰਪਤੀ ਰਿਹਾ ਸੀ। ਖੁਦ ਵਾਰਤਾਕਾਰ ਨੂੰ ਵੀ ਚਾਵੇਜ਼ ਦੀ ਸਰਕਾਰ ਵੇਲੇ ਵੈਨੇਜ਼ੁਏਲਾ ਜਾਣ ਦਾ ਮੌਕਾ ਮਿਲਿਆ ਸੀ। ਇਹ ਤਾਂ ਵੇਖ ਕੇ ਹੀ ਜ਼ਿਆਦਾਤਰ ਪਤਾ ਲਗਦਾ ਹੈ ਕਿ ਸਰਮਾਏਦਾਰ ਪੱਖੀ ਹਕੂਮਤ ਤੇ ਸਮਾਜਵਾਦ ਪੱਖ ਵਾਲੀ ਹਕੂਮਤ ਵਿੱਚ ਕਿੰਨਾ ਫਰਕ ਹੈ। ਉੱਥੇ ਪਹੁੰਚਣ 'ਤੇ ਵੈਨੇਜ਼ੁਏਲਾ ਦੇ ਮੂਲ ਵਾਸੀਆਂ ਨੇ ਇੰਨਾ ਮਾਣ-ਸਤਿਕਾਰ ਦਿੱਤਾ ਕਿ ਉਹ ਭੁਲਾਇਆ ਨਹੀਂ ਜਾ ਸਕਦਾ।

ਦਰਅਸਲ ਟਰੰਪ ਕਮਿਊਨਿਸਟਾਂ ਦੇ ਵਿਚਾਰਾਂ ਤੇ ਅਮਲ ਤੋਂ ਥਰ-ਥਰ ਕੰਬਦਾ ਹੈ। ਵੱਡੇ-ਵੱਡੇ ਪੂੰਜੀਪਤੀਆਂ ਨੇ ਮਿਹਨਤਕਸ਼ ਆਵਾਮ ਦੀ ਕਿਰਤ-ਕਮਾਈ ਦੀ ਲੁੱਟ ਕਰਕੇ ਪੈਸੇ ਦੇ ਢੇਰ ਇਕੱਠੇ ਕੀਤੇ ਹਨ, ਜਿਨ੍ਹਾਂ ਨੂੰ ਕਾਰਪੋਰੇਟ ਜਾਂ ਕਾਰਪੋਰੇਸ਼ਨਾਂ ਕਿਹਾ ਜਾਂਦਾ ਹੈ, ਟਰੰਪ ਉਨ੍ਹਾਂ ਦਾ ਚੌਧਰੀ ਹੈ। ਨਿਕੋਲਸ ਮਾਦੁਰੋ ਨੇ ਇਨ੍ਹਾਂ ਕਾਰਪੋਰੇਸ਼ਨਾਂ ਦੀ ਲੁੱਟ ਨੂੰ ਲਗਾਮ ਦਿੱਤੀ ਤੇ ਇੰਨਾਂ ਦੇ ਮਾਲਕ ਲੋਹੇ-ਲਾਖੇ ਹੋ ਗਏ ਕਿ ਸਾਡੇ ਪੈਰਾਂ ਥੱਲੇ ਇਹ ਛੋਟਾ ਜਿਹਾ ਮੁਲਕ ਹੋਵੇ ਤੇ ਸਾਨੂੰ ਹੀ ਵੰਗਾਰੇ, ਇਸ ਲਈ ਉਨ੍ਹਾਂ ਦੇ ਕਹਿਣ 'ਤੇ ਕਾਰਪੋਰੇਸ਼ਨਾਂ ਦੇ ਇਸ ਨੌਕਰ ਚੌਧਰੀ ਟਰੰਪ ਨੇ ਵੈਨੇਜ਼ੁਏਲਾ 'ਤੇ ਹਵਾਈ ਹਮਲਾ ਕਰਕੇ ਮਾਦੁਰੋ ਤੇ ਉਸ ਦੀ ਪਤਨੀ ਨੂੰ ਆਪਣੇ ਕਬਜ਼ੇ ਹੇਠ ਲਿਆ ਹੈ।

ਟਰੰਪ ਦਾ ਨਸ਼ਿਆਂ ਦਾ ਤਾਂ ਬਹਾਨਾ ਹੈ, ਹੈ ਤਾਂ ਤੇਲ ਹੜੱਪਣ ਦੀ ਨੀਤੀ, ਕਿਉਂਕਿ ਵੈਨੇਜ਼ੁਏਲਾ ਵਿੱਚ ਤੇਲ, ਗੈਸ, ਆਇਰਨ ਤੇ ਸੋਨੇ ਦੇ ਅਥਾਹ ਭੰਡਾਰ ਹਨ। ਹਕੀਕਤਨ ਵੈਨੇਜ਼ੁਏਲਾ ਦੁਨੀਆ ਦਾ ਸਭ ਤੋਂ ਵਧੇਰੇ ਤੇਲ ਭੰਡਾਰ ਵਾਲਾ ਦੇਸ਼ ਮੰਨਿਆ ਜਾਂਦਾ ਹੈ। ਲਿਖਤਾਂ ਤੋਂ ਪਤਾ ਚੱਲਦਾ ਹੈ ਕਿ ਵੈਨੇਜ਼ੁਏਲਾ ਵਿੱਚ 300 ਅਰਬ ਬੈਰਲ ਤੋਂ ਵੱਧ ਤੇਲ ਦੇ ਭੰਡਾਰ ਹੋਣ ਦਾ ਅਨੁਮਾਨ ਹੈ। ਇਸ ਤੇਲ ਭੰਡਾਰ 'ਤੇ ਟਰੰਪ ਅਮਰੀਕਨ ਕਾਰਪੋਰੇਸ਼ਨਾਂ ਦਾ ਪੂਰਨ ਰੂਪ ਵਿੱਚ ਕਬਜ਼ਾ ਕਰਾਉਣਾ ਚਾਹੁੰਦਾ ਹੈ। ਤੇਲ ਤੋਂ ਇਲਾਵਾ 40 ਲੱਖ ਟਨ ਦੇ ਲੱਗਭੱਗ ਸੋਨੇ ਦੇ ਖਣਿਜ ਭੰਡਾਰ, 12 ਹਜ਼ਾਰ ਮਿਲੀਅਨ ਟਨ ਲੋਹਾ ਹੋਣ ਦਾ ਅਨੁਮਾਨ ਹੈ।

ਟਰੰਪ ਜਾਂ ਅਮਰੀਕੀ ਕੰਪਨੀਆਂ ਨੂੰ ਇਹ ਵੀ ਡਰ ਖਾਈ ਜਾ ਰਿਹਾ ਹੈ ਕਿ ਅਮਰੀਕਨ ਡਾਲਰ ਦੇ ਮੁਕਾਬਲੇ ਕਈ ਦੇਸ਼ਾਂ ਨੇ ਆਪਣੀਆਂ ਕਰੰਸੀਆਂ ਨਾਲ ਵਪਾਰ ਸ਼ੁਰੂ ਕਰ ਲਿਆ ਹੈ। ਜਦੋਂ ਇਰਾਕ ਦੇ ਰਾਸ਼ਟਰਪਤੀ ਸਦਾਮ ਹੁਸੈਨ ਨੇ 2000 ਵਿੱਚ ਐਲਾਨ ਕੀਤਾ ਕਿ ਉਹ ਤੇਲ ਡਾਲਰ ਦੀ ਥਾਂ ਯੂਰੋ ਵਿੱਚ ਵੇਚੇਗਾ ਤੇ ਉਸ ਸਮੇਂ ਦੀ ਅਮਰੀਕਨ ਹਕੂਮਤ ਨੇ ਫੌਜੀ ਹਮਲੇ ਨਾਲ ਸਦਾਮ ਹੁਸੈਨ ਨੂੰ ਫੜ ਕੇ ਇਰਾਕ ਵਿੱਚ ਹੀ ਫਾਂਸੀ ਦੇ ਦਿੱਤੀ। ਬਹਾਨਾ ਇਹ ਘੜਿਆ ਗਿਆ ਕਿ ਉਸ ਕੋਲ ਪ੍ਰਮਾਣੂ ਹਥਿਆਰ ਹਨ। ਉਹ ਹਥਿਆਰ ਅੱਜ ਤੱਕ ਨਹੀਂ ਮਿਲੇ। ਇਸੇ ਤਰ੍ਹਾਂ ਲੀਬੀਆ ਦੇ ਕਰਨਲ ਗੱਦਾਫ਼ੀ ਨੇ ਜਦੋਂ ਤੇਲ ਵਪਾਰ ਲਈ ਅਫਰੀਕੀ ਮੁਦਰਾ ਗੋਲਡ ਦਿਨਾਰ ਵਿੱਚ ਵੇਚਣ ਬਾਰੇ ਕਿਹਾ ਤੇ ਉਸ ਦੀ ਹੱਤਿਆ ਕਰ ਦਿੱਤੀ ਗਈ। ਵੈਨੇਜ਼ੁਏਲਾ ਨੇ ਵੀ ਤੇਲ ਦਾ ਵਪਾਰ ਚੀਨੀ ਮੁਦਰਾ ਯੂਆਨ ਵਿੱਚ ਵੇਚਣਾ ਸ਼ੁਰੂ ਕੀਤਾ, ਬਰਿਕਸ ਵਿੱਚ ਵੀ ਸ਼ਾਮਲ ਹੋਣ ਦੀ ਦਰਖਾਸਤ ਦੇ ਦਿੱਤੀ ਅਤੇ ਨਾਲ ਹੀ ਆਪਣੇ ਦੇਸ਼ 'ਚੋਂ ਅਮਰੀਕਾ ਤੇਲ ਕੰਪਨੀਆਂ ਦੀ ਸਰਦਾਰੀ ਖ਼ਤਮ ਕਰ ਦਿੱਤੀ ਸੀ। ਇਸ ਦੀ ਇਵਜ਼ ਵਿੱਚ ਅਮਰੀਕਾ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨੂੰ ਜਬਰਨ ਅਗਵਾ ਕੀਤਾ ਹੈ।

ਤਾਨਾਸ਼ਾਹ ਟਰੰਪ ਨੇ ਵੈਨੇਜ਼ੁਏਲਾ ਤੋਂ ਬਾਅਦ ਕਮਿਊਨਿਸਟ ਦੇਸ਼ ਮੈਕਸੀਕੋ, ਕਿਊਬਾ ਅਤੇ ਕੋਲੰਬੀਆ ਨੂੰ ਵੀ ਵੈਨੇਜ਼ੁਏਲਾ ਦੀ ਤਰ੍ਹਾਂ ਸਬਕ ਸਿਖਾਉਣ ਦੀ ਧਮਕੀ ਦੇ ਦਿੱਤੀ ਹੈ। ਇਹ ਛੋਟੇ-ਛੋਟੇ ਦੇਸ਼ ਵੀ ਅਮਰੀਕਾ ਦੇ ਪੈਰਾਂ ਭਾਵ ਉੱਤਰੀ ਅਮਰੀਕਾ ਵਿੱਚ ਹਨ। ਇਸੇ ਤਰ੍ਹਾਂ ਟਰੰਪ ਨੇ ਈਰਾਨ ਨੂੰ ਤਬਾਹ ਕਰਨ ਅਤੇ ਗ੍ਰੀਨ ਲੈਂਡ ਦੇਸ਼ ਨੂੰ ਹੜੱਪਣ ਦਾ ਐਲਾਨ ਕੀਤਾ ਹੋਇਆ ਹੈ। ਵੈਨੇਜ਼ੁਏਲਾ ਹਵਾਈ ਹਮਲੇ ਤੋਂ ਬਾਅਦ ਕੋਲੰਬੀਆ ਦੇ ਕਮਿਊਨਿਸਟ ਰਾਸ਼ਟਰਪਤੀ ਗੁਸਤਾਵੋ ਪੈਟ੍ਰੋ ਨੂੰ ਚੇਤਾਵਨੀ ਦਿੱਤੀ ਕਿ ਉਹ ਆਪਣੀ ਹਿਫਾਜ਼ਤ ਦਾ ਧਿਆਨ ਰੱਖੇ। ਗਰੀਨ ਲੈਂਡ ਵਿੱਚ ਅਮਰੀਕਾ ਦਾ ਪਹਿਲਾਂ ਹੀ ਇੱਕ ਫੌਜੀ ਕੈਂਪ ਪਿਟੁਫਿਕ ਸਪੇਸ ਬੇਸ ਮੌਜੂਦ ਹੈ ਤੇ ਹੁਣ ਪੂਰਨ ਰੂਪ ਵਿੱਚ ਕਬਜ਼ਾ ਕਰਨਾ ਚਾਹੁੰਦਾ ਹੈ।

ਵੈਨੇਜ਼ੁਏਲਾ ਦੇ ਮੌਜੂਦ ਹਾਲਾਤ ਵਿੱਚ ਉਥੋਂ ਦੀ ਨੈਸ਼ਨਲ ਐਸੰਬਲੀ ਨੇ ਉਪ ਰਾਸ਼ਟਰਪਤੀ ਡੈਲਸੀ ਰੋਡਰੀਗੇਜ਼ ਨੂੰ ਅੰਤਰਿਮ ਰਾਸ਼ਟਰਪਤੀ ਚੁਣ ਲਿਆ ਹੈ। ਡੈਲਸੀ ਵੀ ਕਮਿਊਨਿਸਟ ਹੈ। ਡੈਲਸੀ ਨੇ ਸਰਕਾਰੀ ਚੈਨਲ ਤੋਂ ਕਿਹਾ ਕਿ ਉਹ ਮਾਦੁਰੋ, ਨਿਕੋਲਸ ਤੇ ਉਨ੍ਹਾਂ ਦੀ ਪਤਨੀ ਦੀ ਰਿਹਾਈ ਲਈ ਕੌਮਾਂਤਰੀ ਪੱਧਰ 'ਤੇ ਆਵਾਜ਼ ਉਠਾਉਂਦੀ ਰਹੇਗੀ। ਇਸ ਦੇ ਨਾਲ ਹੀ ਮਾਦੁਰੋ ਦੇ ਅਧੂਰੇ ਕੰਮਾਂ ਦੀ ਪੂਰਤੀ ਕਰੇਗੀ।

**# ਸੰਪਰਕ : 98760-78731**

CMYK

# ਜੂਆ ਖੇਡਦੇ 27 ਕਾਬੂ, 7 ਲੱਖ ਤੋਂ ਵੱਧ ਦੀ ਨਗਦੀ ਬਰਾਮਦ



**ਲਹਿਰਾਗਾਗਾ (ਰੀਤਵਾਲ)**-ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਹਿਲ ਵੱਲੋਂ ਸਮੁੱਚੇ ਜ਼ਿਲ੍ਹੇ ਅੰਦਰ ਸਮਾਜ ਵਿਰੋਧੀ ਤੇ ਨਸ਼ਾ ਸਮਗਲਰਾਂ ਵਿਰੁੱਧ ਚਲਾਈ ਗਈ ਮੁਹਿੰਮ ਦੇ ਤਹਿਤ ਸਬ ਡਵੀਜ਼ਨ ਲਹਿਰਾ ਦੇ ਡੀਐਸਪੀ ਰਣਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਥਾਣਾ ਸਦਰ ਦੇ ਇੰਚਾਰਜ ਮਨਪ੍ਰੀਤ ਸਿੰਘ ਦੀ ਯੋਗ ਅਗਵਾਈ ਵਿੱਚ ਪੁਲਸ ਨੇ ਗੁਆਂਢੀ ਸੂਬੇ ਹਰਿਆਣਾ ਦੇ ਨਾਲ ਲੱਗਦੇ ਪਿੰਡ ਗੁਰੂ ਨਾਨਕ ਨਗਰ ਚੂੜਲ ਕਲਾਂ ਵਿਖੇ ਰੇਡ ਕਰਦਿਆਂ 27 ਵਿਅਕਤੀਆਂ ਨੂੰ 7 ਲੱਖ ਤੋਂ ਵੱਧ ਰੁਪਏ ਦੀ ਰਾਸ਼ੀ ਸਮੇਤ ਜੂਆ ਖੇਡਦੇ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐਸਪੀ ਰਣਵੀਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਗੁਪਤ ਸੂਚਨਾ ਮਿਲੀ ਕਿ ਗੁਰੂ ਨਾਨਕ ਨਗਰ ਚੂੜਲ ਵਿਖੇ ਇੱਕ ਗੈਂਗ ਵੱਡੇ ਪੱਧਰ ਤੇ ਜੂਆ ਖੇਡਣ ਤੇ ਖਿਡਾਉਣ ਦਾ ਕੰਮ ਕਰਦਾ ਹੈ, ਜਿਸ ਦੇ ਚਲਦੇ ਥਾਣਾ ਸਦਰ ਦੇ ਇੰਚਾਰਜ ਮਨਪ੍ਰੀਤ ਸਿੰਘ, ਸਿਟੀ ਚੋਟੀਆਂ ਦੇ ਇੰਚਾਰਜ ਰਣਜੀਤ ਸਿੰਘ ਦੀ ਅਗਵਾਈ ਵਿੱਚ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਰੇਡ ਕਰਦਿਆਂ 27 ਵਿਅਕਤੀਆਂ ਨੂੰ 7 ਲੱਖ 23 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਸਮੇਤ ਜੂਆ ਖੇਡਦੇ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ 27 ਵਿਅਕਤੀਆਂ ਵਿੱਚੋਂ ਪੰਜਾਬ ਦੇ ਸਿਰਫ ਪੰਜ ਹਨ, ਬਾਕੀ ਵਿਅਕਤੀ ਹਰਿਆਣਾ ਨਾਲ ਸੰਬੰਧਤ ਹਨ।ਕਾਬੂ ਕੀਤੇ ਗਏ ਵਿਅਕਤੀਆਂ ਵਿੱਚ ਪ੍ਰਮੋਦ ਕੁਮਾਰ ਸੰਗਰੂਰ, ਮਨੋਜ ਕੁਮਾਰ ਪਾਤੜਾਂ, ਮਹੇਸ਼ ਕੁਮਾਰ ਪਟਿਆਲਾ, ਤਲਵਿੰਦਰ ਸਿੰਘ ਪਟਿਆਲਾ, ਸ਼ੈਪੀ ਸੰਗਰੂਰ ਤੋਂ ਇਲਾਵਾ ਹਰਿਆਣਾ ਨਾਲ ਸਬੰਧਤ ਮਹਿੰਦਰਪਾਲ ਉਰਫ ਚਿੜੀਆ ਰੱਤੀਆ, ਸੁਖਪਾਲ ਸਿੰਘ ਵਾਸੀ ਰੱਤੀਆ, ਸੰਦੀਪ ਸਿੰਘ ਟੋਹਾਣਾ, ਭੁਵਨੇਸ਼ ਕੁਮਾਰ ਰੱਤੀਆ, ਰਘਬੀਰ ਸਿੰਘ ਉਕਲਾਣਾ, ਵਰਿੰਦਰ ਸਿੰਘ ਉਕਲਾਣਾ, ਪ੍ਰਵੀਨ ਕੁਮਾਰ ਟੋਹਾਣਾ, ਡਿੰਪਲ ਕੁਮਾਰ ਰੱਤੀਆ, ਅੰਚਿਤ ਕੁਮਾਰ ਟੋਹਾਣਾ, ਦਲੀਪ ਸਿੰਘ ਟੋਹਾਣਾ, ਕੁਲਦੀਪ ਸਿੰਗਲਾ ਟੋਹਾਣਾ, ਵਿਨੋਦ ਕੁਮਾਰ ਭੂੰਨਾ, ਸੁਰਿੰਦਰ ਸਿੰਘ ਹਿਸਾਰ, ਸੋਨੂ ਉਰਫ ਬਾਗੜੀ ਭੂਨਾ, ਸੁਨੀਲ ਕੁਮਾਰ ਭੂਨਾ, ਅਨਿਲ ਸੈਣੀ ਟੋਹਾਣਾ , ਦਿਲਬਾਗ ਸਿੰਘ ਟੋਹਾਣਾ, ਰਵੀ ਹਿਸਾਰ, ਪ੍ਰਦੀਪ ਉਰਫ ਤੋਤਾ ਹਿਸਾਰ, ਰਜੇਸ਼ ਹਿਸਾਰ, ਮਿੰਟੂ ਹਿਸਾਰ ਤੇ ਰਮੇਸ਼ ਕੁਮਾਰ ਟੋਹਾਣਾ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਦੋਸ਼ੀਆਂ ਵਿਰੁੱਧ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਤੇ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ।ਡੀਐੱਸਪੀ ਨੇ ਸਪੱਸ਼ਟ ਕੀਤਾ ਕਿ ਸਮਾਜ ਵਿਰੋਧੀ ਅਨਸਰਾਂ ਨੂੰ ਲੈ ਕੇ ਪੁਲਸ ਪੂਰੀ ਤਰ੍ਹਾਂ ਗੰਭੀਰ ਹੈ।ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗਵਾਂਢੀ ਸੂਬਾ ਹਰਿਆਣਾ ਦੇ ਨਾਲ ਇਲਾਕਾ ਲੱਗਦਾ ਹੋਣ ਦੇ ਕਾਰਨ ਸਮੇਂ-ਸਮੇਂ ਤੇ ਇੰਟਰਸਟੇਟ ਨਾਕੇਬੰਦੀ ਵੀ ਕੀਤੀ ਜਾਂਦੀ ਹੈ, ਪਰ ਉਕਤ ਘਟਨਾ ਤੋਂ ਬਾਅਦ ਪੁਲਸ ਪੂਰੀ ਮੁਸਤੈਦੀ ਵਰਤੇਗੀ।ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

# ਆਮ ਆਦਮੀ ਪਾਰਟੀ ਦੇ ਪ੍ਰਵੀਨ ਕੁਮਾਰ ਨਗਰ ਨਿਗਮ ਮੋਗਾ ਦੇ ਮੇਅਰ ਬਣੇ

## 53 ਦਿਨਾਂ ਬਾਅਦ ਮਿਲਿਆ ਨਗਰ ਨਿਗਮ ਮੋਗਾ ਨੂੰ ਮੇਅਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਾਈ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ ਅੱਜ ਨਗਰ ਨਿਗਮ ਮੇਅਰ ਦੀ ਚੋਣ ਹੋਈ। ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਨੂੰ 53 ਦਿਨ ਪਹਿਲਾਂ ਪਾਰਟੀ ਵਿੱਚੋਂ ਬਰਖਾਸਤ ਕੀਤਾ ਗਿਆ ਸੀ ਤੇ ਨਗਰ ਨਿਗਮ ਮੇਅਰ ਦੇ ਪਦ ਤੋਂ ਅਸਤੀਫਾ ਲਿਆ ਗਿਆ, ਜਿਸ ਤੋਂ ਬਾਅਦ ਕਾਰਜਕਾਰੀ ਮੇਅਰ ਦੇ ਤੌਰ 'ਤੇ ਪ੍ਰਵੀਨ ਕੁਮਾਰ ਪੀਨਾਂ ਨੂੰ ਮੇਅਰ ਦੀ ਕੁਰਸੀ 'ਤੇ ਬਿਠਾਇਆ ਗਿਆ। ਵਿਰੋਧੀ ਪਾਰਟੀਆਂ ਵੱਲੋਂ ਹਾਈਕੋਰਟ ਦੇ ਵਿੱਚ ਰਿਟ ਪਾਈ ਗਈ ਸੀ ਕੇ ਨਗਰ ਨਿਗਮ ਮੋਗਾ ਦੇ ਮੇਅਰ ਦੀ ਚੋਣ ਨਵੇਂ ਸਿਰਿਓਂ ਕਰਵਾਈ ਹਾਈਕੋਰਟ ਦੀ ਨਿਰਦੇਸ਼ਾਂ ਤੋਂ ਬਾਅਦ ਅੱਜ ਮੇਅਰ ਦੀ ਚੋਣ ਹੋਈ, ਜਿਸ ਵਿੱਚ 31 ਵੋਟਾਂ ਦੇ ਨਾਲ ਪ੍ਰਵੀਨ ਕੁਮਾਰ ਪੀਨਾ ਹੱਕ ਵਿੱਚ ਪਈਆਂ ਤੇ ਉਹ ਨਗਰ ਨਿਗਮ ਮੋਗਾ ਦੇ ਨਵੇਂ ਮੇਅਰ ਬਣੇ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਨਵ ਨਿਯੁਕਤ ਮੇਅਰ ਪ੍ਰਵੀਨ ਕੁਮਾਰ ਪੀਨਾ ਨੇ ਕਿਹਾ ਕਿ ਸਾਰੇ ਹੀ ਕੌਂਸਲਰਾਂ ਦਾ ਅਤੇ ਮੋਗਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੇਰੇ 'ਤੇ ਭਰੋਸਾ ਜਤਾਇਆ ਤੇ ਮੈਨੂੰ ਮੇਅਰ ਬਣਾਇਆ, ਉੱਥੇ ਹੀ ਉਨ੍ਹਾਂ ਨੇ ਕਿਹਾ ਕਿ ਸ਼ਹਿਰ ਦੇ ਕੰਮ ਪਹਿਲਾਂ ਵੀ ਸਾਰੇ ਹੋ ਰਹੇ ਹਨ ਤੇ ਅੱਗੇ ਵੀ ਸਾਰੇ ਕੀਤੇ ਜਾਣਗੇ ਕਿਸੇ ਨੂੰ ਕੋਈ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਜਾਵੇਗਾ।

ਇਸ ਮੌਕੇ ਤੇ ਮੋਗਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਕੌਂਸਲਰਾਂ ਵੱਲੋਂ ਮੇਅਰ ਪ੍ਰਵੀਨ ਕੁਮਾਰ ਪੀਨਾ ਨੂੰ 31 ਵੋਟਾਂ ਪਾਈਆਂ ਗਈਆਂ।ਵਿਰੋਧੀ ਧਿਰ ਵੱਲੋਂ ਝੂਠੇ ਇਲਜ਼ਾਮ ਲਗਾ ਕੇ ਵਾਕ ਆਊਟ ਕੀਤਾ ਗਿਆ।ਉਨ੍ਹਾਂ ਕੋਲੇ ਕੁੱਲ 17 ਮੈਂਬਰ ਸੀ ਕਾਂਗਰਸ ਤੇ ਅਕਾਲੀ ਪਾਰਟੀ ਦੇ ਜਿਸ ਨਾਲ ਬਹੁਮਤ ਆਮ ਆਦਮੀ ਪਾਰਟੀ ਦੀ ਹੋਇਆ ਅਤੇ ਪ੍ਰਵੀਨ ਕੁਮਾਰ ਪੀਨਾ ਨੂੰ ਮੇਅਰ ਨਿਯੁਕਤ ਕੀਤਾ ਗਿਆ । ਆਮ ਆਦਮੀ ਪਾਰਟੀ ਦੀ ਜਿੱਤ ਹੋਈ ਹੈ ਤੇ ਉਨ੍ਹਾਂ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੋਟ ਪਾਕੇ ਮੇਅਰ ਬਣਾਉਣ ਲਈ ਸਮੁੱਚੇ ਕੌਂਸਲਰਾਂ ਦਾ ਧੰਨਵਾਦ ਕੀਤਾ।

# ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੱਕਾ ਮੋਰਚਾ ਜਾਰੀ

## ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਮੁਆਵਜ਼ਾ ਜ਼ਮੀਨੀ ਪੱਧਰ ਤੱਕ ਨਹੀਂ ਪਹੁੰਚਿਆ : ਆਹਲੂਵਾਲੀਆ



**ਮੱਖੂ (ਰਛਪਾਲ ਸਿੰਘ ਸੰਧੂ)**

ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਭ ਰ ਾ ਤ ਰ ੀ ਜਥੇਬੰਦੀਆਂ ਦੇ ਸਹਿਯੋਗ ਨਾਲ ਸੂਬਾ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਦੀ ਅਗਵਾਈ ਹੇਠ 1 ਜਨਵਰੀ ਤੋਂ ਹਰੀਕੇ ਹੈੱਡ ਵਰਕਸ ਦੀਆਂ ਨਹਿਰਾਂ 'ਤੇ ਪੱਕਾ ਮੋਰਚਾ ਲਗਾਇਆ ਹੋਇਆ ਹੈ।ਇਸ ਪੱਕੇ ਮੋਰਚੇ ਦੌਰਾਨ ਰੋਜ਼ਾਨਾ ਪੰਜ ਕਿਸਾਨ ਭੁੱਖ ਹੜਤਾਲ 'ਤੇ ਬੈਠ ਰਹੇ ਹਨ। ਹੜ੍ਹ ਪੀੜ੍ਹਤਾਂ ਦੇ ਇਸ ਪੱਕੇ ਮੋਰਚੇ ਵਿੱਚ ਅੱਜ ਭਾਨਾ ਸਿੱਧੂ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਵਿਸ਼ੇਸ਼ ਪਹੁੰਚੇ।ਇਸ ਮੌਕੇ ਬਾਪੂ ਤਰਸੇਮ ਸਿੰਘ ਨੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਸਰਕਾਰ ਵੱਲੋਂ ਪੈਰੋਲ ਦੇਣ ਤੋਂ ਇਨਕਾਰ ਕਰਨ ਨੂੰ ਲੋਕਤੰਤਰ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਨੇ ਸੰਸਦ ਦੇ ਸਰਦ ਰੁੱਤ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਪੈਰੋਲ ਮੰਗੀ ਸੀ, ਨਾ ਕਿ ਕੋਈ ਜਨਤਕ ਰੈਲੀ ਕਰਨ ਲਈ ਜਾਂ ਆਪਣੇ ਪਰਿਵਾਰ ਨੂੰ ਮਿਲਣ ਲਈ।ਉਹ ਉਨ੍ਹਾਂ ਲੋਕਾਂ ਦੀ ਆਵਾਜ਼ ਉਠਾਉਣਾ ਚਾਹੁੰਦਾ ਸੀ, ਜਿਨ੍ਹਾਂ ਦੀ ਉਹ ਨੁਮਾਇੰਦਗੀ ਕਰ ਰਿਹਾ ਹੈ।ਭਾਨਾ ਸਿੱਧੂ ਨੇ ਕਿਹਾ ਕਿ ਕਿਸਾਨਾਂ ਨੂੰ ਸਰਕਾਰਾਂ ਦੇ ਭਰੋਸੇ ਨਹੀਂ ਰਹਿਣਾ ਚਾਹੀਦਾ, ਸਾਨੂੰ ਸਾਰਿਆਂ ਨੂੰ ਆਪਣੀ ਲੜਾਈ ਆਪ ਲੜਨੀ ਚਾਹੀਦੀ ਹੈ।ਇਸ ਮੌਕੇ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਹੜ੍ਹਾਂ ਦੌਰਾਨ ਕਿਸਾਨਾਂ ਦੇ ਹੋਏ ਨੁਕਸਾਨ ਦਾ ਐਲਾਨਿਆ ਮੁਆਵਜ਼ਾ ਹੜ੍ਹ ਪੀੜਤਾਂ ਤੱਕ ਜ਼ਮੀਨੀ ਪੱਧਰ ਤੱਕ ਨਹੀਂ ਪਹੁੰਚਿਆ।ਇਸ ਤੋਂ ਸਾਬਿਤ ਹੁੰਦਾ ਹੈ ਕਿ ਪੰਜਾਬ ਸਰਕਾਰ ਹੜ੍ਹ ਪੀੜਤਾਂ ਨਾਲ ਕੋਈ ਹਮਦਰਦੀ ਨਹੀਂ ਰੱਖਦੀ, ਸਿਰਫ ਸਿਆਸਤ ਕਰਕੇ ਸਿਆਸੀ ਰੋਟੀਆਂ ਸੇਕ ਰਹੀ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਮੁੱਖ ਮੰਗਾਂ ਕੱਚੀਆਂ ਜ਼ਮੀਨਾਂ 'ਤੇ ਲੰਬੇ ਸਮੇਂ ਤੋਂ ਕਾਸ਼ਤ ਰਹੇ ਕਿਸਾਨਾਂ ਦੀ ਜ਼ਮੀਨ ਦੀ ਗਿਰਦਾਵਰੀ ਕਿਸਾਨ ਦੇ ਨਾਮ ਕਰਕੇ ਤੁਰੰਤ ਫਸਲਾਂ ਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਕਾਸ਼ਤਕਾਰ ਕਿਸਾਨ ਨੂੰ ਮਲਕੀਅਤ ਹੱਕ ਦਿੱਤਾ ਜਾਵੇ, ਡੈਮਾਂ ਵੱਲੋਂ ਪਾਣੀ ਛੱਡਣ ਕਾਰਨ ਪੰਜਾਬ ਦੇ ਜਿਨ੍ਹਾਂ ਕਿਸਾਨਾਂ ਦੀਆਂ ਫਸਲਾਂ ਧੁੱਸੀ ਬੰਨ੍ਹ ਦੇ ਅੰਦਰ ਆਉਂਦੀਆਂ ਹਨ, ਉਨ੍ਹਾਂ ਦੀਆਂ ਫਸਲਾਂ ਬਰਬਾਦ ਹੋ ਜਾਂਦੀਆਂ ਹਨ, ਦਾ ਸਾਰਾ ਕਰਜ਼ਾ ਤੁਰੰਤ ਮੁਆਫ ਕੀਤਾ ਜਾਵੇ, 2025 ਹੜ੍ਹ ਦੌਰਾਨ ਕਿਸਾਨਾਂ ਦੇ ਖੇਤਾਂ ਵਿੱਚ ਰੇਤਾ ਪੈ ਗਈ ਸੀ, ਨੂੰ ਕੱਢਣ ਲਈ ਸਰਕਾਰ ਵੱਲੋਂ ਜਿਸ ਦਾ ਖੇਤ ਉਸ ਦੀ ਦੀ ਰੇਤ ਪੋਲਿਸੀ ਤਹਿਤ 31 ਦਸੰਬਰ ਤੱਕ ਖੁੱਲ੍ਹ ਦਿੱਤੀ ਗਈ ਸੀ ਪਰ ਹੜ੍ਹ ਪੀੜਤ ਕਿਸਾਨਾਂ ਵੱਲੋਂ ਅਜੇ ਤੱਕ ਆਪਣੇ ਖੇਤਾਂ ਦੀ ਰੇਤਾ ਚੁੱਕੀ ਨਹੀਂ ਗਈ ਜਿਸ ਕਰਕੇ ਕਿਸਾਨਾਂ ਨੂੰ ਖੁੱਲ੍ਹਾ ਸਮਾਂ ਦਿੱਤਾ ਜਾਵੇ ਆਦਿ ਮੰਗਾਂ ਹਨ। ਇਸ ਮੌਕੇ ਲਖਵਿੰਦਰ ਸਿੰਘ ਅਰਾਈਆਂਵਾਲਾ, ਹਰਜਿੰਦਰ ਸਿੰਘ ਸਰਪੰਚ ਹਸ਼ਮਤ ਵਾਲਾ, ਕਰਨੈਲ ਸਿੰਘ, ਮਲਕੀਤ ਸਿੰਘ, ਸੁਖਦੇਵ ਸਿੰਘ, ਗੁਰਚਰਨ ਸਿੰਘ, ਰਣਜੋਧ ਸਿੰਘ, ਸਿਕੰਦਰ ਸਿੰਘ, ਜਸਵਿੰਦਰ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ, ਬਖਸ਼ੀਸ਼ ਸਿੰਘ, ਮੁਖਤਿਆਰ ਸਿੰਘ, ਨਿਰਮਲ ਸਿੰਘ, ਗੁਰਜੀਤ ਸਿੰਘ, ਸ਼ਮਸ਼ੇਰ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਕਿਸਾਨ ਪਹੁੰਚੇ।

## ਕਾਤਰਾਂ

### ਕਾਰ ਸਵਾਰ ਲੱਸੀ ਵਾਲੀ ਪੀਪੀ ਖੋਹ ਕੇ ਫਰਾਰ

**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਪਿੰਡ ਦਿਆਲਪੁਰਾ ਮਿਰਜ਼ਾ ਵਿਖੇ ਲੁੱਟ ਦੀ ਇੱਕ ਅਨੋਖੀ ਘਟਨਾ ਵਾਪਰੀ ਹੈ, ਜਿਸ ਦੀ ਪੂਰੇ ਇਲਾਕੇ ਅੰਦਰ ਚਰਚਾ ਜ਼ੋਰਾਂ 'ਤੇ ਹੈ। ਬੀਤੇ ਦਿਨੀਂ ਇੱਕ ਮਜ਼ਦੂਰ ਆਪਣੇ ਮਾਲਕ ਕਿਸਾਨ ਦੇ ਘਰੋਂ ਖੇਤ ਲੱਸੀ ਲੈ ਕੇ ਜਾਣ ਲਈ ਆਪਣੇ ਸਾਈਕਲ 'ਤੇ ਜਾ ਰਿਹਾ ਸੀ, ਜਦੋਂ ਉਹ ਪਿੰਡੋਂ ਬਾਹਰ ਗੁੰਮਟੀ ਕਲਾਂ ਸੜਕ 'ਤੇ ਪੁੱਜਿਆ ਤਾਂ ਪਿੱਛੋਂ ਕਾਰ ਸਵਾਰ ਲੁਟੇਰੇ ਉਕਤ ਨੂੰ ਰੋਕ ਕੇ ਉਸ ਦੇ ਹੱਥ ਵਿੱਚ ਫੜੀ ਲੱਸੀ ਵਾਲੀ ਪੀਪੀ ਖੋਹ ਕੇ ਫਰਾਰ ਹੋ ਗਏ। ਅਸਲ ਵਿੱਚ ਮਜ਼ਦੂਰ ਦੇ ਹੱਥ ਵਿੱਚ ਲੱਸੀ ਵਾਲੀ ਜੋ ਪੀਪੀ ਫੜੀ ਹੋਈ ਸੀ, ਉਹ ਕਿਸੇ ਨਾਮਵਰ ਕੰਪਨੀ ਦੀ ਦੇਸੀ ਘਿਉ ਵਾਲੀ ਪੀਪੀ ਸੀ, ਜਿਸ ਵਿੱਚ ਲੱਸੀ ਪਾਈ ਹੋਈ ਸੀ ਤੇ ਸ਼ਾਇਦ ਕਾਰ ਸਵਾਰ ਲੁਟੇਰੇ ਦੇਸੀ ਘਿਉ ਦੇ ਭੁਲੇਖੇ ਹੀ ਮਜ਼ਦੂਰ ਪਾਸੋਂ ਲੱਸੀ ਵਾਲੀ ਪੀਪੀ ਖੋਹ ਕੇ ਲੈ ਗਏ। ਇਸ ਘਟਨਾ ਦੀ ਇਲਾਕੇ ਅੰਦਰ ਚਰਚਾ ਜ਼ੋਰਾਂ 'ਤੇ ਹੈ।

### ਟ੍ਰੈਫਿਕ ਪੁਲਸ ਨੇ ਚੱਠੇ ਨਕੱਟੇ ਮੋੜ 'ਤੇ ਲਵਾਈ ਸਟਰੀਟ ਲਾਈਟ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਰੋਡ 'ਤੇ ਪਿੰਡ ਚੱਠੇ ਨਕੱਟੇ ਮੋੜ 'ਤੇ ਪਾਲੀ ਨੰਬਰਦਾਰ ਤੇ ਪਿੰਡ ਦੇ ਸਰਪੰਚ ਹਰਜਿੰਦਰ ਸਿੰਘ ਦੇ ਸਹਿਯੋਗ ਨਾਲ ਲਾਈਟ ਲਗਾਈ ਗਈ। ਧੁੰਦ ਦੇ ਕਾਰਨ ਕਈ ਉਥੇ ਐਕਸੀਡੈਂਟ ਹੁੰਦੇ ਸਨ, ਉਸ ਦੇ ਬਚਾਓ ਦੇ ਲਈ ਇਹ ਰੋਡ ਸੇਫਟੀ ਉਪਰਾਲਾ ਟ੍ਰੈਫਿਕ ਪੁਲਸ ਸੁਨਾਮ ਵੱਲੋਂ ਕੀਤਾ ਗਿਆ। ਟ੍ਰੈਫਿਕ ਪੁਲਸ ਦੇ ਇੰਚਾਰਜ ਏ ਐੱਸ ਆਈ ਨਿਰਭੈ ਸਿੰਘ ਨੇ ਪਾਲੀ ਨੰਬਰਦਾਰ ਤੇ ਸਰਪੰਚ ਹਰਜਿੰਦਰ ਸਿੰਘ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਤੁਹਾਡੇ ਇਸ ਉਪਰਾਲੇ ਨਾਲ ਕਈ ਕੀਮਤੀ ਜਾਨਾਂ ਬਚ ਸਕਦੀਆਂ ਹਨ।

### ਸ਼ੋਰ ਪ੍ਰਦੂਸ਼ਣ ਤੋਂ ਲੋਕ ਪ੍ਰੇਸ਼ਾਨ

**ਬਰੇਟਾ (ਰੀਤਵਾਲ)**-ਸਾਡੇ ਭਾਰਤ ਵਰਸ਼ ਵਿੱਚ ਆਏ ਦਿਨ ਅਖ਼ਬਾਰਾਂ ਤੇ ਮੀਡੀਆ ਵਿੱਚ ਪੜ੍ਹਨ ਸੁਣਨ ਨੂੰ ਮਿਲਦਾ ਹੈ ਕਿ ਧਾਰਮਿਕ ਸਥਾਨਾਂ 'ਤੇ ਉੱਚੀ ਆਵਾਜ਼ ਵਿਚ ਲਾਊਡ ਸਪੀਕਰ ਵੱਜ ਰਹੇ ਹਨ। ਮੈਰਿਜ ਪੈਲੇਸ ਵਿੱਚ ਉੱਚੀ ਆਵਾਜ਼ ਵਿੱਚ ਵੱਜਦੇ ਡੀ. ਜੇ. ਲੋਕਾਂ ਨੂੰ ਪ੍ਰੇਸ਼ਾਨ ਕਰ ਰਹੇ ਹਨ।ਸ਼ੋਰ ਕਾਰਨ ਬਜ਼ੁਰਗ ਤੇ ਬੀਮਾਰ ਲੋਕਾਂ ਦੇ ਨਾਲ-ਨਾਲ ਬੱਚਿਆਂ ਦੀ ਪੜ੍ਹਾਈ ਨੂੰ 'ਚ ਵੀ ਵੱਡਾ ਵਿਘਨ ਪੈ ਰਿਹਾ ਹੈ।ਸ਼ਹਿਰਾਂ ਵਿੱਚ ਤਾਂ ਪੜ੍ਹੇ ਲਿਖੇ ਲੋਕ ਮਿਲ ਕੇ ਕੋਈ ਥੋੜ੍ਹਾ ਬਹੁਤ ਹੱਲ ਕਰ ਲੈਂਦੇ ਹਨ।ਪਿੰਡਾਂ ਵਿੱਚ ਆਵਾਜ਼ ਪ੍ਰਦੂਸ਼ਣ ਦਾ ਮਾਮਲਾ ਲੜਾਈ ਤੱਕ ਪਹੁੰਚ ਜਾਂਦਾ ਹੈ।ਅਖ਼ਬਾਰਾਂ ਵਿੱਚ ਖ਼ਬਰਾਂ ਛਪਦੀਆਂ ਹਨ। ਆਵਾਜ਼ ਪ੍ਰਦੂਸ਼ਣ ਸਭ ਤੋਂ ਵੱਡੀ ਪਰੇਸ਼ਾਨੀ ਹੈ, ਲੋੜ ਹੈ ਸਰਕਾਰਾਂ ਨੂੰ ਇਸ ਪ੍ਰਤੀ ਸਖਤ ਹੋਣ ਦੀ।

# ਡਾ. ਕੁਕਰੇਜਾ ਨੂੰ ਡੀਨ ਸਟੂਡੈਂਟਸ ਵੈੱਲਫੇਅਰ ਦਾ ਵਾਧੂ ਕੰਮ ਸੌਂਪਿਆ



**ਲੌਂਗੋਵਾਲ (ਪ੍ਰਦੀਪ ਸੱਪਲ)**

ਸਲਾਈਟ ਲੌਂਗੋਵਾਲ ਵਿਖੇ ਡਾ. ਵਿਜੇ ਕੇ. ਕੁਕਰੇਜਾ, ਪ੍ਰੋਫ਼ੈਸਰ (ਗਣਿਤ ਵਿਭਾਗ) ਨੂੰ ਕਾਲਜ ਵਿਖੇ ਡੀਨ (ਸਟੂਡੈਂਟਸ ਵੈੱਲਫੇਅਰ) ਦਾ ਵਾਧੂ ਕੰਮ ਸੌਂਪਿਆ ਗਿਆ ਹੈ।ਸੰਸਥਾਨ ਡਾ. ਐੱਮ. ਐੱਮ. ਸਿੰਹਾ, ਪ੍ਰੋਫ਼ੈਸਰ (ਭੌਤਿਕ ਵਿਭਾਗ), ਵੱਲੋਂ ਡੀਨ (ਸਟੂਡੈਂਟਸ ਵੈਲਫੇਅਰ) ਦੇ ਤੌਰ 'ਤੇ ਆਪਣੇ ਕਾਰਜਕਾਲ ਦੌਰਾਨ ਦਿੱਤੀਆਂ ਕੀਮਤੀ ਸੇਵਾਵਾਂ ਦੀ ਸਰਾਹਨਾ ਕਰਦਾ ਹੈ।ਪ੍ਰੋ. ਕੁਕਰੇਜਾ ਨੇ ਡੀਨ (ਸਟੂਡੈਂਟਸ ਵੈੱਲਫੇਅਰ) ਵਜੋਂ ਕਾਰਜਭਾਰ ਸੰਭਾਲ ਲਿਆ ਹੈ।

# ਯੂਨੀਵਰਸਿਟੀ ਮੁਲਾਜ਼ਮਾਂ ਵੱਲੋਂ ਬਾਗੜੀਆਂ ਟੀਮ ਦੇ ਹੱਕ 'ਚ ਸ਼ਕਤੀ ਪ੍ਰਦਰਸ਼ਨ

## ਕਰਮਚਾਰੀ ਚੋਣਾਂ 'ਚ ਮਿਲ ਰਿਹੈ ਭਰਵਾਂ ਹੁੰਗਾਰਾ ਸੰਘ ਵੱਲੋਂ ਕਰਵਾਏ ਕੰਮਾਂ ਦਾ ਨਤੀਜਾ : ਬਾਗੜੀਆਂ ਟੀਮ



**ਨਾਭਾ (ਵਰਿੰਦਰ ਵਰਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀਆਂ ਗੈਰ-ਅਧਿਆਪਨ ਕਰਮਚਾਰੀ ਸੰਘ ਦੀਆਂ ਚੋਣਾਂ 22 ਜਨਵਰੀ ਨੂੰ ਕਰਵਾਇਆ ਜਾ ਰਹੀਆਂ ਹਨ। ਇਨ੍ਹਾਂ ਚੋਣਾਂ ਵਿੱਚ 2200 ਦੇ ਕਰੀਬ ਮੁਲਾਜ਼ਮਾਂ ਵੱਲੋਂ ਆਪਣੀ ਵੋਟ ਦਾ ਇਸਤੇਮਾਲ ਕੀਤਾ ਜਾਂਦਾ ਹੈ। ਯੂਨੀਵਰਸਿਟੀ ਕੈਂਪਸ, ਕਾਲਜਾਂ, ਨੇਬਰਹੁੱਡ ਕੈਂਪਸਾਂ, ਤਲਵੰਡੀ ਤੇ ਰਾਮਪੁਰਾ ਫੂਲ ਯੂਨੀਵਰਸਿਟੀ ਨਾਲ ਸਬੰਧਤ ਸਾਰੇ ਕਰਮਚਾਰੀਆਂ ਵੱਲੋਂ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕੀਤਾ ਜਾਣਾ ਹੈ।ਅੱਜ ਯੂਨੀਵਰਸਿਟੀ ਦੇ ਸੈਂਕੜੇ ਮੁਲਾਜ਼ਮਾਂ ਵੱਲੋਂ ਪ੍ਰੀਖਿਆ ਸ਼ਾਖਾ ਦੇ ਸਾਹਮਣੇ ਵੱਡੇ ਪੱਧਰ 'ਤੇ ਇਕੱਠ ਕਰ ਕੇ ਬਾਗੜੀਆਂ ਟੀਮ ਦੇ ਹੱਕ ਵਿੱਚ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪਿਛਲੇ ਦੋ ਸਾਲਾਂ ਤੋਂ ਲਗਾਤਾਰ ਬਾਗੜੀਆਂ ਟੀਮ ਸੈਂਕੜੇ ਕਰਮਚਾਰੀਆਂ ਨੂੰ ਰੈਗੂਲਰ ਕਰਵਾਉਣ ਵਿੱਚ ਸਫਲ ਰਹੀ ਹੈ।ਅੱਜ ਬਾਗੜੀਆਂ ਟੀਮ ਵੱਲੋਂ ਵੱਡੇ ਇਕੱਠ ਨਾਲ ਚੋਣ ਪ੍ਰਚਾਰ ਕਰਦਿਆਂ ਹਾਰਟੀਕਲਚਰ ਵਿਭਾਗ, ਸਾਂਭ ਸੰਭਾਲ ਵਿਭਾਗ ਤੋਂ ਹੁੰਦੇ ਹੋਏ ਪ੍ਰੀਖਿਆ ਸ਼ਾਖਾ, ਅਮਲਾਂ ਸ਼ਾਖਾ, ਲਾਇਬ੍ਰੇਰੀ ਸਮੇਤ ਵੱਖ ਵੱਖ ਵਿਭਾਗਾਂ ਅੰਦਰ ਕਰਮਚਾਰੀਆਂ ਨੂੰ ਮਿਲ ਕੇ ਬਾਗੜੀਆਂ ਟੀਮ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਗਈ। ਬਾਗੜੀਆਂ ਟੀਮ ਵੱਲੋਂ ਵੱਖ ਵੱਖ ਵਿਭਾਗਾਂ ਵਿੱਚ ਪਹੁੰਚ ਕੇ ਪਿਛਲੇ ਤਿੰਨ ਸਾਲਾਂ ਦੌਰਾਨ ਗੈਰ-ਅਧਿਆਪਨ ਕਰਮਚਾਰੀਆਂ ਦੇ ਕਰਵਾਏ ਕੰਮਾਂ ਸਬੰਧੀ ਸੰਖੇਪ ਵਿੱਚ ਬਾਗੜੀਆਂ ਦਿੰਦਿਆਂ ਦੱਸਿਆ ਕਿ ਯੂਨੀਵਰਸਿਟੀ ਚੋਣਾਂ ਵਿੱਚ ਬਾਗੜੀਆਂ ਟੀਮ ਨੂੰ ਵੱਡੇ ਪੱਧਰ 'ਤੇ ਮਿਲ ਰਿਹਾ ਭਰਵਾਂ ਹੁੰਗਾਰਾ ਇਸ ਗੱਲ ਦਾ ਪ੍ਰਤੀਕ ਹੈ ਕਿ ਬਾਗੜੀਆਂ ਟੀਮ ਵੱਲੋਂ ਸੈਂਕੜੇ ਕੱਚੇ ਕਾਮਿਆਂ ਨੂੰ ਰੈਗੂਲਰ ਕਰਵਾ ਕੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਦਾ ਉਪਰਾਲਾ ਕੀਤਾ ਗਿਆ ਹੈ।ਗੈਰ-ਅਧਿਆਪਨ ਕਰਮਚਾਰੀਆਂ ਦੀਆਂ ਤਰੱਕੀਆਂ ਤੇ ਮਾਣ ਸਨਮਾਨ ਲਈ ਵੱਡੇ ਪੱਧਰ 'ਤੇ ਸੰਘਰਸ਼ ਕੀਤਾ ਗਿਆ ਹੈ।ਬਾਗੜੀਆਂ ਟੀਮ ਨੇ ਕਰਮਚਾਰੀਆਂ ਨਾਲ ਵਾਅਦਾ ਕੀਤਾ ਕਿ ਆਉਣ ਵਾਲੇ ਸਮੇਂ ਦੌਰਾਨ ਪੰਜਾਬ ਸਰਕਾਰ ਤੋਂ ਬਣਦੇ ਬਕਾਏ ਦੀ ਰਾਸ਼ੀ ਰਿਲੀਜ਼ ਕਰਵਾਉਣ ਲਈ ਯਤਨ ਕੀਤੇ ਜਾਣਗੇ।ਯੂਨੀਵਰਸਿਟੀ ਵਿੱਚ ਸਾਰੇ ਕੇਡਰਾਂ ਦੀਆਂ ਤਰੱਕੀਆਂ ਪਿਛਲੇ ਸਾਲ ਦੀ ਤਰ੍ਹਾਂ ਸਮੇਂ ਸਿਰ ਕਰਵਾਈਆਂ ਜਾਣਗੀਆਂ।ਭੁਪਿੰਦਰ ਸਿੰਘ, ਕਾਲ਼ਾ ਪ੍ਰਧਾਨ ਬਾਗੜੀਆਂ ਟੀਮ ਨੇ ਆਉਣ ਵਾਲੀ 22 ਤਰੀਕ ਨੂੰ ਚੋਣ ਨਿਸ਼ਾਨ ਬੱਸ 'ਤੇ ਮੋਹਰਾ ਲਗਾ ਕੇ ਸਾਰੀ ਟੀਮ ਨੂੰ ਕਾਮਯਾਬ ਕਰਨ ਦੀ ਅਪੀਲ ਕੀਤੀ। ਇਸ ਮੌਕੇ ਰੈਲੀ ਦੌਰਾਨ ਮੁਲਾਜ਼ਮ ਆਗੂ ਰਾਜਿੰਦਰ ਸਿੰਘ ਬਾਗੜੀਆਂ, ਗਗਨਦੀਪ ਸ਼ਰਮਾ, ਅਮਰਜੀਤ ਕੌਰ ਗਿੱਲ, ਪ੍ਰਕਾਸ਼ ਸਿੰਘ ਧਾਲੀਵਾਲ, ਤੇਜਿੰਦਰ ਸਿੰਘ ਸੁਰਜੀਤ ਸਿੰਘ, ਹਰਦਾਸ ਸਿੰਘ ਸੁਖਵਿੰਦਰ ਸਿੰਘ ਰਾਏਪੁਰ, ਪ੍ਰਭਜੋਤ ਸਿੰਘ ਗੁਰਪਿਆਰ ਸਿੰਘ, ਉਂਕਾਰ ਸਿੰਘ ਬਾਦਲ, ਗੁਰਜੰਟ ਸਿੰਘ, ਕਮਲਪ੍ਰੀਤ ਸਿੰਘ, ਪ੍ਰਦੀਪ ਸਿੰਘ, ਸ਼ੈਲਿੰਦਰ ਸਿੰਘ, ਕੰਵਲਜੀਤ ਸਿੰਘ, ਰੋਹਿਤ ਸੈਣੀ, ਕ੍ਰਿਪਾਲ ਸਿੰਘ, ਜਸਵੰਤ ਸਿੰਘ, ਸਤੀਸ਼ ਨਿਗਰਾਨ, ਅਰਵਿੰਦਰ ਸਿੰਘ, ਸਤੀਸ਼ ਸਿੰਗਲਾ, ਕਰਨੈਲ ਸਿੰਘ, ਹਰਪਾਲ ਸਿੰਘ, ਜਸਪਾਲ ਸਿੰਘ, ਰਮਨ ਕੁਮਾਰ, ਸੁਖਵਿੰਦਰ ਸਿੰਘ, ਲਾਲ ਸਿੰਘ ਸਹੋਤਾ, ਸੁਖਜੀਤ ਸਿੰਘ, ਗੁਰਦੀਪ ਮਾਛੂ, ਲਖਵਿੰਦਰ ਲਾਡੀ, ਬਲਵਿੰਦਰ ਸਿੰਘ, ਅਵਤਾਰ ਸਿੰਘ, ਰਣਜੀਤ ਸਿੰਘ, ਹਰਦੀਪ ਸਿੰਘ ਆਦਿ ਵੱਡੀ ਗਿਣਤੀ ਵਿੱਚ ਮੁਲਾਜ਼ਮ ਮੌਜੂਦ ਸਨ।

# ਪੀ ਡੀ ਪੀ ਏ ਨੇ ਹੜ੍ਹ ਪੀੜਤ ਕਿਸਾਨਾਂ ਨੂੰ ਖਾਦ ਤੇ ਕੀਟਨਾਸ਼ਕ ਦਵਾਈ ਵੰਡੀ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਸਰਹੱਦੀ ਖੇਤਰ ਦੇ ਹੜ੍ਹ ਪ੍ਰਭਾਵਿਤ ਕਿਸਾਨਾਂ ਦੀ ਬਾਂਹ ਫੜਦਿਆਂ ਪੀਡੀਪੀਏ (ਰਜਿ.) ਫ਼ਿਰੋਜ਼ਪੁਰ ਵੱਲੋਂ ਇੱਕ ਵਿਸ਼ੇਸ਼ ਰਾਹਤ ਕਾਰਜ ਚਲਾਇਆ ਗਿਆ।ਇਸ ਤਹਿਤ ਭਾਰਤ-ਪਾਕਿਸਤਾਨ ਸਰਹੱਦ 'ਤੇ ਸਥਿਤ ਆਖਰੀ ਪਿੰਡ ਦੋਨਾਂ ਟਿੱਲੂ ਮੱਲ ਵਿਖੇ ਪਹੁੰਚ ਕੇ ਜਥੇਬੰਦੀ ਦੇ ਆਗੂਆਂ ਨੇ ਕੁਦਰਤੀ ਆਫ਼ਤ ਦੀ ਮਾਰ ਝੱਲ ਰਹੇ ਗਰੀਬ ਕਿਸਾਨਾਂ ਦੀ ਆਰਥਿਕ ਮੱਦਦ ਕੀਤੀ।ਇਸ ਮੌਕੇ ਹੜ੍ਹ ਕਾਰਨ ਬਰਬਾਦ ਹੋਈਆਂ ਫਸਲਾਂ ਦੇ ਨੁਕਸਾਨ ਦੀ ਭਰਪਾਈ ਲਈ ਕਿਸਾਨਾਂ ਨੂੰ ਖੇਤੀਬਾੜੀ ਨਾਲ ਸਬੰਧਤ ਸਮੱਗਰੀ ਮੁਹੱਈਆ ਕਰਵਾਈ ਗਈ।ਇਸ ਰਾਹਤ ਕਾਰਜ ਦੀ ਅਗਵਾਈ ਪੀਡੀਪੀਏ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰਤਾਪ ਸਿੰਘ ਨੇ ਕੀਤੀ।ਉਨ੍ਹਾਂ ਨਾਲ ਜਨਰਲ ਸੈਕਟਰੀ ਅਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਕੁਮਾਰ ਜੋਸਨ, ਸੀਨੀਅਰ ਮੀਤ ਪ੍ਰਧਾਨ ਬੂਟਾ ਸਿੰਘ ਤੇ ਮੀਤ ਪ੍ਰਧਾਨ ਸਵਰਨਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਇਲਾਵਾ ਸੇਵਾਮੁਕਤ ਤਹਿਸੀਲਦਾਰ ਸੰਤੋਖ ਸਿੰਘ ਤੱਖੀ ਤੇ ਪਿੰਡ ਦੇ ਸਰਪੰਚ ਤੇ ਕਿਸਾਨ ਆਗੂ ਸਰਬਜੀਤ ਸਿੰਘ ਦੀ ਦੇਖ-ਰੇਖ ਹੇਠ ਲੋੜਵੰਦ ਕਿਸਾਨਾਂ ਨੂੰ ਸਹਾਇਤਾ ਵੰਡੀ ਗਈ। ਜਥੇਬੰਦੀ ਵੱਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਖੇਤੀ ਦੇ ਮੁੜ ਉਭਾਰ ਲਈ ਯੂਰੀਆ ਖਾਦ ਦੀਆਂ 200 ਬੋਰੀਆਂ ਤੇ ਫਸਲਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਸਪਰੇਅ ਵਾਸਤੇ 50 ਬੋਤਲਾਂ ਦਵਾਈ ਵੰਡੀ ਗਈ। ਪਿੰਡ ਦੋਨਾਂ ਟਿੱਲੂ ਮੱਲ ਬਾਰਡਰ ਦਾ ਬਿਲਕੁਲ ਆਖਰੀ ਪਿੰਡ ਹੋਣ ਕਰਕੇ ਇੱਥੋਂ ਦੇ ਕਿਸਾਨ ਹਮੇਸ਼ਾ ਕੁਦਰਤੀ ਮਾਰ ਤੇ ਸਰਹੱਦੀ ਪਾਬੰਦੀਆਂ ਕਾਰਨ ਆਰਥਿਕ ਤੰਗੀ ਦਾ ਸਾਹਮਣਾ ਕਰਦੇ ਹਨ।ਹੜ੍ਹ ਨੇ ਉਨ੍ਹਾਂ ਦੀਆਂ ਉਮੀਦਾਂ 'ਤੇ ਪਾਣੀ ਫੇਰ ਦਿੱਤਾ ਸੀ।ਅਜਿਹੇ ਨਾਜ਼ੁਕ ਸਮੇਂ ਵਿੱਚ ਪੀਡੀਪੀਏ ਫ਼ਿਰੋਜ਼ਪੁਰ ਵੱਲੋਂ ਕੀਤੀ ਗਈ ਇਸ ਨਿਸ਼ਕਾਮ ਸੇਵਾ ਦੀ ਹੜ੍ਹ ਪ੍ਰਭਾਵਿਤ ਗਰੀਬ ਕਿਸਾਨਾਂ ਨੇ ਭਰਪੂਰ ਸ਼ਲਾਘਾ ਕੀਤੀ ਤੇ ਜਥੇਬੰਦੀ ਦਾ ਤਹਿ ਦਿਲੋਂ ਧੰਨਵਾਦ ਕੀਤਾ।ਕਿਸਾਨ ਆਗੂਆਂ ਨੇ ਕਿਹਾ ਕਿ ਅਜਿਹੀ ਮੱਦਦ ਨਾਲ ਨਾ ਸਿਰਫ ਕਿਸਾਨਾਂ ਦਾ ਹੌਸਲਾ ਵਧਦਾ ਹੈ, ਸਗੋਂ ਖੇਤੀਬਾੜੀ ਨੂੰ ਮੁੜ ਪੈਰਾਂ ਸਿਰ ਕਰਨ ਵਿੱਚ ਵੀ ਵੱਡੀ ਸਹਾਇਤਾ ਮਿਲਦੀ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਕਿਸਾਨ ਹਾਜ਼ਰ ਸਨ।

# ਰਾਜ ਕੁਮਾਰ ਵਸ਼ਿਸ਼ਟ ਦੀ ਯਾਦ 'ਚ ਵਿਦਿਆਰਥੀਆਂ ਨੂੰ ਜਰਸੀਆਂ ਵੰਡੀਆਂ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਮਾਜ ਸੇਵੀ ਡਾ. ਪ੍ਰਸ਼ੋਤਮ ਵਸ਼ਿਸ਼ਟ ਤੇ ਉਨ੍ਹਾਂ ਦੀ ਧਰਮ ਪਤਨੀ ਡਾ. ਰਾਧਾ ਵਸ਼ਿਸ਼ਟ ਵੱਲੋਂ ਸਵਰਗਵਾਸੀ ਨਗਰ ਪਿਤਾ ਰਾਜ ਕੁਮਾਰ ਵਸ਼ਿਸ਼ਟ ਦੀ ਨਿੱਘੀ ਯਾਦ ਵਿੱਚ ਬੱਚਿਆਂ ਨੂੰ ਸਰਦੀ ਤੋਂ ਬਚਾਅ ਲਈ ਨੇੜਲੇ ਪਿੰਡ ਨੀਲੋਵਾਲ ਸਕੂਲ 'ਚ ਪਹੁੰਚ ਕੇ ਲੋੜਵੰਦ ਵਿਦਿਆਰਥੀਆਂ ਨੂੰ ਜਰਸੀਆਂ ਵੰਡੀਆਂ।ਇਸ ਮੌਕੇ ਬੋਲਦਿਆਂ ਡ. ਪ੍ਰਸ਼ੋਤਮ ਵਸ਼ਿਸ਼ਟ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਰਾਜ ਕੁਮਾਰ ਵਸ਼ਿਸ਼ਟ ਹਮੇਸ਼ਾ ਗਰੀਬਾਂ ਖਾਸ ਕਰਕੇ ਵਿਦਿਆਰਥੀਆਂ ਦੀ ਪੜ੍ਹਾਈ ਤੇ ਉਸ ਤੋਂ ਬਾਅਦ ਉਨ੍ਹਾਂ ਨੂੰ ਨੌਕਰੀਆਂ ਅਤੇ ਕੰਮ ਧੰਦੇ ਕਰਵਾਉਣ ਲਈ ਹਮੇਸ਼ਾ ਤਤਪਰ ਰਹਿੰਦੇ ਸਨ।ਉਨ੍ਹਾਂ ਦੀ ਪ੍ਰੇਰਨਾ ਸਦਕਾ ਹੀ ਸਾਡੇ ਪਰਿਵਾਰ ਵੱਲੋਂ ਅਜਿਹੇ ਉਪਰਾਲੇ ਜਾਰੀ ਹਨ, ਜਿਸ ਦੇ ਤਹਿਤ ਉਹ ਅੱਜ ਇੱਥੇ ਸਰਕਾਰੀ ਸੀਨੀ. ਸੈਕੰ. ਸਕੂਲ ਨੀਲੋਵਾਲ ਵਿਖੇ ਵਿਦਿਆਰਥੀਆਂ ਦੀ ਮਦਦ ਲਈ ਆਏ ਹਨ।ਉਨ੍ਹਾਂ ਰਾਜ ਕੁਮਾਰ ਵਸ਼ਿਸ਼ਟ ਦੇ ਨੀਲੋਵਾਲ ਨਾਲ ਰਹੇ ਸਬੰਧਾਂ ਤੇ ਸਾਂਝ ਦੀ ਯਾਦ ਵੀ ਦਿਵਾਈ।ਉਨ੍ਹਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰ ਚੰਗੇ ਇਨਸਾਨ ਬਣ ਕੇ ਲੋੜਵੰਦਾਂ ਤੇ ਸਮਾਜ ਸੇਵਾ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਰੋਟਰੀ ਕਲੱਬ ਵੱਲੋਂ ਸਵਰਗਵਾਸੀ ਮੈਂਬਰਾਂ ਦੀ ਯਾਦ ਵਿੱਚ ਕੈਂਪ ਲਗਾ ਕੇ ਉਨ੍ਹਾਂ ਨੂੰ ਯਾਦ ਕਰਨ ਲਈ ਕਲੱਬ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਰੋਟਰੀ ਕਲੱਬ ਦੇ ਪ੍ਰਧਾਨ ਜਗਦੀਪ ਭਾਰਦਵਾਜ ਨੇ ਵਸ਼ਿਸ਼ਟ ਪਰਿਵਾਰ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਦੀ ਸ਼ਲਾਘਾ ਕੀਤੀ ਤੇ ਰੋਟਰੀ ਕਲੱਬ ਦੇ ਸਹਿਯੋਗ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਸਕੂਲ ਦੇ ਪ੍ਰਿੰਸੀਪਲ ਸੰਜੇ ਦਿਵਾਨ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਲੋੜਵੰਦ ਵਿਦਿਆਰਥੀਆਂ ਦੀ ਮਦਦ ਲਈ ਧੰਨਵਾਦ ਵੀ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੋਪਾਲ ਸ਼ਰਮਾ, ਪ੍ਰਭਾਤ ਜਿੰਦਲ, ਅਸ਼ੋਕ ਗੋਇਲ ਤੋਂ ਇਲਾਵਾ ਸਕੂਲ ਸਟਾਫ ਤੇ ਪਤਵੰਤੇ ਸੱਜਣ ਸ਼ਾਮਲ ਸਨ।

# ਵਰਲਡ ਯੂਨੀਵਰਸਿਟੀ ਵੱਲੋਂ ਵਾਤਾਵਰਣ ਜਾਗਰੂਕਤਾ 'ਤੇ ਇੰਟਰਫੇਥ ਪ੍ਰੋਗਰਾਮ ਦਾ ਸਫਲ ਸਮਾਪਨ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**




ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਸਥਿਰ ਵਿਕਾਸ ਲਕਸ਼ਾਂ ਤੇ ਵਾਤਾਵਰਣ ਜਾਗਰੂਕਤਾ 'ਤੇ ਆਧਾਰਿਤ ਤਿੰਨ ਮਹੀਨੇ ਦਾ ਇੰਟਰਫੇਥ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਕੀਤਾ ਗਿਆ।ਇਹ ਪ੍ਰੋਗਰਾਮ ਸਿੱਖਿਆ ਵਿਭਾਗ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਤੇ ਫਤਿਹਗੜ੍ਹ ਸਾਹਿਬ ਸਥਿਤ ਐਗ੍ਰੀਕਲਚਰ ਐਂਡ ਐਨਵਾਇਰਨਮੈਂਟ ਅਵੇਰਨੈੱਸ ਸੈਂਟਰ (ਐਨਜੀਓ) ਵੱਲੋਂ ਸਾਂਝੇ ਤੌਰ 'ਤੇ ਰੁਬਾਰੂ ਹੈਦਰਾਬਾਦ ਦੇ ਸਹਿਯੋਗ ਨਾਲ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਅਕਾਦਮਿਕ ਵਿਸ਼ਿਆਂ ਤੇ ਧਾਰਮਿਕ ਪਿਛੋਕੜਾਂ ਨਾਲ ਸੰਬੰਧਤ 40 ਵਿਦਿਆਰਥੀਆਂ ਨੇ ਸਰਗਰਮ ਭਾਗੀਦਾਰੀ ਕੀਤੀ, ਜਿਸ ਨਾਲ ਇੰਟਰਫੇਥ ਸੰਵਾਦ, ਆਪਸੀ ਸਤਿਕਾਰ ਤੇ ਸਥਿਰ ਵਿਕਾਸ ਪ੍ਰਤੀ ਸਾਂਝੀ ਜ਼ਿੰਮੇਵਾਰੀ ਨੂੰ ਉਤਸ਼ਾਹ ਮਿਲਿਆ।

ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਸਾਂਝੇ ਉਪਰਾਲੇ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਇੰਟਰਫੇਥ ਸੰਵਾਦ ਤੇ ਸਮੁਦਾਇਕ ਆਧਾਰਿਤ ਸਿੱਖਿਆ ਯੁਵਾਵਾਂ ਵਿੱਚ ਸਮਾਜਿਕ ਸਾਂਝ, ਨੈਤਿਕ ਮੁੱਲਾਂ ਤੇ ਜ਼ਿੰਮੇਵਾਰ ਨਾਗਰਿਕਤਾ ਦੇ ਵਿਕਾਸ ਲਈ ਬਹੁਤ ਜ਼ਰੂਰੀ ਹੈ।ਡੀਨ ਅਕਾਦਮਿਕ ਮਾਮਲੇ, ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਐਗ੍ਰੀਕਲਚਰ ਐਂਡ ਐਨਵਾਇਰਨਮੈਂਟ ਅਵੇਰਨੈੱਸ ਸੈਂਟਰ ਦੀ ਪ੍ਰਤੀਨਿਧਿ ਡਾ. ਹਰਬੀਰ ਕੌਰ, ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਕਿਹਾ ਕਿ ਇਹ ਪ੍ਰੋਗਰਾਮ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਵਿੱਚ ਮਹੱਤਵਪੂਰਨ ਸਾਬਤ ਹੋਇਆ ਹੈ, ਕਿਉਂਕਿ ਇਸ ਨਾਲ ਟੀਮਵਰਕ, ਨਾਗਰਿਕ ਜ਼ਿੰਮੇਵਾਰੀ ਤੇ ਸਮੁਦਾਇਕ ਚੇਤਨਾ ਨੂੰ ਮਜ਼ਬੂਤੀ ਮਿਲੀ।

ਰੁਬਾਰੂ 'ਚ ਸ਼੍ਰੀਮਤੀ ਇਮਤਿਆਜ਼ ਬੇਗਮ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਯੁਵਾਵਾਂ ਵੱਲੋਂ ਚਲਾਏ ਜਾਣ ਵਾਲੇ ਇੰਟਰਫੇਥ ਉਪਰਾਲੇ ਸਮਾਵੇਸ਼ੀ ਤੇ ਸ਼ਾਂਤਮਈ ਸਮਾਜ ਦੀ ਨਿਰਮਾਣ ਪ੍ਰਕਿਰਿਆ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਬਦਲਾਅ ਦੇ ਦੂਤ ਬਣਨ ਤੇ ਐਸ ਡੀ ਜੀ ਵੱਲ ਅੱਗੇ ਵਧਦੇ ਹੋਏ ਸੰਵਾਦ, ਸਹਾਨੁਭੂਤੀ ਤੇ ਸਮਾਜਿਕ ਜਵਾਬਦੇਹੀ ਦੇ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

ਪ੍ਰੋਗਰਾਮ ਦਾ ਸਮਾਪਨ ਵਿਦਿਆਰਥੀਆਂ ਦੇ ਅਨੁਭਵ ਸਾਂਝੇ ਕਰਨ ਨਾਲ ਹੋਇਆ, ਜਿਸ ਦੌਰਾਨ ਭਾਗੀਦਾਰਾਂ ਨੇ ਆਪਣੇ ਸਰਵੇਖਣ ਤੇ ਜਾਗਰੂਕਤਾ ਗਤੀਵਿਧੀਆਂ ਦੇ ਨਤੀਜੇ ਵੀ ਸਾਂਝੇ ਕੀਤੇ।ਇੰਟਰਫੇਥ ਪ੍ਰੋਗਰਾਮ ਦੀ ਸਫਲ ਸੰਪੰਨਤਾ ਨੇ ਯੂਨੀਵਰਸਿਟੀ ਦੀ ਇੰਟਰਫੇਥ ਸਾਂਝ, ਵਾਤਾਵਰਨੀ ਸਥਿਰਤਾ ਤੇ ਯੁਵਾ-ਨੇਤ੍ਰਿਤਵ ਵਾਲੀ ਸਮੁਦਾਇਕ ਤਬਦੀਲੀ ਪ੍ਰਤੀ ਵਚਨਬੱਧਤਾ ਨੂੰ ਦੁਬਾਰਾ ਮਜ਼ਬੂਤ ਕੀਤਾ।

ਫੋਟੋ ਕੈਪਸ਼ਨ:-ਇੰਟਰਫੇਥ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਤੇ ਆਯੋਜਕਾਂ ਵੱਲੋਂ ਕੀਤੀਆਂ ਗਤੀਵਿਧੀਆਂ ਦੀਆਂ ਝਲਕੀਆਂ।

# ਜੇ ਡੀ ਐਗਰੋ ਧੂਰੀ ਦੇ ਡਾਇਰੈਕਟਰਾਂ ਨੂੰ ਸਦਮਾ-ਪਿਤਾ ਦਾ ਦੇਹਾਂਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਸਥਾਨਕ ਉਦਯੋਗਪਤੀ ਤੇ ਜੇ. ਡੀ. ਐਗਰੋ ਗੇਅਰ ਲਿਮ: ਧੂਰੀ ਦੇ ਡਾਇਰੈਕਟਰਾਂ ਜਸਪਾਲ ਸਿੰਘ, ਦਰਸ਼ਨ ਸਿੰਘ ਤੇ ਭੂਪਿੰਦਰ ਸਿੰਘ ਨੂੰ ਉਸ ਵੇਲੇ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਕੁਲਦੀਪ ਸਿੰਘ ਸੱਗੂ ਸਦੀਵੀ ਵਿਛੋੜਾ ਦੇ ਗਏ। ਇਸ ਮੌਕੇ ਅੰਤਿਮ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਰਾਜਸੀ, ਸਮਾਜਿਕ, ਉਦਯੋਗਪਤੀ ਤੇ ਧਾਰਮਿਕ ਸ਼ਖਸੀਅਤਾਂ ਨੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ, ਪੰਜਾਬ ਕਨਵੇਅਰ ਦੇ ਸਾਬਕਾ ਚੇਅਰਮੈਨ ਸਤਿੰਦਰ ਸਿੰਘ ਚੱਠਾ, ਪਾਰਲੀਮੈਂਟ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਸਲਾਹਕਾਰ ਸਮਿਤ ਸਿੰਘ ਮਾਨ, ਮੁੱਖ ਮੰਤਰੀ ਕੈਂਪ ਦਫਤਰ ਧੂਰੀ ਦੇ ਇੰਚਾਰਜ ਦਲਬੀਰ ਸਿੰਘ ਢਿੱਲੋਂ ਤੇ ਰਾਜਵੰਤ ਸਿੰਘ ਘੁੱਲੀ, ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਸੂਬਾਈ ਆਗੂ ਅਮਰਦੀਪ ਸਿੰਘ ਧਾਂਦਰਾ, ਦੇਸ਼ ਭਗਤ ਕਾਲਜ ਬਰੜਵਾਲ ਟਰੱਸਟ ਦੇ ਟਰੱਸਟੀ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ, ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਅਕਾਲੀ ਆਗੂ ਗਗਨਜੀਤ ਸਿੰਘ ਬਰਨਾਲਾ, ਐਡਵੋਕੇਟ ਸਿਮਰਪ੍ਰਤਾਪ ਸਿੰਘ ਬਰਨਾਲਾ, ਐਸਜੀਪੀਸੀ ਮੈਂਬਰ ਭੁਪਿੰਦਰ ਸਿੰਘ ਭਲਵਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਪਾਲ ਸਿੰਘ ਗੋਲਡੀ, ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ, ਧੂਰੀ ਵਿਕਾਸ ਮੰਚ ਦੇ ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ, ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਚੇਅਰਮੈਨ ਵਿਵੇਕ ਸਿੰਧਵਾਨੀ, ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ, ਜਨਰਲ ਸਕੱਤਰ ਵਿਜੈ ਸਿੰਗਲਾ, ਪ੍ਰੈੱਸ ਟਰੱਸਟ ਪੰਜਾਬ ਦੇ ਮਨੋਹਰ ਸਿੰਘ ਸੱਗੂ, 'ਆਪ' ਦੇ ਸ਼ਹਿਰੀ ਵਿੰਗ ਦੇ ਸਾਬਕਾ ਪ੍ਰਧਾਨ ਐਡਵੋਕੇਟ ਹੈਪੀ ਗਰਗ, ਇੰਡਸਟਰੀਅਲ ਚੈਂਬਰ ਧੂਰੀ ਦੇ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ, ਸੀਨੀ. ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਂਟੀ, ਸੰਗਰੂਰ ਚੈਂਬਰ ਆਫ਼ ਕਾਮਰਸ ਧੂਰੀ ਦੇ ਅੰਮ੍ਰਿਤ ਰਿੰਕੂ ਗਰਗ ਆਦਿ ਨੇ ਦੁੱਖ ਪ੍ਰਗਟ ਕੀਤਾ।

# ਯੂਥ 2027 ਦੀ ਜਿੱਤ 'ਚ ਨਿਭਾਏਗਾ ਅਹਿਮ ਭੂਮਿਕਾ : ਸੁੱਖਾ, ਬਾਂਸਲ

## ਸੁਖਜੀਤ ਸਿੰਘ ਮਾਹਲਾ ਨੂੰ ਯੂਥ ਨੇ ਮੰਨਿਆ ਆਪਣਾ ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਸੁਖਬੀਰ ਬਰਾੜ ਸੁੱਖਾ ਤੇ ਸ਼ਹਿਰੀ ਯੂਥ ਪ੍ਰਧਾਨ ਰਾਮ ਬਾਂਸਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਯੂਥ ਸਭ ਤੋਂ ਅਹਿਮ ਭੂਮਿਕਾ ਨਿਭਾਉਣ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਹੁਣ ਪੂਰੀ ਤਰ੍ਹਾਂ ਸਿਆਸੀ ਤੌਰ 'ਤੇ ਜਾਗਰੂਕ ਹੋ ਚੁੱਕਾ ਹੈ ਤੇ ਉਹ ਸੂਬੇ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਸਹੀ ਫੈਸਲਾ ਲਏਗਾ।ਯੂਥ ਆਗੂਆਂ ਨੇ ਸਾਂਝੇ ਤੌਰ 'ਤੇ ਆਖਿਆ ਕਿ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਜਿੱਤ ਵਿੱਚ ਯੂਥ ਵੱਲੋਂ ਮਜ਼ਬੂਤ ਸਹਿਯੋਗ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਹਮੇਸ਼ਾ ਨੌਜਵਾਨਾਂ ਨੂੰ ਸਿਆਸਤ ਨਾਲ ਜੋੜਨ ਤੇ ਉਨ੍ਹਾਂ ਨੂੰ ਅੱਗੇ ਲਿਆਉਣ ਲਈ ਇਮਾਨਦਾਰ ਕੋਸ਼ਿਸ਼ਾਂ ਕੀਤੀਆਂ ਹਨ, ਜਿਸ ਕਰ ਕੇ ਯੂਥ ਵਿੱਚ ਉਨ੍ਹਾਂ ਪ੍ਰਤੀ ਵਿਸ਼ਵਾਸ ਵੱਧ ਰਿਹਾ ਹੈ।ਇਸ ਮੌਕੇ ਉਨ੍ਹਾਂ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਫਰਜ਼ੰਦ ਸੁਖਜੀਤ ਸਿੰਘ ਮਾਹਲਾ ਦੀ ਵੀ ਖੁੱਲ੍ਹ ਕੇ ਪ੍ਰਸੰਸਾ ਕੀਤੀ।ਉਨ੍ਹਾਂ ਕਿਹਾ ਕਿ ਸੁਖਜੀਤ ਸਿੰਘ ਮਾਹਲਾ ਮੋਗਾ ਜ਼ਿਲ੍ਹੇ ਅੰਦਰ ਯੂਥ ਦੀ ਮਜ਼ਬੂਤ ਅਗਵਾਈ ਕਰ ਰਹੇ ਹਨ ਤੇ ਅੱਜ ਦਾ ਨੌਜਵਾਨ ਉਨ੍ਹਾਂ ਨੂੰ ਆਪਣਾ ਆਗੂ ਮੰਨ ਰਿਹਾ ਹੈ।ਉਨ੍ਹਾਂ ਆਖਿਆ ਕਿ ਸੁਖਜੀਤ ਸਿੰਘ ਮਾਹਲਾ ਸਿਰਫ਼ ਸਿਆਸੀ ਮੰਚਾਂ 'ਤੇ ਹੀ ਨਹੀਂ, ਸਗੋਂ ਮੈਦਾਨੀ ਪੱਧਰ 'ਤੇ ਵੀ ਹਮੇਸ਼ਾ ਯੂਥ ਦੇ ਹੱਕਾਂ ਲਈ ਡੱਟ ਕੇ ਲੜਦੇ ਨਜ਼ਰ ਆਉਂਦੇ ਹਨ।

ਸੁਖਬੀਰ ਬਰਾੜ ਸੁੱਖਾ ਤੇ ਰਾਮ ਬਾਂਸਲ ਨੇ ਕਿਹਾ ਕਿ ਨੌਜਵਾਨਾਂ ਦੇ ਰੋਜ਼ਗਾਰ, ਸਿੱਖਿਆ, ਨਸ਼ਿਆਂ ਵਿਰੁੱਧ ਲੜਾਈ ਤੇ ਸਮਾਜਿਕ ਇਨਸਾਫ਼ ਵਰਗੇ ਮੁੱਦੇ ਅੱਜ ਸਭ ਤੋਂ ਅਹਿਮ ਹਨ ਅਤੇ ਇਨ੍ਹਾਂ ਮੁੱਦਿਆਂ 'ਤੇ ਅਕਾਲੀ ਦਲ ਦੀ ਨੀਤੀ ਸਪੱਸ਼ਟ ਹੈ।ਉਨ੍ਹਾਂ ਕਿਹਾ ਕਿ ਯੂਥ ਹੁਣ ਝੂਠੇ ਵਾਅਦਿਆਂ ਨਹੀਂ, ਸਗੋਂ ਕਾਰਗੁਜ਼ਾਰੀ ਨੂੰ ਦੇਖ ਕੇ ਫੈਸਲਾ ਕਰੇਗਾ।ਅੰਤ ਵਿੱਚ ਉਨ੍ਹਾਂ ਭਰੋਸਾ ਜਤਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਯੂਥ ਦੀ ਮਜ਼ਬੂਤ ਟੀਮ ਬਣਾ ਕੇ ਘਰ-ਘਰ ਅਕਾਲੀ ਦਲ ਦੀ ਨੀਤੀ ਪਹੁੰਚਾਈ ਜਾਵੇਗੀ ਤੇ 2027 ਵਿੱਚ ਬਾਘਾ ਪੁਰਾਣਾ ਹਲਕੇ ਤੋਂ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ।ਇਸ ਮੌਕੇ ਉਕਤ ਆਗੂਆਂ ਨਾਲ ਹਾਜ਼ਰ ਸਾਬਕਾ ਕੌਂਸਲਰ ਸਤਨਾਮ ਸਿੰਘ ਸੱਤੂ ਨੇ ਆਖਿਆ ਕਿ ਹਲਕਾ ਬਾਘਾ ਪੁਰਾਣਾ ਅੰਦਰ ਹੀ ਨਹੀਂ, ਸਗੋਂ ਸੂਬੇ ਅੰਦਰ ਅਕਾਲੀ ਦਲ ਦੀ ਇਕ ਲਹਿਰ ਚੱਲ ਰਹੀ ਹੈ ਅਤੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਹਲਕਾ ਬਾਘਾ ਪੁਰਾਣਾ ਅੰਦਰ ਜਥੇਦਾਰ ਤੀਰਥ ਸਿੰਘ ਮਾਹਲਾ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਕੇ ਇਹ ਸੀਟ ਅਕਾਲੀ ਦਲ ਦੀ ਝੋਲੀ ਪਾਉਣਗੇ।

# ਯੂਥ ਕਾਂਗਰਸ ਚੋਣਾਂ ਪੂਰੀ ਤਰ੍ਹਾਂ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਕਰਾਈਆਂ ਜਾਣਗੀਆਂ : ਆਜ਼ਾਦ ਬਹਾਦਰ ਸਿੰਘ

**ਫਿਰੋਜ਼ਪੁਰ (ਗੁਰਬਚਨ ਸਿੰਘ)**




ਕਾਂਗਰਸ ਵੱਲੋਂ ਨਿਯੁਕਤ ਆਬਜ਼ਰਵਰ ਆਜ਼ਾਦ ਬਹਾਦਰ ਸਿੰਘ ਦੀ ਯੋਗ ਅਗਵਾਈ ਹੇਠ ਯੂਥ ਕਾਂਗਰਸ ਦੇ ਅਹੁਦੇਦਾਰਾਂ ਦੀ ਚੋਣ ਸਬੰਧੀ ਕਾਂਗਰਸ ਭਵਨ ਫਿਰੋਜ਼ਪੁਰ ਛਾਉਣੀ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਗਈ।ਪ੍ਰੈੱਸ ਕਾਨਫਰੰਸ ਦੌਰਾਨ ਜ਼ਿਲ੍ਹਾ ਫਿਰੋਜ਼ਪੁਰ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਯਾਕੂਬ ਭੱਟੀ, ਹਲਕਾ ਇੰਚਾਰਜ ਆਸ਼ੂ ਬੰਗੜ ਨੇ ਦੱਸਿਆ ਕਿ ਇਹ ਪ੍ਰੈੱਸ ਕਾਨਫਰੰਸ ਪੰਜਾਬ ਭਰ 'ਚ ਚੱਲ ਰਹੀ ਯੂਥ ਕਾਂਗਰਸ ਚੋਣ ਪ੍ਰਕਿਰਿਆ ਸਬੰਧੀ ਕੀਤੀ ਗਈ ਸੀ, ਜਿਸ ਦਾ ਮੁੱਖ ਉਦੇਸ਼ ਪਾਰਟੀ ਵਰਕਰਾਂ ਤੇ ਸੰਭਾਵੀ ਉਮੀਦਵਾਰਾਂ ਨੂੰ ਪੂਰੀ ਚੋਣ ਪ੍ਰਕਿਰਿਆ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ।ਇਸ ਮੌਕੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਆਬਜ਼ਰਵਰ ਆਜ਼ਾਦ ਬਹਾਦਰ ਸਿੰਘ ਨੇ ਕਿਹਾ ਕਿ ਕਾਂਗਰਸ ਨੇਤਾ ਰਾਹੁਲ ਗਾਂਧੀ ਦਾ ਸੁਪਨਾ ਹੈ ਕਿ ਕਾਂਗਰਸ ਸੰਗਠਨ ਅੰਦਰ ਸਾਫ਼-ਸੁਥਰੇ ਕਿਰਦਾਰ, ਈਮਾਨਦਾਰੀ ਤੇ ਲੋਕਤੰਤਰੀ ਢੰਗ ਨਾਲ ਚੁਣੀ ਗਈ ਲੀਡਰਸ਼ਿਪ ਵਾਲੇ ਲੋਕ ਹੋਣ।ਇਸ ਦ੍ਰਿਸ਼ਟੀਕੋਣ ਨੂੰ ਧਿਆਨ 'ਚ ਰੱਖਦੇ ਹੋਏ ਪੰਜਾਬ ਭਰ 'ਚ ਯੂਥ ਕਾਂਗਰਸ ਦੀ ਚੋਣ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ, ਜਿਸ ਦਾ ਰਸਮੀ ਐਲਾਨ ਪਾਰਟੀ ਹਾਈਕਮਾਨ ਵੱਲੋਂ 15 ਜਨਵਰੀ ਨੂੰ ਸੂਬਾ ਦਫ਼ਤਰ ਵਿਖੇ ਕੀਤਾ ਗਿਆ ਸੀ।ਇਸੇ ਦੀ ਨਿਰੰਤਰਤਾ 'ਚ ਉਹ ਅੱਜ ਕਾਂਗਰਸ ਭਵਨ ਫਿਰੋਜ਼ਪੁਰ ਛਾਉਣੀ ਪਹੁੰਚੇ।ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੀਆਂ ਚੋਣਾਂ ਪੂਰੀ ਤਰ੍ਹਾਂ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਕਰਵਾਈਆਂ ਜਾਣਗੀਆਂ।ਯੂਥ ਕਾਂਗਰਸ 'ਚ ਕਿਸੇ ਵੀ ਅਹੁਦੇ ਲਈ ਦਿਲਚਸਪੀ ਰੱਖਣ ਵਾਲੇ ਉਮੀਦਵਾਰਾਂ ਨੂੰ ਸਾਰੇ ਲੋੜੀਂਦੇ ਦਸਤਾਵੇਜ਼ ਇਕੋ ਆਨਲਾਈਨ ਪੋਰਟਲ ਰਾਹੀਂ ਜਮ੍ਹਾਂ ਕਰਾਉਣੇ ਪੈਣਗੇ।18 ਤੋਂ 35 ਸਾਲ ਦੀ ਉਮਰ ਦਾ ਕੋਈ ਵੀ ਯੋਗ ਵਿਅਕਤੀ ਹਿੱਸਾ ਲੈ ਸਕਦਾ ਹੈ।ਉਮੀਦਵਾਰਾਂ ਦੇ ਨਾਂ 28 ਜਨਵਰੀ ਤੱਕ ਪੋਰਟਲ 'ਤੇ ਪ੍ਰਦਰਸ਼ਤ ਕੀਤੇ ਜਾਣਗੇ, ਜਿਸ ਤੋਂ ਬਾਅਦ ਚੋਣ ਪ੍ਰਕਿਰਿਆ ਤੇ ਮੈਂਬਰਸ਼ਿਪ ਪ੍ਰਕਿਰਿਆ ਇੱਕੋ ਸਮੇਂ ਸ਼ੁਰੂ ਹੋ ਜਾਵੇਗੀ।ਉਨ੍ਹਾਂ ਸਪੱਸ਼ਟ ਕੀਤਾ ਕਿ ਜਿਸ ਉਮੀਦਵਾਰ ਨੂੰ ਵੱਧ ਤੋਂ ਵੱਧ ਮੈਂਬਰਾਂ ਦੀ ਸਹਿਮਤੀ ਤੇ ਸਮਰਥਨ ਪ੍ਰਾਪਤ ਹੋਵੇਗਾ, ਉਹ ਸਬੰਧਤ ਅਹੁਦੇ ਲਈ ਚੁਣਿਆ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਜਗਸੀਰ ਸਿੰਘ ਖੋਸਾ ਸਾਬਕਾ ਚੇਅਰਮੈਨ ਮੰਡੀ ਬੋਰਡ, ਜ਼ਿਲ੍ਹਾ ਮੀਤ ਪ੍ਰਧਾਨ ਰਵਿੰਦਰ ਸਿੰਘ ਤੂਤ, ਯੂਥ ਆਗੂ ਤੇਜਬੀਰ ਸਿੰਘ, ਬਲਾਕ ਪ੍ਰਧਾਨ ਗੁਰਬਚਨ ਸਿੰਘ ਕਾਲਾ ਟਿੱਬਾ, ਸੁਖਵਿੰਦਰ ਸਿੰਘ ਸ਼ੀਸ਼ਾ ਸੰਧੂ ਜ਼ਿਲ੍ਹਾ ਜਰਨਲ ਸਕੱਤਰ, ਕਰਨਵੀਰ ਸਿੰਘ ਬਰਾੜ ਯੂਥ ਪ੍ਰਧਾਨ ਫਿਰੋਜ਼ਪੁਰ ਦਿਹਾਤੀ, ਮਨਪ੍ਰੀਤ ਸਿੰਘ ਔਲਖ, ਸਾਬਕਾ ਸਰਪੰਚ ਦਵਿੰਦਰ ਸਿੰਘ ਸੰਧੂ, ਲਵ ਪ੍ਰੀਤ ਸਿੰਘ ਗਿੱਲ, ਰਾਕੇਸ਼ ਕੁਮਾਰ, ਰੁਪਿੰਦਰ ਸਿੰਘ, ਯੂਥ ਆਗੂ ਗਗਨ ਗਾਮੇ ਵਾਲਾ, ਪੀ ਏ ਤਰਨ ਬੁੱਟਰ ਤੋਂ ਇਲਾਵਾ ਨਿੱਜੀ ਸਕੱਤਰ ਕਮਲ ਗਿੱਲ ਸੋਨੂੰ ਹਾਜ਼ਰ ਸਨ।

# ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵੱਲੋਂ 87ਵੀਂ ਵਾਰ ਖ਼ੂਨ ਦਾਨ

## ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ ਕਦਮ : ਪਰਮਿੰਦਰ ਭਲਵਾਨ



**ਪਟਿਆਲਾ (ਰਾਜਿੰਦਰ ਥਿੰਦ)**-ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਪੰਜਾਬ ਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਰਪ੍ਰਸਤ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵੱਲੋਂ 87ਵੀਂ ਵਾਰ ਖ਼ੂਨ ਦਾਨ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਨ ਲਈ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਯੁਵਾ ਪੁਲਸ ਸਾਂਝ ਕਮੇਟੀ, ਮੈਂਬਰ ਜ਼ਿਲ੍ਹਾ ਪੁਲਸ ਸਾਂਝ ਕੇਂਦਰ, ਮੈਂਬਰ ਵੂਮੈਨ ਕੌਂਸਲਿੰਗ ਸੈੱਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਡਾਕਟਰ ਗੀਤੂ ਕਪੂਰ ਪ੍ਰੋਫੈਸਰ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਰਾਜੇਸ਼ ਧਬਲਾਨੀਆ ਖਜ਼ਾਨਚੀ ਭਾਰਤੀ ਸੇਵਾ ਸੰਮਤੀ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ਼ ਆਫ ਕਾਮਰਸ, ਬ੍ਰਹਮਜੋਤ ਸਿੰਘ ਵਿਦਿਆਰਥੀ ਓ ਪੀ ਜਿੰਦਲ ਗੋਲਬਲ ਲਾਅ ਯੂਨੀਵਰਸਿਟੀ ਸੋਨੀਪਤ ਨੇ ਭਰਪੂਰ ਸਹਿਯੋਗ ਦਿੱਤਾ।ਇਸ ਮੌਕੇ ਸੰਬੋਧਨ ਕਰਦਿਆਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕਿਹਾ ਕਿ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵੱਲੋਂ 87ਵੀਂ ਵਾਰ ਖ਼ੂਨ ਦਾਨ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਚੱਲਣ ਤੇ ਜਾਗਰੂਕ ਕਰਨ ਲਈ ਪ੍ਰੇਰਿਤ ਕਰਨਾ ਅਤੇ ਸਮਾਜ ਸੇਵਾ ਵੱਲ ਜੁੜਨ ਲਈ ਪ੍ਰੇਰਿਤ ਕਰਨਾ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਤੁਹਾਡੇ ਦਿੱਤੇ ਖ਼ੂਨ ਦਾਨ ਨਾਲ ਚਾਰ ਜ਼ਿੰਦਗੀਆਂ ਬਚ ਸਕਦੀਆਂ ਹਨ।ਖ਼ੂਨ ਦਾਨ ਕਰਨ ਨਾਲ ਕੋਈ ਸਰੀਰਕ ਕਮਜ਼ੋਰੀ ਨਹੀਂ ਆਉਂਦੀ, ਸਗੋਂ ਸਰੀਰ ਤੰਦਰੁਸਤ ਰਹਿੰਦਾ ਹੈ।ਇਸ ਲਈ ਸਾਨੂੰ ਵੱਧ ਤੋਂ ਵੱਧ ਖ਼ੂਨ ਦਾਨ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

## ਰਾਜ ਬਖ਼ਸ਼ ਕੰਬੋਜ ਵੱਲੋਂ ਭਗਵਾਨ ਵਾਲਮੀਕ ਮੰਦਰ ਨੂੰ ਇਨਵਰਟਰ ਭੇਟ



**ਜਲਾਲਾਬਾਦ (ਜੀਤ ਕੁਮਾਰ)**-ਉੱਘੇ ਸਮਾਜ ਸੇਵੀ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਡਿਪਾਰਟਮੈਂਟ ਦੇ ਚੇਅਰਮੈਨ ਰਾਜ ਬਖ਼ਸ਼ ਕੰਬੋਜ ਵੱਲੋਂ ਲਗਾਤਾਰ ਹਲਕਾ ਜਲਾਲਾਬਾਦ ਵਿੱਚ ਧਾਰਮਿਕ ਸਥਾਨਾਂ ਤੇ ਜ਼ਰੂਰਤਮੰਦਾਂ ਦੀ ਸੇਵਾ ਜਾਰੀ ਹੈ। ਅੱਜ ਜਲਾਲਾਬਾਦ ਸ਼ਹਿਰ ਦੇ ਟਿਵਾਣਾ ਕਲਾਂ ਰੋਡ 'ਤੇ ਸਥਿਤ ਸ੍ਰਿਸ਼ਟੀਕਰਤਾ ਭਗਵਾਨ ਵਾਲਮੀਕਿ ਜੀ ਦੇ ਮੰਦਰ ਵਿਖੇ ਰਾਜ ਬਖ਼ਸ਼ ਕੰਬੋਜ ਵੱਲੋਂ ਇਨਵਰਟਰ ਤੇ ਬੈਟਰੀ ਦੀ ਸੇਵਾ ਕੀਤੀ ਗਈ ਅਤੇ ਭਗਵਾਨ ਵਾਲਮੀਕਿ ਮੰਦਰ ਕਮੇਟੀ ਵੱਲੋਂ ਰਾਜ ਬਖ਼ਸ਼ ਕੰਬੋਜ ਤੇ ਉਸ ਦੀ ਟੀਮ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਸਮੇਂ ਉਨ੍ਹਾਂ ਨਾਲ ਐੱਸ ਸੀ ਵਿੰਗ ਦੇ ਚੇਅਰਮੈਨ ਜਗਨ ਨਾਥ, ਸੇਵਾ ਦਲ ਸ਼ਹਿਰੀ ਚੇਅਰਮੈਨ ਜਗਦੀਸ਼ ਚੰਦਰ ਅਰੋੜਾ, ਸੇਵਾ ਦਲ ਦਿਹਾਤੀ ਚੇਅਰਮੈਨ ਮੰਗਤ ਰਾਮ ਚੁੱਗ, ਦਿਹਾਤੀ ਓਬੀਸੀ ਵਿੰਗ ਦੇ ਚੇਅਰਮੈਨ ਰਿੰਕੂ, ਸੁਮਿਤ ਛਾਬੜਾ, ਵਿਨੋਦ ਸੈਨ, ਰਾਮਪਾਲ, ਕੈਲਾਸ਼ ਸੋਲੈਦੀਆ, ਵਿਸ਼ਾਲ ਕੁਮਾਰ ਤੇ ਟੋਨੀ ਕੈਨੇਡਾ ਆਦਿ ਮੌਜੂਦ ਸਨ।

# ਓ ਐੱਸ ਡੀ ਸੁਖਵੀਰ ਸਿੰਘ ਨੇ ਪੱਤਰਕਾਰਾਂ ਦੇ 'ਮਨ ਕੀ ਬਾਤ' ਪੁੱਛੀ

## ਪੱਤਰਕਾਰਾਂ ਦੇ ਮਾਣ-ਸਨਮਾਨ 'ਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਓ ਐੱਸ ਡੀ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਅੱਜ ਧੂਰੀ ਦੇ ਇੱਕ ਨਿੱਜੀ ਹੋਟਲ ਵਿੱਚ ਉਪ ਮੰਡਲ ਧੂਰੀ ਦੇ ਪੱਤਰਕਾਰ ਭਾਈਚਾਰੇ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦਾ ਮੁੱਖ ਮਕਸਦ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਸੁਣਨਾ ਤੇ ਉਨ੍ਹਾਂ ਦੇ 'ਮਨ ਕੀ ਬਾਤ' ਜਾਣਨਾ ਸੀ।ਇਸ ਮੌਕੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਡਾਇਰੈਕਟਰ ਪ੍ਰਦੀਪ ਸਿੰਘ ਨੱਥੋਵਾਲ ਤੇ ਏ.ਪੀ.ਆਰ.ਓ. ਜਸਤਰਨ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਮੀਟਿੰਗ ਦੌਰਾਨ ਸੀਨੀਅਰ ਪੱਤਰਕਾਰ ਬੀਰਬਲ ਰਿਸ਼ੀ ਨੇ ਬਹੁਤ ਹੀ ਗੰਭੀਰ ਮੁੱਦਾ ਚੁੱਕਦਿਆਂ ਦੱਸਿਆ ਕਿ ਜਦੋਂ ਵੀ ਮੁੱਖ ਮੰਤਰੀ ਦੀ ਹਲਕੇ ਵਿੱਚ ਆਮਦ ਹੁੰਦੀ ਹੈ, ਤਾਂ ਪੁਲਸ ਪ੍ਰਸ਼ਾਸਨ ਵੱਲੋਂ ਪੱਤਰਕਾਰਾਂ ਨਾਲ ਕੀਤਾ ਜਾਂਦਾ ਵਤੀਰਾ ਅਕਸਰ ਕਥਿਤ ਨਿਰਾਸ਼ਾਜਨਕ ਹੁੰਦਾ ਹੈ।ਉਨ੍ਹਾਂ ਕਿਹਾ ਕਿ ਡਿਊਟੀ ਨਿਭਾਉਣ ਆਏ ਪੱਤਰਕਾਰਾਂ ਨੂੰ ਕਥਿਤ ਤੌਰ 'ਤੇ ਦੋਸ਼ੀਆਂ ਵਾਂਗ ਲੰਬੀ ਪੁੱਛਗਿੱਛ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨਾਲ ਨਾ ਸਿਰਫ਼ ਸਮਾਂ ਬਰਬਾਦ ਹੁੰਦਾ ਹੈ ਸਗੋਂ ਕਈ ਵਾਰ ਤਲਖੀ ਵਾਲਾ ਮਾਹੌਲ ਵੀ ਬਣ ਜਾਂਦਾ ਹੈ।ਪੱਤਰਕਾਰਾਂ ਨੇ ਰੋਸ ਪ੍ਰਗਟਾਇਆ ਕਿ ਸਰਕਾਰੀ ਪ੍ਰੋਗਰਾਮਾਂ ਦੀ ਕਵਰੇਜ ਦੌਰਾਨ ਉਨ੍ਹਾਂ ਨੂੰ 'ਆਪਣਾਪਣ' ਮਿਲਣ ਦੀ ਬਜਾਏ 'ਬੇਗਾਨੇਪਣ' ਦਾ ਅਹਿਸਾਸ ਕਰਵਾਇਆ ਜਾਂਦਾ ਹੈ।ਇਸ ਮੌਕੇ ਵੱਖ ਵੱਖ ਪੱਤਰਕਾਰਾਂ ਨੇ ਪੰਜਾਬ ਸਰਕਾਰ ਪਾਸੋਂ ਇੱਕ ਮਜ਼ਬੂਤ 'ਮੀਡੀਆ ਪਾਲਿਸੀ' ਬਣਾਉਣ ਦੀ ਮੰਗ ਕਰਦਿਆਂ ਕਿਹਾ ਕਿ ਨੈਸ਼ਨਲ ਟੋਲ ਪਲਾਜ਼ਿਆਂ 'ਤੇ ਪੰਜਾਬ ਸਰਕਾਰ ਦੀ ਤਰਜ਼ 'ਤੇ ਪੱਤਰਕਾਰਾਂ ਨੂੰ ਮੁਕੰਮਲ ਟੋਲ ਮੁਆਫ਼ੀ ਦਿਵਾਈ ਜਾਵੇ।ਉਨ੍ਹਾਂ ਪੱਤਰਕਾਰਾਂ ਲਈ ਪੈਨਸ਼ਨ ਸਕੀਮ ਦੀ ਮੰਗ ਕਰਦਿਆਂ ਕਿਹਾ ਕਿ ਐਕਰੀਡੇਸ਼ਨ ਪੱਤਰਕਾਰਾਂ ਵਾਂਗ ਫੀਲਡ ਪੱਤਰਕਾਰਾਂ ਨੂੰ ਪੈਨਸ਼ਨ ਸਹੂਲਤ ਤੇ ਮਹੀਨਾਵਾਰ ਮਾਣ ਭੱਤਾ ਦਿੱਤਾ ਜਾਵੇ। ਪੱਤਰਕਾਰਾਂ ਦੀਆਂ ਸਾਰੀਆਂ ਗੱਲਾਂ ਨੂੰ ਧਿਆਨ ਨਾਲ ਸੁਣਨ ਤੋਂ ਬਾਅਦ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਸਰਕਾਰ ਪੱਤਰਕਾਰਾਂ ਦੀਆਂ ਮੁਸ਼ਕਲਾਂ ਪ੍ਰਤੀ ਪੂਰੀ ਤਰ੍ਹਾਂ ਸੁਹਿਰਦ ਹੈ ਤੇ ਉਹ ਜਲਦੀ ਹੀ ਪੱਤਰਕਾਰ ਭਾਈਚਾਰੇ ਦੀ ਮੁੱਖ ਮੰਤਰੀ ਭਗਵੰਤ ਮਾਨ ਨਾਲ ਸਿੱਧੀ ਮੀਟਿੰਗ ਕਰਵਾਉਣਗੇ ਤਾਂ ਜੋ ਇਨ੍ਹਾਂ ਸਾਰੇ ਮਸਲਿਆਂ ਦਾ ਸਥਾਈ ਹੱਲ ਕੱਢਿਆ ਜਾ ਸਕੇ।ਉਨ੍ਹਾਂ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਥੰਮ੍ਹ ਹੈ ਤੇ ਪੱਤਰਕਾਰਾਂ ਦੇ ਮਾਣ-ਸਤਿਕਾਰ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।



ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਦਫ਼ਤਰ ਮਹਿਲ ਕਲਾਂ ਵਿਖੇ ਵਾਧੂ ਚਾਰਜ ਸੰਭਾਲਣ ਮੌਕੇ ਬੀ ਡੀ ਪੀ ਓ ਰਾਜਪੁਰਾ ਬਲਦੀਪ ਸਿੰਘ ਗਿੱਲ ਨੂੰ ਗੁਲਦਸਤਾ ਭੇਟ ਕਰਕੇ ਸਨਮਾਨ ਕਰਦੇ ਹੋਏ ਸੈਕਟਰੀ ਗੁਰਮੀਤ ਕੌਰ ਸੇਖਾ ਤੇ ਸਮੂਹ ਸਟਾਫ ਮੈਂਬਰ। (ਫੋਟੋ ਤੇ ਵੇਰਵਾ : ਪ੍ਰਦੀਪ ਸਿੰਘ ਲੋਹਗੜ੍ਹ, ਮਹਿਲ ਕਲਾਂ)

## ਸ੍ਰੀ ਰਾਮ ਆਸ਼ਰਮ ਮੰਦਰ 'ਚ ਪਹੁੰਚੀ 108 ਸੁਹਾਗਣਾਂ ਦੀ ਕਲਸ਼ ਯਾਤਰਾ



**ਸੁਨਾਮ ਉਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਰਮਨ ਭੱਟੀ)**-ਸ੍ਰੀ ਰਾਮੇਸ਼ਵਰ ਸ਼ਿਵ ਮੰਦਰ ਤੇ ਧਰਮਸ਼ਾਲਾ ਪ੍ਰਬੰਧਕ ਕਮੇਟੀ ਵੱਲੋਂ 20 ਜਨਵਰੀ ਨੂੰ ਸ੍ਰੀਮਦ ਭਾਗਵਤ ਕਥਾ ਤੇ ਗਿਆਨ ਯੱਗ ਸਮਾਰੋਹ ਕਰਵਾਇਆ ਜਾ ਰਿਹਾ ਹੈ, ਜਿਸ ਤਹਿਤ 108 ਸੁਹਾਗਣਾਂ ਵੱਲੋਂ ਕਲਸ਼ ਯਾਤਰਾ ਕੱਢੀ ਗਈ। ਇਹ ਕਲਸ਼ ਯਾਤਰਾ ਸ੍ਰੀ ਰਾਮ ਆਸ਼ਰਮ ਮੰਦਰ ਪਹੁੰਚੀ ਅਤੇ ਦੋਵੇਂ ਸੰਸਥਾਵਾਂ ਦੀਆਂ ਕੀਰਤਨ ਮੰਡਲੀਆਂ ਨੇ ਭਗਵਾਨ ਦਾ ਕੀਰਤਨ ਰਾਹੀਂ ਗੁਣਗਾਨ ਕੀਤਾ। ਸ੍ਰੀ ਰਾਮ ਆਸ਼ਰਮ ਮੰਦਰ ਕਮੇਟੀ ਨੇ ਪ੍ਰਬੰਧਾਂ ਦੇ ਨਾਲ ਨਾਲ ਸਾਰੇ ਸ਼ਰਧਾਲੂਆਂ ਨੂੰ ਜੀ ਆਇਆ ਕਿਹਾ ਸ੍ਰੀ ਰਾਮੇਸ਼ਵਰ ਸ਼ਿਵ ਮੰਦਰ ਤੇ ਧਰਮਸ਼ਾਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਸ਼ਰਮਾ ਨੇ ਕਿਹਾ ਕਿ ਉਹ ਹਰ ਸਾਲ ਸ੍ਰੀ ਰਾਮ ਆਸ਼ਰਮ ਮੰਦਰ ਵਿਖੇ ਕਲਸ਼ ਯਾਤਰਾ ਲੈ ਕੇ ਪਹੁੰਚਦੇ ਹਨ ਤੇ ਉਨ੍ਹਾਂ ਦੀ ਕਮੇਟੀ ਦੇ ਅਸੀਂ ਧੰਨਵਾਦੀ ਹਾਂ। ਸ੍ਰੀ ਰਾਮ ਆਸ਼ਰਮ ਮੰਦਰ ਕਮੇਟੀ ਦੇ ਪ੍ਰਧਾਨ ਤਰੁਣ ਬਾਂਸਲ ਨੇ ਕਿਹਾ ਸੁਨਾਮ ਸ਼ਹਿਰ ਇੱਕ ਸ਼ਰਧਾਲੂਆਂ ਦਾ ਸ਼ਹਿਰ ਹੈ, ਇੱਥੇ ਦੇ ਲੋਕ ਬੜੀ ਹੀ ਸ਼ਰਧਾ ਦੇ ਨਾਲ ਧਾਰਮਿਕ ਕੰਮਾਂ ਵਿੱਚ ਹਿੱਸਾ ਲੈਂਦੇ ਹਨ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮਨੀਸ਼ ਸੋਨੀ ਤੇ ਦੀਪਿਕਾ ਗੋਇਲ ਨੇ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਸਮਾਗਮ ਸਮਾਜਿਕ ਬੁਰਾਈਆਂ ਨੂੰ ਦੂਰ ਕਰਦੇ ਹਨ। ਇਸ ਮੌਕੇ ਬਲਵਿੰਦਰ ਸ਼ਰਮਾ, ਤਰੁਣ ਬਾਂਸਲ, ਸੋਨੀ ਖੜਿਆਲੀਆ, ਨਰੇਸ਼ ਭੋਲਾ, ਮਾਸਟਰ ਰਾਜੀਵ, ਕੇਸਰ ਚੰਦ,ਗੁਰਮੀਤ ਸ਼ਰਮਾ, ਨਿਤਿਨ ਕੁਮਾਰ,ਪਰਮ ਅਗਰਵਾਲ, ਸ਼ਾਮ ਲਾਲ ਗਰਗ, ਪਰਮਾ ਨੰਦ, ਰਮਣ ਕੁਮਾਰ, ਵਿਨੋਦ ਗਰਗ, ਵਿਨਾਇਕ, ਬਲਦੇਵ, ਮਾਸਟਰ ਰਜੀਵ ਬਿੰਦਲ, ਰਿਕੂ ਕਾਂਸਲ ਆਲਮਪੁਰੀਆ, ਭੂਸ਼ਣ ਜਿੰਦਲ, ਨਿਰਮਲਾ ਦੇਵੀ, ਸ਼ਸ਼ੀ ਬਾਲਾ, ਸੰਤੋਸ਼ ਕਮਲੇਸ਼, ਸ਼ਸ਼ੀ ਬਾਲਾ ਤੇ ਹੋਰ ਸ਼ਰਧਾਲੂ ਮੌਜੂਦ ਸਨ।

## ਕੱਕੜਵਾਲ 'ਚ 2.20 ਕਰੋੜ ਦੀ ਲਾਗਤ ਨਾਲ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ : ਸਰਪੰਚ ਜਗਜੀਤ ਸਿੰਘ

### 35 ਲੱਖ ਨਾਲ ਪੰਜ ਪਾਰਕ, 20 ਲੱਖ ਨਾਲ ਲਾਇਬਰੇਰੀ ਤੇ ਸੁਰੱਖਿਆ ਲਈ ਪਿੰਡ 'ਚ ਲੱਗਣਗੇ ਸੀਸੀਟੀਵੀ ਕੈਮਰੇ



**ਧੂਰੀ (ਮਨੋਹਰ ਸਿੰਘ ਸੱਗੂ)**-ਧੂਰੀ ਹਲਕੇ ਦੇ ਪਿੰਡ ਕੱਕੜਵਾਲ ਵਿੱਚ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡ ਦੇ ਸਰਬਪੱਖੀ ਵਿਕਾਸ ਨੂੰ ਤਰਜੀਹ ਦਿੰਦਿਆਂ ਲਗਭਗ 2.20 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ।ਇਨ੍ਹਾਂ ਵਿਕਾਸ ਪ੍ਰੋਜੈਕਟਾਂ ਦਾ ਉਦੇਸ਼ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਤੇ ਪਿੰਡ ਵਾਸੀਆਂ ਨੂੰ ਸਾਫ਼, ਸੁਚੱਜਾ ਤੇ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰਨਾ ਹੈ।ਪਿੰਡ ਕੱਕੜਵਾਲ ਦੇ ਸਰਪੰਚ ਜਗਜੀਤ ਸਿੰਘ ਨੇ ਦੱਸਿਆ ਕਿ ਪਿੰਡ ਕੱਕੜਵਾਲ ਤੋਂ ਕਹੇਰੂ ਨੂੰ ਜੋੜਨ ਵਾਲੀ ਲਗਭਗ 2.20 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ 1.23 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਮੰਡੀ ਬੋਰਡ ਵੱਲੋਂ ਕੀਤਾ ਜਾ ਰਿਹਾ ਹੈ।ਪਿੰਡ ਵਿੱਚ 16.50 ਲੱਖ ਰੁਪਏ ਨਾਲ ਸੀਵਰੇਜ ਪਾਈਪ ਲਾਈਨ ਪਾਉਣ ਦਾ ਕੰਮ ਵੀ ਜੰਗੀ ਪੱਧਰ 'ਤੇ ਜਾਰੀ ਹੈ।35 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਿੱਚ ਪੰਜ ਪਾਰਕ ਤਿਆਰ ਕੀਤੇ ਜਾਣਗੇ ਤੇ ਇਸ ਦੇ ਨਾਲ ਹੀ 20 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਿੱਚ ਆਧੁਨਿਕ ਲਾਇਬਰੇਰੀ ਦਾ ਨਿਰਮਾਣ ਕੀਤਾ ਜਾਵੇਗਾ।ਉਨ੍ਹਾ ਦੱਸਿਆ ਕਿ ਪਿੰਡ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ 10 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਸਥਾਨਾਂ 'ਤੇ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਇਸ ਤੋਂ ਇਲਾਵਾ 15 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਗਲੀਆਂ ਤੇ ਨਾਲੀਆਂ ਬਣਾਉਣ ਦਾ ਕੰਮ ਵੀ ਤੇਜ਼ੀ ਨਾਲ ਚੱਲ ਰਿਹਾ ਹੈ।ਪਿੰਡ ਵਾਸੀਆਂ ਨੇ ਇਨ੍ਹਾਂ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਪਿੰਡ ਕੱਕੜਵਾਲ ਦੀ ਸਮੂਹਕ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ ਤੇ ਆਉਣ ਵਾਲੇ ਸਮੇਂ ਵਿੱਚ ਪਿੰਡ ਦੀ ਤਸਵੀਰ ਤੇ ਤਕਦੀਰ ਦੋਵੇਂ ਬਦਲਣਗੇ।

## ਜਨਹਿੱਤ ਸਮਿਤੀ ਵੱਲੋਂ ਮੁਫਤ ਮੈਡੀਕਲ ਚੈੱਕਅੱਪ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜਨਹਿਤ ਸਮਿਤੀ ਪਟਿਆਲਾ ਵੱਲੋਂ ਪਾਰਕ ਹਸਪਤਾਲ ਨਾਲ ਮਿਲ ਕੇ ਮੁਫਤ ਮੈਡੀਕਲ ਚੈੱਕਅਪ ਕੈਂਪ ਬਾਰਾਂਦਰੀ ਗਾਰਡਨ ਵਿੱਚ ਲਗਾਇਆ ਗਿਆ। ਇਸ ਕੈਂਪ ਵਿੱਚ ਤਕਰੀਬਨ 150 ਵਿਅਕਤੀਆਂ ਨੇ ਆਪਣਾ ਮੈਡੀਕਲ ਚੈੱਕਅਪ ਕਰਵਾਇਆ। ਪਾਰਕ ਹਸਪਤਾਲ ਦੇ ਸਟਾਫ ਵੱਲੋਂ ਸਾਰੇ ਹੀ ਵਿਅਕਤੀਆਂ ਦਾ ਚੈੱਕਅਪ ਕੀਤਾ ਗਿਆ। ਦੁਆ ਸਾਹਿਬ ਨੇ ਸੰਸਥਾ ਦੇ ਸਮਾਜ ਸੇਵੀ ਕੰਮਾਂ ਲਈ ਹਰੇਕ ਤਰ੍ਹਾਂ ਨਾਲ ਮਦਦ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਜਨਹਿਤ ਸਮਿਤੀ ਆਪਣੇ ਆਪ ਵਿੱਚ ਇੱਕ ਪੂਰਨ ਸੰਸਥਾ ਹੈ ਤੇ ਹੋਰ ਸਮਾਜ ਸੇਵੀ ਸੰਸਥਾਵਾਂ ਲਈ ਉਦਾਹਰਨ ਹੈ। ਸਾਨੂੰ ਸਾਰਿਆਂ ਨੂੰ ਜਨਹਿੱਤ ਸਮਿਤੀ ਦੇ ਮੈਂਬਰ ਬਣਨਾ ਚਾਹੀਦਾ ਹੈ ਤਾਂ ਜੋ ਜਨਹਿੱਤ ਸਮਿਤੀ ਹੋਰ ਵਧ ਚੜ੍ਹ ਕੇ ਲੋਕਾਂ ਦੀ ਸੇਵਾ ਕਰ ਸਕੇ। ਡਾਕਟਰ ਹਰੀ ਓਮ ਅਗਰਵਾਲ ਨੇ ਦੱਸਿਆ ਕਿ ਸੰਸਥਾ ਹਮੇਸ਼ਾ ਹੀ ਲੋਕਾਂ ਦੇ ਭਲੇ ਦੇ ਕੰਮ ਕਰਦੀ ਹੈ, ਇਸ ਦੇ ਨਾਲ ਹੀ ਲੋਕਾਂ ਨੂੰ ਸਿਹਤ ਸੰਭਾਲ ਲਈ ਜਾਗਰੂਕ ਕਰਨਾ ਸੰਸਥਾ ਦਾ ਟੀਚਾ ਹੈ। ਇਸੇ ਲੜੀ ਤਹਿਤ ਹਰੇਕ ਹਫਤੇ ਬਾਰਾਦਰੀ ਗਾਰਡਨ ਦੇ ਵਿੱਚ ਮੈਡੀਕਲ ਚੈੱਕਅਪ ਕੈਂਪ ਲਗਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਲਗਾਤਾਰ ਸਮਾਜ ਭਲਾਈ ਦੇ ਕੰਮ ਜਿਵੇਂ ਕਿ ਮੁਫਤ ਐਂਬੂਲੈਂਸ ਸਰਵਿਸ, ਮੁਫਤ ਕੰਪਿਊਟਰ ਸਿੱਖਿਆ, ਮੁਫਤ ਸਿਲਾਈ ਸਿੱਖਿਆ ਤੇ ਮਰੀਜ਼ਾਂ ਦੀ ਮਦਦ ਕਰਨਾ ਸ਼ਾਮਲ ਹੈ। ਸੰਸਥਾ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਵੱਲੋਂ ਸੰਸਥਾ ਦੇ ਕੰਮਾਂ ਬਾਰੇ ਦੱਸਦਿਆਂ ਕਿਹਾ ਕਿ ਅੱਜ ਜਿੱਥੇ ਸੰਸਥਾ ਵੱਲੋਂ ਇਹ ਕੈਂਪ ਲਗਾਇਆ ਗਿਆ ਹੈ, ਉੱਥੇ ਹੀ ਸੰਸਥਾ ਵੱਲੋਂ ਹੜ੍ਹ ਵਾਲੇ ਏਰੀਏ ਵਿੱਚ ਜਾ ਕੇ ਲੋਕਾਂ ਨੂੰ ਰਾਸ਼ਨ ਤੇ ਹੋਰ ਸਾਮਾਨ ਵੰਡਿਆ ਜਾਂਦਾ ਹੈ। ਸਮਾਜ ਸੇਵੀ ਜਗਤਾਰ ਜੱਗੀ ਨੇ ਪਾਰਕ ਹਸਪਤਾਲ ਪਟਿਆਲਾ ਦੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਮੁੱਖ ਤੌਰ 'ਤੇ ਪਹੁੰਚੀਆਂ ਸ਼ਖਸੀਅਤਾਂ ਵਿੱਚ ਡਾਕਟਰ ਅਵਨੀਸ਼, ਡਾਕਟਰ ਜਤਿਨ, ਸਡਾਣਾ ਬਰਦਰ, ਡਾਕਟਰ ਹਰਸਿਮਰਨ ਸਿੰਘ, ਪੀਆਰਓ ਕਰਮਜੀਤ ਸਿੰਘ, ਐਡਵੋਕੇਟ ਜਸਵਿੰਦਰ ਗਰੇਵਾਲ, ਜੇ ਐੱਸ ਬੇਦੀ, ਜੇ ਪੀ ਐੱਸ ਸੇਠੀ, ਜੀਵਨ ਗਰਗ, ਡਾਕਟਰ ਉਮਾ ਵਾਲੀਆ, ਪ੍ਰੋਫੈਸਰ ਸ਼ਰਮਾ, ਚਮਨ ਲਾਲ ਗਰਗ, ਵਿਵੇਕ ਜੈਨ, ਬਿਮਲ ਚੋਪੜਾ, ਪ੍ਰੋਫੈਸਰ ਐੱਸ ਸੀ ਵਰਮਾ, ਹਰਪਾਲ ਮਾਨ, ਮਨਿੰਦਰ, ਗਗਨਦੀਪ ਸਿੰਘ, ਸਤੀਸ਼ ਜੋਸ਼ੀ ਤੇ ਪਾਰਕ ਹਸਪਤਾਲ ਪਟਿਆਲਾ ਦੀ ਪੂਰੀ ਟੀਮ ਸ਼ਾਮਲ ਸੀ।

## 4 ਕਿੱਲੋ 998 ਗ੍ਰਾਮ ਹੈਰੋਇਨ ਤੇ ਡਰੋਨ ਬਰਾਮਦ, ਇੱਕ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੂੰ 4 ਕਿੱਲੋ 998 ਗ੍ਰਾਮ ਹੈਰੋਇਨ ਤੇ ਇਕ ਡਰੋਨ ਵਿਚ ਵੱਡੀ ਸਫਲਤਾ ਹਾਸਲ ਹੋਈ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ 3 ਖਿਲਾਫ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਦੇ ਐੱਸਆਈ ਮੇਜਰ ਸਿੰਘ ਨੇ ਦੱਸਿਆ ਕਿ ਬੀਐੱਸਐੱਫ ਦੀ ਕੰਪਨੀ 99 ਬਟਾਲੀਅਨ ਬੀਐੱਸਐੱਫ ਬੀਓਪੀ ਕੱਸੋ ਕੇ ਵੱਲੋਂ ਪੱਤਰ ਮੌਸੂਲ ਹੋਇਆ ਕਿ ਡਰੋਨ ਰਾਹੀਂ ਕਿਸੇ ਅਣਪਛਾਤੇ ਵਿਅਕਤੀਆਂ ਨੇ ਹੈਰੋਇਨ ਦੀ ਖੇਪ ਮੰਗਵਾਈ ਹੈ, ਜਿਸ 'ਤੇ ਬੀਐੱਸਐੱਫ ਦੇ ਪੱਤਰ ਦੇ ਆਧਾਰ 'ਤੇ ਕਾਰਵਾਈ ਕਰਨ ਲਈ ਕਿਹਾ ਹੈ। ਪੁਲਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ 519 ਗ੍ਰਾਮ ਹੈਰੋਇਨ ਅਤੇ ਇਕ ਡਰੋਨ ਬਰਾਮਦ ਕੀਤਾ ਗਿਆ। ਇਸੇ ਹੀ ਥਾਣੇ ਦੇ ਇੰਸਪੈਕਟਰ ਮੋਹਿਤ ਧਵਨ ਨੇ ਦੱਸਿਆ ਕਿ ਉਹ ਸੀਆਈਏ ਸਟਾਫ ਸਮੇਤ ਪੁਲਸ ਪਾਰਟੀ ਰਵਾਨਾ ਗਸ਼ਤ ਸੀ ਤਾਂ ਪਿੰਡ ਗਿੱਲਾ ਲਾਗੇ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਅਨ ਜਸਵੀਰ ਸਿੰਘ ਉਰਫ ਗੱਗੂ ਪੁੱਤਰ ਡੁੰਮਣ ਸਿੰਘ ਤੇ ਰਾਜਪਾਲ ਸਿੰਘ ਉਰਫ ਵਿੱਕੀ ਪੁੱਤਰ ਹਰਜੀਤ ਸਿੰਘ ਵਾਸੀਅਨ ਪਿੰਡ ਚੱਕ ਬਲੋਚਾ ਵਾਲਾ ਉਰਫ ਮਹਾਲਮ ਥਾਣਾ ਵੈਰੋਕੇ ਜ਼ਿਲ੍ਹਾ ਫਾਜ਼ਿਲਕਾ ਕੋਲ ਨਸ਼ੀਲਾ ਪਦਾਰਥ ਹੈਰੋਇਨ ਹੈ ਜੋ ਅੱਗੇ ਵੇਚਣ ਲਈ ਇਸ ਇਲਾਕੇ ਵਿਚ ਘੁੰਮ ਫਿਰ ਰਹੇ ਹਨ। ਇੰਸਪੈਕਟਰ ਮੋਹਿਤ ਧਵਨ ਨੇ ਦੱਸਿਆ ਕਿ ਦੋਸ਼ੀ ਜਸਵੀਰ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 4 ਕਿੱਲੋ 479 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦਾ ਮੁੱਖ ਉਦੇਸ਼ ਮਨੁੱਖਤਾ ਦੀ ਸੇਵਾ : ਡਾ. ਸੋਨਾ ਥਿੰਦ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਦੀ ਮੀਟਿੰਗ ਚੇਅਰਪਰਸਨ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਦੌਰਾਨ ਸੋਸਾਇਟੀ ਵੱਲੋਂ ਕਰਵਾਏ ਜਾ ਰਹੇ ਭਲਾਈ ਕਾਰਜਾਂ ਦੀ ਸਮੀਖਿਆ ਕੀਤੀ ਗਈ ਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਅਹਿਮ ਫੈਸਲੇ ਲਏ ਗਏ।ਡਾ. ਸੋਨਾ ਥਿੰਦ ਨੇ ਹਦਾਇਤ ਕੀਤੀ ਕਿ ਲੋੜਵੰਦਾਂ ਤੱਕ ਸਹਾਇਤਾ ਪਹੁੰਚਾਉਣ ਦੀ ਪ੍ਰਕਿਰਿਆ ਨੂੰ ਹੋਰ ਸਰਲ ਤੇ ਤੇਜ਼ ਬਣਾਇਆ ਜਾਵੇ। ਚੇਅਰਪਰਸਨ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਰੈੱਡ ਕਰਾਸ ਸੋਸਾਇਟੀ ਦੀ ਤਰਫੋਂ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਵਿੱਚ ਵਾਧਾ ਕੀਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਲੋੜਵੰਦ ਇਸ ਦਾ ਲਾਭ ਉਠਾ ਸਕਣ।ਡਾ. ਸੋਨਾ ਥਿੰਦ ਨੇ ਸੋਸਾਇਟੀ ਦੇ ਫੰਡਾਂ ਦੀ ਸਹੀ ਵਰਤੋਂ ਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਰੈੱਡ ਕਰਾਸ ਸੋਸਾਇਟੀ ਦਾ ਮੁੱਖ ਉਦੇਸ਼ ਮਨੁੱਖਤਾ ਦੀ ਸੇਵਾ ਕਰਨਾ ਹੈ। ਅਸੀਂ ਵਚਨਬੱਧ ਹਾਂ ਕਿ ਕੋਈ ਵੀ ਬੇਸਹਾਰਾ ਜਾਂ ਲੋੜਵੰਦ ਵਿਅਕਤੀ ਸਹਾਇਤਾ ਤੋਂ ਵਾਂਝਾ ਨਾ ਰਹੇ। ਮੀਟਿੰਗ ਦੇ ਅੰਤ ਵਿੱਚ ਸੋਸਾਇਟੀ ਦੇ ਸਮੂਹ ਮੈਂਬਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਦਿੱਤੀਆਂ ਗਈਆਂ ਹਦਾਇਤਾਂ ਅਨੁਸਾਰ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਗਰੇਵਾਲ, ਐੱਸ ਡੀ ਐੱਮ ਸੂਬਾ ਸਿੰਘ, ਮੁੱਖ ਮੰਤਰੀ ਫੀਲਡ ਅਫਸਰ ਸ਼ੰਕਰ ਸ਼ਰਮਾ ਤੋਂ ਇਲਾਵਾ ਸੋਸਾਇਟੀ ਦੇ ਸਕੱਤਰ, ਪ੍ਰਬੰਧਕੀ ਮੈਂਬਰ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਸ਼ੇਰਪੁਰ ਬੇਟ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਰਕਾਰੀ ਹਾਈ ਸਕੂਲ ਸ਼ੇਰਪੁਰ ਬੇਟ ਵਿਖੇ ਪੀ.ਐੱਮ. ਸ੍ਰੀ ਸਕੀਮ ਅਧੀਨ ਸਾਲਾਨਾ ਇਨਾਮ ਵੰਡ ਸਮਾਰੋਹ ਤੇ ਸੱਭਿਆਚਾਰਕ ਮੇਲਾ ਕਰਵਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਉਪ ਪ੍ਰਧਾਨ ਕਾਂਗਰਸ ਕਸਤੂਰੀ ਲਾਲ ਮਿੰਟੂ, ਸਾਬਕਾ ਚੇਅਰਮੈਨ ਸੋਹਣ ਲਾਲ ਸ਼ੇਰਪੁਰੀ ਤੇ ਬਾਬਾ ਦੀਪਾ ਜੀ ਫਲਾਹੀ ਵਾਲਿਆਂ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਸਕੂਲ ਮੁਖੀ ਅਵਤਾਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਗਮ ਵਿੱਚ ਲੇਖਕ ਤੇ ਨਿਰਦੇਸ਼ਕ ਭਗਵੰਤ ਸਿੰਘ ਧਾਲੀਵਾਲ ਦਾ ਲਿਖਿਆ ਨਾਟਕ 'ਸੁਪਨਾ ਬਾਬਲ ਦਾ' ਦੀ ਪੇਸ਼ਕਾਰੀ ਨੇ ਦਰਸ਼ਕਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ। ਨਾਟਕ ਦੀ ਕਹਾਣੀ ਵਿੱਚ ਨਸ਼ਿਆਂ ਵਿੱਚ ਗਰਕੀ ਨੌਜਵਾਨ ਪੀੜ੍ਹੀ ਦੇ ਦੁਖਾਂਤ ਨੂੰ ਪੇਸ਼ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਸਕਿੱਟ, ਕੋਰਿਓਗ੍ਰਾਫ਼ੀਆਂ, ਲੋਕ ਗੀਤ, ਭੰਗੜਾ, ਗਿੱਧਾ ਤੇ ਪ੍ਰਸਿੱਧ ਲੋਕ ਨਾਚ ਲੁੱਡੀ ਦੀ ਪੇਸ਼ਕਾਰੀ ਦਿੱਤੀ ਗਈ। ਇਸ ਮੌਕੇ ਮਾਸਟਰ ਸਮਸ਼ੇਰ ਸਿੰਘ, ਜਤਿੰਦਰ ਚੋਪੜਾ, ਚੇਅਰਮੈਨ ਜੁਗਿੰਦਰ ਸਿੰਘ, ਨੀਲਮ ਰਾਣੀ, ਮਨੀ ਭੱਟ, ਰੁਪਿੰਦਰ ਕੌਰ, ਸਿਮਰਨਜੀਤ ਕੌਰ, ਹਰਿੰਦਰਪਾਲ ਸਿੰਘ, ਸਰਪੰਚ, ਪੰਚ ਤੇ ਇਲਾਕੇ ਦੀਆਂ ਸਰਕਾਰੀ ਤੇ ਪ੍ਰਾਈਵੇਟ ਵਿੱਦਿਅਕ ਸੰਸਥਾਵਾਂ ਦੇ ਪ੍ਰਿੰਸੀਪਲ, ਅਧਿਆਪਕ ਹਾਜ਼ਰ ਸਨ। ਇਸ ਮੌਕੇ ਨਾਟਕਕਾਰ ਰਾਜਵਿੰਦਰ ਸਮਰਾਲਾ, ਅਮਨ ਭੋਗਲ, ਅਰਵਿੰਦਰ ਰਾਜੂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਪੰਜਾਬੀ 'ਵਰਸਿਟੀ ਵਿਖੇ 'ਪੰਜਾਬੀ ਨਾਵਲ 'ਚ ਸੈਨਿਕ ਜੀਵਨ ਦੀ ਪੇਸ਼ਕਾਰੀ' ਬਾਰੇ ਅਧਿਐਨ



**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਹੋਈ ਇੱਕ ਤਾਜ਼ਾ ਖੋਜ ਰਾਹੀਂ 'ਪੰਜਾਬੀ ਨਾਵਲ ਵਿੱਚ ਸੈਨਿਕ ਜੀਵਨ ਦੀ ਪੇਸ਼ਕਾਰੀ' ਬਾਰੇ ਅਧਿਐਨ ਕੀਤਾ ਗਿਆ ਹੈ।ਖੋਜਾਰਥੀ ਡਾ. ਕਿਰਨਦੀਪ ਕੌਰ ਵੱਲੋਂ ਨਿਗਰਾਨ ਡਾ. ਤਾਰਾ ਸਿੰਘ ਦੀ ਅਗਵਾਈ ਵਿੱਚ ਕੀਤੇ ਗਏ ਇਸ ਖੋਜ-ਕਾਰਜ ਰਾਹੀਂ ਸੈਨਿਕ ਜੀਵਨ ਨਾਲ਼ ਸਬੰਧਤ ਪੰਜਾਬੀ ਨਾਵਲਾਂ ਦੀ ਚੋਣ ਕਰ ਕੇ ਉਨ੍ਹਾਂ ਦੇ ਬਿਰਤਾਂਤ ਵਿੱਚੋਂ ਸੈਨਿਕ ਜੀਵਨ ਦੇ ਵੱਖ-ਵੱਖ ਪੱਖਾਂ ਜਿਵੇਂ ਸਮਾਜਿਕ, ਆਰਥਿਕ, ਧਾਰਮਿਕ, ਮਨੋਵਿਗਿਆਨਕ ਆਦਿ ਬਾਰੇ ਵਿਸ਼ਲੇਸ਼ਣ ਕੀਤਾ ਗਿਆ ਹੈ। ਨਿਗਰਾਨ ਡਾ. ਤਾਰਾ ਸਿੰਘ ਨੇ ਦੱਸਿਆ ਕਿ ਸੈਨਿਕ ਸਾਡੇ ਸਮਾਜ ਦਾ ਇੱਕ ਅਹਿਮ ਅੰਗ ਹੋਣ ਦੇ ਬਾਵਜੂਦ ਪੰਜਾਬੀ ਸਾਹਿਤ ਦੇ ਹਵਾਲੇ ਨਾਲ਼ ਇਨ੍ਹਾਂ ਬਾਰੇ ਕੋਈ ਖੋਜ-ਕਾਰਜ ਨਹੀਂ ਹੋਇਆ ਸੀ।ਉਨ੍ਹਾਂ ਦੱਸਿਆ ਕਿ ਪੰਜਾਬੀ ਸਾਹਿਤ ਖੋਜ ਖੇਤਰ ਵਿੱਚ ਇਹ ਇੱਕ ਨਵਾਂ ਤੇ ਮਹੱਤਵਪੂਰਨ ਪਾਸਾਰਾਂ ਵਾਲਾ ਕਾਰਜ ਹੈ।ਉਨ੍ਹਾਂ ਦੱਸਿਆ ਕਿ ਸੈਨਿਕਾਂ ਦੇ ਅੰਦਰਲੇ ਸੰਸਾਰ ਦੀਆਂ ਪਰਤਾਂ ਨੂੰ ਫਰੋਲਦਿਆਂ ਉਨ੍ਹਾਂ ਦੀ ਸ਼ਖ਼ਸੀਅਤ ਨੂੰ ਸਮੁੱਚੇ ਰੂਪ ਵਿੱਚ ਉਭਾਰਨ ਦਾ ਯਤਨ ਕੀਤਾ ਗਿਆ ਹੈ।ਇਉਂ ਸੈਨਿਕ ਦੇ ਇੱਕ ਮਨੁੱਖ ਵਜੋਂ ਦੁੱਖਾਂ-ਸੁੱਖਾਂ, ਲੋੜਾਂ-ਥੋੜਾਂ, ਸੁਪਨਿਆਂ, ਅਕਾਂਖਿਆਵਾਂ ਤੇ ਦੁਬਿਧਾਵਾਂ ਨੂੰ ਵੀ ਸਾਹਮਣੇ ਲਿਆਂਦਾ ਗਿਆ ਹੈ। ਡਾ. ਕਿਰਨਦੀਪ ਕੌਰ ਨੇ ਕਿਹਾ ਕਿ ਇਹ ਖੋਜ ਰਾਹੀਂ ਇਹ ਸਥਾਪਿਤ ਕਰਨ ਦਾ ਯਤਨ ਕੀਤਾ ਗਿਆ ਹੈ ਕਿ ਸੈਨਿਕ ਸਿਰਫ਼ ਯੋਧਾ ਹੀ ਨਹੀਂ ਸਗੋਂ ਇੱਕ ਸੰਵੇਦਨਸ਼ੀਲ ਮਨੁੱਖ ਵੀ ਹੁੰਦਾ ਹੈ।ਉਨ੍ਹਾਂ ਕਿਹਾ ਕਿ ਇਹ ਵਿਸ਼ਲੇਸ਼ਣ ਪੰਜਾਬ ਦੇ ਇਤਿਹਾਸ, ਸੱਭਿਆਚਾਰ ਤੇ ਜਨ-ਜੀਵਨ ਦੇ ਪ੍ਰਮਾਣਿਕ ਸਰੋਤਾਂ 'ਤੇ ਅਧਾਰਤ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਇਤਿਹਾਸ, ਸੱਭਿਆਚਾਰਕ ਵਿਲੱਖਣਤਾ ਤੇ ਪੰਜਾਬੀ ਜਨ-ਜੀਵਨ ਵਿੱਚ ਸੈਨਿਕ ਜੀਵਨ ਦੀ ਮਹੱਤਤਾ ਬਾਰੇ ਪ੍ਰਮਾਣਿਤ ਸਰੋਤਾਂ, ਇਤਿਹਾਸਕ ਲਿਖਤਾਂ ਤੇ ਸੱਭਿਆਚਾਰਕ ਸਿਰਜਣਾਵਾਂ ਦੇ ਮਾਹਰ ਵਿਦਵਾਨਾਂ ਦੇ ਹਵਾਲਿਆਂ ਨਾਲ਼ ਵਿਸ਼ਲੇਸ਼ਣ ਕੀਤਾ ਗਿਆ ਹੈ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਖੋਜਾਰਥੀ ਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਖੋਜ ਕਾਰਜ ਸੈਨਾ, ਸੈਨਿਕ ਜੀਵਨ ਤੇ ਪੰਜਾਬੀ ਸਾਹਿਤ ਵਿੱਚ ਦਿਲਚਸਪੀ ਰੱਖਣ ਵਾਲੇ ਪਾਠਕਾਂ, ਵਿਦਿਆਰਥੀਆਂ ਤੇ ਖੋਜਾਰਥੀਆਂ ਲਈ ਲਾਹੇਵੰਦ ਹੋਵੇਗਾ ਤੇ ਅਗਲੇਰੇ ਪੱਧਰ ਦੇ ਹੋਰ ਖੋਜ-ਕਾਰਜਾਂ ਲਈ ਪ੍ਰੇਰਿਤ ਕਰਦਿਆਂ ਉਨ੍ਹਾਂ ਦਾ ਅਧਾਰ ਵੀ ਬਣੇਗਾ।

## ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ ਸਕੂਲ ਬੱਸਾਂ ਦੇ ਕੀਤੇ ਚਲਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸੜਕ ਸੁਰੱਖਿਆ ਮਹੀਨੇ ਦੇ ਮੱਦੇਨਜ਼ਰ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅੱਜ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਤੇ ਆਰ.ਟੀ.ਓ. ਚੇਤਨ ਬੰਗੜ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡੀ.ਸੀ.ਪੀ.ਓ. ਹਰਭਜਨ ਸਿੰਘ, ਏ.ਆਰ.ਟੀ.ਓ. ਮਨਿੰਦਰ ਸਿੰਘ ਤੇ ਟ੍ਰੈਫਿਕ ਪੁਲਸ ਦੀ ਸਾਂਝੀ ਟੀਮ ਵੱਲੋਂ ਵੱਖ-ਵੱਖ ਸਕੂਲੀ ਬੱਸਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਟੀਮ ਵੱਲੋਂ 'ਸੇਫ ਸਕੂਲ ਵਾਹਨ ਪਾਲਸੀ' ਤਹਿਤ ਬੱਸਾਂ ਵਿੱਚ ਉਪਲਬਧ ਸਹੂਲਤਾਂ ਜਿਵੇਂ ਕਿ ਫਸਟ ਏਡ ਬਾਕਸ ਅਤੇ ਅੱਗ ਬੁਝਾਊ ਯੰਤਰ, ਮਹਿਲਾ ਅਟੈਂਡੈਂਟ ਦੀ ਮੌਜੂਦਗੀ, ਡਰਾਈਵਰ ਦਾ ਡਰਾਈਵਿੰਗ ਲਾਇਸੈਂਸ ਤੇ ਵਾਹਨ ਦੇ ਦਸਤਾਵੇਜ਼ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜਿਨ੍ਹਾਂ ਬੱਸਾਂ ਵਿੱਚ ਨਿਯਮਾਂ ਦੀ ਉਲੰਘਣਾ ਪਾਈ ਗਈ, ਉਨ੍ਹਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ।ਅਧਿਕਾਰੀਆਂ ਨੇ ਸਕੂਲ ਪ੍ਰਬੰਧਕਾਂ ਤੇ ਬੱਸ ਡਰਾਈਵਰਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਬੱਚਿਆਂ ਦੀ ਜਾਨ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਮਦਰ ਵਰਕਸ਼ਾਪ ਕਰਵਾਈ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ) ਮਾਨਸਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਤੀਸਰੀ ਮਦਰ ਵਰਕਸ਼ਾਪ ਕਰਵਾਈ ਗਈ।ਵਰਕਸ਼ਾਪ ਦੀ ਸ਼ੁਰੂਆਤ ਸਕੂਲ ਮੁਖੀ ਸ੍ਰੀ ਜਗਸੀਰ ਸਿੰਘ ਆਦਮਕੇ ਵੱਲੋਂ ਜੀ ਆਇਆਂ ਨੂੰ ਸੰਬੋਧਨੀ ਸ਼ਬਦਾਂ ਨਾਲ ਹੋਈ।ਇਸ ਮਦਰ ਵਰਕਸ਼ਾਪ 'ਚ ਸਕੂਲ ਅਧਿਆਪਕਾਵਾਂ ਸੰਦੀਪ ਕੌਰ ਬਰਨ ਤੇ ਸੰਦੀਪ ਕੌਰ ਭੰਡੂਕੇ ਵੱਲੋਂ ਮਾਪਿਆਂ ਨੂੰ ਬੱਚਿਆਂ ਦੀ ਸੁਰੱਖਿਆ, ਪੋਸਕੋ ਐਕਟ, 2012 ਸੰਬੰਧੀ ਜਾਣਕਾਰੀ ਦਿੱਤੀ ਗਈ।ਹਰਦੀਪ ਸਿੰਘ ਧੰਨ ਸਿੰਘ ਖਾਨਾ ਅਧਿਆਪਕ ਸਪਸ ਬਰਨ ਵੱਲੋਂ ਬੱਚਿਆਂ ਦੇ ਮਾਪਿਆਂ ਨੂੰ ਬੱਚਿਆਂ ਦੀ ਸਿਹਤ, ਖਾਣ-ਪੀਣ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਅਵਤਾਰ ਸਿੰਘ ਬਰਨ ਸਿੱਖਿਆ ਅਧਿਆਪਕ ਵੱਲੋਂ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮਦਰ ਵਰਕਸ਼ਾਪ ਵਿੱਚ ਬੱਚਿਆਂ ਦੀਆਂ ਮਾਤਾਵਾਂ ਵੱਲੋਂ ਵੀ ਵੱਖ-ਵੱਖ ਗਤੀਵਿਧੀਆਂ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਗਿਆ।ਵਰਕਸ਼ਾਪ ਦੇ ਅਖੀਰ 'ਚ ਸਕੂਲ ਮੁੱਖੀ ਵੱਲੋਂ ਹਾਜ਼ਰ ਮਾਪਿਆਂ ਨੂੰ ਬੱਚਿਆਂ ਦੇ ਉੱਜਵਲ ਭਵਿੱਖ ਲਈ ਚੁਣੌਤੀਆਂ ਦਾ ਮੁਕਾਬਲਾ ਕਰਦੇ ਹੋਏ ਅੱਗੇ ਵਧਣ, ਸਕੂਲ ਨੂੰ ਵੱਧ ਤੋਂ ਵੱਧ ਯੋਗਦਾਨ ਦੇਣ ਲਈ ਪ੍ਰੇਰਿਤ ਕਰਦਿਆਂ ਮਦਰ ਵਰਕਸ਼ਾਪ ਦੀ ਸਫਲਤਾ ਲਈ ਧੰਨਵਾਦ ਵੀ ਕੀਤਾ ਗਿਆ।ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਗੁਰਵਿੰਦਰ ਸਿੰਘ, ਪੀ ਟੀ ਏ ਪ੍ਰਧਾਨ ਸ੍ਰੀ ਗੁਰਮੀਤ ਸਿੰਘ, ਕੁਲਦੀਪ ਸਿੰਘ ਬਰਨ ਸਿੱਖਿਆ ਸ਼ਾਸਤਰੀ, ਮਿੱਡ ਡੇ ਮੀਲ ਕੁੱਕ ਮਨਜੀਤ ਕੌਰ, ਪਰਮਜੀਤ ਕੌਰ ਅਤੇ ਵਿਦਿਆਰਥੀਆਂ ਦੇ ਮਾਪੇ ਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

## ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਸੂਬਾ ਕਮੇਟੀ ਦੀ ਵਧਵੀਂ ਮੀਟਿੰਗ




**ਲੌਂਗੋਵਾਲ(ਪ੍ਰਦੀਪ ਸੱਪਲ)**-ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੀ ਸੂਬਾ ਕਮੇਟੀ ਦੀ ਵਧਵੀਂ ਮੀਟਿੰਗ ਪਰਜਾਪਤ ਧਰਮਸ਼ਾਲਾ ਸੰਗਰੂਰ ਵਿਖੇ ਕੀਤੀ ਗਈ।ਅੱਜ ਦੀ ਵਧਵੀਂ ਮੀਟਿੰਗ ਸੂਬਾ ਪ੍ਰਧਾਨ ਕੁਲਵੰਤ ਸਿੰਘ ਸੇਲਵਰਾ ਦੀ ਪ੍ਰਧਾਨਗੀ ਹੇਠ ਕੀਤੀ ਗਈ ਤੇ ਸੂਬਾ ਆਗੂ ਲਖਵੀਰ ਸਿੰਘ ਲੱਖਾ ਸਿੰਘਾਵਾਲਾ ਤੇ ਸੰਦੀਪ ਸਿੰਘ ਪੰਡੋਰੀ ਅਤੇ ਧਰਮਪਾਲ ਨਮੋਲ ਦੀ ਮੁਢਲੀ ਮੈਂਬਰਸ਼ਿਪ ਰੱਦ ਕਰਕੇ ਜਥੇਬੰਦੀ ਵਿੱਚੋਂ ਬਾਹਰ ਕੀਤਾ ਗਿਆ।ਵਧਵੀਂ ਮੀਟਿੰਗ ਲੋਕ ਲਹਿਰ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕਰਨ ਉਪਰੰਤ ਸੂਬਾ ਪ੍ਰਧਾਨ ਕੁਲਵੰਤ ਸਿੰਘ ਸੇਲਬਰਾਹ ਨੇ ਕਿਹਾ ਕਿ ਅੱਜ ਦੀ ਵਧਵੀਂ ਮੀਟਿੰਗ ਵਿੱਚ ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੇ ਬਲਾਕ ਕਮੇਟੀਆਂ ਦੇ ਪ੍ਰਧਾਨ, ਖਜ਼ਾਨਚੀ ਤੇ ਸੈਕਟਰੀ ਬਲਾਕ ਪ੍ਰਧਾਨ ਖਜ਼ਾਨਚੀ ਅਤੇ ਸੈਕਟਰੀ ਪਿੰਡ ਇਕਾਈਆਂ ਦੇ ਪ੍ਰਧਾਨ ਖਜ਼ਾਨਚੀ ਤੇ ਸੈਕਟਰੀ ਉਹ ਵੱਡੀ ਗਿਣਤੀ ਵਿੱਚ ਪਹੁੰਚੇ।ਇਸ ਮੌਕੇ ਸੂਬਾ ਸਕੱਤਰ ਲਖਵੀਰ ਸਿੰਘ ਲੌਂਗੋਵਾਲ, ਸੂਬਾ ਪ੍ਰੈੱਸ ਸਕੱਤਰ ਪ੍ਰਗਟ ਸਿੰਘ ਕਾਲਾਝਾੜ ਨੇ ਕਿਹਾ ਕਿ ਜਦੋਂ ਸਰਕਾਰਾਂ ਵੱਲੋਂ ਲਗਾਤਾਰ ਕਿਰਤੀ ਲੋਕਾਂ 'ਤੇ ਹਮਲੇ ਤੇਜ਼ ਕੀਤੇ ਹੋਣ, ਉਸ ਸਮੇਂ ਜਥੇਬੰਦੀ ਨੂੰ ਮਜ਼ਬੂਤ ਕਰਨ ਦੀ ਬਜਾਏ ਸਾਥੀਆਂ ਵੱਲੋਂ ਜਥੇਬੰਦੀ ਨੂੰ ਤੋੜਨ ਦੀਆਂ ਗੰਭੀਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਸਭ ਦੇ ਬਾਵਜੂਦ ਸੂਬਾ ਕਮੇਟੀ ਇੱਕਮੁੱਠ ਹੈ ਤੇ ਆਉਣ ਵਾਲੇ ਸਮੇਂ ਵਿੱਚ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਅਗਲੇ ਪ੍ਰੋਗਰਾਮ ਉਲੀਕੇ ਜਾਣਗੇ।ਅੱਜ ਦੀ ਵਧਦੀ ਮੀਟਿੰਗ ਨੇ ਬਿੱਕਰ ਸਿੰਘ ਮੋਠਾਂਵਾਲਾ ਨੂੰ ਸੂਬਾ ਇਨਵਾਇਟੀ ਦੇ ਤੌਰ 'ਤੇ ਮੈਂਬਰ ਲਿਆ।ਇਸ ਕਾਰਵਾਈ ਤੋਂ ਬਾਅਦ ਬਿੱਕਰ ਸਿੰਘ ਮੋਠਾਂਵਾਲਾ ਨੇ ਮਤੇ ਪੜ੍ਹ ਕੇ ਸੁਣਾਏ ਤੇ ਹੱਥ ਖੜੇ ਕਰਵਾ ਕੇ ਲੋਕਾਂ ਤੋਂ ਪ੍ਰਵਾਨਗੀ ਲਈ। ਜਥੇਬੰਦੀ ਆਗੂਆਂ ਵੱਲੋਂ ਮੰਗ ਕੀਤੀ ਗਈ ਕਿ 1 ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਲਿਆਂਦਾ ਨਵਾਂ ਕਾਨੂੰਨ ਰੱਦ ਕੀਤਾ ਜਾਵੇ, ਕਿਰਤ ਕਾਨੂੰਨਾਂ 'ਚ ਕੀਤੀਆਂ ਸੋਧਾਂ ਰੱਦ ਕਰੋ, ਬਿਜਲੀ ਬਿਲ 2025 ਰੱਦ ਕਰੋ, ਪੱਤਰਕਾਰਾਂ ਤੇ ਕੀਤੇ ਪਰਚੇ ਰੱਦ ਕਰੋ, ਸਾਥੀ ਮੁਕੇਸ਼ ਮਲੋਦ ਨੂੰ ਤੁਰੰਤ ਰਿਹਾਅ ਕਰੋ, ਦਿਲਜੋਤ ਸ਼ਰਮਾ ਦੇ ਮਸਲੇ ਦੀ ਨਿਰਪੱਖਤਾ ਨਾਲ ਜਾਂਚ ਕਰਕੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।ਇਸ ਉਪਰੰਤ ਸੂਬਾ ਮੀਤ ਪ੍ਰਧਾਨ ਦਿਲਬਾਗ ਸਿੰਘ ਜ਼ੀਰਾ ਵੱਲੋਂ ਆਏ ਸਾਥੀਆਂ ਦਾ ਧੰਨਵਾਦ ਕੀਤਾ ਗਿਆ, ਜਦਕਿ ਸਟੇਜ ਸਕੱਤਰ ਦੀ ਭੂਮਿਕਾ ਸੂਬਾ ਖਜ਼ਾਨਚੀ ਸਿਕੰਦਰ ਸਿੰਘ ਅਜਿੱਤ ਗਿੱਲ ਵੱਲੋਂ ਬਾਖੂਬੀ ਨਿਭਾਈ ਗਈ।

## ਡੇਰਾ ਬਾਬਾ ਭੂਸ ਦੀ ਯਾਦ 'ਚ ਕੁਸ਼ਤੀ ਦੰਗਲ ਕਰਵਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਰਾਮਪੁਰ ਵਿਖੇ ਡੇਰਾ ਬਾਬਾ ਭੂਸ ਜੀ ਦੀ ਯਾਦ ਵਿੱਚ ਕੁਸ਼ਤੀ ਦੰਗਲ ਕਰਵਾਇਆ ਗਿਆ।ਇਸ ਮੌਕੇ ਜਿੱਥੇ ਨਾਮੀ ਪਹਿਲਵਾਨਾਂ ਨੇ ਹਿੱਸਾ ਲਿਆ, ਉੱਥੇ ਹੀ ਵਿਧਾਇਕ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾ ਪਹਿਲਵਾਨਾਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਕਿਹਾ ਕਿ ਅਜਿਹੇ ਛਿੰਝ ਮੇਲੇ ਪੰਜਾਬ ਦੀ ਸ਼ਾਨ ਹਨ।ਪੁਰਾਣੇ ਸਮਿਆਂ ਤੋਂ ਪੰਜਾਬ ਦੇ ਛਿੰਝ ਦੁਨੀਆ ਭਰ ਦੇ ਵਿੱਚ ਮਸ਼ਹੂਰ ਰਹੇ ਹਨ, ਜਿਸ ਕਾਰਨ ਪੰਜਾਬ ਨੂੰ ਛਿੰਝਾਂ ਦਾ ਸੂਬਾ ਕਿਹਾ ਜਾਂਦਾ ਸੀ, ਪ੍ਰੰਤੂ ਪਿਛਲੇ ਕੁਝ ਸਮੇਂ ਤੋਂ ਨੌਜਵਾਨ ਪੀੜ੍ਹੀ ਨਸ਼ੇ ਵਰਗੀਆਂ ਲਾਹਨਤਾਂ ਕਾਰਨ ਕੁਰਾਹੇ ਪੈ ਗਈ ਸੀ।ਪੰਜਾਬ ਸਰਕਾਰ ਵੱਲੋਂ ਜਿੱਥੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਯਤਨ ਕੀਤੇ ਜਾ ਰਹੇ ਹਨ, ਉੱਥੇ ਹੀ ਨਸ਼ੇ ਦੇ ਸੌਦਾਗਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ਤੇ ਪਿੰਡ ਪੱਧਰ ਦੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਦੀ ਬਹੁਤ ਲੋੜ ਹੈ।

ਸਾਨੂੰ ਆਪਣੇ ਬੱਚਿਆਂ ਦੇ ਭਵਿੱਖ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਦੀ ਇਸ ਮੁਹਿੰਮ ਦਾ ਹਿੱਸਾ ਬਣਨਾ ਚਾਹੀਦਾ ਹੈ।ਇਸ ਮੌਕੇ ਪ੍ਰਧਾਨ ਪਰਮਿੰਦਰ ਸਿੰਘ ਪੰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰਾਚੀਨ ਡੇਰਾ ਹੈ, ਪੁਰਾਣੇ ਸਮੇਂ ਤੋਂ ਹੀ ਇਸ ਸਥਾਨ ਤੇ ਛਿੰਝ ਕਰਵਾਇਆ ਜਾਂਦਾ ਰਿਹਾ ਹੈ।ਵਿਧਾਇਕ ਲਖਬੀਰ ਸਿੰਘ ਰਾਏ ਨੇ ਪਹੁੰਚ ਕੇ ਜਿੱਥੇ ਉਨ੍ਹਾਂ ਦਾ ਮਾਣ ਵਧਾਇਆ ਹੈ, ਉੱਥੇ ਹੀ ਪਹਿਲਵਾਨਾਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ ਹੈ।ਪ੍ਰਬੰਧਕ ਕਮੇਟੀ ਦੇ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਦਵਿੰਦਰ ਸਿੰਘ, ਸਤਵਿੰਦਰ ਸਿੰਘ, ਜਸਵਿੰਦਰ ਸਿੰਘ, ਗੁਰਪਿੰਦਰ ਸਿੰਘ, ਕਰਮ ਸਿੰਘ ਪੰਚ, ਸੁਖਵਿੰਦਰ ਸੈਕਟਰੀ ਜ਼ਿਲ੍ਹਾ ਪ੍ਰਧਾਨ ਸੈਕਟਰੀ ਐਸੋਸੀਏਸ਼ਨ, ਜਗਨਨਾਥ ਸਿੰਘ ਪੰਚ ਆਦਿ ਹਾਜ਼ਰ ਸਨ।

## ਈ ਸੀ ਟੀ ਏ ਵੱਲੋਂ ਨਵੇਂ ਵਾਈਸ-ਚਾਂਸਲਰ ਦਾ ਸਵਾਗਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਦੀ ਇੰਜੀਨੀਅਰਿੰਗ ਕਾਲਜ ਟੀਚਰਜ਼ ਐਸੋਸੀਏਸ਼ਨ ਵੱਲੋਂ ਨਵੇਂ ਨਿਯੁਕਤ ਵਾਈਸ-ਚਾਂਸਲਰ ਪ੍ਰੋ. ਸੁਰੇਸ਼ ਕੁਮਾਰ ਸ਼ਰਮਾ ਦਾ ਯੂਨੀਵਰਸਿਟੀ ਦਾ ਕਾਰਜ ਭਾਰ ਸੰਭਾਲਣ 'ਤੇ ਸਵਾਗਤ ਕੀਤਾ ਗਿਆ। ਇਸ ਮੌਕੇ ਈਸੀਟੀਏ ਦੇ ਅਧਿਕਾਰੀਆਂ ਤੇ ਫੈਕਲਟੀ ਮੈਂਬਰਾਂ ਨੇ ਪ੍ਰੋ. ਸ਼ਰਮਾ ਨੂੰ ਇਕ ਪ੍ਰਤਿਸ਼ਠਤ ਅਕਾਦਮਿਕ ਵਿਦਵਾਨ ਤੇ ਦੂਰਦਰਸ਼ੀ ਪ੍ਰਸ਼ਾਸਕ ਦੱਸਦਿਆਂ ਉਨ੍ਹਾਂ ਦੀ ਨਿਯੁਕਤੀ 'ਤੇ ਖੁਸ਼ੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਪ੍ਰੋ. ਸ਼ਰਮਾ ਦਾ ਸਿਖਲਾਈ, ਖੋਜ ਤੇ ਅਕਾਦਮਿਕ ਅਗਵਾਈ ਵਿੱਚ ਵਿਸ਼ਾਲ ਤਜਰਬਾ ਯੂਨੀਵਰਸਿਟੀ ਲਈ ਲਾਭਦਾਇਕ ਸਾਬਿਤ ਹੋਵੇਗਾ। ਈਸੀਟੀਏ ਨੇ ਨਵੇਂ ਵਾਈਸ-ਚਾਂਸਲਰ ਨੂੰ ਅਕਾਦਮਿਕ ਸ੍ਰੇਸ਼ਠਤਾ, ਫੈਕਲਟੀ ਵਿਕਾਸ, ਖੋਜ ਪ੍ਰੋਤਸਾਹਨ ਤੇ ਵਿਦਿਆਰਥੀ ਕੇਂਦਰਿਤ ਯੋਜਨਾਵਾਂ ਨੂੰ ਅੱਗੇ ਵਧਾਉਣ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਐਸੋਸੀਏਸ਼ਨ ਨੇ ਵਿਸ਼ਵਾਸ ਜਤਾਇਆ ਕਿ ਪ੍ਰੋ. ਸ਼ਰਮਾ ਦੀ ਅਗਵਾਈ ਹੇਠ ਯੂਨੀਵਰਸਿਟੀ ਢਾਂਚਾਗਤ ਵਿਕਾਸ, ਨਵੀਨਤਾ ਤੇ ਸੰਸਥਾਗਤ ਉੱਨਤੀ ਦੇ ਨਵੇਂ ਮੁਕਾਮ ਹਾਸਲ ਕਰੇਗੀ। ਇਸ ਮੌਕੇ ਈਸੀਟੀਏ ਦੇ ਪ੍ਰਧਾਨ ਡਾ. ਦਪਿੰਦਰ ਦੀਪ ਸਿੰਘ ਨੇ ਵਾਈਸ-ਚਾਂਸਲਰ ਨੂੰ ਗੁਲਦਸਤਾ ਭੇਟ ਕੀਤਾ। ਉਨ੍ਹਾਂ ਨਾਲ ਪ੍ਰੋ. ਰਜਨੀ ਉੱਪ ਪ੍ਰਧਾਨ, ਡਾ. ਸਨੀ ਬਹਿਲ ਮਹਾਂਸਚਿਵ, ਡਾ. ਨਵਤੇਜ ਸਿੰਘ ਘੁੰਮਣ ਪੀ ਆਰ ਓ, ਡਾ. ਆਰ ਪੀ ਸਿੰਘ ਡਨ ਸਟੂਡੈਂਟ ਵੈੱਲਫੇਅਰ, ਤੇਜਪਾਲ ਲਾਇਬ੍ਰੇਰੀਅਨ ਤੇ ਹੋਰ ਫੈਕਲਟੀ ਮੈਂਬਰ ਹਾਜ਼ਰ ਸਨ।

## ਬੱਚਿਆਂ ਦੇ ਅਧਿਕਾਰਾਂ ਤੇ ਸੁਰੱਖਿਆ ਬਾਰੇ ਕੀਤਾ ਜਾਗਰੂਕ



**ਮਾਨਸਾ (ਆਤਮਾ ਸਿੰਘ ਪਮਾਰ)**

ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਆਈ.ਏ.ਐੱਸ. ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਾਲ ਭਿਖਿਆ ਰੋਕਣ ਲਈ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵੱਲੋਂ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਮਾਨਸਾ ਸ਼ਹਿਰ ਦੇ ਸਲੱਮ ਏਰੀਏ ਤੇ ਹੋਰ ਇਲਾਕਿਆਂ 'ਚ ਚੈਕਿੰਗ ਕੀਤੀ ਗਈ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਖੁਸ਼ਵੀਰ ਕੌਰ ਨੇ ਦੱਸਿਆ ਕਿ ਚੈਕਿੰਗ ਦਾ ਮੁੱਖ ਮਕਸਦ ਬੱਚਿਆਂ ਨੂੰ ਭੀਖ ਮੰਗਣ, ਬਾਲ ਮਜ਼ਦੂਰੀ ਅਤੇ ਹਰ ਤਰ੍ਹਾਂ ਦੇ ਸ਼ੋਸ਼ਣ ਤੋਂ ਬਚਾਉਣਾ ਹੈ।ਟੀਮ ਵੱਲੋਂ ਭੀਖ ਮੰਗਣ ਵਾਲੇ ਬੱਚਿਆਂ ਦੀ ਭਾਲ ਕਰਕੇ ਉਨ੍ਹਾਂ ਦੇ ਮਾਪਿਆਂ ਨਾਲ ਗੱਲਬਾਤ ਕਰਦਿਆਂ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਤੇ ਬੱਚਿਆਂ ਨਾਲ ਹੋਣ ਵਾਲੇ ਅਪਰਾਧਾਂ ਬਾਰੇ ਵੀ ਜਾਗਰੂਕ ਕੀਤਾ।ਬਾਲ ਵਿਕਾਸ ਅਫ਼ਸਰ ਹਰਜਿੰਦਰ ਕੌਰ ਨੇ ਕਿਹਾ ਕਿ ਕਿਸੇ ਨੂੰ ਬਾਲ ਭਿਖਿਆ, ਬਾਲ ਵਿਆਹ ਜਾਂ ਕਿਸੇ ਵੀ ਹੋਰ ਮੁਸੀਬਤ 'ਚ ਫਸੇ ਬੱਚੇ ਬਾਰੇ ਕੋਈ ਜਾਣਕਾਰੀ ਮਿਲੇ ਤਾਂ ਤੁਰੰਤ ਚਾਇਲਡ ਹੈਲਪਲਾਈਨ ਨੰਬਰ 1098 'ਤੇ ਸੂਚਨਾ ਦਿੱਤੀ ਜਾਵੇ।ਇਸ ਦੌਰਾਨ ਬਾਲ ਸੁਰੱਖਿਆ ਦਫ਼ਤਰ ਤੋਂ ਭੂਸ਼ਣ ਸਿੰਗਲਾ ਨੇ ਲੋਕਾਂ ਨੂੰ ਬਾਲ ਮਜ਼ਦੂਰੀ, ਬਾਲ ਭਿਖਿਆ, ਬੱਚਿਆਂ ਨਾਲ ਛੇੜਛਾੜ ਤੇ ਜਿਨਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਜਾਗਰੂਕ ਕੀਤਾ।ਟੀਮ ਵੱਲੋਂ ਲੋਕਾਂ ਨੂੰ ਬੱਚਾ ਗੋਦ ਲੈਣ ਦੀ ਪ੍ਰਕਿਰਿਆ, ਸਪੌਂਸਰਸ਼ਿਪ ਸਕੀਮਾਂ ਤੇ ਬੱਚਿਆਂ ਦੀ ਸੁਰੱਖਿਆ ਨਾਲ ਸੰਬੰਧਤ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਉਨ੍ਹਾਂ ਇਹ ਵੀ ਦੱਸਿਆ ਕਿ ਜਿੰਨ੍ਹਾਂ ਬੱਚਿਆਂ ਦੇ ਮਾਤਾ ਪਿਤਾ ਨਹੀ, ਉਨ੍ਹਾਂ ਬੱਚਿਆਂ ਨੂੰ ਬਾਲ ਸੁਰੱਖਿਆ ਵਿਭਾਗ ਸਕੂਲ ਵਿੱਚ ਦਾਖ਼ਲ ਕਰਵਾਉਂਦਾ ਹੈ।ਇਸ ਮੌਕੇ ਹਰਦੀਪ ਕੁਮਾਰ, ਸ਼ੈਲੀ ਥਾਣਾ ਸਿਟੀ-2 ਦੇ ਕਰਮਚਾਰੀ ਭੁਪਿੰਦਰ ਸਿੰਘ, ਗੁਰਪ੍ਰੀਤ ਸਿੰਘ ਤੇ ਹਰਪ੍ਰੀਤ ਕੌਰ ਹਾਜ਼ਰ ਸਨ।

ਫਾਰਮ ਨੰ.3
[ਵੇਖੋ ਨਿਯਮ-13 (1)(ਏ)]

**DEBTS RECOVERY TRIBUNAL CHANDIGARH (DRT 1)**
**2nd FLOOR, SCO 33-34-35, SECTOR 17-A, CHANDIGARH**

ਕੇਸ ਨੰ. ਓ ਏ/1120/2024 ਈ ਐੱਕਸ ਐੱਚ : 32186
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਐਕਸਿਸ ਬੈਂਕ ਬਨਾਮ ਹਰਜੀਤ ਕੌਰ

ਸੇਵਾ 'ਚ,
(1) ਹਰਜੀਤ ਕੌਰ ਡੀ/ਡਬਲਯੂ/ਐੱਸ/ਓ-ਡਬਲਯੂ/ਓ ਰਘਬੀਰ ਸਿੰਘ ਮਕਾਨ ਨੰ. 70, ਪਿੰਡ ਰੌਂਤ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ-144702
(2) ਸ੍ਰੀ ਪ੍ਰਹਲਾਦ ਸਿੰਘ ਮਕਾਨ ਨੰ. 70/ਏ, ਪਿੰਡ ਰੌਂਤ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ-144702

**ਸੰਮਨ**

ਜਦੋਂ ਕਿ ਓ ਏ/1120/2024 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 28.11.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 44,23,397.62/--(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।
ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 19.03.2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 29.11.2025 ਨੂੰ ਜਾਰੀ ਕੀਤਾ ਗਿਆ।
ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

Form No. 3
[See Regulation-13(1)(a)]

**DEBTS RECOVERY TRIBUNAL CHANDIGARH (DRT 3)**
**GROUND FLOOR, SCO 33-34-35, SECTOR 17-A, CHANDIGARH-160017**

ਕੇਸ ਨੰ. ਓ ਏ/893/2022 ਈ ਐੱਕਸ ਐੱਚ : 27716
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਐਕਸਿਸ ਬੈਂਕ ਬਨਾਮ ਜਗੀਰ ਸਿੰਘ ਅਤੇ ਹੋਰ

ਸੇਵਾ 'ਚ,
(1) ਜਗੀਰ ਸਿੰਘ ਪੁੱਤਰ ਸ੍ਰੀ ਸੁੱਚਾ ਸਿੰਘ ਵਾਸੀ ਮਕਾਨ ਨੰ. 83, ਪਿੰਡ ਡਲੀਰੀ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ-143416
(2) ਜਸਵਿੰਦਰ ਕੌਰ ਪਤਨੀ ਜਗੀਰ ਸਿੰਘ ਵਾਸੀ ਮਕਾਨ ਨੰ. 83, ਪਿੰਡ ਡਲੀਰੀ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ
(3) ਬਿਕਰ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਵਾਂ ਤਾਰਾ ਸਿੰਘ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ।

**ਸੰਮਨ**

ਜਦੋਂ ਕਿ ਓ ਏ/893/2022 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 14.10.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁਪਏ 24,31,881.57/-(ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।
ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 28.01.2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 15.10.2025 ਨੂੰ ਜਾਰੀ ਕੀਤਾ ਗਿਆ।
ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

Form No. 3
[See Regulation-13(1)(a)]

**DEBTS RECOVERY TRIBUNAL CHANDIGARH (DRT 1)**
**2nd FLOOR, SCO 33-34-35, SECTOR 17-A, CHANDIGARH**

ਕੇਸ ਨੰ. ਓ ਏ/1121/2024 ਈ ਐੱਕਸ ਐੱਚ 32184
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ ਰੂਲ 5 ਦੇ ਸਬ-ਰੂਲ (2 ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ
ਐਕਸਿਸ ਬੈਂਕ ਬਨਾਮ ਨਛੱਤਰ ਕੌਰ

ਸੇਵਾ 'ਚ,
(1) ਮਨਦੀਪ ਕੌਰ ਵਾਸੀ ਮਕਾਨ ਨੰ. 34, ਪਿੰਡ ਸ਼ਾਮ ਸਿੰਘ ਵਾਲਾ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ 152002

**ਸੰਮਨ**

ਜਦੋਂ ਕਿ ਓ ਏ/1121/2024 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 28.11.2025 ਨੂੰ ਸੂਚੀਬੱਧ ਕੀਤਾ ਗਿਆ ਸੀ। ਜਦੋਂ ਕਿ ਇਸ ਮਾਣਯੋਗ ਟ੍ਰਿਬਿਊਨਲ ਨੂੰ ਤੁਹਾਡੇ ਵਿਰੁੱਧ ਰੁ. 42,25,315.9/- (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ ਨਾਲ ਨੱਥੀ) ਕਰਜ਼ਾ ਵਸੂਲੀ ਲਈ ਦਾਇਰ ਉਕਤ ਅਰਜ਼ੀ 'ਤੇ ਐਕਟ (ਓ ਏ) ਦੇ ਸੈਕਸ਼ਨ 19 (4) ਤਹਿਤ ਸੰਮਨ/ਨੋਟਿਸ ਜਾਰੀ ਕਰਨ 'ਤੇ ਪ੍ਰਸੰਨਤਾ ਹੋ ਰਹੀ ਹੈ।
ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ ਤੁਹਾਨੂੰ ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :-
(1) ਸੰਮਨਾਂ ਦੀ ਤਾਮੀਲ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਮੰਗੀ ਗਈ ਰਾਹਤ ਕਿਉਂ ਮਨਜ਼ੂਰ ਨਾ ਕੀਤੀ ਜਾਵੇ।
(2) ਬਿਨੈਕਾਰ ਵੱਲੋਂ ਅਸਲ ਅਰਜ਼ੀਆਂ ਦੇ ਨਾਲ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਅਤੇ ਐੱਸਟਸ ਦੇ ਵੇਰਵੇ ਦਾ ਖੁਲਾਸਾ ਕਰਨਾ।
(3) ਅਸਲ ਅਰਜ਼ੀ ਦੀ ਲੜੀ ਨੰ. 3 ਏ ਤਹਿਤ ਦਰਸਾਈਆਂ ਜਾਇਦਾਦਾਂ ਅਤੇ ਐੱਸਟਸ ਜਾਂ ਸਕਿਉਰਡ ਐੱਸਟਸ ਜਿਨ੍ਹਾਂ ਵਿਰੁੱਧ ਸੁਣਵਾਈ ਲੰਬਿਤ ਹੈ ਅਤੇ ਜਾਇਦਾਦਾਂ ਦੀ ਅਟੈਚਮੈਂਟ ਵਾਸਤੇ ਅਰਜ਼ੀ ਦੇ ਨਿਪਟਾਰੇ ਸੰਬੰਧੀ ਸੌਦੇਬਾਜ਼ੀ ਜਾਂ ਨਿਪਟਾਰੇ ਲਈ ਤੁਹਾਡੇ 'ਤੇ ਪਾਬੰਦੀ ਹੈ।
(4) ਕਿਸੇ ਵੀ ਐੱਸਟਸ ਜਿਸ 'ਤੇ ਸੁਰੱਖਿਆ ਹਿੱਤ ਰੱਖਿਆ ਹੈ ਅਤੇ/ਜਾਂ ਅਸਲ ਅਰਜ਼ੀ ਦੀ ਲੜੀ ਨੰ. 3 ਏ ਅਧੀਨ ਦਰਸਾਈਆਂ ਵਿਸ਼ੇਸ਼ ਜਾਇਦਾਦਾਂ ਅਤੇ ਐੱਸਟਸ ਕਾਰੋਬਾਰ ਦੇ ਆਮ ਸਰੋਤ ਤੋਂ ਇਲਾਵਾ ਟ੍ਰਿਬਿਊਨਲ ਦੀ ਪਹਿਲਾਂ ਮਨਜ਼ੂਰੀ ਲੈਣ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕੋਗੇ।
(5) ਸਕਿਉਰਡ ਐੱਸਟਸ ਜਾਂ ਹੋਰ ਐੱਸਟਸ ਅਤੇ ਜਾਇਦਾਦਾਂ ਦੀ ਬਿਜ਼ਨੈੱਸ ਦੇ ਆਮ ਸਰੋਤਾਂ ਲਈ ਵਿਕਰੀ ਅਮਲ ਲਈ ਤੁਸੀਂ ਉੱਤਰਦਾਈ ਹੋਵੋਗੇ ਅਤੇ ਇਸ ਵਿਕਰੀ ਅਮਲ ਦਾ ਡਿਪਾਜ਼ਟ ਅਜਿਹੇ ਐੱਸਟਸ 'ਤੇ ਸੁਰੱਖਿਆ ਹਿੱਤ ਰੱਖਣ ਵਾਲੇ ਬੈਂਕ ਖਾਤੇ ਜਾਂ ਵਿੱਤੀ ਸੰਸਥਾਵਾਂ 'ਚ ਜਮ੍ਹਾਂ ਕਰਵਾਉਣਾ ਹੋਵੇਗਾ।
ਤੁਹਾਨੂੰ ਲਿਖਤੀ ਬਿਆਨ ਦਾਇਰ ਕਰਨ ਅਤੇ ਇਸ ਦੀ ਨਕਲ ਬਿਨੈਕਾਰ ਨੂੰ ਦੇਣ ਅਤੇ ਰਜਿਸਟਰਾਰ ਸਨਮੁੱਖ 19.03.2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਆਦੇਸ਼ ਹਨ, ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 29.11.2025 ਨੂੰ ਜਾਰੀ ਕੀਤਾ ਗਿਆ।
ਸੰਮਨ ਜਾਰੀ ਕਰਨ ਵਾਲੇ
ਅਧਿਕਾਰਤ ਅਫਸਰ ਦੇ ਦਸਤਖਤ

# ਇੰਦਰਪ੍ਰੀਤ ਕੌਰ ਸਿੱਧੂ ਦੀ ਯਾਦ 'ਚ ਬਣੀ ਲਾਇਬ੍ਰੇਰੀ ਦਾ ਕੀਤਾ ਉਦਘਾਟਨ

## ਲਾਇਬ੍ਰੇਰੀ ਆਉਣ ਵਾਲੀਆਂ ਪੀੜ੍ਹੀਆਂ ਲਈ ਗਿਆਨ ਤੇ ਪ੍ਰੇਰਨਾ ਦਾ ਸਥਾਈ ਸਰੋਤ ਸਾਬਤ ਹੋਵੇਗੀ : ਵਿਧਾਇਕ ਡਾ. ਅਰੋੜਾ



ਮੋਗਾ, (ਇਕਬਾਲ ਸਿੰਘ ਖਹਿਰਾ) : ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਨੰ. 48 ਦੇ ਦਸ਼ਮੇਸ਼ ਪਾਰਕ ਵਿੱਚ, ਕੌਂਸਲਰ ਕੁਲਵਿੰਦਰ ਸਿੰਘ ਚੱਕੀਆਂ ਦੀ ਮਲਕੀਅਤ ਵਾਲੀ, ਸਵਰਗੀ ਇੰਦਰਪ੍ਰੀਤ ਕੌਰ ਸਿੱਧੂ ਦੀ ਯਾਦ ਵਿੱਚ 30 ਲੱਖ ਰੁਪਏ ਦੀ ਲਾਗਤ ਨਾਲ ਬਣੀ ਲਾਇਬ੍ਰੇਰੀ ਦਾ ਉਦਘਾਟਨ ਕੀਤਾ। ਸਵਰਗੀ ਇੰਦਰਪ੍ਰੀਤ ਕੌਰ ਸਿੱਧੂ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ, ਕਾਰਜਕਾਰੀ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਕੌਂਸਲਰ ਕੁਲਵਿੰਦਰ ਸਿੰਘ ਚੱਕੀਆਂ, ਮਾਰਕਿਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਵੱਡੀ ਗਿਣਤੀ ਵਿੱਚ ਵਾਰਡ ਨਿਵਾਸੀ ਅਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਇਸ ਮੌਕੇ ਮੌਜੂਦ ਸਨ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸਵਰਗੀ ਇੰਦਰਪ੍ਰੀਤ ਕੌਰ ਸਿੱਧੂ ਨੇ ਸਿਰਫ਼ 18 ਸਾਲਾਂ ਦੀ ਉਮਰ ਵਿੱਚ ਆਊਟਸਟੈਂਡਿੰਗ ਡਿਪਲੋਮੈਟ ਐਵਾਰਡ ਜਿੱਤ ਕੇ ਦੇਸ਼ ਦਾ ਨਾਮ ਰੌਸ਼ਨ ਕੀਤਾ ਸੀ। ਸਵਰਗੀ ਇੰਦਰਪ੍ਰੀਤ ਕੌਰ ਸਿੱਧੂ ਨੇ 62 ਦੇਸ਼ਾਂ ਦੇ 117 ਡੈਲੀਗੇਟਾਂ ਵਿੱਚੋਂ ਇੱਕ ਭਾਰਤੀ ਡੈਲੀਗੇਟ ਵਜੋਂ ਭਾਰਤ ਦੀ ਸ਼ਾਨਦਾਰ ਨੁਮਾਇੰਦਗੀ ਕੀਤੀ ਸੀ। ਉਨ੍ਹਾਂ ਕਿਹਾ ਕਿ ਅੱਜ ਇਸ ਲਾਇਬ੍ਰੇਰੀ ਦੇ ਰੂਪ ਵਿੱਚ ਉਨ੍ਹਾਂ ਦੀ ਪ੍ਰੇਰਨਾਦਾਇਕ ਯਾਦ ਨੂੰ ਹਮੇਸ਼ਾ ਲਈ ਸੰਭਾਲਣ ਦਾ ਯਤਨ ਕੀਤਾ ਗਿਆ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਗਿਆਨ ਅਤੇ ਪ੍ਰੇਰਨਾ ਦਾ ਇੱਕ ਸਥਾਈ ਸਰੋਤ ਸਾਬਤ ਹੋਵੇਗੀ।

## ਡਾਕ ਸੇਵਾ 2.0 ਐਪ ਲਾਂਚ; ਡਿਜੀਟਲ ਭੁਗਤਾਨ ਸ਼ੁਰੂ

ਅੰਮ੍ਰਿਤਸਰ (ਜਗਜੀਤ ਕਲੇਰ)- ਆਪਣੀਆਂ ਸੇਵਾਵਾਂ ਨੂੰ ਆਧੁਨਿਕ ਬਣਾਉਣ ਅਤੇ ਤੇਜ਼ ਕਰਨ ਲਈ ਡਾਕ ਸੇਵਾ 2.0 ਐਪ ਲਾਂਚ ਕਰਨ ਤੋਂ ਬਾਅਦ ਭਾਰਤੀ ਡਾਕ ਵਿਭਾਗ ਨੇ ਸਾਰੇ ਡਾਕਘਰਾਂ 'ਤੇ ਡਿਜੀਟਲ ਭੁਗਤਾਨ ਸ਼ੁਰੂ ਕੀਤਾ ਹੈ। ਅੰਮ੍ਰਿਤਸਰ ਦੇ ਪੋਸਟਮਾਸਟਰ ਪ੍ਰਵੀਨ ਪ੍ਰਸੂਨ ਨੇ ਕਿਹਾ ਕਿ ਡਾਕ ਵਿਭਾਗ ਤੇਜ਼ੀ ਨਾਲ ਆਪਣੇ ਆਪ ਨੂੰ ਡਿਜੀਟਾਈਜ਼ ਕਰ ਰਿਹਾ ਹੈ। ਡਾਕਘਰ ਕਾਊਂਟਰਾਂ 'ਤੇ ਡਾਇਨਾਮਿਕ ਕੋਡ ਸੇਵਾਵਾਂ ਵੀ ਸ਼ੁਰੂ ਕੀਤੀਆਂ ਗਈਆਂ ਹਨ। ਇਨ੍ਹਾਂ ਸੇਵਾਵਾਂ ਰਾਹੀਂ ਗਾਹਕ ਕਿਸੇ ਵੀ ਡੈਬਿਟ ਕਾਰਡ ਦੀ ਵਰਤੋਂ ਕਰਕੇ ਜਾਂ ਕੋਡ ਸਕੈਨ ਕਰਕੇ ਆਪਣੀ ਪੱਤਰ ਅਤੇ ਪਾਰਸਲ ਬੁਕਿੰਗ ਫੀਸ ਦਾ ਭੁਗਤਾਨ ਕਰ ਸਕਦੇ ਹਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 295 ਬਲਾਕ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਏ-ਵਨ ਡਾਇਗਨੋਸਟਿਕ ਸੈਂਟਰ ਵਿਖੇ ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤ ਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਡਾਕਟਰ ਰਾਮ ਸਿੰਘ ਡੱਗੋ ਰੋਮਾਣਾ, ਜੋ ਪਿਛਲੇ ਸਮੇਂ ਦੌਰਾਨ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਾ ਦੀ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਧਾਰਨ ਕਰਕੇ ਕੀਤੀ ਗਈ। ਸਟੇਜ ਦੀ ਕਾਰਵਾਈ ਡਾਕਟਰ ਸੇਵਕ ਸਿੰਘ ਬਰਾੜ ਸਹਾਇਕ ਮੀਤ ਪ੍ਰਧਾਨ ਵੱਲੋਂ ਸੰਭਾਲੀ ਗਈ। ਮੀਟਿੰਗ ਦੌਰਾਨ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਜੋੜ ਮੇਲੇ ਨੂੰ ਸਮਰਪਤ ਚੰਦ ਬਾਜਾ ਵਿਖੇ ਲੱਗੇ ਦਵਾਈਆਂ ਦੇ ਲੰਗਰ ਲਈ ਮਾਲੀ ਸਹਾਇਤਾ ਦੇਣ ਵਾਲੇ ਐਨ ਆਰ ਆਈ ਸ. ਬਲਜੀਤ ਸਿੰਘ ਮੰਡਵਾਲਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਬਲਾਕ ਦੀ ਐਗਜ਼ੈਕਟਿਵ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤਪਾਲ ਸਿੰਘ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ ਤੇ ਤੀਜੀ ਵਾਰ ਸਰਬਸੰਮਤੀ ਨਾਲ ਚੁਣੇ ਗਏ ਜ਼ਿਲ੍ਹਾ ਪ੍ਰਧਾਨ ਡਾਕਟਰ ਰਸ਼ਪਾਲ ਸਿੰਘ ਸੰਧੂ ਤੇ ਡਾਕਟਰ ਪ੍ਰੇਮ ਨਾਥ ਚੁੱਘੀ ਜ਼ਿਲ੍ਹਾ ਕੈਸ਼ੀਅਰ, ਡਾਕਟਰ ਪ੍ਰਵੀਨ ਵਿਜੇਪਾਲ ਕੰਮਿਆਣਾ ਨੂੰ ਪ੍ਰੈੱਸ ਸਕੱਤਰ, ਡਾਕਟਰ ਗੁਰਤੇਜ ਸਿੰਘ ਦਾਣਾ ਰੋਮਾਣਾ ਨੂੰ ਸਹਾਇਕ ਜਨਰਲ ਸਕੱਤਰ ਚੁਣੇ ਜਾਣ 'ਤੇ ਵਧਾਈ ਦਿੱਤੀ। ਮੀਟਿੰਗ ਦੇ ਅਖੀਰ ਵਿੱਚ ਏ-ਵਨ ਡਾਇਗਨੋਸਟਿਕ ਸੈਂਟਰ ਵਿੱਚ ਉਪਲਬਧ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ ਤੇ ਸਾਰੇ ਡਾਕਟਰ ਸਾਥੀਆਂ ਨੂੰ ਇਨ੍ਹਾਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਗਈ।

# ਸੰਗਰੂਰ ਸੋਸ਼ਲ ਵੈੱਲਫੇਅਰ ਐਸੋ. ਵੱਲੋਂ ਸ਼ੋਭਾ ਯਾਤਰਾ ਦਾ ਸਵਾਗਤ





ਸੰਗਰੂਰ (ਪ੍ਰਵੀਨ ਸਿੰਘ)-ਵੱਖ-ਵੱਖ ਸਰਕਾਰੀ, ਅਰਧ-ਸਰਕਾਰੀ ਵਿਭਾਗਾਂ ਵਿੱਚੋਂ ਸੇਵਾਮੁਕਤ ਹੋਏ ਅਧਿਕਾਰੀਆਂ, ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਜੋ ਕਿ ਸਮਾਜ ਸੇਵਾ, ਲੋਕ ਭਲਾਈ, ਬਜ਼ੁਰਗਾਂ, ਪੈਨਸ਼ਨਰਾਂ ਤੇ ਧਾਰਮਿਕ, ਸਮਾਜਿਕ ਕੰਮਾਂ ਨੂੰ ਸਮਰਪਿਤ ਹੈ, ਵੱਲੋਂ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੂਬਈ ਪੈਨਸ਼ਨ ਆਗੂ ਰਾਜ ਕੁਮਾਰ ਅਰੋੜਾ ਦੀ ਅਗਵਾਈ ਹੇਠ ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਦੀ ਤੀਜੀ ਵਰ੍ਹੇਗੰਢ ਮੌਕੇ ਸ਼ਹਿਰ ਅੰਦਰ ਆਯੋਜਿਤ ਪਾਵਨ ਸ਼ੋਭਾ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ। ਇਹ ਸ਼ੋਭਾ ਯਾਤਰਾ ਸਨਾਤਨ ਉਤਕਰਸ਼ ਫਾਊਂਡੇਸ਼ਨ ਸਨਾਤਨ ਸਦਨ ਵੱਲੋਂ ਸਥਾਨਕ ਮਾਤਾ ਕਾਲੀ ਦੇਵੀ ਮੰਦਰ ਪਟਿਆਲਾ ਗੇਟ ਤੋਂ ਸ਼ੁਰੂ ਕੀਤੀ ਗਈ ਸੀ। ਇਸ ਮੌਕੇ ਸ੍ਰੀ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਸਾਰੇ ਧਰਮਾਂ ਦਾ ਸਨਮਾਨ ਕਰਨਾ ਚਾਹੀਦਾ ਹੈ ਤੇ ਅਜਿਹੇ ਸਮਾਗਮ ਸਰਬਤ ਨੂੰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ, ਇਸ ਨਾਲ ਸਾਡੀ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ ਤੇ ਸਮਾਜ ਵਿੱਚ ਇੱਕ ਚੰਗਾ ਸੁਨੇਹਾ ਜਾਂਦਾ ਹੈ। ਇਸ ਮੌਕੇ ਐਸੋਸੀਏਸ਼ਨ ਦੇ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਮੁੱਖ ਸਲਾਹਕਾਰ ਆਰ ਐੱਲ ਪਾਂਧੀ, ਜਨਰਲ ਸਕੱਤਰ ਕੇਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਸਕੱਤਰ ਜਨਰਲ ਤਿਲਕ ਰਾਜ ਸਤੀਜਾ, ਸਕੱਤਰ ਅਸ਼ੋਕ ਡੱਲਾ, ਨੈਸ਼ਨਲ ਐਵਾਰਡੀ ਸੰਜੀਵ ਬਾਂਸਲ, ਅਰੋੜਾ ਵੈੱਲਫੇਅਰ ਸਭਾ ਦੇ ਪ੍ਰਧਾਨ ਐਡਵੋਕੇਟ ਨਰੇਸ਼ ਜੁਨੇਜਾ, ਨਗਨ ਬਾਬਾ ਸਾਹਿਬ ਦਾਸ ਸੇਵਾ ਦਲ ਦੇ ਪ੍ਰਧਾਨ ਹਰੀਸ਼ ਅਰੋੜਾ, ਸ੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਜਸਪਾਲ ਸ਼ਰਮਾ, ਖੱਤਰੀ ਸਭਾ ਪੰਜਾਬ ਦੇ ਪ੍ਰਧਾਨ ਦਲਜੀਤ ਜਖਮੀ, ਆਚਾਰੀਆ ਬ੍ਰਿਜੇਸ਼ਵਰ ਸ਼ਾਸਤਰੀ ਤੋਂ ਇਲਾਵਾ ਵੱਡੀ ਗਿਣਤੀ ਵੱਖ-ਵੱਖ ਧਾਰਮਿਕ ਸਮਾਜਿਕ, ਸੰਸਥਾਵਾਂ ਦੇ ਨਾਲ ਸੰਬੰਧਤ ਆਗੂ ਮੌਜੂਦ ਸਨ।

## PUBLIC NOTICE

I Rakesh Mahajan S/o Hans Raj Mahajan R/o 2224/7, Bazar Gujrawala Chowk Chabutra, Amritsar and partner of firm M/s. Mahajan & Co. hereby declares that the initial partnership deed of our firm executed between Rakesh Kumar Mahajan and Deepak Mahajan dated 14/5/2008 has been lost. If anybody finds the same pls contact me at 92167 43805.

## ਟੈਂਡਰ ਨੋਟਿਸ

ਇਸ ਟੈਂਡਰ ਨੋਟਿਸ ਰਾਹੀਂ ਇੱਛੁਕ ਪਾਰਟੀਆਂ ਪਾਸੋਂ ਸਿਵਲ ਹਸਪਤਾਲ ਅਜਨਾਲਾ ਲਈ ਹਸਪਤਾਲ ਦੀ Parking, ਹਸਪਤਾਲ ਦੀ Canteen, Medicines, Lab Reagents, Consumbales and Hydrophobic Foldable IOL's ਲਈ ਮਿਤੀ 01.03.2026 ਤੋਂ 28.02.2027 ਤੱਕ ਸੀਲਡ ਟੈਂਡਰ ਦੀ ਮੰਗ ਕੀਤੀ ਜਾਂਦੀ ਹੈ। ਇਹ ਟੈਂਡਰ ਫਾਰਮ ਮਿਤੀ 01.02.2026 ਤੋਂ 05.02.2026 ਤੱਕ ਨਿਮਨਹਸਤਾਖਰ ਦੇ ਦਫ਼ਤਰ ਵਿੱਚੋਂ 1000/-ਰੁਪਏ ਜਮ੍ਹਾਂ ਕਰਵਾ ਕੇ ਪ੍ਰਾਪਤ ਕੀਤੇ ਜਾ ਸਕਦੇ ਹਨ। ਇਹ ਫਾਰਮ ਆਪ ਵੱਲੋਂ ਮਿਤੀ 07.02.2026 ਤੱਕ ਜਮ੍ਹਾਂ ਕਰਵਾਏ ਜਾ ਸਕਦੇ ਹਨ। ਫਾਰਮ ਖੋਲ੍ਹਣ ਦੀ ਮਿਤੀ : 10.02.2026 ਨੂੰ ਦਿਨ ਦੇ ਦੋ ਵਜੇ ਟੈਂਡਰਕਾਰਾਂ ਦੇ ਸਾਹਮਣੇ ਖੋਲ੍ਹੇ ਜਾਣਗੇ।

ਸੀਨੀਅਰ ਮੈਡੀਕਲ ਅਫਸਰ, ਸਿਵਲ ਹਸਪਤਾਲ ਅਜਨਾਲਾ।

ਨੰਬਰ 89 ਮਿਤੀ : 19.01.2026

## ਛੱਪੜ ਦੀ ਬੋਲੀ

ਪਿੰਡ ਪਿੱਪਲੀਆਂ ਵਿਖੇ ਡੇਰੇ ਦੇ ਨਾਲ ਵਾਲੇ ਛੱਪੜ ਦੀ ਬੋਲੀ ਮਿਤੀ 28 ਜਨਵਰੀ 2026 ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਜਨਰਲ ਧਰਮਸ਼ਾਲਾ ਵਿਚ ਰੱਖੀ ਗਈ ਹੈ। ਚਾਹਵਾਨ ਸੱਜਣ ਨੋਟ ਕਰਨ। ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

ਸਰਪੰਚ ਕਿਰਨਜੀਤ ਕੌਰ
ਗ੍ਰਾਮ ਪੰਚਾਇਤ ਪਿੱਪਲੀਆਂ (ਮਾਨਸਾ)
ਮੋ. 81462-12558

# ਕਲਾਸੀਫਾਈਡ ਇਸ਼ਤਿਹਾਰ

## Change of Name

I Samiksha Chandel W/O Rishu R/O H. No. 220, Street No. 9, Near Jawahar Nagar, Near Bohar Wala Shiwala, Batala Road Amritsar Have Changed My Name From Samiksha Chandel To Samiksha. All Concerned May Please Note.

I Bhushan Kumar S/o Surjit Lal R/o Bagha Purana (Moga) Have Changed my name to Bhushan Kumar Karada.

I, Hardeep Singh S/O Chanan Singh Village & Post Office Birampur,Tehsil Garhshankar District Hoshiarpur Punjab India declare that my given name is Hardeep Singh Bahra and in which Bahra is my Surname.

I, Tajinder Kaur W/O Hardeep Singh Bahra Village & Post Office Birampur,Tehsil Garhshankar District Hoshiarpur Punjab India declare that my given name is Tajinder Kaur Bahra and in which Bahra is my Surname.

I, Anjali D/o Jasvir Singh R/o VPO Lakshian Tehsil Garhshankar Distt. Hoshiarpur Punjab have changed my name from Anjali to Anjali Kaur. Concerned note.

I, Ajeet Pal Singh Dhillon S/O Dilbag Singh R/O Near post Office Chabhal Kalan,Tehsil & Distt.Tarn Taran,Punjab have changed my name from Ajeet Pal Singh Dhillon to Ajeetpal Singh. Concerned note.

I, Akash Bhatti S/o Sh. Ajay Kumar R/O H.No. 16/1065, Patti Bagge Wali, Verka, Amritsar Have Changed My Name From Akash Bhatti To Akash Singh. All Concerned May Please Note.

I, Harmanjeet S/o Amar Nath R/o Vill. Chand pur P.O. Patara Distt. Jalandhar (Pb.)-144101 have Changed my name Harmanjeet to Harman Jeet. All Concerned please note.

I Balwinder kaur w/o Swaran Singh R/o vill Mangupur , Teh. Sultanpur Lodhi, Distt. Kapurthala, That my son have change is Name Yuvraj Singh to Yuvraj Singh Dhanju.

I, Geeta Davi W/o Laljeet R/o FIS/961, Majitha Road, Guru Gobind Singh Nagar, Amritsar present address H.No 90, Gali No.7, Aman Avenue, near Deepu Wali Gali, Majitha Road, Amritsar have changed my name from Geeta Davi to Geeta.

I, Gurmeet Kaur W/o Jagtar Singh R/o Khasa Patti, Majitha, Amritsar, Punjab-143601 have changed my name from Gurmeet kaur to Gurmit Kaur.

I, Amandeep Singh S/o Makhan Singh R/o VPO Mattewal, Tehsil Baba Bakala, Distt. Amritsar, Punjab have changed my name from Amandeep Singh to Singh is my Surname and Amandeep is my given name.

I, RAHUL NAHAR Son of SARABJIT LAL, Resident of New Guru Nanak Nagar, Seenpura, Kapurthala Punjab, That I want to change my name RAHUL to RAHUL NAHAR, on my passport records .

I, Gaytri Kanda D/O Kamaljeet Kanda R/O 503/1 Mohalla Laxmi Nagar, Kapurthala. 144601 (Punjab), declares that I have changed my name from Gaytri Kanda to Gaytri. Concerned please note.

I, Ranvijay Yadav S/o Jivdhan Yadav R/o - 254, New Ekta Nagar, PO Chugitti Jalandhar, Punjab-144009, Have Changed My Name Ran Vijay Kumar To Ranvijay Yadav In Which Ranvijay As Given Name And Yadav As Surname. All Note.

I, Manjinder Kaur W/o Surinder Kumar R/o Vill. Bahadurpur, PO. Garh Padhiana, Distt. S.B.S. Nagar - 144518, Punjab Have changed my name from Manjinder Kaur to Kaur Manjinder. (Surname as Kaur).

I, Chanchal Kanda, wife of Sukhwinder Kumar Kanda, resident of Moh. Charda Pasa, Raipur Rasulpur, Jalandhar, have changed my name to Chanchal Rani. Henceforth, I shall be known as Chanchal Rani for all purposes. All concerned may please note.

I, Hussan Lal Alias Karan Sharma, S/o Hari Ram, R/o H. No. E.S. 18/B, Dhobi Mohalla, Jalandhar, hereby declare that I have changed my name to Karan Sharma. Henceforth, I shall be known and identified by the name Karan Sharma for all purposes.

I, Parveen Kumari, W/o Karan Sharma, R/o H. No. E.S. 18/B, Dhobi Mohalla, Jalandhar, hereby declare that I have changed my name to Parveen Sharma. Henceforth, I shall be known and identified as Parveen Sharma for all purposes.

## Change of Name

I, Gurpreet Singh S/O Gurmeet Singh R/o Vill. Agwan Po. Barila Kalan , District Gurdaspur, Punjab, India Pin Code 143512 , I Have Changed My Name From Gurpreet Singh To Singh Gurpreet ,Surname As Singh And Given Name As Gurpreet.

I, Gurbir Kaur D/O Manjit Singh, W/O Ranjodh Singh Residence Of Village Khaira Kotli PO Bhikhariwal Tehsil Kalanaur District Gurdaspur State Punjab India Pincode 143520. I Have Changed My Name From Gurbir Kaur to Kaur Gurbir Surname as Kaur And Given Name as Gurbir.

I, Amarjit Singh S/o Santokh Singh, R/o VPO. Alampur Bakka, Distt. Jalandhar have changed my name from Amarjit Singh to Amarjit as given name and Singh as surname.

I Akshay Kumar Jyoti S/o Abhay kumar Jyoti R/o H.no 214/10 , Preet Nagar , Ladowali Road, Jalandhar have changed my name from Akshay Kumar Jyoti to Akshay Jyot.

I, Sourabh S/o Rakesh Kumar R/o Man Kaur Road Gurdaspur, Tehsil/District Gurdaspur, Pin - 143521, Punjab, India. Have changed my name from Sourabh to Sourabh Dalhotra. Concerned note.

I, Ravinder Verma S/o Madan Gopal R/o 18, Gali No.2, Near Sunder Nagar, Kot Atma Ram Amritsar have changed my name from Ravinder Verma to Ravinder Kumar Verma.

I, Darshan Kaur W/o Karam Singh R/o Village Chabhal Kalan PO Chabhal Tehsil and District Tarn Taran have declare that Darshan is my Given name and Kaur is my Surname.

I, Gurbir Singh S/o Jarnail Singh R/o Village Bath tehsil and District Tarn Taran have declare that Gurbir is my given name and Singh is my Surname .

I, Gurpreet Singh S/o Nishan Singh R/o Village VPO Asal Uttar Tehsil Patti District Tarn Taran have changed my name Gurpreet is my Given name and Singh is my Surname.

I, Surleen Singh S/o Manjit Singh R/o Vill Mokal, teh Batala Distt Gurdaspur have declare that Surleen is my Given name and Singh is my Surname.

I, Pargat Singh S/o Jarnail Singh R/o VPO Khunda, Gurdaspur have declare that Pargat is my Given name and Singh is my Surname.

I, Navjot Singh S/o Harpal Singh R/o Vill Dhira, PO Ladha Munda Teh Batala, Gurdaspur have declare that Navjot is my Given name and Singh is my Surname.

I, Sandeep Kaur Sian d/o Surjeet Singh r/o H.No.69, Abrol Nagar, Patahankot, Punjab have deleted my surname to Sandeep Kaur. All Please Note.

I, Kanwal Gurleen Singh Khehra s/o Gurbachan Singh r/o H.No.14, Vishal Garden, Mithapur Road, Jalandhar have changed my name to Kanwal Gurleen Singh. All Please Note.

I, Dalbar Singh s/o Sham Singh r/o Vill. Wariana Po. Basti Guzan, Distt. Jalandhar have changed my name from Dalbar Singh to Dilwar Singh. All Please Note.

I, Robanjeet Kaur w/o Davinder Singh r/o Vill. Ram Nagar Urf Dheha, Po. Mandiala, Mandial, Distt. Hoshiarpur, Punjab-144105 have changed my name as Robanjeet Kaur Phagura. All Please Note.

I, Satya w/o Mohinder Pal r/o Village Nangal Salempur, Po. Industrial Town, Distt. Jalandhar have changed my name to Satya Devi. All Please Note.

I, Balbir Kour w/o Hari Singh r/o B-X-1467, Chakk Husaina, Lamba Pind, Po.Chugitti, Distt. Jalandhar have changed my name to Balbir Kaur. All Please Note.

I, Hari Singh Singh s/o Chotte Lal r/o B-X-1467, Chakk Husaina, Lamba Pind, Po.Chugitti, Distt. Jalandhar have changed my name to Hari Singh. All Please Note.

I, Kamaljeet S/o Harbans Lal R/o VPO. Hradaspur, Tehsil Phagwara, District Kapurthala, Punjab-144402 have changed my name from Kamaljeet to Kamaljeet Jhally (Jhally as Surname). All concerned please note.

I, Lachhman Dass S/o Amrik Dass R/o VPO. Bhatnura Lubana, District Jalandhar, Punjab have changed my name from Lachhman Dass to Dass Lachhman (Dass as Surname). All concerned please note.

## Change of Name

I, Karmjeet Kaur w/o Harpal Singh r/o Vill. Alipur, Po. Mithapur, Distt. Jalandhar, Punjab have changed my name to Karamjeet Kaur. All Please Note.

I, Sarbjit Kaur w/o Sarbjit Singh r/o H.No. 67, Peer Choudhary Road, Kapurthala have changed my name to Sarbjit Kaur Dhanjal. (Surname as Dhanjal) All Please Note.

I, Jasleen Kaur d/o Sarbjit Singh r/o H.No. 67, Peer Choudhary Road, Kapurthala have changed my name to Jasleen Kaur Dhanjal. (Surname as Dhanjal) All Please Note.

I, Mandeep Kumar S/o Atam Parkash R/o H.No. 494, Seen Pura, Kapurthala, Punjab have changed my name from Mandeep Kumar to Kumar Mandeep. All Please Note.

I, Harjeet Kaur W/o Ramandeep Arora R/o H.No. 494, Seen Pura, Kapurthala Punjab have changed my name from Harjeet Kaur to Kaur Harjeet. All Please Note.

I, Giyan S/o Alla Ditta R/o Village Kolpur, Po.Sidhwan Dona, District Kapurthala, Punjab have changed my name from Giyan to Gayan. All Please Note.

I, Jasvir Singh S/o Mohan Singh of Nihaluwal, Tehsil Shahkot, Distt. Jalandhar, Have Changed My Name Jasvir Singh to Jasvir Concerned May Note.

I, Preeti Rana W/O Nikhil Bhardwaj, R/o 2693,street:02, Near jalvayu vihar, Sector :67,PO: sector:62, Dist:SAS Nagar, Mohali, Punjab-160062. have changed my name and shall hereafter be Known as Preeti Bhardwaj.

I, Vaishali, D/O Harbans Lal R/o Ekta Avenue, Kakon, Hoshiarpur, Punjab-146001. have changed my name and shall hereafter be Known as Vaishali Kaur.

I, Naveen Parbhakar S/O Roshan Lal R/O House No. 18, Sukhpal Enclave, PO. Dakoha, District Jalandhar, Punjab-144023 Have Changed My Name From Naveen Parbhakar To Navin Kumar. All Concerned Please Note.

I, Ranjit Singh, S/o Puran Singh R/o H.No. NG 28, Prabhat Nagar, Jalandhar, Punjab, declare that I have changed my name from Ranjit Singh to Ranjit Singh Slaich for all future purposes.

## ਬੇਦਖਲੀ ਨੋਟਿਸ

ਮੈਂ, ਸੁਖਵਿੰਦਰ ਕੌਰ ਪਤਨੀ ਸ੍ਰੀ ਬਿੱਕਰ ਸਿੰਘ ਵਾਸੀ ਪਿੰਡ ਬਾਜਵਾ ਕਲਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਤੀਰਥ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੰਜੀਵ ਕੁਮਾਰ ਚੋਪੜਾ ਪੁੱਤਰ ਯਸ਼ਪਾਲ ਚੋਪੜਾ ਵਾਸੀ ਮਕਾਨ ਨੰ: 26, ਗਰੀਨ ਐਵੀਨਿਊ, ਨੰਦਨਪੁਰ ਰੋਡ, ਮਕਸੂਦਾਂ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਸ਼ੀਸ਼ ਚੋਪੜਾ ਅਤੇ ਨੂੰਹ ਮਹਿਕ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੀਮਾ ਪਤਨੀ ਦੀਪਕ ਵਾਸੀ ਗਲੀ ਨੰਬਰ 22, ਪ੍ਰੀਤਮ ਨਗਰ, ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੋਰਵ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਅਸੀਂ, ਸੁਰਿੰਦਰ ਸਿੰਘ ਪੁੱਤਰ ਮਹਿੰਗਾ ਸਿੰਘ ਅਤੇ ਬਲਜਿੰਦਰ ਕੌਰ ਪਤਨੀ ਸੁਰਿੰਦਰ ਸਿੰਘ, ਵਾਸੀ ਪਿੰਡ ਮਾਹਲ, ਡਾਕਖਾਨਾ ਭਿਖਾਰੀਵਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਜਸਕਿਰਤ ਸਿੰਘ ਅਤੇ ਉਸ ਦੀ ਪਤਨੀ ਜਸਵਿੰਦਰ ਕੌਰ ਅਤੇ ਉਨ੍ਹਾਂ ਦਾ ਲੜਕਾ ਸੈਫਨਦੀਪ ਸਿੰਘ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਦਾਰਾ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਹੁਸੈਨਪੁਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਅਤ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੁਰਜੀਤ ਸਿੰਘ ਪੁੱਤਰ ਸੱਜਣ ਸਿੰਘ, ਵਾਸੀ ਪਿੰਡ ਵਲਟੋਹਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੁਗਰਾਜ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਰਾਜਵਿੰਦਰ ਕੌਰ ਪਤਨੀ ਬਗੀਚਾ ਸਿੰਘ, ਵਾਸੀ ਮਕਾਨ ਨੰਬਰ 237, ਗਲੀ ਨੰ: 17-ਏ, ਨਿਊ ਦਸਮੇਸ਼ ਨਗਰ, ਨਜ਼ਦੀਕ ਸ਼ਰਮਾ ਹਲਵਾਈ, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਬਲਪ੍ਰੀਤ ਸਿੰਘ (ਕੁਆਰਾ), ਜੋ ਕਿ ਮੇਰੇ ਅਤੇ ਮੇਰੇ ਪਰਵਾਰ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਬੇਦਖਲੀ ਨੋਟਿਸ

ਮੈਂ, ਬਲਕਾਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਜੱਗੀ ਚੱਕ ਟਾਂਡਾ, ਤਹਿਸੀਲ ਦੀਨਾਨਗਰ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰੀ ਨੂੰਹ ਰਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੈਨੂੰ ਤੰਗ ਪ੍ਰੇਸ਼ਾਨ ਕਰਦੀ ਹੈ। ਮੈਂ ਇਸ ਨੂੰ ਆਪਣੀ ਚਲ ਤੇ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸਤਪਾਲ ਮੇਹਰਾ ਪੁੱਤਰ ਬਿਕਰਮ ਰਾਮ ਅਤੇ ਸੰਤੋਸ਼ ਮੇਹਰਾ ਪਤਨੀ ਸਤਪਾਲ ਮੇਹਰਾ, ਵਾਸੀ ਮਕਾਨ ਨੰਬਰ 47, ਕੰਵਰ ਰੋਡ, ਗਲੀ ਟੇਕਚੰਦ ਵਾਲੀ, ਅੰਮ੍ਰਿਤਸਰ, ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਚੇਤਨ ਮੇਹਰਾ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜ਼ੀ ਕਰਦਾ ਹੈ। ਇਸ ਲਈ ਅਸੀਂ ਆਪਣੇ ਉਕਤ ਲੜਕੇ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੇਕਰ ਇਸ ਨਾਲ ਕੋਈ ਲੈਣ ਦੇਣ ਕਰੇਗਾ, ਉਹ ਖ਼ੁਦ ਜ਼ਿੰਮੇਵਾਰ ਹੋਵੇਗਾ। ਇਸ ਦੇ ਨਾਲ ਸਾਡਾ ਕੋਈ ਤਲਕ-ਵਾਸਤਾ ਨਹੀਂ ਹੋਵੇਗਾ। ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ, ਪਰਮਜੀਤ ਰਾਮ ਪੁੱਤਰ ਸਾਧੂ ਰਾਮ, ਵਾਸੀ ਵਜ਼ੀਦਗੜ੍ਹ ਬਸਤੀ ਧੂਰੀ (ਸੰਗਰੂਰ) ਆਪਣੀ ਲੜਕੀ ਜੋਤੀ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ, ਸੁਰਿੰਦਰ ਪਾਲ ਪੁੱਤਰ ਚੇਤਨ ਰਾਮ, ਵਾਸੀ ਬੀੜ ਬਲੋਕੀ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵਿੰਦਰ ਸਿੰਘ ਅਤੇ ਨੂੰਹ [illegible] ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ, ਮੈਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ ਰਾਕੇਸ਼ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਮਕਾਨ ਨੰਬਰ 531, ਗਲੀ ਨੰਬਰ 1, ਗਲੀ ਅਰਕ ਵਾਲੀ ਕਟਰਾ ਦਲ ਸਿੰਘ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਦਰਸ਼ਨ ਕੌਰ ਅਤੇ ਮੋਰਿਆ ਤਿਨ ਲੜਕੀਆਂ ਭੁਪਿੰਦਰ ਕੌਰ, ਮਮਤਾ ਅਤੇ ਰਾਜਬੀਰ ਕੌਰ ਅਤੇ ਪੋਤਰਾ ਅਰਸ਼ਦੀਪ ਸਿੰਘ ਅਤੇ ਦੋ ਪੋਤਰਿਆਂ ਮੇਰੇ ਕਹਿਣੇ ਤੋਂ ਬਾਹਰ ਹਨ ਮੈਂ ਇਨ੍ਹਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਦਾਰ ਹੋਵੇਗਾ।

ਅਸੀਂ, ਬਖਸ਼ੀਸ਼ ਪਾਲ ਪੁੱਤਰ ਖੁਸ਼ੀ ਰਾਮ ਅਤੇ ਜਸਵਿੰਦਰ ਕੌਰ ਪਤਨੀ ਬਖਸ਼ੀਸ਼ ਪਾਲ ਵਾਸੀਆਨ ਪਿੰਡ ਲੇਸੜੀਵਾਲ, ਆਦਮਪੁਰ ਦੋਆਬਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਜਿੰਦਰ ਸਿੰਘ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜੰਗ ਬਹਾਦੁਰ ਪੁੱਤਰ ਲੇਟ ਸੰਤ ਰਾਮ ਵਾਸੀ ਨਿਊ ਨਾਗਰਾ, ਡਾਕਖਾਨਾ ਨਾਗਰਾ, ਜਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਵਤਾਰ ਅਤੇ ਉਸਦੀ ਪਤਨੀ ਪ੍ਰੀਤੀ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਗੁਰਪ੍ਰੀਤ ਸਿੰਘ ਪੁੱਤਰ ਪਰਮਿੰਦਰ ਸਿੰਘ ਵਾਸੀ ਪਿੰਡ ਦੁਰਗਾਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਮੇਰੀ ਮਾਤਾ ਦਾ ਨਾਮ ਪਲਵਿੰਦਰ ਕੌਰ ਪਤਨੀ ਪਰਮਿੰਦਰ ਸਿੰਘ ਹੈ। ਪਰ ਰਿਕਾਰਡ ਮਾਲ ਵਿੱਚ ਮੇਰੀ ਮਾਤਾ ਦਾ ਨਾਮ ਮਨਜੀਤ ਕੌਰ ਪੁੱਤਰੀ ਦਰਸ਼ਨ ਸਿੰਘ ਦਰਜ ਹੈ। ਪਲਵਿੰਦਰ ਕੌਰ ਅਤੇ ਮਨਜੀਤ ਕੌਰ ਦੋਵੇ ਨਾਂ ਇਕ ਹੀ ਵਿਅਕਤੀ ਦੇ ਹਨ। ਸਬੰਧਤ ਨੋਟ ਕਰਨ।

ਮੈਂ, ਸੁਰਜੀਤ ਸਿੰਘ ਪੁੱਤਰ ਸ੍ਰੀ ਅਮਰ ਸਿੰਘ ਵਾਸੀ ਪਿੰਡ ਤੇ ਡਾਕ. ਮਣਕੋ ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਇੰਦਰਦੀਪ ਸਿੰਘ ਨੂੰ ਅਖਬਾਰਾਂ ਰਾਹੀਂ ਆਪਣੀ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਇੰਦਰਦੀਪ ਸਿੰਘ ਮੇਰੇ ਕਹਿਣੇ ਵਿੱਚ ਹੈ ਅਤੇ ਮੇਰੀ ਹਰ ਗੱਲ ਮੰਨਦਾ ਹੈ। ਇਸ ਲਈ ਮੈਂ ਆਪਣੀ ਬੇਦਖਲੀ ਰੱਦ ਕਰਦਾ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਹੱਕਦਾਰ ਹੈ। ਸਬੰਧਤ ਨੋਟ ਕਰਨ।

ਮੈਂ ਹਰਭਜਨ ਸਿੰਘ (ਆਧਾਰ ਕਾਰਡ ਨੰਬਰ- 6855 3720 8850) ਪੁੱਤਰ ਸਾਧੂ ਸਿੰਘ ਵਾਸੀ ਮਕਾਨ ਨੰਬਰ: 161/27, ਕਿੱਲੇ ਵਾਲਾ , ਕਪੂਰਥਲਾ ਇਹ ਬਿਆਨ ਕਰਦਾ ਹਾਂ ਕਿ ਮੇਰੇ ਵਲੋਂ ਆਪਣੇ ਲੜਕੇ ਸ਼ਮਸ਼ੇਰ ਸਿੰਘ ਨੂੰ ਕਹਿਣੇ ਤੋ ਬਾਹਰ ਹੋਣ ਕਰਕੇ ਸਾਲ 2020-21 ਦੌਰਾਨ ਅਖਬਾਰ ਵਿੱਚ ਇਸ਼ਤਿਹਾਰ ਦੇ ਕੇ ਬੇਦਖਲ ਕਰ ਦਿੱਤਾ ਸੀ , ਪਰ ਪਿਛਲੇ ਸਮੇ ਤੋਂ ਉਸਨੇ ਆਪਣੇ ਵਿਵਹਾਰ ਵਿੱਚ ਸੁਧਾਰ ਕੀਤਾ ਹੈ ਤੇ ਮੇਰੀ ਪੂਰੀ ਦੇਖਭਾਲ ਕਰ ਰਿਹਾ ਹੈ ਇਸ ਲਈ ਮੇਰੇ ਵਲੋਂ ਉਕਤ ਬੇਦਖਲੀ ਨੋਟਿਸ ਵਾਪਿਸ ਲੈ ਰਿਹਾ ਹਾਂ। ਸਾਰੇ ਸਬੰਧੀ ਨੋਟ ਕਰਨ ਜੀ।

ਮੈਂ, ਹਰਪਿੰਦਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ, ਵਾਸੀ 345/12, ਸ਼ਾਸਤਰੀ ਮਾਰਕੀਟ ਚੌਕ, ਗਲੀ ਪਤੰਗ ਫਰੋਸ਼, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਛੋਟਾ ਭਰਾ ਬਿਕਰਮ ਸਿੰਘ ਅਤੇ ਉਸ ਦੀ ਲੜਕਾ ਗੁਰਜੱਸ ਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੇਰਾ ਇਨ੍ਹਾਂ ਨਾਲ ਕੋਈ ਸੰਬੰਧ-ਵਾਸਤਾ ਨਹੀਂ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਗਗਨਦੀਪ ਸਿੰਘ ਪੁੱਤਰ ਅਮਰਜੀਤ ਸਿੰਘ ਮੂਨਕ ਐਮ ਏ-1006 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਭੂਸ਼ਣ ਕੁਮਾਰ ਪੁੱਤਰ ਪਰਮਾਨੰਦ ਟਹਾਣਾ ਰਕਬਾ ਮੂਨਕ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ।ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਮੂਨਕ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 01/349 ਮਤਾਬ ਸਿੰਘ ਪੁੱਤਰ ਬਾਜ ਸਿੰਘ, ਵਾਸੀ ਰਾਏਪੁਰ ਗੁਜਰਾਂ ਤੋਂ ਨਾਂਅ ਬਦਲੀ ਕਰਕੇ ਸਰਬਜੀਤ ਕੌਰ ਪਤਨੀ ਅਵਤਾਰ ਸਿੰਘ ਪਿੰਡ ਰਾਏਪੁਰ ਗੁਜਰਾਂ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

## Punjab & Sind Bank
(A Govt. of India Undertaking)

ਬਰਾਂਚ : ਆਈ ਬੀ ਡੀ, ਗਿੱਲ ਰੋਡ, ਲੁਧਿਆਣਾ

ਸੂਚਨਾ ਦਿੱਤੀ ਜਾਂਦੀ ਹੈ ਕਿ ਪੰਜਾਬ ਐਂਡ ਸਿੰਧ ਬੈਂਕ, ਆਈ.ਬੀ.ਡੀ. ਸ਼ਾਖਾ, ਗਿੱਲ ਰੋਡ, ਮਿਲਰਗੰਜ, ਲੁਧਿਆਣਾ (ਮੋਬਾਈਲ ਨੰ. 9815922780) ਵੱਲੋਂ ਸ੍ਰੀਮਤੀ ਨੀਤੂ ਅੱਗਰਵਾਲ ਅਤੇ ਸ੍ਰੀਮਤੀ ਪ੍ਰੀਤੀ ਗੋਇਲ ਵੱਲੋਂ ਪ੍ਰਸਤਾਵਿਤ ਮਾਰਟਗੇਜ਼ਰ ਦੁਆਰਾ ਸੁਰੱਖਿਆ ਵਜੋਂ ਪੇਸ਼ ਕੀਤੀ ਗਈ ਅਚੱਲ ਜਾਇਦਾਦ ਉੱਤੇ ਇਕੁਇਟੇਬਲ ਮਾਰਟਗੇਜ (ਸਮ ਅਧਿਕਾਰੀ ਜ਼ਮਾਨਤ/ਸੰਤੁਲਿਤ ਗਿਰਵੀ) ਬਣਾਉਣ ਦਾ ਪ੍ਰਸਤਾਵ ਹੈ। ਜਾਇਦਾਦ ਦਾ ਵੇਰਵਾ: ਐਮ.ਸੀ. ਨੰ. ਬੀ-21-128/67, ਮਾਪ 760 ਵਰਗ ਗਜ਼, ਸਥਿਤੀ: ਇੰਡਸਟ੍ਰੀਅਲ ਏਰੀਆ-ਬੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਵਿਕਰੀ ਦਸਤਾਵੇਜ਼ ਸੇਲ ਡੀਡ ਵਸੀਕਾ ਨੰ. 18934 ਮਿਤੀ 03.02.2009 ਅਤੇ ਟ੍ਰਾਂਸਫਰ ਡੀਡ ਵਸੀਕਾ ਨੰ. 2024-25/106/1/10266 ਮਿਤੀ 12.09.2024 ਅਨੁਸਾਰ। ਇਸ ਜਾਇਦਾਦ ਸੰਬੰਧੀ ਕਿਸੇ ਵੀ ਵਿਅਕਤੀ/ਵਿਅਕਤੀਆਂ ਨੂੰ ਜੇਕਰ ਕੋਈ ਅਧਿਕਾਰ, ਸਿਰਲੇਖ, ਹਿੱਸਾ, ਦਾਅਵਾ, ਚਾਰਜ ਜਾਂ ਕੋਈ ਵੀ ਇਤਰਾਜ਼/ਵਿਰੋਧ ਹੈ ਤਾਂ ਉਹ ਆਪਣਾ ਲਿਖਤੀ ਇਤਰਾਜ਼ ਜੇ ਕੋਈ ਹੋਵੇ, ਸਹਾਇਕ ਦਸਤਾਵੇਜ਼ਾਂ ਸਮੇਤ ਉਪਰੋਕਤ ਸ਼ਾਖਾ ਵਿੱਚ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 10 (ਦਸ) ਸਾਫ਼ ਦਿਨਾਂ ਦੇ ਅੰਦਰ ਜ਼ਰੂਰ ਪੇਸ਼ ਕਰਨ। ਜੇਕਰ ਇਸ ਅਵਧੀ ਵਿੱਚ ਕੋਈ ਇਤਰਾਜ਼ ਨਹੀਂ ਪ੍ਰਾਪਤ ਹੁੰਦਾ, ਤਾਂ ਇਹ ਮੰਨ ਲਿਆ ਜਾਵੇਗਾ ਕਿ ਜਾਇਦਾਦ ਬਾਰੇ ਕੋਈ ਇਤਰਾਜ਼ ਨਹੀਂ ਹੈ ਅਤੇ ਬੈਂਕ ਮਾਰਟਗੇਜ ਬਣਾਉਣ ਦੀ ਕਾਰਵਾਈ ਅੱਗੇ ਵਧਾਏਗਾ।

ਬਰਾਂਚ ਮੈਨੇਜਰ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼, ਜਲੰਧਰ।
ਕੇਸ ਨੰ. 589/ਐੱਫ.ਟੀ.ਸੀ./ਐੱਨ.ਆਰ.ਆਈਜ਼
ਕੇਸ ਅਨੁਵਾਨ- Lt. Col. Ajai Singh VS Avtar Singh & Others
ਖੇਵਟ - 1, 117 ਵਾਕਿਆ ਪਿੰਡ - ਪ੍ਰਤਾਪੁਰਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ Lt. Col. Ajai Singh S/o Pirthipal Singh R/o H. No. 7, Defence Colony, (Opposite Khalsa College for Women), Jalandhar. (Applicant)

ਨੋਟਿਸ ਬਨਾਮ

1. Avtar Singh S/o Gurbachan Singh R/o Village Partappura, PO. Lohar Sukha Singh (Near Jamsher Road "Y" Point) Tehsil Jalandhar-1, District Jalandhar.
2. Satnam Agri Products Ltd. R/o Adjacent to SM Cold Store, Jamsher Road, Village Partappura, Tehsil Jalandhar-1, District Jalandhar.

(Respondents)

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 4/2/26 ਨੂੰ ਦੁਪਹਿਰ 02:00 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿੱਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 15/1/26 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ, ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਜਲੰਧਰ।

ਨੰ: 11/ਰੀਡਰ/ਡੀ.ਆਰ.ਓ. ਮਿਤੀ: 15/01/26

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼, ਜਲੰਧਰ।
ਕੇਸ ਨੰ. 590/ਐੱਫ.ਟੀ.ਸੀ./ਐੱਨ.ਆਰ.ਆਈਜ਼
ਕੇਸ ਅਨੁਵਾਨ- Lt. Col. Ajai Singh VS Satnam Agri Products Ltd. & Others
ਖੇਵਟ - 3 ਵਾਕਿਆ ਪਿੰਡ - ਫਤਿਹਪੁਰ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ Lt. Col. Ajai Singh S/o Pirthipal Singh R/o H. No. 7, Defence Colony, (Opposite Khalsa College for Women), Jalandhar. (Applicant)

ਨੋਟਿਸ ਬਨਾਮ

1. Satnam Agri Products Ltd. R/o Adjacent to SM Cold Store, Jamsher Road, Village Partappura, Tehsil Jalandhar-1, District Jalandhar through its proprietor, 2. Prito W/o Gurdas Ram, 3. Sukhman Singh S/o Sukhwinder Singh R/o Village Fatehpur, Tehsil Jalandhar-1, District Jalandhar, 4. Balvir Singh S/o Gurdial Singh Cheema R/o Village Fatehpur, Tehsil Jalandhar-1, District Jalandhar, 5. Oriental Bank of Commerce Focal Point Branch through Branch Manager. (Respondents)

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 4/2/26 ਨੂੰ ਦੁਪਹਿਰ 02:00 ਵਜੇ ਦੀ ਤਰੀਕ ਪੇਸ਼ੀ ਨੀਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿੱਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 15/1/26 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ, ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਜਲੰਧਰ।

ਨੰ: 12/ਰੀਡਰ/ਡੀ.ਆਰ.ਓ. ਮਿਤੀ: 15/1/26

## COURT NOTICE

(U/o 5 Rule 20 CPC)
In The Court of Ms. Kiran Bala
Additional District and Sessions Judge-2, Faridkot
CNR No. PBFD01-005731-2024
Next Date: 05-02-2026

Ajaib Singh S/o Bachittar Singh S/o Ishar Singh R/o Village Burj Masta, Tehsil and District Faridkot and others.

Vs.

Sikander Singh S/o Partap Singh S/o Bachan Singh Resident of Village Burj Masta, Faridkot now resident of Bhan Singh Collony Pawan Karyana Store Wali Gali, Ferozepur and others.

Appeal U/S 96 of CPC against Judgment & Decree dt 25.11.2024 passed by Sh. Shinku Kumar, LD. CJ(JD), Faridkot

Publication Issued To: Respondent No. 8 and 9

8. Yadwinder Singh S/o Late Jagjit Singh S/o Late Mohinder Singh R/o Village Burj Masta Tehsil and District Faridkot, 9. Lakhwinder Kaur D/o Late Jagjit Singh S/o Late Mohinder Singh R/o village Burj Masta Tehsil and District Faridkot now W/o Arshdeep Singh S/o Hardev Singh R/o Mehmuana Tehsil and District Faridkot.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-02-2026 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge-2 Faridkot

Dated, this day of 19-01-2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਕਿਸਮ ਕੇਸ : ਤਕਸੀਮ
ਮਿਸਲ ਨੰ. 887 ਪਿੰਡ - ਮਹਿਸਮਪੁਰ ਪੇਸ਼ੀ 29.01.2026

ਤਕਸੀਮ ਕੇਸ ਅਨੁਵਾਨ : 1. ਜਸ਼ਨਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ, ਵਾਸੀ ਦੁਲੱਦੀ, ਤਹਿ. ਨਾਭਾ, ਖੇਵਟਦਾਰ ਬਨਾਮ ਦਲਬਾਰਾ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਮਹਿਸਮਪੁਰ ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ

ਉਕਤ ਅਨੁਵਾਨ ਦਰਜ ਤਕਸੀਮ ਦਾ ਖੇਵਟ ਨੰਬਰ 48 ਦਾ ਕੁੱਲ ਰਕਬਾ 2 ਕਨਾਲ 1 ਮਰਲਾ ਪਿੰਡ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦਾ ਕੇਸ ਇਸ ਅਦਾਲਤ ਵਿੱਚ ਲੰਬਿਤ ਹੈ। ਜਿਸ ਵਿੱਚ ਤਾਰੀਖ ਪੇਸ਼ੀ ਮਿਤੀ 29.01.2026 ਨਿਸ਼ਚਿਤ ਹੈ। ਹੇਠ ਦਰਜ ਧਿਰਾਂ ਹਾਜ਼ਰ ਅਦਾਲਤ ਕਰਨ ਲਈ ਤਲਬੀ ਸੰਮਨ ਅਤੇ ਪਿੰਡ ਵਿੱਚ ਮੁਸਤਰੀ ਮੁਨਾਦੀ ਕਰਵਾਈ ਗਈ ਪ੍ਰੰਤੂ ਮਸੂਲਾਨ ਧਿਰਾਂ ਵੱਲੋਂ ਕੋਈ ਹਾਜ਼ਰ ਅਦਾਲਤ ਨਹੀਂ ਆਇਆ। ਇਸ ਮਸੂਲਾਨ ਧਿਰਾਂ ਨੂੰ ਹਾਜ਼ਰ ਕਰਨ ਲਈ ਪਬਲੀਕੇਸ਼ਨ ਕਰਵਾਈ ਜਾਂਦੀ ਹੈ। ਹੇਠ ਦਰਜ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਪਰੋਕਤ ਖੇਵਟਾਂ ਦੀ ਤਕਸੀਮ ਹੋਣ ਸੰਬੰਧੀ ਕਿਸੇ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਆਪਣਾ ਇਤਰਾਜ਼ ਜਵਾਬ/ਪੱਖ ਪੇਸ਼ ਕਰ ਸਕਦੇ ਹੋ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਤਕਸੀਮ ਕੇਸ ਦੀ ਕਾਰਵਾਈ ਅੱਗੇ ਚਲਾਈ ਜਾਵੇਗੀ।

1. ਦਲਬਾਰਾ ਸਿੰਘ ਪੁੱਤਰ ਸੁਰਜੀਤ ਕੌਰ 2. ਰੂਪਾ ਵਿਧਵਾ ਹਰੀ ਸਿੰਘ 3. ਬਲਜਿੰਦਰ ਸਿੰਘ ਪੁੱਤਰ ਰਾਮ ਸਿੰਘ 4. ਦਲਜੀਤ ਸਿੰਘ ਪੁੱਤਰ ਰਾਮ ਸਿੰਘ 5. ਸਰਦਾਰ ਸਿੰਘ ਪੁੱਤਰ ਪ੍ਰੀਤਮ ਸਿੰਘ 6. ਸੁਖਚੈਨ ਸਿੰਘ ਪੁੱਤਰ ਪ੍ਰੀਤਮ ਸਿੰਘ 7. ਅਮਰ ਕੌਰ ਵਿਧਵਾ ਹਰਦਿਆਲ ਸਿੰਘ 8. ਵਿਸਾਖਾ ਸਿੰਘ ਪੁੱਤਰ ਹਰਦਿਆਲ ਸਿੰਘ 9. ਗੁਰਮੇਲ ਸਿੰਘ ਪੁੱਤਰ ਹਰਦਿਆਲ ਸਿੰਘ 10. ਗੁਰਦੀਪ ਸਿੰਘ ਪੁੱਤਰ ਹਰਦਿਆਲ ਸਿੰਘ 11. ਗੁਰਮੀਤ ਸਿੰਘ ਪੁੱਤਰ ਹਰਦਿਆਲ ਸਿੰਘ ਵਾਸੀਆਨ ਮਹਿਸਮਪੁਰ, ਤਹਿ: ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਭਵਾਨੀਗੜ੍ਹ।

ਨੰਬਰ : 2435/ਰੀਡਰ-2 ਮਿਤੀ : 05.01.2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਕਿਸਮ ਕੇਸ : ਤਕਸੀਮ ਪਿੰਡ - ਮਹਿਸਮਪੁਰ
ਪੇਸ਼ੀ 29.01.2026

ਤਕਸੀਮ ਕੇਸ ਅਨੁਵਾਨ : 1. ਜਸ਼ਨਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ, ਵਾਸੀ ਦੁਲੱਦੀ, ਤਹਿ. ਨਾਭਾ, ਖੇਵਟਦਾਰ ਸਾਧੂ ਸਿੰਘ ਪੁੱਤਰ ਕਿਸ਼ਨ ਸਿੰਘ ਵਾਸੀ ਮਹਿਸਮਪੁਰ, ਤਹਿ. ਭਵਾਨੀਗੜ੍ਹ , ਜ਼ਿਲ੍ਹਾ ਸੰਗਰੂਰ।

ਉਕਤ ਅਨੁਵਾਨ ਦਰਜ ਤਕਸੀਮ ਦਾ ਖੇਵਟ ਨੰਬਰ 254 ਦਾ ਕੁੱਲ ਰਕਬਾ 1 ਕਨਾਲ 18 ਮਰਲੇ ਰਕਬਾ ਪਿੰਡ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦਾ ਕੇਸ ਇਸ ਅਦਾਲਤ ਵਿੱਚ ਲੰਬਿਤ ਹੈ। ਜਿਸ ਵਿੱਚ ਤਾਰੀਖ ਪੇਸ਼ੀ ਮਿਤੀ 29.01.2026 ਨਿਸ਼ਚਿਤ ਹੈ। ਹੇਠ ਦਰਜ ਧਿਰਾਂ ਹਾਜ਼ਰ ਅਦਾਲਤ ਕਰਨ ਲਈ ਤਲਬੀ ਸੰਮਨ ਅਤੇ ਪਿੰਡ ਵਿੱਚ ਮੁਸਤਰੀ ਮੁਨਾਦੀ ਕਰਵਾਈ ਗਈ ਪ੍ਰੰਤੂ ਮਸੂਲਾਨ ਧਿਰਾਂ ਵੱਲੋਂ ਕੋਈ ਹਾਜ਼ਰ ਅਦਾਲਤ ਨਹੀਂ ਆਇਆ। ਇਸ ਮਸੂਲਾਨ ਧਿਰਾਂ ਨੂੰ ਹਾਜ਼ਰ ਕਰਨ ਲਈ ਪਬਲੀਕੇਸ਼ਨ ਕਰਵਾਈ ਜਾਂਦੀ ਹੈ। ਹੇਠ ਦਰਜ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਪਰੋਕਤ ਖੇਵਟਾਂ ਦੀ ਤਕਸੀਮ ਹੋਣ ਸੰਬੰਧੀ ਕਿਸੇ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਆਪਣਾ ਇਤਰਾਜ਼ ਜਵਾਬ/ਪੱਖ ਪੇਸ਼ ਕਰ ਸਕਦੇ ਹੋ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਤਕਸੀਮ ਕੇਸ ਦੀ ਕਾਰਵਾਈ ਅੱਗੇ ਚਲਾਈ ਜਾਵੇਗੀ।

1. ਸਾਧੂ ਸਿੰਘ ਪੁੱਤਰ ਕਿਸ਼ਨ ਸਿੰਘ ਵਾਸੀ ਮਹਿਸਮਪੁਰ ਜ਼ਿਲ੍ਹਾ ਸੰਗਰੂਰ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਭਵਾਨੀਗੜ੍ਹ।

ਨੰਬਰ : 2437/ਰੀਡਰ-2 ਮਿਤੀ : 05.01.2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਕਿਸਮ ਕੇਸ : ਤਕਸੀਮ ਮਿਸਲ ਨੰ. 884
ਪਿੰਡ - ਮਹਿਸਮਪੁਰ ਪੇਸ਼ੀ 29.01.2026

ਤਕਸੀਮ ਕੇਸ ਅਨੁਵਾਨ : 1. ਜਸ਼ਨਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ, ਵਾਸੀ ਦੁਲੱਦੀ, ਤਹਿ. ਨਾਭਾ, ਖੇਵਟਦਾਰ ਬਨਾਮ ਗੁਰਚਰਨ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਮਹਿਸਮਪੁਰ ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ

ਉਕਤ ਅਨੁਵਾਨ ਦਰਜ ਤਕਸੀਮ ਦਾ ਖੇਵਟ ਨੰਬਰ 30 ਦਾ ਕੁੱਲ ਰਕਬਾ 6 ਕਨਾਲ 2 ਮਰਲਾ ਪਿੰਡ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦਾ ਕੇਸ ਇਸ ਅਦਾਲਤ ਵਿੱਚ ਲੰਬਿਤ ਹੈ। ਜਿਸ ਵਿੱਚ ਤਾਰੀਖ ਪੇਸ਼ੀ ਮਿਤੀ 29.01.2026 ਨਿਸ਼ਚਿਤ ਹੈ। ਹੇਠ ਦਰਜ ਧਿਰਾਂ ਹਾਜ਼ਰ ਅਦਾਲਤ ਕਰਨ ਲਈ ਤਲਬੀ ਸੰਮਨ ਅਤੇ ਪਿੰਡ ਵਿੱਚ ਮੁਸਤਰੀ ਮੁਨਾਦੀ ਕਰਵਾਈ ਗਈ ਪ੍ਰੰਤੂ ਮਸੂਲਾਨ ਧਿਰਾਂ ਵੱਲੋਂ ਕੋਈ ਹਾਜ਼ਰ ਅਦਾਲਤ ਨਹੀਂ ਆਇਆ। ਇਸ ਮਸੂਲਾਨ ਧਿਰਾਂ ਨੂੰ ਹਾਜ਼ਰ ਕਰਨ ਲਈ ਪਬਲੀਕੇਸ਼ਨ ਕਰਵਾਈ ਜਾਂਦੀ ਹੈ। ਹੇਠ ਦਰਜ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਪਰੋਕਤ ਖੇਵਟਾਂ ਦੀ ਤਕਸੀਮ ਹੋਣ ਸੰਬੰਧੀ ਕਿਸੇ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਆਪਣਾ ਇਤਰਾਜ਼ ਜਵਾਬ/ਪੱਖ ਪੇਸ਼ ਕਰ ਸਕਦੇ ਹੋ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਤਕਸੀਮ ਕੇਸ ਦੀ ਕਾਰਵਾਈ ਅੱਗੇ ਚਲਾਈ ਜਾਵੇਗੀ।

1. ਗੁਰਚਰਨ ਸਿੰਘ ਪੁੱਤਰ ਪਿਆਰਾ ਸਿੰਘ, 2 ਗੁਰਮੁੱਖ ਸਿੰਘ ਪੁੱਤਰ ਪਿਆਰਾ ਸਿੰਘ ਵਾਸੀਆਨ ਮਹਿਸਮਪੁਰ, ਜ਼ਿਲ੍ਹਾ ਸੰਗਰੂਰ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਭਵਾਨੀਗੜ੍ਹ।

ਨੰਬਰ : 2438/ਰੀਡਰ-2 ਮਿਤੀ : 05.01.2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਕਿਸਮ ਕੇਸ : ਤਕਸੀਮ ਮਿਸਲ ਨੰ. 883
ਪਿੰਡ - ਮਹਿਸਮਪੁਰ ਪੇਸ਼ੀ 29.01.2026

ਤਕਸੀਮ ਕੇਸ ਅਨੁਵਾਨ : 1. ਜਸ਼ਨਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ, ਵਾਸੀ ਦੁਲੱਦੀ, ਤਹਿ. ਨਾਭਾ, ਖੇਵਟਦਾਰ ਬਨਾਮ ਅਮਰ ਕੌਰ ਵਿਧਵਾ ਹਰਦਿਆਲ ਸਿੰਘ ਵਾਸੀ ਮਹਿਸਮਪੁਰ ਤਹਿ, ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ।

ਉਕਤ ਅਨੁਵਾਨ ਦਰਜ ਤਕਸੀਮ ਦਾ ਖੇਵਟ ਨੰਬਰ 44 ਦਾ ਕੁੱਲ ਰਕਬਾ 50 ਕਨਾਲ 3 ਮਰਲਾ ਪਿੰਡ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦਾ ਕੇਸ ਇਸ ਅਦਾਲਤ ਵਿੱਚ ਲੰਬਿਤ ਹੈ। ਜਿਸ ਵਿੱਚ ਤਾਰੀਖ ਪੇਸ਼ੀ ਮਿਤੀ 29.01.2026 ਨਿਸ਼ਚਿਤ ਹੈ। ਹੇਠ ਦਰਜ ਧਿਰਾਂ ਹਾਜ਼ਰ ਅਦਾਲਤ ਕਰਨ ਲਈ ਤਲਬੀ ਸੰਮਨ ਅਤੇ ਪਿੰਡ ਵਿੱਚ ਮੁਸਤਰੀ ਮੁਨਾਦੀ ਕਰਵਾਈ ਗਈ ਪ੍ਰੰਤੂ ਮਸੂਲਾਨ ਧਿਰਾਂ ਵੱਲੋਂ ਕੋਈ ਹਾਜ਼ਰ ਅਦਾਲਤ ਨਹੀਂ ਆਇਆ। ਇਸ ਮਸੂਲਾਨ ਧਿਰਾਂ ਨੂੰ ਹਾਜ਼ਰ ਕਰਨ ਲਈ ਪਬਲੀਕੇਸ਼ਨ ਕਰਵਾਈ ਜਾਂਦੀ ਹੈ। ਹੇਠ ਦਰਜ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਪਰੋਕਤ ਖੇਵਟਾਂ ਦੀ ਤਕਸੀਮ ਹੋਣ ਸੰਬੰਧੀ ਕਿਸੇ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਆਪਣਾ ਇਤਰਾਜ਼ ਜਵਾਬ/ਪੱਖ ਪੇਸ਼ ਕਰ ਸਕਦੇ ਹੋ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਤਕਸੀਮ ਕੇਸ ਦੀ ਕਾਰਵਾਈ ਅੱਗੇ ਚਲਾਈ ਜਾਵੇਗੀ।

1. ਅਮਰ ਕੌਰ ਵਿਧਵਾ ਹਰਦਿਆਲ ਸਿੰਘ, 2) ਵਿਸਾਖਾ ਸਿੰਘ ਪੁੱਤਰ ਗੁਰਦਿਆਲ ਸਿੰਘ, 3) 25 ਗੁਰਮੇਲ ਸਿੰਘ ਪੁੱਤਰ ਹਰਦਿਆਲ ਸਿੰਘ, 4) ਗੁਰਮੀਤ ਸਿੰਘ ਪੁੱਤਰ ਹਰਦਿਆਲ ਸਿੰਘ, 5) ਗੁਰਦੀਪ ਸਿੰਘ ਪੁੱਤਰ ਹਰਦਿਆਲ ਸਿੰਘ, 6) ਸਰਦਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ, 7) ਸੁਖਚੈਨ ਸਿੰਘ ਪੁੱਤਰ ਪ੍ਰੀਤਮ ਸਿੰਘ, 8) ਪ੍ਰੀਤਮ ਸਿੰਘ ਪੁੱਤਰ ਅਵਤਾਰ ਸਿੰਘ, 9) ਦਰਬਾਰਾ ਸਿੰਘ ਪੁੱਤਰ ਜੰਗੀਰ ਸਿੰਘ, 10) ਬਲਜਿੰਦਰ ਸਿੰਘ ਪੁੱਤਰ ਰਾਮ ਸਿੰਘ, 11) ਦਲਜੀਤ ਸਿੰਘ ਪੁੱਤਰ ਰਾਮ ਸਿੰਘ, 12) ਕਰਨੈਲ ਸਿੰਘ ਪੁੱਤਰ ਗੁਰਦਿਆਲ ਸਿੰਘ, 13) ਮਨਪ੍ਰੀਤ ਸਿੰਘ ਪੁੱਤਰ ਜਗਰੂਪ ਸਿੰਘ, 14) ਬਲਜਿੰਦਰ ਕੌਰ ਪਤਨੀ ਦਲਜੀਤ ਸਿੰਘ, 15) ਸਿੰਦਰਪਾਲ ਉਰਫ ਪਰਮਜੀਤ ਕੌਰ ਪੁੱਤਰੀ ਜੋਗਿੰਦਰ ਸਿੰਘ, 16) ਪਰਮਜੀਤ ਕੌਰ ਪਤਨੀ ਕਰਨੈਲ ਸਿੰਘ, 17) ਮਹਿੰਦਰ ਕੌਰ ਪਤਨੀ ਦਲਬਾਰਾ ਸਿੰਘ, 18) ਕ੍ਰਿਸ਼ਨਾ ਕੌਰ ਪਤਨੀ ਰਤਨ ਸਿੰਘ ਵਾਸੀਆਨ ਅਤੇ ਖੇਵਟਦਾਰਾਨ ਪਿੰਡ ਮਹਿਸਮਪੁਰ, ਜ਼ਿਲ੍ਹਾ ਸੰਗਰੂਰ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਭਵਾਨੀਗੜ੍ਹ।

ਨੰਬਰ : 2439/ਰੀਡਰ-2 ਮਿਤੀ : 05.01.2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਕਿਸਮ ਕੇਸ : ਤਕਸੀਮ ਮਿਸਲ ਨੰ. 886 ਪਿੰਡ - ਮਹਿਸਮਪੁਰ ਪੇਸ਼ੀ 29.01.2026

ਤਕਸੀਮ ਕੇਸ ਅਨੁਵਾਨ : 1. ਜਸ਼ਨਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ, ਵਾਸੀ ਦੁਲੱਦੀ, ਤਹਿ. ਨਾਭਾ, ਖੇਵਟਦਾਰ ਬਨਾਮ ਸਰਦਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।

ਉਕਤ ਅਨੁਵਾਨ ਦਰਜ ਤਕਸੀਮ ਦਾ ਖੇਵਟ ਨੰਬਰ 47 ਦਾ ਕੁੱਲ ਰਕਬਾ 8-0 ਕਨਾਲ ਪਿੰਡ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦਾ ਕੇਸ ਇਸ ਅਦਾਲਤ ਵਿੱਚ ਲੰਬਿਤ ਹੈ। ਜਿਸ ਵਿੱਚ ਤਾਰੀਖ ਪੇਸ਼ੀ ਮਿਤੀ 29.01.2026 ਨਿਸ਼ਚਿਤ ਹੈ। ਹੇਠ ਦਰਜ ਧਿਰਾਂ ਹਾਜ਼ਰ ਅਦਾਲਤ ਕਰਨ ਲਈ ਤਲਬੀ ਸੰਮਨ ਅਤੇ ਪਿੰਡ ਵਿੱਚ ਮੁਸਤਰੀ ਮੁਨਾਦੀ ਕਰਵਾਈ ਗਈ ਪ੍ਰੰਤੂ ਮਸੂਲਾਨ ਧਿਰਾਂ ਵੱਲੋਂ ਕੋਈ ਹਾਜ਼ਰ ਅਦਾਲਤ ਨਹੀਂ ਆਇਆ। ਇਸ ਮਸੂਲਾਨ ਧਿਰਾਂ ਨੂੰ ਹਾਜ਼ਰ ਕਰਨ ਲਈ ਪਬਲੀਕੇਸ਼ਨ ਕਰਵਾਈ ਜਾਂਦੀ ਹੈ। ਹੇਠ ਦਰਜ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਪਰੋਕਤ ਖੇਵਟਾਂ ਦੀ ਤਕਸੀਮ ਹੋਣ ਸੰਬੰਧੀ ਕਿਸੇ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਆਪਣਾ ਇਤਰਾਜ਼ ਜਵਾਬ/ਪੱਖ ਪੇਸ਼ ਕਰ ਸਕਦੇ ਹੋ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਤਕਸੀਮ ਕੇਸ ਦੀ ਕਾਰਵਾਈ ਅੱਗੇ ਚਲਾਈ ਜਾਵੇਗੀ।

1. ਸਰਦਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ 2. ਸੁਖਚੈਨ ਸਿੰਘ ਪੁੱਤਰ ਪ੍ਰੀਤਮ ਸਿੰਘ 3. ਬਲਵਿੰਦਰ ਸਿੰਘ ਪੁੱਤਰ ਗੁਰਬਖਸ਼ ਸਿੰਘ 4. ਬਲਜਿੰਦਰ ਸਿੰਘ ਪੁੱਤਰ ਰਾਮ ਸਿੰਘ 5. ਦਲਜੀਤ ਸਿੰਘ ਪੁੱਤਰ ਰਾਮ ਸਿੰਘ 6. ਪ੍ਰੀਤਮ ਸਿੰਘ ਪੁੱਤਰ ਅਵਤਾਰ ਸਿੰਘ 7. ਗੁਰਦਿਆਲ ਸਿੰਘ ਪੁੱਤਰ ਬਹਾਦਰ ਸਿੰਘ 8. ਗੋਬਿੰਦ ਸਿੰਘ ਪੁੱਤਰ ਬਹਾਦਰ ਸਿੰਘ 9. ਹਰਵਿੰਦਰ ਸਿੰਘ ਪੁੱਤਰ ਬਹਾਦਰ ਸਿੰਘ 10. ਦਲਬਾਰਾ ਸਿੰਘ ਪੁੱਤਰ ਜੰਗੀਰ ਸਿੰਘ 11. ਗੁਰਚਰਨ ਸਿੰਘ ਪੁੱਤਰ ਨਰੰਗ ਸਿੰਘ 12. ਗੁਰਦਰਸ਼ਨ ਸਿੰਘ ਪੁੱਤਰ ਨਰੰਗ ਸਿੰਘ 13. ਅਮਰ ਕੌਰ ਵਿਧਵਾ ਹਰਦਿਆਲ ਸਿੰਘ 14. ਵਿਸਾਖਾ ਸਿੰਘ ਪੁੱਤਰ ਹਰਦਿਆਲ ਸਿੰਘ 15. ਗੁਰਮੇਲ ਸਿੰਘ ਪੁੱਤਰ ਹਰਦਿਆਲ ਸਿੰਘ 16. ਗੁਰਦੀਪ ਸਿੰਘ ਪੁੱਤਰ ਹਰਦਿਆਲ ਸਿੰਘ 17. ਗੁਰਮੀਤ ਸਿੰਘ ਪੁੱਤਰ ਹਰਦਿਆਲ ਸਿੰਘ 18. ਜਸਕੀਰਤ ਸਿੰਘ ਪੁੱਤਰ ਲਖਵੀਰ ਸਿੰਘ 19. ਲਖਵੀਰ ਸਿੰਘ ਪੁੱਤਰ ਬਿਕਰਮਜੀਤ ਸਿੰਘ ਵਾਸੀਆਨ ਅਤੇ ਖੇਵਟਦਾਰ ਮਹਿਸਮਪੁਰ ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਭਵਾਨੀਗੜ੍ਹ।

ਨੰਬਰ : 2436/ਰੀਡਰ-2 ਮਿਤੀ : 05.01.2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਕਿਸਮ ਕੇਸ : ਤਕਸੀਮ ਮਿਸਲ ਨੰ. 882 ਪਿੰਡ - ਮਹਿਸਮਪੁਰ ਪੇਸ਼ੀ 29.01.2026

ਤਕਸੀਮ ਕੇਸ ਅਨੁਵਾਨ : 1. ਜਸ਼ਨਪ੍ਰੀਤ ਸਿੰਘ ਪੁੱਤਰ ਹਰਵਿੰਦਰ ਸਿੰਘ, ਵਾਸੀ ਦੁਲੱਦੀ, ਤਹਿ. ਨਾਭਾ, ਖੇਵਟਦਾਰ ਬਨਾਮ ਸਰਦਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਹਿਸਮਪੁਰ ਤਹਿ. ਭਵਾਨੀਗੜ੍ਹ , ਜ਼ਿਲ੍ਹਾ ਸੰਗਰੂਰ

ਉਕਤ ਅਨੁਵਾਨ ਦਰਜ ਤਕਸੀਮ ਦਾ ਖੇਵਟ ਨੰਬਰ 46 ਦਾ ਕੁੱਲ ਰਕਬਾ 171 ਕਨਾਲ 12 ਮਰਲੇ ਰਕਬਾ ਪਿੰਡ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਦਾ ਕੇਸ ਇਸ ਅਦਾਲਤ ਵਿੱਚ ਲੰਬਿਤ ਹੈ। ਜਿਸ ਵਿੱਚ ਤਾਰੀਖ ਪੇਸ਼ੀ ਮਿਤੀ 29.01.2026 ਨਿਸ਼ਚਿਤ ਹੈ। ਹੇਠ ਦਰਜ ਧਿਰਾਂ ਹਾਜ਼ਰ ਅਦਾਲਤ ਕਰਨ ਲਈ ਤਲਬੀ ਸੰਮਨ ਅਤੇ ਪਿੰਡ ਵਿੱਚ ਮੁਸਤਰੀ ਮੁਨਾਦੀ ਕਰਵਾਈ ਗਈ ਪ੍ਰੰਤੂ ਮਸੂਲਾਨ ਧਿਰਾਂ ਵੱਲੋਂ ਕੋਈ ਹਾਜ਼ਰ ਅਦਾਲਤ ਨਹੀਂ ਆਇਆ। ਇਸ ਮਸੂਲਾਨ ਧਿਰਾਂ ਨੂੰ ਹਾਜ਼ਰ ਕਰਨ ਲਈ ਪਬਲੀਕੇਸ਼ਨ ਕਰਵਾਈ ਜਾਂਦੀ ਹੈ। ਹੇਠ ਦਰਜ ਧਿਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਪਰੋਕਤ ਖੇਵਟਾਂ ਦੀ ਤਕਸੀਮ ਹੋਣ ਸੰਬੰਧੀ ਕਿਸੇ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਇਸ਼ਤਿਹਾਰ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਆਪਣਾ ਇਤਰਾਜ਼ ਜਵਾਬ/ਪੱਖ ਪੇਸ਼ ਕਰ ਸਕਦੇ ਹੋ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਆਪ ਦੇ ਵਿਰੁੱਧ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਤਕਸੀਮ ਕੇਸ ਦੀ ਕਾਰਵਾਈ ਅੱਗੇ ਚਲਾਈ ਜਾਵੇਗੀ।

1. ਸਰਦਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ 2. ਸੁਖਚੈਨ ਸਿੰਘ ਪੁੱਤਰ ਪ੍ਰੀਤਮ ਸਿੰਘ 3. ਅਮਰ ਕੌਰ ਵਿਧਵਾ ਹਰਦਿਆਲ ਸਿੰਘ 4. ਵਿਸਾਖਾ ਸਿੰਘ ਪੁੱਤਰ ਹਰਦਿਆਲ ਸਿੰਘ 5. ਗੁਰਮੇਲ ਸਿੰਘ 6. ਗੁਰਦੀਪ ਸਿੰਘ 7. ਗੁਰਮੀਤ ਸਿੰਘ ਪੁੱਤਰਾਨ ਹਰਦਿਆਲ ਸਿੰਘ 8. ਗੁਰਦਰਸ਼ਨ ਸਿੰਘ 98 -5 ਗੁਰਚਰਨ ਸਿੰਘ 10. ਭਜਨ ਸਿੰਘ ਪੁੱਤਰਾਨ ਨਰੰਗ ਸਿੰਘ 12. ਬਲਜਿੰਦਰ ਸਿੰਘ ਪੁੱਤਰ ਰਾਮ ਸਿੰਘ 13. ਦਲਜੀਤ ਸਿੰਘ ਪੁੱਤਰ ਰਾਮ ਸਿੰਘ 14. ਮਲਕੀਤ ਕੌਰ ਪਤਨੀ ਬਿਕਰਮਜੀਤ ਸਿੰਘ 15. ਬਲਵਿੰਦਰ ਸਿੰਘ ਪੁੱਤਰ ਗੁਰਬਖਸ਼ ਸਿੰਘ 16. ਗੁਰਦਿਆਲ ਸਿੰਘ ਪੁੱਤਰ ਬਹਾਦਰ ਸਿੰਘ 17. ਗੋਬਿੰਦ ਸਿੰਘ ਪੁੱਤਰ ਬਹਾਦਰ ਸਿੰਘ 18. ਹਰਮਿੰਦਰ ਸਿੰਘ ਪੁੱਤਰ ਬਹਾਦਰ ਸਿੰਘ 19. ਪ੍ਰੀਤਮ ਸਿੰਘ ਪੁੱਤਰ ਅਵਤਾਰ ਸਿੰਘ 20. ਦਰਬਾਰਾ ਸਿੰਘ ਪੁੱਤਰ ਜੰਗੀਰ ਸਿੰਘ 21. ਹਰਵਿੰਦਰ ਕੌਰ ਪਤਨੀ ਹਰਵਿੰਦਰ ਸਿੰਘ 22. ਕਰਨੈਲ ਸਿੰਘ ਪੁੱਤਰ ਗੁਰਦਿਆਲ ਸਿੰਘ 23. ਬਲਜਿੰਦਰ ਕੌਰ ਪਤਨੀ ਦਲਜੀਤ ਸਿੰਘ 24. ਸੁਖਵਿੰਦਰ ਕੌਰ ਪਤਨੀ ਨਰਿੰਦਰ ਸਿੰਘ 25. ਸਵਰਨਜੀਤ ਕੌਰ ਪਤਨੀ ਗੁਰਨਾਮ ਸਿੰਘ 26. ਪਰਮਜੀਤ ਕੌਰ ਪਤਨੀ ਵਿਸਾਖਾ ਸਿੰਘ 27. ਲਖਵੀਰ ਸਿੰਘ ਪੁੱਤਰ ਬਿਕਰਮਜੀਤ ਸਿੰਘ 28. ਮਹਿੰਦਰ ਕੌਰ ਪਤਨੀ ਦਲਵਾਰਾ ਸਿੰਘ 29. ਸੁਖਰਾਮ ਸਿੰਘ ਪੁੱਤਰ ਨਰਿੰਦਰ ਸਿੰਘ 30. ਯੁਵਰਾਜ ਸਿੰਘ ਪੁੱਤਰ ਨਰਿੰਦਰ ਸਿੰਘ ਵਾਸੀਆਨ ਅਤੇ ਖੇਵਟਦਾਰ ਮਹਿਸਮਪੁਰ, ਤਹਿ. ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ ਨਾਇਬ ਤਹਿਸੀਲਦਾਰ ਭਵਾਨੀਗੜ੍ਹ

ਨੰਬਰ 2440 /ਰੀਡਰ-2 ਮਿਤੀ : 05.01.2026

## AXIS BANK LTD.

ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ : , ਦੂਸਰੀ ਮੰਜ਼ਲ, ਪ੍ਰਾਪਰਟੀ # 7-ਈ, ਮਿਊਂਸਪਲ 3903/1142/16 ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ- 141001

ਰਜਿਸਟਰਡ ਦਫਤਰ : "ਤ੍ਰਿਸ਼ੂਲ"-ਤੀਸਰੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਨੇੜੇ ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

### ਅੰਤਿਕਾ-IV[ਹਵਾਲਾ ਰੂਲ-8(1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮੈਸਰਜ਼ ਬਕੁਸ ਇੰਟਰਪ੍ਰਾਈਜਜ਼ ਨੂੰ ਇਸ ਦੇ ਮਾਲਕ ਸ੍ਰੀਮਤੀ ਰਿਚਾ ਕੌੜਾ ਰਾਹੀਂ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 1,31,58,160/- (ਇੱਕ ਕਰੋੜ ਇਕੱਤੀ ਲੱਖ ਅਠਵੰਜਾ ਹਜ਼ਾਰ ਇੱਕ ਸੌ ਸੱਠ ਰੁਪਏ ਕੇਵਲ) ਮਿਤੀ 10 ਜੁਲਾਈ 2025 ਤੱਕ ਇਸ ਉੱਪਰ ਹੋਰ ਅਣਲਾਗੂ ਵਿਆਜ ਅਤੇ ਲਾਗਤਾਂ ਦੇ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਨ ਲਈ 28 ਜੁਲਾਈ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਸਹਿ ਕਰਜ਼ਦਾਰ/ਰਹਿਣਕਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 17 ਜਨਵਰੀ 2026 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ ਦੇਣ ਐਕਸਿਸ ਬੈਂਕ ਲਿਮਟਿਡ ਨੂੰ ਰਕਮ ਰੁਪਏ 1,31,58,160/- (ਇੱਕ ਕਰੋੜ ਇਕੱਤੀ ਲੱਖ ਅਠਵੰਜਾ ਹਜ਼ਾਰ ਇੱਕ ਸੌ ਸੱਠ ਰੁਪਏ ਕੇਵਲ) 10 ਜੁਲਾਈ 2025 ਤੱਕ ਸਮੇਤ ਅਦਾਇਗੀ ਦੀ ਮਿਤੀ ਤੱਕ ਹੋਰ ਵਿਆਜ, ਵਿਆਜ ਦੀ ਠੇਕਾ ਦਰ 'ਤੇ ਅਤੇ ਇਸ 'ਤੇ ਖਰਚੇ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਦਾ ਸਕਿਉਰਡ ਐਸੇਟ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਧਿਆਨ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਵਪਾਰਕ ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ ਰਕਬਾ 3 ਕਨਾਲ 12 ਮਰਲੇ ਪਤਾ ਪਿੰਡ ਹੰਬੜਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਖਸਰਾ ਨੰ. 129//12, ਖੇਵਟ ਨੰ. 526/541, ਖਤੌਨੀ ਨੰ. 618 ਖਸਰਾ ਨੰ. 545 (6-2), 556 (4-3) 535/1/3 (3-3), 535/2/1 (0-1), 543/1/3 (0-9), 543/2/2 (0-5), 544/2 (8-18), 546/1/3 (2-19), 546/2/2 (0-13), 555/1 (0-15), 555/2 (4-18), 555/3/3 (0-6), 557/1 (6-8) ਕਿੱਤੇ 13, ਕੁੱਲ ਖੇਤਰ ਰਕਬਾ 39 ਬੀ-6 ਬਿਸਵਾ ਵਿੱਚੋਂ 4/786 ਹਿੱਸਾ ਖੇਤਰ ਰਕਬਾ 0ਬੀ-4 ਬਿਸਵਾ ਚੈਂਚਲ ਕੁਮਾਰ ਪੁੱਤਰ ਗੋਪਾਲ ਦਾਸ ਦੇ ਨਾਂਅ ਰਾਹੀਂ ਰਜਿਸਟਰਡ ਬੈਨਾਮਾ ਨੰ. 2020-21/77/1/897 ਮਿਤੀ 29/07/2020, ਹੱਦਬੰਦੀ ਹੇਠਾਂ ਅਨੁਸਾਰ : ਪੂਰਬ : ਪਰਮਜੀਤ ਸਿੰਘ ਪਾਸਾ 75', ਪੱਛਮ : ਸੁਨੀਲ ਅਹੂਜਾ ਪਾਸਾ 75', ਉੱਤਰ : ਗਲੀ ਪਾਸਾ 23'-2", ਦੱਖਣ : ਸੰਜੀਵ ਜਿੰਦਲ ਪਾਸਾ 23'-2"

ਮਿਤੀ : 20 ਜਨਵਰੀ 2026 ਸਹੀ/- ਅਧਿਕਾਰਤ ਅਫਸਰ,
ਸਥਾਨ : ਪਟਿਆਲਾ ਐਕਸਿਸ ਬੈਂਕ ਲਿਮਟਿਡ

## AXIS BANK LTD.

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮ., ਐੱਸ ਸੀ ਓ 367-368, ਸੈਕਟਰ- 34 ਏ, ਚੰਡੀਗੜ੍ਹ, 160022

ਕਾਰਪੋਰੇਟ ਦਫਤਰ : 'ਐਕਸਿਸ ਹਾਊਸ'' , ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਨਿਮਨ ਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਡਿਮਾਂਡ ਨੋਟਿਸ ਜਾਰੀ ਕਰਕੇ ਹੇਠ ਦਿੱਤੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।
ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਵਰਨਣ ਜਾਇਦਾਦ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

| ਲੜੀ ਨੰ: | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ |
|---|---|---|---|
| | | ਡਿਮਾਂਡ ਨੋਟਿਸ 'ਚ ਰਕਮ (ਰੁਪਏ) | |
| 1. | 1. ਮੈਸਰਜ਼ ਸ੍ਰੀ ਗਨੇਸ਼ ਰੋਡ ਕੈਰੀਅਰ ਰਾਹੀਂ ਇਸ ਦੇ ਭਾਈਵਾਲ ਐੱਸ ਸੀ ਐੱਫ-19, ਭਾਰਤ ਨਗਰ, ਮਾਰਕੀਟ ਬਠਿੰਡਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਪੰਜਾਬ-151001, ਇਹ ਵੀ : 2. ਸ੍ਰੀ ਗੌਰਵ ਗਰਗ ਪੁੱਤਰ ਸ੍ਰੀ ਰਤਨ ਲਾਲ ਗਰਗ, ਭਾਈਵਾਲ, ਮੈਸਰਜ਼ ਸ੍ਰੀ ਗਨੇਸ਼ ਰੋਡ ਕੈਰੀਅਰ ਐੱਸ ਸੀ ਐੱਫ-19, ਭਾਰਤ ਨਗਰ ਮਾਰਕੀਟ ਬਠਿੰਡਾ, ਤਹਿਸੀਲ ਅਤੇ ਜ਼ਿਲ੍ਹਾ ਬਠਿੰਡਾ, ਪੰਜਾਬ 151001 ਇਹ ਵੀ : ਸ੍ਰੀ ਗੌਰਵ ਗਰਗ ਪੁੱਤਰ ਸ੍ਰੀ ਰਤਨ ਲਾਲ ਗਰਗ # ਐੱਮ ਸੀ ਬੀ-ਜ਼ੈਡ-5-07133, ਮੇਨ ਗਲੀ ਹਜ਼ੂਰਾ ਕਪੂਰਾ ਕਾਲੋਨੀ, ਬਠਿੰਡਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਪੰਜਾਬ-151001 3. ਸ੍ਰੀਮਤੀ ਮੀਨਾਕਸ਼ੀ ਗਰਗ ਪਤਨੀ ਸ੍ਰੀ ਗੌਰਵ ਗਰਗ, ਭਾਈਵਾਲ ਮੈਸਰਜ਼ ਸ੍ਰੀ ਗਨੇਸ਼ ਰੋਡ ਕੈਰੀਅਰ ਐੱਸ ਸੀ ਐੱਫ-19, ਭਾਰਤ ਨਗਰ ਮਾਰਕੀਟ ਬਠਿੰਡਾ, ਤਹਿਸੀਲ ਅਤੇ ਜ਼ਿਲ੍ਹਾ ਬਠਿੰਡਾ, ਪੰਜਾਬ 151001 ਇਹ ਵੀ : ਸ੍ਰੀਮਤੀ ਮੀਨਾਕਸ਼ੀ ਗਰਗ ਪਤਨੀ ਸ੍ਰੀ ਗੌਰਵ ਗਰਗ, # ਐੱਮ ਸੀ ਬੀ-ਜ਼ੈਡ-5-07133, ਮੇਨ ਗਲੀ ਹਜ਼ੂਰਾ ਕਪੂਰਾ ਕਾਲੋਨੀ, ਬਠਿੰਡਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਪੰਜਾਬ-151001 | 16-01-2026 ਬਠਿੰਡਾ, ਪੰਜਾਬ ਵਿਖੇ; ਰੁਪਏ 94,46,697/- (ਚੁਰਨਵੇਂ ਲੱਖ ਛਿਆਲੀ ਹਜ਼ਾਰ ਛੇ ਸੌ ਸਤੰਨਵੇਂ ਰੁਪਏ ਕੇਵਲ) | 06-01-2026 ਬਠਿੰਡਾ, ਪੰਜਾਬ |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ ਖਸਰਾ ਨੰ: 1978/16(0-6) ਪਤਾ # ਐੱਮ ਸੀ ਬੀ-ਜ਼ੈਡ-5-07133, ਮੇਨ ਗਲੀ ਹਜ਼ੂਰਾ ਕਪੂਰਾ ਕਾਲੋਨੀ, ਬਠਿੰਡਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਪੰਜਾਬ-151001 ਸ੍ਰੀ ਗੌਰਵ ਗਰਗ ਪੁੱਤਰ ਸ੍ਰੀ ਰਤਨ ਲਾਲ ਗਰਗ ਦੇ ਨਾਂਅ ਰਜਿਸਟਰਡ ਬੈਨਾਮਾ ਨੰ: 3723 ਮਿਤੀ 12.07.2018 ਬੈਨਾਮਾ ਅਨੁਸਾਰ ਹੱਦਬੰਦੀ ਪੂਰਬ : ਖਾਲੀ ਪਲਾਟ, ਪੱਛਮ : ਪਵਨ ਕੁਮਾਰ ਦਾ ਮਕਾਨ ਉੱਤਰ : ਮਨਤਾ ਦਾ ਮਕਾਨ, ਦੱਖਣ : ਗਲੀ ਸਮੁੱਚਾ ਰਿਹਾਇਸ਼ੀ ਜਾਇਦਾਦ ਦਾ ਅਟੁੱਟ ਹਿੱਸਾ ਰਕਬਾ 64 ਵਰਗ ਗਜ਼ ਪਤਾ 5888, ਗਨੇਸ਼ਾ ਬਸਤੀ, ਗਾਂਧੀ ਨਗਰੀ ਅਹਾਤੇ ਲਹਿਰੇ ਵਾਲੀ ਗਲੀ, ਬਠਿੰਡਾ, ਤਹਿ. ਤੇ ਜ਼ਿਲ੍ਹਾ ਬਠਿੰਡਾ ਪੰਜਾਬ- 151001, ਗੌਰਵ ਗਰਗ ਪੁੱਤਰ ਰਤਨ ਲਾਲ ਗਰਗ ਦੇ ਨਾਂਅ ਰਜਿਸਟਰਡ ਬੈਨਾਮਾ ਨੰ: 6450 ਮਿਤੀ 09.12.2020 ਬੈਨਾਮਾ ਅਨੁਸਾਰ ਹੱਦਬੰਦੀ ਪੂਰਬ : ਗਲੀ, ਪੱਛਮ : ਰਤਨ ਸਿੰਘ ਦਾ ਮਕਾਨ ਉੱਤਰ : ਇੰਦਰ ਸੈਨ ਦਾ ਮਕਾਨ, ਦੱਖਣ : ਵਿਜੇ ਦਾ ਮਕਾਨ। | | |
| 2. | ਮੈਸਰਜ਼ ਕਾਰਤੀ ਇੰਜੀਨੀਅਰਿੰਗ ਵਰਕਸ ਰਾਹੀਂ ਇਸ ਦੇ ਮਾਲਕ ਸ੍ਰੀ ਸਰਬਜੀਤ ਸਿੰਘ ਸੰਗਰੂਰ ਰੋਡ, ਸੁਨਾਮ ਸੰਗਰੂਰ-148028 ਸ੍ਰੀ ਸਰਬਜੀਤ ਸਿੰਘ ਪੁੱਤਰ ਸ੍ਰੀ ਜਸਵੰਤ ਸਿੰਘ ਵਾਰਡ ਨੰ: 12, ਸਿਨੇਮਾ ਰੋਡ ਸੁਨਾਮ ਸੰਗਰੂਰ - 148028 | 18 ਅਗਸਤ 2025; ਰੁਪਏ 2,03,36,195,98/- (ਦੋ ਕਰੋੜ ਤਿੰਨ ਲੱਖ ਛੱਤੀ ਹਜ਼ਾਰ ਇਕ ਸੌ ਪਚੰਵੇਂ ਰੁਪਏ ਅਠਾਨਵੇਂ ਪੈਸੇ ਕੇਵਲ) ਰੁਪਏ 5,40,323/- (ਪੰਜ ਲੱਖ ਚਾਲੀ ਹਜ਼ਾਰ ਤਿੰਨ ਸੌ ਤੇਈ ਰੁਪਏ) | 15.01.2026 ਸੁਨਾਮ ਵਿਖੇ |
| | ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ ਰਕਬਾ 6 ਕਨਾਲ 1-2/3 ਮਰਲਾ ਵਿਚੋਂ ਕੁੱਲ ਜ਼ਮੀਨ ਰਕਬਾ 10 ਕਨਾਲ 6 ਮਰਲਾ ਹਿੱਸਾ 121-2/3/206 ਜੋ ਕਿ 6 ਕਨਾਲ 1-2/3 ਮਰਲਾ ਹੇਠਾਂ ਦਿੱਤੇ ਵੇਰਵੇ ਅਨੁਸਾਰ ਸਮੁੱਚਾ ਜਾਇਦਾਦ ਦਾ ਅਟੁੱਟ ਹਿੱਸਾ ਰਕਬਾ 3 ਕਨਾਲ 9 ਮਰਲਾ ਖੇਵਟ ਖਾਤਾ ਨੰ: 1046/1872 ਕਿੱਲਾ ਨੰ: 142//21(7-10) 142//22/1/1 (2-15) 142//22/2/1 (0-1) ਕੁੱਲ 10 ਕਨਾਲ 6 ਮਰਲਾ ਵਿਚੋਂ ਇਕ ਤਿਹਾਈ ਹਿੱਸਾ ਜੋ ਕਿ 3 ਕਨਾਲ 9 ਮਰਲਾ ਵਸੀਕਾ ਨੰ: 935 ਮਿਤੀ 13.05.2004 ਪਤਾ ਸੁਨਾਮ ਬੀ ਤਹਿਸੀਲ ਸੁਨਾਮ ਊਧਮ ਸਿੰਘ ਵਾਲਾ ਜ਼ਿਲ੍ਹਾ ਸੰਗਰੂਰ ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ ਰਕਬਾ 2 ਕਨਾਲ 12-2/3 ਖੇਵਟ ਨੰ: 1571/1482 ਖਤੌਨੀ ਨੰ: 2451 ਮੁਸਤੀਲ ਤੇ ਕਿੱਲਾ ਨੰ: 142 //21 (7-10) 142//22/1/1 (2-15) 142//22/2/1 (0-1) ਕਿੱਤੇ 3 ਕੁਲ ਜ਼ਮੀਨ ਰਕਬਾ 10 ਕਨਾਲ 6 ਮਰਲਾ ਵਿਚੋਂ ਹਿੱਸਾ 52-2/3/206 ਜੋ 2 ਕਨਾਲ 12-2/3 ਬੈਨਾਮਾ ਨੰ. 2019-20/123/1/2672 ਮਿਤੀ 18.12.2019 ਪਤਾ ਸੁਨਾਮ ਬੀ ਤਹਿਸੀਲ ਸੁਨਾਮ ਊਧਮ ਸਿੰਘ ਵਾਲਾ ਜ਼ਿਲ੍ਹਾ ਸੰਗਰੂਰ। | | |

ਮਿਤੀ : 19.01.2026, ਸਥਾਨ : ਪੰਜਾਬ ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮ:

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

20-Jan-PAGE--8.qxd 1/19/2026 10:42 PM Page 1



# ਸੀਵਰ ਸੈਕਸ਼ਨ-ਕਮ-ਜੈਟਿੰਗ ਮਸ਼ੀਨ ਚਿੱਟਾ ਹਾਥੀ ਸਾਬਤ




**ਫ਼ਿਲੌਰ, (ਨਿਰਮਲ)**
ਨਗਰ ਕੌਂਸਲ ਫ਼ਿਲੌਰ ਵੱਲੋਂ ਕਰੀਬ 52-53 ਲੱਖ ਰੁਪਏ ਦੀ ਲਾਗਤ ਨਾਲ ਖਰੀਦੀ ਗਈ ਸੀਵਰ ਸਕਸ਼ਨ ਕਮ ਜੈਟਿੰਗ ਮਸ਼ੀਨ ਅੱਜ ਤੱਕ ਸ਼ਹਿਰ ਵਾਸੀਆਂ ਲਈ ਕਿਸੇ ਕੰਮ ਦੀ ਸਾਬਤ ਨਹੀਂ ਹੋਈ। ਇਹ ਮਹਿੰਗੀ ਮਸ਼ੀਨ ਸਿਰਫ਼ ਚਿੱਟਾ ਹਾਥੀ ਬਣ ਕੇ ਰਹਿ ਗਈ ਹੈ। ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਡਾ. ਅਸ਼ਵਨੀ ਕੁਮਾਰ ਆਸ਼ੂ, ਸਾਬਕਾ ਉਪ-ਪ੍ਰਧਾਨ ਨਗਰ ਕੌਂਸਲ ਫ਼ਿਲੌਰ ਨੇ ਕਿਹਾ ਕਿ ਸ਼ਹਿਰ ਵਿੱਚ ਆਖਰੀ ਵਾਰ ਸਾਲ 2006 ਵਿੱਚ ਮਸ਼ੀਨ ਰਾਹੀਂ ਸੀਵਰੇਜ ਦੀ ਢੰਗ ਨਾਲ ਸਫ਼ਾਈ ਕੀਤੀ ਗਈ ਸੀ। ਉਸ ਤੋਂ ਬਾਅਦ ਅੱਜ ਤੱਕ ਨਾਲਿਆਂ ਦੀ ਨਿਯਮਤ ਤੇ ਵਿਗਿਆਨਕ ਤਰੀਕੇ ਨਾਲ ਸਫ਼ਾਈ ਨਹੀਂ ਹੋ ਸਕੀ। ਉਨ੍ਹਾਂ ਕਿਹਾ ਕਿ ਹੈਰਾਨੀਜਨਕ ਗੱਲ ਇਹ ਹੈ ਕਿ ਅੱਜ ਵੀ ਸੀਵਰੇਜ ਬੋਰਡ ਦੇ ਸਫ਼ਾਈ ਕਰਮਚਾਰੀ ਨਾਲਿਆਂ ਦੀ ਸਫ਼ਾਈ ਲਈ ਬਾਲਟੀਆਂ ਅਤੇ ਬਾਂਸਾਂ ਦੀ ਵਰਤੋਂ ਕਰਨ ਲਈ ਮਜਬੂਰ ਹਨ। ਇਸ ਤਰੀਕੇ ਨਾਲ ਸੀਵਰੇਜ ਅਸਥਾਈ ਤੌਰ 'ਤੇ ਸਾਫ਼ ਤਾਂ ਹੋ ਜਾਂਦਾ ਹੈ, ਪਰ ਅਸਲ ਸਮੱਸਿਆ ਜਿਉਂ ਦੀ ਤਿਉਂ ਬਣੀ ਰਹਿੰਦੀ ਹੈ, ਜਿਸ ਦਾ ਸਿੱਧਾ ਨੁਕਸਾਨ ਬਰਸਾਤਾਂ ਦੇ ਮੌਸਮ ਦੌਰਾਨ ਪਾਣੀ ਖੜ੍ਹਾ ਹੋਣ ਰੂਪ ਵਿੱਚ ਸਾਹਮਣੇ ਆਉਂਦਾ ਹੈ। ਡਾ. ਆਸ਼ੂ ਨੇ ਦੱਸਿਆ ਕਿ ਇਸ ਸਮੱਸਿਆ ਦਾ ਸਭ ਤੋਂ ਵੱਧ ਖਮਿਆਜ਼ਾ ਕਿਲ੍ਹਾ ਰੋਡ ਦੇ ਨਿਵਾਸੀਆਂ ਨੂੰ ਭੁਗਤਣਾ ਪੈਂਦਾ ਹੈ, ਪਰ ਹਕੀਕਤ ਵਿੱਚ ਇਹ ਮੁੱਦਾ ਪੂਰੇ ਫ਼ਿਲੌਰ ਸ਼ਹਿਰ ਨਾਲ ਸੰਬੰਧਿਤ ਹੈ।ਉਨ੍ਹਾਂ ਅੱਗੇ ਕਿਹਾ ਕਿ ਨਗਰ ਕੌਂਸਲ ਵੱਲੋਂ ਅਜੇ ਤੱਕ ਸੀਵਰ ਸਕਸ਼ਨ ਕਮ ਜੈਟਿੰਗ ਮਸ਼ੀਨ ਦੀ ਚਾਬੀ ਸੀਵਰੇਜ ਵਿਭਾਗ ਨੂੰ ਹਵਾਲੇ ਨਹੀਂ ਕੀਤੀ ਗਈ ਅਤੇ ਨਾ ਹੀ ਮਸ਼ੀਨ ਚਲਾਉਣ ਲਈ ਕੋਈ ਸਥਾਈ ਡਰਾਈਵਰ ਨਿਯੁਕਤ ਕੀਤਾ ਗਿਆ ਹੈ। ਜਦੋਂ ਵੀ ਮਸ਼ੀਨ ਚਲਾਉਣ ਦੀ ਲੋੜ ਪੈਂਦੀ ਹੈ ਤਾਂ ਜ਼ਿਕਰਯੋਗ ਹੈ ਕਿ ਡਰਾਈਵਰ ਜ਼ਿਲ੍ਹਾ ਕਪੂਰਥਲਾ ਦੇ ਫਗਵਾੜਾ ਤੋਂ ਬੁਲਾਇਆ ਜਾਂਦਾ ਹੈ, ਜਿਸ ਲਈ ਵੱਖਰੇ ਤੌਰ 'ਤੇ ਭੁਗਤਾਨ ਕਰਨਾ ਪੈਂਦਾ ਹੈ। ਇਹ ਸਿੱਧੀ ਤਰ੍ਹਾਂ ਜਨਤਾ ਦੇ ਪੈਸੇ ਦੀ ਬਰਬਾਦੀ ਹੈ। ਡਾ. ਅਸ਼ਵਨੀ ਕੁਮਾਰ ਆਸ਼ੂ ਨੇ ਮੰਗ ਕੀਤੀ ਕਿ ਤੁਰੰਤ ਪ੍ਰਭਾਵ ਨਾਲ ਸੀਵਰ ਸਕਸ਼ਨ ਕਮ ਜੈਟਿੰਗ ਮਸ਼ੀਨ ਨੂੰ ਪੂਰੀ ਤਰ੍ਹਾਂ ਚਾਲੂ ਕੀਤਾ ਜਾਵੇ, ਉਸਦੀ ਚਾਬੀ ਸੀਵਰੇਜ ਵਿਭਾਗ ਨੂੰ ਸੌਂਪੀ ਜਾਵੇ, ਫ਼ਿਲੌਰ ਲਈ ਸਥਾਈ ਡਰਾਈਵਰ ਨਿਯੁਕਤ ਕੀਤਾ ਜਾਵੇ ਅਤੇ ਸ਼ਹਿਰ ਦੇ ਸਾਰੇ ਨਾਂਲਿਆਂ ਦੀ ਮਸ਼ੀਨ ਰਾਹੀਂ ਨਿਯਮਤ ਸਫ਼ਾਈ ਯਕੀਨੀ ਬਣਾਈ ਜਾਵੇ।

# ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ



**ਬਲਾਚੌਰ, (ਜਸਵਿੰਦਰ ਬੈਂਸ)**-ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਖੇਤਰੀ ਟਰਾਂਸਪੋਰਟ ਦਫ਼ਤਰ ਵੱਲੋਂ ਟ੍ਰੈਫਿਕ ਪੁਲਿਸ ਦੇ ਸਹਿਯੋਗ ਨਾਲ ਸਕੂਲ ਆਫ ਐਮੀਨੈਂਸ ਮਹਿੰਦੀਪੁਰ ਵਿਖੇ ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਤੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਹ ਜਾਣਕਾਰੀ ਖੇਤਰੀ ਟਰਾਂਸਪੋਰਟ ਅਧਿਕਾਰੀ ਇੰਦਰਪਾਲ ਨੇ ਦਿੰਦਿਆਂ ਦੱਸਿਆ ਕਿ ਐੱਸ ਡੀ ਐੱਮ ਬਲਾਚੌਰ ਕ੍ਰਿਤਿਕਾ ਗੋਇਲ ਦੀ ਦੇਖ-ਰੇਖ ਹੇਠ ਜਿੱਥੇ ਆਟੋ ਰਿਕਸ਼ਾ ਯੂਨੀਅਨ ਵਿਖੇ ਡਰਾਈਵਰਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਸਬੰਧੀ ਜਾਗਰੂਕ ਕੀਤਾ ਗਿਆ ਹੈ, ਉੱਥੇ ਹੀ ਸਕੂਲ ਆਫ਼ ਐਮੀਨੈਂਸ ਮਹਿੰਦੀਪੁਰ ਵਿਖੇ ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾ ਕੇ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਗਿਆ ਹੈ।ਇਸ ਤੋਂ ਇਲਾਵਾ ਟ੍ਰੈਫਿਕ ਪੁਲਿਸ ਅਤੇ ਖੇਤਰੀ ਟਰਾਂਸਪੋਰਟ ਦਫ਼ਤਰ ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਬਲਾਚੌਰ ਦੇ ਸਹਿਯੋਗ ਨਾਲ ਲਗਾਏ ਗਏ ਟ੍ਰੈਫਿਕ ਜਾਗਰੂਕਤਾ ਕੈਂਪ ਵਿੱਚ ਉੱਪ ਮੰਡਲ ਮੈਜਿਸਟਰੇਟ ਬਲਾਚੌਰ ਕ੍ਰਿਤਿਕਾ ਗੋਇਲ ਵੱਲੋਂ ਸ਼ਿਰਕਤ ਕੀਤੀ ਗਈ ਤੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਲਈ ਜਾਗਰੂਕ ਕੀਤਾ ਗਿਆ।ਐੱਸ ਡੀ ਐੱਮ ਕ੍ਰਿਤਿਕਾ ਗੋਇਲ ਨੇ ਕਿਹਾ ਕਿ 1 ਜਨਵਰੀ ਤੋਂ 31 ਜਨਵਰੀ ਤੱਕ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੌਰਾਨ ਸਬ ਡਿਵੀਜ਼ਨ ਅੰਦਰ ਵੱਖ-ਵੱਖ ਗਤੀਵਿਧੀਆਂ ਕਰਵਾ ਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਦੋਪਹੀਆ ਵਾਹਨ ਜੋ ਵੀ ਸੜਕ 'ਤੇ ਚੱਲਦੇ ਹਨ, ਉਹ ਹੈਲਮੇਟ ਦੀ ਵਰਤੋਂ ਨੂੰ ਯਕੀਨੀ ਬਣਾਉਣ ਤਾਂ ਜੋ ਦੁਰਘਟਨਾ ਹੋਣ 'ਤੇ ਵੱਡਮੁੱਲੀ ਜਾਨ ਬੱਚ ਸਕੇ।ਖੇਤਰੀ ਟਰਾਂਸਪੋਰਟ ਅਧਿਕਾਰੀ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਜ਼ਿਲ੍ਹੇ ਅੰਦਰ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੌਰਾਨ ਵੱਖ-ਵੱਖ ਗਤੀਵਿਧੀਆਂ ਕਰਵਾ ਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਬੀਤੇ ਦਿਨੀ ਇਸੇ ਮੁਹਿੰਮ ਤਹਿਤ ਬੱਸ ਸਟੈਂਡ ਨਵਾਂਸ਼ਹਿਰ ਵਿਖੇ ਟੈਕਸੀ ਡਰਾਈਵਰਾਂ ਤੇ ਪਨਬੱਸ ਰੋਡਵੇਜ਼ ਦੇ ਡਰਾਈਵਰਾਂ ਦੀ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ ਸੀ, ਜਿਥੇ ਮਾਹਿਰ ਡਾਕਟਰ ਵੱਲੋਂ ਡਰਾਈਵਰਾਂ ਦੀ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਅੱਖਾਂ ਦੀ ਨਜ਼ਰ ਦੀ ਮਹੱਤਤਾ ਤੋਂ ਜਾਣੂੰ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਗਤੀਵਿਧੀਆਂ ਕਰਵਾ ਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਤੋਂ ਜਾਣੂ ਕਰਵਾਇਆ ਜਾਵੇਗਾ।

# ਸੜਕ ਹਾਦਸੇ 'ਚ ਦੋ ਗੰਭੀਰ ਜ਼ਖ਼ਮੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**
ਡੇਰਾਬੱਸੀ ਤਹਿਸੀਲ ਕੰਪਲੈਕਸ ਦੇ ਬਾਹਰ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਤਹਿਸੀਲ ਵਿੱਚ ਬਤੌਰ ਨੌਕਰੀ ਕੰਮ ਕਰਦੀਆਂ ਦੋ ਮਹਿਲਾਵਾਂ, ਬਬੀਤਾ ਗਾਂਧੀ ਅਤੇ ਪ੍ਰਤਿਭਾ, ਇੱਕ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਗਈਆਂ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਦੋਵੇਂ ਮਹਿਲਾਵਾਂ ਦੁਪਹਿਰ ਦੇ ਸਮੇਂ ਰੋਜ਼ਾਨਾ ਵਾਂਗ ਲੰਚ ਕਰਨ ਲਈ ਬਾਹਰ ਜਾ ਰਹੀਆਂ ਸਨ। ਰਸਤੇ ਵਿੱਚ ਇੱਕ ਤੇਜ਼ ਰਫ਼ਤਾਰ ਬੜੇ ਟਿੱਪਰ ਟਰੱਕ ਨਾਲ ਉਨ੍ਹਾਂ ਦੀ ਟੱਕਰ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਉਹ ਟਰੱਕ ਦੇ ਪਿਛਲੇ ਟਾਇਰ ਦੀ ਲਪੇਟ ਵਿੱਚ ਆ ਕੇ ਸੜਕ 'ਤੇ ਡਿੱਗ ਗਈਆਂ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਮਹਿਲਾਵਾਂ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈਆਂ। ?ਹਾਦਸੇ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਲੋਕਾਂ ਨੇ ਦੋਵਾਂ ਨੂੰ ਸੰਭਾਲਿਆ ਤੇ ਨਜ਼ਦੀਕੀ ਹਸਪਤਾਲ ਪਹੁੰਚਾਇਆ।ਦੱਸਿਆ ਜਾ ਰਿਹਾ ਹੈ ਕਿ ਬਬੀਤਾ ਗਾਂਧੀ ਅਤੇ ਪ੍ਰਤਿਭਾ ਦੋਵਾਂ ਦੀ ਹਾਲਤ ਬੇਹੱਦ ਗੰਭੀਰ ਬਣੀ ਹੋਈ ਹੈ ਤੇ ਉਹ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ। ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਟਿੱਪਰ ਚਾਲਕ ਖ਼ਿਲਾਫ਼ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।




# ਏ ਡੀ ਸੀ ਵੱਲੋਂ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਦੀ ਸਮੀਖਿਆ



**ਮੋਹਾਲੀ, (ਗੁਰਜੀਤ ਬਿੱਲਾ)**
77ਵੇਂ ਗਣਤੰਤਰ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਰੋਹ ਦੀਆਂ ਤਿਆਰੀਆਂ ਦੀ ਸਮੀਖਿਆ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਗੀਤਿਕਾ ਸਿੰਘ ਨੇ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ, ਫੇਜ਼-6, ਮੋਹਾਲੀ ਵਿਖੇ ਹੋਣ ਵਾਲੇ ਸਮਾਗਮ ਸਬੰਧੀ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਮੀਟਿੰਗ ਕੀਤੀ।ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਕੀਤੀਆਂ ਜਾ ਰਹੀਆਂ ਤਿਆਰੀਆਂ ਦੀ ਜਾਣਕਾਰੀ ਲੈਂਦਿਆਂ ਏ ਡੀ ਸੀ ਨੇ ਕਿਹਾ ਕਿ ਸਾਰੀਆਂ ਲੋੜੀਂਦੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕੀਤੀਆਂ ਜਾਣ ਤਾਂ ਜੋ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਸ਼ਾਨੋ-ਸ਼ੌਕਤ ਅਤੇ ਸੁਚੱਜੇ ਢੰਗ ਨਾਲ ਮਨਾਇਆ ਜਾ ਸਕੇ।ਉਨ੍ਹਾਂ ਮਿਊਂਸਿਪਲ ਕਾਰਪੋਰੇਸ਼ਨ ਮੋਹਾਲੀ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਰਾਊਂਡ ਅਤੇ ਉਸ ਦੇ ਆਲੇ-ਦੁਆਲੇ ਪੂਰੀ ਤਰ੍ਹਾਂ ਸਫ਼ਾਈ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ (ਪੀ ਡਬਲਿਊ ਡੀ) ਨੂੰ ਸਟੇਡੀਅਮ ਅਤੇ ਸਟੇਜ ਦੀ ਢੰਗ ਨਾਲ ਸੰਭਾਲ ਅਤੇ ਮੁਰੰਮਤ ਕਰਨ ਲਈ ਕਿਹਾ ਗਿਆ।ਏ ਡੀ ਸੀ ਨੇ ਸਿਹਤ ਵਿਭਾਗ ਨੂੰ 21 ਜਨਵਰੀ ਤੋਂ ਸ਼ੁਰੂ ਹੋ ਰਹੀਆਂ ਰਿਹਰਸਲਾਂ ਦੌਰਾਨ ਮੈਡੀਕਲ ਟੀਮਾਂ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ। ਪੁਲਸ ਵਿਭਾਗ ਨੂੰ ਮਾਰਚ ਪਾਸਟ ਦੀ ਪੂਰੀ ਤਿਆਰੀ ਕਰਨ ਅਤੇ ਸੁਰੱਖਿਆ ਪ੍ਰਬੰਧ ਮਜ਼ਬੂਤ ਰੱਖਣ ਲਈ ਕਿਹਾ ਗਿਆ।ਉਨ੍ਹਾਂ ਸਿੱਖਿਆ ਵਿਭਾਗ ਨੂੰ ਹਰ ਪੱਖੋਂ ਸੱਭਿਆਚਾਰਕ ਅਤੇ ਦੇਸ਼ਭਗਤੀ ਭਰਪੂਰ ਸੱਭਿਆਚਾਰਕ ਕਾਰਜਕ੍ਰਮ ਤਿਆਰ ਕਰਨ ਦੀ ਹਦਾਇਤ ਦਿੱਤੀ। ਇਸ ਦੇ ਨਾਲ ਹੀ ਵੱਖ-ਵੱਖ ਵਿਭਾਗਾਂ ਨੂੰ ਰਾਜ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਫਲੈਗਸ਼ਿਪ ਸਕੀਮਾਂ ਨੂੰ ਦਰਸਾਉਂਦੀਆਂ ਝਾਂਕੀਆਂ ਤਿਆਰ ਕਰਨ ਲਈ ਕਿਹਾ ਗਿਆ।ਗਣਤੰਤਰ ਦਿਵਸ ਸਮਾਰੋਹ ਦੌਰਾਨ ਮਾਰਚ ਪਾਸਟ, ਵਿਭਾਗੀ ਝਾਂਕੀਆਂ, ਯੋਗਾ ਪ੍ਰਦਰਸ਼ਨ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਜਾਣਗੇ।

# ਕੈਬਨਿਟ ਮੰਤਰੀ ਵੱਲੋਂ ਲੋੜਵੰਦ ਪਰਵਾਰਾਂ ਨੂੰ ਵਿੱਤੀ ਸਹਾਇਤਾ ਦਿੱਤੀ



**ਹੁਸ਼ਿਆਰਪੁਰ, (ਓ ਪੀ ਰਾਣਾ )**
ਪੰਜਾਬ ਸਰਕਾਰ ਦੇ ਲੋਕ ਭਲਾਈ ਏਜੰਡੇ ਨੂੰ ਅੱਗੇ ਵਧਾਉਂਦੇ ਹੋਏ ਕਸਬਾ ਹਰਿਆਣਾ ਵਿੱਚ 67 ਲੋੜਵੰਦ ਪਰਿਵਾਰਾਂ ਨੂੰ ਉਨ੍ਹਾਂ ਦੇ ਪੱਕੇ ਘਰਾਂ ਦੀ ਉਸਾਰੀ ਲਈ 1 ਕਰੋੜ 67 ਲੱਖ 50 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ। ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਲਾਭਪਾਤਰੀਆਂ ਨੂੰ ਸਹਾਇਤਾ ਰਾਸ਼ੀ ਦੇ ਪ੍ਰਵਾਨਗੀ ਪੱਤਰ ਸੌਂਪੇ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਸਪੱਸ਼ਟ ਉਦੇਸ਼ ਹੈ ਕਿ ਸੂਬੇ ਦਾ ਕੋਈ ਵੀ ਨਾਗਰਿਕ ਛੱਤ ਤੋਂ ਬਿਨਾਂ ਨਾ ਰਹੇ। ਉਨ੍ਹਾਂ ਕਿਹਾ ਕਿ ਹਰੇਕ ਲੋੜਵੰਦ ਪਰਿਵਾਰ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਰਿਹਾਇਸ਼ ਪ੍ਰਦਾਨ ਕਰਨਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇਕ ਹੈ। ਉਨ੍ਹਾਂ ਕਿਹਾ ਕਿ ਇਹ ਸਹਾਇਤਾ ਸਿਰਫ਼ ਵਿੱਤੀ ਸਹਾਇਤਾ ਹੀ ਨਹੀਂ ਹੈ, ਸਗੋਂ ਗਰੀਬ ਅਤੇ ਵਾਂਝੇ ਵਰਗਾਂ ਦੇ ਜੀਵਨ ਵਿੱਚ ਸਥਿਰਤਾ, ਸੁਰੱਖਿਆ ਅਤੇ ਸਵੈ-ਮਾਣ ਲਿਆਉਣ ਵੱਲ ਇਕ ਮਜ਼ਬੂਤ ਕਦਮ ਵੀ ਹੈ। ਇਸ ਮੌਕੇ ਸਥਾਨਕ ਪ੍ਰਸ਼ਾਸਨਿਕ ਅਧਿਕਾਰੀ, ਜਨ ਪ੍ਰਤੀਨਿਧੀ ਅਤੇ ਵੱਡੀ ਗਿਣਤੀ ਵਿੱਚ ਲਾਭਪਾਤਰੀ ਪਰਿਵਾਰ ਮੌਜੂਦ ਸਨ, ਜਿਨ੍ਹਾਂ ਨੇ ਸਰਕਾਰ ਦਾ ਧੰਨਵਾਦ ਕੀਤਾ।

# ਲੱਕੀ ਸਰਵਟਾ ਨੇ ਲੋਕਲ ਬਾਡੀਜ਼ ਮੰਤਰੀ ਨੂੰ ਵਿਕਾਸ ਨਾਲ ਜੁੜੇ ਮੁੱਦਿਆਂ ਸੰਬੰਧੀ ਕਰਵਾਇਆ ਜਾਣੂ

**ਫਗਵਾੜਾ (ਡਾ. ਰਮਨ)**-ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਦੇ ਪੰਜਾਬ ਪ੍ਰਚਾਰ ਸਕੱਤਰ ਲੱਕੀ ਸਰਵਟਾ ਨੇ ਲੁਧਿਆਣਾ ਦੇ ਵਿਧਾਇਕ ਸੰਜੀਵ ਅਰੋੜਾ ਨਾਲ ਮੁਲਾਕਾਤ ਕੀਤੀ ਤੇ ਉਹਨਾਂ ਨੂੰ ਸਥਾਨਕ ਸਰਕਾਰਾਂ ਵਿਭਾਗ ਦੇ ਕੈਬਿਨੇਟ ਮੰਤਰੀ ਬਣਨ ਲਈ ਸ਼ੁੱਭ ਇੱਛਾਵਾਂ ਦਿੱਤੀਆਂ। ਲੱਕੀ ਸਰਵਟਾ ਦੇ ਨਾਲ ਭਾਵਾਧਸ ਦੇ ਮੁੱਖ ਪ੍ਰਚਾਰ ਮੰਤਰੀ ਅਸ਼ਵਨੀ ਭੀਲ ਤੇ ਪ੍ਰਚਾਰ ਮੰਤਰੀ ਸੁਰਿੰਦਰ ਆਦਿਵਾਸੀ ਵੀ ਉਚੇਰੇ ਤੌਰ 'ਤੇ ਮੌਜੂਦ ਸਨ। ਲੱਕੀ ਸਰਵਟਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੰਜੀਵ ਅਰੋੜਾ ਨੂੰ ਸਥਾਨਕ ਸਰਕਾਰਾਂ ਵਿਭਾਗ ਦੀ ਜ਼ਿੰਮੇਵਾਰੀ ਸੌਂਪਣਾ ਸੁਆਗਤਯੋਗ ਅਤੇ ਦੂਰਅੰਦੇਸ਼ੀ ਭਰਿਆ ਫੈਸਲਾ ਹੈ। ਸੰਜੀਵ ਅਰੋੜਾ ਵਰਗੇ ਸਾਫ਼-ਸੁਥਰੇ ਅਤੇ ਵਿਕਾਸ ਪ੍ਰਤੀ ਵਚਨਬੱਧ ਨੇਤਾ ਦੀ ਅਗਵਾਈ ਹੇਠ ਲੋਕਲ ਬਾਡੀ ਵਿਭਾਗ ਨਵੀਆਂ ਉਚਾਈਆਂ ਛੂਹੇਗਾ। ਲੱਕੀ ਸਰਵਟਾ ਨੇ ਆਸ ਜ਼ਾਹਿਰ ਕੀਤੀ ਕਿ ਉਨ੍ਹਾਂ ਦੀ ਅਗਵਾਈ ਵਿੱਚ ਸ਼ਹਿਰੀ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ ਤੇ ਕਾਰਪੋਰੇਸ਼ਨ ਦੇ ਸਫਾਈ ਸੇਵਕਾਂ ਦੀਆਂ ਸਮੱਸਿਆਵਾਂ ਦਾ ਢੁਕਵਾਂ ਹੱਲ ਹੋਵੇਗਾ। ਲੱਕੀ ਸਰਵਟਾ ਅਨੁਸਾਰ ਨਵ ਨਿਯੁਕਤ ਲੋਕਲ ਬਾਡੀ ਮੰਤਰੀ ਸੰਜੀਵ ਅਰੋੜਾ ਨੇ ਭਰੋਸਾ ਦਿਵਾਇਆ ਹੈ ਕਿ ਫਗਵਾੜਾ ਸਮੇਤ ਸਾਰੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਸਫ਼ਾਈ ਪ੍ਰਬੰਧ, ਸੀਵਰੇਜ, ਸੜਕਾਂ ਅਤੇ ਨਾਗਰਿਕ ਸਹੂਲਤਾਂ ਨੂੰ ਪਹਿਲ ਦੇ ਅਧਾਰ 'ਤੇ ਸੁਧਾਰਿਆ ਜਾਵੇਗਾ। ਇਸ ਦੇ ਨਾਲ ਹੀ ਕਾਰਪੋਰੇਸ਼ਨਾਂ ਦੇ ਕਰਮਚਾਰੀਆਂ ਨੂੰ ਵਧੀਆ ਸਹੂਲਤਾਂ ਅਤੇ ਡਿਊਟੀ ਦੌਰਾਨ ਸੁਰੱਖਿਆ ਨਾਲ ਜੁੜੇ ਮੁੱਦਿਆਂ ਨੂੰ ਵੀ ਹਲ ਕੀਤਾ ਜਾਵੇਗਾ। ਲੋਕਲ ਬਾਡੀ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰੀ ਵਿਕਾਸ ਲਈ ਵਚਨਬੱਧ ਹੈ ਅਤੇ ਹਰ ਸ਼ਹਿਰ ਨੂੰ ਸੁਚੱਜਾ, ਸਾਫ਼ ਅਤੇ ਵਿਕਸਿਤ ਬਣਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ।



# ਨੌਜਵਾਨ ਦੀ ਹੱਤਿਆ ਦੇ ਮਾਮਲੇ 'ਚ ਫਰਾਰ ਦੋ ਮੁਲਜ਼ਮ ਪੁਲਸ ਮੁਕਾਬਲੇ ਦੌਰਾਨ ਜ਼ਖ਼ਮੀ

**ਆਦਮਪੁਰ (ਪਰਮਜੀਤ ਸਿੰਘ)**
ਪੁਲਸ ਨੇ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਬਾਹਰ ਹੋਈ ਨੌਜਵਾਨ ਦੀ ਹੱਤਿਆ ਦੇ ਮਾਮਲੇ 'ਚ ਫਰਾਰ ਚੱਲ ਰਹੇ ਦੋਵਾਂ ਬਦਮਾਸ਼ਾਂ ਨੂੰ ਮੁਕਾਬਲੇ ਦੌਰਾਨ ਕਾਬੂ ਕਰ ਲਿਆ ਹੈ। ਇਹ ਮੁਕਾਬਲਾ ਡਰੋਲੀ ਕਲਾਂ ਦੇ ਨੇੜੇ ਹੋਇਆ। ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਦੋ ਦਿਨ ਪਹਿਲਾਂ ਯੂਨੀਵਰਸਿਟੀ ਦੇ ਬਾਹਰ ਪਿੰਡ ਸੰਦਰਾ ਸੋਢੀਆਂ ਬੁੱਲ੍ਹੇਵਾਲ ਦੇ ਰਹਿਣ ਵਾਲੇ 26 ਸਾਲਾ ਕੇਸਰ ਧਾਮੀ ਦੀ ਗੋਲੀਆਂ ਮਾਰ ਕੇ ਹੱਤਿਆ ਕਰਨ ਤੋਂ ਬਾਅਦ ਫਰਾਰ ਹੋਏ ਜੱਸਾ ਡਰੋਲੀ ਤੇ ਉਸ ਦਾ ਸਾਥੀ ਚੰਦਰ ਸ਼ੇਖਰ ਪੰਡਿਤ ਵਾਸੀ ਡਵਿਡਾ ਅਹਿਰਾਣਾ ਇਲਾਕੇ 'ਚ ਛੁਪਾਏ ਹੋਏ ਹਥਿਆਰ ਲੈਣ ਆ ਰਹੇ ਹਨ। ਇਸ ਸੂਚਨਾ 'ਤੇ ਪੁਲਸ ਨੇ ਡਰੋਲੀ ਕਲਾਂ 'ਚ ਟੈਪ ਲਾ ਕੇ ਨਾਕਾਬੰਦੀ ਕਰ ਦਿੱਤੀ। ਜਿਵੇਂ ਹੀ ਦੋਵੇਂ ਦੋਸ਼ੀ ਹਥਿਆਰ ਲੈ ਕੇ ਡਰੋਲੀ ਕਲਾਂ ਤੋਂ ਜਾਣ ਲੱਗੇ ਤਾਂ ਪੁਲਸ ਨੇ ਉਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ। ਇਸ 'ਤੇ ਮੁਲਜ਼ਮਾਂ ਨੇ ਪੁਲਸ ਦੀ ਗੱਡੀ ਅਤੇ ਪੁਲਸ ਕਰਮਚਾਰੀਆਂ 'ਤੇ 4 ਰੋਂਦ ਫਾਇਰ ਕਰ ਦਿੱਤੇ। ਪੁਲਸ ਵੱਲੋਂ ਕੀਤੀ ਗਈ ਜਵਾਬੀ ਕਾਰਵਾਈ ਦੌਰਾਨ ਦੋਵੇਂ ਮੁਲਜ਼ਮਾਂ ਦੀਆਂ ਲੱਤਾਂ 'ਤੇ ਗੋਲੀਆਂ ਲੱਗੀਆਂ, ਜਿਸ ਤੋਂ ਬਾਅਦ ਪੁਲਸ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ । ਸਾਰੀ ਕਾਰਵਾਈ ਡੀ. ਐੱਸ. ਪੀ. ਸਬ ਡਵੀਜ਼ਨ ਆਦਮਪੁਰ ਰਜੀਵ ਕੁਮਾਰ, ਇੰਦਰਜੀਤ ਸਿੰਘ ਸੈਣੀ ਡੀ. ਐੱਸ. ਪੀ. (ਤਫਤੀਸ਼), ਇੰਸਪੈਕਟਰ ਰਵਿੰਦਰ ਪਾਲ ਸਿੰਘ ਥਾਣਾ ਮੁੱਖੀ ਆਦਮਪੁਰ, ਪੁਸ਼ਪ ਬਾਲੀ ਇੰਚਾਰਜ ਸੀ. ਆਈ. ਏ. ਸਟਾਫ, ਇੰਸਪੈਕਟਰ ਨਿਰਮਲ ਸਿੰਘ ਵਿਸ਼ੇਸ਼ ਟੀਮਾਂ ਵੱਲੋਂ ਕੀਤੀ ਗਈ। ਪੁਲਸ ਨੇ ਦੋਵੇਂ ਮੁਲਜ਼ਮਾਂ ਕੋਲੋਂ ਵਾਰਦਾਤ ਵਿਚ ਵਰਤੇ ਗਏ 2 ਪਿਸਤੌਲ, 3 ਜ਼ਿੰਦਾ ਕਾਰਤੂਸ, 3 ਖਾਲੀ ਖੋਲ ਤੇ ਅਪਰਾਧ ਵਿੱਚ ਵਰਤਿਆ ਗਿਆ ਮੋਟਰਸਾਈਕਲ ਵੀ ਬਰਾਮਦ ਕੀਤੇ ਹਨ। ਜ਼ਖ਼ਮੀ ਦੋਸ਼ੀਆਂ ਨੂੰ ਇਲਾਜ ਲਈ ਆਦਮਪੁਰ ਦੇ ਸਿਵਲ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ।

# ਫੂਡ ਕਮਿਸ਼ਨ ਦੇ ਮੈਂਬਰ ਵੱਲੋਂ ਸਰਕਾਰੀ ਸਕੂਲਾਂ ਦਾ ਅਚਨਚੇਤ ਦੌਰਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** -ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਸੋਮਵਾਰ ਨੂੰ ਕਪੂਰਥਲਾ ਜ਼ਿਲ੍ਹੇ ਦੇ ਬਲਾਕ ਫਗਵਾੜਾ-2 ਅਧੀਨ ਪੈਂਦੇ ਪਿੰਡ ਨੰਗਲ ਮੱਝਾ ਵਿੱਚ ਸਰਕਾਰੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਅਚਾਨਕ ਨਿਰੀਖਣ ਕੀਤਾ। ਇਹ ਨਿਰੀਖਣ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ (ਐੱਨ ਐੱਫ ਐੱਸ ਏ) ਅਧੀਨ ਚਲਾਈਆਂ ਜਾ ਰਹੀਆਂ ਪੋਸ਼ਣ ਅਤੇ ਭੋਜਨ ਸੁਰੱਖਿਆ ਯੋਜਨਾਵਾਂ ਦੇ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦਾ ਮੁਲਾਂਕਣ ਕਰਨ ਲਈ ਕੀਤਾ ਗਿਆ ਸੀ।ਦੌਰੇ ਦੌਰਾਨ ਦੱਤ ਨੇ ਮਿਡ-ਡੇ ਮੀਲ ਦੀ ਗੁਣਵੱਤਾ, ਰਸੋਈਆਂ ਦੀ ਸਫਾਈ, ਭੋਜਨ ਸਪਲਾਈ ਦੇ ਭੰਡਾਰਨ ਅਤੇ ਸਮੁੱਚੇ ਸਫਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਮਿਡ-ਡੇ ਮੀਲ ਵਰਕਰਾਂ ਦੀ ਨਿਯਮਤ ਸਿਹਤ ਜਾਂਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਤੇ ਸਬੰਧਤ ਵਿਭਾਗਾਂ ਨੂੰ ਜ਼ਰੂਰੀ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਨੇ ਭੋਜਨ ਦੀ ਗੁਣਵੱਤਾ ਬਾਰੇ ਬੱਚਿਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨਾਲ ਭੋਜਨ ਸਾਂਝਾ ਕੀਤਾ। ਦੱਤ ਨੇ ਨਿਰਦੇਸ਼ ਦਿੱਤੇ ਕਿ ਸਾਰੇ ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀ ਗੁਣਵੱਤਾ ਦੀ ਨਿਯਮਤ ਤੌਰ 'ਤੇ ਜਾਂਚ ਕੀਤੀ ਜਾਵੇ ਤਾਂ ਜੋ ਬੱਚਿਆਂ ਲਈ ਸੁਰੱਖਿਅਤ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਅੱਗੇ ਹਦਾਇਤ ਕੀਤੀ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਸ਼ਿਕਾਇਤ/ਹੈਲਪਲਾਈਨ ਨੰਬਰ 9876764545 ਸਾਰੇ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ 'ਤੇ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕੀਤਾ ਜਾਵੇ ਤਾਂ ਜੋ ਲੋੜ ਪੈਣ 'ਤੇ ਲਾਭਪਾਤਰੀ ਆਸਾਨੀ ਨਾਲ ਸ਼ਿਕਾਇਤਾਂ ਦਰਜ ਕਰਵਾ ਸਕਣ।ਨਿਰੀਖਣ ਤੋਂ ਬਾਅਦ, ਸ਼੍ਰੀ ਦੱਤ ਨੇ ਕਿਹਾ ਕਿ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਭੋਜਨ ਸੁਰੱਖਿਆ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਗਲਤੀਆਂ ਲਈ ਦੋਸ਼ੀ ਪਾਏ ਜਾਣ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਗਣਤੰਤਰ ਦਿਵਸ ਸਮਾਰੋਹ ਸੰਬੰਧੀ ਰਿਹਰਸਲ ਕਰਵਾਈ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**
ਗਣਤੰਤਰ ਦਿਵਸ ਦੇ ਜ਼ਿਲ੍ਹਾ ਪੱਧਰੀ ਸਮਾਰੋਹ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਸਕੂਲ ਆਫ ਐਮੀਨੈਂਸ ਨੰਗਲ ਵਿਖੇ ਇੱਕ ਰਿਵਿਊ ਮੀਟਿੰਗ ਅਤੇ ਰਿਹਰਸਲ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦੀ ਅਗਵਾਈ ਐੱਸ ਡੀ ਐੱਮ ਨੰਗਲ ਸਚਿਨ ਪਾਠਕ ਨੇ ਕੀਤੀ। ਮੀਟਿੰਗ ਦੌਰਾਨ 26 ਜਨਵਰੀ ਨੂੰ ਹੋਣ ਵਾਲੇ ਗਣਤੰਤਰ ਦਿਵਸ ਸਮਾਰੋਹ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਐੱਸ ਡੀ ਐੱਮ ਸਚਿਨ ਪਾਠਕ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਰੋਹ ਦੌਰਾਨ ਸੁਰੱਖਿਆ, ਸਫ਼ਾਈ, ਟ੍ਰੈਫਿਕ ਪ੍ਰਬੰਧ, ਪੀਣ ਵਾਲੇ ਪਾਣੀ, ਮੈਡੀਕਲ ਸਹੂਲਤਾਂ ਅਤੇ ਸਟੇਜ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਗਣਤੰਤਰ ਦਿਵਸ ਸਾਡੀ ਲੋਕਤੰਤਰਿਕ ਪ੍ਰਣਾਲੀ ਦਾ ਪ੍ਰਤੀਕ ਹੈ।ਮੀਟਿੰਗ ਉਪਰੰਤ ਸਮਾਰੋਹ ਦੀ ਰਿਹਸਲ ਵੀ ਕਰਵਾਈ ਗਈ, ਜਿਸ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆ ਗਈਆਂ। ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ , ਆਪਰੇਸ਼ਨ ਸੰਧੂਰ ਦੀ ਝਲਕ ਵੀ ਵੇਖਣ ਨੂੰ ਮਿਲੀ। 21 ਜਨਵਰੀ ਨੂੰ ਰਿਹਸਲ ਅਤੇ 23 ਜਨਵਰੀ ਨੂੰ ਫੁੱਲ ਡਰੈਸ ਰਿਹਸਲ ਇਸੇ ਸਥਾਨ ਤੇ ਕਰਵਾਈ ਜਾਵੇਗੀ।ਇਸ ਮੌਕੇ ਪ੍ਰਿੰ. ਵਿਜੇ ਬੰਗਲਾ, ਸੁਧੀਰ ਕੁਮਾਰ, ਪ੍ਰੋ. ਜਗਪਾਲ ਸਿੰਘ, ਜੋਤੀ ਪ੍ਰਕਾਸ਼, ਸੁਨੀਤਾ ਦੇਵੀ, ਸੁਖਵਿੰਦਰ ਸਿੰਘ, ਗੁਰਮੁੱਖ ਸਿੰਘ, ਮੁਕੇਸ਼ ਸ਼ਰਮਾ, ਮਨਜੀਤ ਸਿੰਘ ਤੇ ਸਕੂਲਾਂ ਦੇ ਅਧਿਆਪਕ ਹਾਜ਼ਰ ਸਨ।



# ਬਿਨਾਂ ਲੇਟ ਫੀਸ ਵਿਦਿਆਰਥੀਆਂ ਦੇ ਦਾਖਲੇ 30 ਅਪ੍ਰੈਲ ਤੱਕ

**ਮੋਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸਾਲ 2026-27 ਲਈ ਪੰਜਾਬ ਓਪਨ ਸਕੂਲ ਦੀਆਂ ਮੈਟ੍ਰਿਕੁਲੇਸ਼ਨ ਤੇ ਸੀਨੀਅਰ ਸੈਕੰਡਰੀ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੇ ਦਾਖਲਿਆ ਲਈ ਸਰਕਾਰੀ ਗੈਰ ਸਰਕਾਰੀ, ਆਦਰਸ਼ ਸਕੂਲ ਮਾਨਤਾ ਪ੍ਰਾਪਤ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ ਸਕੂਲਾਂ ਨੂੰ ਨਵੀਂ ਐਕਰੀਡਿਟੇਸ਼ਨ ਦੇਣ/ਰੀਨਿਊ ਕਰਨ ਲਈ ਆਨ-ਲਾਈਨ ਫਾਰਮ ਭਰਨ ਲਈ ਨਿਰਧਾਰਤ ਸ਼ਡਿਊਲ ਅਨੁਸਾਰ ਬਿਨਾ ਲੇਟ ਫੀਸ ਮਿਤੀ 30-04-2026 ਤੱਕ ਅਤੇ ਜੁਰਮਾਨਾ ਫੀਸ 6700/- ਰੁ: ਨਾਲ ਮਿਤੀ 31-08-2026 ਤੱਕ ਹੈ। ਨਵੀਂ ਐਕਰੀਡਿਏਸ਼ਨ ਫੀਸ ਮੈਟ੍ਰਿਕ ਲਈ 3650/-ਰੁ: ਰੀਨਿਊਅਲ ਫੀਸ 1820/-ਰੁ: ਅਤੇ ਸੀਨੀਅਰ ਸੈਕੰਡਰੀ ਲਈ 4850/-ਰੁ: ਪਤੀ ਗਰੁੱਪ ਰੀਨੀਅਲ ਫੀਸ 1820/-ਰੁ: ਪ੍ਰਤੀ ਗਰੁੱਪ ਹੈ। ਸਰਕਾਰੀ ਅਤੇ ਬੋਰਡ ਦੇ ਆਦਰਸ਼ ਸਕੂਲਾਂ ਨੂੰ ਐਕਰੀਡਿਟੇਸ਼ਨ ਫੀਸ ਤੋਂ ਛੋਟ ਦਿੱਤੀ ਗਈ ਹੈ। ਐਕਰੀਡਿਟੇਸ਼ਨ ਕਰਨ ਲਈ ਆਨ ਲਾਈਨ ਫਾਰਮ ਸਕੂਲਾਂ ਦੀ ਲੋਗਇਨ ਆਈ ਡੀ ਤੇ ਓਪਨ ਸਕੂਲ ਪੋਰਟਲ ਤੇ ਉਪਲੱਬਧ ਹੈ। ਅਧਿਐਨ ਕੇਂਦਰਾ ਵੱਲੋਂ ਐਕਰੀਡਿਟੇਸ਼ਨ ਆਨ ਲਾਈਨ ਅਪਲਾਈ ਕਰਨ ਉਪਰੰਤ ਫਾਰਮ ਦੀ ਹਾਰਡ ਕਾਪੀ ਉੱਪ ਸਕੱਤਰ (ਅਕਾਦਮਿਕ), ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐੱਸ ਨਗਰ (ਮੋਹਾਲੀ) ਦੇ ਨਾਂਅ ਤੇ ਭੇਜੀ ਜਾਵੇ।

# 'ਪਿੰਡ ਦੇ ਪਹਿਰੇਦਾਰ' ਨੂੰ ਮਿਲ ਰਿਹਾ ਭਰਪੂਰ ਸਮਰਥਨ : ਚੰਨੀ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**
ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਸੰਗਠਨ ਇੰਚਾਰਜ ਤੇ ਓ.ਐਸ.ਡੀ / ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਚਰਨਜੀਤ ਸਿੰਘ ਚੰਨੀ ਵੱਲੋਂ ਪਿੰਡ ਨੈਣਵਾ ਵਿਖੇ ਨਸ਼ਿਆਂ ਦੇ ਮਾਹੌਲ ਤੋਂ ਦੂਰ ਰੱਖਣ ਲਈ ਨਸ਼ਾ ਵਿਰੋਧੀ ਮੁਹਿੰਮ ਦੇ ਦੂਜੇ ਪੜਾਅ ਦੀ ਪਿੰਡ ਦਾ ਪਹਿਰੇਦਾਰ ਜਾਗਰੂਕਤਾ ਯਾਤਰਾ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਨਸ਼ੇ ਪੰਜਾਬ ਦੇ ਭਵਿੱਖ ਲਈ ਸਭ ਤੋਂ ਵੱਡੀ ਚੁਣੌਤੀ ਹਨ ਅਤੇ ਇਸ ਨਾਲ ਨਜਿੱਠਣ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ। ਚਰਨਜੀਤ ਸਿੰਘ ਚੰਨੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨ ਦੇਸ਼ ਅਤੇ ਸੂਬੇ ਦੀ ਤਾਕਤ ਹਨ ਅਤੇ ਉਨ੍ਹਾਂ ਨੂੰ ਗਲਤ ਰਾਹਾਂ ਤੋਂ ਬਚਾ ਕੇ ਸਹੀ ਦਿਸ਼ਾ ਵੱਲ ਲਿਜਾਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਯੂਥ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਸਮਾਜ ਸੇਵਾ ਵੱਲ ਧਿਆਨ ਕੇਂਦਰਿਤ ਕੀਤਾ ਜਾਵੇ।ਇਸ ਮੌਕੇ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੀ ਵੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਨਾਲ ਹੀ ਨਸ਼ੇ ਦੀ ਲਤ ਦਾ ਸ਼ਿਕਾਰ ਲੋਕਾਂ ਦੇ ਇਲਾਜ ਅਤੇ ਪੁਨਰਵਾਸ ਲਈ ਵੀ ਕਈ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਪਿੰਡ ਨੈਣਵਾ ਅਤੇ ਨੇੜਲੇ ਪਿੰਡਾਂ ਦੇ ਨੌਜਵਾਨਾਂ, ਸਮਾਜਿਕ ਆਗੂਆਂ ਅਤੇ ਪਾਰਟੀ ਵਰਕਰਾਂ ਵੱਲੋਂ ਇਸ ਯਾਤਰਾ ਨੂੰ ਭਰਪੂਰ ਸਮਰਥਨ ਦਿੱਤਾ ਗਿਆ। ਲੋਕਾਂ ਨੇ ਭਰੋਸਾ ਦਿਵਾਇਆ ਕਿ ਉਹ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ। ਅੰਤ ਵਿੱਚ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਸ਼ੁਰੂਆਤ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਹਰ ਪਿੰਡ ਤੱਕ ਪਹੁੰਚ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਬਲਜਿੰਦਰ ਸਿੰਘ ਸਰਪੰਚ ਨੈਣਵਾ, ਟਰੇਡ ਕਮਿਸ਼ਨ ਦੇ ਮੈਂਬਰ ਡੁਮਣ ਸਿੰਘ , ਰੋਸ਼ਨ ਲਾਲ ਸਾਬਕਾ ਸਰਪੰਚ ਰਵਿੰਦਰ ਰਿੰਕੂ, ਜਸਪਾਲ ਸਿੰਘ ਸਾਬਕਾ ਸਰਪੰਚ ਹਾਰਵਾਂ, ਇਸਮਾਈਲ ਖ਼ਾਨ, ਦਲਜੀਤ ਸਿੰਘ ਸੋਨੂ,ਤੋਂ ਇਲਾਵਾ ਸਥਾਨਕ ਪੁਲਿਸ ਪ੍ਰਸ਼ਾਸ਼ਨ ਤੇ ਸਿਵਲ ਪ੍ਰਸ਼ਾਸ਼ਨ ਹਾਜਰ ਸੀ।

# ਹਥਿਆਰਬੰਦ ਸੈਨਾ ਦਿਵਸ ਮੌਕੇ ਐੱਨ ਸੀ ਸੀ ਕੈਡਿਟਾਂ ਵੱਲੋਂ ਸੈਨਿਕ ਵੈਟਰਨਜ਼ ਨੂੰ ਸਲਾਮ

**ਚੰਡੀਗੜ੍ਹ (ਗੁਰਜੀਤ ਬਿੱਲਾ, ਮੋਹਨ ਅੱਗਰਵਾਲ)**
ਰਿਆਤ ਬਾਹਰਾ ਯੂਨੀਵਰਸਿਟੀ ਦੇ ਐੱਨ ਸੀ ਸੀ ਵਿਭਾਗ ਨੇ ਹਥਿਆਰਬੰਦ ਸੈਨਾਵਾਂ ਅਤੇ ਵੈਟਰਨਜ਼ ਦਿਵਸ ਮਨਾਉਣ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ। ਇਹ ਸਮਾਗਮ ਹਥਿਆਰਬੰਦ ਸੈਨਾ ਦੇ ਸਾਬਕਾ ਸੈਨਿਕਾਂ ਦਾ ਸਨਮਾਨ ਕਰਨ ਅਤੇ ਦੇਸ਼ ਦੀ ਸੁਰੱਖਿਆ, ਏਕਤਾ ਅਤੇ ਅਖੰਡਤਾ ਵਿੱਚ ਉਨ੍ਹਾਂ ਦੇ ਅਣਮੁੱਲੇ ਯੋਗਦਾਨ ਨੂੰ ਸਵੀਕਾਰ ਕਰਨ ਲਈ ਸਮਰਪਿਤ ਸੀ।ਇਸ ਪ੍ਰੋਗਰਾਮ ਵਿੱਚ ਗਰੁੱਪ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ, ਏਅਰ ਕਮੋਡੋਰ (ਵੀਐਸਐਮ) ਵੈਟਰਨ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਐੱਨ ਸੀ ਸੀ ਦੇ ਡਾਇਰੈਕਟਰ, ਪ੍ਰੋ. (ਮੇਜਰ) ਏ.ਐਸ. ਚਾਹਲ ਨੇ ਸਾਬਕਾ ਸੈਨਿਕਾਂ ਦਾ ਰਸਮੀ ਤੌਰ 'ਤੇ ਹਾਰ ਪਾ ਕੇ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਅਨਮੋਲ ਯੋਗਦਾਨ ਲਈ ਦਿਲੋਂ ਪ੍ਰਸ਼ੰਸਾ ਕਰਕੇ ਸਵਾਗਤ ਕੀਤਾ। ਪਿਆਰ, ਸਨਮਾਨ ਅਤੇ ਸ਼ੁਕਰਗੁਜ਼ਾਰੀ ਦੇ ਪ੍ਰਤੀਕ ਵਜੋਂ ਗੁਲਾਬ ਦੇ ਗੁਲਦਸਤੇ ਵੀ ਭੇਟ ਕੀਤੇ ਗਏ। ਰਿਆਤ ਬਾਹਰਾ ਯੂਨੀਵਰਸਿਟੀ ਨਾਲ ਜੁੜੇ ਕਈ ਸਾਬਕਾ ਸੈਨਿਕਾਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਗਰੁੱਪ ਵਾਈਸ ਚਾਂਸਲਰ ਨੇ ਇੱਕ ਪ੍ਰਭਾਵਸ਼ਾਲੀ ਅਤੇ ਪ੍ਰੇਰਨਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਹਥਿਆਰਬੰਦ ਸੈਨਾਵਾਂ ਦੇ ਸਰਵਉੱਚ ਬਲੀਦਾਨਾਂ, ਅਨੁਸ਼ਾਸਨ ਅਤੇ ਅਟੁੱਟ ਵਚਨਬੱਧਤਾ ਨੂੰ ਉਜਾਗਰ ਕੀਤਾ ਗਿਆ। ਕੈਡਿਟਾਂ ਵਿੱਚ ਜਾਗਰੂਕਤਾ, ਦੇਸ਼ ਭਗਤੀ ਅਤੇ ਰਚਨਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕਰਨ ਲਈ ਵੈਟਰਨਜ਼ ਡੇ ਦੇ ਵਿਸ਼ੇ 'ਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਡਾਇਰੈਕਟਰ ਐਨਐਸਐਸ, ਪ੍ਰੋ. (ਮੇਜਰ) ਏ.ਐਸ. ਚਾਹਲ ਨੇ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਉਨ੍ਹਾਂ ਕਿਹਾ ਕਿ ਦੇਸ਼ ਦੀ ਸੇਵਾ ਵਰਦੀ ਤੋਂ ਸੇਵਾਮੁਕਤੀ ਨਾਲ ਖਤਮ ਨਹੀਂ ਹੁੰਦੀ।ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕ ਅਨੁਸ਼ਾਸਨ, ਏਕਤਾ ਅਤੇ ਰਾਸ਼ਟਰੀ ਸਵੈਮਾਨ ਦੀਆਂ ਆਪਣੀਆਂ ਕਦਰਾਂ-ਕੀਮਤਾਂ ਰਾਹੀਂ ਸਮਾਜ ਨੂੰ ਪ੍ਰੇਰਿਤ ਕਰਦੇ ਰਹਿੰਦੇ ਹਨ, ਆਉਣ ਵਾਲੀਆਂ ਪੀੜ੍ਹੀਆਂ ਨੂੰ ਵਚਨਬੱਧਤਾ ਅਤੇ ਨਿਰਸਵਾਰਥ ਸੇਵਾ ਦਾ ਸਹੀ ਅਰਥ ਸਿਖਾਉਂਦੇ ਹਨ।




# ਮੂਰਤੀ ਸਥਾਪਨਾ ਦਿਵਸ ਮੌਕੇ ਪ੍ਰਭਾਤ ਫੇਰੀਆਂ ਜਾਰੀ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**
ਪਿੰਡ ਭਾਮ ਮਾਂ ਦੁਰਗਾ ਮੰਦਰ ਵਿਖੇ ਸਮੂਹ ਨਗਰ ਨਿਵਾਸੀ ਤੇ ਇਲਾਕੇ ਦੇ ਸਹਿਯੋਗ ਨਾਲ ਭਾਮੇਸਵਰੀ ਮਿਸ਼ਨਰੀ ਟਰਸੱਟ ਭਾਮ ਹੁਸ਼ਿਆਰਪੁਰ ਵੱਲੋਂ ਸਾਲਾਨਾ 32ਵੇਂ ਮੂਰਤੀ ਸਥਾਪਨਾ ਦਿਵਸ ਮੌਕੇ ਚੇਅਰਪਰਸਨ ਭੈਣ ਵਿਨੋਦ ਕੁਮਾਰੀ ਦੀ ਅਗਵਾਈ ਹੇਠ ਕੱਢੀਆਂ ਜਾ ਰਹੀਆਂ ਹਨ। ਇਸ ਮੌਕੇ ਸੇਵਾਦਾਰ ਗੁਰਨਾਮ ਸਿੰਘ ਜਸਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 32ਵੇਂ ਮੂਰਤੀ ਸਥਾਪਨਾ ਸਮਾਗਮ ਮੌਕੇ 14 ਜਨਵਰੀ ਤੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪ੍ਰਭਾਤ ਫੇਰੀਆਂ ਦੌਰਾਨ ਸੰਗਤਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। 15 ਜਨਵਰੀ ਨੂੰ ਚੰਡੀ ਪਾਠ, ਸ਼ਿਵਾ ਦੇ ਅਭਿਸ਼ੇਕ, ਸ਼ਿਵ ਪੁਰਾਣ, ਦੇਵੀ ਭਗਵਤ ਦੇ ਪਾਠ ਆਰੰਭ ਹੋਣਗੇ।ਉਹਨਾਂ ਦੱਸਿਆ ਕਿ 20 ਜਨਵਰੀ ਨੂੰ ਦੁਪਹਿਰ 1ਵਜੇ 32ਵੇਂ ਮੂਰਤੀ ਸਥਾਪਨਾ ਦਿਵਸ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਜਾ ਰਹੀ ਹੈ। 20 ਜਨਵਰੀ ਨੂੰ 32ਵੇਂ ਮੂਰਤੀ ਸਥਾਪਨਾ ਦਿਵਸ ਮੌਕੇ ਭਾਮੇਸ਼ਵਰੀ ਮਿਸ਼ਨਰੀ ਟਰਸੱਟ ਭਾਮ ਹੁਸ਼ਿਆਰਪੁਰ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।21 ਜਨਵਰੀ ਨੂੰ ਹਵਨ ਯੱਗ ਦੀ ਪੂਜਾ ਅਹੂਤੀ ਪਾਈ ਜਾਵੇਗੀ। 32ਵੇਂ ਮੂਰਤੀ ਸਥਾਪਨਾ ਦਿਵਸ ਮੌਕੇ ਮਾਤਾ ਜੀ ਦਾ ਵਿਸ਼ਾਲ ਭਗਵਤੀ ਜਾਗਰਣ ਦੀ ਜਾਂ ਰਿਹਾ ਹੈ ਜਿਸ ਵਿੱਚ ਯੋਗ ਰਾਜ ਯੋਗੀ, ਮਹੰਤ ਰਾਜ ਕੁਮਾਰ, ਰਾਏ ਜੁਝਾਰ ਆਦਿ ਕਲਾਕਾਰ ਮਹਾਂਮਾਈ ਦੇ ਗੁਣਗਾਨ ਕਰਨਗੇ। ਇਸ ਮੌਕੇ ਪ੍ਰਭਾਤ ਫੇਰੀ ਦੌਰਾਨ ਮੁੱਖ ਸੇਵਾਦਾਰ ਭੈਣ ਵਿਨੋਦ ਕੁਮਾਰੀ, ਸੇਵਾਦਾਰ ਗੁਰਨਾਮ ਜਸਵਾਲ, ਸ਼ਾਂਤੀ ਦੇਵੀ, ਤਿਰਪਾ ਦੇਵੀ, ਕੁਲਦੀਪ ਕੌਰ, ਚੰਦਰ ਪ੍ਰਕਾਸ਼ ਦਿੱਲੀ, ਹਰਪਾਲ ਸਿੰਘ ਕੁੰਦੀ, ਹਰਮੇਸ਼ ਚੰਦਰ, ਪੰਮੀ ਦੇਹਰਾਦੂਨ, ਪੰਡਤ ਮੁਕੇਸ਼ ਕੁਮਾਰ, ਅਮਰਜੀਤ ਭਾਮ, ਟਿੰਕੂ ਭਾਮ, ਹੈਪੀ ਪਧਿਆਣਾ, ਰੋਸ਼ਨ ਭਾਮ, ਗੁਰਜੀਤ ਜਸਵਾਲ, ਸੰਨੀ ਜਸਵਾਲ, ਭੀਸਨ ਦੇਹਰਾਦੂਨ,ਵਿਸ਼ਾਲ ਸ਼ਰਮਾ, ਤਰਸੇਮ ਕਨੇਡਾ, ਨਰਿੰਦਰ ਹਾਰਟਾ, ਦੀਪਾ ਜਸਵਾਲ, ਡਾਕਟਰ ਟੋਨੀ ਭਾਮ, ਸੁਦਰਸ਼ਨ ਧੀਰ ਤੋ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਦੇ ਜਥੇਬੰਦਕ ਢਾਂਚੇ ਦਾ ਪੁਨਰਗਠਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**
ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਦੇ ਭੰਗ ਪਏ ਜਥੇਬੰਦਕ ਢਾਂਚੇ ਦਾ ਪੁਨਰ ਗਠਨ ਕਰਨ ਲਈ ਇੱਕ ਅਹਿਮ ਮੀਟਿੰਗ ਮੇਸ਼ੀ ਰੈਸਟੋਰੈਂਟ ਲੁਧਿਆਣਾ ਵਿਖੇ ਹੋਈ ਜਿਸ ਵਿੱਚ ਸਰਪ੍ਰਸਤ ਗਿਆਨੀ ਅਮਰ ਸਿੰਘ ਦਸ਼ਮੇਸ਼ ਕੰਬਾਈਨ, ਕਸ਼ਮੀਰ ਸਿੰਘ ਗੀਗਨਵਾਲ ਸਾਬਕਾ ਸਰਪੰਚ ਸਰਪ੍ਰਸਤ ਤੇ ਫਾਊਂਡਰ ਮੈਂਬਰ, ਨੱਛਤਰ ਸਿੰਘ ਮਾਲਕ ਸਟੈਂਡਰਡ ਟਰੈਕਟਰ ਤੇ ਕੰਬਾਈਨ ਹੰਡਿਆਇਆ, ਹਰਦੀਪ ਸਿੰਘ ਨੰਨੜੇ ਮਾਲਕ ਉਂਕਾਰ ਇੰਡਸਟਰੀ ਧੂਰੀ ਸੰਗਰੂਰ ਚੋਣ ਅਬਜ਼ਰਵਰ ਵੱਜੋਂ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਹੋਏ । ਇਸ ਮੀਟਿੰਗ ਵਿੱਚ ਪੰਜਾਬ ਭਰ ਤੋਂ ਆਰਗੇਨਾਈਜ਼ੇਸ਼ਨ ਦੇ ਪ੍ਰਮੁੱਖ ਅਹੁਦੇਦਾਰਾਂ ਨੇ ਸ਼ਿਰਕਤ ਕਰਦਿਆਂ ਨਵੇਂ ਜਥੇਬੰਦਕ ਢਾਂਚੇ ਦੀ ਪੁਨਰ ਗਠਨ ਕਾਰਵਾਈ ਵਿੱਚ ਸਰਗਰਮੀ ਨਾਲ ਭਾਗ ਲਿਆ। ਚੋਣ ਮੀਟਿੰਗ ਦੀ ਕਾਰਵਾਈ ਆਰੰਭ ਕਰਦਿਆਂ ਕਸ਼ਮੀਰ ਸਿੰਘ ਗੀਗਨਵਾਲ ਸਰਪ੍ਰਸਤ ਨੇ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਦੇ ਸੰਵਿਧਾਨ, ਅਹੁਦੇਦਾਰਾਂ ਦੀਆਂ ਜ਼ਿੰਮੇਵਾਰੀਆਂ ਤੇ ਅਰਗੇਨਾਈਜ਼ੇਸ਼ਨ ਵੱਲੋਂ ਪਿਛਲੇ ਸਮਿਆਂ ਹਰਦੇਵ ਸਿੰਘ ਕੌਂਸਲ ਪ੍ਰਧਾਨ ਇੰਡੀਆ ਦੀ ਅਗਵਾਈ ਵਿੱਚ ਕੀਤੇ ਗਏ ਕਾਰਜਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਪ੍ਰਧਾਨਗੀ ਮੰਡਲ ਦੀ ਆਗਿਆ ਨਾਲ ਨਵੀਂ ਚੋਣ ਕਰਵਾਉਣ ਤੇ ਸਰਵਸੰਮਤੀ ਦੇ ਦੋਵੇਂ ਬਦਲ ਪੇਸ਼ ਕੀਤੇ ਜਿਸ ਵਿੱਚੋਂ ਹਾਜ਼ਿਰ ਮੈਂਬਰਾਂ ਨੇ ਪਿਛਲੀ ਟੀਮ ਦੀ ਅਗਵਾਈ ਵਿੱਚ ਭਰੋਸਾ ਪ੍ਰਗਟਾਉਂਦਿਆਂ ਸਰਵਸੰਮਤੀ ਦਾ ਬਦਲ ਚੁਣਿਆ ਜਿਸ 'ਤੇ ਪ੍ਰਧਾਨਗੀ ਮੰਡਲ ਵੱਲੋਂ ਹਰਦੇਵ ਸਿੰਘ ਕੌਂਸਲ ਨੂੰ ਇੰਡੀਆ ਦਾ ਪ੍ਰਧਾਨ ਅਤੇ ਕੁਲਦੀਪ ਸਿੰਘ ਖਾਂਬਾ ਨੂੰ ਚੇਅਰਮੈਨ ਨਿਯੁਕਤ ਕਰਨ ਦਾ ਐਲਾਨ ਕੀਤਾ ਗਿਆ । ਜਿਸ ਨੂੰ ਹਾਜ਼ਿਰ ਮੈਂਬਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਨਾਲ ਪ੍ਰਵਾਨਗੀ ਦਿੱਤੀ । ਇਸ ਮੌਕੇ ਆਪਣੇ ਸੰਬੋਧਨ ਵਿੱਚ ਹਰਦੇਵ ਸਿੰਘ ਕੌਂਸਲ ਨਵਨਿਯੁਕਤ ਪ੍ਰਧਾਨ ਇੰਡੀਆ ਨੇ ਉਨ੍ਹਾਂ ਦੀ ਅਗਵਾਈ ਵਿੱਚ ਭਰੋਸਾ ਪ੍ਰਗਟਾਉਣ ਅਤੇ ਨਵੇਂ ਸ਼ੈਸ਼ਨ ਲਈ ਨਵਿਂ ਸਿਰੇ ਤੋਂ ਜ਼ਿੰਮੇਵਾਰੀ ਦੇਣ ਲਈ ਸਾਰੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਲ 2026 ਵਿੱਚ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਦੀ ਵਿਸ਼ਵ ਪੱਧਰੀ ਕੋਰ ਕਮੇਟੀ ਬਣਾਈ ਜਾਵੇਗੀ ਜਿਸ ਵਿੱਚ ਰਾਮਗੜ੍ਹੀਆ ਭਾਈਚਾਰੇ ਲਈ ਕਾਰਜਸ਼ੀਲ ਸਾਰੀਆਂ ਸੰਸਥਾਵਾਂ ਤੋਂ ਇੱਕ ਇੱਕ ਨੁਮਾਇੰਦਾ ਲਿਆ ਜਾਵੇਗਾ ਤਾਂ ਜੋ ਇੱਕ ਪਲੇਟਫਾਰਮ ਰਾਹੀਂ ਸਮੁੱਚੇ ਵਿਸ਼ਵ ਵਿੱਚ ਵੱਸਦੇ ਭਾਈਚਾਰੇ ਨੂੰ ਇਕਜੁੱਟ ਕੀਤਾ ਜਾ ਸਕੇ। ਇਸ ਦੀ ਸ਼ੁਰੂਆਤ ਕਰਦਿਆਂ ਚਰਨਜੀਤ ਸਿੰਘ ਝੰਡੇਆਣਾ ਮੋਗਾ, ਕੁਲਵੀਰ ਸਿੰਘ ਮੋਰਿੰਡਾ ਸਰਪ੍ਰਸਤ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਰੋਪੜ, ਗਿਆਨ ਸਿੰਘ ਸੱਗੂ ਪ੍ਰਧਾਨ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਅੰਮ੍ਰਿਤਸਰ ਨਿਯੁਕਤ ਕੀਤੇ ਗਏ । ਇਸ ਮੌਕੇ ਉਨ੍ਹਾਂ ਕੌਮੀ ਪੱਧਰ ਦੇ ਜਥੇਬੰਦਕ ਢਾਂਚੇ ਦੇ ਅਹੁਦੇਦਾਰਾਂ ਦਾ ਐਲਾਨ ਕਰਦਿਆਂ ਸਕੱਤਰ ਜਨਰਲ ਕਸ਼ਮੀਰ ਸਿੰਘ ਗੀਗਨਵਾਲ,ਸੀਨੀਅਰ ਵਾਈਸ ਚੇਅਰਮੈਨ ਪਰਮਜੀਤ ਸਿੰਘ ਕਲਿਆਣ ਹੁਸ਼ਿਆਰਪੁਰ, ਵਾਈਸ ਚੇਅਰਮੈਨ ਜਗਜੀਤ ਸਿੰਘ ਪਨੇਸਰ ਮਾਲਕ ਪਨੇਸਰ ਕੰਬਾਈਨ ਹੰਡਿਆਈਆ ਬਰਨਾਲਾ,ਸੀਨੀਅਰ ਮੀਤ ਪ੍ਰਧਾਨ ਮਲਕੀਤ ਸਿੰਘ ਮਰਵਾਹਾ ਹੁਸ਼ਿਆਰਪੁਰ, ਅਮਰਜੀਤ ਸਿੰਘ ਆਸੀ ਹੁਸ਼ਿਆਰਪੁਰ, ਹਰਦੀਪ ਸਿੰਘ ਪਲਾਹਾ ਲੁਧਿਆਣਾ,ਗੁਰਜਿੰਦਰ ਸਿੰਘ ਗੁਰਦਾਸਪੁਰ, ਅਮਰਜੀਤ ਸਿੰਘ ਅੰਮ੍ਰਿਤਸਰ, ਜਨਰਲ ਸਕੱਤਰ ਕਮ ਪ੍ਰੈੱਸ ਸਕੱਤਰ ਗੁਰਬਿੰਦਰ ਸਿੰਘ ਪਲਾਹਾ, ਜਨਰਲ ਸਕੱਤਰ ਜਗਸੀਰ ਸਿੰਘ ਧੀਮਾਨ ਬਰਨਾਲਾ ਬਣਾਏ ਗਏ ਇਸ ਤੋਂ ਇਲਾਵਾ ਪੰਜਾਬ ਬਾਡੀ ਦੀ ਨਵੀਂ ਚੋਣ ਕਰਦਿਆਂ ਪੰਜਾਬ ਪ੍ਰਧਾਨ ਗੁਰਵਿੰਦਰ ਸਿੰਘ ਗਿੰਦਾ ਝਾਂਸ ਲੁਧਿਆਣਾ, ਚੇਅਰਮੈਨ ਜਸਵੰਤ ਸਿੰਘ ਭੋਗਲ ਹੁਸ਼ਿਆਰਪੁਰ,ਸੀਨੀਅਰ ਵਾਈਸ ਚੇਅਰਮੈਨ ਹਰਦੀਪ ਸਿੰਘ ਨੰਨੜੇ ਉਂਕਾਰ ਇੰਡਸਟਰੀ ਧੂਰੀ, ਵਾਈਸ ਚੇਅਰਮੈਨ ਗੁਰਮਿੰਦਰ ਕੌਰ ਹੁਸ਼ਿਆਰਪੁਰ ਨਿਯੁਕਤ ਕੀਤੇ ਗਏ। ਸੁਖਜਿੰਦਰ ਸਿੰਘ ਨੂੰ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਲਾਇਆ ਗਿਆ । ਇਸ ਨਵੇਂ ਨਿਯੁਕਤ ਹੋਏ ਸਾਰੇ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ ।

ਇਸ ਦੌਰਾਨ ਸਰਬ ਸੰਮਤੀ ਨਾਲ ਇਸਤਰੀ ਵਿੰਗ ਅਤੇ ਯੂਥ ਵਿੰਗ ਨੂੰ ਖਤਮ ਕਰ ਦਿੱਤਾ ਗਿਆ। ਇਸ ਮੌਕੇ ਸਰਪ੍ਰਸਤ ਅਮਰ ਸਿੰਘ ਮਾਲਕ ਦਸ਼ਮੇਸ਼ ਕੰਬਾਇਨ ਮਲੇਰ ਕੋਟਲਾ, ਨਛੱਤਰ ਸਿੰਘ ਮਾਲਕ ਸਟੈਂਡਰਡ ਟੈਕਟਰ ਤੇ ਕੰਬਾਇਨ ਹੁਡਿਆਇਆ, ਸੁਖਦੇਵ ਸਿੰਘ ਸ਼ੰਟੀ ਜਿਲਾ ਪ੍ਰਧਾਨ ਬਰਨਾਲਾ, ਸੁਖਜਿੰਦਰ ਸਿੰਘ ਰੁਪਾਲ ਜਿਲਾ ਪ੍ਰਧਾਨ ਲੁਧਿਆਣਾ, ਵਲਾਇਤੀ ਰਾਮ ਧੀਮਾਨ ਜ਼ਿਲ੍ਹਾ ਪ੍ਰਧਾਨ ਪਟਿਆਲਾ, ਜਸਵੀਰ ਸਿੰਘ ਜ਼ਿਲ੍ਹਾ ਪ੍ਰਧਾਨ ਸੰਗਰੂਰ,ਮਨਜਿੰਦਰ ਸਿੰਘ ਜ਼ਿਲਾ ਪ੍ਰਧਾਨ ਅੰਮ੍ਰਿਤਸਰ, ਗੁਰਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਜਗਦੀਪ ਸਿੰਘ ਸੀਹਰਾ ਮੀਤ ਪ੍ਰਧਾਨ ਇੰਡੀਆ ਹੁਸ਼ਿਆਰਪੁਰ, ਬੀ ਕੇ ਕਲਸੀ ਮੀਤ ਪ੍ਰਧਾਨ ਇੰਡੀਆ,ਸੁਖਵਿੰਦਰ ਸਿੰਘ ਡੀਡੀ ਨਿਊਜ , ਜਤਿੰਦਰ ਸਿੰਘ ਗੋਲਡੀ, ਕੁਲਵੰਤ ਸਿੰਘ ਲਾਲੀ, ਬਲਜੀਤ ਸਿੰਘ ਬਾਂਸਲ ਧੂਰੀ, ਗੁਰਮੇਲ ਸਿੰਘ ਬਰਨਾਲਾ ਸਮੇਤ ਬਹੁਤ ਸਾਰੇ ਆਗੂ ਹਾਜ਼ਰ ਸਨ ।



20 Jan Page 9.qxd 1/19/2026 10:37 PM Page 1



# ਇਸਤਰੀ ਜਾਗਰਤੀ ਮੰਚ ਨੇ ਲਿਆ ਔਰਤਾਂ ਨੂੰ ਜਥੇਬੰਦ ਕਰਨ ਦਾ ਫ਼ੈਸਲਾ



**ਬੰਗਾ (ਅਵਤਾਰ ਕਲੇਰ)**

ਇਸਤਰੀ ਜਾਗਰਤੀ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮੀਟਿੰਗ ਨਵਾਂਸ਼ਹਿਰ ਵਿਖੇ ਹੋਈ ਜਿਸ ਵਿਚ ਇਸ ਜ਼ਿਲ੍ਹੇ ਵਿਚ ਮੰਚ ਦੀ ਮੈਂਬਰਸ਼ਿਪ ਕਰਕੇ ਜਥੇਬੰਦੀ ਦੀ ਮੁੜ ਉਸਾਰੀ ਦਾ ਕਾਰਜ ਮਿੱਥਿਆ ਗਿਆ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਸਤਰੀ ਜਾਗਰਤੀ ਮੰਚ ਦੇ ਸੂਬਾ ਜਨਰਲ ਸਕੱਤਰ ਅਮਨਦੀਪ ਕੌਰ ਦਿਓਲ ਨੇ ਆਖਿਆ ਕਿ ਜਥੇਬੰਦੀ ਦੀਆਂ ਸਾਰੀਆਂ ਮੈਂਬਰਾਂ ਨੂੰ ਜਥੇਬੰਦੀ ਦੀ ਮੁੜ ਉਸਾਰੀ ਵੱਲ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਜਥੇਬੰਦੀ ਦੇ ਯੂਨਿਟਾਂ ਦੀ ਉਸਾਰੀ ਕਰਨੀ ਚਾਹੀਦੀ ਹੈ।ਇਸਦੇ ਨਾਲ ਹੀ ਔਰਤ ਮਸਲਿਆਂ ਨੂੰ ਲੈ ਕੇ ਸੰਘਰਸ਼ਾਂ ਦੀ ਉਸਾਰੀ ਦੀ ਵਿਉਂਤਬੰਦੀ ਕਰਨੀ ਚਾਹੀਦੀ ਹੈ।ਇਸ ਮੀਟਿੰਗ ਨੂੰ ਰੁਪਿੰਦਰ ਕੌਰ ਦੁਰਗਾਪੁਰ, ਕਮਲੇਸ਼ ਕੌਰ ਉੜਾਪੜ, ਰਣਜੀਤ ਕੌਰ ਮਹਿਮੂਦਪੁਰ, ਬਲਬੀਰ ਕੌਰ ਸ਼ਾਹਪੁਰ ਅਤੇ ਬਲਵਿੰਦਰ ਕੌਰ ਸਲੋਹ ਨੇ ਵੀ ਸੰਬੋਧਨ ਕੀਤਾ।ਮੀਟਿੰਗ ਵਿੱਚ ਸੁਦੇਸ਼ ਕੁਮਾਰੀ, ਸੰਤੋਸ਼ ਕੁਮਾਰੀ ਕੁਰਲ, ਰੇਣੂ ਦੇਵੀ, ਜਸਵਿੰਦਰ ਕੌਰ ਉੜਾਪੜ, ਸੁਰਜੀਤ ਕੌਰ, ਅਵਤਾਰ ਕੌਰ ,ਗੁਰਦੇਵ ਕੌਰ, ਹਰਵਿੰਦਰ ਕੌਰ ਆਗੂ ਵੀ ਹਾਜ਼ਰ ਸਨ।

# ਐੱਚ ਐੱਸ ਡੀ ਆਰ ਐੱਫ਼ ਦੀ ਸਥਾਪਨਾ ਸੰਬੰਧੀ ਸਮੀਖਿਆ ਮੀਟਿੰਗ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਸਰਕਾਰ ਆਪਦਾ ਪ੍ਰਬੰਧਨ (ਸ਼ੋਧ) ਐਕਟ, 2025 ਦੀ ਪਾਲਣਾ ਵਿੱਚ ਇੱਕ ਸਮਰਪਿਤ ਹਰਿਆਣਾ ਰਾਜ ਆਪਦਾ ਪ੍ਰਤੀਕਿਰਿਆ ਬਲ ਦੀ ਸਥਾਪਨਾ ਦੀ ਦਿਸ਼ਾ ਵਿੱਚ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਵਿੱਤ ਕਮਿਸ਼ਨਰ ਮਾਲਿਆ ਅਤੇ ਵਧੀਕ ਮੁੱਖ ਸਕੱਤਰ, ਗ੍ਰਹਿ ਵਿਭਾਗ, ਡਾ. ਸੁਮਿਤਾ ਮਿਸ਼ਰਾ ਦੀ ਅਗਵਾਈ ਵਿੱਚ ਅੱਜ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ , ਜਿਸ ਵਿੱਚ ਬਲ ਦੀ ਸਥਾਪਨਾ ਨਾਲ ਜੁੜੀ ਪ੍ਰਗਤੀ ਦੀ ਸਮੀਖਿਆ ਕਰਦੇ ਹੋਏ ਇੱਕ ਵਿਆਪਕ ਰੋਡਮੈਪ ਤਿਆਰ ਕੀਤਾ ਗਿਆ। ਮੀਟਿੰਗ ਵਿੱਚ ਅਧਿਕਾਰੀਆਂ ਨੇ ਮੌਜੂਦਾ ਆਪਦਾ ਪ੍ਰਤੀਕਿਰਿਆ ਤੰਤਰ ਦੀ ਵਿਸਥਾਰ ਸਮੀਖਿਆ ਕੀਤੀ ਅਤੇ ਪੂਰੀ ਤਰ੍ਹਾਂ ਨਾਲ ਐਚਐਸਡੀਆਰਐਫ ਦੀ ਸਥਾਪਨਾ ਦੀ ਦਿਸ਼ਾ ਵਿੱਚ ਰਣਨੀਤਿਕ ਬਦਲਾਵ 'ਤੇ ਚਰਚਾ ਕੀਤੀ ਗਈ।

## ਸਵਾਮੀ ਵਿਵੇਕਾਨੰਦ ਦੀ ਜਯੰਤੀ ਦੇ ਸੰਬੰਧ 'ਚ ਸੈਮੀਨਾਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਸਾਹਿਤ ਅਤੇ ਸੰਸਕ੍ਰਿਤੀ ਅਕਾਦਮੀ ਪੰਚਕੂਲਾ ਦੇ ਸੰਸਕ੍ਰਿਤ ਸੈਲ ਵੱਲੋਂ ਸਵਾਮੀ ਵਿਵੇਕਾਨੰਦ ਜਯੰਤੀ ਦੇ ਸੰਬੰਧ ਵਿੱਚ ਅਕਾਦਮੀ ਭਵਨ ਸਥਿਤ ਮਹਾਰਾਜਾ ਦਾਹਿਰ ਸੇਨ ਆਡੀਟੋਰੀਅਮ ਵਿੱਚ ਸੰਸਕ੍ਰਿਤ ਭਾਸ਼ਣ ਪ੍ਰਤੀਯੋਗਿਤਾ ਅਤੇ ਵੈਚਾਰਿਕ ਸੈਮੀਨਾਰ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਪ੍ਰੋਗਰਾਮ ਵਿੱਚ ਸਿੱਖਿਆ, ਸੰਸਕ੍ਰਿਤੀ ਅਤੇ ਯੁਵਾਵਾਂ ਦੀ ਭੂਮਿਕਾ ਜਿਹੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਚਾਰ ਪੇਸ਼ ਕੀਤੇ ਗਏ।ਅਕਾਦਮੀ ਦੇ ਕਾਰਜਕਾਰੀ ਡਿਪਟੀ ਚੇਅਰਮੈਨ ਡਾ. ਕੁਲਦੀਪ ਚੰਦ ਅਗਨੀਹੋਤਰੀ ਨੇ ਆਪਣੇ ਭਾਸ਼ਣ ਵਿੱਚ ਸਵਾਮੀ ਵਿਵੇਕਾਨੰਦ ਦੇ ਆਦਰਸ਼ਾਂ ਨਾਲ ਪ੍ਰੇਰਿਤ ਹੋ ਕੇ ਕਨੇਕਟ ਅਤੇ ਕਨੈਕਸ਼ਨ ਦੀ ਅਵਧਾਰਨਾ ਨੂੰ ਸਰਲ ਸ਼ਬਦਾਂ ਵਿੱਚ ਸਮਝਾਇਆ ਅਤੇ ਯੁਵਾਵਾਂ ਨੂੰ ਸਮਾਜ ਨਾਲ ਸਸ਼ਕਤ ਜੁੜਾਵ ਸਥਾਪਿਤ ਕਰਨ ਦੀ ਅਪੀਲ ਕੀਤੀ।

# ਕੈਬਨਿਟ ਮੰਤਰੀ ਵੱਲੋਂ ਜਿੰਮ ਦਾ ਉਦਘਾਟਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪਿੰਡ ਮੁਰਾਦਪੁਰ ਗੁਜਰਾਂ ਵਿੱਚ ਇਕ ਨਵੇਂ ਆਧੁਨਿਕ ਜਿਮ ਦਾ ਉਦਘਾਟਨ ਕਰਦੇ ਹੋਏ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਨੌਜਵਾਨਾਂ ਦੀ ਸਿਹਤ ਅਤੇ ਤੰਦਰੁਸਤੀ ਕਿਸੇ ਵੀ ਸਮਾਜ ਦੀ ਮਜ਼ਬੂਤ ਨੀਂਹ ਹੁੰਦੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਨੌਜਵਾਨ ਅਤੇ ਪਤਵੰਤੇ ਹਾਜ਼ਰ ਸਨ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ ਖੇਡਾਂ ਅਤੇ ਕਸਰਤ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਜਿੰਮ ਵਰਗੀਆਂ ਸਹੂਲਤਾਂ ਨਾ ਸਿਰਫ਼ ਸਰੀਰਕ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ ਬਲਕਿ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਸਕਾਰਾਤਮਕ ਸੋਚ ਵੀ ਵਿਕਸਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਿਹਤਮੰਦ ਨੌਜਵਾਨ ਇਕ ਮਜ਼ਬੂਤ ਤੇ ਸਵੈ-ਨਿਰਭਰ ਪੰਜਾਬ ਦੀ ਨੀਂਹ ਹਨ।ਕੈਬਨਿਟ ਮੰਤਰੀ ਨੇ ਜਿੰਮ ਸਥਾਪਿਤ ਕਰਨ ਲਈ ਪਹਿਲ ਕਰਨ ਵਾਲੇ ਸਾਰੇ ਸਾਥੀਆਂ ਤੇ ਪਿੰਡ ਵਾਸੀਆਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਇਹ ਯਤਨ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਕੰਮ ਕਰੇਗਾ। ਉਨ੍ਹਾਂ ਨੌਜਵਾਨਾਂ ਨੂੰ ਇਸ ਸਹੂਲਤ ਦਾ ਨਿਯਮਿਤ ਤੌਰ 'ਤੇ ਲਾਭ ਉਠਾਉਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦੀ ਅਪੀਲ ਕੀਤੀ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਪਿੰਡ ਪੱਧਰ 'ਤੇ ਖੇਡਾਂ, ਤੰਦਰੁਸਤੀ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀਆਂ ਤਰਜੀਹਾਂ ਵਿੱਚੋਂ ਇਕ ਹੈ।

# ਵੈਨੇਜ਼ੁਏਲਾ ਦੇ ਹੱਕ 'ਚ ਰੋਸ ਮੁਜ਼ਾਹਰਾ 22 ਨੂੰ : ਨੱਥਾ ਸਿੰਘ

**ਜਲੰਧਰ (ਰਾਜੇਸ਼ ਥਾਪਾ)**- ਸੀ ਟੀ ਯੂ ਪੰਜਾਬ ਵਲੋਂ ਵੈਨਜ਼ੁਏਲਾ ਦੇ ਲੋਕਾਂ ਨਾਲ ਇਕਜੁੱਟਤਾ ਜ਼ਾਹਿਰ ਕਰਨ ਅਤੇ ਅਮਰੀਕੀ ਸਾਮਰਾਜ ਦੇ ਵੈਨਜ਼ੁਏਲਾ ਅੰਦਰ ਧੌਂਸਵਾਦੀ ਦਖ਼ਲ ਤੇ ਧੱਕੇਸ਼ਾਹੀ ਦਾ ਵਿਰੋਧ ਕਰਨ ਲਈ ਆਉਣ ਵਾਲੀ 22 ਜਨਵਰੀ ਨੂੰ ਵੱਖ-ਵੱਖ ਸਨਅਤੀ ਕੇਂਦਰਾਂ ਤੇ ਸ਼ਹਿਰਾਂ ਵਿੱਚ ਰੋਸ ਮੁਜ਼ਾਹਰੇ ਕੀਤੇ ਜਾਣਗੇ। ਇਹ ਜਾਣਕਾਰੀ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਸੀਟੀਯੂ ਪੰਜਾਬ ਦੇ ਜਨਰਲ ਸਕੱਤਰ ਸਾਥੀ ਨੱਥਾ ਸਿੰਘ, ਵਿੱਤ ਸਕੱਤਰ ਸਾਥੀ ਸ਼ਿਵ ਕੁਮਾਰ ਪਠਾਨਕੋਟ ਤੇ ਮੀਤ ਪ੍ਰਧਾਨ ਸਾਥੀ ਜਗਦੀਸ਼ ਚੰਦਰ ਲੁਧਿਆਣਾ ਨੇ ਦਿੱਤੀ ਹੈ। ਮਜ਼ਦੂਰ ਆਗੂਆਂ ਨੇ ਦੱਸਿਆ ਹੈ ਕਿ ਉਕਤ ਰੋਸ ਪ੍ਰਦਰਸ਼ਨਾਂ ਰਾਹੀਂ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਤੇ ਉਨ੍ਹਾਂ ਦੀ ਸੁਪਤਨੀ ਨੂੰ ਫੌਰੀ ਰਿਹਾ ਕੀਤੇ ਜਾਣ ਤੇ ਵੈਨਜ਼ੁਏਲਾ ਚੋਂ ਅਮਰੀਕੀ ਫੌਜਾਂ ਤੇ ਟਰੰਪ ਪ੍ਰਸ਼ਾਸਨ ਦੀ ਫੌਰੀ ਬੇਦਖ਼ਲੀ ਦੀ ਮੰਗ ਜ਼ੋਰ-ਸ਼ੋਰ ਨਾਲ ਉਭਾਰੀ ਜਾਵੇਗੀ। ਯਾਦ ਰਹੇ ਵਿਸ਼ਵ ਦੇ ਸਾਰੇ ਕਿਰਤੀ ਸੰਗਠਨਾਂ ਦੇ ਸਾਂਝੇ ਕੌਮਾਂਤਰੀ ਮੰਚ 'ਵਰਲਡ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼' (ਵਫਟੂ) ਵਲੋਂ 22 ਜਨਵਰੀ ਨੂੰ ਸੰਸਾਰ ਭਰ 'ਚ ਵੈਨਜ਼ੁਏਲਾ ਨਾਲ ਯਕਜਹਿਤੀ ਦਿਵਸ ਮਨਾਉਣ ਅਤੇ ਟਰੰਪ ਪ੍ਰਸ਼ਾਸ਼ਨ ਦੀ ਦਾਦਾਗਿਰੀ ਖਿਲਾਫ਼ ਰੋਸ ਐਕਸ਼ਨ ਕਰਨ ਦਾ ਸੱਦਾ ਦਿੱਤਾ ਗਿਆ ਹੈ।

# ਛਿੰਝ ਮੇਲਾ 27 ਨੂੰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਸ਼ਹਿਰ ਦੇ ਨਜ਼ਦੀਕ ਪਿੰਡ ਚੀਮਾ ਕਲਾਂ ਚੀਮਾ ਖੁਰਦ ਦੇ ਛਿੰਝ ਮੇਲੇ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਛਿੰਞ ਕਮੇਟੀ ਦੇ ਪ੍ਰਬੰਧਕ ਖੁਸ਼ਪਾਲ ਨਾਹਨਾ ਨੇ ਦੱਸਿਆ ਕਿ ਇਸ ਵਾਰ ਇਹ ਛਿੰਝ ਮੇਲਾ 27 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ। ਇਸ ਛਿੰਝ ਮੇਲੇ ਵਿੱਚ ਭਾਰਤ ਦੇ ਉੱਚ ਕੋਟੀ ਦੇ ਪਹਿਲਵਾਨ ਭਾਗ ਲੈਣਗੇ। ਇਸ ਮੌਕੇ ਖੁਸ਼ਪਾਲ ਨਾਹਨਾ, ਬੂਟਾ ਸਿੰਘ ਨੰਬਰਦਾਰ, ਕੁਲਦੀਪ ਸਿੰਘ ਸਾਬਕਾ ਸਰਪੰਚ, ਗੁਰਦਿਆਲ ਸਿੰਘ ਸਾਬਕਾ ਸਰਪੰਚ, ਸੁਰਜੀਤ ਸਿੰਘ , ਮੱਖਣ ਸਿੰਘ ਪ੍ਰਧਾਨ, ਹਰਨੇਕ ਸਿੰਘ ਚੀਮਾ, ਗੁਰਮੇਲ ਸਿੰਘ ਮੇਲਾ , ਇਕਬਾਲ ਸਿੰਘ ਚੀਮਾ, ਜਗਦੀਸ਼ ਸਿੰਘ ਭੁੱਟੋ ਸਾਬਕਾ ਸਰਪੰਚ ਅਤੇ ਬਹਾਦਰ ਸਿੰਘ ਹਾਜ਼ਰ ਸਨ।

# ਸੜਕ ਹਾਦਸੇ 'ਚ ਜ਼ਖ਼ਮੀ ਵਿਅਕਤੀ ਦੀ ਇਲਾਜ ਦੌਰਾਨ ਮੌਤ

**ਮਾਹਿਲਪੁਰ (ਸ.ਫਰੀ)**-ਮਾਹਿਲਪੁਰ ਦੇ ਬਾਹਰਵਾਰ ਫਗਵਾੜਾ ਰੋਡ 'ਤੇ ਵਾਪਰੇ ਸੜਕ ਹਾਦਸੇ 'ਚ ਜ਼ਖ਼ਮੀ ਹੋਏ ਇੱਕ ਵਿਅਕਤੀ ਦੀ ਇਲਾਜ ਦੌਰਾਨ ਮੌਤ ਹੋ ਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਦੇ ਭਰਾ ਵਿੱਕੀ ਪੁੱਤਰ ਮਦਨ ਲਾਲ ਵਾਸੀ ਮਾਹਿਲਪੁਰ ਨੇ ਦੱਸਿਆ ਕਿ ਉਸ ਦਾ ਕਰੀਬ 45 ਸਾਲਾ ਭਰਾ ਰਾਕੇਸ਼ ਕੁਮਾਰ ਬੀਤੀ ਸ਼ਾਮ ਸਾਇਕਲ 'ਤੇ ਆ ਰਿਹਾ ਸੀ ਪਰ ਜਦੋਂ ਉਕਤ ਫਗਵਾੜਾ ਰੋਡ ਤੇ ਪਹੁੰਚਿਆਂ ਤਾ ਇੱਕ ਇੱਟਾਂ ਨਾਲ ਭਰੀ ਟਰੈਕਟਰ-ਟਰਾਲੀ ਨਾਲ ਅਚਾਨਕ ਟਕਰਾ ਗਿਆਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ। ਉਨ੍ਹਾਂ ਦੱਸਿਆ ਕਿ ਮੇਰੇ ਭਰਾ ਨੂੰ ਸਿਵਲ ਹਸਪਤਾਲ ਮਾਹਿਲਪੁਰ ਵਿਖੇ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਉਸ ਹੁਸ਼ਿਆਰਪੁਰ ਦੇ ਸਿਵਲ ਹਸਪਤਾਲ ਤੋਂ ਬਾਅਦ ਡੀ.ਐਮ.ਸੀ ਲਧਿਆਣਾ ਵਿਖੇ ਲਿਆਂਦਾ ਗਿਆ। ਉਨ੍ਹਾਂ ਦੱਸਿਆ ਕਿ ਉਸ ਦੇ ਗੰਭੀਰ ਸੱਟਾਂ ਲੱਗਣ ਕਾਰਨ ਉਸ ਦੀ ਮੌਤ ਹੋ ਗਈ। ਇਸ ਸਬੰਧੀ ਥਾਣਾ ਮਾਹਿਲਪੁਰ ਨੂੰ ਸੂਚਿਤ ਕੀਤਾ ਗਿਆ ਜਿਨ੍ਹਾਂ ਨੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ ਰੋਸ ਪੱਤਰ ਭੇਜਣ ਦਾ ਫੈਸਲਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਕੋ ਕਨਵੀਨਰ ਟਹਿਲ ਸਿੰਘ ਸਰਾਭਾ, ਰਣਦੀਪ ਸਿੰਘ ਨਵਾਂਸ਼ਹਿਰ ਤੋਂ ਸਕੱਤਰ ਬਿਕਰਮਜੀਤ ਸਿੰਘ ਫ਼ਤਹਿਗੜ੍ਹ ਸਾਹਿਬ ਦੀ ਸਾਂਝੀ ਅਗਵਾਈ ਹੇਠ ਸੂਬਾ ਪੱਧਰੀ ਮੀਟਿੰਗ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਹਾਲ ਮੋਗਾ ਵਿਖੇ ਹੋਈ। ਇਸ ਸਮੇਂ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੋਰਚੇ ਦੇ ਬੁਲਾਰਿਆਂ ਵੱਲੋਂ ਸਰਕਾਰ ਵੱਲੋਂ 01-01-2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਕੀਤੀ ਜਾ ਰਹੀ ਟਾਲ ਮਟੋਲ ਦੀ ਨੀਤੀ ਦੇ ਰੋਸ ਵਜੋਂ ਗਣਤੰਤਰ ਦਿਵਸ ਮੌਕੇ ਸਾਰੇ ਜ਼ਿਲ੍ਹਿਆਂ ਵਿੱਚੋਂ ਤਿਰੰਗਾ ਝੰਡਾ ਲਹਿਰਾਉਣ ਸਮੇਂ ਸਰਕਾਰ ਦੇ ਨਾਂਅ ਰੋਸ ਪੱਤਰ ਭੇਜੇ ਜਾਣਗੇ। ਰਾਜਸਥਾਨ, ਛੱਤੀਸਗੜ੍ਹ, ਝਾੜਖੰਡ, ਹਿਮਾਚਲ ਪ੍ਰਦੇਸ਼ ਦੀਆਂ ਸੂਬਾ ਸਰਕਾਰਾਂ ਵੱਲੋਂ ਨਵੀਂ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਹੈ।

# ਫੋਕ ਆਰਟ ਐਂਡ ਕਲਚਰਲ ਐਕਸਚੇਂਜ ਸੁਸਾਇਟੀ ਨੇ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ)**

ਪੰਜਾਬੀ ਵਿਰਾਸਤ ਅਤੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਫੋਕ ਆਰਟ ਐਂਡ ਕਲਚਰਲ ਐਕਸਚੇਂਜ ਸੁਸਾਇਟੀ ਕੈਨੇਡਾ ਵੱਲੋਂ ਸੀ ਫੇਸ ਦੇ ਦਫ਼ਤਰ ਵਿਖੇ ਸਾਦਾ ਤੇ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ ਜਿਸ ਦੀ ਪ੍ਰਧਾਨਗੀ ਬਹੁਪੱਖੀ ਸ਼ਖ਼ਸੀਅਤ ਅਤੇ ਸਮਾਜ ਸੇਵਕ ਧਰਮ ਪਾਲ ਪੈਂਥਰ ਨੇ ਕੀਤੀ।ਪ੍ਰਧਾਨ ਕੰਠ ਮੂਗੋਲਾਲ ਨੇ ਮੁੱਖ ਮਹਿਮਾਨ ਧਰਮ ਪਾਲ ਪੈਂਥਰ ਤੇ ਬਾਕੀ ਮਹਿਮਾਨਾਂ ਨੂੰ ਜੀ ਆਇਆ ਕਿਹਾ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਧਰਮ ਪਾਲ ਪੈਂਥਰ ਨੇ ਕਿਹਾ ਕਿ ਸੁਸਾਇਟੀ ਵੱਲੋਂ ਸੱਤ ਸਮੁੰਦਰੋਂ ਪਾਰ ਕੈਨੇਡਾ ਦੀ ਧਰਤੀ ਉੱਤੇ ਪੰਜਾਬੀ ਭਾਈਚਾਰੇ ਨੂੰ ਆਪਣੀ ਵਿਰਾਸਤ ਅਤੇ ਸੱਭਿਆਚਾਰ ਨਾਲ ਜੋੜਨ ਦਾ ਉਪਰਾਲਾ ਸ਼ਲਾਘਾਯੋਗ ਹੈ। ਪੰਜਾਬੀ ਜਿੱਥੇ ਵੀ ਜਾਂਦੇ ਹਨ ਉੱਥੇ ਹੀ ਪੰਜਾਬ ਤੇ ਪੰਜਾਬੀਅਤ ਦਾ ਝੰਡਾ ਬੁਲੰਦ ਕਰਦੇ ਹਨ। ਖੁੱਲ੍ਹੇ ਸੁਭਾਅ ਦੇ ਮਾਲਕ ਅਤੇ ਮੁਹੱਬਤ ਨਾਲ ਆਪਣੇ ਰੰਗ ਵਿੱਚ ਰੰਗ ਲੈਂਦੇ ਹਨ ।ਵਿਦੇਸ਼ਾਂ ਵਿੱਚ ਸਖ਼ਤ ਮਿਹਨਤ ਕਰਕੇ ਆਪਣੀ ਕਮਾਈ ਵਿੱਚੋਂ ਦਸਵੰਧ ਕੱਢਕੇ ਆਪੋ ਆਪਣੇ ਪਿੰਡਾਂ ਦੇ ਵਿਕਾਸ ਵਿੱਚ ਯੋਗਦਾਨ ਪਾਉਂਦੇ ਹਨ।ਪੈਂਥਰ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਲੋਕਾਂ ਵਿੱਚ ਆਪਸੀ ਪਿਆਰ ਭਾਈਚਾਰਕ ਸਾਂਝਾਂ ਦਿਨੋ-ਦਿਨ ਟੁੱਟਦੀਆਂ ਜਾ ਰਹੀਆਂ ਹਨ ਜੋ ਬਹੁਤ ਹੀ ਚਿੰਤਾ ਅਤੇ ਗੰਭੀਰ ਸੋਚ ਵਿਚਾਰ ਦਾ ਵਿਸ਼ਾ ਹੈ। ਜਿੱਥੇ ਸੋਸਾਇਟੀ ਲੋਕਾਂ ਨੂੰ ਆਪਣੀ ਵਿਰਾਸਤ ਅਤੇ ਸੱਭਿਆਚਾਰ ਨਾਲ ਜੋੜਨ ਦਾ ਉਪਰਾਲਾ ਕਰ ਰਹੀ ਉੱਥੇ ਸਾਨੂੰ ਮਾਨਵੀ ਰਿਸ਼ਤਿਆਂ ਵਿੱਚ ਗਿਰਾਵਟ ਕਿਉਂ ਆ ਰਹੀ ਇਸ ਉੱਤੇ ਵੀ ਅਧਿਐਨ ਤੇ ਕੰਮ ਕਰਨ ਦੀ ਜ਼ਰੂਰਤ ਹੈ। ਇਸ ਮੌਕੇ ਤੇ ਸੋਸਾਇਟੀ ਦੇ ਡਾਇਰੈਕਟਰ ਭੁਪਿੰਦਰ ਸਿੰਘ ਲੱਧੜ ਨੇ ਪੈਂਥਰ ਦਾ ਧੰਨਵਾਦ ਕਰਦਿਆਂ ਸਮਾਗਮ ਵਿੱਚ ਜਿਹੜੇ ਆਪਣੇ ਤਜਰਬੇ ਸਰੋਤਿਆਂ ਨਾਲ ਸਾਂਝੇ ਕੀਤੇ ਹਨ ਕੋਸ਼ਿਸ਼ ਕਰਾਂਗੇ ਉਨ੍ਹਾਂ ਮੁੱਦਿਆਂ ਪ੍ਰਤੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਫੋਕ ਆਰਟ ਐਂਡ ਕਲਚਰਲ ਐਕਸਚੇਂਜ ਸੁਸਾਇਟੀ ਕੈਨੇਡਾ ਵੱਲੋਂ ਧਰਮ ਪਾਲ ਪੈਂਥਰ ਨੂੰ ਯਾਦਗਾਰੀ ਚਿੰਨ੍ਹ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਨੂੰ ਸਫਲ ਬਣਾਉਣ ਲਈ ਡਾਇਰੈਕਟਰ ਅੰਮ੍ਰਿਤ ਪਾਲ ਸਿੰਘ ਢੋਟ, ਪਲਕ ਦੀਪ ਕੌਰ, ਸੀ ਈ ਓ ਕੰਵਲਜੀਤ ਸਿੰਘ ਮਾਨਾ ਵਾਲਾ ਅਤੇ ਡਾਇਰੈਕਟਰ ਤਨਵੀਰ ਸਿੰਘ ਆਦਿ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਤੇ ਚੇਤਨਾ ਦੇ ਪ੍ਰਧਾਨ ਜੈ ਵਿਰਦੀ, ਕੈਸ਼ੀਅਰ ਸੁਰਜੀਤ ਬੈਂਸ, ਅਨੁਰਾਗ ਭਾਟੀਆ, ਮਲਿਕਾ ਭਾਟੀਆ ਅਤੇ ਪਾਲ ਕੌਰ ਆਦਿ ਸ਼ਾਮਲ ਸਨ।



# ਪ੍ਰਕਾਸ਼ ਪੁਰਬ ਮੌਕੇ ਪ੍ਰਭਾਤ ਫੇਰੀਆਂ ਜਾਰੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਇਤਿਹਾਸਕ ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਤੇ ਸਮੂਹ ਨਗਰ ਨਿਵਾਸੀ, ਸ੍ਰੀ ਗੁਰੂ ਹਰਿ ਰਾਇ ਨੌਜਵਾਨ ਸਭਾ ਭੁੰਗਰਨੀ,ਐੱਨ ਆਰ ਆਈ ਵੀਰਾਂ ਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਪ੍ਰਕਾਸ਼ 31 ਜਨਵਰੀ ਨੂੰ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ 14 ਜਨਵਰੀ ਤੋਂ ਪ੍ਰਭਾਤ ਫੇਰੀਆਂ ਜਾਰੀ ਹਨ ਅਤੇ ਸੰਗਤਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ 29 ਜਨਵਰੀ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 31 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸਲਾਨਾ ਮਹਾਨ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ। ਜਿਸ ਵਿੱਚ ਪੰਥ ਪ੍ਰਸਿੱਧ, ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ, ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ,ਬਲਵੀਰ ਸਿੰਘ ਤੰਬੜ, ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਬਲਵਿੰਦਰ ਸਿੰਘ, ਜਗਤਾਰ ਸਿੰਘ ਤਾਰੀ, ਅਮਰੀਕ ਸਿੰਘ, ਭੁਪਿੰਦਰ ਸਿੰਘ, ਅਮਰੀਕ ਸਿੰਘ ਲੱਕੀ, ਡਾਕਟਰ ਅਵਤਾਰ ਸਿੰਘ ਤਾਰੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਦਾ ਚਾਲੀਵਾਂ ਮਨਾਇਆ



**ਬੰਗਾ (ਅਵਤਾਰ ਕਲੇਰ)**-ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ,ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਦਰਬਾਰ ਦੇ ਚੌਥੇ ਗੱਦੀ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦਾ ਚਾਲੀਵਾਂ, ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਜੀ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਫ਼ੱਕਰ ਸ਼ਾਹ ਦਾਦੂਵਾਲ, ਬਾਬਾ ਕਰਮ ਅਲੀ ਕੁਲਥਮ, ਬੀਬੀ ਰਾਣੀ ਬੇਗਮ ਰਾਮਪੁਰ ਬਿਲੜੋਂ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਮੁਹੰਮਦ ਸਫੀ,ਮੁਨੰਬਰ ਅਲੀ ਕਵਾਲ ਮਲੇਰਕੋਟਲਾ ਵਲੋਂ ਖ਼ਤਮ ਸ਼ਰੀਫ਼ ਦੀ ਰਸਮ ਅਦਾ ਕੀਤੀ ਗਈ। ਕੁਲ ਲੋਕਾਈ ਦੇ ਭਲੇ ਦੁਆ ਕੀਤੀ ਗਈ। ਸਾਈਂ ਉਮਰੇ ਸ਼ਾਹ ਕਾਦਰੀ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁਹੰਮਦ ਆਸ਼ਿਕ ਨੀਲਾ,ਬੀਬੀ ਸੀਤਾ ਦੇਵੀ, ਸੁਖਚੈਨ ਰਾਮ ਪਰਸੋਵਾਲ,ਜੀਤ ਬਾਬਾ ਕੁਲਥਮ, ਡਾ. ਮੋਹਣ ਲਾਲ ਬੱਧਣ,ਨੂਰ ਮੁਹੰਮਦ, ਡਾ. ਜਗਦੀਸ਼ ਮੁਹੰਮਦ,ਸੋਨੂੰ ਜੱਸੋਮਜਾਰਾ, ਮਨੀ, ਗੱਗੀ, ਹਨੀ, ਸੋਨੂੰ ਬਾਵਾ, ਹਰਪ੍ਰੀਤ ਜੱਖੂ ਆਦਿ ਹਾਜ਼ਰ ਸਨ।

# ਚੋਰੀ ਦੇ ਮੋਟਰਸਾਇਕਲ ਸਮੇਤ ਦੋ ਮੁਲਜ਼ਮ ਗ੍ਰਿਫ਼ਤਾਰ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਸਥਾਨਕ ਪੁਲੀਸ ਨੇ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਅਤੇ ਲੁੱਟਾਂ ਖੋਹਾਂ ਕਰਨ ਵਾਲੇ ਲੁਟੇਰਿਆ ਖਿਲਾਫ ਸ਼ੁਰੂ ਕੀਤੀ ਮੁਹਿੰਮ ਤਹਿਤ ਚੋਰੀ ਦੇ ਮੋਟਰਸਾਈਕਲ ਸਮੇਤ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ । ਥਾਣਾ ਮੁਖੀ ਰਜਿੰਦਰ ਕੁਮਾਰ ਨੇ ਦੱਸਿਆ ਕਿ ਏ ਐੱਸ ਆਈ ਸੁਰਿੰਦਰ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਸਮਾਜ ਵਿਰੋਧੀ ਅਨਸਰਾਂ ਤੇ ਨਸ਼ਾ ਤਸਕਰਾਂ ਖਿਲਾਫ ਇੱਥੇ ਥੀਮ ਪਾਰਕ ਨੇੜੇ ਨਾਕਾਬੰਦੀ ਕਰਕੇ ਗਸ਼ਤ ਕੀਤੀ ਜਾ ਰਹੀ ਸੀ ਤਾਂ ਮੁਖਬਰ ਖਾਸ ਵੱਲੋਂ ਇਤਲਾਹ ਦਿੱਤੀ ਗਈ ਕਿ ਭਗਵੰਤ ਸਿੰਘ ਪੁੱਤਰ ਦੀਪਿੰਦਰ ਸਿੰਘ ਖਾਲਸਾ ਕਲੋਨੀ ਚਮਕੌਰ ਸਾਹਿਬ ਤੇ ਸੁਖਵਿੰਦਰ ਸਿੰਘ ਉਰਫ਼ ਲਾਲੀ ਪੁੱਤਰ ਗੁਰਨਾਮ ਸਿੰਘ ਪਿੰਡ ਮੁੰਡੀਆਂ ਜੋ ਚੋਰੀਆਂ ਕਰਨ ਦੇ ਆਦੀ ਹਨ, ਉਹ ਚੋਰੀ ਕੀਤੇ ਗਏ ਮੋਟਰਸਾਈਕਲ (ਸਪਲੈਂਡਰ ਬਿਨਾਂ ਨੰਬਰ) 'ਤੇ ਸਵਾਰ ਹੋ ਕੇ ਰੂਪਨਗਰ ਵੱਲ ਜਾ ਰਹੇ ਹਨ। ਇਸ ਜਾਣਕਾਰੀ ਤੇ ਪੁਲਸ ਵੱਲੋਂ ਨਰਸਰੀ ਨੇੜੇ ਨਾਕਾ ਲਗਾ ਕੇ ਉਕਤ ਦੋਨਾਂ ਨੂੰ ਚੋਰੀ ਦੇ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਪੁਲਸ ਨੇ ਉਕਤ ਦੋਨੋ ਮੁਲਜ਼ਮਾਂ ਖਿਲਾਫ਼ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਫਿਲੌਰ, (ਨਿਰਮਲ)**

ਨਜ਼ਦੀਕੀ ਪਿੰਡ ਮਨਸੂਰਪੁਰ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ, ਐਨ ਆਰ ਆਈ ਵੀਰ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਗੁਰਪੁਰਬ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਕੱਢੀਆਂ ਗਈਆਂ। ਜਿਸ ਉਪਰੰਤ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਭਾਈ ਪਰਮਜੀਤ ਸਿੰਘ ਪ੍ਰੇਮੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਜਿਸ ਉਪਰੰਤ ਪੰਜਾਬ ਦੇ ਪ੍ਰਸਿੱਧ ਪੰਥਕ ਢਾਡੀ ਜਥਾ ਹਰਨੇਕ ਸਿੰਘ ਬੁਲੰਦਾ ਵੱਲੋਂ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਗੁਰੂ ਘਰ ਨੂੰ ਸੇਵਾ ਭੇਟ ਕਰਨ ਵਾਲਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਜਸਵੀਰ ਸਿੰਘ ਪ੍ਰਧਾਨ, ਸੁਰਜੀਤ ਸਿੰਘ ਧਾਲੀਵਾਲ ਸੈਕਟਰੀ, ਦਲਜੀਤ ਸਿੰਘ ਫੌਜੀ, ਜੁਝਾਰ ਸਿੰਘ ਸਿੱਧੂ, ਅਮਰੀਕ ਸਿੰਘ ਨੰਬਰਦਾਰ, ਜ਼ੋਰਾ ਸਿੰਘ ਧਾਲੀਵਾਲ, ਹਰਪ੍ਰੀਤ ਸਿੰਘ, ਜੱਗਾ ਸਿੰਘ, ਅਵਤਾਰ ਸਿੰਘ, ਉਂਕਾਰ ਸਿੰਘ, ਬਲਦੇਵ ਸਿੰਘ, ਕੁਲਵੰਤ ਸਿੰਘ ਧਾਲੀਵਾਲ, ਸੰਤੋਖ ਸਿੰਘ ਸਿੱਧੂ, ਅਮਰੀਕ ਸਿੰਘ ਮੀਕਾ ਅਤੇ ਹੋਰ ਸਨ। ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।

# ਮਾਈਨਿੰਗ ਅਧਿਕਾਰੀਆਂ ਨੂੰ ਗੈਰ-ਕਾਨੂੰਨੀ ਮਾਈਨਿੰਗ ਨਾ ਹੋਣ ਦੇਣ ਦੀ ਸਖ਼ਤ ਹਦਾਇਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਭਾਂਖਰਪੁਰ ਨੇੜੇ ਘੱਗਰ ਦਰਿਆ ਵਿੱਚ ਮਾਈਨਿੰਗ ਸਬੰਧੀ ਆ ਰਹੀਆਂ ਮੀਡੀਆ ਰਿਪੋਰਟਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਨੂੰ ਸਪਸ਼ਟ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਉਕਤ ਸਥਾਨ 'ਤੇ ਕਿਸੇ ਵੀ ਤਰ੍ਹਾਂ ਦੀ ਗੈਰਕਾਨੂੰਨੀ ਮਾਈਨਿੰਗ ਨਾ ਹੋਣ ਦਿੱਤੀ ਜਾਵੇ।ਇਸ ਸਬੰਧ ਵਿੱਚ ਵਿਧਾਇਕ ਨੇ ਭਾਂਖਰਪੁਰ ਪਿੰਡ ਦੀ ਪੰਚਾਇਤ ਤੇ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਮੌਜੂਦਾ ਸਥਿਤੀ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਡੇਰਾਬੱਸੀ ਹਲਕੇ ਵਿੱਚ ਪਾਰਦਰਸ਼ੀ ਤੇ ਜ਼ਿੰਮੇਵਾਰ ਸ਼ਾਸਨ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਤੇ ਕਿਸੇ ਵੀ ਕਿਸਮ ਦੀ ਗੈਰ-ਕਾਨੂੰਨੀ ਸਰਗਰਮੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਵਿਧਾਇਕ ਨੇ ਮਾਈਨਿੰਗ ਵਿਭਾਗ ਦੇ ਐਸ ਡੀ ਓ ਰਮਨਜੋਤ ਨੂੰ ਹਦਾਇਤ ਕੀਤੀ ਕਿ ਮੌਕੇ 'ਤੇ ਚੱਲ ਰਹੇ ਕੰਮ ਬਾਰੇ ਵਿਸਥਾਰਪੂਰਕ ਰਿਪੋਰਟ ਪੇਸ਼ ਕੀਤੀ ਜਾਵੇ ਤੇ ਇਹ ਸਪਸ਼ਟ ਕੀਤਾ ਜਾਵੇ ਕਿ ਇਹ ਮਾਈਨਿੰਗ ਹੈ ਜਾਂ ਸਿਰਫ਼ ਡੀ-ਸਿਲਟਿੰਗ। ਉਨ੍ਹਾਂ ਸਾਫ਼ ਕੀਤਾ ਕਿ ਦਰਿਆ ਦੇ ਕੁਦਰਤੀ ਰੁਖ ਨੂੰ ਬਰਕਰਾਰ ਰੱਖਣ ਅਤੇ ਮਾਨਸੂਨ ਦੌਰਾਨ ਨੇੜਲੇ ਪਿੰਡਾਂ ਨੂੰ ਹੜ੍ਹ ਤੋਂ ਬਚਾਉਣ ਲਈ ਸਿਰਫ਼ ਡੀ-ਸਿਲਟਿੰਗ ਦੀ ਹੀ ਇਜਾਜ਼ਤ ਹੋਵੇਗੀ।ਸ. ਰੰਧਾਵਾ ਨੇ ਦੱਸਿਆ ਕਿ ਪਿਛਲੇ ਮਾਨਸੂਨ ਦੌਰਾਨ ਭਾਂਖਰਪੁਰ ਨੇੜੇ ਘੱਗਰ ਦਰਿਆ ਦਾ ਪਾਣੀ ਅਚਾਨਕ ਵਧ ਗਿਆ ਸੀ, ਜਿਸ ਨਾਲ ਨੇੜਲੇ ਇਲਾਕਿਆਂ ਨੂੰ ਖ਼ਤਰਾ ਪੈਦਾ ਹੋ ਗਿਆ ਸੀ। ਇਸ ਦੇ ਮੱਦੇਨਜ਼ਰ ਅਗਲੇ ਮਾਨਸੂਨ ਤੋਂ ਪਹਿਲਾਂ ਡੀ-ਸਿਲਟਿੰਗ ਕਰਵਾਉਣ ਦਾ ਫੈਸਲਾ ਲਿਆ ਗਿਆ ਸੀ ਤਾਂ ਜੋ ਹੜ੍ਹ ਦੇ ਖਤਰੇ ਨੂੰ ਘਟਾਇਆ ਜਾ ਸਕੇ।ਉਨ੍ਹਾਂ ਪੰਚਾਇਤ ਨੂੰ ਵੀ ਸਚੇਤ ਰਹਿਣ ਦੀ ਅਪੀਲ ਕਰਦਿਆਂ ਭਰੋਸਾ ਦਿੱਤਾ ਕਿ ਜੇਕਰ ਡੀ-ਸਿਲਟਿੰਗ ਤੋਂ ਇਲਾਵਾ ਕੋਈ ਵੀ ਗਤੀਵਿਧੀ ਨਜ਼ਰ ਆਵੇ ਤਾਂ ਤੁਰੰਤ ਉਨ੍ਹਾਂ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।





# ਨੌਜਵਾਨਾਂ ਨੇ 76 ਯੂਨਿਟ ਖ਼ੂਨਦਾਨ ਕੀਤਾ

**ਅਲਾਵਲਪੁਰ, (ਮਦਨ ਬੰਗੜ)**

ਬਿਆਸ ਪਿੰਡ ਵਿਖੇ ਜੈ ਬਾਬਾ ਲੱਖ ਦਾਤਾ ਜੀ ਅਤੇ ਜੈ ਬਾਬਾ ਮੱਲ ਜੀ ਦੇ ਦਰਬਾਰ ਤੇ ਪ੍ਰਾਚੀਨ ਸਲਾਨਾ ਛਿੰਞ ਮੇਲੇ ਦੌਰਾਨ ਉੱਘੇ ਸਮਾਜ ਸੇਵਕ ਗੁਰਪ੍ਰੀਤ ਸਿੰਘ ਰੱਖਰਾ ਦੀ ਦੇਖਰੇਖ ਹੇਠ ਇਕ ਵਿਸ਼ਾਲ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਪ੍ਰੀਤ ਸਿੰਘ ਰੱਖਰਾ ਨੇ ਦੱਸਿਆ ਕਿ ਸਾਲਾਨਾ ਛਿੰਞ ਮੇਲੇ ਦੌਰਾਨ ਸਮੂਹ ਪਿੰਡ ਵਾਸੀ ਨੌਜਵਾਨਾਂ ਅਤੇ ਵਿਕਾਸ ਕਪੂਰ ਦੁਆਬਾ ਹਸਪਟਲ ਜਲੰਧਰ ਦੇ ਸਹਿਯੋਗ ਨਾਲ ਲਗਵਾਏ ਗਏ ਖ਼ੂਨਦਾਨ ਕੈਂਪ ਵਿੱਚ 76 ਯੂਨਿਟ ਖ਼ੂਨਦਾਨੀਆਂ ਵੱਲੋਂ ਖ਼ੂਨ ਦਾਨ ਕੀਤਾ ਗਿਆ ਜਿਨਾਂ ਨੂੰ ਰਿਫਰੈਸ਼ਮੈਂਟ ਦੇ ਨਾਲ ਸਰਟੀਫਿਕੇਟ ਵੀ ਦਿੱਤੇ ਗਏ।

ਇਸ ਮੌਕੇ ਵਿਸ਼ੇਸ਼ ਤੌਰ ਤੇ ਸਮਾਜ ਸੇਵਕ ਸੁਸਾਇਟੀ ਕਾਲਾ ਬੱਕਰਾ ਦੀ ਵਿਸ਼ੇਸ਼ ਮੈਡੀਕਲ ਐਬੂਲੈਂਸ ਸੇਵਾਦਾਰ ਗੁਰਪ੍ਰੀਤ ਸਿੰਘ ਮਨਸੂਰਪੁਰ ਬਡਾਲਾ ਵੱਲੋਂ ਮੁਹਈਆ ਕਰਵਾਈ ਗਈ।

# ਸੱਤ ਦਿਨਾ ਸਪੈਸ਼ਲ ਕੈਂਪ ਲਗਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)**

ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆ ਵਿਖੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਦੀ ਅਗਵਾਈ ਹੇਠ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਡਾ. ਕੁਲਵਿੰਦਰ ਕੌਰ, ਰਨਦੀਪ ਕੌਰ, ਮੈਡਮ ਸੁਜਨ ਦੀ ਨਿਗਰਾਨੀ ਹੇਠ ਸੱਤ ਰੋਜ਼ਾ ਸਪੈਸ਼ਲ ਕੈਂਪ ਦਾ ਆਯੋਜਨ ਕੀਤਾ ਗਿਆ।ਇਹ ਕੈਂਪ ਕਾਲਜ ਕੈਂਪਸ ਵਿਖੇ ਲਗਾਇਆ ਗਿਆ। ਕੈਂਪਸ ਦੇ ਉਦਘਾਟਨ ਸਮਾਰੋਹ ਦੌਰਾਨ ਵਿਦਿਆਰਥੀਆਂ ਨੂੰ ਇੰਚਾਰਜ ਡਾ.ਕੁਲਵਿੰਦਰ ਕੌਰ ਨੇ ਐੱਨ ਐੱਸ ਐੱਸ ਦੀ ਮਹੱਤਤਾ ਬਾਰੇ ਅਤੇ ਸੱਤ ਦਿਨਾਂ ਵਿੱਚ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਨਾਂ ਨੇ ਵਿਦਿਆਰਥੀਆਂ ਨੂੰ ਉਨਾਂ ਦੀਆਂ ਸਮਾਜਿਕ ਜਿੰਮੇਵਾਰੀਆਂ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਐੱਨ ਐੱਸ ਐੱਸ ਦਾ ਕੈਂਪ ਲਗਾਉਣ ਦਾ ਮਤਲਬ ਸਾਡੇ ਵਿੱਚ ਮਨੁੱਖੀ ਸੇਵਾ ਭਾਵਨਾਵਾਂ ਨੂੰ ਜਾਗਰੂਕ ਕਰਨਾ ਤੇ ਬਿਨਾਂ ਕਿਸੇ ਸਵਾਰਥ ਤੇ ਦੂਜਿਆਂ ਦੇ ਕੰਮ ਆਉਣਾ ਹੈ। ਇਸ ਕੈਂਪ ਵਿੱਚ ਵਿਦਿਆਰਥੀਆਂ ਸੇਵਾ ਭਾਵਨਾਵਾਂ ਸਹਿਤ, ਚਿੱਟੀ ਪਿੰਡ ਦੀਆਂ ਗਲੀਆਂ ਦੀ ਸਫਾਈ ਤੇ ਲੋਕਾਂ ਨੂੰ ਆਪਣਾ ਆਲਾ ਦੁਆਲਾ ਸਾਫ ਰੱਖਣ ਲਈ ਪ੍ਰੇਰਨਾ, ਕਾਲਜ ਕੈਂਪਸ ਵਿੱਚ ਸਵੱਛਤਾ ਹੀ ਸੇਵਾ ਦੇ ਤਹਿਤ ਬੂਟੇ ਲਗਾਉਣੇ, ਗਮਲੇ ਪੇਂਟ ਕਰਨੇ, ਭਿਆਨਕ ਬਿਮਾਰੀਆਂ ਤੋਂ ਜਾਗਰੂਕ ਕਰਵਾਉਣ ਲਈ ਡਾਕਟਰ ਸਾਹਿਬਾਨ ਦੇ ਲੈਕਚਰ,ਸਿਹਤ ਸਬੰਧੀ ਜਾਣਕਾਰੀ, ਸੰਤੁਲਨ ਭੋਜਨ ਖਾਣ ਨੂੰ ਪ੍ਰੇਰਿਤ ਕਰਨਾ ਤੇ ਏਡਜ ਵਰਗੀ ਭਿਆਨਕ ਬਿਮਾਰੀ ਸਬੰਧੀ ਰੈਲੀ ਕੱਢੀ, ਪੋਸਟਰ ਮੇਕਿੰਗ ਆਦਿ ਲੋਕ ਗੀਤ, ਖੇਡਾਂ ਦੇ ਕੰਪੀਟੀਸ਼ਨ ਆਦਿ ਬਾਰੇ ਜਾਣਕਾਰੀ ਦਿੱਤੀ।ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਐਨ.ਐਸ.ਐਸ ਵਲੰਟੀਅਰਜ਼ ਨੂੰ ਕੈਂਪ ਲਾਉਣ ਤੇ ਵਧਾਈ ਦਿੱਤੀ ਅਤੇ ਹੱਲਾਸ਼ੇਰੀ ਦਿੰਦੇ ਹੋਏ ਕਿਹਾ ਕਿ ਅਜਿਹੇ ਕੈਂਪ ਜਿੱਥੇ ਦੂਜਿਆਂ ਪ੍ਰਤੀ ਸੇਵਾ ਕਰਨ ਦੀ ਭਾਵਨਾ ਪੈਦਾ ਕਰਦੇ ਹਨ ਦੂਜੇ ਪਾਸੇ ਸਾਨੂੰ ਸਮਾਜਿਕ ਸਰੀਰਿਕ ਖੁਸ਼ੀ ਵੀ ਦਿੰਦੇ ਹਨ।




# ਭਾਰਤ ਬਾਣੀ ਪੋਰਟਲ 'ਤੇ ਬਲਜਿੰਦਰ ਮਾਨ ਦੀਆਂ ਪੁਸਤਕਾਂ : ਐੱਸ ਅਸ਼ੋਕ ਭੌਰਾ

**ਜੇਜੋ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਤੇ ਇੰਡੀਆ ਬੁੱਕ ਆਫ ਰਿਕਾਰਡਸ ਵਿੱਚ ਦਰਜ ਪੰਜਾਬੀ ਦੇ ਇੱਕੋ ਇੱਕ ਬਾਲ ਰਸਾਲੇ ਨਿੱਕੀਆਂ ਕਰੂੰਬਲਾਂ ਦੇ ਸੰਪਾਦਕ ਬਲਜਿੰਦਰ ਮਾਨ ਦੀਆਂ 12 ਬਾਲ ਪੁਸਤਕਾਂ ਭਾਰਤ ਸਰਕਾਰ ਦੇ ਸਿੱਖਿਆ ਤੇ ਹਾਇਰ ਐਜੂਕੇਸ਼ਨ ਮੰਤਰਾਲੇ ਦੇ ਸੈਂਟਰਲ ਇੰਸਟੀਚਿਊਟ ਆਫ਼ ਇੰਡੀਅਨ ਲੈਂਗੁਏਜਸ ਮੈਸੂਰ ਕਰਨਾਟਕਾ ਵਲੋਂ ਭਾਰਤ ਬਾਣੀ ਪ੍ਰੋਜੈਕਟ 'ਤੇ ਪੀ ਡੀ ਐਫ ਰੂਪ ਵਿੱਚ ਉਪਲਬਧ ਕਰਵਾਈਆਂ ਗਈਆਂ ਹਨ। ਇਹ ਜਾਣਕਾਰੀ ਦਿੰਦਿਆਂ ਕੌਮਾਂਤਰੀ ਲੇਖਕ ਤੇ ਪੱਤਰਕਾਰ ਐੱਸ ਅਸ਼ੋਕ ਭੌਰਾ ਨੇ ਕਿਹਾ ਕਿ ਬਲਜਿੰਦਰ ਮਾਨ ਦੀ ਬਾਲ ਸਾਹਿਤ, ਖੇਡਾਂ ਅਤੇ ਸੱਭਿਆਚਾਰਕ ਖੇਤਰ ਵਿੱਚ ਸ਼ਾਨਦਾਰ ਦੇਣ ਬਦਲੇ ਉਸ ਨੂੰ ਜਿੱਥੇ ਰਾਜ ਪੱਧਰੀ ਮਾਣ ਸਨਮਾਨ ਮਿਲੇ ਹੋਏ ਹਨ ਉੱਥੇ ਉਸਦੀ ਇਹ ਇੱਕ ਹੋਰ ਸ਼ਾਨਾਂਮੱਤੀ ਪ੍ਰਾਪਤੀ ਹੈ। ਉਸ ਦੀਆਂ ਕੁੱਲ 18 ਬਾਲ ਪੁਸਤਕਾਂ ਵਿੱਚੋਂ 12 ਪੁਸਤਕਾਂ ਸਾਲ 2025 ਵਿੱਚ ਭਾਰਤ ਸਰਕਾਰ ਦੇ ਸੈਂਟਰਲ ਇੰਸਟੀਚਿਊਟ ਆਫ਼ ਇੰਡੀਅਨ ਲੈਂਗੁਏਜਸ ਵੱਲੋਂ ਭਾਰਤ ਬਾਣੀ ਪ੍ਰੋਜੈਕਟ ਤੇ ਉਪਲਬਧ ਕਰਵਾਈਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਬਲਜਿੰਦਰ ਮਾਨ ਨੇ ਮੈਗਜ਼ੀਨ ਨਿੱਕੀਆਂ ਕਰੂੰਬਲਾਂ ਦੀ 1995 ਤੋਂ ਨਿਰੰਤਰਤਾ ਦੇ ਨਾਲ ਨਾਲ 25 ਮੌਲਿਕ, 7 ਅਨੁਵਾਦਿਤ ਅਤੇ 35 ਪੁਸਤਕਾਂ ਦਾ ਸੰਪਾਦਨ ਕਾਰਜ ਕੀਤਾ ਹੈ। ਇਨ੍ਹਾਂ ਪਰਉਪਕਾਰੀ ਉਪਰਾਲਿਆਂ ਵਿੱਚ ਉਨ੍ਹਾਂ ਦੀ ਜੀਵਨ ਸਾਥਣ ਮਨਜੀਤ ਕੌਰ ਅਤੇ ਬੱਚੇ ਤਨਵੀਰ ਮਾਨ, ਹਰਵੀਰ ਮਾਨ, ਰਵਨੀਤ ਕੌਰ ਅਤੇ ਹਰਮਨਪ੍ਰੀਤ ਕੌਰ ਦਾ ਵੀ ਯੋਗਦਾਨ ਹੈ। ਭਾਰਤੀ ਭਾਸ਼ਾਵਾਂ ਦੇ ਵਿਕਾਸ ਲਈ ਕਾਰਜਸ਼ੀਲ ਸੰਸਥਾ ਸੈਂਟਰਲ ਇੰਸਟੀਚਿਊਟ ਆਫ ਇੰਡੀਅਨ ਲੈਂਗੁਏਜਸ ਮੈਸੂਰ ਵਲੋਂ ਵੱਖ-ਵੱਖ ਭਾਸ਼ਾਵਾਂ ਦੀਆਂ ਉੱਤਮ ਦਰਜੇ ਦੀਆਂ ਪੁਸਤਕਾਂ ਨੂੰ ਪੀ ਡੀ ਐਫ ਰੂਪ ਵਿੱਚ ਇਸ ਪੋਰਟਲ ਤੇ ਉਪਲਬਧ ਕਰਵਾਇਆ ਜਾਂਦਾ ਹੈ। ਇਸ ਪੋਰਟਲ ਤੇ ਬਲਜਿੰਦਰ ਮਾਨ ਦੀਆਂ -'ਕੁਦਰਤੀ ਗੋਦ ਵਿੱਚ, ਮਾਂ ਜਿਹਾ ਲਾਡ, ਤ੍ਰਿਪੁਰਾ ਦਰਸ਼ਨ, ਚੜ੍ਹਦੇ ਸੂਰਜ ਵਾਲੇ ਰਾਜਾਂ ਵਿੱਚ, ਸੋਹਣਾ ਪਿੰਡ ਬਣਾਈਏ, ਸਾਡਾ ਸੰਵਿਧਾਨ ਅਤੇ ਬਾਲ ਅਧਿਕਾਰ, ਤਾਇਆ ਬਲਕਾਰ ਸਿੰਘ, ਮੇਰਾ ਸੁਪਨਾ, ਵਜ਼ੀਰ ਦੀ ਲੜਕੀ, ਖੇਡਾਂ ਮਿੰਕੂ ਤੇ ਚਿੰਟੂ ਦੀਆਂ, ਚੰਦ ਤੱਕ ਉਡਾਰੀ ਅਤੇ ਰੱਜ ਰੱਜ ਮਿਲਦਾ ਪਿਆਰ ਬੇਲੀਓ' ਪੁਸਤਕਾਂ ਪੜ੍ਹੀਆਂ ਜਾ ਸਕਦੀਆਂ ਹਨ। ਇਸ ਮੌਕੇ ਬਲਜਿੰਦਰ ਮਾਨ ਨੂੰ ਵਧਾਈ ਦੇਣ ਵਾਲਿਆਂ ਵਿੱਚ ਸਾਹਿਤਕ, ਸੱਭਿਆਚਾਰਕ, ਵਿਚਾਰਕ, ਖੇਡ, ਸਮਾਜਿਕ, ਧਾਰਮਿਕ ਅਤੇ ਰਾਜਸੀ ਆਗੂਆਂ ਵਿੱਚ ਡਾ. ਰਾਜ ਕੁਮਾਰ ਐਮ ਪੀ, ਡਾ. ਇਸ਼ਾਂਕ ਕੁਮਾਰ ਐੱਮ ਐੱਲ ਏ, ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਵਿਧਾਨ ਸਭਾ ਪੰਜਾਬ, ਕੁਲਵੰਤ ਸਿੰਘ ਸੰਘਾ ਪ੍ਰਧਾਨ ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਿੰਗ ਕਲੱਬ, ਡਾ. ਜਸਵੰਤ ਰਾਏ ਜ਼ਿਲ੍ਹਾ ਭਾਸ਼ਾ ਤੇ ਖੋਜ ਅਫ਼ਸਰ, ਪ੍ਰਿੰ. ਪਰਵਿੰਦਰ ਸਿੰਘ, ਡਾ. ਜੇ ਬੀ ਸੇਖੋਂ , ਡਾ. ਦਰਸ਼ਨ ਸਿੰਘ ਆਸ਼ਟ, ਮਨਮੋਹਨ ਸਿੰਘ ਦਾਊਂ ,ਡਾ.ਅਸ਼ੋਕ ਪੁਰੀ, ਡਾ. ਮਨਮੋਹਨ ਸਿੰਘ ਤੀਰ, ਡਾ ਦਲਜੀਤ ਸਿੰਘ ਅਜਨੋਹਾ, ਸ਼ਵਿੰਦਰਜੀਤ ਸਿੰਘ ਬੈਂਸ ਐਸ ਪੀ, ਡਾ. ਸਾਂਵਲ ਧਾਮੀ, ਡਾ. ਸ਼ਮਸ਼ੇਰ ਮੋਹੀ, ਮਦਨ ਵੀਰਾ, ਪ੍ਰੋਫੈਸਰ ਬੀ ਐਸ ਬੱਲੀ, ਕ੍ਰਿਸ਼ਨਜੀਤ ਰਾਓ ਕੈਂਡੋਵਾਲ, ਡਾ.ਬਲਵੀਰ ਕੌਰ ਰੀਹਲ, ਰਘੁਵੀਰ ਸਿੰਘ ਕਲੋਆ, ਤਰਲੋਚਨ ਪਠਲਾਵਾ, ਬੱਗਾ ਸਿੰਘ ਆਰਟਿਸਟ, ਚੈਂਚਲ ਸਿੰਘ ਬੈਂਸ ਤੇ ਸੁਖਮਨ ਸਿੰਘ ਆਦਿ ਸ਼ਾਮਿਲ ਹਨ।



# ਪਲੇਸਮੈਂਟ ਕੈਂਪ ਅੱਜ

**ਮੋਹਾਲੀ, (ਗੁਰਜੀਤ ਬਿੱਲਾ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ, ਐਸ.ਏ.ਐਸ ਨਗਰ ਵੱਲੋਂ ਮਿਤੀ 20 ਜਨਵਰੀ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਸੀ ਡੀ ਓ ਈ, ਨੇੜੇ ਗੁਰੂ ਤੇਗ ਬਹਾਦਰ ਭਵਨ, ਸੂਰਜ ਭਾਨ ਹਾਲ, ਪੰਜਾਬ ਯੂਨੀਵਰਸਿਟੀ, ਸੈਕਟਰ-14, ਚੰਡੀਗੜ੍ਹ ਵਿਖੇ ਹੋਵੇਗਾ। ਇਸ ਪਲੇਸਮੈਂਟ ਕੈਂਪ ਦਾ ਸਮਾਂ ਸਵੇਰ 10:00 ਵਜੇ ਤੋਂ ਦੁਪਿਹਰ 2.00 ਵਜੇ ਤੱਕ ਹੋਵੇਗਾ।ਡੀ ਬੀ ਈ ਈ ਐਸ ਏ ਐਸ ਨਗਰ ਦੇ ਡਿਪਟੀ ਡਾਇਰੈਕਟਰ, ਸ੍ਰੀ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਜਿਸ ਤਹਿਤ ਉਕਤ ਪਲੇਸਮੈਂਟ ਕੈਂਪਾਂ ਦਾ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੈਂਪ ਵਿੱਚ ਅਕਾਲ ਅਕੈਡਮੀਜ਼, ਪਟਿਆਲਾ ਜ਼ੋਨ, ਵੀ 5 ਗਲੋਬਲ ਸਰਵਿਸਿਜ਼ ਪ੍ਰਾਈਵੇਟ ਲਿਮਿਟਿਡ, ਭਾਸ਼ਕਰ ਜੋਤੀ ਇੰਡੀਆ ਪ੍ਰਾਈਵੇਟ ਲਿਮਿਟਿਡ, ਐਕਸਿਸ ਬੈਂਕ (ਕੁਏਸ ਕਾਰਪ ਲਿਮਿਟਿਡ ਪੇਰੋਲ 'ਤੇ), ਗਲੋਬਲ ਆਟੋਮੋਬਾਈਲਜ਼ ਪ੍ਰਾਈਵੇਟ ਲਿਮਿਟਿਡ, ਮਾਰਸ ਵਰਲਡ, ਕੇਐਨਆਰਪੀਐਲ- ਕਮਾਥਜ਼ ਨੇਚੁਰਲ ਰਿਟੇਲਜ਼ ਪ੍ਰਾਈਵੇਟ ਲਿਮਿਟਿਡ, ਇੰਡੀਆਨ ਬੈਂਕ (ਆਟੋ ਲੋਨ), ਆਈ-ਪ੍ਰੋਸੈਸ (ਆਈ ਸੀ ਆਈ ਸੀ ਆਈ ਬੈਂਕ ਦੀ ਪੂਰੀ ਮਲਕੀਅਤ ਵਾਲੀ ਸਬਸਿਡੀ), ਸਨ ਟਰੱਸਟ ਕੈਪੀਟਲ, ਬਿਰਲਾ ਓਪਸ, ਮੁਰਾਰੀ ਸਰਵਿਸਿਜ਼, ਏਫ਼ਐੱਮਸੀਜੀ ਕੰਪਨੀ, ਏਟੀਐਸ ਏਡੇਕੋ ਇੰਡੀਆ, ਹਿਤਾਚੀ ਕੈਸ਼ ਮੈਨੇਜਮੈਂਟ ਸਰਵਿਸਿਜ਼ ਪ੍ਰਾਈਵੇਟ ਲਿਮਿਟਿਡ ਵਲੋਂ ਟੀਚਿੰਗ/ਨਾਨ ਟੀਚਿੰਗ, ਸੈਲਜ ਅਫਸਰ, ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ।

# ਫੁੱਟਬਾਲ ਟੂਰਨਾਮੈਂਟ ਮੁਲਤਵੀ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਕਮੇਟੀ ਗੜ੍ਹਸ਼ੰਕਰ ਦੀ ਜਨਰਲ ਬਾਡੀ ਮੀਟਿੰਗ ਵਿਚ ਉਲੰਪੀਅਨ ਜਰਨੈਲ ਸਿੰਘ ਫੁੱਟਬਾਲ ਸਟੇਡੀਅਮ ਬੱਬਰ ਅਕਾਲੀ ਮੈਮੋਰੀਅਲ ਖਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਫਰਵਰੀ ਮਹੀਨੇ ਵਿਚ ਕਰਵਾਇਆ ਜਾਣ ਵਾਲਾ 23ਵਾਂ ਰਾਜ ਪੱਧਰੀ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਪ੍ਰਬੰਧਕੀ ਕਾਰਨਾਂ ਕਰਕੇ ਫਿਲਹਾਲ ਮੁਲਤਵੀ ਕਰ ਦਿੱਤਾ ਹੈ। ਟੂਰਨਾਮੈਂਟ ਕਮੇਟੀ ਦੀ ਪ੍ਰਧਾਨ ਮੁਖਤਿਆਰ ਸਿੰਘ ਹੀਰ ਦੀ ਪ੍ਰਧਾਨਗੀ ਹੇਠ ਹੋਈ ਕਮੇਟੀ ਦੀ ਜਨਰਲ ਬਾਡੀ ਮੀਟਿੰਗ ਦੀ ਆਰੰਭਤਾ ਵਿਚ ਬਾਬੂ ਵੇਦ ਪ੍ਰਕਾਸ਼ ਕ੍ਰਿਪਾਲ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕਰਦਿਆਂ 2 ਮਿੰਟ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿਚ ਪਿਛਲੇ ਸਾਲ ਹੋਏ ਫੁੱਟਬਾਲ ਟੂਰਨਾਮੈਂਟ ਦੌਰਾਨ ਹੋਏ ਘਟਨਾਕ੍ਰਮ ਦੇ ਮੱਦੇਨਜ਼ਰ ਐੱਨ.ਆਰ.ਆਈ. ਵਲੋਂ ਦਿੱਤੇ ਸੁਝਾਅ ਨੂੰ ਧਿਆਨ ਵਿਚ ਰੱਖਦੇ ਹੋਏ ਫਿਲਹਾਲ 23ਵਾਂ ਰਾਜ ਫੁੱਟਬਾਲ ਫੁੱਟਬਾਲ ਟੂਰਨਾਮੈਂਟ ਮੁਲਤਵੀ ਕਰਨ ਦਾ ਫੈਸਲਾ ਲਿਆ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਭਵਿੱਖ ਵਿਚ ਕਰਵਾਏ ਜਾਣ ਵਾਲੇ ਖੇਡ ਕਾਰਜਾਂ ਲਈ ਫੈਸਲਾ ਅਗਲੀ ਮੀਟਿੰਗ ਵਿਚ ਲਿਆ ਜਾਵੇਗਾ। ਮੀਟਿੰਗ ਵਿਚ ਪ੍ਰਧਾਨ ਮੁਖਤਿਆਰ ਸਿੰਘ ਹੀਰ, ਡਾ. ਹਰਵਿੰਦਰ ਸਿੰਘ ਬਾਠ, ਸ਼ਵਿੰਦਰਜੀਤ ਸਿੰਘ ਬੈਂਸ, ਬਲਵੀਰ ਸਿੰਘ ਬੈਂਸ, ਯੋਗਰਾਜ ਗੰਭੀਰ, ਰਣਜੀਤ ਸਿੰਘ ਖੱਖ, ਸਤਨਾਮ ਸਿੰਘ ਬੈਂਸ, ਰੌਸ਼ਨਜੀਤ ਸਿੰਘ ਪਨਾਮ, ਅਮਨਦੀਪ ਸਿੰਘ ਬੈਂਸ, ਸ਼ਲਿੰਦਰ ਸਿੰਘ ਰਾਣਾ, ਤਰਲੋਚਨ ਸਿੰਘ ਗੋਲੀਆਂ, ਜੋਗਿੰਦਰ ਸਿੰਘ ਆਦਿ ਹਾਜ਼ਰ ਹੋਏ।

## ਨਸ਼ੀਲੀਆਂ ਗੋਲੀਆਂ ਸਮੇਤ ਦੋ ਭਗੌੜੇ ਕਾਬੂ



ਸ਼ੇਰਪੁਰ (ਰਵੀ ਟਿੱਬਾ)-ਥਾਣੇਦਾਰ ਬਲੌਰ ਸਿੰਘ ਚਹਿਲ ਮੁੱਖ ਅਫਸਰ ਥਾਣਾ ਸ਼ੇਰਪੁਰ ਦੀ ਸੁਪਰਵੀਜ਼ਨ ਹੇਠ ਸਹਾਇਕ ਥਾਣੇਦਾਰ ਗੁਰਪਾਲ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ ਦੌਰਾਨ ਕੁਲਦੀਪ ਸਿੰਘ ਉਰਫ ਗੋਧਾ ਪੁੱਤਰ ਕਿਰਸਨ ਸਿੰਘ ਵਾਸੀ ਰਾਮਨਗਰ ਛੰਨਾ ਨੂੰ ਕਾਬੂ ਕਰਕੇ ਇਸ ਦੇ ਕਬਜ਼ੇ ਵਿੱਚੋਂ 110 ਨਸ਼ੀਲੀਆਂ ਗੋਲੀਆਂ ਬਰਾਮਦ ਕਰਵਾ ਕੇ ਮੁਕੱਦਮਾ ਥਾਣਾ ਸ਼ੇਰਪੁਰ ਵਿਖੇ ਦਰਜ ਕਰਾਇਆ ਗਿਆ ਅਤੇ ਸਹਾਇਕ ਥਾਣੇਦਾਰ ਕਰਮਜੀਤ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਦੇ ਪੀ ਓ ਨਿਰਭੈ ਸਿੰਘ ਪੁੱਤਰ ਬਾਵਾ ਸਿੰਘ ਭੋਤਨਾ ਬਰਨਾਲਾ ਤੇ ਲਵਲੀ ਕੁਮਾਰ ਪੁੱਤਰ ਸੁਰੇਸ਼ ਕੁਮਾਰ ਵਾਸੀ ਬਰਨਾਲਾ, ਜੋ ਮੁਕੱਦਮਾ ਨੰਬਰ 14 ਮਿਤੀ 21/02/2021 ਅਧੀਨ ਧਾਰਾ 457,380 ਆਈ ਪੀ ਸੀ ਥਾਣਾ ਸ਼ੇਰਪੁਰ ਵਿੱਚ ਅਧੀਨ ਧਾਰਾ 299 ਸੀ ਆਰ ਪੀ ਸੀ ਦੇ ਭਗੌੜੇ ਸਨ, ਨੂੰ ਕਾਬੂ ਕੀਤਾ ਗਿਆ। ਇਨ੍ਹਾਂ ਦੋਵੇਂ ਭਗੌੜੇ ਤੇ ਨਸ਼ੀਲੀਆਂ ਗੋਲੀਆਂ ਵਾਲੇ ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਤੇ ਅਗਲੀ ਤਫ਼ਤੀਸ਼ ਜਾਰੀ ਹੈ।

## ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ 13 ਫਰਵਰੀ ਤੋਂ : ਡੀ ਸੀ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਦੀ ਅਮੀਰ ਵਿਰਾਸਤ, ਰੂਹਾਨੀਅਤ, ਸੱਭਿਆਚਾਰ ਤੇ ਮਹਿਲਾ ਉੱਦਮੀਆਂ ਤੇ ਸ਼ਿਲਪਕਾਰਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਚਾਰਿਤ ਕਰਨ ਦੇ ਉਦੇਸ਼ ਨਾਲ ਮਾਲੇਰਕੋਟਲਾ ਵਿਖੇ 13 ਫਰਵਰੀ ਤੋਂ 15 ਫਰਵਰੀ 2026 ਤੱਕ ਸਰਕਾਰੀ ਕਾਲਜ ਮਾਲੇਰਕੋਟਲਾ ਵਿੱਚ ਤਿੰਨ ਰੋਜ਼ਾ ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਵਿਰਾਜ ਐੱਸ. ਤਿੜਕੇ ਨੇ ਫੈਸਟੀਵਲ ਦੇ ਅਗੇਤੇ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੀ ਸੱਭਿਆਚਾਰਕ ਪਛਾਣ, ਲੋਕ ਕਲਾ, ਰਵਾਇਤੀ ਫਨ ਤੇ ਮਹਿਲਾ ਸ਼ਕਤੀ ਨੂੰ ਉਤਸ਼ਾਹਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸੇ ਉਦੇਸ਼ ਦੀ ਪੂਰਤੀ ਲਈ ਇਹ ਵਿਲੱਖਣ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਮਹਿਲਾ ਉੱਦਮੀਆਂ ਤੇ ਸ਼ਿਲਪਕਾਰਾਂ ਵੱਲੋਂ ਤਿਆਰ ਕੀਤੀਆਂ ਵਸਤਾਂ ਤੇ ਸੂਫ਼ੀ ਸੱਭਿਆਚਾਰ ਨੂੰ ਇੱਕੋ ਮੰਚ 'ਤੇ ਪ੍ਰਦਰਸ਼ਤ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਫੈਸਟੀਵਲ ਦੌਰਾਨ ਪ੍ਰਸਿੱਧ ਸੂਫ਼ੀ ਗਾਇਕ ਤੇ ਕਲਾਕਾਰ ਆਪਣੇ ਫਨ ਦੀ ਪੇਸ਼ਕਾਰੀ ਰਾਹੀਂ ਦਰਸ਼ਕਾਂ ਨੂੰ ਰੂਹਾਨੀ ਰੰਗ ਵਿੱਚ ਰੰਗਣਗੇ, ਜਦਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਸ਼ਿਲਪਕਾਰ ਤੇ ਸੈਲਫ਼ ਹੈਲਪ ਗਰੁੱਪ ਆਪਣੇ ਉਤਪਾਦਾਂ ਦੀ ਪ੍ਰਦਰਸ਼ਨੀ ਲਗਾਉਣਗੇ। ਉਨ੍ਹਾਂ ਦੱਸਿਆ ਕਿ ਇਹ ਸਮਾਗਮ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਹਿਯੋਗ ਨਾਲ ਤੇ ਪੇਂਡੂ ਵਿਕਾਸ, ਪੰਚਾਇਤਾਂ, ਉਦਯੋਗ ਤੇ ਵਣਜ ਵਿਭਾਗ ਪੰਜਾਬ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦੇ ਤਹਿਤ ਕਰਵਾਇਆ ਜਾ ਰਿਹਾ ਹੈ।ਉਨ੍ਹਾ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਫੈਸਟੀਵਲ ਦੇ ਸਾਰੇ ਪ੍ਰਬੰਧ ਨਿਯਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ।ਉਨ੍ਹਾਂ ਦੱਸਿਆ ਕਿ ਫੈਸਟੀਵਲ ਦੌਰਾਨ ਸਥਾਨਕ ਖਾਣ-ਪੀਣ ਤੇ ਦਸਤਕਾਰੀ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਸਟਾਲ ਵੀ ਲਗਾਏ ਜਾਣਗੇ।ਇਹ ਫੈਸਟੀਵਲ ਪੂਰੀ ਤਰ੍ਹਾਂ ਮੁਫ਼ਤ ਹੋਵੇਗਾ ਤੇ ਇਸ ਲਈ ਸਮੂਹ ਨਿਵਾਸੀਆਂ, ਸੈਲਾਨੀਆਂ ਤੇ ਕਲਾ ਪ੍ਰੇਮੀਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।

## ਸੰਤ ਬਾਬਾ ਅਮਰ ਦਾਸ ਤੇ ਸੰਤ ਬਾਬਾ ਬ੍ਰਹਮ ਦਾਸ ਦੀ ਯਾਦ 'ਚ ਸਮਾਗਮ



ਦਿੜ੍ਹਬਾ (ਜਸਵੀਰ ਲਾਡੀ)-ਪਿੰਡ ਸਫੀਪੁਰ ਕਲਾਂ ਟਿੱਲਾ ਬੀੜ ਵਾਲਾ ਦੇ ਮੌਜੂਦਾ ਮਹੰਤ ਬਾਬਾ ਪ੍ਰਗਟ ਦਾਸ ਜੀ ਦੀ ਰਹਿਨੁਮਾਈ ਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਸੰਤ ਬਾਬਾ ਅਮਰ ਦਾਸ ਜੀ, ਸੰਤ ਬਾਬਾ ਬ੍ਰਹਮ ਦਾਸ ਜੀ ਦੀ ਮਿੱਠੀ ਯਾਦ ਨੂੰ ਸਮਰਪਤ ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ 16 ਜਨਵਰੀ ਨੂੰ ਪਾਏ ਗਏ ਜਿਸ, ਇਸ ਸਮੇਂ ਗੁਰੂਘਰ ਦੇ ਗ੍ਰੰਥੀ ਭਾਈ ਭੀਮ ਸਿੰਘ ਸੰਤ ਬਾਬਾ ਜਗਸ਼ੀਰ ਸਿੰਘ ਕਲਬੁਰਛਾਂ ਵਾਲੇ ਤੇ ਭਾਈ ਜਗਦੇਵ ਸਿੰਘ ਜੀ ਖਾਲਸਾ ਖੇੜੀ ਨਗਾਈਆਂ ਨੇ ਕਥਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਪਿੰਡ ਤੇ ਇਲਾਕੇ ਦੇ ਪਤਵੰਤੇ ਸੱਜਣ ਅਤੇ ਉਦਾਸੀਨ ਭੇਖ ਭਗਵਾਨ ਮੰਡਲ ਦੇ ਸਾਧੂਆਂ ਨੇ ਪਹੁੰਚ ਕੇ ਹਾਜ਼ਰੀ ਲਗਵਾਈ। ਇਸ ਮੌਕੇ ਨੰਬਰਦਾਰ ਰਣ ਸਿੰਘ ਮਹਿਲਾ ਨੇ ਦੱਸਿਆ ਕਿ ਮਹੰਤ ਬਾਬਾ ਪ੍ਰਗਟ ਦਾਸ ਜੀ ਇਕ ਮਹਾਨ ਸ਼ਖ਼ਸੀਅਤ ਹਨ, ਜੋ ਸਾਧੂ ਮੱਤ ਦੀ ਪ੍ਰੰਪਰਾ ਨੂੰ ਸੁਚੱਜੇ ਢੰਗ ਨਾਲ ਨਿਭਾਉਣ ਦੇ ਨਾਲ-ਨਾਲ ਸਮਾਜ ਸੇਵਕ ਦੀ ਭੂਮਿਕਾ ਵੀ ਨਿਭਾਅ ਰਹੇ ਹਨ, ਵੱਲੋਂ ਸਮੂਹ ਸੰਗਤਾਂ ਨੂੰ ਉਪਦੇਸ਼ ਕੀਤਾ ਗਿਆ ਹੈ ਕਿ ਹਰ ਕਿਸਮ ਦੇ ਨਸ਼ੇ ਤੋਂ ਦੂਰੀ ਬਣਾ ਕੇ ਰੱਖੀ ਜਾਵੇ, ਹਰ ਮਾਈ ਭਾਈ ਨੂੰ ਵਧ ਚੜ੍ਹ ਕੇ ਰੁੱਖ ਲਗਾਉਣੇ ਚਾਹੀਦੇ ਹਨ, ਬੇਟੀ ਬਚਾਓ ਬੇਟੀ ਪੜ੍ਹਾਓ ਵੱਲ ਧਿਆਨ ਦੇਣਾ ਚਾਹੀਦਾ ਤਾਂ ਕਿ ਹਰ ਪਾਸੇ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣੀਆਂ ਰਹਿਣ ਅਤੇ ਆਈ ਸੰਗਤ ਦਾ ਧੰਨਵਾਦ ਕੀਤਾ ਗਿਆ।

## ਸਾਹਿਤ ਸਭਾ ਦੀ ਮੀਟਿੰਗ 'ਚ ਮਹਿਰਮ ਦੀ ਮੌਤ 'ਤੇ ਡੂੰਘਾ ਇਜ਼ਹਾਰ



ਜਲਾਲਾਬਾਦ (ਜੀਤ ਕੁਮਾਰ, ਬਲਵਿੰਦਰ ਸਿੰਘ)-ਸਹਿਤ ਸਭਾ (ਰਜਿ:) ਜਲਾਲਾਬਾਦ ਵੱਲੋਂ ਮਹੀਨਾਵਾਰ ਮੀਟਿੰਗ ਐਫੀਸੈਂਟ ਕਾਲਜ ਵਿਖੇ ਕੀਤੀ ਗਈ, ਜਿਸ ਵਿੱਚ ਸਾਹਿਤ ਸਭਾ ਦੇ ਪ੍ਰਧਾਨ ਐਡਵੋਕੇਟ ਸੰਦੀਪ ਝਾਂਬ ਨੇ ਆਏ ਹੋਏ ਸਾਹਿਤਕਾਰਾਂ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਵੱਲੋਂ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਤਨਾਮ ਸਿੰਘ ਮਹਿਰਮ ਦੀ ਮੌਤ 'ਤੇ ਡੂੰਘਾ ਇਜ਼ਹਾਰ ਕੀਤਾ ਗਿਆ। ਮੰਚ ਦੀ ਭੂਮਿਕਾ ਨਿਭਾਅ ਰਹੇ ਹਰਜ਼ਦੀਪ ਬੋਪਾਰਾਏ ਨੇ ਸਤਨਾਮ ਸਿੰਘ ਮਹਿਰਮ ਦੀ ਜ਼ਿੰਦਗੀ ਅਤੇ ਉਨ੍ਹਾਂ ਦੀਆਂ ਰਚਨਾਵਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਕਿਹਾ ਕਿ ਸਤਨਾਮ ਸਿੰਘ ਮਹਿਰਮ ਦੀ ਲਿਖਤ ਬਾਕਮਾਲ ਸੀ, ਜਿਸ ਤੋਂ ਸਾਨੂੰ ਪ੍ਰੇਰਨਾ ਮਿਲਦੀ ਸੀ। ਅਜਿਹੇ ਕਵੀਆਂ ਦੇ ਅਚਾਨਕ ਚਲੇ ਜਾਣ ਨਾਲ ਸਾਹਿਤ ਸਭਾ ਦੇ ਕਵੀਆਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਸਾਹਿਤ ਸਭਾ ਦੇ ਕੈਸ਼ੀਅਰ ਦੀਪਕ ਨਾਗੌਰ ਨੇ ਆਖਿਆ ਕਿ ਸਾਹਿਤ ਸਭਾ ਜਲਾਲਾਬਾਦ ਦੀ ਸ਼ੁਰੂਆਤ ਕਰਨ ਵਾਲਿਆਂ ਵਿੱਚੋਂ ਸਤਨਾਮ ਸਿੰਘ ਮਹਿਰਮ ਦਾ ਵੀ ਅਹਿਮ ਯੋਗਦਾਨ ਸੀ। ਇਸ ਮੌਕੇ ਸਾਹਿਤਕਾਰ ਪਰਮ ਝਾਬ ਵੱਲੋਂ ਸਤਨਾਮ ਸਿੰਘ ਮਹਿਰਮ ਨੂੰ ਯਾਦ ਕਰਦਿਆਂ ਦੋ ਮਿੰਟ ਦਾ ਮੌਨ ਵਰਤ ਵੀ ਰੱਖਿਆ ਗਿਆ। ਇਸ ਮੀਟਿੰਗ ਵਿੱਚ ਪ੍ਰਵੇਸ਼ ਖੰਨਾ, ਗੋਪਾਲ ਬਜਾਜ, ਪ੍ਰੀਤੀ ਬਬੂਟਾ, ਊਸ਼ਾ ਝਾਂਬ, ਨੀਤਲ ਡਾਬੜਾ, ਪ੍ਰਕਾਸ਼ ਦੋਸ਼ੀ, ਜਸਕਰਨਜੀਤ ਸਿੰਘ, ਪਰਮਜੀਤ ਧਮੀਜਾ, ਕੁਲਦੀਪ ਬਰਾੜ, ਅਸ਼ੋਕ ਮੋਣੀ, ਅਮਰੀਕ ਸਿੰਘ ਬੋਪਾਰਾਏ ਆਦਿ ਹਾਜ਼ਰ ਸਨ।

## ਸਟੂਡੈਂਟ ਹੈਲਪਰ ਸੰਸਥਾ ਨੇ ਵਿਦਿਆਰਥੀਆਂ ਨੂੰ ਕੋਟੀਆਂ ਵੰਡੀਆਂ



ਜਗਰਾਉਂ (ਅਮਿਤ ਖੰਨਾ)-ਸਟੂਡੈਂਟ ਹੈਲਪਰ ਸੰਸਥਾ ਵੱਲੋਂ ਪ੍ਰਾਇਮਰੀ ਸਕੂਲਾਂ ਦੇ ਛੋਟੇ ਛੋਟੇ ਵਿਦਿਆਰਥੀਆਂ ਨੂੰ ਠੰਡ ਤੋਂ ਬਚਣ ਲਈ ਕੋਟੀਆਂ ਤਕਸੀਮ ਕੀਤੀਆਂ ਗਈਆਂ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਲਾਇਨ ਕਲੱਬ ਜਗਰਾਉਂ ਗ੍ਰੇਟਰ ਦੇ ਪ੍ਰਧਾਨ ਰਜਿੰਦਰ ਜੈਨ ਕਾਕਾ ਤੇ ਰੀਜਨ ਚੇਅਰਪਰਸਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਨੇ ਸੰਸਥਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਜਿੱਥੇ ਅਸੀਂ ਮਾਘ ਦੇ ਮਹੀਨੇ ਨੂੰ ਪਵਿੱਤਰ ਮੰਨਦੇ ਹਾਂ, ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੁੰਦੇ ਹਾਂ, ਪੁੰਨ ਦਾਨ ਕਰਦੇ ਹਾਂ, ਉੱਥੇ ਸਾਨੂੰ ਅਜਿਹੇ ਲੋੜਵੰਦ ਵਿਦਿਆਰਥੀਆਂ ਦੀਆਂ ਲੋੜਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਇਹ ਸਿੱਧਾ ਪੁੰਨ ਵਾਲਾ ਕੰਮ ਹੈ।ਅੱਜ ਮਹਿੰਗਾਈ ਦਾ ਦੌਰ ਹੈ, ਗਰੀਬ ਮਾਪੇ ਆਪਣੇ ਨਿੱਕਿਆਂ ਨੂੰ ਬਹੁਤੇ ਨਿੱਘ ਵਾਲੇ ਕੱਪੜੇ ਲੈ ਕੇ ਦੇਣ ਦੀ ਸਮਰੱਥਾ ਨਹੀਂ ਰੱਖਦੇ ਹੁੰਦੇ ਹਨ। ਇਸ ਕਰਕੇ ਸਮਾਜ ਸੇਵੀ ਜਥੇਬੰਦੀਆਂ ਦਾ ਹੀ ਫਰਜ਼ ਬਣਦਾ ਹੈ ਕਿ ਜਿੱਥੇ ਉਹ ਧਾਰਮਿਕ ਪੁੰਨ ਦਾਨ ਕਰਦੇ ਹਨ, ਉੱਥੇ ਲੋੜਵੰਦ ਵਿਦਿਆਰਥੀਆਂ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ।ਇਸ ਤੋਂ ਵੱਡਾ ਹੋਰ ਕੋਈ ਪੁੰਨ ਦਾ ਕੰਮ ਨਹੀਂ ਹੈ।ਇਸ ਮੌਕੇ ਸੰਸਥਾ ਵੱਲੋਂ ਗੁਰੂ ਤੇਗ ਬਹਾਦਰ ਪਬਲਿਕ ਪ੍ਰਾਇਮਰੀ ਸਕੂਲ, ਬਾਬਾ ਸਾਧੂ ਸਿੰਘ ਪਬਲਿਕ ਪ੍ਰਾਇਮਰੀ ਸਕੂਲ ਤੇ ਆਰ ਕੇ ਪਬਲਿਕ ਪ੍ਰਾਇਮਰੀ ਸਕੂਲ ਦੇ 95 ਦੇ ਕਰੀਬ ਨਿੱਕੇ ਵਿਦਿਆਰਥੀਆਂ ਨੂੰ ਗਰਮ ਜਰਸੀਆਂ ਦਿੱਤੀਆਂ ਗਈਆਂ ਤਾਂ ਕਿ ਉਹ ਪੈ ਰਹੀ ਕੜਾਕੇ ਦੀ ਠੰਡ ਤੋਂ ਬਚ ਸਕਣ।ਇਸ ਮੌਕੇ ਪ੍ਰਧਾਨ ਰਜਿੰਦਰ ਜੈਨ ਕਾਕਾ, ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਪ੍ਰਿੰਸੀਪਲ ਮੈਡਮ ਸੋਪਾਲ ਕੌਰ, ਡਾਕਟਰ ਚੰਦਰ ਓਹਰੀ, ਸੋਨੂ ਜੈਨ, ਰਾਮ ਕਿਸ਼ਨ ਗੁਰਤਾ, ਡਾ. ਬੀ. ਬੀ. ਸਿੰਗਲਾ ਆਦਿ ਹਾਜ਼ਰ ਸਨ।

# ਐਡਵੋਕੇਟ ਦਿਲਜੋਤ ਸ਼ਰਮਾ ਦੀ ਅੰਤਿਮ ਅਰਦਾਸ 'ਚ ਵੱਖ-ਵੱਖ ਸੰਗਠਨਾਂ ਦੇ ਆਗੂ ਪੁੱਜੇ

### ਐਡਵੋਕੇਟ ਦਿਲਜੋਤ ਨੂੰ ਇਨਸਾਫ਼ ਦਿਵਾਉਣ ਲਈ ਐਕਸ਼ਨ ਕਮੇਟੀ ਵੱਲੋਂ 22 ਨੂੰ ਮਾਨਸਾ ਤੇ 2 ਨੂੰ ਲੁਧਿਆਣਾ 'ਚ ਰੋਸ ਪ੍ਰਦਰਸ਼ਨ ਦਾ ਐਲਾਨ





ਮਾਨਸਾ (ਆਤਮਾ ਸਿੰਘ ਪਮਾਰ)

ਲੁਧਿਆਣਾ ਵਿਖੇ ਸ਼ੱਕੀ ਢੰਗ ਨਾਲ ਮੌਤ ਦਾ ਸ਼ਿਕਾਰ ਹੋਈ ਐਡਵੋਕੇਟ ਲੜਕੀ ਕਾਮਰੇਡ ਦਿਲਜੋਤ ਕੌਰ ਸ਼ਰਮਾ ਦੀ ਅੰਤਿਮ ਅਰਦਾਸ ਗੁਰਦੁਆਰਾ ਸੰਗਤ ਸਰ ਸਾਹਿਬ ਪਿੰਡ ਰੱਲਾ ਵਿਖੇ ਹੋਈ।ਇਸ ਮੌਕੇ ਵੱਖ ਵੱਖ ਪਾਰਟੀਆਂ ਤੇ ਜਥੇਬੰਦੀਆਂ ਦੇ ਆਗੂ ਤੇ ਹਜ਼ਾਰਾਂ ਲੋਕ ਹਾਜ਼ਰ ਸਨ।

ਇਸ ਮੌਕੇ ਤਖ਼ਤ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਕੇਵਲ ਸਿੰਘ, ਲਿਬਰੇਸ਼ਨ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ, ਪੱਤਰਕਾਰ ਹਮੀਰ ਸਿੰਘ ਤੇ ਪੀਐੱਸਯੂ ਦੇ ਸੂਬਾ ਪ੍ਰਧਾਨ ਰਣਬੀਰ ਸਿੰਘ ਰੰਧਾਵਾ ਨੇ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕੀਤਾ।ਬੁਲਾਰਿਆਂ ਨੇ ਦੱਸਿਆ ਕਿ ਪਰਿਵਾਰ ਵੱਲੋਂ ਸ਼ੁਰੂ ਤੋਂ ਹੀ ਦਿਲਜੋਤ ਕੌਰ ਦੀ ਮੌਤ ਦੇ ਮਾਮਲੇ ਵਿੱਚ ਕੇਸ ਦਰਜ ਕਰਨ ਦੀ ਮੰਗ ਕਰਨ ਦੇ ਬਾਵਜੂਦ ਦੋ ਹਫ਼ਤੇ ਗੁਜ਼ਰ ਜਾਣ 'ਤੇ ਵੀ ਲੁਧਿਆਣਾ ਪੁਲਸ ਨੇ ਹਾਲੇ ਤੱਕ ਐੱਫਆਈਆਰ ਵੀ ਦਰਜ ਨਹੀਂ ਕੀਤੀ, ਜਿਸ ਤੋਂ ਪੁਲਸ ਦੀ ਮਨਸ਼ਾ ਬਾਰੇ ਗੰਭੀਰ ਖਦਸ਼ਾ ਖੜ੍ਹਾ ਹੋ ਰਿਹਾ ਹੈ।ਐਕਸ਼ਨ ਕਮੇਟੀ ਨੇ 'ਦਿਲਜੋਤ ਲਈ ਇਨਸਾਫ਼' ਦੇ ਨਾਅਰੇ ਤਹਿਤ 22 ਜਨਵਰੀ ਨੂੰ ਐੱਸ ਐੱਸ ਪੀ ਦਫਤਰ ਮਾਨਸਾ ਮੂਹਰੇ ਤੇ 2 ਫਰਵਰੀ ਨੂੰ ਪੁਲਸ ਕਮਿਸ਼ਨਰ ਲੁਧਿਆਣਾ ਦੇ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ।ਕਮੇਟੀ ਨੇ ਸਮੂਹ ਇਨਸਾਨ ਪਸੰਦ ਜਥੇਬੰਦੀਆਂ ਤੇ ਵਿਅਕਤੀਆਂ ਨੂੰ ਇਨ੍ਹਾਂ ਪ੍ਰਦਰਸ਼ਨਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

ਅੰਤਿਮ ਅਰਦਾਸ ਮੌਕੇ ਆਰ ਐੱਮ ਪੀ ਆਈ ਆਗੂ ਪ੍ਰੋ. ਜੈਪਾਲ ਸਿੰਘ, ਸੀਪੀਐੱਮ ਆਗੂ ਐਡਵੋਕੇਟ ਸਵਰਨਜੀਤ ਦਲਿਓ, ਸੀਪੀਆਈ ਆਗੂ ਕ੍ਰਿਸ਼ਨ ਚੌਹਾਨ, ਪ੍ਰਗਤੀਸ਼ੀਲ ਇਸਤਰੀ ਸਭਾ ਆਗੂ ਜਸਬੀਰ ਕੌਰ ਨੱਤ, ਇਸਤਰੀ ਜਾਗ੍ਰਿਤੀ ਮੰਚ ਆਗੂ ਅਮਨਦੀਪ ਦਿਓਲ, ਰੈੱਡ ਸਟਾਰ ਆਗੂ ਲਾਭ ਸਿੰਘ ਅਕਲੀਆ, ਨੌਜਵਾਨ ਆਗੂ ਲਵਪ੍ਰੀਤ ਫੈਰੋਕੇ, ਬੀਕੇਯੂ ਡਕੌਂਦਾ (ਧਨੇਰ) ਦੇ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ, ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਆਗੂ ਮਹਿੰਦਰ ਸਿੰਘ ਭੈਣੀਬਾਘਾ, ਜਮਹੂਰੀ ਕਿਸਾਨ ਸਭਾ ਦੇ ਮਾਸਟਰ ਛੱਜੂ ਰਾਮ ਰਿਸ਼ੀ, ਆਈਡੀਪੀ ਦੇ ਕਰਨੈਲ ਸਿੰਘ ਜਖੇਪਲ, ਕੁਦਰਤ ਮਾਨਵ ਕੇਂਦਰਤ ਲੋਕ ਲਹਿਰ ਦੇ ਸੁਖਦੇਵ ਸਿੰਘ ਭੁਪਾਲ, ਸੋਸ਼ਲਿਸਟ ਪਾਰਟੀ ਆਫ਼ ਇੰਡੀਆ ਦੇ ਹਰਿੰਦਰ ਮਾਨਸ਼ਾਹੀਆ, ਤਰਕਸ਼ ਦੇ ਸੰਪਾਦਕ ਅਵਤਾਰ ਸਿੰਘ ਰਾਏਖਾਨਾ, ਆਇਸਾ ਆਗੂ ਸੁਖਜੀਤ ਰਾਮਾਨੰਦੀ, ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਦੇ ਆਗੂ ਬਲਵਿੰਦਰ ਘਰਾਂਗਣਾਂ, ਗੁਰਸੇਵਕ ਮਾਨ, ਹਲਕਾ ਮਾਨਸਾ ਦੇ ਵਿਧਾਇਕ ਡਾਕਟਰ ਵਿਜੇ ਸਿੰਗਲਾ, ਬ੍ਰਾਹਮਣ ਸਭਾ ਵੱਲੋਂ ਹਰਵਿੰਦਰ ਭਾਰਦਵਾਜ, ਲਲਕਾਰ ਧੜੇ ਦੇ ਸਰਗਰਮ ਵਰਕਰ ਰਹਿ ਚੁੱਕੇ ਕਲਪਨਾ, ਵਰੁਣ ਕੁਮਾਰ, ਦਲਿਤ ਤੇ ਮਜ਼ਦੂਰ ਮੁਕਤੀ ਮੋਰਚਾ ਦੇ ਜਗਰਾਜ ਸਿੰਘ ਟੱਲੇਵਾਲ, ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਮਨਿੰਦਰ ਸਿੰਘ ਜਵਾਹਰਕੇ, ਤਰਕਸ਼ੀਲ ਆਗੂ ਮੇਘ ਰਾਜ ਰੱਲਾ, ਸਿਮਰਜੀਤ ਸਿੰਘ ਖੀਵਾ, ਏਆਈਐੱਸਐੱਫ ਦੇ ਆਗੂ ਰਜਿੰਦਰ ਸਮੇਤ ਹੋਰ ਬਹੁਤ ਸਾਰੇ ਲੇਖਕ ਤੇ ਸਰਗਰਮ ਆਗੂ ਸ਼ਾਮਲ ਸਨ।

## ਸੰਦੀਪ ਵਾਲੀਆ ਸੋਸ਼ਲ ਮੀਡੀਆ ਦੇ ਬਲਾਕ ਪ੍ਰਧਾਨ ਬਣੇ



ਬੱਧਨੀ ਕਲਾਂ (ਨਛੱਤਰ ਸੰਧੂ)-ਆਮ ਆਦਮੀ ਪਾਰਟੀ ਵੱਲੋਂ ਪਾਰਟੀ ਦੇ ਮਿਹਨਤੀ ਤੇ ਇਮਾਨਦਾਰ ਵਰਕਰ ਸ. ਸੰਦੀਪ ਸਿੰਘ ਵਾਲੀਆ ਨੂੰ ਸੋਸ਼ਲ ਮੀਡੀਆ ਬਲਾਕ ਪ੍ਰਧਾਨ ਲਗਾਇਆ ਗਿਆ ਹੈ। ਇਸ ਨਿਯੁਕਤੀ 'ਤੇ ਸੰਦੀਪ ਸਿੰਘ ਨੇ ਸਮੁੱਚੀ ਪਾਰਟੀ ਹਾਈ ਕਮਾਂਡ ਸ. ਮਨਜੀਤ ਸਿੰਘ ਬਿਲਾਸਪੁਰ ਵਿਧਾਇਕ ਹਲਕਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ, ਦਵਿੰਦਰ ਤਖਤੂਪੁਰਾ ਸੰਗਠਨ ਇੰਚਾਰਜ ਤੇ ਡਾ. ਜਗਦੇਵ ਸਿੰਘ ਬੱਬੂ ਮਾਛੀਕੇ ਸੋਸ਼ਲ ਮੀਡੀਆ ਹਲਕਾ ਇੰਚਾਰਜ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਮੈਂ ਪਾਰਟੀ ਲਈ ਦਿਨ-ਰਾਤ ਮਿਹਨਤ ਕਰਾਂਗਾ ਤੇ ਇਮਾਨਦਾਰੀ ਨਾਲ ਕੰਮ ਕਰਾਂਗਾ। ਸ. ਮਨਜੀਤ ਸਿੰਘ ਬਿਲਾਸਪੁਰ ਵਿਧਾਇਕ ਤੇ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਹਰ ਮਿਹਨਤੀ ਵਰਕਰ ਨੂੰ ਪਾਰਟੀ ਵੱਲੋਂ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।

## ਹਰ ਗ਼ਰੀਬ ਦੇ ਸਿਰ 'ਤੇ ਛੱਤ ਵਾਅਦਾ ਨਹੀਂ, ਸਰਕਾਰ ਦੀ ਨੀਅਤ : ਡਾ. ਬਲਬੀਰ ਸਿੰਘ

- 13 ਲੋੜਵੰਦ ਪਰਵਾਰਾਂ ਨੂੰ ਪੱਕੇ ਘਰਾਂ ਲਈ 10 ਲੱਖ ਦੀ ਮਾਲੀ ਮਦਦ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਸਰਕਾਰ ਵੱਲੋਂ ਗ਼ਰੀਬ ਤੇ ਲੋੜਵੰਦ ਵਰਗਾਂ ਦੀ ਭਲਾਈ ਲਈ ਕੀਤੇ ਜਾ ਰਹੇ ਠੋਸ ਉਪਰਾਲਿਆਂ ਦੀ ਕੜੀ ਤਹਿਤ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਖੇਤਰ ਵਿੱਚ 13 ਲੋੜਵੰਦ ਪਰਿਵਾਰਾਂ ਨੂੰ ਪੱਕੇ ਘਰ ਬਣਾਉਣ ਲਈ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਵੰਡ ਕੇ ਉਨ੍ਹਾਂ ਦੇ ਸੁਪਨਿਆਂ ਨੂੰ ਹਕੀਕਤ ਬਣਾਉਣ ਵੱਲ ਇੱਕ ਅਹਿਮ ਕਦਮ ਚੁੱਕਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਹਰ ਗ਼ਰੀਬ ਦੇ ਸਿਰ 'ਤੇ ਛੱਤ ਸਿਰਫ਼ ਇੱਕ ਵਾਅਦਾ ਨਹੀਂ, ਸਗੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪੱਕੀ ਨੀਅਤ ਅਤੇ ਸੰਵੇਦਨਸ਼ੀਲ ਸੋਚ ਦਾ ਪ੍ਰਤੀਕ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਗ਼ਰੀਬ ਪਰਿਵਾਰਾਂ ਲਈ ਪੱਕਾ ਘਰ ਸਿਰਫ਼ ਇੱਟਾਂ ਤੇ ਸੀਮਿੰਟ ਨਾਲ ਬਣੀ ਇਕ ਇਮਾਰਤ ਨਹੀਂ ਹੁੰਦੀ, ਸਗੋਂ ਇਹ ਸੁਰੱਖਿਆ, ਸਨਮਾਨ ਤੇ ਸੁਖਦ ਭਵਿੱਖ ਦੀ ਨੀਂਹ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਸੂਬੇ ਦਾ ਕੋਈ ਵੀ ਗ਼ਰੀਬ ਪਰਿਵਾਰ ਬਿਨਾਂ ਛੱਤ ਦੇ ਨਾ ਰਹੇ।ਇਸ ਦਿਸ਼ਾ ਵਿੱਚ ਸਰਕਾਰ ਲਗਾਤਾਰ ਯੋਜਨਾਬੱਧ ਢੰਗ ਨਾਲ ਕੰਮ ਕਰ ਰਹੀ ਹੈ ਤੇ ਲੋੜਵੰਦ ਪਰਿਵਾਰਾਂ ਦੀ ਪਛਾਣ ਕਰਕੇ ਉਨ੍ਹਾਂ ਤੱਕ ਸਿੱਧੀ ਮਦਦ ਪਹੁੰਚਾਈ ਜਾ ਰਹੀ ਹੈ।ਸਿਹਤ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਿੱਖਿਆ, ਸਿਹਤ, ਰੋਜ਼ਗਾਰ ਤੇ ਸਮਾਜਿਕ ਭਲਾਈ ਦੇ ਖੇਤਰਾਂ ਵਿੱਚ ਅਹਿਮ ਕਦਮ ਚੁੱਕੇ ਹਨ।ਗ਼ਰੀਬਾਂ ਲਈ ਘਰ ਮੁਹੱਈਆ ਕਰਵਾਉਣਾ ਇਸੇ ਸੋਚ ਦਾ ਅਹਿਮ ਹਿੱਸਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਮੁਹਿੰਮ ਕਿਸੇ ਇੱਕ ਖੇਤਰ ਜਾਂ ਕੁਝ ਪਰਿਵਾਰਾਂ ਤੱਕ ਸੀਮਿਤ ਨਹੀਂ ਰਹੇਗੀ, ਸਗੋਂ ਸੂਬੇ ਭਰ ਵਿੱਚ ਇਸ ਨੂੰ ਹੋਰ ਤੇਜ਼ੀ ਨਾਲ ਲਾਗੂ ਕੀਤਾ ਜਾਵੇਗਾ।ਇਸ ਮੌਕੇ ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਤੇ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਹਾਇਤਾ ਨਾਲ ਉਨ੍ਹਾਂ ਦਾ ਸਾਲਾਂ ਪੁਰਾਣਾ ਸੁਪਨਾ ਪੂਰਾ ਹੋਣ ਜਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਪੰਜਾਬ ਸਰਕਾਰ ਦੇ ਇਹ ਉਪਰਾਲੇ ਗ਼ਰੀਬ ਵਰਗ ਦੀ ਜ਼ਿੰਦਗੀ ਵਿੱਚ ਵੱਡਾ ਬਦਲਾਅ ਲਿਆਉਣਗੇ।

## ਇਸਲਾਮੀਆ ਗਰਲਜ਼ ਕਾਲਜ ਨੇ ਮਾਲੇਰਕੋਟਲਾ ਦੀ ਵਿੱਦਿਅਕ ਪ੍ਰਗਤੀ 'ਚ ਮਹੱਤਵਪੂਰਨ ਰੋਲ ਅਦਾ ਕੀਤਾ : ਬਰਾੜ

- ਤੀਜੀ ਕਨਵੋਕੇਸ਼ਨ ਦੌਰਾਨ 341 ਵਿਦਿਆਰਥਣਾਂ ਨੂੰ ਵੰਡੀਆਂ ਡਿਗਰੀਆਂ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਵਕਫ ਬੋਰਡ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਮਾਨਤਾ ਪ੍ਰਾਪਤ ਸਥਾਨਕ ਇਸਲਾਮੀਆ ਗਰਲਜ਼ ਕਾਲਜ, ਜੋ ਕੁੱਝ ਸਾਲ ਪਹਿਲਾਂ ਇਲਾਕੇ ਦੀਆਂ ਲੜਕੀਆਂ ਦੇ ਸਿੱਖਿਅਕ ਵਿਕਾਸ ਲਈ ਕਾਇਮ ਕੀਤਾ ਗਿਆ ਸੀ, ਵੱਲੋਂ ਆਪਣੀ ਤੀਜੀ ਕਨਵੋਕੇਸ਼ਨ ਪ੍ਰਿੰਸੀਪਲ ਡਾ. ਰਾਹਿਲਾ ਖਾਨ ਦੀ ਅਗਵਾਈ ਤੇ ਰਜਿਸਟਰਾਰ ਮੈਡਮ ਸਬਿਹਾ ਖਾਨ ਦੀ ਦੇਖ-ਰੇਖ ਹੇਠ ਆਯੋਜਿਤ ਕੀਤੀ ਗਈ, ਜਿਸ 'ਚ 341 ਵਿਦਿਆਰਥਣਾਂ ਨੂੰ ਡਿਗਰੀਆਂ ਵੰਡੀਆਂ ਗਈਆਂ।ਸਮਾਗਮ 'ਚ ਮੁੱਖ ਮਹਿਮਾਨ ਵਜੋਂ ਪ੍ਰੋਫੈਸਰ ਡਾ. ਜਸਵਿੰਦਰ ਸਿੰਘ ਬਰਾੜ ਡੀਨ ਅਕਾਦਮਿਕ ਮਾਮਲੇ ਤੇ ਡੀਨ ਸਮਾਜਿਕ ਵਿਗਿਆਨ ਪੰਜਾਬੀ ਯੂਨਿਵਰਸਿਟੀ ਪਟਿਆਲਾ ਤਸ਼ਰੀਫ ਲਿਆਏ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸਾਬਕਾ ਪ੍ਰਿੰਸੀਪਲ ਅਬਦੁਸ ਸਲਾਮ ਨਿਆਜ਼ੀ ਪ੍ਰੋਗਰਾਮ 'ਚ ਸ਼ਾਮਲ ਹੋਏ।ਕਾਲਜ ਦੀ ਪ੍ਰਿੰਸੀਪਲ ਡਾਕਟਰ ਰਾਹਿਲਾ ਖਾਨ ਨੇ ਕਾਲਜ ਦੀਆਂ ਪ੍ਰਾਪਤੀਆਂ ਦੀ ਸੰਖੇਪ ਰਿਪੋਰਟ ਪੇਸ਼ ਕੀਤੀ।ਉਨ੍ਹਾਂ ਡਿਗਰੀ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਪੇਸ਼ ਕਰਦਿਆਂ ਕਿਹਾ ਕਿ ਇਨ੍ਹਾਂ ਲੜਕੀਆਂ ਨੇ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ 'ਚ ਵੀ ਕਾਲਜ ਦਾ ਨਾਮ ਚਮਕਾਇਆ ਹੈ।ਮੰਚ ਦਾ ਸੰਚਾਲਨ ਰਜਿਸਟਰਾਰ ਸਬੀਹਾ ਖਾਨ, ਵਾਈਸ ਪ੍ਰਿੰਸੀਪਲ ਮੈਡਮ ਰੁਬੀਨਾ ਤੇ ਮੈਡਮ ਕੌਕਬ ਉਸਮਾਨੀ ਨੇ ਬੜੇ ਸੁਚੱਜੇ ਢੰਗ ਨਾਲ ਕੀਤਾ।ਪ੍ਰੋਫੈਸਰ ਡਾਕਟਰ ਜਸਵਿੰਦਰ ਸਿੰਘ ਬਰਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਅਧੀਨ ਕਾਲਜ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ ਨਾਲ ਹੁਨਰਮੰਦ ਵੀ ਬਣਾ ਰਹੇ ਹਨ, ਜੋ ਕਿ ਮੌਜੂਦਾ ਸਮੇਂ ਦੀ ਮੁੱਖ ਲੋੜ ਹੈ।ਪੰਜਾਬੀ ਯੂਨੀਵਰਸਿਟੀ ਤੋਂ ਸਿੱਖਿਆ ਪ੍ਰਾਪਤ ਕਰਕੇ ਵਿਦਿਆਰਥੀ ਦੁਨੀਆ ਵਿੱਚ ਯੂਨੀਵਰਸਿਟੀ ਦਾ ਨਾਮ ਰੋਸ਼ਨ ਕਰ ਰਹੇ ਹਨ।ਉਨ੍ਹਾਂ ਇਸਲਾਮੀਆ ਗਰਲਜ਼ ਕਾਲਜ ਪ੍ਰਤੀ ਆਪਣੀਆਂ ਸ਼ੁੱਭ ਇੱਛਾਵਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਕਾਲਜ ਆਪਣੀਆਂ ਉੱਚ ਪ੍ਰਾਪਤੀਆਂ ਸਦਕਾ ਬਹੁਤ ਜਲਦੀ ਪੰਜਾਬ ਦਾ ਬਿਹਤਰੀਨ ਕਾਲਜ ਬਣੇਗਾ।ਵਿਸ਼ੇਸ਼ ਮਹਿਮਾਨ ਸ਼੍ਰੀ ਅਬਦੁਸ ਸਲਾਮ ਨਿਆਜੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਹ ਇਸਲਾਮੀਆ ਗਰਲਜ਼ ਕਾਲਜ 'ਤੇ ਬੜਾ ਮਾਣ ਮਹਿਸੂਸ ਕਰਦੇ ਹਨ, ਕਿਉਂਕਿ ਇਥੋਂ ਦੀਆਂ ਵਿਦਿਆਰਥਣਾਂ ਨੇ ਸਿੱਖਿਆ ਦੇ ਨਾਲ ਨਾਲ ਖੇਡਾਂ ਦੇ ਖੇਤਰ ਵਿੱਚ ਵੀ ਆਪਣੀ ਵੱਖਰੀ ਪਹਿਚਾਣ ਬਣਾਈ ਹੈ।ਉਨ੍ਹਾਂ ਕਿਹਾ ਕਿ ਇੱਕ ਸੱਭਿਅਕ ਸਮਾਜ ਦੀ ਸਿਰਜਣਾ ਲਈ ਲੜਕੀਆਂ ਦਾ ਪੜ੍ਹਿਆ ਲਿਖਿਆ ਹੋਣਾ ਬਹੁਤ ਜ਼ਰੂਰੀ ਹੈ।ਇਸ ਮੌਕੇ ਰਿਟਾਇਰਡ ਤਹਿਸੀਲਦਾਰ ਸਿਰਾਜ ਅਹਿਮਦ, ਰਿਟਾਇਰਡ ਵੈਟਰਨਰੀ ਅਫਸਰ ਡਾਕਟਰ ਮੁਹੰਮਦ ਰਮਜ਼ਾਨ, ਪ੍ਰਿੰ. ਸਬਾ ਸ਼ਾਹੀਨ, ਰਿਟਾਇਰਡ ਪ੍ਰਿੰਸੀਪਲ ਮੁਹੰਮਦ ਜਮੀਲ, ਪ੍ਰਿੰ. ਇਲਿਆਸ ਅੰਸਾਰੀ, ਅਲ-ਫਲਾਹ ਐਜੂਕੇਸ਼ਨਲ ਟਰੱਸਟ ਦੇ ਚੇਅਰਮੈਨ ਸਾਬਰ ਅਲੀ ਜੁਬੈਰੀ, ਯਾਕੂਬ ਕੋਚ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ।

## ਐੱਸ ਸੀ ਭਾਈਚਾਰੇ ਨੂੰ ਸੱਤਾਧਾਰੀਆਂ ਨੇ ਵੋਟ ਬੈਂਕ ਵਜੋਂ ਵਰਤਿਆ : ਗੁਰਮੀਤ ਸਿੰਘ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਸੰਯੁਕਤ ਸਰਪੰਚ ਯੂਨੀਅਨ ਪੰਜਾਬ ਦੇ ਪ੍ਰਧਾਨ ਗੁਰਮੀਤ ਸਿੰਘ ਨੇ ਕਿਹਾ ਕਿ ਸੂਬੇ ਵਿੱਚ ਐੱਸ ਸੀ ਭਾਈਚਾਰੇ ਦੀ ਵੋਟ ਬੈਂਕ 40 ਪ੍ਰਤੀਸ਼ਤ ਤੋਂ ਵੀ ਵੱਧ ਹੈ, ਪਰ ਇਹ ਬਹੁਤ ਹੀ ਦੁਖਦਾਈ ਤੇ ਚਿੰਤਾਜਨਕ ਗੱਲ ਹੈ ਕਿ ਰਾਜਨੀਤਕ, ਆਰਥਿਕ, ਵਪਾਰਕ ਤੇ ਪ੍ਰਸ਼ਾਸਨਕ ਪੱਧਰ 'ਤੇ ਅਜੇ ਤੱਕ ਇਸ ਭਾਈਚਾਰੇ ਨੂੰ ਉਸ ਦੇ ਹੱਕ ਅਨੁਸਾਰ 40 ਪ੍ਰਤੀਸ਼ਤ ਭਾਗੀਦਾਰੀ ਨਹੀਂ ਮਿਲੀ।

ਉਨ੍ਹਾਂ ਕਿਹਾ ਕਿ ਐੱਸ ਸੀ ਭਾਈਚਾਰੇ ਦੇ ਬੇਹੱਦ ਬੱਚੇ ਤੇ ਨੌਜਵਾਨ ਅਤੀ ਗਰੀਬੀ, ਮਜ਼ਦੂਰੀ, ਦਿਹਾੜੀ ਤੇ ਬਹੁਤ ਹੀ ਮੁਸ਼ਕਲ ਹਾਲਤਾਂ ਵਿੱਚੋਂ ਲੰਘ ਕੇ ਪੜ੍ਹਾਈ ਕਰਦੇ ਹਨ ਅਤੇ ਵੱਡੇ ਸੰਘਰਸ਼ ਤੋਂ ਬਾਅਦ ਰਾਜਨੀਤੀ ਜਾਂ ਸਰਕਾਰੀ ਨੌਕਰੀਆਂ ਤੱਕ ਪਹੁੰਚ ਬਣਾਉਂਦੇ ਹਨ, ਪਰ ਜਦੋਂ ਇਹ ਨੌਜਵਾਨ ਆਪਣੀ ਯੋਗਤਾ, ਮਿਹਨਤ ਤੇ ਤਜਰਬੇ ਦੇ ਆਧਾਰ 'ਤੇ ਅੱਗੇ ਵਧਣ ਦੇ ਪੂਰੇ ਹੱਕਦਾਰ ਹੁੰਦੇ ਹਨ, ਤਾਂ ਉਨ੍ਹਾਂ ਨੂੰ ਪ੍ਰਮੋਸ਼ਨਾਂ, ਜ਼ਿੰਮੇਵਾਰ ਅਹੁਦਿਆਂ ਤੇ ਨੀਤੀ-ਨਿਰਧਾਰਣ ਦੀ ਪ੍ਰਕਿਰਿਆ ਤੋਂ ਅਕਸਰ ਵਾਂਝੇ ਰੱਖਿਆ ਜਾਂਦਾ ਹੈ।ਗੁਰਮੀਤ ਸਿੰਘ ਨੇ ਕਿਹਾ ਕਿ ਇਹ ਸਿਰਫ਼ ਸਮਾਜਿਕ ਬੇਇਨਸਾਫੀ ਨਹੀਂ, ਸਗੋਂ ਭਾਰਤੀ ਸੰਵਿਧਾਨ ਦੁਆਰਾ ਪ੍ਰਦੱਤ ਅਧਿਕਾਰਾਂ ਦੀ ਖੁੱਲ੍ਹੀ ਉਲੰਘਣਾ ਹੈ।ਐੱਸ ਸੀ ਭਾਈਚਾਰੇ ਨੇ ਹਮੇਸ਼ਾ ਲੋਕਤੰਤਰ ਨੂੰ ਮਜ਼ਬੂਤ ਕੀਤਾ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਕਈ ਸਰਕਾਰਾਂ ਸੱਤਾ ਵਿੱਚ ਆ ਕੇ ਇਸ ਭਾਈਚਾਰੇ ਨੂੰ ਸਿਰਫ਼ ਵੋਟ ਬੈਂਕ ਵਜੋਂ ਹੀ ਵਰਤਦੀਆਂ ਰਹੀਆਂ ਹਨ।ਉਨ੍ਹਾਂ ਮੰਗ ਕੀਤੀ ਕਿ ਐੱਸ ਸੀ ਭਾਈਚਾਰੇ ਨੂੰ ਰਾਜਨੀਤਕ ਤੇ ਪ੍ਰਸ਼ਾਸਨਕ ਫੈਸਲਾ-ਕਰਨ ਵਿੱਚ 40 ਪ੍ਰਤੀਸ਼ਤ ਦੇ ਅਨੁਪਾਤ ਅਨੁਸਾਰ ਯੋਗ ਪ੍ਰਤੀਨਿਧਤਾ ਦੇਣ ਦੇ ਨਾਲ ਨਾਲ ਵਿਧਾਨ ਸਭਾ ਚੋਣਾਂ ਵਿੱਚ ਐੱਮ ਐੱਲ ਏ ਦੀਆਂ ਟਿਕਟਾਂ ਤੇ ਵੱਖ-ਵੱਖ ਬੋਰਡਾਂ, ਕਾਰਪੋਰੇਸ਼ਨਾਂ ਤੇ ਸੰਸਥਾਵਾਂ ਵਿੱਚ ਚੇਅਰਮੈਨੀਆਂ ਅਤੇ ਅਹੁਦੇ 40 ਪ੍ਰਤੀਸ਼ਤ ਦੇ ਅਨੁਪਾਤ ਵਿੱਚ ਨਿਯੁਕਤ ਕੀਤੇ ਜਾਣ। ਪੰਜਾਬ ਵਿੱਚ ਤਾਇਨਾਤ ਐੱਸਸੀ ਭਾਈਚਾਰੇ ਦੇ ਸੀਨੀਅਰ ਅਧਿਕਾਰੀਆਂ ਨੂੰ ਬਣਦੀਆਂ ਪ੍ਰਮੋਸ਼ਨਾਂ ਤੁਰੰਤ ਦਿੱਤੀਆਂ ਜਾਣ ਤੇ ਜੋ ਅਧਿਕਾਰੀ ਪਹਿਲਾਂ ਹੀ ਉਨ੍ਹਾਂ ਅਹੁਦਿਆਂ 'ਤੇ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਪੂਰੀਆਂ ਪ੍ਰਸ਼ਾਸਨਕ ਜ਼ਿੰਮੇਵਾਰੀਆਂ ਤੇ ਅਧਿਕਾਰ ਸੌਂਪੇ ਜਾਣ।

ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਐੱਸ ਸੀ ਭਾਈਚਾਰੇ ਨੂੰ ਉਸ ਦੇ ਸੰਵਿਧਾਨਕ ਤੇ ਨੈਤਿਕ ਹੱਕ ਨਹੀਂ ਮਿਲੇ, ਤਾਂ ਸੰਯੁਕਤ ਸਰਪੰਚ ਯੂਨੀਅਨ ਪੰਜਾਬ ਲੋਕਤੰਤਰਿਕ ਤੇ ਕਾਨੂੰਨੀ ਤਰੀਕਿਆਂ ਨਾਲ ਆਪਣੀ ਲੜਾਈ ਨੂੰ ਹੋਰ ਤੇਜ਼ ਕਰੇਗੀ।ਪੰਜਾਬ ਸਰਕਾਰ ਨੂੰ ਬੇਨਤੀ ਹੈ ਕਿ ਉਹ ਭਾਈਚਾਰੇ ਦੇ ਬਣਦੇ ਹੱਕਾਂ ਨੂੰ ਸਮੇਂ ਸਿਰ ਪੂਰਾ ਕਰੇ।

## 15ਵਾਂ ਬੌਰੀਆ ਸਿੱਖਾਂ ਦਾ ਨਿਰੋਲ ਟੂਰਨਾਮੈਂਟ 21, 22 ਫ਼ਰਵਰੀ ਨੂੰ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਪਿੰਡ ਭਾਗੀਕੇ ਵਿਖੇ 15ਵਾਂ ਨਿਰੋਲ ਬੌਰੀਆ ਸਿੱਖਾਂ ਦਾ ਸ਼ਾਨਦਾਰ ਟੂਰਨਾਮੈਂਟ 21, 22 ਫ਼ਰਵਰੀ 2026 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਕੇ ਦੀਆਂ ਗਰਾਊਂਡਾਂ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਕਬੱਡੀ ਓਪਨ ਨਿਰੋਲ, 60 ਕਿੱਲੋ ਨਿਰੋਲ, ਕਬੱਡੀ 48 ਕਿੱਲੋ ਨਿਰੋਲ, ਕਬੱਡੀ 42 ਕਿੱਲੋ ਨਿਰੋਲ, ਕਬੱਡੀ 30 ਕਿੱਲੋ ਨਿਰੋਲ ਬੌਰੀਆ ਸਿੱਖ ਟੂਰਨਾਮੈਂਟ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ।

ਇਸ ਵਿੱਚ 21 ਫ਼ਰਵਰੀ ਨੂੰ ਕਬੱਡੀ 30 ਕਿੱਲੋ, ਕਬੱਡੀ 42 ਕਿੱਲੋ ਤੇ 48 ਕਿੱਲੋ ਕਬੱਡੀ ਦੇ ਮੈਚ ਹੋਣਗੇ ਅਤੇ 22 ਫਰਵਰੀ ਨੂੰ ਕਬੱਡੀ 55 ਕਿੱਲੋ ਤੇ 60 ਕਿੱਲੋ ਦੇ ਮੁਕਾਬਲੇ ਕਰਵਾਏ ਜਾਣਗੇ। ਪ੍ਰੈੱਸ ਨੂੰ ਇਸ ਦੀ ਜਾਣਕਾਰੀ ਮਾਂ ਨੈਣਾਂ ਦੇਵੀ ਵੈੱਲਫੇਅਰ ਐਂਡ ਸਪੋਰਟਸ ਕਲੱਬ ਭਾਗੀਕੇ ਦੇ ਅਹੁਦੇਦਾਰਾਂ ਵੱਲੋਂ ਦਿੱਤੀ ਗਈ।

## ਨਾਮਧਾਰੀਆਂ ਦੀ ਕੁਰਬਾਨੀ ਨੂੰ ਅਣਡਿੱਠ ਨਹੀਂ ਕੀਤਾ ਜਾਣਾ ਚਾਹੀਦਾ : ਪ੍ਰੋ. ਬਡੂੰਗਰ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਨਾਮਧਾਰੀ ਕੂਕਾ ਲਹਿਰ ਦੇ ਮਰੀਜੀਵੜਿਆਂ ਨੂੰ ਯਾਦ ਕਰਦਿਆਂ ਕਿਹਾ ਕਿ ਨਾਮਧਾਰੀ ਕੂਕਿਆਂ ਨੂੰ ਤੋਪਾਂ ਨਾਲ ਇਸ ਕਰਕੇ ਉਡਾ ਦਿੱਤਾ ਗਿਆ, ਕਿਉਂਕਿ ਬਸਤੀਵਾਦੀ ਗੋਰਿਆਂ ਵਿਰੁੱਧ ਜਹਾਦ ਛੇੜ ਕੇ ਕੂਕਾ ਅੰਦੋਲਨ ਦੀ ਨੀਂਹ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ।ਪ੍ਰੋ. ਬਡੂੰਗਰ ਨੇ ਕਿਹਾ ਕਿ ਅਜਿਹੇ ਮਹਾਨ ਸੂਰਬੀਰ ਨਾਮਧਾਰੀਆਂ ਨੂੰ ਅਣਡਿੱਠ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਉਨ੍ਹਾਂ ਨੂੰ ਸਮਰਪਤ ਸਮਾਗਮ ਉਲੀਕਦੇ ਹੋਏ ਯਾਦ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਜਮਾਲਪੁਰ ਦੇ ਕੱਲਰ ਵਿੱਚ ਉਸ ਸਮੇਂ ਦੇ ਡਿਪਟੀ ਕਮਿਸ਼ਨਰ ਮਿਸਟਰ ਕੁਵਨੈ ਵੱਲੋਂ ਦਿੱਤੇ ਹੁਕਮ ਤੋਂ ਬਾਅਦ 50 ਨਾਮਧਾਰੀ ਸਿੰਘ ਬਗਾਵਤ ਦੇ ਦੋਸ਼ ਵਿੱਚ ਕਾਤਲ ਕਰਾਰ ਦੇ ਕੇ ਤੋਪਾਂ ਨਾਲ ਉਡਾਏ ਗਏ ਤੇ 1872 ਵਿੱਚ 16 ਹੋਰ ਕੂਕਿਆਂ ਨੂੰ ਤੋਪ ਨਾਲ ਉਡਾਇਆ ਗਿਆ।ਪ੍ਰੋ. ਬਡੂੰਗਰ ਨੇ ਕਿਹਾ ਕਿ ਭਾਰਤ ਦੀ ਆਜ਼ਾਦੀ ਦੇ ਸੰਗਰਾਮ ਵਿੱਚ ਜਿਹੜੀਆਂ ਲਹਿਰਾਂ ਦਾ ਜ਼ਿਕਰ ਬੜੇ ਸਤਿਕਾਰ ਨਾਲ ਕੀਤਾ ਜਾਂਦਾ ਹੈ, ਉਨ੍ਹਾਂ ਵਿੱਚੋਂ ਇੱਕ ਸਤਿਗੁਰੂ ਰਾਮ ਸਿੰਘ ਵੱਲੋਂ ਸ਼ੁਰੂ ਕੀਤੀ ਗਈ ਕੂਕਾ ਲਹਿਰ ਸੀ, ਜਿਸ ਨੂੰ ਨਾਮਧਾਰੀ ਲਹਿਰ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ।ਜਦੋਂ ਸਾਰਾ ਭਾਰਤ ਅੰਗਰੇਜ਼ਾਂ ਦੇ ਮੂਹਰੇ ਝੁਕਿਆ ਪਿਆ ਸੀ, ਉਸ ਦੇ ਵਿਰੋਧ ਦੀ ਕਿਧਰੇ ਕੋਈ ਸੁਰ ਨਹੀਂ ਸੀ ਨਿੱਕਲ ਰਹੀ, ਉਸ ਵਕਤ ਸਤਿਗੁਰੂ ਰਾਮ ਸਿੰਘ ਨੇ ਪੰਜਾਬ ਵਿੱਚੋਂ ਇਸ ਦਾ ਆਗਾਜ਼ ਕੀਤਾ ਸੀ।ਪ੍ਰੋ. ਬਡੂੰਗਰ ਨੇ ਕਿਹਾ ਕਿ ਨਾਮਧਾਰੀ ਕੂਕਿਆਂ ਦੀ ਅਣਖ ਨੂੰ ਟੁੰਬਣ ਵਾਲੇ ਸਤਿਗੁਰੂ ਰਾਮ ਸਿੰਘ ਦੇ ਇਸ ਉਪਰਾਲੇ ਨੇ ਅੰਗਰੇਜ਼ ਸਰਕਾਰ ਨੂੰ ਹੱਥਾਂ-ਪੈਰਾਂ ਦੀ ਪਾ ਦਿੱਤੀ ਸੀ।ਪ੍ਰੋ. ਬਡੂੰਗਰ ਨੇ ਕਿਹਾ ਕਿ ਨਿਰਸੰਦੇਹ ਸਤਿਗੁਰੂ ਰਾਮ ਸਿੰਘ ਭਾਰਤ ਦੀ ਅਜ਼ਾਦੀ ਦੀ ਲੜਾਈ ਦੇ ਮੋਢੀ ਸਨ, ਜਿਨ੍ਹਾਂ ਨੇ ਅੰਗਰੇਜ਼ ਸਾਮਰਾਜ ਵਿਰੁੱਧ ਨਾ-ਮਿਲਵਰਤਨ ਅੰਦੋਲਨ ਚਲਾ ਕੇ ਲੋਕਾਂ ਨੂੰ ਭਾਰਤੀ ਬਣਨ, ਭਾਰਤੀ ਰਹਿਣ ਤੇ ਭਾਰਤੀ ਵਸਤਾਂ ਦਾ ਪ੍ਰਯੋਗ ਕਰਨ ਲਈ ਪ੍ਰੇਰਿਤ ਕੀਤਾ।

## ਵਿਧਾਇਕ ਅਮਰਗੜ੍ਹ ਅਗਾਂਹਵਧੂ ਕਿਸਾਨ ਹੁਸ਼ਿਆਰ ਸਿੰਘ ਰਾਣੂ ਦੇ ਖੇਤ ਪੁੱਜੇ

- ਅਜਿਹੇ ਤਜਰਬੇਬਾਜ਼ ਕਿਸਾਨ ਹੋਰਾਂ ਲਈ ਬਣ ਰਹੇ ਹਨ ਪ੍ਰੇਰਣਾ ਸਰੋਤ : ਪ੍ਰੋ. ਗੱਜਣਮਾਜਰਾ
- ਰਾਣਵਾਂ ਨੂੰ ਜਲਦ ਮਿਲੇਗੀ ਨਹਿਰੀ ਪਾਣੀ ਦੀ ਸੁਵਿਧਾ



ਮਾਲੇਰਕੋਟਲਾ (ਅਸਗਰ ਪਰਿਹਾਰ)-ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਪਿੰਡ ਰਾਣਵਾਂ ਦੇ ਅਗਾਂਹਵਧੂ ਤੇ ਪ੍ਰਗਤੀਸ਼ੀਲ ਕਿਸਾਨ ਹੁਸ਼ਿਆਰ ਸਿੰਘ ਰਾਣੂ ਦੇ ਖੇਤਾਂ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਸਾਨ ਵੱਲੋਂ ਫਸਲ ਵਿਭਿੰਨਤਾ ਅਪਨਾ ਕੇ ਉਗਾਈਆਂ ਗਈਆਂ ਵੱਖ-ਵੱਖ ਕਿਸਮਾਂ ਦੀਆਂ ਫਸਲਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਤੇ ਖੇਤੀ ਦੇ ਨਵੇਂ ਤਰੀਕਿਆਂ ਦੀ ਭਰਪੂਰ ਸਰਾਹਨਾ ਕੀਤੀ।ਵਿਧਾਇਕ ਨੇ ਕਿਸਾਨ ਹੁਸ਼ਿਆਰ ਸਿੰਘ ਰਾਣੂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਤਜਰਬੇਬਾਜ਼ ਤੇ ਨਵੀਨ ਸੋਚ ਵਾਲੇ ਕਿਸਾਨ ਅੱਜ ਦੇ ਸਮੇਂ ਵਿੱਚ ਹੋਰ ਕਿਸਾਨਾਂ ਲਈ ਪ੍ਰੇਰਣਾ ਸਰੋਤ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਕਿਸਾਨ ਆਪਣੀ ਜ਼ਮੀਨ ਦੇ ਕੁਝ ਹਿੱਸੇ 'ਤੇ ਫਸਲ ਵਿਭਿੰਨਤਾ ਅਪਨਾ ਕੇ ਅਜਿਹੇ ਤਜਰਬੇ ਕਰੇ ਤੇ ਹੌਲੀ-ਹੌਲੀ ਇਸ ਖੇਤਰਫਲ ਨੂੰ ਵਧਾਏ, ਤਾਂ ਜੋ ਖੇਤੀ ਨੂੰ ਹੋਰ ਲਾਭਕਾਰੀ ਤੇ ਟਿਕਾਊ ਬਣਾਇਆ ਜਾ ਸਕੇ।ਪ੍ਰੋ. ਗੱਜਣਮਾਜਰਾ ਨੇ ਦੱਸਿਆ ਕਿ ਫਸਲ ਵਿਭਿੰਨਤਾ ਨਾਲ ਜਿੱਥੇ ਪਾਣੀ ਦੀ ਖਪਤ ਵਿੱਚ ਕਾਫ਼ੀ ਕਮੀ ਆਉਂਦੀ ਹੈ, ਉੱਥੇ ਹੀ ਕੀਟਨਾਸ਼ਕਾਂ ਤੇ ਰਸਾਇਣਕ ਖਾਦਾਂ 'ਤੇ ਆਉਣ ਵਾਲਾ ਖਰਚ ਵੀ ਲਗਭਗ ਮੁੱਕ ਜਾਂਦਾ ਹੈ, ਜਿਸ ਨਾਲ ਕਿਸਾਨ ਦੀ ਲਾਗਤ ਘੱਟ ਤੇ ਆਮਦਨ ਵਿੱਚ ਵਾਧਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਇਹ ਮਾਡਲ ਖੇਤੀ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਦੇ ਨਾਲ-ਨਾਲ ਵਾਤਾਵਰਨ ਸੰਭਾਲ ਵਿੱਚ ਵੀ ਅਹਿਮ ਯੋਗਦਾਨ ਪਾਉਂਦੀ ਹੈ।ਉਨ੍ਹਾਂ ਕਿਸਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜੇ ਅਸੀਂ ਅੱਜ ਆਪਣੀ ਖੇਤੀ ਨੂੰ ਸਹੀ ਦਿਸ਼ਾ ਦੇਵਾਂਗੇ ਤਾਂ ਭਵਿੱਖ ਦੀਆਂ ਪੀੜ੍ਹੀਆਂ ਨੂੰ ਸਿਹਤਮੰਦ ਪੰਜਾਬ ਦੇ ਸਕਾਂਗੇ।ਇਸ ਮੌਕੇ ਵਿਧਾਇਕ ਅਮਰਗੜ੍ਹ ਨੇ ਪਿੰਡ ਰਾਣਵਾਂ ਦੇ ਵਸਨੀਕਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਜਲਦ ਹੀ ਪਿੰਡ ਵਿੱਚ ਨਹਿਰੀ ਪਾਣੀ ਦੀ ਸੁਵਿਧਾ ਮੁਹੱਈਆ ਕਰਵਾਈ ਜਾਵੇਗੀ, ਤਾਂ ਜੋ ਕਿਸਾਨਾਂ ਨੂੰ ਸਿੰਚਾਈ ਲਈ ਕੋਈ ਮੁਸ਼ਕਲ ਨਾ ਆਵੇ ਤੇ ਖੇਤੀ ਹੋਰ ਵੀ ਲਾਭਕਾਰੀ ਬਣ ਸਕੇ।

## ਰਣਜੀਤ ਸਿੰਘ ਗਿੱਲ ਨੂੰ ਦਿਹਾਤੀ ਪ੍ਰੈੱਸ ਕਲੱਬ ਦੋਦਾ ਦਾ ਕਾਰਜਕਾਰੀ ਪ੍ਰਧਾਨ ਲਾਇਆ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਦਿਹਾਤੀ ਪ੍ਰੈੱਸ ਕਲੱਬ ਦੋਦਾ ਦੇ ਅਹੁਦੇਦਾਰਾਂ ਦੀ ਮੀਟਿੰਗ ਦੋਦਾ ਵਿਖੇ ਹੋਈ, ਜਿਸ ਵਿੱਚ ਜਸਵੀਰ ਸਿੰਘ ਭੁੱਲਰ ਨੇ ਕੁੱਝ ਸਮੇਂ ਲਈ ਆਪਣੇ ਅਹੁਦੇ ਤੋਂ ਛੁੱਟੀ ਲੈਂਦਿਆਂ ਕਿਹਾ ਕਿ ਮੈਂ ਆਪਣੇ ਬੱਚਿਆਂ ਕੋਲ ਵਿਦੇਸ਼ ਜਾ ਰਿਹਾ, ਇਸ ਕਰਕੇ ਮੈਂ ਆਪਣੇ ਅਹੁਦੇ ਨੂੰ ਖਾਲੀ ਨਹੀਂ ਛੱਡਣਾ ਚਾਹੁੰਦਾ। ਮੈਂ ਚਾਹੁੰਦਾ ਹਾਂ ਕਿ ਇਹ ਅਹੁਦਾ ਬਰਕਰਾਰ ਰਹੇ ਤੇ ਕਿਸੇ ਹੋਰ ਮੈਂਬਰ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇ। ਇਸ ਕਰਕੇ ਮੈਂ ਫੈਸਲਾ ਕੀਤਾ ਹੈ ਕਿ ਇਸ ਅਹੁਦੇ ਨੂੰ ਕੁਝ ਸਮੇਂ ਲਈ ਬਾਕੀ ਮੈਂਬਰਾਂ ਦੀ ਸਹਿਮਤੀ ਨਾਲ ਰਣਜੀਤ ਸਿੰਘ ਗਿੱਲ ਨੂੰ ਕਾਰਜਕਾਰੀ ਪ੍ਰਧਾਨ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇ ਤਾਂ ਜੋ ਅਹੁਦਾ ਬਰਕਰਾਰ ਰਹੇ ਅਤੇ ਮੈਨੂੰ ਆਸ ਹੈ ਕਿ ਇਹ ਡਿਊਟੀ ਗਿੱਲ ਸਾਬ੍ਹ ਆਪਣੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਉਣਗੇ। ਇਸ ਮੌਕੇ ਜਸਵੀਰ ਸਿੰਘ ਭੁੱਲਰ, ਲਖਵੀਰ ਸਿੰਘ ਧੂਲਕੋਟੀਆ, ਅਸ਼ੋਕ ਯਾਦਵ, ਵਕੀਲ ਸਿੰਘ ਬਰਾੜ, ਜਸਵੰਤ ਸਿੰਘ ਗਿੱਲ, ਰਣਜੀਤ ਸਿੰਘ ਗਿੱਲ ਆਦਿ ਹਾਜ਼ਰ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਰੈਲੀ ਕੱਢੀ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਗਰ ਕੌਂਸਲ ਮਾਛੀਵਾੜਾ ਸਾਹਿਬ ਦੇ ਕੌਂਸਲਰ ਜਗਮੀਤ ਸਿੰਘ ਮੱਕੜ ਦੀ ਅਗਵਾਈ ਹੇਠ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਵਾਰਡ ਨੰਬਰ 10 ਦੇ ਵਸਨੀਕਾਂ ਨੇ ਭਾਰੀ ਗਿਣਤੀ 'ਚ ਭਾਗ ਲਿਆ। ਲੋਕਾਂ ਨੇ ਪ੍ਰਣ ਕੀਤਾ ਕਿ ਉਹ ਆਪਣੇ ਵਾਰਡ ਵਿੱਚ ਨਾ ਨਸ਼ਾ ਵਿਕਣ ਦੇਣਗੇ ਤੇ ਨਾ ਹੀ ਇੱਥੇ ਕਿਸੇ ਨੂੰ ਨਸ਼ਾ ਵੇਚਣ ਲਈ ਵੜਨ ਦੇਣਗੇ। ਕੌਂਸਲਰ ਜਗਮੀਤ ਸਿੰਘ ਮੱਕੜ ਨੇ ਕਿਹਾ ਕਿ ਅੱਜ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਨਸ਼ਿਆਂ ਤੋਂ ਜਾਗਰੂਕ ਹੋਣ ਦੀ ਲੋੜ ਹੈ, ਕਿਉਂਕਿ ਇਹ ਸਾਡੀ ਜਿੱਥੇ ਸਿਹਤ ਨੂੰ ਖ਼ਰਾਬ ਕਰਦੇ ਹਨ, ਉੱਥੇ ਆਰਥਿਕਤਾ ਨੂੰ ਵੀ ਵੱਡੀ ਸੱਟ ਮਾਰਦੇ ਹਨ। ਉਨ੍ਹਾਂ ਕਿਹਾ ਕਿ ਨਸ਼ੇ ਤੋਂ ਹੀ ਜੁਰਮ ਪੈਦਾ ਹੁੰਦਾ ਹੈ, ਕਿਉਂਕਿ ਨਸ਼ੇੜੀ ਵਿਅਕਤੀ ਇਸ ਦੀ ਪੂਰਤੀ ਲਈ ਜੁਰਮ ਦੇ ਰਸਤੇ ਤੁਰਦਾ ਹੈ। ਕੌਂਸਲਰ ਜਗਮੀਤ ਮੱਕੜ ਨੇ ਕਿਹਾ ਕਿ ਅੱਜ ਵਾਰਡ ਨੰਬਰ 10 ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਪੋਸਟਰ ਲਗਾਏ ਗਏ ਤੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਪੁਲਸ ਦਾ ਸਹਿਯੋਗ ਕਰਨ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਆੜ੍ਹਤੀ ਰਾਜੀਵ ਕੌਸ਼ਲ, ਅਮਨਦੀਪ ਸਿੰਘ ਤਨੇਜਾ, ਨਰਿੰਦਰ ਸਿੰਘ ਮੱਕੜ, ਨਿਰੰਜਨ ਸਿੰਘ ਨੂਰ, ਨਿਰਮਲ ਸਿੰਘ (ਸਾਰੇ ਕੌਂਸਲਰ), ਆੜ੍ਹਤੀ ਬਲਵਿੰਦਰ ਸਿੰਘ ਬਿੰਦਰ, ਪ੍ਰਵੀਨ ਮੱਕੜ, ਦਲੀਪ ਮੱਲ੍ਹੀ ਮੌਜੂਦ ਸਨ।

## ਮਨੁੱਖਤਾ ਦੇ ਭਲੇ ਲਈ 10 ਵਲੰਟੀਅਰਾਂ ਨੇ ਕੀਤਾ ਖ਼ੂਨ ਦਾਨ



ਬਲਬੇੜਾ/ਡਕਾਲਾ (ਰਾਜਿੰਦਰ ਥਿੰਦ)-ਕਸਬਾ ਡਕਾਲਾ ਵਿਖੇ ਸਥਿਤ ਟਿੱਲਾ ਬਾਬਾ ਸ੍ਰੀ ਚੰਦ ਜੀ ਦੇ ਅਸਥਾਨ 'ਤੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਕੈਂਪ ਕਮਾਂਡਰ ਮਨਵਿੰਦਰ ਸਿੰਘ ਮਨੀ ਟੌਹੜਾ ਦੀ ਅਗਵਾਈ ਹੇਠ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਵਿੱਚ 10 ਵਲੰਟੀਅਰਾਂ ਨੇ ਖ਼ੂਨ ਦਾਨ ਕੀਤਾ, ਜਿਨ੍ਹਾਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਭਾਈ ਜਰਨੈਲ ਸਿੰਘ ਝੰਡੀ ਨੇ ਕਿਹਾ ਕਿ ਲੋੜਵੰਦ ਮਰੀਜ਼ ਦੀ ਜਾਨ ਬਚਾਉਣ ਲਈ ਨੌਜਵਾਨਾਂ ਵੱਲੋਂ ਖ਼ੂਨ ਦਾਨ ਕਰਨਾ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ 20 ਜਨਵਰੀ ਨੂੰ ਸਰਕਾਰੀ ਰਜਿੰਦਰਾ ਦੇ ਬਲੱਡ ਬੈਂਕ ਵਿੱਚ ਸਵੇਰੇ 9 ਤੋਂ 1 ਵਜੇ ਤੱਕ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ।ਖ਼ੂਨ ਦਾਨ ਕਰਨ ਲਈ ਤੇ ਖ਼ੂਨਦਾਨ ਕੈਂਪ ਲਗਾਉਣ ਲਈ ਗਰੁੱਪ ਆਗੂਆਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਕੈਂਪ ਲਗਾਉਣ ਦਾ ਸਾਰਾ ਖਰਚਾ ਗਰੁੱਪ ਵੱਲੋਂ ਕੀਤਾ ਜਾਵੇਗਾ ਤੇ ਖ਼ੂਨਦਾਨੀਆਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਮਰਦ ਹਰ ਤਿੰਨ ਮਹੀਨੇ ਬਾਅਦ ਤੇ ਔਰਤ ਚਾਰ ਮਹੀਨੇ ਖ਼ੂਨ ਦਾਨ ਕਰ ਸਕਦੇ ਹਨ।ਕੈਂਪ ਵਿੱਚ ਪ੍ਰਧਾਨ ਭੁਪਿੰਦਰ ਸਿੰਘ, ਰਣਵੀਰ ਸਿੰਘ ਸ਼ੈਲੀ ਤੇ ਮਾਨ ਬਾਈ ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ।

## ਚੇਅਰਮੈਨ ਜੱਸੀ ਦੇ ਘਰ ਪੁੱਜਣ 'ਤੇ ਜ਼ਿਲ੍ਹਾ ਪ੍ਰਧਾਨ ਵਿਰਕ ਦਾ ਸਨਮਾਨ

### ਪਾਰਟੀ ਨੂੰ ਬੂਥ ਪੱਧਰ ਤੋਂ ਮਜ਼ਬੂਤ ਕੀਤਾ ਜਾਵੇਗਾ : ਵਿਰਕ



ਨਾਭਾ (ਵਰਿੰਦਰ ਵਰਮਾ)-ਆਮ ਆਦਮੀ ਪਾਰਟੀ ਜ਼ਿਲ੍ਹਾ ਪਟਿਆਲਾ (ਦਿਹਾਤੀ) ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਵਿਰਕ ਨਾਭਾ ਹਲਕੇ ਦੇ ਹੋਣਹਾਰ ਨੌਜਵਾਨ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੇ ਘਰ ਪੁੱਜੇ ਅਤੇ ਉਨ੍ਹਾਂ ਨੇ ਆਉਣ ਵਾਲੀਆਂ ਨਗਰ ਕੌਂਸਲ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ ਨਾਭਾ ਹਲਕੇ ਦੀ ਮੌਜੂਦਾ ਸਥਿਤੀ ਤੇ ਪਾਰਟੀ ਦੇ ਵਲੰਟੀਅਰਾਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਆਪ ਵਲੰਟੀਅਰਾਂ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਵਿਰਕ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਵਿਰਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਬੂਥ ਪੱਧਰ ਤੋਂ ਹੋਰ ਮਜ਼ਬੂਤ ਬਣਾਉਣ ਲਈ ਉਹ ਜ਼ਿਲ੍ਹੇ ਭਰ ਵਿੱਚ ਜਾ ਕੇ ਪਾਰਟੀ ਦੇ ਆਗੂਆਂ ਤੇ ਵਰਕਰਾਂ ਨਾਲ ਰਾਬਤਾ ਕਾਇਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਸੂਬੇ ਅੰਦਰ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਆਪਣੀ ਮੁੜ ਸਰਕਾਰ ਬਣਾਵੇਗੀ।ਇਸ ਮੌਕੇ ਸੀਨੀਅਰ ਆਗੂ ਸੁਖਦੇਵ ਸਿੰਘ ਪਟਿਆਲਾ, ਹਲਕਾ ਨਾਭਾ ਦੇ ਸੀਨੀਅਰ ਆਗੂ ਧੀਰਜ ਠਾਕੁਰ, ਜਤਿੰਦਰ ਸਿੰਘ ਕਕਰਾਲਾ, ਨੀਟੂ ਸ਼ਰਮਾ ਜੱਸੋਮਾਜਰਾ, ਮਾ. ਦਰਸ਼ਨ ਸਿੰਘ ਮੋਹਲਗੁਆਰਾ, ਲਖਵੀਰ ਸਿੰਘ ਲੱਖਾ ਪ੍ਰਧਾਨ, ਜਤਿੰਦਰ ਸਿੰਘ ਸਰਾਓ, ਜਸਕਰਨਵੀਰ ਸਿੰਘ ਤੇਜੇ, ਪਰਮਿੰਦਰ ਸਿੰਘ ਭੰਗੂ, ਹੈਪੀ ਅਰੋੜਾ, ਕਰਨੈਲ ਸਿੰਘ ਆਸਾ ਕਲੌਨੀ, ਸੁਖਜੀਤ ਸਿੰਘ ਫੌਜੀ, ਮਹਿੰਦਰ ਸਿੰਘ ਝੱਲ ਆਦਿ ਮੌਜੂਦ ਸਨ।

## ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਬਾਬਾ ਮੋਹਨ ਸਿੰਘ ਮੱਤਵਾਲਾ ਦੀ 34ਵੀਂ ਬਰਸੀ



ਸਿਰਸਾ (ਸੁਰਿੰਦਰ ਪਾਲ ਸਿੰਘ)-ਕਾਲਾਂਵਾਲੀ ਖੇਤਰ ਦੇ ਪਿੰਡ ਤਿਲੋਕੇਵਾਲਾ ਦੇ ਗੁਰਦੁਆਰਾ ਨਿਰਮਲ ਸਾਹਿਬ ਵਿਖੇ ਇਲਾਕੇ ਦੀਆਂ ਸੰਗਤਾਂ ਵੱਲੋਂ ਸੱਚਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਮੋਹਨ ਸਿੰਘ ਮਤਵਾਲਾ ਦੀ 34ਵੀਂ ਬਰਸੀ ਬੜੀ ਸ਼ਰਧਾ ਤੇ ਪ੍ਰੇਮ ਭਾਵ ਨਾਲ ਮਨਾਈ ਗਈ। ਗੁਰਦੁਆਰਾ ਨਿਰਮਲਸਰ ਸਾਹਿਬ ਦੇ ਮੁੱਖ ਸੇਵਾਦਾਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਨੇ ਦੱਸਿਆ ਕਿ 16 ਦਸੰਬਰ ਤੋਂ ਚੱਲ ਰਹੇ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਭੋਗ ਉਪਰੰਤ ਗੁਰੂਘਰ ਦੇ ਦਿਵਾਨ ਹਾਲ ਦਾ ਨੀਂਹ ਪੱਥਰ ਪੰਜ ਪਿਆਰਿਆਂ ਵੱਲੋਂ ਰੱਖਿਆ ਗਿਆ। ਬਾਬਾ ਤਿਲੋਕੇਵਾਲਾ ਨੇ ਕਿਹਾ ਕਿ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾਂ, ਸ਼੍ਰੋਮਣੀ ਅਕਾਲੀ ਦਲ ਦੇ ਬਲਵਿੰਦਰ ਸਿੰਘ ਭੂੰਦੜ, ਗਿਆਨੀ ਕੇਵਲ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਗਸੀਰ ਸਿੰਘ ਮਾਂਗੇਆਣਾ, ਬਾਬਾ ਕਾਕਾ ਸਿੰਘ ਸਿੰਘ ਬੁੰਗਾ ਮਸਤੁਆਣਾ, ਹਰਿਆਣਾ ਸਿੱਖ ਗੁਰਦਵਾਰਾ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾਂ, ਮੋਹਣਜੀਤ ਸਿੰਘ ਪਾਣੀਪਤ, ਭਾਈ ਬਿੰਦਰ ਸਿੰਘ ਖਾਲਸਾ, ਭਾਈ ਅ੍ਮਿਤਪਾਲ ਸਿੰਘ ਔਢਾਂ ਤੇ ਭਾਈ ਸੇਵਾ ਸਿੰਘ, ਪ੍ਰੋ: ਗੁਰਚਰਨ ਸਿੰਘ ਸਿਰਸਾ, ਬਾਬਾ ਗੁਰਪਾਲ ਸਿੰਘ ਚੋਰਮਾਰ, ਬਾਬਾ ਦਰਸ਼ਨ ਸਿੰਘ ਦਾਦੂ, ਜਸਵੀਰ ਸਿੰਘ ਭਾਟੀ, ਮਲਿਕ ਸਿੰਘ ਭਾਵਦੀਨ, ਸਟੇਜ ਸਕੱਤਰ ਭਾਈ ਅਵਤਾਰ ਸਿੰਘ ਰਾਗੀ, ਭਾਈ ਸੁਖਵਿੰਦਰ ਸਿੰਘ ਸਿੰਘਪੁਰਾ, ਲਖਵਿੰਦਰ ਸਿੰਘ ਔਲਖ, ਬਾਬਾ ਬੂਟਾ ਸਿੰਘ ਗੁੜਥੜੀ, ਬਲਦੇਵ ਸਿੰਘ ਮਾਂਗੇਆਣਾ, ਜਸਵੀਰ ਸਿੰਘ ਜੱਸਾ, ਕੁਲਦੀਪ ਸਿੰਘ ਗੁਦਰਾਣਾ ਅਤੇ ਮਹੰਤ ਬਲਦੇਵ ਦਾਸ ਰੋੜੀ ਤੋਂ ਬਿਨਾਂ ਦੇਸ਼ ਵਿਦੇਸ਼ ਤੋਂ ਸਿੱਖ ਸੰਗਤਾਂ ਸਮੇਤ ਪੰਥ ਦੇ ਪ੍ਰਮੁੱਖ ਆਗੂ ਤੇ ਸੰਤ ਮਹੰਤ ਅਤੇ ਰਾਗੀ ਢਾਡੀ ਜਥਿਆਂ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਪਹੁੰਚੇ ਪੰਜ ਪਿਆਰਿਆਂ ਵੱਲੋਂ ਤਿਆਰ ਅੰਮ੍ਰਿਤ ਦੇ ਬਾਟੇ ਵਿੱਚੋ ਬਹੁਤ ਸਾਰੇ ਪ੍ਰਣੀਆਂ ਨੂੰ ਅ੍ਮਿਤ ਛਕਿਆ ਗਿਆ। ਇਸ ਸਮਾਗਮ ਵਿੱਚ ਸਿੱਖ ਇਤਿਹਾਸ ਦੀਆਂ ਪੁਸਤਕਾਂ ਦੀਆਂ ਪ੍ਰਦਰਸ਼ਨੀਆਂ ਵੀ ਲਾਈਆਂ ਗਈਆਂ। ਸਮਾਗਮ ਦੇ ਅੰਤ ਵਿੱਚ ਬਾਬਾ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਨੇ ਸਾਰੇ ਆਗੂਆਂ ਸਮੇਤ ਸਮੂਹ ਸੰਗਤਾਂ ਵੱਲੋਂ ਵੱਧ ਤੋਂ ਵੱਧ ਸੰਖਿਆਂ ਵਿੱਚ ਪਹੁੰਚਣ 'ਤੇ ਸਭ ਦਾ ਧੰਨਵਾਦ ਕੀਤਾ।

20-Jan-PAGE-11-Jan-26.qxd 1/19/2026 10:53 PM Page 1



# ਸ਼ੈਰੀ ਕਲਸੀ ਵੱਲੋਂ ਗਰੀਨ ਸਿਟੀ ਬਟਾਲਾ 'ਚ ਅਤਿ ਆਧੁਨਿਕ ਕਿਸਮ ਦੀਆਂ ਸਟਰੀਟ ਲਾਈਟਾਂ ਦਾ ਉਦਘਾਟਨ


ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਲਗਾਤਾਰ ਬਟਾਲਾ ਸ਼ਹਿਰ ਨੂੰ ਖ਼ੂਬਸੂਰਤ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੇ ਅਤਿ ਆਧੁਨਿਕ ਕਿਸਮ ਦੀਆਂ ਲਾਈਟਾਂ ਲਗਾਈਆਂ ਗਈਆਂ ਹਨ। ਵਿਧਾਇਕ ਸ਼ੈਰੀ ਕਲਸੀ ਵੱਲੋਂ ਗਰੀਨ ਸਿਟੀ ਬਟਾਲਾ ਵਿਖੇ ਮੁਹੱਲਾ ਵਾਸੀਆਂ ਦੀ ਮੌਜੂਦਗੀ ਵਿੱਚ ਅਤਿ ਆਧੁਨਿਕ ਕਿਸਮ ਦੀਆਂ ਸਟਰੀਟ ਲਾਈਟਾਂ ਦਾ ਉਦਘਾਟਨ ਕੀਤਾ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖ਼ੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜ਼ ਗਤੀ ਨਾਲ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕੰਮ ਬਿਨਾਂ ਪੱਖਪਾਤ ਦੇ ਕਰਵਾਏ ਜਾ ਰਹੇ ਹਨ।ਸ਼ਹਿਰ ਅੰਦਰ ਚੌਕਾਂ ਨੂੰ ਚੌੜਾ ਕਰਕੇ ਖ਼ੂਬਸੂਰਤ ਬਣਾਇਆ ਗਿਆ ਹੈ।ਬੀਤੇ ਦਿਨੀਂ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਦੀ ਯਾਦ ਵਿੱਚ ਉਸਾਰੇ ਨਵੇਂ ਚੌਕ ਦਾ ਉਦਘਾਟਨ ਕਰਕੇ ਲੋਕ ਸਮਰਪਿਤ ਕੀਤਾ ਗਿਆ ਹੈ।ਇਸ ਚੌਕ ਵਿੱਚ ਸ਼ਾਨਦਾਰ ਲਾਈਟਾਂ ਵੀ ਲਗਾਈਆਂ ਗਈਆਂ ਹਨ।ਇਸ ਤੋਂ ਪਹਿਲਾਂ ਵੀ ਸ਼ਹੀਦ ਭਗਤ ਸਿੰਘ ਚੌਕ, ਅਗਰਸੈਨ ਚੌਕ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ



ਹੈ।ਵਿਧਾਇਕ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਪੇਸ਼ ਆ ਰਹੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।ਇਸ ਮੌਕੇ ਗਰੀਨ ਸਿਟੀ ਦੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਾਈਟਾਂ ਲੱਗਣ ਨਾਲ ਉਨ੍ਹਾਂ ਨੂੰ ਬਹੁਤ ਰਾਹਤ ਮਿਲੀ ਹੈ ਅਤੇ ਸਵੇਰੇ ਤੜਕਸਾਰ ਅਤੇ ਰਾਤ ਸਮੇਂ ਸਟਰੀਟ ਲਾਈਟਾਂ ਲੱਗਣ ਨਾਲ ਬਹੁਤ ਲਾਭ ਮਿਲੇਗਾ।ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖ਼ੂਬਸੂਰਤ ਬਣਾਉਣ ਲਈ ਵਿਧਾਇਕ ਸ਼ੈਰੀ ਕਲਸੀ ਵੱਲੋਂ ਜ਼ਿਕਰਯੋਗ ਉਪਰਾਲੇ ਕੀਤੇ ਗਏ ਹਨ।

# ਬਾਬਾ ਲਾਲ ਦਿਆਲ ਦੀ ਜਯੰਤੀ ਮੌਕੇ ਜ਼ਿਲ੍ਹਾ ਗੁਰਦਾਸਪੁਰ 'ਚ ਅੱਜ ਸਰਕਾਰੀ ਛੁੱਟੀ ਦਾ ਐਲਾਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਮਹਾਨ ਤਪੱਸਵੀ, ਯੋਗਰਾਜ, ਸਤਿਗੁਰੂ ਬਾਬਾ ਲਾਲ ਦਿਆਲ ਜੀ ਦੀ 671ਵੀਂ ਜਯੰਤੀ ਮੌਕੇ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਅੰਦਰ 20 ਜਨਵਰੀ ਨੂੰ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਗਿਆ ਹੈ।ਸਤਿਗੁਰੂ ਬਾਬਾ ਲਾਲ ਦਿਆਲ ਜੀ ਦੀ ਜਯੰਤੀ ਹਰ ਸਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਜਾਂਦੀ ਹੈ।ਇਸ ਸਬੰਧੀ ਹਲਕਾ ਗੁਰਦਾਸਪੁਰ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਰਮਨ ਬਹਿਲ ਦੀ ਅਗਵਾਈ ਹੇਠ ਪਿਛਲੇ ਦਿਨੀਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਰਾਹੀਂ ਪੰਜਾਬ ਸਰਕਾਰ ਨੂੰ ਇੱਕ ਮੰਗ ਪੱਤਰ ਭੇਜ ਕੇ 20 ਜਨਵਰੀ ਨੂੰ ਜ਼ਿਲ੍ਹੇ ਵਿੱਚ ਛੁੱਟੀ ਕਰਨ ਦੀ ਮੰਗ ਕੀਤੀ ਗਈ ਸੀ।ਮੰਗ ਪੱਤਰ 'ਤੇ ਵਿਚਾਰ ਕਰਦਿਆਂ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਰਕਾਰੀ ਛੁੱਟੀ ਦਾ ਐਲਾਨ ਕਰ ਦਿੱਤਾ ਗਿਆ ਹੈ।ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਦੇ ਨਾਲ ਹੀ ਉਨ੍ਹਾਂ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਅਮਰਪਾਲ ਸਿੰਘ, ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਹਲਕਾ ਇੰਚਾਰਜ ਸ਼ਮਸ਼ੇਰ ਸਿੰਘ, ਹਲਕਾ



ਇੰਚਾਰਜ ਬਲਬੀਰ ਸਿੰਘ ਪੰਨੂ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜੋਬਨ ਰੰਧਾਵਾ ਦਾ ਵੀ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਤਿਗੁਰੂ ਬਾਬਾ ਲਾਲ ਦਿਆਲ ਜੀ ਦੇ ਲੱਖਾਂ ਸ਼ਰਧਾਲੂਆਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਕੇ ਪੰਜਾਬ ਸਰਕਾਰ ਨੇ ਬਹੁਤ ਹੀ ਸਰਾਹੁਣਯੋਗ ਅਤੇ ਨੇਕ ਕਦਮ ਚੁੱਕਿਆ ਹੈ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸਾਲ 2023 ਵਿੱਚ ਵੀ ਪੰਜਾਬ ਸਰਕਾਰ ਵੱਲੋਂ ਸਤਿਗੁਰੂ ਬਾਬਾ ਲਾਲ ਦਿਆਲ ਜੀ ਦੀ ਜਯੰਤੀ ਮੌਕੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਰਕਾਰੀ ਛੁੱਟੀ ਕੀਤੀ ਗਈ ਸੀ। ਇਸ ਮੌਕੇ ਸ੍ਰੀ ਲਾਲ ਦਵਾਰਾ ਮੰਦਿਰ ਚੈਰੀਟੇਬਲ ਸੋਸਾਇਟੀ (ਰਜਿ:), ਗੁਰਦਾਸਪੁਰ ਦੇ ਸੇਵਕ ਯੋਗੇਸ਼ ਸ਼ਰਮਾ, ਸੂਰਜ ਸੂਰੀ, ਅਮਨ ਸ਼ਰਮਾ, ਰਕੇਸ਼ ਮਹਾਜਨ, ਤਿਲਕ ਰਾਜ, ਬਲਬੀਰ ਸ਼ਰਮਾ, ਰਜਿੰਦਰ ਸ਼ਰਮਾ, ਰਜਿੰਦਰ ਮਹਾਜਨ ਅਤੇ ਨਵੀਨ ਕਾਲੀਆ ਆਦਿ ਮੌਜੂਦ ਸਨ।

# 'ਮਨਰੇਗਾ ਬਚਾਓ ਸੰਗਰਾਮ' ਤਹਿਤ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ

### * ਮਨਰੇਗਾ ਨੂੰ ਬਚਾਉਣ ਲਈ ਇਕੱਠੇ ਹੋਣ ਮਜ਼ਦੂਰ : ਅਸ਼ੋਕ ਚੌਧਰੀ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਕੇਂਦਰ ਸਰਕਾਰ ਵੱਲੋਂ ਮਨਰੇਗਾ ਵਿੱਚ ਬਦਲਾਅ ਲਿਆਉਣ ਦੀ ਆੜ ਹੇਠ ਲਏ ਗਏ ਮਜ਼ਦੂਰ ਵਿਰੋਧੀ ਫ਼ੈਸਲੇ ਦਾ ਹੁਣ ਪਿੰਡਾਂ ਵਿੱਚ ਵੀ ਭਾਰੀ ਵਿਰੋਧ ਹੋਣਾ ਸ਼ੁਰੂ ਹੋ ਗਿਆ ਹੈ।ਇਸਦੀ ਤਾਜ਼ਾ ਉਦਾਹਰਣ ਪਿੰਡ ਝੜੋਲੀ ਵਿੱਚ ਦੇਖਣ ਨੂੰ ਮਿਲੀ, ਜਿੱਥੇ ਵੱਡੀ ਗਿਣਤੀ ਲੋਕਾਂ ਨੇ ਸੀਨੀਅਰ ਕਾਂਗਰਸ ਨੇਤਾ ਅਸ਼ੋਕ ਚੌਧਰੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਆਪਣੇ ਦੁੱਖੜੇ ਫਰੋਲੇ ਅਤੇ ਕਿਹਾ ਕਿ ਜੇਕਰ ਪੁਰਾਣੀ ਮਨਰੇਗਾ ਸਕੀਮ ਬਹਾਲ ਨਾ ਹੋਈ ਤਾਂ ਉਹ ਲੋਕ ਕੰਮ ਨਾ ਮਿਲਣ ਕਾਰਨ ਦੋ ਡੰਗ ਦੀ ਰੋਟੀ ਤੋਂ ਵੀ ਔਖੇ ਹੋ ਜਾਣਗੇ।ਲੋਕਾਂ ਨੇ ਕਾਂਗਰਸ ਪਾਰਟੀ ਵੱਲੋਂ ਮਨਰੇਗਾ ਸਕੀਮ ਨੂੰ ਬਚਾਉਣ ਲਈ ਸ਼ੁਰੂ ਕੀਤੇ ਗਏ ਸੰਘਰਸ਼ ਦਾ ਸਮਰਥਨ ਕੀਤਾ ਅਤੇ ਕਾਂਗਰਸ ਨਾਲ ਮਿਲ ਕੇ ਹਰ ਤਰ੍ਹਾਂ ਦੀ ਲੜਾਈ ਲੜਣ ਦੀ ਹਾਮੀ ਭਰੀ।ਅਸ਼ੋਕ ਚੌਧਰੀ ਨੇ ਕਿਹਾ ਕਿ ਕਾਂਗਰਸ ਪਾਰਟੀ ਮਜ਼ਦੂਰਾਂ ਦੇ ਨਾਲ ਖੜ੍ਹੀ ਹੈ ਅਤੇ ਮਨਰੇਗਾ ਦੇ ਬੰਦ ਹੋਣ ਨਾਲ ਮਜ਼ਦੂਰਾਂ ਦੇ ਹੋਣ ਵਾਲੇ ਨੁਕਸਾਨ ਬਾਰੇ ਤਮਾਮ ਲੋਕਾਂ ਨੂੰ ਜਾਣੂ ਅਤੇ ਜਾਗਰੂਕ ਕਰਨ ਲਈ ਹੀ ਉਹ ਪਿੰਡਾਂ ਅੰਦਰ ਮੀਟਿੰਗਾਂ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਪਿੰਡ ਨਾਨੋਨੰਗਲ, ਕੋਟਬੱਲਾ, ਚੇਚੀਆਂ ਛੋੜੀਆਂ ਅਤੇ ਚੌਂਤਾ ਵਿੱਚ ਵੀ 'ਮਨਰੇਗਾ ਬਚਾਓ ਸੰਗਰਾਮ' ਤਹਿਤ ਮੀਟਿੰਗਾਂ ਕੀਤੀਆਂ ਹਨ, ਜਿੱਥੇ ਵੱਡੀ ਗਿਣਤੀ



ਲੋਕਾਂ ਨੂੰ ਇਹ ਦੱਸਿਆ ਗਿਆ ਹੈ ਕਿ ਜੇਕਰ ਮਨਰੇਗਾ ਸਕੀਮ ਮੁਕੰਮਲ ਤੌਰ 'ਤੇ ਬੰਦ ਹੋ ਗਈ ਤਾਂ ਮਜ਼ਦੂਰ ਵਰਗ ਦਾ ਆਰਥਿਕ ਪੱਖੋਂ ਮੰਦਾ ਹਾਲ ਹੋਵੇਗਾ।ਅਸ਼ੋਕ ਚੌਧਰੀ ਨੇ ਝੜੋਲੀ ਦੇ ਲੋਕਾਂ ਨਾਲ ਵਾਰਤਾ ਕਰਦਿਆਂ ਦੱਸਿਆ ਕਿ ਮਨਰੇਗਾ ਵਿੱਚ 90 ਫ਼ੀਸਦੀ ਯੋਗਦਾਨ ਕੇਂਦਰ ਸਰਕਾਰ ਪਾਉਂਦੀ ਸੀ ਜਦਕਿ 10 ਫ਼ੀਸਦੀ ਹਿੱਸਾ ਪੰਜਾਬ ਸਰਕਾਰ ਨੂੰ ਪਾਉਣਾ ਪੈਂਦਾ ਸੀ ਪਰ ਕੇਂਦਰ ਦੀ ਨਵੀਂ ਯੋਜਨਾ 'ਵਿਕਸਿਤ ਭਾਰਤ ਜੈ ਰਾਮ ਜੀ' ਮੁਤਾਬਕ ਕੇਂਦਰ ਹੁਣ 60 ਫ਼ੀਸਦੀ ਯੋਗਦਾਨ ਹੀ ਦੇਵੇਗਾ ਅਤੇ 40 ਫ਼ੀਸਦੀ ਗਰਾਂਟ ਸੂਬਾ ਸਰਕਾਰ ਨੂੰ ਦੇਣੀ ਪਵੇਗੀ, ਜੋ ਪੰਜਾਬ ਸਰਕਾਰ ਲਈ ਬਹੁਤ ਔਖਾ ਹੈ, ਕਿਉਂਕਿ ਸਾਡਾ ਸੂਬਾ ਤਾਂ ਪਹਿਲਾਂ ਹੀ ਕਰਜ਼ੇ ਦੇ ਬੋਝ ਹੇਠਾਂ ਦੱਬਿਆ ਪਿਆ ਹੈ।ਅਸ਼ੋਕ ਚੌਧਰੀ ਨੇ ਕਿਹਾ ਕਿ ਅਸਲੀਅਤ ਵਿੱਚ ਕੇਂਦਰ ਸਰਕਾਰ ਸੂਬਿਆਂ ਦੇ ਸਿਰ 'ਤੇ ਅਜਿਹਾ ਵਾਧੂ ਬੋਝ ਪਾ ਕੇ ਮਨਰੇਗਾ ਸਕੀਮ ਨੂੰ ਪੂਰੀ ਤਰ੍ਹਾਂ ਨਾਲ ਖ਼ਤਮ ਕਰਨਾ ਚਾਹੁੰਦੀ ਹੈ, ਜਿਸਦਾ ਅਸੀਂ ਕੜਾ ਵਿਰੋਧ ਜਤਾ ਰਹੇ ਹਾਂ।ਉਨ੍ਹਾਂ ਕਿਹਾ ਕਿ ਵੱਖ-ਵੱਖ ਮੀਟਿੰਗਾਂ ਜ਼ਰੀਏ ਮਜ਼ਦੂਰਾਂ ਨੂੰ ਲਾਮਬੰਧ ਕੀਤਾ ਗਿਆ ਹੈ ਅਤੇ ਇਹ ਸਮਝਾਇਆ ਗਿਆ ਹੈ ਕਿ ਜੇਕਰ ਕਿਸਾਨਾਂ ਦਾ ਸੰਘਰਸ਼ ਖੇਤੀ ਕਾਨੂੰਨਾਂ ਨੂੰ ਵਾਪਸ ਕਰਵਾ ਸਕਦਾ ਹੈ ਤਾਂ ਮਜ਼ਦੂਰਾਂ ਦਾ ਏਕਾ ਵੀ ਕੇਂਦਰ ਦੀ ਨਵੀਂ ਯੋਜਨਾ ਨੂੰ ਅਮਲ ਵਿੱਚ ਲਿਆਉਣ ਤੋਂ ਰੋਕ ਸਕਦਾ ਹੈ।ਉਨ੍ਹਾਂ ਕਿਹਾ ਕਿ ਤਮਾਮ ਮਜ਼ਦੂਰਾਂ ਨੂੰ ਕਾਂਗਰਸ ਪਾਰਟੀ ਵੱਲੋਂ ਆਰੰਭੇ 'ਮਨਰੇਗਾ ਬਚਾਓ ਸੰਗਰਾਮ' ਵਿੱਚ ਸ਼ਾਮਲ ਹੋ ਕੇ ਸੰਘਰਸ਼ ਨੂੰ ਤਿੱਖਾ ਕਰਨ ਦੀ ਲੋੜ ਹੈ।ਇਸ ਮੌਕੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਪ੍ਰਸ਼ੋਤਮ ਸਿੰਘ ਪੱਪਾ, ਦਿੱਗਵਿਜੇ ਸਿੰਘ, ਦੇਸ ਰਾਜ ਜੰਡੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦਰਸ਼ਨ ਸਿੰਘ ਰੰਧਾਵਾ, ਘਨਸ਼ਾਮ, ਮਹਿੰਦਰ ਝੜੋਲ, ਰਘੁਬੀਰ ਬੀਰਾ ਝੜੋਲੀ, ਰਾਮਧਨ ਪੱਚੋਵਾਲ ਅਤੇ ਰਾਕੇਸ਼ ਕੁਮਾਰ ਰਸੂਲਪੁਰ ਤੋਂ ਇਲਾਵਾ ਵੱਡੀ ਗਿਣਤੀ 'ਚ ਮਜ਼ਦੂਰ ਵਰਗ ਦੇ ਲੋਕ ਹਾਜ਼ਰ ਸਨ।

# ਕਲੇਰ ਦਾ ਸਾਬਕਾ ਸਰਪੰਚ ਅੰਗਰੇਜ਼ ਸਿੰਘ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ

ਤਰਨਤਾਰਨ (ਪ੍ਰਿਤਪਾਲ ਸਿੰਘ)-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਬਿਹਤਰੀ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਆਮ ਆਦਮੀ ਪਾਰਟੀ ਦਿਨੋਂ-ਦਿਨ ਮਜ਼ਬੂਤ ਹੁੰਦੀ ਜਾ ਰਹੀ ਹੈ ਅਤੇ ਸਾਲ 2027 ਵਿੱਚ ਆਮ ਆਦਮੀ ਪਾਰਟੀ ਇੱਕ ਵਾਰ ਫਿਰ ਸ਼ਾਨ ਨਾਲ ਜਿੱਤ ਕੇ ਸੂਬੇ ਵਿੱਚ ਲਗਾਤਾਰ ਦੂਜੀ ਵਾਰ ਸਰਕਾਰ ਬਣਾਵੇਗੀ।ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਪੱਟੀ ਦੇ ਵਿਧਾਇਕ ਅਤੇ ਸੂਬੇ ਦੇ ਟਰਾਂਸਪੋਰਟ ਅਤੇ ਜੇਲ੍ਹਾਂ ਬਾਰੇ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਪਿੰਡ ਕਲੇਰ ਤੋਂ ਸਾਬਕਾ ਸਰਪੰਚ ਅੰਗਰੇਜ਼ ਸਿੰਘ ਨੂੰ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨ ਸਮੇਂ ਕੀਤਾ।ਉਨ੍ਹਾਂ ਕਿਹਾ ਕਿ ਅੰਗਰੇਜ਼ ਸਿੰਘ ਕਾਂਗਰਸ ਪਾਰਟੀ ਨਾਲ ਸਬੰਧਿਤ ਰਹੇ ਹਨ ਪਰ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਪ ਵਿੱਚ ਸ਼ਾਮਲ ਹੋ ਗਏ ਹਨ।ਉਨ੍ਹਾਂ ਕਿਹਾ ਕਿ ਸਾਬਕਾ ਸਰਪੰਚ ਅੰਗਰੇਜ਼ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਆਮ ਆਦਮੀ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਮਾਰਚ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪੰਜਾਬ ਸਰਕਾਰ ਦਾ ਪਹਿਲਾ ਫੈਸਲਾ 90 ਫ਼ੀਸਦੀ ਘਰਾਂ ਨੂੰ ਮੁਫਤ ਬਿਜਲੀ ਪ੍ਰਦਾਨ ਕਰਨਾ ਸੀ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਹੁਣ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਨੂੰ ਠੰਢੀਆਂ ਰਾਤਾਂ ਵਿੱਚ ਆਪਣੇ ਖੇਤਾਂ ਦੀ ਸਿੰਚਾਈ ਲਈ ਬਾਹਰ ਨਹੀਂ ਜਾਣਾ ਪੈਂਦਾ।ਉਨ੍ਹਾਂ ਕਿਹਾ ਕਿ ਪੰਜਾਬ ਅੱਜ ਬਿਜਲੀ ਦੀ ਬਹੁਤਾਤ ਵਾਲਾ ਸੂਬਾ ਹੈ।ਲੋੜੀਂਦੀ ਕੋਲੇ ਦੀ ਸਪਲਾਈ ਅਤੇ ਪੂਰੀ ਤਰ੍ਹਾਂ ਕਾਰਜਸੀਲ ਥਰਮਲ ਪਲਾਂਟਾਂ ਦੇ ਨਾਲ, ਪੰਜਾਬ ਦੇਸ ਵਿੱਚ ਮੋਹਰੀ ਸੂਬਾ ਬਣ ਕੇ ਉਭਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਹੱਦੀ ਖੇਤਰ ਦੇ ਵਸਨੀਕਾਂ ਦੀ ਭਲਾਈ ਵੱਲ ਵਿਸੇਸ ਧਿਆਨ ਦਿੱਤਾ ਜਾ



ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਸਰਹੱਦੀ ਪੱਟੀ ਦੇ ਕਿਸਾਨਾਂ ਲਈ ਇੱਕ ਵੱਡੀ ਰਾਹਤ ਵਜੋਂ, ਕੇਂਦਰ ਸਰਕਾਰ ਨੇ ਸਰਹੱਦੀ ਵਾੜ ਨੂੰ ਕੌਮਾਂਤਰੀ ਸਰਹੱਦ ਦੇ ਨੇੜੇ ਤਬਦੀਲ ਕਰਨ ਲਈ ਸਿਧਾਂਤਕ ਤੌਰ ਤੇ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨ ਵਾੜ ਤੋਂ ਪਰੇ ਹਜ਼ਾਰਾਂ ਏਕੜ ਜ਼ਮੀਨ 'ਤੇ ਬੇਰੋਕ ਖੇਤੀ ਕਰ ਸਕਣਗੇ।ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡ ਕਰਨ ਸਬੰਧੀ ਇੱਕ ਵਿਆਪਕ ਪ੍ਰੋਗਰਾਮ ਸ਼ੁਰੂ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਭਗ 43,000 ਕਿਲੋਮੀਟਰ ਲਿੰਕ ਸੜਕਾਂ ਹਨ।ਇਨ੍ਹਾਂ ਦੀ ਮੁਰੰਮਤ ਦੇ ਨਾਲ-ਨਾਲ ਅਗਲੇ ਪੰਜ ਸਾਲਾਂ ਲਈ ਉਨ੍ਹਾਂ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਦਾ ਇਤਿਹਾਸਕ ਫੈਸਲਾ ਲਿਆ ਹੈ।ਉਨ੍ਹਾਂ ਕਿਹਾ ਕਿ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਇੱਕ ਮੁੱਖ ਮੰਤਰੀ ਫਲਾਇੰਗ ਸਕੁਐਡ ਦਾ ਗਠਨ ਕੀਤਾ ਗਿਆ ਹੈ ਅਤੇ ਪ੍ਰਵਾਨਗੀਆਂ ਦੇਣ ਤੋਂ ਪਹਿਲਾਂ ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਤ ਸਰਵੇਖਣ ਕੀਤਾ ਗਿਆ ਸੀ ਜਿਸ ਨਾਲ 226.89 ਕਰੋੜ ਰੁਪਏ ਦੀ ਬੱਚਤ ਹੋਈ।

# ਪਰਮਜੀਤ ਸਿੰਘ ਸਰਨਾ ਨਾਲ ਪਾਰਟੀ ਦੀ ਸਿਆਸੀ ਸਾਂਝ ਸਬੰਧੀ ਕੋਈ ਗੱਲਬਾਤ ਨਹੀਂ ਹੋਈ : ਬਲਵਿੰਦਰ ਕੌਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਨੇ ਭਾਈ ਪਰਮਜੀਤ ਸਿੰਘ ਸਰਨਾ ਵੱਲੋਂ ਜਾਰੀ ਕਰਵਾਈ ਗਈ ਉਸ ਖ਼ਬਰ ਦਾ ਖੰਡਨ ਕੀਤਾ ਹੈ, ਜਿਸ ਵਿੱਚ ਪਰਮਜੀਤ ਸਿੰਘ ਸਰਨਾ ਵੱਲੋਂ ਇਹ ਦਾਅਵਾ ਕੀਤਾ ਗਿਆ ਹੈ ਕਿ ਉਨ੍ਹਾਂ ਦੀ ਮਾਤਾ ਬਲਵਿੰਦਰ ਕੌਰ ਨਾਲ ਕੋਈ ਫ਼ੋਨ 'ਤੇ ਗੱਲਬਾਤ ਹੋਈ ਹੈ ਅਤੇ ਉਸ ਗੱਲਬਾਤ ਦੇ ਆਧਾਰ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਕਿਸੇ ਕਿਸਮ ਦੀ ਸਿਆਸੀ ਸਾਂਝ ਜਾਂ ਇਕੱਠ ਦੀ ਸੰਭਾਵਨਾ ਦੱਸੀ ਗਈ ਹੈ।ਪ੍ਰੈੱਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਇਕ ਪ੍ਰੈੱਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਦੇ ਮਾਤਾ ਬਲਵਿੰਦਰ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਭਾਈ ਪਰਮਜੀਤ ਸਿੰਘ ਸਰਨਾ ਨਾਲ ਨਾ ਤਾਂ ਕੋਈ ਅਜਿਹੀ ਗੱਲਬਾਤ ਹੋਈ ਹੈ ਅਤੇ ਨਾ ਹੀ ਕਿਸੇ ਤਰ੍ਹਾਂ ਦਾ ਕੋਈ ਸਹਿਮਤੀ ਭਰਿਆ ਬਿਆਨ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਅਖ਼ਬਾਰਾਂ ਵਿੱਚ ਮੇਰੇ ਨਾਮ 'ਤੇ ਛਾਪਿਆ ਗਿਆ ਬਿਆਨ ਅਤੇ ਕੁਝ ਕੁ ਚੈਨਲਾਂ 'ਤੇ ਚਲਾਈ ਜਾ ਰਹੀ ਖ਼ਬਰ ਨੂੰ ਪੂਰੀ ਤਰ੍ਹਾਂ ਤੋੜ ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ, ਜੋ ਕਿ ਸੱਚਾਈ ਤੋਂ ਕੋਹਾਂ ਦੂਰ ਹੈ।ਉਨ੍ਹਾਂ ਕਿਹਾ ਕਿ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦਾ ਕਿਸੇ ਵੀ ਪੰਥਕ ਕੌਮ ਤੋਂ ਭਗੋੜੇ ਦਲ, ਵਿਅਕਤੀ ਜਾਂ ਉਸ ਤਰ੍ਹਾਂ ਦੀ ਸੋਚ ਨਾਲ ਕੋਈ ਵੀ ਸਾਂਝ ਜਾਂ ਸਿਆਸੀ ਸਮਝੌਤਾ ਨਹੀਂ ਹੈ।ਉਨ੍ਹਾਂ ਕਿਹਾ ਕਿ ਪਰਮਜੀਤ ਸਿੰਘ ਸਰਨਾ ਅਤੇ ਅਕਾਲੀ ਦਲ ਬਾਦਲ ਵੱਲੋਂ ਇਕ ਗਿਣੀਮਿਥੀ ਸਾਜ਼ਿਸ਼ ਦੇ ਤਹਿਤ ਅਕਾਲੀ ਦਲ ਵਾਰਿਸ ਪੰਜਾਬ ਦੇ ਅਕਸ ਨੂੰ ਢਾਹ ਲਗਾਉਣ ਲਈ ਅਜਿਹੀਆਂ ਝੂਠੀਆਂ ਖ਼ਬਰਾਂ ਜਾਣਬੁੱਝ ਕੇ ਪ੍ਰਕਾਸ਼ਿਤ ਕਰਵਾਈਆਂ ਜਾ ਰਹੀਆਂ ਹਨ ਜੋ ਪੰਥਕ ਧਿਰਾਂ, ਵਰਕਰਾਂ ਅਤੇ ਸੰਗਤ ਵਿੱਚ ਭਰਮ ਪੈਦਾ ਕਰਦੀ ਹਨ।ਇਸ ਕਰਕੇ ਅਸੀਂ ਪਰਮਜੀਤ ਸਿੰਘ ਸਰਨਾ ਨੂੰ ਸਖ਼ਤ ਤੌਰ 'ਤੇ ਅਪੀਲ ਅਤੇ ਚੇਤਾਵਨੀ ਦਿੰਦੇ ਹਾਂ ਕਿ ਉਹ ਮੇਰਾ ਨਾਮ ਵਰਤ ਕੇ ਝੂਠੀਆਂ ਅਫ਼ਵਾਹਾਂ ਫੈਲਾਉਣ ਤੋਂ ਤੁਰੰਤ ਗੁਰੇਜ਼ ਕਰਨ, ਜੇਕਰ ਦੋਬਾਰਾ ਇਸ ਤਰ੍ਹਾਂ ਹੁੰਦਾ ਹੈ ਤਾਂ ਕਾਨੂੰਨੀ ਰੁਖ ਵੀ ਅਪਣਾਇਆ ਜਾਏਗਾ।

# 'ਸੰਘਣੀ ਧੁੰਦ ਤੇ ਕੜਾਕੇ ਦੀ ਪੈ ਰਹੀ ਠੰਡ ਦੇ ਮੱਦੇਨਜ਼ਰ ਸਰਕਾਰ ਸਕੂਲਾਂ ਦਾ ਸਮਾਂ ਘੱਟਾ ਕਰੇ'

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਇਸ ਵਕਤ ਪੂਰੇ ਪੰਜਾਬ ਵਿੱਚ ਕੜਾਕੇ ਦੀ ਠੰਢ ਪੈ ਰਹੀ ਹੈ ਜਿਸ ਕਾਰਨ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ।ਪਿਛਲੇ ਦਿਨੀਂ ਪਠਾਨਕੋਟ ਤੋਂ ਸਰਕਾਰੀ ਕੰਨਿਆ ਸਕੂਲ ਫਤਹਿਗੜ੍ਹ ਚੂੜੀਆਂ ਵਿਖੇ ਜਾ ਰਹੇ ਅਧਿਆਪਕਾਂ ਦੀ ਗੱਡੀ ਨਾਲ ਹਾਦਸਾ ਵਾਪਰਨ ਨਾਲ ਇਸ ਵਿਚ ਸਵਾਰ ਕਾਫੀ ਅਧਿਆਪਕ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਸਨ।ਇਸੇ ਹਾਦਸੇ ਨੂੰ ਲੈ ਕੇ ਲੋਕਾਂ ਵੱਲੋਂ ਅਧਿਆਪਕਾਂ ਤੇ ਵਿਦਿਆਰਥੀਆਂ ਲਈ ਵੱਡੀ



ਚਿੰਤਾ ਜਤਾਈ ਜਾ ਰਹੀ ਹੈ।ਇਸ ਸੰਬੰਧੀ ਗੱਲ ਕਰਦਿਆਂ ਸੁੱਖ ਬਾਜਵਾ ਸਰਪੰਚ ਪਿੰਡ ਸਾਰਚੂਰ ਨੇ ਕਿਹਾ ਕੇ ਇਨ੍ਹਾਂ ਦਿਨਾਂ ਵਿੱਚ ਜੋ ਹੱਦੋਂ ਵੱਧ ਠੰਢ ਅਤੇ ਧੁੰਦ ਪੈ ਰਹੀ ਉਸ ਕਾਰਨ ਸੜਕੀ ਆਵਾਜਾਈ ਤੇ ਵੱਡਾ ਖਤਰਾ ਬਣਿਆ ਹੋਇਆ ਹੈ। ਇਸਦੇ ਮੱਦੇਨਜ਼ਰ ਸਰਕਾਰ ਨੂੰ ਬੇਨਤੀ ਹੈ ਕੇ ਸਕੂਲਾਂ ਦਾ ਸਮਾਂ ਥੋੜਾ ਘਟਾ ਦਿੱਤਾ ਜਾਵੇ ਤਾਂ ਜੋ ਅਜਿਹੀ ਘਟਨਾ ਹੋਰ ਨਾ ਵਾਪਰ ਸਕੇ

।ਨਾਮਧਾਰੀ ਸਵੀਟਸ ਹਰਜੀਤ ਸਿੰਘ ਬਾਜਵਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੀਤ ਲਹਿਰ ਤੇ ਸਾਰਾ ਦਿਨ ਸੰਘਣੀ ਧੁੰਦ ਦੌਰਾਨ ਬੱਸਾਂ ਗੱਡੀਆਂ ਤੇ ਸਫਰ ਕਰਨ ਵੇਲੇ ਕੋਈ ਨਾ ਕੋਈ ਅਣਸੁਖਾਵੀਂ ਘਟਨਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ।ਇਸ ਲਈ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਵੇਖਦੇ ਹੋਏ ਸਰਕਾਰ ਨੂੰ ਬੇਨਤੀ ਹੈ ਕਿ ਇਸ ਪਾਸੇ ਜ਼ਰੂਰ ਧਿਆਨ ਦਿੱਤਾ ਜਾਵੇ।ਪਿੰਡ ਮਾਨ ਸੈਂਡਵਾਲ ਦੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਜਿੰਦਰ ਸਿੰਘ ਨੇ ਕਿਹਾ ਕਿ ਅੱਤ ਦੀ ਸਰਦੀ ਦੇ ਮੌਸਮ ਵਿੱਚ ਛੋਟੇ ਬੱਚਿਆਂ ਲਈ ਬਹੁਤ ਮੁਸ਼ਕਿਲ ਹੋ ਰਿਹਾ ਹੈ।ਜ਼ਿਆਦਾ ਠੰਢ ਕਾਰਨ ਉਨ੍ਹਾਂ ਦੇ ਬਿਮਾਰ ਹੋਣ ਦਾ ਵੀ ਡਰ ਬਣਿਆ ਰਹਿੰਦਾ ਹੈ। ਉਹਨਾਂ ਕਿਹਾ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਦੀ ਸਿਹਤ ਤੰਦਰੁਸਤੀ ਵੀ ਬੜੀ ਜ਼ਰੂਰੀ ਹੈ।ਖਾਸਕਰ ਪ੍ਰਾਇਮਰੀ ਸਕੂਲ ਵਾਲੇ ਛੋਟੇ ਬੱਚਿਆਂ ਵੱਲ ਖਾਸ ਤਵੱਜੋ ਦੀ ਲੋੜ ਹੈ। ਇਸ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਜਸਪਾਲ ਸਿੰਘ ਸਰਪੰਚ, ਭੁਪਿੰਦਰ ਸਿੰਘ ਮਾਨ, ਨਿਰਮਲ ਸਿੰਘ ਗੁਰਾਇਆ, ਕੁਲਦੀਪ ਸਿੰਘ ਸਾਬਕ ਸਰਪੰਚ, ਪ੍ਰੇਮ ਸਿੰਘ ਮਾਨ, ਬਾਬਾ ਬਲਵਿੰਦਰ ਸਿੰਘ ਆਦਿ ਨੇ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਅੱਤ ਦੇ ਠੰਢ ਵਾਲੇ ਦਿਨਾਂ ਵਿੱਚ ਸਕੂਲਾਂ ਦਾ ਸਮਾਂ ਥੋੜਾ ਘਟਾਇਆ ਜਾਵੇ।

# 'ਆਪ' ਆਗੂ ਹਰਦਿਆਲ ਸਿੰਘ ਸਰਬਸੰਮਤੀ ਨਾਲ ਪਿੰਡ ਮਾੜੀ ਕੰਬੋਕੇ ਦੇ ਸਰਪੰਚ ਬਣੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਚੋਣ ਕਮਿਸ਼ਨ ਵੱਲੋਂ ਭਿੱਖੀਵਿੰਡ ਅਧੀਨ ਪੈਂਦੇ ਪਿੰਡ ਮਾੜੀ ਕੰਬੋਕੇ ਦੀ ਚੋਣ 18 ਜਨਵਰੀ ਨੂੰ ਕਰਵਾਉਣ ਦੇ ਜਾਰੀ ਹੋਏ ਹੁਕਮ ਮਗਰੋਂ ਪਿੰਡ ਵਾਸੀਆਂ ਨੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਸਰਬਸੰਮਤੀ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਦਿਆਲ ਸਿੰਘ ਕੰਬੋਕੇ ਨੂੰ ਪਿੰਡ ਦਾ ਸਰਪੰਚ ਚੁਣਿਆ ਹੈ ਜਦਕਿ ਬੂਟਾ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਬਲਦੇਵ ਸਿੰਘ, ਸਲਵਿੰਦਰ ਕੌਰ, ਸਰਬਜੀਤ ਕੌਰ, ਅਮਰਜੀਤ ਕੌਰ, ਗੁਰਪ੍ਰੀਤ ਕੌਰ, ਪਰਮਜੀਤ ਕੌਰ ਤੇ ਇੰਦਰਜੀਤ ਕੌਰ ਨੂੰ ਪੰਚ ਚੁਣਿਆ ਗਿਆ ਹੈ।ਸਰਪੰਚ ਚੁਣੇ ਜਾਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਦਿਆਲ ਸਿੰਘ ਕੰਬੋਕੇ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਸਰਵਨ ਸਿੰਘ ਧੁੰਨ ਸਮੇਤ ਹਲਕੇ ਦੇ ਸਮੂਹ ਆਗੂਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਜਤਾਏ ਵਿਸ਼ਵਾਸ ਨੂੰ ਉਹ ਹਰ ਹਾਲ ਵਿੱਚ ਕਾਇਮ ਰੱਖਣਗੇ ਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੇ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕਰਨਗੇ।ਉੱਧਰ ਸਰਪੰਚ ਬਣਨ 'ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਖੇਮਕਰਨ ਦੇ ਚੇਅਰਮੈਨ ਭਗਵੰਤ ਸਿੰਘ ਕੰਬੋਕੇ ਨੇ ਹਰਦਿਆਲ ਸਿੰਘ ਕੰਬੋਕੇ ਨੂੰ ਵਧਾਈ ਦਿੰਦਿਆਂ ਪਿੰਡ ਦੇ ਵਿਕਾਸ ਲਈ ਡਟ ਕੇ ਕੰਮ ਕਰਨ ਲਈ ਪ੍ਰੇਰਿਆ।ਇਸ ਮੌਕੇ ਕੰਡਿਆਲੀ ਤਾਰ ਸਰਹੱਦ ਦੇ ਐਨ ਨੇੜੇ ਤਬਦੀਲ ਕਰਨ ਲਈ ਕੇਂਦਰ ਤੋਂ ਮਿਲੇ ਹਾਂ ਪੱਖੀ ਹੁੰਗਾਰੇ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸ਼ਲਾਘਾ ਕਰਦਿਆਂ ਚੇਅਰਮੈਨ ਕੰਬੋਕੇ ਨੇ ਕਿਹਾ ਕਿ ਮੁੱਖ ਮੰਤਰੀ ਸਾਹਬ ਦੀ ਇਹ ਪਹਿਲਕਦਮੀ ਸਦਕਾ ਸਰਹੱਦੀ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸੂਬੇ ਨੂੰ ਹਰ ਪੱਖੋਂ ਖੁਸ਼ਹਾਲ ਬਣਾਉਣਾ ਆਮ ਆਦਮੀ ਪਾਰਟੀ ਦਾ ਮੁੱਖ ਟੀਚਾ ਹੈ ਤੇ ਪਾਰਟੀ ਦਾ ਹਰ ਵਰਕਰ ਇਸ ਉਦੇਸ਼ ਲਈ ਦਿਨ-ਰਾਤ ਕੰਮ ਕਰ ਰਿਹਾ ਹੈ।ਇਸ ਮੌਕੇ ਪੰਜਾਬ ਸਿੰਘ ਕੰਬੋਕੇ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਅੰਬਾਵਤਾ, ਗੁਰਦੇਵ ਸਿੰਘ ਬਲਾਕ ਸੰਮਤੀ ਮੈਂਬਰ, ਸਰਵਣ ਸਿੰਘ ਆੜ੍ਹਤੀਆ, ਸੁਖਰਾਜ ਸਿੰਘ, ਗੁਰਮੁਖ ਸਿੰਘ, ਸਾਬਕਾ ਸਰਪੰਚ ਲਖਬੀਰ ਸਿੰਘ ਸਮੇਤ ਹੋਰ ਪਿੰਡ ਵਾਸੀ ਹਾਜ਼ਰ ਸਨ

# ਕਲੀਚਪੁਰ 'ਚ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਵੰਡੀ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਮਾਤਾ ਸਵਿਤਰੀ ਬਾਈ ਫੂੱਲੇ ਐਜੂਕੇਸ਼ਨ ਸੋਸ਼ਲ ਵੈੱਲਫੇਅਰ ਸੋਸਾਇਟੀ ਪਠਾਨਕੋਟ ਤੇ ਆਦਰਸ਼ ਸੋਸ਼ਲ ਵੈੱਲਫੇਅਰ ਸੋਸਾਇਟੀ ਗੁਰਦਾਸਪੁਰ ਵੱਲੋਂ ਇੱਕ ਸਾਂਝਾ ਉਪਰਾਲਾ ਪਿੰਡ ਕਲੀਚਪੁਰ ਵਿੱਚ ਕੀਤਾ ਗਿਆ ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਗੁਰੂ ਘਰ ਪਿੰਡ ਕਲੀਚਪੁਰ ਵਿੱਚ ਚਲਾਏ ਜਾ ਰਹੇ ਮਾਤਾ ਸਵਿਤਰੀ ਬਾਈ ਫੂੱਲੇ ਐਜੂਕੇਸ਼ਨ ਸੋਸ਼ਲ ਵੈੱਲਫੇਅਰ ਸੋਸਾਇਟੀ ਪਠਾਨਕੋਟ ਵੱਲੋਂ ਮੁਫਤ ਸੈਂਟਰ ਵਿੱਚ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ ਜਿਸ ਵਿੱਚ ਕਾਪੀਆਂ, ਪੈੱਨ ਸਕੂਲ ਬੈਗ ਸ਼ਾਮਿਲ ਸਨ।ਇਸ ਮੌਕੇ ਗੱਲਬਾਤ ਕਰਦਿਆਂ ਸੋਸਾਇਟੀ ਪ੍ਰਧਾਨਾਂ ਨੇ ਕਿਹਾ ਕਿ ਸਾਡੀ ਸੋਸਾਇਟੀ ਦਾ ਮੇਨ ਮਕਸਦ ਲੋੜਵੰਦ ਬੱਚਿਆਂ ਦੀ ਸਹਾਇਤਾ ਕਰਨੀ, ਬੱਚਿਆਂ ਨੂੰ ਪੜ੍ਹਾਈ ਵਿੱਚ ਆਉਣ ਵਾਲੀਆਂ ਮੁਸ਼ਕਿਲਾਂ ਨੂੰ ਦੂਰ ਕਰਨਾ ਮੁੱਖ ਉਦੇਸ਼ ਹੈ।ਇਸ ਮੌਕੇ ਸੈਂਟਰ ਅਧਿਆਪਕਾਵਾਂ ਸ਼ਿਖਾ ਦੇਵੀ ਨੇ ਬੱਚਿਆਂ ਦੀ ਕਾਰਗੁਜ਼ਾਰੀ ਬਾਰੇ ਦੱਸਿਆ ਅਤੇ ਬੱਚਿਆਂ ਨੇ ਮਨੋਰੰਜਨ ਵੀ ਕੀਤਾ। ਇਸ ਮੌਕੇ ਸਰਦਾਰੀ ਲਾਲ, ਸੁਰੇਸ਼ ਕੁਮਾਰ, ਸ਼ੁਭਮ, ਸਤਨਾਮ ਸਿੰਘਪ੍ਰਧਾਨ, ਪਰਮਜੀਤ, ਲਵਪ੍ਰੀਤਕੌਰ ਦਰਸ਼ਨ ਲਾਲ ਆਦਿ ਹਾਜ਼ਰ ਸਨ।

# ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਨੇ ਨੈਸ਼ਨਲ ਪੱਧਰੀ ਫੈਂਸਿੰਗ ਮੁਕਾਬਲੇ 'ਚ ਮਾਰੀਆਂ ਮੱਲਾਂ

**ਧਾਰੀਵਾਲ/ਗੁਰਦਾਸਪੁਰ, (ਮਨਦੀਪ ਵਿੱਕੀ, ਜਨਕ ਮਹਾਜਨ)**-ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਦੇ ਫੈਂਸਿੰਗ (ਤਲਵਾਰਬਾਜ਼ੀ) ਦੇ ਖਿਡਾਰੀਆਂ ਨੇ 69ਵੀਆਂ ਸਕੂਲ ਨੈਸ਼ਨਲ ਖੇਡਾਂ 2025-26 ਫੈਂਸਿੰਗ ਮੁਕਾਬਲਿਆਂ ਅਤੇ ਜੂਨੀਅਰ ਨੈਸ਼ਨਲ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ, ਜ਼ਿਲ੍ਹਾ ਗੁਰਦਾਸਪੁਰ, ਆਪਣੀ ਅਕੈਡਮੀ, ਕੋਚਾਂ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਅਕੈਡਮੀ ਦੇ ਫੈਂਸਿੰਗ ਖਿਡਾਰੀ ਮਨਰਾਜ ਸਿੰਘ ਦੀ ਇੰਟਰਨੈਸ਼ਨਲ (ਏਸ਼ੀਅਨ ਕੈਡਿਟ ਅਤੇ ਜੂਨੀਅਰ ਚੈਂਪੀਅਨਸ਼ਿਪ) ਮੁਕਾਬਲੇ ਲਈ ਚੋਣ ਹੋਈ ਹੈ। ਇਸ ਸਬੰਧੀ ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਦੇ ਪ੍ਰਿੰਸੀਪਲ ਹਰਜਿੰਦਰ ਸਿੰਘ ਅਤੇ ਫੈਂਸਿੰਗ ਕੋਚ ਮਨਦੀਪ ਸਿੰਘ ਵਿੱਕੀ ਤੇ ਕੋਚ ਹਰਦੀਪ ਸਿੰਘ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਭਾਜੀ ਨਗਰ (ਮਹਾਂਰਾਸ਼ਟਰ) ਵਿਖੇ ਹੋਈਆਂ 69ਵੀਆਂ ਸਕੂਲ ਨੈਸ਼ਨਲ ਖੇਡਾਂ 2025-26 ਦੇ ਫੈਂਸਿੰਗ ਮੁਕਾਬਲਿਆਂ ਦੌਰਾਨ ਅੰਡਰ-14 (ਲੜਕੇ) ਈਵੈਂਟ ਸੈਬਰ ਟੀਮ ਵਿੱਚ ਮਨਰਾਜ ਸਿੰਘ ਤੇ ਐਰਨ ਕੁਮਾਰ ਨੇ ਕਾਂਸੇ ਦਾ ਤਮਗਾ ਜਿੱਤਿਆ। ਜਦਕਿ ਵਿਅਕਤੀਗਤ ਸੈਬਰ ਮੁਕਾਬਲੇ ਵਿੱਚ ਮਨਰਾਜ ਸਿੰਘ ਨੇ ਸੋਨ ਤਮਗਾ ਜਿੱਤਿਆ ਅਤੇ ਐਰਨ ਕੁਮਾਰ ਚਾਂਦੀ ਦਾ ਤਮਗਾ ਜਿੱਤਿਆ ਹੈ।




ਇਸ ਤੋਂ ਇਲਾਵਾ ਕਟਕ (ਉੜੀਸਾ) ਵਿਖੇ ਹੋਏ ਜੂਨੀਅਰ ਨੈਸ਼ਨਲ ਫੈਂਸਿੰਗ ਚੈਂਪੀਅਨਸਿਪ ਮੁਕਾਬਲੇ ਵਿੱਚ ਮਨਰਾਜ ਸਿੰਘ ਨੇ ਟੀਮ ਵਿੱਚ ਚਾਂਦੀ ਦਾ ਤਮਗਾ ਅਤੇ ਵਿਅਕਤੀਗਤ ਮੁਕਾਬਲੇ ਵਿੱਚੋਂ ਕਾਂਸੇ ਦਾ ਤਮਗਾ ਜਿੱਤਿਆ ਹੈ।

ਖਿਡਾਰੀ ਮਨਰਾਜ ਸਿੰਘ ਦੀ ਏਸ਼ੀਅਨ ਕੈਡਿਟ ਅਤੇ ਜੂਨੀਅਰ ਚੈਂਪੀਅਨਸਿਪ ਮੁਕਾਬਲੇ ਲਈ ਚੋਣ ਹੋਈ ਹੈ, ਜੋ ਕਿ ਇੰਡੋਨੇਸ਼ੀਆ ਵਿੱਚ ਹੋਣ ਜਾ ਰਹੇ ਹਨ। ਤਮਗੇ ਜੇਤੂ ਖਿਡਾਰੀਆਂ ਦਾ ਖਾਲਸਾ ਸਪੋਰਟਸ ਅਕੈਡਮੀ ਗੁਰਦਾਸਪੁਰ ਵਿਖੇ ਪਹੁੰਚਣ 'ਤੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ ਦੇ ਪ੍ਰਿੰਸੀਪਲ ਹਰਜਿੰਦਰ ਸਿੰਘ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਖਿਡਾਰੀਆਂ, ਉਨ੍ਹਾਂ ਦੇ ਕੋਚਾਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

# ਕੀਰਤਨ ਦਰਬਾਰ ਸੁਸਾਇਟੀ ਵੱਲੋਂ ਲੋੜਵੰਦਾਂ ਪਰਿਵਾਰਾਂ ਲਈ ਰਾਸ਼ਨ ਦੀ ਸੇਵਾ


ਪੱਟੀ, (ਬਲਦੇਵ ਸਿੰਘ ਸੰਧੂ)-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ :ਪੱਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਮਹੀਨਾਵਾਰ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੀ ਸੇਵਾ ਗੁਰਦਵਾਰਾ ਬੀਬੀ ਰਜਨੀ ਜੀ ਪੱਟੀ ਵਿਖੇ ਕੀਤੀ ਗਈ।ਰਾਸ਼ਨ ਦੇਣ ਦੀ ਆਰੰਭਤਾ ਤੋਂ ਪਹਿਲਾਂ ਗੁਰਦਵਾਰਾ ਸਾਹਿਬ ਦੇ ਗ੍ਰੰਥੀ ਭਾਈ ਕੁਲਵਿੰਦਰ ਸਿੰਘ ਵੱਲੋਂ ਅਰਦਾਸ ਬੇਨਤੀ ਕੀਤੀ ਗਈ।ਇਸ ਮਹੀਨੇ ਦੀ ਸੇਵਾ ਲੋਹੜੀ ਮਾਘੀ ਦੇ ਦਿਵਸ ਨੂੰ ਸਮਰਪਿਤ ਹੈ।ਉਸ ਤੋਂ ਬਾਅਦ ਰਾਸ਼ਨ ਦੇਣ ਦੀ ਆਰੰਭਤਾ ਕੀਤੀ ਗਈ।ਇਸ ਵਾਰ ਲੋਹੜੀ ਕਰਕੇ ਸਾਰੇ ਪਰਿਵਾਰਾਂ ਨੂੰ ਰਾਸ਼ਨ ਦੇ ਨਾਲ ਗੁੜ ਅਤੇ ਮੱਕੀ ਦਾ ਆਟੇ ਦੀ ਸੇਵਾ ਸਰਦੂਲ ਸਿੰਘ ਕਰਿਆਨੇ ਵਾਲਿਆਂ ਵੱਲੋਂ, ਮੂੰਗਫਲੀ ਦੇ ਪੈਕਟਾਂ ਦੀ ਸੇਵਾ ਮਾਸਟਰ ਸਰਬਜੀਤ ਸਿੰਘ ਵੱਲੋਂ ਕੀਤੀ ਗਈ।ਇਹ ਜਾਣਕਾਰੀ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੱਬੂ ਅਤੇ ਸਕੱਤਰ ਜੋਗਾ ਸਿੰਘ ਵੱਲੋਂ ਦਿੱਤੀ ਗਈ।ਇਸ ਮੌਕੇ ਪ੍ਰਧਾਨ ਗੁਰਦਵਾਰਾ ਬੀਬੀ ਰਜਨੀ ਜੀ ਬਲਬੀਰ ਸਿੰਘ ਲੁਹਾਰੀਆ, ਅਵਤਾਰ ਸਿੰਘ ਸੇਵਾ ਸਿੰਘ ਦੀ ਹੱਟੀ ਵਾਲੇ, ਭਾਈ ਕੰਵਲਜੀਤ ਸਿੰਘ ਰਾਗੀ ਜਥਾ ਪੱਟੀ, ਅਮਰੀਕ ਸਿੰਘ ਜੇਈ, ਰਜਵੰਤ ਸਿੰਘ ਜੇਈ, ਡੀਐੱਸਪੀ ਬਲਰਾਜ ਸਿੰਘ ਖਹਿਰਾ, ਸੁਰਜੀਤ ਸਿੰਘ, ਜਸਪਾਲ ਸਿੰਘ ਮੈਡੀਕਲ ਸਟੋਰ ਵਾਲੇ, ਮਨਕੀਰਤ ਸਿੰਘ ਕੈਨੇਡਾ, ਡਾ. ਸਰਵਪ੍ਰੀਤ ਸਿੰਘ, ਅੰਮ੍ਰਿਤ ਸਿੰਘ ਪੁੱਤਰ ਇਕਬਾਲ ਸਿੰਘ ਜੌਲੀ, ਅਮਾਨਤ ਆਸਟ੍ਰੇਲੀਆ, ਸੁਖਚੈਨ ਸਿੰਘ ਰਾਜੂ ਕਲਾਥ ਹਾਊਸ ਵਾਲੇ, ਪ੍ਰਭਜੀਤ ਸਿੰਘ, ਨਰਿੰਦਰ ਸਿੰਘ, ਮਾਸਟਰ



ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਕੈਪਟਨ ਮਹਿਲ ਸਿੰਘ ਸਿੱਧੂ, ਮਾਸਟਰ ਸਤਨਾਮ ਸਿੰਘ ਸਿੱਧੂ, ਮਾਸਟਰ ਅਰਸ਼ਦੀਪ ਸਿੰਘ, ਮਾਸਟਰ ਬਿਕਰਮਜੀਤ ਸਿੰਘ, ਮਾਸਟਰ ਅਮਨਦੀਪ ਸਿੰਘ ਕਰੀਰ, ਗੁਰਸੇਵਕ ਸਿੰਘ ਪਟਵਾਰੀ, ਅਵਤਾਰ ਸਿੰਘ ਫੌਜੀ ਚੀਮਾ, ਪਰਮਜੀਤ ਸਿੰਘ ਬੈਂਕ ਵਾਲੇ, ਨਿਰਮਲ ਸਿੰਘ ਕਿਰਪਾਨਾਂ ਵਾਲੇ, ਬਲਜਿੰਦਰ ਸਿੰਘ ਬੀਟੀ, ਸੰਦੀਪ ਸਿੰਘ, ਲਖਬੀਰ ਸਿੰਘ, ਜਗਦੀਪ ਸਿੰਘ ਪ੍ਰਿੰਸ, ਜੋਬਨਜੀਤ ਸਿੰਘ, ਜਸ਼ਨਪ੍ਰੀਤ ਸਿੰਘ, ਅਮਨ ਕਲਸੀ, ਹਰਚਰਨ ਸਿੰਘ, ਪ੍ਰਭਜੋਤ ਸਿੰਘ, ਇੰਸਪੈਕਟਰ ਦਰਸ਼ਨ ਸਿੰਘ, ਹਰਚਰਨ ਸਿੰਘ ਵਿਰਦੀ, ਜਗਤਾਰ ਸਿੰਘ ਮੁੱਕਰ, ਅਜੇਪਾਲ ਸਿੰਘ, ਹਰਵੇਲ ਸਿੰਘ ਕੈਰੋਂ, ਪਿੰਟੂ ਕਰਿਆਨਾ ਸਟੋਰ, ਹਰਪ੍ਰੀਤ ਸਿੰਘ, ਨਿਰਮਲ ਸਿੰਘ, ਅਮਰ ਸਿੰਘ, ਕਾਕਾ ਕੁਲਵਿੰਦਰ ਸਿੰਘ, ਬਲਦੇਵ ਸਿੰਘ, ਡਾਕਟਰ ਰਵੀ ਆਦਿ ਹਾਜ਼ਰ ਸਨ।

# ਰੈਲੀ ਲਈ ਜੱਥਾ ਰਵਾਨਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਅਜਨਾਲਾ ਸ਼ਹਿਰ ਦੀ ਅਨਾਜ ਮੰਡੀ ਵਿੱਚ ਰੱਖੀ ਗਈ ਆਮ ਆਦਮੀ ਪਾਰਟੀ ਵੱਲੋਂ ਰੈਲੀ 'ਚ ਸ਼ਮੂਲੀਅਤ ਕਰਨ ਲਈ ਅਜਨਾਲਾ ਦੇ ਆਮ ਆਦਮੀ ਪਾਰਟੀ ਸੀਨੀਅਰ ਆਗੂ ਬਲਜਿੰਦਰ ਸਿੰਘ ਮਾਹਲ ਅਤੇ ਗੁਰਿੰਦਰ ਸਿੰਘ ਗੁੱਜਰਪੁਰਾ ਦੀ



ਅਗਵਾਈ ਹੇਠ ਜਥਾ ਰਵਾਨਾ ਹੋਇਆ। ਇਸ ਜਥੇ ਦੀ ਅਗਵਾਈ ਬਲਜਿੰਦਰ ਸਿੰਘ ਮਾਹਲ ਵੱਲੋਂ ਅਤੇ ਗੁਰਿੰਦਰ ਸਿੰਘ ਗੁੱਜਰਪੁਰਾ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਇਸ ਮੌਕੇ ਵਰਕਰਾਂ ਦਾ ਬਹੁਤ ਵੱਡਾ ਕਾਫਲਾ ਸੀ ਜੋ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਚਾਰ ਸੁਣਨ ਲਈ ਸ਼ਾਮਿਲ ਹੋਇਆ। ਇਸ ਮੌਕੇ ਕਾਫਲੇ 'ਚ ਲਖਵਿੰਦਰ ਸਿੰਘ, ਹਰਜੀਤ ਸਿੰਘ, ਸੁਖਵੰਤ ਸਿੰਘ, ਜਗਮੀਤ ਸਿੰਘ, ਹਰਿੰਦਰ ਸਿੰਘ, ਗਗਨ, ਸੁਖਦੇਵ ਸਿੰਘ ਆਦਿ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਮਿੱਟੀ ਪਰਖ ਬਾਰੇ ਟ੍ਰੇਨਿੰਗ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)-ਡਾ. ਗੁਰਮੇਲ ਸਿੰਘ ਮੁੱਖ ਖੇਤੀਬਾੜੀ ਅਫਸਰ ਐੱਸ.ਏ.ਐੱਸ.ਨਗਰ ਦੀ ਅਗਵਾਈ ਅਧੀਨ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ 12 ਗੌਰਮਿੰਟ ਹਾਈ ਸਕੂਲਾਂ ਦੇ ਵਿਦਿਆਰਥੀਆਂ ਨੂੰ ਮਿੱਟੀ ਪਰਖ ਸਬੰਧੀ ਟ੍ਰੇਨਿੰਗ ਦਿੱਤੀ ਗਈ।ਮੁੱਖ ਖੇਤੀਬਾੜੀ ਅਫਸਰ ਐੱਸ ਏ ਐੱਸ ਨਗਰ ਨੇ ਦੱਸਿਆ ਕਿ ਸਰਕਾਰ ਵੱਲੋਂ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੀਆਂ ਲਬਾਰਟਰੀਆਂ ਰਾਹੀਂ ਮਿੱਟੀ ਦੀ ਪਰਖ ਕਰਨ ਲਈ ਪਾਇਲਟ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। ਇਸ ਪ੍ਰੋਜੈਕਟ ਦੇ ਖੇਤੀਬਾੜੀ ਵਿਭਾਗ ਨੋਡਲ ਏਜੰਸੀ ਦੇ ਤੌਰ ਤੇ ਕੰਮ ਕਰ ਰਹੀ ਹੈ ਜਿਨ੍ਹਾਂ ਵੱਲੋਂ ਸਰਕਾਰ ਵੱਲੋਂ ਚੁਣੇ ਗਏ ਸਕੂਲਾਂ ਵਿੱਚ ਭੌ ਪਰਖ ਸਬੰਧੀ ਟ੍ਰੇਨਿੰਗਾਂ ਦਿੱਤੀਆਂ ਜਾ ਰਹੀਆਂ ਹਨ।

# ਦਵਿੰਦਰ ਸਿੰਘ ਵੜੈਚ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਸ਼ਖਸੀਅਤਾਂ ਵੱਲੋਂ ਭਾਵ-ਭਿੰਨੀ ਸ਼ਰਧਾਂਜਲੀ

ਬਿਆਸ (ਪਰਮਜੀਤ ਸਿੰਘ ਰੱਖੜਾ)-ਜੈਮਲ ਸਿੰਘ ਸ਼ਾਹ (ਆੜ੍ਹਤੀ ਰਈਆ ਮੰਡੀ) ਦੇ ਭਰਾ ਅਤੇ ਕਾਂਗਰਸ ਦੇ ਕਿਸਾਨ ਸੈੱਲ ਦੇ ਸੀਨੀਅਰ ਆਗੂ ਸੁਖਦੀਪ ਸਿੰਘ ਸੁੱਖ ਸ਼ਾਹ, ਜਤਿੰਦਰ ਸਿੰਘ ਸੋਨੂੰ (ਯੁਵਰਾਜ ਚੇਅਰਮੈਨ) ਦੇ ਚਾਚਾ ਸ. ਦਵਿੰਦਰ ਸਿੰਘ ਵੜੈਚ ਦੀ ਅੰਤਿਮ ਅਰਦਾਸ ਵਿੱਚ ਵੱਡੀ ਗਿਣਤੀ 'ਚ ਪੁੱਜੇ ਧਾਰਮਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਅਰਦਾਸ ਤੋਂ ਬਾਅਦ ਵੈਰਾਗਮਈ ਕੀਰਤਨ ਹੋਇਆ। ਉਪਰੰਤ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦਾ ਸ਼ੋਕ ਸੰਦੇਸ਼ ਪਰਿਵਾਰ ਨੂੰ ਦਿੱਤਾ ਅਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਅਤੇ ਸਾਰੀ ਕਾਂਗਰਸ ਪਾਰਟੀ ਇਸ ਦੁੱਖ ਦੀ ਘੜੀ 'ਚ ਇਸ ਪੀੜਤ ਪਰਿਵਾਰ ਨਾਲ ਖੜੀ ਹੈ। ਅੰਤਿਮ ਅਰਦਾਸ ਮੌਕੇ ਆਈ ਹੋਈ ਵੱਡੀ ਗਿਣਤੀ 'ਚ ਸੰਗਤ ਦਾ ਜਤਿੰਦਰ ਸਿੰਘ ਸੋਨੂੰ (ਯੁਵਰਾਜ) ਨੇ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਡੇ ਦੁੱਖ 'ਚ ਸ਼ਾਮਲ ਹੋਣ ਲਈ ਚੱਲ ਕੇ ਆਏ ਹਰ ਇਕ ਕਦਮ ਨੂੰ ਸਿਰ ਮੱਥੇ ਉਪਰ ਰੱਖਦੇ ਹਾਂ ਅਤੇ ਧੰਨਵਾਦ ਕਰਦੇ ਹਾਂ ਜੋ ਤੁਸੀਂ ਸਾਡਾ ਦੁੱਖ ਵੰਡਾਇਆ। ਉਨ੍ਹਾਂ ਦਵਿੰਦਰ ਸਿੰਘ ਵੜੈਚ ਅਤੇ ਜੈਮਲ ਸਿੰਘ ਸ਼ਾਹ ਹੋਰਾਂ ਵੱਲੋਂ ਕੀਤੀ ਹੋਈ ਮਿਹਨਤ ਨੂੰ ਯਾਦ ਕੀਤਾ ਅਤੇ ਦੱਸਿਆ ਕਿ ਕਿਵੇਂ ਸ਼ਾਹਕੋਟੋਂ ਚੱਲ ਕੇ ਖੋਜਕੀਪੁਰ ਅਤੇ ਫਿਰ ਵਜ਼ੀਰ ਭੁੱਲਰ ਵਿਖੇ ਰਾਤ-ਦਿਨ



ਮਿਹਨਤ ਨਾਲ ਆਪਣਾ ਨਾਮ ਬਣਾਇਆ। ਹਰ ਵੇਲੇ ਗਰੀਬਾਂ ਦੀ ਮਦਦ ਲਈ ਤਿਆਰ ਰਹਿਣ ਵਾਲੇ ਸ. ਦਵਿੰਦਰ ਸਿੰਘ ਦੇ ਜਾਣ ਨਾਲ ਜਿੱਥੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ ਉਥੇ ਹੀ ਇਲਾਕੇ ਨੂੰ ਅਤੇ ਲੋੜਵੰਦ ਪਰਿਵਾਰਾਂ ਨੂੰ ਵੀ ਵੱਡਾ ਘਾਟਾ ਪਿਆ ਹੈ। ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ, ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ, ਚੇਅਰਮੈਨ ਬਲਕਾਰ ਸਿੰਘ ਬੱਲ, ਨਗਰ ਪੰਚਾਇਤ ਬਾਬਾ ਬਕਾਲਾ ਦੇ ਪ੍ਰਧਾਨ ਤੇ ਚੇਅਰਮੈਨ ਮਾਰਕੀਟ ਕਮੇਟੀ ਰਈਆ ਸੁਰਜੀਤ ਸਿੰਘ ਕੰਗ, ਸਾਬਕਾ ਵਿਧਾਇਕ ਵੀਰ ਪਵਨ ਭਾਰਦਵਾਜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਾਜਾ ਮੱਲਾ, ਪੱਤਰਕਾਰ ਰੋਹਿਤ ਅਰੋੜਾ, ਸਰਪੰਚ ਪਰਮਪ੍ਰੀਤ ਸਿੰਘ ਸਾਬੀ ਛੱਜਲਵੱਡੀ, ਗੁਰਦਿਆਲ ਸਿੰਘ ਕੰਗ, ਸਰਪੰਚ ਹਰਪਾਲ ਸਿੰਘ ਜਲਾਲਾਬਾਦ, ਸੋਨੂੰ ਗਲਾਲਪੁਰੀਆ ਵੈਰੋਵਾਲ, ਮਾਸਟਰ ਜਸਪਾਲ ਸਿੰਘ, ਮਾਸਟਰ ਸੰਤੋਖ ਸਿੰਘ ਚੀਮਾ, ਦਲੇਰ ਸਿੰਘ ਬਲਾਕ ਪ੍ਰਧਾਨ, ਸਰਪੰਚ ਕੰਵਲਜੀਤ ਸਿੰਘ, ਸਾਬਕਾ ਆਈ ਜੀ ਪਰਮਰਾਜ ਉਮਰਾਨੰਗਲ, ਸਰਪੰਚ ਹਰਭਜਨ ਸਿੰਘ ਗੱਗੜੇਵਾਲ, ਸਰਪੰਚ ਮਨਬੀਰ ਸਿੰਘ, ਸਾਬਕਾ ਸਰਪੰਚ ਬਾਬਾ ਅਵਤਾਰ ਸਿੰਘ, ਆਜ਼ਾਦ ਕੰਗ, ਸੰਦੀਪ ਵਿਰਦੀ ਬੁੱਢਾ ਥੇਹ, ਸਰਵਣ ਸਿੰਘ ਬਲਸਰਾਏ, ਪੁਲਸ ਇੰਸਪੈਕਟਰ ਅਜੇਪਾਲ ਸਿੰਘ, ਸਰਪੰਚ ਸਵਿੰਦਰ ਸਿੰਘ, ਵਿਸ਼ਾਲ ਮੰਨਣ, ਗੁਰਮੇਜ ਸਿੰਘ ਚੀਮਾ, ਬਲਦੇਵ ਸਿੰਘ ਏਕਲਗੱਡਾ, ਜਗਮੋਹਨ ਭੁੱਲਰ, ਸਰਬਜੀਤ ਸਿੰਘ ਭੁੱਲਰ (ਪੰਪ ਵਾਲੇ), ਸਰਪੰਚ ਮਨੋਹਰ ਸਿੰਘ, ਚਾਨਣ ਸਿੰਘ ਪਟਵਾਰੀ, ਰਸ਼ਪਾਲ ਸਿੰਘ ਪਟਵਾਰੀ, ਸਾਬਕਾ ਪੁਲਸ ਅਧਿਕਾਰੀ ਹਰਕ੍ਰਿਸ਼ਨ ਸਿੰਘ, ਤਿਲਕ ਰਾਜ ਅਰੋੜਾ ਰਾਈਸ ਮਿੱਲ ਵਾਲੇ, ਸਤਬੀਰ ਸਿੰਘ ਖੂਹੀ, ਲਵਪ੍ਰੀਤ ਸਿੰਘ ਖੋਜਕੀਪੁਰ, ਜੱਗਾ ਡਾਕਟਰ ਉੱਪਲ, ਲਵ ਚੀਮਾ, ਲਖਵਿੰਦਰ ਸਿੰਘ ਭਿੰਡਰ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਯੋਗਰਾਜ ਸਿੰਘ ਯੋਗੀ, ਕਰਮਜੀਤ ਸਿੰਘ ਸਰਪੰਚ ਫੇਰੂਮਾਨ, ਸਰਪੰਚ, ਥਾਣੇਦਾਰ ਜਸਵਿੰਦਰ ਸਿੰਘ, ਲਵਜੀਤ ਸਿੰਘ ਭੁੱਲਰ, ਹਰਦਾਸ ਭਲਾਈਪੁਰ ਸਰਪੰਚ, ਜਗਦੀਪ ਫੇਰੂਮਾਨ, ਕਰਨ ਤ੍ਰੇਹਨ, ਪਾਰਸ ਵਰਮਾ, ਨੀਤ ਰਾਣਾ, ਯੁਵੀ ਰਈਆ ਸਮੇਤ ਵੱਡੀ ਗਿਣਤੀ 'ਚ ਲੋਕ ਸ਼ਾਮਲ ਹੋਏ।

# ਫੈਜ਼ਉਲਾ ਚੱਕ ਦੇ ਐੱਨ ਆਰ ਆਈ ਭਰਾਵਾਂ ਵੱਲੋਂ ਸੁਹਿਰਦ ਉਪਰਾਲਾ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਬਲਾਕ ਧਾਰੀਵਾਲ ਦੇ ਪਿੰਡ ਫੈਜ਼ਉਲਾਹ ਚੱਕ ਦੇ ਐੱਨਆਰਆਈ ਭਰਾਵਾਂ ਵੱਲੋਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਸਰਕਾਰੀ ਹਾਈ ਸਕੂਲ ਫੈਜ਼ਉਲਾ ਚੱਕ ਦੀਆਂ ਵਿਦਿਆਰਥਣਾਂ ਦੀ ਲੋੜ ਨੂੰ ਧਿਆਨ ਵਿੱਚ ਰੱਖਦੇ ਹੋਏ ਦਸ





ਸਾਈਕਲ ਭੇਟ ਕੀਤੇ ਗਏ। ਇਸ ਸਬੰਧੀ ਸਕੂਲ ਵਿਖੇ ਕਰਵਾਏ ਸਮਾਗਮ ਵਿੱਚ ਐੱਨਆਰਆਈ ਹਰਪਾਲ ਸਿੰਘ ਅਤੇ ਸ਼ਮਸ਼ੇਰ ਸਿੰਘ ਨੇ ਆਪਣੀ ਮਾਤਾ ਮਨਜੀਤ ਕੌਰ ਅਤੇ ਪਿਤਾ ਮੱਖਣ ਸਿੰਘ ਸਣੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਵਿਦਿਆਰਥਣਾਂ ਨੂੰ ਸਾਈਕਲ ਭੇਟ ਕਰਦੇ ਹੋਏ ਐੱਨਆਰਆਈ ਭਰਾਵਾਂ ਨੇ ਕਿਹਾ ਕਿ ਸਿੱਖਿਆ ਹੀ ਸਮਾਜ ਦੀ ਤਰੱਕੀ ਦੀ ਮਜ਼ਬੂਤ ਨੀਂਹ ਹੈ। ਉਨ੍ਹਾਂ ਕਿਹਾ ਪਿੰਡ ਫੈਜ਼ਉਲਾ ਚੱਕ ਸਕੂਲ ਵਿੱਚ ਨੇੜਲੇ ਪਿੰਡਾਂ ਤੋਂ ਪੜ੍ਹਦੀਆਂ ਲੜਕੀਆਂ ਨੂੰ ਆਉਣ ਜਾਣ ਸਮੇਂ ਆਉਂਦੀਆਂ ਮੁਸ਼ਕਲਾਂ ਨੂੰ ਦੂਰ ਕਰਨ ਲਈ ਉਨ੍ਹਾਂ ਦਾ ਇਹ ਇਕ ਨਿਮਾਣਾ ਜਿਹਾ ਯਤਨ ਹੈ ਤਾਂ ਜੋ ਕੋਈ ਵੀ ਧੀ ਸਿਰਫ਼ ਆਵਾਜਾਈ ਦੀ ਕਮੀ ਕਾਰਨ ਪੜ੍ਹਾਈ ਤੋਂ ਵਾਂਝੀ ਨਾ ਰਹਿ ਜਾਵੇ। ਉਨ੍ਹਾਂ ਕਿਹਾ ਭਵਿੱਖ ਵਿੱਚ ਵੀ ਉਹ ਸਮਾਜ ਭਲਾਈ ਦੇ ਅਜਿਹੇ ਕਾਰਜ ਜਾਰੀ ਰੱਖਣੇ। ਸਕੂਲ ਦੇ ਮੁੱਖ ਅਧਿਆਪਕਾ ਮਨਜੀਤ ਕੌਰ, ਅਧਿਆਪਕ ਬਲਦੇਵ ਰਾਜ, ਰਮਨ ਕੁਮਾਰ ਜੰਬਾ, ਸੁਖਵਿੰਦਰ ਸਿੰਘ ਸਣੇ ਸਮੂਹ ਸਟਾਫ ਮੈਂਬਰਾਂ ਨੇ ਇਸ ਉਪਰਾਲੇ ਲਈ ਐੱਨਆਰਆਈ ਪਰਿਵਾਰ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਅਜਿਹੇ ਸਹਿਯੋਗ ਨਾਲ ਵਿਦਿਆਰਥਣਾਂ ਦਾ ਮਨੋਬਲ ਵਧਦਾ ਹੈ ਅਤੇ ਪਿੰਡ ਪੱਧਰ 'ਤੇ ਸਿੱਖਿਆ ਪ੍ਰਤੀ ਸਕਾਰਾਤਮਕ ਸੋਚ ਨੂੰ ਵੀ ਹੌਸਲਾ ਮਿਲਦਾ ਹੈ। ਸਾਈਕਲ ਮਿਲਣ ਨਾਲ ਵਿਦਿਆਰਥਣਾਂ ਦੀ ਆਵਾਜਾਈ ਦੀ ਸਮੱਸਿਆ ਦੂਰ ਹੋਣ ਨਾਲ ਉਹ ਹੋਰ ਮਨ ਲਾ ਕੇ ਪੜ੍ਹਾਈ ਕਰ ਸਕਣਗੀਆਂ। ਇਸ ਮੌਕੇ ਪਿੰਡ ਦੇ ਸਰਪੰਚ ਰਛਪਾਲ ਸਿੰਘ, ਪੰਚ ਨਵਜੋਤ ਸਿੰਘ ਆਦਿ ਸਮੇਤ ਹੋਰ ਵੀ ਪਤਵੰਤੇ ਹਾਜ਼ਰ ਸਨ।


# ਸਿੱਖ ਧਰਮ ਨੂੰ ਛੱਡ ਕੇ ਇਸਾਈ ਧਰਮ ਅਪਣਾ ਚੁੱਕੇ ਪਰਿਵਾਰਾਂ ਦੀ ਘਰ ਵਾਪਸੀ ਲਈ ਪੰਥਕ ਮੁਹਿੰਮ ਦਾ ਐਲਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸਮਾਣਾ ਤੋਂ ਪਹੁੰਚੇ ਸਮਾਜ ਸੇਵੀ ਅਤੇ ਕੌਮੀ ਚਿੰਤਕ ਭੁਪਿੰਦਰ ਸਿੰਘ ਗਿੰਨੀ ਵੱਲੋਂ ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਧਰਤੀ ਤੇ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ 'ਤੇ ਨਤਮਸਤਕ ਹੋਣ ਉਪਰੰਤ ਧਰਮ ਪਰਿਵਰਤਨ ਦੇ ਸੰਵੇਦਨਸ਼ੀਲ ਅਤੇ ਗੰਭੀਰ ਮਸਲੇ ਨੂੰ ਲੈ ਕੇ ਇੱਕ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ।ਇਸ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਨੇ ਸਿੱਖ ਤੇ ਹੋਰ ਧਰਮ ਛੱਡ ਕੇ ਇਸਾਈ ਧਰਮ ਅਪਣਾ ਚੁੱਕੇ ਪਰਿਵਾਰਾਂ ਦੀ ਘਰ ਵਾਪਸੀ ਸਬੰਧੀ ਆਪਣਾ ਸਪਸ਼ਟ ਦ੍ਰਿਸ਼ਟੀਕੋਣ ਅਤੇ ਕਾਰਜ ਯੋਜਨਾ ਸਾਹਮਣੇ ਰੱਖੀ। ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਦੇ ਕਈ ਇਲਾਕਿਆਂ ਖ਼ਾਸਕਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਆਰਥਿਕ ਤੰਗੀ, ਬੇਰੁਜ਼ਗਾਰੀ, ਬਿਮਾਰੀਆਂ ਅਤੇ ਸਮਾਜਿਕ ਮਜਬੂਰੀਆਂ ਦਾ ਫਾਇਦਾ ਚੁੱਕ ਕੇ ਗਰੀਬ ਅਤੇ ਕਮਜ਼ੋਰ ਵਰਗਾਂ ਨੂੰ ਯੋਜਨਾਬੱਧ ਢੰਗ ਨਾਲ ਧਰਮ ਪਰਿਵਰਤਨ ਵੱਲ ਧੱਕਿਆ ਜਾ ਰਿਹਾ ਹੈ।ਉਨ੍ਹਾਂ ਸਪਸ਼ਟ ਕੀਤਾ ਕਿ ਅਜਿਹੇ ਪਰਿਵਾਰ ਧਰਮ ਨਾਲ ਗੱਦਾਰੀ ਨਹੀਂ ਕਰਦੇ, ਸਗੋਂ ਮਜਬੂਰੀਆਂ ਦੇ ਹੱਥੋਂ ਮਜਬੂਰ ਹੋ ਕੇ ਗਲਤ ਫੈਸਲੇ ਲੈ ਬੈਠਦੇ ਹਨ।ਉਨ੍ਹਾਂ ਇਸ ਸੰਦਰਭ ਵਿੱਚ ਸਿੱਖ ਸੰਸਥਾਵਾਂ ਦੀਆਂ ਕੁਝ ਕਮਜ਼ੋਰੀਆਂ ਵੱਲ ਵੀ ਝਾਤ ਪਾਉਂਦਿਆਂ ਕਿਹਾ ਕਿ ਕਈ ਵਾਰ ਲੋੜਵੰਦ ਪਰਿਵਾਰਾਂ ਤੱਕ ਸਮੇਂ ਸਿਰ ਮਦਦ, ਮਾਰਗਦਰਸ਼ਨ ਅਤੇ ਸਮਾਜਿਕ ਸਹਾਰਾ ਨਹੀਂ ਪਹੁੰਚ ਪਾਂਉਦਾ, ਜਿਸ ਕਾਰਨ ਦੁਖੀ ਮਨੁੱਖ ਖੁਦ ਨੂੰ ਇਕੱਲਾ ਮਹਿਸੂਸ ਕਰਦਾ ਹੈ।ਇਨ੍ਹਾਂ ਖਾਮੀਆਂ ਦਾ ਲਾਭ ਚੁੱਕ ਕੇ ਕੁਝ ਤਾਕਤਾਂ ਲੋਕਾਂ ਨੂੰ ਧਰਮ ਪਰਿਵਰਤਨ ਵੱਲ ਧੱਕਣ ਵਿੱਚ ਕਾਮਯਾਬ ਹੋ ਜਾਂਦੀਆਂ ਹਨ।ਉਨ੍ਹਾਂ ਜ਼ੋਰ ਦਿੱਤਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਿੱਖ ਸੰਸਥਾਵਾਂ ਆਪਣੀ ਜ਼ਿੰਮੇਵਾਰੀ ਨੂੰ ਹੋਰ ਗੰਭੀਰਤਾ ਨਾਲ ਸਮਝਣ ਅਤੇ ਜ਼ਮੀਨੀ ਪੱਧਰ 'ਤੇ ਕਮਜ਼ੋਰ ਵਰਗਾਂ ਦੀ ਬਾਂਹ ਫੜਨ।ਉਨ੍ਹਾਂ ਕਿਹਾ ਕਿ ਅਜਿਹੇ ਪਰਿਵਾਰਾਂ ਨੂੰ ਦੋਸ਼ੀ ਠਹਿਰਾਉਣ ਦੀ ਬਜਾਏ ਉਨ੍ਹਾਂ ਦੇ ਦੁੱਖ ਨੂੰ ਸਮਝਣਾ, ਉਨ੍ਹਾਂ ਨੂੰ ਸਹਾਰਾ ਦੇਣਾ ਅਤੇ ਉਨ੍ਹਾਂ ਦੀ ਸਿੱਖ ਧਰਮ ਵਿੱਚ ਸਤਿਕਾਰਯੋਗ ਵਾਪਸੀ ਯਕੀਨੀ ਬਣਾਉਣਾ ਸਾਰੀ ਸਿੱਖ ਕੌਮ ਦੀ ਨੈਤਿਕ ਅਤੇ ਧਾਰਮਿਕ ਜ਼ਿੰਮੇਵਾਰੀ ਹੈ।ਇਸ ਮੌਕੇ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਐਲਾਨ ਕੀਤਾ ਕਿ ਪੰਜਾਬ ਵਿੱਚ ਆਏ ਧਰਮ ਪਰਿਵਰਤਨ ਦੇ ਹੜ੍ਹ ਨੂੰ ਬੰਨ੍ਹ



ਲਾਉਣ ਲਈ ਇੱਕ ਸੁਚੱਜੀ, ਲਗਾਤਾਰ ਅਤੇ ਜੜ੍ਹ ਤੋਂ ਹੱਲ ਕੱਢਣ ਵਾਲੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ, ਜਿਸ ਦਾ ਮਕਸਦ ਸਿਰਫ਼ ਘਰ ਵਾਪਸੀ ਕਰਵਾਉਣਾ ਹੀ ਨਹੀਂ, ਸਗੋਂ ਭਵਿੱਖ ਵਿੱਚ ਕਿਸੇ ਵੀ ਪਰਿਵਾਰ ਨੂੰ ਮਜਬੂਰੀ ਵੱਸ ਧਰਮ ਪਰਿਵਰਤਨ ਕਰਨ ਤੋਂ ਰੋਕਣਾਂ ਵੀ ਹੋਵੇਗਾ।ਭਾਈ ਗਿੰਨੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਿੱਖ ਧਰਮ ਵਿੱਚ ਘਰ ਵਾਪਸੀ ਕਰਵਾਉਣ ਲਈ ਜੇਕਰ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਆਰਥਿਕ, ਸਮਾਜਿਕ ਜਾਂ ਵਿਅਕਤੀਗਤ ਕੀਮਤ ਅਦਾ ਕਰਨੀ ਪਈ, ਤਾਂ ਉਹ ਉਸ ਤੋਂ ਪਿੱਛੇ ਨਹੀਂ ਹੱਟਣਗੇ।ਇਸ ਮੌਕੇ ਉਨ੍ਹਾਂ ਨੇ ਪੂਰੀ ਪਾਰਦਰਸ਼ਤਾ ਨਾਲ ਆਪਣੇ ਮੋਬਾਈਲ ਨੰਬਰ 78607-86660 ਜਨਤਕ ਕਰਦਿਆਂ ਕਿਹਾ ਕਿ ਜੋ ਵੀ ਪਰਿਵਾਰ ਜਾਂ ਵਿਅਕਤੀ ਕਿਸੇ ਲਾਲਚ, ਡਰ ਜਾਂ ਮਜਬੂਰੀ ਕਾਰਨ ਦੂਸਰੇ ਧਰਮ ਵਿੱਚ ਚਲਾ ਗਿਆ ਹੈ ਅਤੇ ਹੁਣ ਆਪਣੇ ਮੂਲ ਸਿੱਖ ਜਾਂ ਹੋਰ ਧਰਮ ਵਿੱਚ ਵਾਪਸੀ ਕਰਨਾ ਚਾਹੁੰਦਾ ਹੈ, ਉਹ ਬਿਨਾਂ ਕਿਸੇ ਸੰਕੋਚ ਦੇ ਸਿੱਧਾ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਸਮਾਜਿਕ ਸ਼ਰਮਿੰਦਗੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਸਹਾਇਤਾ ਸਿਰਫ਼ ਧਾਰਮਿਕ ਰਸਮਾ ਤੱਕ ਸੀਮਿਤ ਨਹੀਂ ਰਹੇਗੀ, ਸਗੋਂ ਅਜਿਹੇ ਪਰਿਵਾਰਾਂ ਨੂੰ ਰੋਜ਼ਗਾਰ, ਸਿਹਤ, ਸਿੱਖਿਆ ਅਤੇ ਸਮਾਜਿਕ ਸਹਾਰੇ ਦੇ ਪੱਧਰ 'ਤੇ ਵੀ ਪੂਰੀ ਮਦਦ ਦਿੱਤੀ ਜਾਵੇਗੀ ਤਾਂ ਜੋ ਉਹ ਮੁੜ ਕਿਸੇ ਮਜਬੂਰੀ ਜਾਂ ਦਬਾਅ ਦਾ ਸ਼ਿਕਾਰ ਨਾਂ ਬਣਨ।ਇਸ ਦੇ ਨਾਲ ਹੀ ਭਾਈ ਗਿੰਨੀ ਨੇ ਸਮੂਹ ਪੰਜਾਬੀਆਂ ਅਤੇ ਸਿੱਖ ਕੌਮ ਨੂੰ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਜਿਵੇਂ ਪੰਜਾਬ ਵਿੱਚ ਆਏ ਹੜ੍ਹਾਂ ਵੇਲੇ ਬਿਨਾਂ ਕਿਸੇ ਭੇਦਭਾਵ ਦੇ ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਦੀ ਬਾਂਹ ਫੜੀ ਗਈ ਸੀ, ਓਸੇ ਤਰ੍ਹਾਂ ਅੱਜ ਮਜਬੂਰੀਆਂ ਕਾਰਨ ਧਰਮ ਪਰਿਵਰਤਨ ਕਰਕੇ ਇਸਾਈ ਧਰਮ ਵਿੱਚ ਜਾ ਚੁੱਕੇ ਸਿੱਖਾਂ ਅਤੇ ਹੋਰ ਧਰਮਾਂ ਦੇ ਲੋਕਾਂ ਨੂੰ ਵਾਪਸ ਲਿਆਉਣ ਲਈ ਵੀ ਇਕਸਾਰ ਹੋ ਕੇ ਹੰਭਲਾ ਮਾਰਨ ਦੀ ਲੋੜ ਹੈ।ਉਨ੍ਹਾਂ ਸਿੱਖ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕਾਂ, ਸਮਾਜ ਸੇਵੀ ਸੰਗਠਨਾਂ ਅਤੇ ਸਮੁੱਚੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਇਸ ਮਸਲੇ ਨੂੰ ਸਿਆਸੀ ਤਣਾਅ ਦਾ ਰੂਪ ਦੇਣ ਦੀ ਥਾਂ ਕੌਮੀ ਅਤੇ ਪੰਥਕ ਜ਼ਿੰਮੇਵਾਰੀ ਸਮਝ ਕੇ ਇਕੱਠੇ ਹੋ ਕੇ ਕੰਮ ਕੀਤਾ ਜਾਵੇ।ਪ੍ਰੈੱਸ ਕਾਨਫਰੰਸ ਦੇ ਅੰਤ ਵਿੱਚ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਘਰ ਵਾਪਸੀ ਕੋਈ ਪ੍ਰਚਾਰਕ ਮੁਹਿੰਮ ਨਹੀਂ, ਸਗੋਂ ਗੁਰੂ ਸਾਹਿਬ ਦੀ ਗੋਦ ਵਿੱਚ ਭਟਕੇ ਹੋਏ ਬੱਚਿਆਂ ਨੂੰ ਮੁੜ ਲਿਆਉਣ ਦਾ ਪਵਿੱਤਰ ਕਾਰਜ ਹੈ ਅਤੇ ਮੈਂ ਇਸ ਮਿਸ਼ਨ ਨੂੰ ਅੰਤ ਤੱਕ ਲੈ ਕੇ ਜਾਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।

## ਹੀਰਾ ਵਾਲੀਆ ਵੱਲੋਂ ਬਾਵਾ ਲਾਲ ਦਿਆਲ ਜੀ ਦੇ ਜਨਮ ਦਿਨ ਦੀਆਂ ਵਧਾਈਆਂ



ਬਟਾਲਾ, (ਤਰਲੋਕ ਬੱਗਾ)-ਭਾਜਪਾ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਵੱਲੋਂ ਸਤਿਗੁਰੂ ਸ੍ਰੀ ਬਾਵਾ ਲਾਲ ਜੀ ਮਹਾਰਾਜ ਦੇ 671ਵੇਂ ਜਨਮਦਿਨ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ।

ਉਨ੍ਹਾਂ ਕਿਹਾ ਕਿ ਹਰ ਸਾਲ ਸੰਗਤਾਂ ਵੱਲੋਂ ਸਤਿਗੁਰੂ ਬਾਵਾ ਲਾਲ ਜੀ ਮਹਾਰਾਜ ਦਾ ਜਨਮਦਿਨ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ।ਦੇਸਾਂ ਵਿਦੇਸ਼ਾਂ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਧਿਆਨਪੁਰ ਧਾਮ ਵਿਖੇ ਨਤਮਸਤਕ ਹੁੰਦੀਆਂ ਹਨ ਜਿੱਥੇ ਉਹ ਸਤਿਗੁਰੂ ਬਾਵਾ ਲਾਲ ਜੀ ਦਾ ਜਨਮ ਦਿਨ ਮਨਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਸਮੂਹ ਸੰਗਤਾਂ ਨੂੰ ਬਾਵਾ ਲਾਲ ਜੀ ਦੇ ਜਨਮਦਿਨ ਦੀਆਂ ਲੱਖ ਲੱਖ ਵਧਾਈਆਂ ਅਤੇ ਬਾਵਾ ਲਾਲ ਜੀ ਆਪਣੇ ਸ਼ਰਧਾਲੂਆਂ 'ਤੇ ਆਪਣਾ ਆਸ਼ੀਰਵਾਦ ਬਣਾਏ ਰੱਖਣ।ਉਨ੍ਹਾਂ ਕਿਹਾ ਕਿ ਧਿਆਨਪੁਰ ਦੀ ਧਰਤੀ ਬਹੁਤ ਹੀ ਪਵਿੱਤਰ ਹੈ ਜਿੱਥੇ ਸਤਿਗੁਰੂ ਬਾਵਾ ਲਾਲ ਜੀ ਦਾ ਜਨਮ ਦਿਨ ਮਨਾਇਆ ਜਾਂਦਾ ਹੈ।

# ਪ੍ਰਤਾਪ ਵਰਲਡ ਸਕੂਲ ਵੱਲੋਂ ਸਿੱਖਿਆ ਦੇ ਖੇਤਰ 'ਚ ਸ਼ਾਨਾਮੱਤੇ ਵੀਹ ਵਰ੍ਹੇ ਪੂਰੇ




ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਨੂੰ ਸਿੱਖਿਆ ਦੇ ਖੇਤਰ ਵਿੱਚ 20 ਗੌਰਵਸ਼ਾਲੀ ਸਾਲ ਪੂਰੇ ਕਰ ਲੈਣ 'ਤੇ ਮਾਣ ਹੈ। ਇਹ ਉਪਲਬਧੀ ਕੇਵਲ ਸਮੇਂ ਦੀ ਯਾਤਰਾ ਨਹੀਂ, ਸਗੋਂ ਉਹ ਦੂਰਦਰਸ਼ੀ ਸੋਚ ਹੈ ਜੋ ਦੋ ਦਹਾਕੇ ਪਹਿਲਾਂ ਸਕੂਲ ਮੈਨੇਜਮੈਂਟ ਦੇ ਜ਼ਹਿਨ ਵਿੱਚ ਸਥਾਪਿਤ ਹੋਈ ਸੀ।2006 ਵਿੱਚ ਸਥਾਪਿਤ ਇਹ ਸਕੂਲ ਅੱਜ ਪ੍ਰਗਤੀਸ਼ੀਲ ਸਿੱਖਿਆ ਪ੍ਰਤੀ ਅਟੁੱਟ ਵਚਨਬੱਧਤਾ ਦਾ ਪ੍ਰਤੀਕ ਬਣ ਚੁੱਕਾ ਹੈ।ਇਸ ਦੀਆਂ ਜੜ੍ਹਾਂ ਸਕੂਲ ਦੇ ਸੰਸਥਾਪਕ ਚੇਅਰਮੈਨ ਸੁਰਜੀਤ ਮਹਾਜਨ ਦੇ ਆਦਰਸ਼ਾਂ ਨੂੰ ਪ੍ਰਣਾਈਆਂ ਹਨ, ਜਿਨ੍ਹਾਂ ਦੀ ਦੂਰਦਰਸ਼ੀ ਸੋਚ ਅੱਜ ਵੀ ਸੰਸਥਾ ਦੀ ਦਿਸ਼ਾ ਨਿਰਧਾਰਤ ਕਰ ਰਹੀ ਹੈ।ਪ੍ਰਤਾਪ ਵਰਲਡ ਸਕੂਲ ਦੀ ਨੀਂਹ 2006 ਵਿੱਚ ਚੇਅਰਮੈਨ ਸੁਰਜੀਤ ਮਹਾਜਨ ਵੱਲੋਂ ਰੱਖੀ ਗਈ ਸੀ।ਜਦੋਂ ਪਰੰਪਰਾਗਤ ਅਧਿਆਪਨ ਪੱਧਤੀਆਂ ਹਾਵੀ ਸਨ, ਉਸ ਸਮੇਂ ਸ੍ਰੀ ਮਹਾਜਨ ਨੇ ਇੱਕ ਅਜਿਹੇ ਸਕੂਲ ਦੀ ਕਲਪਨਾ ਕੀਤੀ ਜੋ ਵਿਦਿਆਰਥੀਆਂ ਨੂੰ ਨੈਤਿਕ ਮੁੱਲਾਂ, ਜੀਵਨ ਕੌਸ਼ਲਾਂ, ਖੋਜਾਂ ਅਤੇ ਸੱਭਿਆਚਾਰਕ ਚੇਤਨਾ ਨਾਲ ਜੋੜੇ। ਭਾਵੇਂ ਅੱਜ ਉਹ ਸਾਡੇ ਵਿਚਕਾਰ ਨਹੀਂ ਹਨ, ਪਰ ਉਨ੍ਹਾਂ ਦੇ ਵਿਚਾਰ ਅਤੇ ਵਿੱਦਿਅਕ ਦਰਸ਼ਨ ਸਕੂਲ ਦੀ ਸੰਸਕ੍ਰਿਤੀ ਵਿੱਚ ਰਚੇ-ਮਿਚੇ ਹਨ।ਪਿਛਲੇ ਦੋ ਦਹਾਕਿਆਂ ਵਿੱਚ ਪ੍ਰਤਾਪ ਵਰਲਡ ਸਕੂਲ ਨੇ ਸੁਚੱਜੀ ਲੀਡਰਸ਼ਿਪ ਦੀ ਅਗਵਾਈ ਹੇਠ ਨਿਰੰਤਰ ਤਰੱਕੀ ਕੀਤੀ ਹੈ।ਡਾਇਰੈਕਟਰ ਸ੍ਰੀਮਤੀ ਮਹਾਜਨ ਚੇਅਰਮੈਨ ਵੱਲੋਂ ਰੱਖੀ ਗਈ ਮਜ਼ਬੂਤ ਨੀਂਹ 'ਤੇ ਅੱਗੇ ਵਧਦਿਆਂ ਸਕੂਲ ਨੂੰ ਆਧੁਨਿਕ ਰੂਪ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ।ਉਨ੍ਹਾਂ ਦੀ ਅਗਵਾਈ ਹੇਠ ਸਕੂਲ ਨੇ ਅਕਾਦਮਿਕ ਢਾਂਚੇ ਨੂੰ ਮਜ਼ਬੂਤ ਕਰਨ, ਅਧਿਆਪਨ ਦੇ ਵਿਕਾਸ ਵਿੱਚ ਨਿਵੇਸ਼ ਕਰਨ ਅਤੇ ਭਵਿੱਖ-ਮੁਖੀ ਪ੍ਰੋਗਰਾਮ ਅਪਣਾਉਣ 'ਤੇ ਖਾਸ ਧਿਆਨ ਦਿੱਤਾ ਹੈ।ਪਰੰਪਰਾ ਅਤੇ ਨਵੀਨਤਾ ਦੇ ਸੰਤੁਲਿਤ ਮੇਲ ਨੇ ਪ੍ਰਤਾਪ ਵਰਲਡ ਸਕੂਲ ਨੂੰ ਬਦਲਦੀਆਂ ਵਿਦਿਅਕ ਲੋੜਾਂ ਨਾਲ ਕਦਮ ਮਿਲਾਉਣ ਯੋਗ ਬਣਾਇਆ ਹੈ ਅਤੇ ਆਪਣੀ ਪਹਿਚਾਣ ਵੀ ਨਹੀਂ ਗੁਆਈ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਇਸ ਸੰਸਥਾ ਨੂੰ ਮਜ਼ਬੂਤ ਐਕੇਡੈਮਿਕ ਲੀਡਰਸ਼ਿਪ ਪ੍ਰਦਾਨ ਕੀਤੀ।ਉਨ੍ਹਾਂ ਮਾਰਗਦਰਸ਼ਨ, ਮੁਲਾਂਕਣ ਸੁਧਾਰ ਅਤੇ ਵਿਦਿਆਰਥੀ-ਕੇਂਦਰਿਤ ਸਿੱਖਣ ਦੀਆਂ ਪੱਧਤੀਆਂ 'ਤੇ ਵੱਧ ਤੋਂ ਵੱਧ ਧਿਆਨ ਕੇਂਦਰਿਤ ਕੀਤਾ। ਵੀਹ ਸਾਲਾਂ ਦੇ ਸਫ਼ਰ ਦੌਰਾਨ ਇਸ ਸਕੂਲ ਨੇ ਅਨੁਸ਼ਾਸਿਤ ਮਾਹੌਲ ਅਤੇ ਲਗਾਤਾਰ ਉੱਚ ਅਕਾਦਮਿਕ ਪ੍ਰਦਰਸ਼ਨ ਲਈ ਮਜ਼ਬੂਤ ਪਹਿਚਾਣ ਬਣਾਈ ਹੈ।ਸੁਚੱਜੀ ਅਕਾਦਮਿਕ ਯੋਜਨਾ ਅਤੇ ਹਰ ਵਿਦਿਆਰਥੀ ਦੀਆਂ ਲੋੜਾਂ 'ਤੇ ਧਿਆਨ ਸਕੂਲ ਦੀ ਲਗਾਤਾਰ ਸਫਲਤਾ ਦਾ ਆਧਾਰ ਹੈ।ਪਠਾਨਕੋਟ ਵਿੱਚ ਨੰਬਰ 1 ਡੇ-ਬੋਰਡਿੰਗ ਅਤੇ ਰਿਹਾਇਸ਼ੀ ਸਕੂਲ ਵਜੋਂ ਮਿਲੀ ਪਛਾਣ, ਸਕੂਲ ਦੇ ਸੰਤੁਲਿਤ ਅਕਾਦਮਿਕ ਮਾਡਲ ਅਤੇ ਗੁਣਵੱਤਾ ਪ੍ਰਤੀ ਵਚਨਬੱਧਤਾ ਦਾ ਪ੍ਰਮਾਣ ਹੈ।2024 ਵਿੱਚ ਪ੍ਰਤਾਪ ਵਰਲਡ ਸਕੂਲ ਇਸ ਖੇਤਰ ਦੇ ਪਹਿਲੇ ਸੰਸਥਾਨਾਂ ਵਿੱਚ ਸ਼ਾਮਲ ਹੋਇਆ ਜਿਸਨੇ ਫਿਨਲੈਂਡ ਦੀ ਪ੍ਰਾਰੰਭਿਕ ਸਿੱਖਿਆ ਪੱਧਤੀ ਦੇ ਤੱਤ ਅਪਣਾਏ। ਇਹ ਪੱਧਤੀ ਖੇਡ ਆਧਾਰਿਤ ਸਿੱਖਣ, ਭਾਵਨਾਤਮਕ ਭਲਾਈ ਅਤੇ ਬੱਚਾ-ਕੇਂਦਰਿਤ ਖੋਜ 'ਤੇ ਆਧਾਰਿਤ ਹੈ।ਇਹ ਪਹਿਲ ਅੰਤਰਰਾਸ਼ਟਰੀ ਸਰਵੋਤਮ ਅਭਿਆਸਾਂ ਨੂੰ ਭਾਰਤੀ ਸੰਦਰਭ ਵਿੱਚ ਅਰਥਪੂਰਨ ਢੰਗ ਨਾਲ ਅਪਣਾਉਣ ਦੀ ਸਕੂਲ ਦੀ ਸੋਚ ਨੂੰ ਦਰਸਾਉਂਦੀ ਹੈ।ਇਹ ਸਾਰੇ ਯਤਨ ਇਸ ਵਿਸ਼ਵਾਸ ਨੂੰ ਉਜਾਗਰ ਕਰਦੇ ਹਨ ਕਿ ਉੱਚ ਪਾਏ ਦੀ ਸਿੱਖਿਆ ਦੀ ਸ਼ੁਰੂਆਤ ਸਕੂਲੀ ਸਿੱਖਿਆ ਤੋਂ ਵੀ ਪਹਿਲਾਂ ਹੁੰਦੀ ਹੈ।ਪ੍ਰਤਾਪ ਵਰਲਡ ਸਕੂਲ ਨੇ ਹਮੇਸ਼ਾ ਖੇਡਾਂ ਅਤੇ ਸਰੀਰਕ ਸਿੱਖਿਆ ਨੂੰ ਵਿਦਿਆਰਥੀ ਵਿਕਾਸ ਦਾ ਅਟੁੱਟ ਹਿੱਸਾ ਮੰਨਿਆ ਹੈ।ਸਕੂਲ ਕੈਂਪਸ ਵਿੱਚ ਇੰਡੋਰ ਅਤੇ ਆਊਟਡੋਰ ਦੋਵੇਂ ਕਿਸਮ ਦੀਆਂ ਖੇਡਾਂ ਦੀਆਂ ਸੁਵਿਧਾਵਾਂ ਉਪਲਬਧ ਹਨ। ਡੇ-ਬੋਰਡਿੰਗ ਅਤੇ ਰਿਹਾਇਸ਼ੀ ਸਕੂਲ ਹੋਣ ਦੇ ਨਾਤੇ ਪ੍ਰਤਾਪ ਵਰਲਡ ਸਕੂਲ ਵਿਦਿਆਰਥੀ ਦੀ ਭਲਾਈ ਅਤੇ ਦੇਖਭਾਲ 'ਤੇ ਵਿਸ਼ੇਸ਼ ਧਿਆਨ ਦਿੰਦਾ ਹੈ।ਪ੍ਰਤਾਪ ਵਰਲਡ ਸਕੂਲ ਕੇਵਲ ਇੱਕ ਵਿੱਦਿਅਕ ਸੰਸਥਾ ਹੀ ਨਹੀਂ, ਬੱਚਿਆਂ ਦੇ ਸਰਬਪੱਖੀ ਵਿਕਾਸ ਦੇ ਚਾਨਣ ਮੁਨਾਰੇ ਵਜੋਂ ਉੱਭਰਿਆ ਹੈ।20 ਸਾਲ ਪੂਰੇ ਹੋਣ ਦਾ ਇਹ ਮੌਕਾ ਆਤਮ-ਮੰਥਨ ਅਤੇ ਵਿਦਿਆਰਥੀਆਂ ਲਈ ਨਵੀਂ ਵਚਨਬੱਧਤਾ ਦਾ ਪਲ ਹੈ।2006 ਤੋਂ ਅੱਜ ਤੱਕ ਦੀ ਯਾਤਰਾ ਨੂੰ ਦਰਸਾਉਂਦੇ ਕਈ ਆਯੋਜਨ ਕੀਤੇ ਜਾ ਰਹੇ ਹਨ।ਅਧਿਆਪਕਾਂ, ਮਾਪਿਆਂ, ਵਿਦਿਆਰਥੀਆਂ ਅਤੇ ਪੁਰਾਣੇ ਵਿਦਿਆਰਥੀਆਂ ਲਈ ਇਹ ਉਤਸਵ ਸਾਂਝੀਆਂ ਯਾਦਾਂ ਅਤੇ ਸਮੂਹਿਕ ਯਤਨਾਂ ਦੀ ਯਾਦ ਦਿਵਾਉਂਦਾ ਹੈ।ਸੰਸਥਾਪਕ ਚੇਅਰਮੈਨ ਸੁਰਜੀਤ ਮਹਾਜਨ ਦੀ ਵਿਰਾਸਤ ਨੂੰ ਸਨਮਾਨ ਦੇਣ ਦਾ ਮੌਕਾ ਹੈ, ਜਿਨ੍ਹਾਂ ਦੀ ਦ੍ਰਿਸ਼ਟੀ ਅੱਜ ਵੀ ਸਕੂਲ ਦੀ ਰਾਹ ਦਸੇਰੀ ਹੈ।ਜਿਵੇਂ ਹੀ ਪ੍ਰਤਾਪ ਵਰਲਡ ਸਕੂਲ ਆਪਣੇ ਤੀਜੇ ਦਹਾਕੇ ਵਿੱਚ ਦਾਖਲ ਹੁੰਦਾ ਹੈ ਤਾਂ ਇਸ ਦੀ ਦ੍ਰਿਸ਼ਟੀ ਪੂਰੀ ਤਰ੍ਹਾਂ ਭਵਿੱਖ 'ਤੇ ਕੇਂਦਰਿਤ ਹੈ।

ਸਥਾਪਨਾ ਤੋਂ ਵੀਹ ਸਾਲ ਬਾਅਦ ਪ੍ਰਤਾਪ ਵਰਲਡ ਸਕੂਲ ਸੁਰਜੀਤ ਮਹਾਜਨ ਦੀ ਦੂਰਦਰਸ਼ੀ ਸੋਚ ਨੂੰ ਸਮਰਪਿਤ ਇੱਕ ਜੀਵੰਤ ਸ਼ਰਧਾਂਜਲੀ ਦੇ ਰੂਪ ਵਿੱਚ ਖੜ੍ਹਾ ਹੈ।ਮੌਜੂਦਾ ਮੈਨੇਜਮੈਂਟ ਵੱਲੋਂ ਇਸ ਵਿਰਾਸਤ ਨੂੰ ਅੱਗੇ ਵਧਾਉਣ ਦੇ ਯਤਨ ਲਗਾਤਾਰਤਾ, ਸਨਮਾਨ ਅਤੇ ਪ੍ਰਗਤੀਸ਼ੀਲ ਸੋਚ ਨਾਲ ਜਾਰੀ ਹਨ।ਇਸ ਮਹੱਤਵਪੂਰਨ ਉਪਲਬਧੀ ਦਾ ਉਤਸਵ ਮਨਾਉਂਦਿਆਂ ਪ੍ਰਤਾਪ ਵਰਲਡ ਸਕੂਲ ਨਿਮਰਤਾ ਅਤੇ ਆਤਮਵਿਸ਼ਵਾਸ ਨਾਲ ਅੱਗੇ ਵਧ ਰਿਹਾ ਹੈ।ਆਪਣੀ ਹੁਣ ਤੱਕ ਦੀ ਯਾਤਰਾ ਤੋਂ ਸਿੱਖਿਆ ਲੈਂਦਿਆਂ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਤੋਂ ਪ੍ਰੇਰਿਤ ਹੋ ਕੇ ਬਦਲਦੇ ਵਿੱਦਿਅਕ ਢਾਂਚੇ ਵਿੱਚ ਵੀ ਪ੍ਰਤਾਪ ਵਰਲਡ ਸਕੂਲ ਜ਼ਿੰਮੇਵਾਰ, ਸਮਰੱਥ ਅਤੇ ਮੁੱਲ ਆਧਾਰਿਤ ਨਾਗਰਿਕ ਤਿਆਰ ਕਰਨ ਦੇ ਆਪਣੇ ਸੰਕਲਪ 'ਤੇ ਅਡਿੱਗ ਖੜ੍ਹਾ ਹੈ।

## ਜਨਮ ਦਿਨ ਮੁਬਾਰਕ



ਮਿਸ਼ਕਾ, ਗਿੱਦੜਬਾਹਾ

## ਵਰ੍ਹੇਗੰਢ ਮੁਬਾਰਕ



ਰਾਮਪਾਲ ਸਿੰਘ ਸੋਹਪਾਲ ਤੇ ਬੀਬੀ ਕੁਲਦੀਪ ਕੌਰ ਵਾਸੀ ਛਾਪਾ (ਬਰਨਾਲਾ) ਨੇ ਆਪਣੇ ਵਿਆਹ ਦੀ 42ਵੀਂ ਵਰੇਗੰਢ ਮਨਾਈ।

# ਵਿਦਿਆਰਥਣਾਂ ਨੇ ਯੋਗ ਆਸਣ ਕਰਕੇ ਤੰਦਰੁਸਤ ਰਹਿਣ ਲਈ ਪ੍ਰੇਰਿਤ ਕੀਤਾ



ਜਲੰਧਰ (ਇਕਬਾਲ ਸਿੰਘ ਉਭੀ)

ਸਿਹਤ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਇੱਕ ਪ੍ਰੇਰਨਾਦਾਇਕ ਪਹਿਲਕਦਮੀ ਵਿੱਚ, ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਮਾਸਟਰ ਗੁਰਬੰਤਾ ਸਿੰਘ ਮਾਰਗ, ਜਲੰਧਰ ਦੇ ਵਿਦਿਆਰਥੀਆਂ ਨੇ ਵੱਖ-ਵੱਖ ਯੋਗ ਆਸਣਾਂ ਦਾ ਇੱਕ ਸ਼ਾਨਦਾਰ ਅਤੇ ਅਨੁਸ਼ਾਸਿਤ ਪ੍ਰਦਰਸ਼ਨ ਕੀਤਾ ਤਾਂ ਜੋ ਸਮਾਜ ਨੂੰ ਤੰਦਰੁਸਤ ਅਤੇ ਸਿਹਤਮੰਦ ਰਹਿਣ ਲਈ ਯੋਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਜਾ ਸਕੇ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਦਿਵਪ੍ਰੀਤ ਕੌਰ ਦੀ ਨਿਗਰਾਨੀ ਹੇਠ ਆਯੋਜਿਤ ਇਸ ਪ੍ਰੋਗਰਾਮ ਵਿੱਚ ਆਸਣ ਅਤੇ ਸਾਹ ਲੈਣ ਦੀਆਂ ਕਸਰਤਾਂ ਜਿਵੇਂ ਕਿ ਤਾੜਾਸਨ, ਵ੍ਰਿਕਸ਼ਾਸਨ, ਭੁਜੰਗਾਸਨ, ਤ੍ਰਿਕੋਣਾਸਨ ਅਤੇ ਹੋਰ ਆਸਣ ਪੇਸ਼ ਕੀਤੇ ਗਏ। ਪ੍ਰਦਰਸ਼ਨ ਨੇ ਸਰੀਰਕ ਤੰਦਰੁਸਤੀ, ਮਾਨਸਿਕ ਸ਼ਾਂਤੀ ਅਤੇ ਸਮੁੱਚੀ ਤੰਦਰੁਸਤੀ ਬਣਾਈ ਰੱਖਣ ਵਿੱਚ ਯੋਗਾ ਦੀ ਮਹੱਤਤਾ ਨੂੰ ਉਜਾਗਰ ਕੀਤਾ। ਪ੍ਰੋਗਰਾਮ ਨੂੰ ਮਾਪਿਆਂ, ਅਧਿਆਪਕਾਂ ਅਤੇ ਦਰਸ਼ਕਾਂ ਤੋਂ ਭਰਪੂਰ ਸਮੀਖਿਆਵਾਂ ਪ੍ਰਾਪਤ ਹੋਈਆਂ, ਜਿਨ੍ਹਾਂ ਨੇ ਵਿਦਿਆਰਥੀਆਂ ਦੇ ਸਮਰਪਣ ਅਤੇ ਛੋਟੀ ਉਮਰ ਤੋਂ ਹੀ ਸਿਹਤਮੰਦ ਆਦਤਾਂ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਗਰੁੱਪ ਦੀ ਵਾਈਸ ਚੇਅਰਪਰਸਨ, ਸ਼੍ਰੀਮਤੀ ਸੰਗੀਤਾ ਚੋਪੜਾ, ਨੇ ਸਕੂਲ ਦੇ ਇਸ ਉਪਰਾਲੇ ਲਈ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਸਮਾਜ ਨੂੰ ਸਿਹਤਮੰਦ ਜੀਵਨ ਲਈ ਯੋਗਾ ਅਪਣਾਉਣ ਲਈ ਉਤਸ਼ਾਹਿਤ ਕੀਤਾ।

# ਲਾਇਨਜ਼ ਕਲੱਬ ਵੱਲੋਂ ਪਰਵਾਰ ਮਿਲਣ ਸਮਾਗਮ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਪ੍ਰਧਾਨ ਲਾਇਨ ਵਿਜੇ ਅਰੋੜਾ ਦੀ ਅਗਵਾਈ ਹੇਠ ਪਰਿਵਾਰ ਮਿਲਣ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕਲੱਬ ਦੇ ਮੈਂਬਰਾਂ ਨੇ ਆਪਣੇ ਪਰਿਵਾਰਾਂ ਸਮੇਤ ਭਾਗ ਲਿਆ। ਇਸ ਮੌਕੇ ਰੀਜਨ ਚੇਅਰਮੈਨ ਲਾਇਨ ਹਰਜੀਤ ਸਿੰਘ ਭਾਟੀਆ ਤੇ ਜੋਨ ਚੇਅਰਮੈਨ ਭਾਰਤ ਭੂਸ਼ਣ ਤੁਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੀ ਸ਼ੁਰੂਆਤ ਜੋਤੀ ਪ੍ਰਚੰਡ ਕਰਕੇ ਕੀਤੀ ਗਈ। ਇਸ ਉਪਰੰਤ ਜ਼ਿਲ੍ਹਾ ਚੇਅਰਮੈਨ (ਨੇਤਰਦਾਨ) ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਆਏ ਹੋਏ ਸਾਰੇ ਪਰਿਵਾਰਾਂ ਦਾ ਸਵਾਗਤ ਕੀਤਾ ਤੇ ਨਵੇਂ ਸਾਲ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਸਭ ਦੀ ਖ਼ੁਸ਼ਹਾਲੀ ਦੀ ਕਾਮਨਾ ਕੀਤੀ।ਸਕੱਤਰ ਲਾਇਨ ਉਮੇਸ਼ ਰਾਣਾ ਨੇ ਕਲੱਬ ਵੱਲੋਂ ਲਗਾਏ ਗਏ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਪ੍ਰੋਜੈਕਟਾਂ ਦੀ ਵੀ ਰੂਪਰੇਖਾ ਰੱਖੀ। ਇਸ ਮੌਕੇ ਪ੍ਰਧਾਨ ਲਾਇਨ ਵਿਜੇ ਅਰੋੜਾ ਨੇ ਕਿਹਾ ਕਿ ਲਾਇਨਜ਼ ਕਲੱਬ ਸੇਵਾ ਕਾਰਜਾਂ ਦੇ ਨਾਲ-ਨਾਲ ਸਮਾਜਿਕ ਅਤੇ ਪਰਿਵਾਰਕ ਸਮਾਗਮਾਂ ਰਾਹੀਂ ਮੈਂਬਰਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਇਕ-ਦੂਜੇ ਦੇ ਨੇੜੇ ਲਿਆਉਣ ਅਤੇ ਭਾਰਤੀ ਸੰਸਕ੍ਰਿਤੀ ਨਾਲ ਜੋੜਨ ਦਾ ਯਤਨ ਵੀ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਮਜ਼ਬੂਤ ਪਰਵਾਰਕ ਸੰਬੰਧ ਹੀ ਸਮਾਜ ਸੇਵਾ ਦੀ ਨੀਂਹ ਹੁੰਦੇ ਹਨ।



ਇਸ ਮੌਕੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਖ਼ਾਸ ਤੌਰ 'ਤੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਨੌਜਵਾਨ ਪੀੜ੍ਹੀ ਪੱਛਮੀ ਸਭਿਆਚਾਰ ਵੱਲ ਜ਼ਿਆਦਾ ਆਕਰਸ਼ਿਤ ਹੋ ਰਹੀ ਹੈ, ਜਿਸ ਕਾਰਨ ਭਾਰਤੀ ਸੰਸਕ੍ਰਿਤੀ, ਸੰਸਕਾਰ ਅਤੇ ਪਰੰਪਰਾਵਾਂ ਹੌਲੀ-ਹੌਲੀ ਭੁੱਲੀਆਂ ਜਾ ਰਹੀਆਂ ਹਨ। ਇਸੇ ਮਕਸਦ ਨਾਲ ਪਰਿਵਾਰ ਮਿਲਣ ਸਮਾਗਮ ਆਯੋਜਿਤ ਕੀਤੇ ਜਾਂਦੇ ਹਨ ਤਾਂ ਜੋ ਨੌਜਵਾਨ ਪੀੜ੍ਹੀ ਪੱਛਮੀ ਸਭਿਆਚਾਰ ਨੂੰ ਤਿਆਗ ਕੇ ਭਾਰਤੀ ਸੰਸਕ੍ਰਿਤੀ ਅਪਣਾਏ। ਉਨ੍ਹਾਂ ਨੇ ਕਿਹਾ ਕਿ ਭਾਰਤੀ ਤਿਉਹਾਰ, ਪਰਵਾਰਕ ਮੁੱਲ ਤੇ ਸਮਾਜਿਕ ਏਕਤਾ ਸਾਨੂੰ ਮਾਨਸਿਕ ਸ਼ਾਂਤੀ ਅਤੇ ਸਮਾਜਿਕ ਸੰਤੁਲਨ ਪ੍ਰਦਾਨ ਕਰਦੇ ਹਨ।ਸਮਾਗਮ ਦੌਰਾਨ ਰੰਗਾਰੰਗ ਕਾਰਜਕ੍ਰਮ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਗੀਤ-ਸੰਗੀਤ, ਡਾਂਸ ਤੇ ਮਨੋਰੰਜਕ ਗਤੀਵਿਧੀਆਂ ਸ਼ਾਮਲ ਰਹੀਆਂ। ਵਿਸ਼ੇਸ਼ ਤੌਰ 'ਤੇ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਭਜਨਾਂ 'ਤੇ ਐਸ਼ਵੀ ਅਰੋੜਾ ਨੇ ਬਹੁਤ ਖ਼ੂਬਸੂਰਤ ਡਾਂਸ ਕੀਤਾ ਅਤੇ ਅਯਾਂਸ਼ ਅਰੋੜਾ ਨੇ ਭੰਗੜਾ ਪਾ ਕੇ ਸਭ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਮਹਿਲਾਵਾਂ ਅਤੇ ਸੀਨੀਅਰ ਮੈਂਬਰਾਂ ਲਈ ਵਿਸ਼ੇਸ਼ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਦਾ ਸਭ ਨੇ ਭਰਪੂਰ ਆਨੰਦ ਲਿਆ। ਸਮਾਗਮ ਸਥਲ 'ਤੇ ਖ਼ੁਸ਼ੀ, ਹਾਸੇ ਅਤੇ ਆਪਸੀ ਆਪਣਾਪਨ ਦਾ ਮਾਹੌਲ ਬਣਿਆ ਰਿਹਾ। ਜੇਤੂ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ।ਇਸ ਮੌਕੇ ਸਕੱਤਰ ਉਮੇਸ਼ ਰਾਣਾ, ਕੁਮਾਰ ਗੌਰਵ, ਸੁਖਵੰਤ ਸਿੰਘ, ਅਸ਼ਵਨੀ ਕੁਮਾਰ ਦੱਤਾ, ਡਾ. ਰਾਜਿੰਦਰ ਗੁਪਤਾ, ਹਰੀਸ਼ ਚੁੱਗ, ਅਨਿਲ ਕੁਮਾਰ, ਰਾਜੇਸ਼ ਨੰਦਾ, ਕੁਲਵੰਤ ਰਾਇ, ਸੁਖਵਿੰਦਰ ਸਿੰਘ, ਪੰਕਜ, ਵਿਮਲ ਅਰੋੜਾ, ਵਿਜੇ ਗੁਪਤਾ, ਗੌਰਵ ਖੱਟੜ ਅਤੇ ਹੋਰ ਕਈ ਮੈਂਬਰ ਹਾਜ਼ਰ ਸਨ।

# ਬਾਲ ਭਿਖਿਆ ਰੋਕਣ ਲਈ ਛਾਪੇਮਾਰੀ



ਜਲੰਧਰ (ਸੁਰਿੰਦਰ ਕੁਮਾਰ)

ਦਫਤਰ ਵਧੀਕ ਮੁੱਖ ਸਕੱਤਰ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਬਾਲ ਭਿਖਿਆ ਰੋਕਣ ਲਈ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵੱਲੋਂ ਬੱਸ ਸਟੈਂਡ, ਪਿਮਸ, ਚੁਨਮੁਨ ਮਾਲ ਅਤੇ ਗੀਤਾ ਮੰਦਰ ਮਾਡਲ ਟਾਊਨ ਨੇੜਲੇ ਇਲਾਕਿਆਂ ਸਮੇਤ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਛਾਪੇਮਾਰੀ ਕੀਤੀ ਗਈ।ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਬਾਲ ਸੁਰੱਖਿਆ ਅਫ਼ਸਰ ਜਲੰਧਰ ਅਤੇ ਹੋਰ ਅਧਿਕਾਰੀਆਂ ਦੀਆਂ ਵੱਖ-ਵੱਖ ਟੀਮਾਂ ਵੱਲੋਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਇਸ ਦੌਰਾਨ ਟੀਮ ਨੇ ਆਮ ਲੋਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਅਤੇ ਬੱਚਿਆਂ ਨਾਲ ਹੋ ਰਹੇ ਅਪਰਾਧਾਂ ਬਾਰੇ ਵੀ ਜਾਗਰੂਕ ਕੀਤਾ। ਜ਼ਿਲ੍ਹਾ ਟੀਮ ਵਲੋਂ ਲੋਕਾਂ ਨੂੰ ਬਾਲ ਮਜ਼ਦੂਰੀ, ਬਾਲ ਭਿਖਿਆ, ਬੱਚਿਆਂ ਨਾਲ ਛੇੜਛਾੜ ਅਤੇ ਜਿਨਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਵੀ ਜਾਗਰੂਕ ਕੀਤਾ। ਇਹ ਵੀ ਦੱਸਿਆ ਕਿ ਜੇ ਕਿਸੇ ਨੂੰ ਬਾਲ ਭਿਖਿਆ, ਕਿਸੇ ਵੀ ਮੁਸੀਬਤ ਵਿੱਚ ਫਸੇ ਬੱਚੇ ਬਾਰੇ ਜਾਣਕਾਰੀ ਮਿਲੇ, ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 'ਤੇ ਸੂਚਨਾ ਦਿੱਤੀ ਜਾ ਸਕਦੀ ਹੈ ਜਾਂ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਾਂਧੀ ਵਨੀਤਾ ਆਸ਼ਰਮ ਵਿਖੇ ਤਾਲਮੇਲ ਕੀਤਾ ਜਾ ਸਕਦਾ ਹੈ।

# ਸ਼ਿਵ ਕਰਨ ਚੇਚੀ ਬਣੇ ਗੁੱਜਰ ਭਲਾਈ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ

ਬਲਾਚੌਰ (ਜਸਵਿੰਦਰ ਬੈਂਸ)-ਪੰਜਾਬ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ ਵੱਲੋਂ ਸੰਗਠਨ ਅਤੇ ਬੋਰਡਾਂ ਵਿੱਚ ਨਿਯੁਕਤੀਆਂ ਦਾ ਸਿਲਸਿਲਾ ਜਾਰੀ ਹੈ। ਇਸੇ ਤਹਿਤ ਪਾਰਟੀ ਨੇ ਇੱਕ ਅਹਿਮ ਫੈਸਲਾ ਲੈਂਦਿਆਂ ਸ਼ਿਵ ਕਰਨ ਚੇਚੀ ਨੂੰ ਗੁੱਜਰ ਭਲਾਈ ਬੋਰਡ ਦਾ ਸੀਨੀਅਰ ਵਾਈਸ ਚੇਅਰਮੈਨ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਦਾ ਐਲਾਨ ਪਾਰਟੀ ਦੇ ਅਧਿਕਾਰਤ ਪੱਤਰ ਰਾਹੀਂ ਕੀਤਾ ਗਿਆ। ਸ਼ਿਵ ਕਰਨ ਚੇਚੀ ਲੰਬੇ ਸਮੇਂ ਤੋਂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਹਨ ਤੇ ਉਨ੍ਹਾਂ ਦੀ ਮਿਹਨਤ ਨੂੰ ਦੇਖਦੇ ਹੋਏ ਸਰਕਾਰ ਨੇ ਉਨ੍ਹਾਂ ਨੂੰ ਇਸ ਅਹਿਮ ਅਹੁਦੇ ਨਾਲ ਨਿਵਾਜਿਆ ਹੈ। ?ਭਾਈਚਾਰੇ ਵੱਲੋਂ ਸਵਾਗਤ ਇਸ ਨਿਯੁਕਤੀ ਤੋਂ ਬਾਅਦ ਗੁੱਜਰ ਭਾਈਚਾਰੇ ਅਤੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਸਮਰਥਕਾਂ ਦਾ ਕਹਿਣਾ ਹੈ ਕਿ ਚੇਚੀ ਦੀ ਨਿਯੁਕਤੀ ਨਾਲ ਬੋਰਡ ਦੇ ਕੰਮਕਾਜ ਵਿੱਚ ਤੇਜ਼ੀ ਆਵੇਗੀ ਅਤੇ ਗੁੱਜਰ ਭਾਈਚਾਰੇ ਦੀਆਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਵਿੱਚ ਮਦਦ ਮਿਲੇਗੀ।ਸ਼ਿਵ ਕਰਨ ਚੇਚੀ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਭਾਈਚਾਰੇ ਦੇ ਭਲੇ ਲਈ ਦਿਨ-ਰਾਤ ਕੰਮ ਕਰਨਗੇ।






ਲੋੜਵੰਦ ਪਰਵਾਰਾਂ ਨੂੰ ਗਰਮ ਕੱਪੜੇ ਤੇ ਹੋਰ ਜ਼ਰੂਰੀ ਚੀਜ਼ਾ ਵੰਡਦੇ ਹੋਏ ਸੰਦੀਪ ਕੁਮਾਰ, ਗਗਨਦੀਪ, ਗੁਰੀ ਨਾਹਰ, ਸੁਖਵਿੰਦਰ ਸਿੰਘ, ਹਨੀ। *(ਫੋਟੋ ਤੇ ਵੇਰਵਾ : ਯੋਗੇਸ਼ਵਰ, ਰੀਨਾ ਸ਼ਰਮਾ ਲੋਹੀਆਂ ਖਾਸ)*

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ਾਹਪੁਰ 'ਚ ਪੈਦਲ ਯਾਤਰਾ ਕੱਢੀ



ਫਿਲੌਰ, (ਨਿਰਮਲ)-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹਲਕਾ ਫਿਲੌਰ ਦੇ ਪਿੰਡ ਸ਼ਾਹਪੁਰ ਵਿਖੇ ਆਮ ਆਦਮੀ ਪਾਰਟੀ ਬਲਾਕ ਪ੍ਰਧਾਨ ਨਸ਼ਾ ਮੁਕਤੀ ਮੋਰਚਾ ਫਿਲੌਰ ਅਗਵਾਈ ਹੇਠ ਡਾ. ਅਸ਼ਨੀ ਕੁਮਾਰ ਸ਼ਾਹਪੁਰੀ ਪੈਦਲ ਯਾਤਰਾ ਕੱਢੀ ਗਈ। ਜਿਸ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਵਿਸ਼ੇਸ਼ ਵਿਚਾਰਾਂ ਕੀਤੀਆਂ ਗਈਆਂ। ਪੰਜਾਬ ਸਰਕਾਰ ਵੱਲੋਂ ਚਲਾਏ ਗਏ ਨਸ਼ਾ ਮੁਕਤੀ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਪਿੰਡਾਂ ਵਿੱਚ ਕੀਤੀ ਜਾ ਰਹੀ ਪੈਦਲ ਯਾਤਰਾ ਨੂੰ ਸਫ਼ਲ ਬਣਾਉਣ ਲਈ ਪਾਰਟੀ ਦੇ ਆਗੂਆਂ ਤੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਗਈ। ਇਸ ਮੌਕੇ ਉਨ੍ਹਾਂ ਪਿੰਡਾਂ ਅਤੇ ਸ਼ਹਿਰਾਂ ਵਿੱਚੋ ਨਸ਼ਾ ਖਤਮ ਕਰ ਖ਼ੁਸ਼ਹਾਲ ਪੰਜਾਬ ਬਣਾਉਣ ਦੀ ਅਪੀਲ ਕੀਤੀ।ਇਸ ਮੌਕੇ ਡਾ. ਅਸ਼ਨੀ ਕੁਮਾਰ ਸ਼ਾਹਪੁਰੀ ਦੇ ਨਾਲ ਜਸਵਿੰਦਰ ਸਿੰਘ ਪਿੰਡ ਸੱਕਤਰ, ਮਨਦੀਪ ਸਿੰਘ ਸ਼ਾਹਪੁਰ, ਰਿੱਕੀ,ਹੰਸ ਰਾਜ ਖੁਤਣ, ਸੁਖਦੇਵ ਸਿੰਘ ਮੋਮੀ,ਜਸਪਾਲ ਸਿੰਘ, ਪਰਮਜੀਤ ਸਿੰਘ ਨੰਬਰਦਾਰ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਰੋਜ਼ਗਾਰ ਮੇਲਾ ਤੇ ਸਵੈ-ਰੋਜ਼ਗਾਰ ਕੈਂਪ ਅੱਜ

ਜਲੰਧਰ (ਸੁਰਿੰਦਰ ਕੁਮਾਰ)

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਜਲੰਧਰ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਦੀ ਅਗਵਾਈ ਹੇਠ 20 ਜਨਵਰੀ ਨੂੰ ਸਵੇਰੇ 9 ਵਜੇ ਤੋਂ ਸਥਾਨਕ ਹੰਸ ਰਾਜ ਮਹਿਲਾ ਮਹਾਵਿਦਿਆਲਿਆ ਵਿਖੇ ਵਿਸ਼ੇਸ਼ ਰੋਜ਼ਗਾਰ ਮੇਲਾ ਤੇ ਸਵੈ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।ਇਸ ਮੇਲੇ ਦੀਆਂ ਤਿਆਰੀਆਂ ਸਬੰਧੀ ਡਿਪਟੀ ਡਾਇਰੈਕਟਰ,ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨੀਲਮ ਮਹੇ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ ਨੇ ਹੰਸ ਰਾਜ ਮਹਿਲਾ ਮਹਾਵਿਦਿਆਲਾ ਵਿਖੇ ਪ੍ਰਿੰਸੀਪਲ ਏਕਤਾ ਖੋਸਲਾ ਨਾਲ ਮੀਟਿੰਗ ਕੀਤੀ।ਇਸ ਰੋਜ਼ਗਾਰ ਮੇਲੇ ਦੀ ਵਿਲੱਖਣਤਾ ਇਹ ਹੈ ਕਿ ਇਹ ਰੋਜ਼ਗਾਰ ਮੇਲਾ ਕੇਵਲ ਲੜਕੀਆਂ/ ਮਹਿਲਾਵਾਂ ਲਈ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਅਨਪੜ੍ਹ ਤੋਂ ਲੇ ਕੇ ਅੱਠਵੀ, ਦਸਵੀਂ, ਬਾਰਵੀਂ ਗ੍ਰੈਜੂਏਟ ਵਿਦਿਅਕ ਯੋਗਤਾ ਰੱਖਣ ਵਾਲੀਆਂ ਲੜਕੀਆਂ/ਮਹਿਲਾਵਾਂ ਆਪਣੀ ਯੋਗਤਾ ਅਨੁਸਾਰ ਹਿੱਸਾ ਲੈ ਸਕਣਗੀਆਂ ਅਤੇ ਆਪਣੀ ਮਨ ਪਸੰਦ ਨੌਕਰੀ ਪ੍ਰਾਪਤ ਕਰ ਸਕਣਗੀਆਂ ।ਇਸ ਤੋਂ ਇਲਾਵਾ ਜਿਹੜੀਆਂ ਲੜਕੀਆਂ/ਮਹਿਲਾਵਾਂ ਉਮੀਦਵਾਰ ਕੋਈ ਆਪਣਾ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੀਆਂ ਹਨ, ਉਨ੍ਹਾਂ ਨੂੰ ਮੌਕੇ 'ਤੇ ਵੱਖ-ਵੱਖ ਸਰਕਾਰੀ ਅਦਾਰਿਆਂ ਵੱਲੋਂ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਵੱਖ-ਵੱਖ ਸਰਕਾਰੀ ਸਕੀਮਾਂ ਤਹਿਤ ਉੱਚੀਆਂ ਸਬਸਿਡੀ ਦਰਾਂ 'ਤੇ ਕਰਜ਼ੇ ਦੀ ਸਹੂਲਤ ਲਈ ਅਪਲਾਈ ਕਰਵਾਇਆ ਜਾਵੇਗਾ।ਇਸ ਤੋਂ ਇਲਾਵਾ ਕੈਂਪ ਵਾਲੇ ਦਿਨ ਲੜਕੀਆਂ/ ਮਹਿਲਾਵਾਂ ਲਈ ਸਿਹਤ ਸੰਭਾਲ ਅਤੇ ਸਾਫ-ਸਫਾਈ ਬਾਰੇ ਵਿਸ਼ੇਸ਼ ਸੈਮੀਨਾਰ ਵੀ ਕਰਵਾਇਆ ਜਾਵੇਗਾ, ਜਿਸ ਵਿੱਚ ਮਾਹਰਾਂ ਵੱਲੋਂ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਡਿਪਟੀ ਡਾਇਰੈਕਟਰ ਨੇ ਲੜਕੀਆਂ ਨੂੰ ਵੱਡੀ ਗਿਣਤੀ ਵਿੱਚ ਇਸ ਮੇਲੇ ਵਿੱਚ ਭਾਗ ਲੈਣ ਦੀ ਅਪੀਲ ਕੀਤੀ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਹੈਲਪਲਾਈਨ ਨੰਬਰ 9056920100 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪਾਵਨ ਸਰੂਪਾਂ ਦੇ ਮਾਮਲੇ ਨੂੰ ਹੱਲ ਕਰਨ ਲਈ 7 ਮੈਂਬਰੀ ਕਮੇਟੀ ਦਾ ਗਠਨ

ਬੰਗਾ (ਅਵਤਾਰ ਕਲੇਰ)

ਸ੍ਰੀ ਨਾਭ ਕੰਵਲ ਰਾਜਾ ਸਾਹਿਬ ਰਸੋਖਾਨਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਮਾਮਲੇ ਨੂੰ ਹੱਲ ਕਰਨ ਲਈ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਜਿਸ ਵਿੱਚ ਇੰਦਰਜੀਤ ਸਿੰਘ ਸਿਆਣ ਪ੍ਰਧਾਨ ,ਅਮਰੀਕ ਸਿੰਘ ਬੱਲੋਵਾਲ ਮੁੱਖ



ਬੁਲਾਰਾ, ਕੁਲਵੰਤ ਸਿੰਘ ਹੀਰ ਸਾਬਕਾ ਜ਼ਿਲ੍ਹਾ ਪੁਲਿਸ ਮੁਖੀ, ਜਸਬੀਰ ਸਿੰਘ ਨੂਰਪੁਰ, ਪਰਮਜੀਤ ਕੌਰ ਪ੍ਰਧਾਨ ਹਸਪਤਾਲ ਕਮੇਟੀ, ਗੁਰਦੀਪ ਸਿੰਘ ਬੱਬਾ, ਸੋਹਣ ਸਿੰਘ ਆਦਿ ਸ਼ਾਮਿਲ ਕੀਤੇ ਗਏ। ਇਸ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਸਬੰਧੀ ਤੇ ਮੌਜੂਦਾ ਮਾਮਲੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ । ਮੌਜੂਦਾ ਮਸਲੇ ਨੂੰ ਹੱਲ ਕਰਨ ਲਈ ਇਸ ਪ੍ਰਬੰਧਕ ਕਮੇਟੀ ਨੂੰ ਅਧਿਕਾਰ ਦਿੱਤੇ ਗਏ ਕਿ ਇਸ ਮਾਮਲੇ ਨੂੰ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇ। ਪ੍ਰਬੰਧਕ ਕਮੇਟੀ ਵੱਲੋਂ ਇਹ ਵੀ ਯਤਨ ਕੀਤਾ ਜਾਵੇਗਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਵਿਭਾਗ ਨੂੰ ਮਿਲ ਕੇ ਸੱਦਾ ਦਿੱਤਾ ਜਾਵੇਗਾ ਕਿ ਇੱਥੋ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾਵੇ।ਤਰੁਟੀਆਂ ਹੋਣਗੀਆਂ ਉਸ ਨੂੰ ਦੂਰ ਕੀਤਾ ਜਾਵੇਗਾ ਤੇ ਉਹਨਾਂ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਵੀ ਅਪੀਲ ਕੀਤੀ ਕਿ ਉਹ ਇੱਥੇ ਆ ਕੇ ਚੱਲ ਰਹੇ ਪ੍ਰਬੰਧਾਂ ਨੂੰ ਵੇਖ ਸਕਦੇ ਹਨ। ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਕਮੇਟੀ ਵੱਲੋਂ ਪੂਰਾ ਸਤਿਕਾਰ ਕੀਤਾ ਜਾਂਦਾ ਹੈ ।ਇਸ ਸਤਿਕਾਰ ਤਹਿਤ ਤੀਸਰੀ ਮੰਜਲ ਤੇ ਸੱਚਖੰਡ ਅਸਥਾਨ ਬਣਾਇਆ ਹੋਇਆ ਹੈ ਜਿੱਥੇ ਹਰ ਤਰ੍ਹਾਂ ਦੀ ਸੁਵਿਧਾ ਪ੍ਰਦਾਨ ਕੀਤੀ ਗਈ ਹੈ।ਉਹਨਾਂ ਪਾਵਨ ਸਰੂਪਾਂ ਸਬੰਧੀ ਵੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਥਾਨ ਤੇ ਇਸ ਸਮੇਂ 169 ਪਾਵਨ ਸਰੂਪ ਹਨ ।ਜਿਸ ਵਿੱਚ ਸਾਰੇ ਸਰੂਪਾਂ ਦਾ ਰਿਕਾਰਡ ਮੌਜੂਦ ਹੈ ।ਉਹਨਾਂ ਦੱਸਿਆ ਕਿ ਇਹਨਾਂ ਸਰੂਪਾਂ ਵਿੱਚ 79 ਸਰੂਪ ਉਹ ਹਨ ਜੋ 1978 ਤੋਂ ਲੈ ਕੇ 2012 ਤੱਕ ਦੇ ਹਨ ਅਤੇ 62 ਸਰੂਪ ਉਹ ਭਾਈ ਜੀਵਨ ਸਿੰਘ ਚਤਰ ਸਿੰਘ ਅਤੇ ਦਿੱਲੀ ਕਮੇਟੀ ਦੇ ਪ੍ਰਕਾਸ਼ਿਤ ਕੀਤੇ ਗਏ ਹਨ ਅਤੇ 28 ਸਰੂਪ ਉਹ ਹਨ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਲਿਆਂਦੇ ਗਏ ਅਤੇ ਉਹਨਾਂ ਦੀਆਂ ਰਸੀਦਾਂ ਕਮੇਟੀ ਪਾਸ ਮੌਜੂਦ ਹਨ। ਇਸ ਮੌਕੇ ਤੇ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਰਸੋਖਾਨਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਪਿੰਡ ਵਾਸੀ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਖੁਰਾਲਗੜ੍ਹ ਸਾਹਿਬ ਦੀ ਜ਼ਮੀਨ ਦਾ ਮਸਲਾ ਭਖਿਆ

# ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਵੱਲੋਂ 36 ਕਿੱਲੇ ਜ਼ਮੀਨ ਖ੍ਰੀਦਣ ਸੰਬੰਧੀ ਪੇਸ਼ ਕੀਤੇ ਦਸਤਾਵੇਜ਼



ਹੁਸ਼ਿਆਰਪੁਰ (ਓ ਪੀ ਰਾਣਾ)

ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ ਸਾਹਿਬ ਪਿੰਡ ਮਹਿੰਦਪੁਰ, ਤਹਿਸੀਲ ਨੰਗਲ ਜ਼ਿਲ੍ਹਾ ਰੋਪੜ ਦੀ ਜਮੀਨ ਜੋ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਵਲੋਂ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਦੀ ਅਗਵਾਈ ਹੇਠ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕੌਮ ਦੇ ਭਲੇ ਲਈ ਖ੍ਰੀਦੀ ਕੀਤੀ 36 ਕਿੱਲੇ ਜਮੀਨ ਦੇ ਵਿਵਾਦ ਜੋ ਕਿ ਪਿਛਲੇ ਸਮੇਂ ਤੋਂ ਚਲਦਾ ਆ ਰਿਹਾ ਹੈ ਇਕ ਵਾਰ ਫਿਰ ਭਖ ਗਿਆ ਹੈ ਜਿਸ ਦੇ ਹੱਲ ਲਈ ਐਸ ਸੀ ਕਮਿਸ਼ਨ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਡੇਰਾ ਸੰਤ ਪ੍ਰੀਤਮ ਦਾਸ ਬਾਬੇਜੌੜੇ ਰਾਏਪੁਰ ਰਸੂਲਪੁਰ ਪਹੁੰਚੇ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ,ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸੁਸਾਇਟੀ ਦੇ ਸੰਤਾਂ ਮਹਾਂਪੁਰਸ਼ਾਂ ਨੇ ਆਪਣਾ ਪੱਖ ਰੱਖਦਿਆਂ ਕਿਹਾ ਕਿ ਸੁਸਾਇਟੀ ਵਲੋਂ ਸ੍ਰੀ ਖੁਰਾਲਗੜ ਸਾਹਿਬ ਵਿਖੇ 36 ਏਕੜ ਜ਼ਮੀਨ ਸੰਗਤ ਦੇ ਭਲੇ ਲਈ ਦੇਸ਼ ਵਿਦੇਸ਼ ਦੀਆਂ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਖਰੀਦ ਕੀਤੀ ਹੈ,ਜਿਸਦੀ ਕਈ ਬਾਰ ਨਿਸ਼ਾਨਦੇਹੀ ਹੋਣ ਦੇ ਬਾਵਜੂਦ ਵੀ ਸੁਸਾਇਟੀ ਦੀ ਜਮੀਨ ਪੂਰੀ ਨਹੀਂ ਹੈ , ਕੁੱਝ ਲੋਕਾਂ ਵੱਲੋਂ ਧੱਕੇ ਨਾਲ ਕਬਜਾ ਕੀਤਾ ਹੋਇਆ ਹੈ। ਸੁਸਾਇਟੀ ਦੇ ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਸੁਸਾਇਟੀ ਦੇ ਨਾਮ ਬੋਲਦੀ ਜਮੀਨ ਖਾਲੀ ਕਰਵਾਕੇ ਸੁਸਾਇਟੀ ਦੇ ਹਵਾਲੇ ਕੀਤੀ ਜਾਵੇ। ਇਨਾਂ ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਜੇਕਰ ਸਰਕਾਰ ਸਹਿਯੋਗ ਕਰੇ ਤਾਂ ਬਹੁਤ ਜਲਦ ਹੀ ਸੁਸਾਇਟੀ ਵਲੋਂ ਸ੍ਰੀ ਖੁਰਾਲਗੜ ਸਾਹਿਬ ਵਿਖੇ ਸਕੂਲ, ਕਾਲਿਜ,ਹਸਪਤਾਲ ਉਸਾਰੀ ਕਰਕੇ ਕੌਮ ਨੂੰ ਸਮਰਪਿਤ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਸੰਤ ਨਿਰਮਲ ਦਾਸ, ਸੰਤ ਇੰਦਰ ਦਾਸ ਜਨਰਲ ਸਕੱਤਰ ਨੇ ਕਿਹਾ ਕਿ ਸ੍ਰੀ ਚਰਨਛੋਹ ਗੰਗਾ ਤੇ ਜਬਰੀ ਕਾਬਜ਼ ਇਕ ਪਰਵਾਰ ਵੱਲੋਂ ਸੁਸਾਇਟੀ ਦੇ ਸੰਤਾਂ ਅਤੇ ਸੇਵਾਦਾਰਾਂ ਤੇ ਝੂਠੇ ਮੁਕੱਦਮੇ ਦਰਜ ਕਰਵਾਏ ਗਏ ਹਨ। ਉਨਾਂ ਦੱਸਿਆ ਕਿ ਬੇਗਮਪੁਰਾ ਸਦਨ ਵਿਖੇ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ ਸ਼ਹੀਦੀ ਪੁਰਵ ਮਨਾਉਣ ਲਈ ਤਿਆਰੀਆਂ ਚੱਲ ਰਹੀਆਂ ਸਨ, ਜਦੋਂ ਓਥੇ ਸਫਾਈ ਕਾਰਜ ਕੀਤੇ ਜਾ ਰਹੇ ਸਨ ਤਾਂ ਸ੍ਰੀ ਚਰਨਛੋਹ ਗੰਗਾ ਦੇ ਪ੍ਰਬੰਧਕਾਂ ਨੇ ਆ ਕੇ ਸੇਵਾਦਾਰਾਂ ਨੂੰ ਬੁਰਾ ਭਲਾ ਬੋਲਿਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਿਸ ਸਬੰਧੀ ਸੁਸਾਇਟੀ ਵਲੋਂ ਇਕ ਦਰਖ਼ਾਸਤ ਐਸ ਐਸ ਪੀ ਰੋਪੜ ਨੂੰ ਦਿਤੀ ਗਈ ਹੈ ਜਿਸ ਦੀ ਸੁਣਵਾਈ ਡੀ ਐਸ ਪੀ ਨੰਗਲ ਕਰ ਰਹੇ ਹਨ। ਓਨਾਂ ਕਿਹਾ ਹੁਣ ਜਦੋਂ ਸੁਸਾਇਟੀ ਵੱਲੋਂ 13 ਫਰਵਰੀ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਸ੍ਰੀ ਬੇਗਮਪੁਰਾ ਸਦਨ ਵਿਖੇ ਮਨਾਉਣ ਦਾ ਐਲਾਨ ਕੀਤਾ ਹੋਇਆ ਤਾਂ ਇਸ ਸਮਾਗਮ ਵਿਚ ਰੁਕਾਵਟਾਂ ਪਾਉਣ ਲਈ 31 ਦਸੰਬਰ ਰਾਤ ਦੇ ਸ੍ਰੀ ਚਰਨਛੋਹ ਗੰਗਾ ਵਿਖੇ ਹੋਏ ਸਮਾਗਮ ਸਮੇਂ ਆਈਆਂ ਸੰਗਤਾਂ ਦਾ ਸਾਰਾ ਮਲ ਮੂਤਰ ਸੁਸਾਇਟੀ ਦੀ ਜਮੀਨ ਵੱਲ ਰੋੜ ਦਿੱਤਾ ਗਿਆ ਜਿਸ ਸਬੰਧੀ ਸੁਸਾਇਟੀ ਵਲੋਂ ਡੀ ਐਸ ਪੀ ਨੰਗਲ ਨੂੰ ਮੌਕਾ ਵੀ ਦਿਖਾਇਆ ਗਿਆ ਹੈ। ਸੁਸਾਇਟੀ ਦੇ ਸੰਤਾਂ ਨੇ ਕਿਹਾ ਸਾਡੀ ਨਿਸ਼ਾਨਦੇਹੀ ਹੋ ਚੁੱਕੀ ਜਮੀਨ ਸਾਡੇ ਹਵਾਲੇ ਕੀਤੀ ਜਾਵੇ।

ਇਸ ਮੌਕੇ ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਕਿਹਾ ਕਿ ਕੁਝ ਸਾਲਾਂ ਤੋਂ ਧੱਕੇ ਨਾਲ ਕਾਬਜ਼ ਹੋਏ ਲੋਕਾਂ ਵੱਲੋਂ ਕੋਈ ਹਿਸਾਬ ਨਹੀਂ ਦਿੱਤਾ ਜਾ ਰਿਹਾ। ਸਾਰੀ ਕਮੇਟੀ ਅਤੇ ਸੇਵਾਦਾਰਾਂ ਨੂੰ ਓਥੋਂ ਕੁੱਟ ਮਾਰ ਕਰਕੇ ਕੱਢ ਦਿੱਤਾ ਗਿਆ ਹੈ। ਓਨਾਂ ਕਿਹਾ ਆਲ ਇੰਡੀਆ ਆਦਿ ਧਰਮ ਮਿਸ਼ਨ ਜਲਦ ਹੀ ਸ੍ਰੀ ਚਰਨਛੋਹ ਗੰਗਾ ਦੇ ਪ੍ਰਬੰਧਾਂ ਨੂੰ ਆਪਣੇ ਹੱਥਾਂ ਵਿੱਚ ਲੈ ਕੇ ਪਾਰਦਰਸ਼ੀ ਤਰੀਕੇ ਨਾਲ ਚਲਾਏਗਾ। ਇਸ ਮੌਕੇ ਜਸਵੀਰ ਸਿੰਘ ਗੜ੍ਹੀ ਨੇ ਪਿੰਡ ਮਹਿੰਦਪੁਰ, ਤਹਿਸੀਲ ਨੰਗਲ ਜ਼ਿਲ੍ਹਾ ਰੋਪੜ ਵਿਖੇ 36 ਏਕੜ ਜ਼ਮੀਨ ਦੀ ਨਿਸ਼ਾਨਦੇਹੀ ਦਾ ਮਸਲਾ ਜਲਦ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਹ ਮਸਲਾ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਲ ਵਿਭਾਗ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਪ੍ਰਕਿਰਿਆ ਵਿੱਚ ਸ਼ਾਮਲ ਕਰਕੇ ਜ਼ਮੀਨ ਦੀ ਨਿਸ਼ਾਨਦੇਹੀ ਸਬੰਧੀ ਸਾਰੀ ਕਾਰਵਾਈ ਜਲਦ ਤੋਂ ਜਲਦ ਪੂਰੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਦੀ ਜਮੀਨ ਜਿਸਦੀ ਰਜਿਸਟਰੀ ,ਇੰਤਕਾਲ ਅਤੇ ਨਿਸ਼ਾਨਦੇਹੀ ਹੋ ਚੁੱਕੀ ਹੈ ਉਹ ਜਲਦ ਹੀ ਸੁਸਾਇਟੀ ਦੇ ਸੰਤਾਂ ਹਵਾਲੇ ਕੀਤੀ ਜਾਵੇਗੀ। ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ,ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ,ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ,ਸੰਤ ਬਲਵੰਤ ਸਿੰਘ ਡਿੰਗਰੀਆਂ, ਸੰਤ ਧਰਮਪਾਲ ਸ਼ੇਰਗੜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ,ਭੈਣ ਸੰਤੋਸ਼ ਕੁਮਾਰੀ ਮੈਂਬਰ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਕੁਲਦੀਪ ਦਾਸ ਵਿਛੋਹੀ, ਸੰਤ ਮਨੋਹਰ ਦਾਸ,ਸੰਤ ਗੁਰਮੀਤ ਦਾਸ ,ਸੰਤ ਪ੍ਰਮੇਸ਼ਵਰੀ ਦਾਸ ਸੇਖੈ, ਸੰਤ ਸੋਹਣ ਸਿੰਘ , ਸੰਤ ਚਰਨਦਾਸ ਮਾਂਗਟ,ਸਰਪੰਚ ਵਿਜੈ ਨੰਗਲ,ਭਾਈ ਗੁਰਜੀਤ ਲਹਿਰਾ, ਅਮਿਤ ਕੁਮਾਰ ਪਾਲ ਕੌਮੀ ਕੈਸ਼ੀਅਰ ਆਦਿ ਧਰਮ ਮਿਸ਼ਨ ਭਾਰਤ, ਵਰਿੰਦਰ ਬੰਗਾ ਜਨਰਲ ਸਕੱਤਰ, ਜਗਤਾਰ ਸਿੰਘ ਬਰਨਾਲਾ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।

# ਐਮਰਜੈਂਸੀ ਦੇ ਮਾਮਲੇ 'ਚ ਸਮੇਂ ਸਿਰ ਇਲਾਜ ਜ਼ਰੂਰੀ : ਲਿਵਾਸਾ ਡਾਕਟਰ




ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਬ੍ਰੇਨ ਸਟ੍ਰੋਕ, ਕਾਰਡੀਅਕ ਐਮਰਜੈਂਸੀ, ਟਰੌਮਾ ਕੇਸਾਂ ਤੇ ਕੋਹਰੇ ਨਾਲ ਸਬੰਧਿਤ ਸੜਕ ਹਾਦਸਿਆਂ ਵਿੱਚ ਜਾਨਾਂ ਬਚਾਉਣ ਵਿੱਚ ਜਲਦੀ ਲੱਛਣਾਂ ਦਾ ਪਤਾ ਲਗਾਉਣ, ਤੁਰੰਤ ਮੈਡੀਕਲ ਅਤੇ ਐਮਰਜੈਂਸੀ ਦੇਖਭਾਲ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਉਂਦੇ ਹੋਏ, ਲਿਵਾਸਾ ਹਸਪਤਾਲ ਦੇ ਪ੍ਰਿੰਸੀਪਲ ਕੰਸਲਟੈਂਟ-ਨਿਊਰੋਸਰਜਰੀ ਰਾਜਵੀਰ ਗਰਗ, ਕੰਸਲਟੈਂਟ-ਇੰਟਰਵੈਂਸ਼ਨਲ ਕਾਰਡੀਓਲੋਜੀ ਡਾ. ਗਗਨਦੀਪ ਸਿੰਘ, ਨਿਊਰੋਲੋਜਿਸਟ ਡਾ. ਨਿਤਿਕਾ ਮਹਾਜਨ, ਕੰਸਲਟੈਂਟ -ਆਰਥੋਪੈਡਿਕ ਐਂਡ ਜੁਆਇੰਟ ਰਿਪਲੇਸਮੈਂਟ ਡਾ. ਸੰਦੀਪ ਸਿੰਘ, ਕੰਸਲਟੈਂਟ-ਜਨਰਲ ਅਤੇ ਲੈਪਰੋਸਕੋਪਿਕ ਸਰਜਰੀ ਡਾ. ਮਨੀਸ਼ਾ ਅਗਰਵਾਲ, ਕੰਸਲਟੈਂਟ-ਇੰਟਰਨਲ ਮੈਡੀਸਿਨ-ਕ੍ਰਿਟੀਕਲ ਕੇਅਰ ਐਂਡ ਅਨੈਸਥੀਸੀਓਲੋਜੀ ਡਾ. ਰੋਹਿਤ ਕਾਂਸਲ ਅਤੇ ਕੰਸਲਟੈਂਟ-ਕ੍ਰਿਟੀਕਲ ਕੇਅਰ ਯੂਨਿਟ ਡਾ. ਮੁਹੰਮਦ ਸ਼ੋਇਬ ਨੇ ਸਮੇਂ ਸਿਰ ਡਾਕਟਰੀ ਇਲਾਜ ਕਰਵਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।ਡਾਕਟਰਾਂ ਨੇ ਦੱਸਿਆ ਕਿ ਘੱਟ ਤਾਪਮਾਨ ਕਾਰਨ ਬਲੱਡ ਪ੍ਰੈਸ਼ਰ ਵਧਦਾ ਹੈ ਅਤੇ ਥੱਕੇ ਜੰਮਣ ਦੀ ਪ੍ਰਵਿਰਤੀ ਵਧਦੀ ਹੈ। ਸਰਦੀਆਂ ਦੇ ਮਹੀਨਿਆਂ ਵਿੱਚ ਸੰਘਣੀ ਧੁੰਦ ਸੜਕ ਹਾਦਸਿਆਂ ਵਿੱਚ ਵਾਧੇ ਵਿੱਚ ਯੋਗਦਾਨ ਪਾਉਂਦੀ ਹੈ। ਡਾਕਟਰਾਂ ਨੇ ਕਿਹਾ ਕਿ ਇਸ ਨਾਲ ਗੰਭੀਰ ਸੱਟਾਂ ਲੱਗਦੀਆਂ ਹਨ ਜਿਵੇਂ ਕਿ ਫ੍ਰੈਕਚਰ, ਸਿਰ 'ਤੇ ਸਦਮਾ ਅਤੇ ਪੌਲੀਟਰੋਮਾ, ਜਿੱਥੇ ਸਮੇਂ ਸਿਰ, ਐਮਰਜੈਂਸੀ ਮੈਡੀਕਲ ਇਲਾਜ ਜੀਵਨ ਬਚਾਉਣ ਵਾਲੀ ਹੋ ਸਕਦੀ ਹੈ। ਪ੍ਰਿੰਸੀਪਲ ਕੰਸਲਟੈਂਟ- ਨਿਊਰੋਸਰਜਰੀ ਡਾ. ਰਾਜਵੀਰ ਗਰਗ ਨੇ ਦੱਸਿਆ ਕਿ ਸਥਾਈ ਨਿਊਰੋਲੋਜੀਕਲ ਨੁਕਸਾਨ ਨੂੰ ਰੋਕਣ ਲਈ ਸ਼ੁਰੂਆਤੀ ਇਮੇਜਿੰਗ ਅਤੇ ਸਮੇਂ ਸਿਰ ਨਿਊਰੋਸਰਜੀਕਲ ਦਖਲਅੰਦਾਜ਼ੀ ਮਹੱਤਵਪੂਰਨ ਹੈ। ਡਾ. ਗਗਨਦੀਪ ਸਿੰਘ ਨੇ ਦੱਸਿਆ ਕਿ ਕਿਵੇਂ ਠੰਡਾ ਮੌਸਮ ਦਿਲ ਦੇ ਕੰਮ ਦੇ ਬੋਝ ਨੂੰ ਵਧਾਉਂਦਾ ਹੈ। ਨਿਤਿਕਾ ਮਹਾਜਨ ਨੇ ਸਟ੍ਰੋਕ ਦੇ ਸ਼ੁਰੂਆਤੀ ਚੇਤਾਵਨੀ ਦੇ ਸੰਕੇਤਾਂ 'ਤੇ ਬੋਲਦਿਆਂ ਕਿਹਾ ਕਿ ਅਚਾਨਕ ਕਮਜ਼ੋਰੀ, ਬੋਲਣ ਵਿੱਚ ਮੁਸ਼ਕਲ, ਚਿਹਰੇ ਦਾ ਝੁਕਣਾ ਅਤੇ ਗੰਭੀਰ ਸਿਰ ਦਰਦ ਦੇ ਸੰਕੇਤ ਦੌਰਾਨ ਸਮੇਂ ਸਿਰ ਡਾਕਟਰੀ ਇਲਾਜ ਜ਼ਰੂਰੀ ਹੈ। ਫੈਸਿਲਿਟੀ ਹੈੱਡ-ਲਿਵਾਸਾ ਹਸਪਤਾਲ ਸੰਜੇ ਪੁਰੀ ਨੇ ਕਿਹਾ, 'ਲਿਵਾਸਾ ਹਸਪਤਾਲ ਐਡਵਾਂਸਡ ਬੁਨਿਆਦੀ ਢਾਂਚੇ ਅਤੇ ਮਾਹਰ ਟੀਮਾਂ ਨਾਲ ਚੌਵੀ ਘੰਟੇ ਟਰਾਮ, ਸਟ੍ਰੋਕ ਅਤੇ ਦਿਲ ਦੀਆਂ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਲੈਸ ਹੈ।'

# ਖ਼ਾਲਸਾ ਕਾਲਜ ਵਿਖੇ ਨੈਸ਼ਨਲ ਯੂਥ ਡੇਅ ਮਨਾਇਆ



ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)-ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਐਜੂਕੇਸ਼ਨ ਵਿਭਾਗ ਅਤੇ ਐੱਨ.ਐੱਸ.ਐੱਸ. ਯੂਨਿਟ ਵਲੋਂ ਨੈਸ਼ਨਲ ਯੂਥ ਡੇਅ ਮਨਾਇਆ ਗਿਆ। ਇਸ ਮੌਕੇ 'ਯੂਥ ਐਂਡ ਨੇਸ਼ਨ' ਵਿਸ਼ੇ 'ਤੇ ਵਿਦਿਆਰਥੀਆਂ ਦੇ ਲੇਖ ਰਚਨਾ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿਚ ਪਹਿਲਾ ਸਥਾਨ ਰਾਜਵਿੰਦਰ ਕੌਰ ਬੀ.ਏ.ਬੀ.ਐੱਡ. ਭਾਗ ਕੀਤਾ ਨੇ, ਦੂਜਾ ਸਥਾਨ ਬਰਿਕਸ਼ਾ ਦੇਵੀ ਅਤੇ ਲਵਜੋਤ ਨਰ ਬੀ.ਏ. ਬੀ.ਐੱਡ. ਭਾਗ ਪਹਿਲਾ ਨੇ ਅਤੇ ਤੀਜਾ ਸਥਾਨ ਸਾਨੀਆ ਬੀ.ਏ. ਬੀ.ਐੱਡ. ਭਾਗ ਪਹਿਲਾ ਨੇ ਪ੍ਰਾਪਤ ਕੀਤਾ।ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਅੱਵਲ ਰਹੀਆਂ ਵਿਦਿਆਰਥਣਾਂ ਨੂੰ ਸਰਟੀਫਿਕੇਟ ਤਕਸੀਮ ਕਰਦਿਆਂ ਇਸ ਤਰ੍ਹਾਂ ਦੇ ਮੁਕਾਬਲਿਆਂ ਵਿਚ ਵੱਧ ਚੜ੍ਹਕੇ ਹਿੱਸਾ ਲੈਣ ਅਤੇ ਸਵਾਮੀ ਵਿਵੇਕਾਨੰਦ ਦੀਆਂ ਸਿਖਿਆਵਾਂ 'ਤੇ ਚੱਲਕੇ ਦੇਸ਼ ਦੇ ਸੁਨਹਿਰੀ ਭਵਿੱਖ ਨੂੰ ਸਿਰਜਣ ਵਿਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਪ੍ਰੋ. ਕੰਵਰ ਕੁਲਵੰਤ ਸਿੰਘ, ਡਾ. ਜਾਨਕੀ ਅਗਰਵਾਲ, ਡਾ.ਅਰਵਿੰਦਰ ਕੌਰ, ਵਿਭਾਗ ਮੁਖੀ ਡਾ. ਸੰਘਾ ਗੁਰਬਖਸ਼ ਕੌਰ, ਡਾ. ਨਰੇਸ਼ ਕੁਮਾਰੀ, ਪ੍ਰੋ. ਕਿਰਨਜੋਤ ਕੌਰ, ਪ੍ਰੋ. ਨਰਿੰਦਰ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਅਮਨਦੀਪ ਹਾਜ਼ਰ ਸਨ।